2-MAY-PAGE-1.qxd 5/1/2025 9:46 PM Page 1

ਸ਼ੁੱਕਰਵਾਰ, 2 ਮਈ, 2025
20 ਵਿਸਾਖ { ਨਾਨਕਸ਼ਾਹੀ 557 / ਬਿਕਰਮੀ 2082
ਜਿਲਦ/VOL. : 73
ਅੰਕ/NO. : 331

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • FRIDAY, 2 MAY, 2025
ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

You Tube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

## ਭਰਾ ਪਾਣੀਆਂ ਨੂੰ ਲੈ ਕੇ ਭਿੜੇ

### ਹਰਿਆਣਾ ਨੂੰ ਵਾਧੂ ਪਾਣੀ ਰੋਕਣ ਲਈ ਸੋਮਵਾਰ ਅਸੈਂਬਲੀ ਦਾ ਸਪੈਸ਼ਲ ਸੈਸ਼ਨ, ਅੱਜ ਸਰਬ ਪਾਰਟੀ ਮੀਟਿੰਗ



**ਚੰਡੀਗੜ੍ਹ/ਨੰਗਲ (ਗੁਰਜੀਤ ਬਿੱਲਾ/ਸੁਰਜੀਤ ਸਿੰਘ)**

ਪੰਜਾਬ ਸਰਕਾਰ ਨੇ ਭਾਖੜਾ ਡੈਮ ਤੋਂ ਹਰਿਆਣਾ ਨੂੰ ਵਾਧੂ ਪਾਣੀ ਛੱਡਣ ਦੇ ਫੈਸਲੇ ਖਿਲਾਫ ਸੋਮਵਾਰ ਪੰਜਾਬ ਅਸੈਂਬਲੀ ਦਾ ਸਪੈਸ਼ਲ ਸੈਸ਼ਨ ਸੱਦ ਲਿਆ ਹੈ। ਇਸਤੋਂ ਇਲਾਵਾ ਸ਼ੁੱਕਰਵਾਰ ਸਰਬਪਾਰਟੀ ਮੀਟਿੰਗ ਵੀ ਸੱਦ ਲਈ ਹੈ। ਇਹ ਫੈਸਲੇ ਆਪ ਮੰਤਰੀਆਂ ਤੇ ਵਿਧਾਇਕਾਂ ਦੀ ਮੀਟਿੰਗ ਵਿੱਚ ਲਏ ਗਏ। ਮੀਟਿੰਗ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਾਲ ਆਪ ਦੇ ਕਨਵੀਨਰ ਅਰਵਿੰਦ ਕੇਜਰੀਵਾਲ ਵੀ ਮੌਜੂਦ ਸਨ।

'ਗਿੱਦੜਭਬਕੀਆਂ ਤੋਂ ਡਰਨ ਵਾਲਾ ਮੈਂ ਨਹੀਂ, ਜਦੋਂ ਤੱਕ ਮੈਂ ਪੰਜਾਬੀਆਂ ਦਾ ਰਾਖਾ ਬੈਠਾ ਹਾਂ, ਵੇਖਦਾਂ ਕਿ ਕਿਵੇਂ ਕੇਂਦਰ ਦੇ ਇਸ਼ਾਰੇ 'ਤੇ ਭਾਖੜਾ ਬਿਆਸ ਮੈਨੇਜਮੈਂਟ ਬੋਰਡ ਤਾਨਾਸ਼ਾਹੀ ਕਰਦਾ ਹੈ। ਪਹਿਲਾਂ ਵੀ ਕਿਹਾ ਸੀ ਕਿ ਫਾਲਤੂ ਇੱਕ ਬੂੰਦ ਪਾਣੀ ਕਿਸੇ ਨੂੰ ਨਹੀਂ ਦਿੱਤਾ ਜਾਵੇਗਾ, 21 ਮਈ ਤੋਂ ਬਾਅਦ ਜਿਸ ਦਾ ਜੋ ਹੱਕ ਹੈ, ਉਸ ਨੂੰ ਮਿਲੇਗਾ।' ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਵੀਰਵਾਰ ਵਿਸ਼ਵ ਪ੍ਰਸਿੱਧ ਭਾਖੜਾ ਡੈਮ ਤੋਂ ਅੱਗੇ ਨੰਗਲ ਡੈਮ (ਜਿੱਥੋਂ ਬਾਕੀ ਸੂਬਿਆਂ ਨੂੰ ਪਾਣੀ ਜਾਂਦਾ), 'ਤੇ ਬੈਠ ਕੇ ਕਰੀਬ 22 ਮਿੰਟ ਚੱਲੀ ਪ੍ਰੈੱਸ ਵਾਰਤਾ ਦੌਰਾਨ ਕੀਤਾ। ਇਸ ਮੌਕੇ ਉਨ੍ਹਾ ਬੀ ਬੀ ਐੱਮ ਬੀ ਦੇ ਉੱਚ ਅਧਿਕਾਰੀਆਂ ਨਾਲ ਪੈਦਲ ਨੰਗਲ ਦਾ ਘੁੰਮ ਕੇ ਦੌਰਾ ਵੀ ਕੀਤਾ। ਮਾਨ ਨੇ ਕਿਹਾ, 'ਭਾਵੇਂ ਬੀ ਬੀ ਐੱਮ ਬੀ ਪੰਜਾਬ ਦੇ ਸਾਰੇ ਅਫਸਰਾਂ ਨੂੰ ਬਦਲ ਦੇਵੇ, ਪਰ ਮੈਂ ਧੱਕੇਸ਼ਾਹੀ ਬਰਦਾਸ਼ਤ ਨਹੀਂ ਕਰਾਂਗਾ।'

ਮਾਨ ਨੇ ਕਿਹਾ, 'ਰਾਜਸਥਾਨ ਤੇ ਹਰਿਆਣਾ ਵਿੱਚ ਭਾਜਪਾ ਸਰਕਾਰ ਹੈ ਤੇ ਬੁੱਧਵਾਰ ਇਨ੍ਹਾਂ ਖ਼ੂਬ ਗੁੰਡਾਗਰਦੀ ਕੀਤੀ ਹੈ। ਆਪਸ ਵਿੱਚ ਵੋਟਾਂ ਪਾ ਬਹੁਮਤ ਨਾਲ ਇਹ ਫੈਸਲਾ ਲੈ ਲਿਆ ਕਿ ਚਲੋ ਹੁਣ ਪਾਣੀ ਦਿਓ ਜੀ। 60 ਫੀਸਦੀ ਪੰਜਾਬ ਸਰਕਾਰ ਦਾ ਬੀ ਬੀ ਐੱਮ ਬੀ ਵਿੱਚ ਕੋਟਾ ਹੈ ਤੇ ਫਾਈਨਲ ਫੈਸਲਾ ਸਾਡਾ ਹੀ ਹੋਵੇਗਾ। ਇਹ ਪੰਜਾਬ ਨੂੰ ਬਾਈਪਾਸ ਕਰਕੇ ਪਾਣੀ ਲੈਣ ਦੀ ਗੱਲ ਤਾਂ ਭੁੱਲ ਹੀ ਜਾਣ। ਇੰਞ ਤਾਂ ਕੱਲ੍ਹ ਨੂੰ ਹਰਿਆਣਾ/ਰਾਜਸਥਾਨ ਦੀਆਂ ਸਰਕਾਰਾਂ ਬੋਲ ਦੇਣਗੀਆਂ ਕਿ ਪੰਜਾਬ ਦਾ ਪਾਣੀ ਬੰਦ ਹੈ। ਅੰਕੜਿਆਂ ਮੁਤਾਬਕ ਅਸੀਂ ਸਹੀ ਹਾਂ, ਕਿਉਂਕਿ ਇਨ੍ਹਾਂ ਦੇ ਅਫਸਰ ਮੰਨਦੇ ਹਨ ਕਿ ਮਾਰਚ ਵਿੱਚ ਉਹ ਆਪਣਾ ਪਾਣੀ ਵਰਤ ਚੁੱਕੇ ਹਨ।' ਉਹਨਾ ਕਿਹਾ, 'ਮੈਂ ਖਾਸ ਤੌਰ 'ਤੇ ਭਾਜਪਾ ਆਗੂ ਸੁਨੀਲ ਕੁਮਾਰ ਜਾਖੜ, ਰਵਨੀਤ ਸਿੰਘ ਬਿੱਟੂ, ਮਨਪ੍ਰੀਤ ਸਿੰਘ ਬਾਦਲ ਤੇ ਤਰੁਣ ਚੁੱਘ ਨੂੰ ਕਹਿਣਾ ਚਾਹੁੰਦਾ ਹਾਂ ਕਿ ਜਾਂ ਤਾਂ ਅਸਤੀਫਾ ਦਿਓ ਜਾਂ ਫਿਰ ਹੁਣ ਪੰਜਾਬੀਆਂ ਦਾ ਸਾਥ ਦੇਵੋ। ਇਹ ਲੋਕ ਤੀਜੇ ਕੁ ਦਿਨ ਫਰਮਾਨ ਜਾਰੀ ਕਰ ਦਿੰਦੇ ਹਨ, ਹੁਣ ਸਮਾਂ ਆਇਆ ਹੈ ਵਫਾਦਾਰੀ ਨਿਭਾਉਣ ਦਾ ਤੇ ਨਿਭਾਓ।' ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੇ ਬਿਆਨ ਕਿ ਭਗਵੰਤ ਸਿੰਘ ਮਾਨ ਉਹਨਾ ਦੇ ਰਿਸ਼ਤੇਦਾਰ ਹਨ, ਬਾਰੇ ਪੁੱਛੇ ਜਾਣ 'ਤੇ ਮਾਨ ਨੇ ਕਿਹਾ, 'ਹਰਿਆਣਾ ਦੇ ਲੋਕ ਤਾਂ ਰਸਮਾਂ ਦੇ ਬਹੁਤ ਪੱਕੇ ਹੁੰਦੇ ਹਨ, ਉਹ ਤਾਂ ਕੁੜੀ ਦੇ ਘਰ ਦਾ ਪਾਣੀ ਤੱਕ ਨਹੀਂ ਪੀਂਦੇ, ਇਹ ਤਾਂ ਨਹਿਰਾਂ ਮੰਗੀ ਜਾਂਦੇ ਹਨ।' ਹਰਿਆਣਾ ਨੂੰ 8500 ਕਿਊਸਕ ਵਾਧੂ ਪਾਣੀ ਛੱਡੇ ਜਾਣ ਦੇ ਭਾਖੜਾ ਬਿਆਸ ਮੈਨੇਜਮੈਂਟ ਬੋਰਡ (ਬੀ ਬੀ ਐੱਮ ਬੀ) ਦੇ ਫੈਸਲੇ ਨੂੰ ਅਮਲ ਵਿੱਚ ਲਿਆਉਣ ਲਈ ਨਵੇਂ ਅੜਿੱਕੇ ਖੜ੍ਹੇ ਹੋ ਗਏ ਹਨ। ਭਾਖੜਾ ਡੈਮ ਤੋਂ ਸਵੇਰੇ ਹਰਿਆਣਾ ਨੂੰ ਪਾਣੀ ਛੱਡਿਆ ਜਾਣਾ ਸੀ। ਇਸ ਤੋਂ ਪਹਿਲਾਂ ਬੁੱਧਵਾਰ ਰਾਤ ਬੀ ਬੀ ਐੱਮ ਬੀ ਨੇ ਵਾਧੂ ਪਾਣੀ ਛੱਡਣ ਲਈ ਰਾਹ ਪੱਧਰਾ ਕਰਨ ਵਾਸਤੇ ਭਾਖੜਾ ਡੈਮ ਦੇ ਡਾਇਰੈਕਟਰ (ਵਾਟਰ ਰੈਗੂਲੇਸ਼ਨ) ਆਕਾਸ਼ਦੀਪ ਸਿੰਘ ਨੂੰ ਤਬਦੀਲ ਕਰਕੇ ਹਰਿਆਣਾ ਦੇ ਸੰਜੀਵ ਕੁਮਾਰ ਨੂੰ ਡਾਇਰੈਕਟਰ (ਵਾਟਰ ਰੈਗੂਲੇਸ਼ਨ) ਲਗਾ ਦਿੱਤਾ ਸੀ।

ਸਵੇਰੇ ਜਦੋਂ ਹਰਿਆਣਾ ਨੂੰ ਵਾਧੂ ਪਾਣੀ ਛੱਡਣ ਵਾਸਤੇ ਸੰਜੀਵ ਕੁਮਾਰ ਨੇ ਭਾਖੜਾ ਡੈਮ ਦੇ ਗੇਟ ਖੋਲ੍ਹਣ ਦੇ ਹੁਕਮ ਦਿੱਤੇ ਤਾਂ ਹੇਠਲੇ ਅਧਿਕਾਰੀ, ਜੋ ਕਿ ਪੰਜਾਬ ਦੇ ਹਨ, ਡੈਮ ਦੇ ਗੇਟ ਖੋਲ੍ਹਣ ਤੋਂ ਪਾਸਾ ਵੱਟ ਗਏ। ਐਕਸੀਅਨ ਅਤੇ ਐੱਸ ਡੀ ਓ ਪੰਜਾਬ ਦੀ ਤਰਫੋਂ ਹਨ, ਜਿਨ੍ਹਾਂ ਡਾਇਰੈਕਟਰ ਦੇ ਹੁਕਮਾਂ ਨੂੰ ਇੱਕ ਤਰੀਕੇ ਨਾਲ ਮੰਨਣ ਤੋਂ ਇਨਕਾਰ ਕਰ ਦਿੱਤਾ। ਪਾਣੀ ਛੱਡੇ ਜਾਣ ਦੀ ਕਾਰਵਾਈ ਖਿਲਾਫ ਕੈਬਨਿਟ ਮੰਤਰੀ ਹਰਜੋਤ ਬੈਂਸ ਨੰਗਲ ਡੈਮ ਉਤੇ ਧਰਨੇ 'ਤੇ ਬੈਠ ਗਏ ਸਨ। ਵੱਡੀ ਗਿਣਤੀ ਵਿੱਚ ਪੁਲਸ ਡੈਮ ਲਾਗੇ ਪਹੁੰਚ ਗਈ ਹੈ। ਇਸੇ ਦੌਰਾਨ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਵੀਰਵਾਰ ਕਿਹਾ, 'ਸਾਨੂੰ ਭਾਈ ਘਨੱਈਆ ਤੋਂ ਪ੍ਰੇਰਨਾ ਲੈਣੀ ਚਾਹੀਦੀ ਹੈ। ਜਦੋਂ ਕਦੇ ਪੰਜਾਬ ਪਿਆਸਾ ਹੋਵੇਗਾ ਤਾਂ ਹਰਿਆਣਾ ਵੱਲੋਂ ਪਾਣੀ ਦਿੱਤਾ ਜਾਵੇਗਾ।'

## ਕਾਰਪੋਰੇਟਾਂ ਦੇ ਦਲਾਲਾਂ ਖਿਲਾਫ਼ ਲੱਕ ਬੰਨ੍ਹਣ ਦਾ ਸੱਦਾ

**ਪਟਿਆਲਾ** : ਪੀ ਆਰ ਟੀ ਸੀ ਵਰਕਰਜ਼ ਯੂਨੀਅਨ ਏਟਕ ਵੱਲੋਂ ਪੀ ਆਰ ਟੀ ਸੀ ਪਟਿਆਲਾ ਡਿਪੂ ਦੇ ਮੁੱਖ ਗੇਟ ਦੇ ਸਾਹਮਣੇ ਵਰਕਰਾਂ ਦੀ ਭਰਵੀਂ ਇਕੱਤਰਤਾ ਕਰਕੇ ਮਜ਼ਦੂਰ ਜਮਾਤ ਦੇ ਸੰਘਰਸ਼ਾਂ ਦਾ ਪ੍ਰਤੀਕ ਮਈ ਦਿਹਾੜਾ ਮਨਾਇਆ ਗਿਆ।ਪਹਿਲਾਂ ਯੂਨੀਅਨ ਦੇ ਮੁੱਖ ਦਫਤਰ 'ਤੇ ਝੰਡਾ ਝੁਲਾਉਣ ਉਪਰੰਤ ਪੀ ਆਰ ਟੀ ਸੀ ਵਿਭਾਗ ਦੇ ਗੇਟ 'ਤੇ ਯੂਨੀਅਨ ਦੇ ਜਨਰਲ ਸਕੱਤਰ ਨਿਰਮਲ ਸਿੰਘ ਧਾਲੀਵਾਲ ਨੇ ਝੰਡਾ ਲਹਿਰਾਇਆ ਤੇ ਵਰਕਰਾਂ ਨੇ ਸ਼ਿਕਾਗੋ ਦੇ ਸ਼ਹੀਦਾਂ ਦੇ ਨਾਂਅ 'ਤੇ ਨਾਅਰੇ ਬੁਲੰਦ ਕੀਤੇ। ਵਰਕਰਾਂ ਦੇ ਭਰਵੇਂ ਇਕੱਠ ਨੂੰ ਸੰਬੋਧਨ ਕਰਦਿਆਂ ਪੀ ਆਰ ਟੀ ਸੀ ਵਰਕਰਜ਼ ਯੂਨੀਅਨ ਏਟਕ ਦੇ ਜਨਰਲ ਸਕੱਤਰ ਨਿਰਮਲ ਸਿੰਘ ਧਾਲੀਵਾਲ ਨੇ ਸਭ ਤੋਂ ਪਹਿਲਾਂ ਸ਼ਿਕਾਗੋ ਦੇ ਹੇਅ ਮਾਰਕੀਟ ਦੇ ਖ਼ੂਨੀ ਸਾਕੇ ਉਪਰੰਤ ਮਜ਼ਦੂਰਾਂ ਦੇ ਅੱਠ ਆਗੂਆਂ ਵਿਰੁੱਧ ਕਤਲ ਅਤੇ ਹੋਰ ਜੁਰਮਾਂ ਅਧੀਨ ਮੁਕੱਦਮੇ ਦਰਜ ਕਰਕੇ ਫਾਂਸੀ ਦੀ ਸਜ਼ਾ ਦੇ ਕੇ ਸ਼ਹੀਦ ਕਰਨ 'ਤੇ ਉਸ ਸਮੇਂ ਦੇ ਸੰਘਰਸ਼ਾਂ ਦੇ ਹੋਰ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਅਤੇ ਮਈ ਦਿਹਾੜੇ ਦੇ ਸਮੁੱਚੇ ਇਤਿਹਾਸ 'ਤੇ ਸੰਖੇਪ ਵਿੱਚ ਚਾਨਣਾ ਪਾਇਆ।



ਪਟਿਆਲਾ



ਚੰਡੀਗੜ੍ਹ

ਧਾਲੀਵਾਲ ਨੇ ਕਿਹਾ ਕਿ ਸ਼ਿਕਾਗੋ ਦੇ ਸ਼ਹੀਦਾਂ ਦੇ ਸਿਰਜੇ ਹੋਏ ਇਤਿਹਾਸ ਦਾ ਹੀ ਸਿੱਟਾ ਸੀ ਕਿ 8 ਘੰਟੇ ਡਿਊਟੀ ਦਾ ਕਾਨੂੰਨ ਬਣਵਾਇਆ ਗਿਆ, ਪਰ ਵਰਤਮਾਨ ਸਮੇਂ ਵਿੱਚ ਸੰਸਾਰ ਦੇ ਵੱਖ-ਵੱਖ ਦੇਸ਼ਾਂ ਸਮੇਤ ਸਾਡੇ ਆਪਣੇ ਦੇਸ਼ ਵਿੱਚ ਸਰਕਾਰ ਕਾਰਪੋਰੇਟਾਂ ਦੀਆਂ ਲੋਟੂ ਮਨਮਰਜ਼ੀਆਂ ਦੇ ਅਨੁਕੂਲ ਮਜ਼ਦੂਰ ਵਿਰੋਧੀ ਕਾਨੂੰਨ ਲਿਆ ਰਹੀ ਹੈ। 29 ਲੇਬਰ ਕਾਨੂੰਨ ਖਤਮ ਕਰਕੇ ਚਾਰ ਲੇਬਰ ਕੋਡਜ਼ ਬਣਾ ਦਿੱਤੇ ਗਏ ਹਨ, ਜਿਨ੍ਹਾਂ ਰਾਹੀਂ ਮਜ਼ਦੂਰਾਂ ਦੀ ਲੁੱਟ ਦੇ ਦਰਵਾਜ਼ੇ ਖੋਲ੍ਹ ਦਿੱਤੇ ਹਨ।ਪੀ ਆਰ ਟੀ ਸੀ ਦੀ ਹਾਲਤ ਬਾਰੇ ਉਹਨਾ ਕਿਹਾ ਕਿ ਵਰਕਰਾਂ ਨੂੰ ਤਨਖਾਹ-ਪੈਨਸ਼ਨ ਸਮੇਂ ਸਿਰ ਨਹੀਂ ਮਿਲਦੀ, ਕੰਟਰੈਕਟ/ਆਊਟ ਸੋਰਸ ਵਰਕਰਾਂ ਦੀਆਂ ਸੇਵਾਵਾਂ ਰੈਗੂਲਰ ਨਹੀਂ ਕੀਤੀਆਂ ਜਾ ਰਹੀਆਂ। ਇਸ ਸਰਕਾਰ ਦੇ ਸਾਰੇ ਸਮੇਂ ਵਿੱਚ ਇੱਕ ਵੀ ਨਹੀਂ ਬੱਸ ਨਹੀਂ ਖਰੀਦੀ ਗਈ। ਵਰਕਰਾਂ ਦੇ 70 ਕਰੋੜ ਰੁਪਏ ਦੇ ਬਕਾਏ ਲੰਮੇ ਸਮੇਂ ਤੋਂ ਪੈਂਡਿੰਗ ਪਏ ਹਨ। ਉਹਨਾ ਮਜ਼ਦੂਰਾਂ ਨੂੰ ਭਵਿੱਖ ਦੇ ਸਖਤ ਸੰਘਰਸ਼ਾਂ ਲਈ ਤਿਆਰ ਰਹਿਣ ਦਾ ਸੱਦਾ ਦਿੱਤਾ। ਜਿਨ੍ਹਾਂ ਹੋਰ ਆਗੂਆਂ ਨੇ ਮਈ ਦਿਹਾੜੇ ਦੇ ਇਕੱਠ ਨੂੰ ਸੰਬੋਧਨ ਕੀਤਾ, ਉਨ੍ਹਾਂ ਵਿੱਚ ਸੁਖਦੇਵ ਰਾਮ ਸੁੱਖੀ, ਕਰਮ ਚੰਦ ਗਾਂਧੀ, ਰਮੇਸ਼ ਕੁਮਾਰ, ਉਤਮ ਸਿੰਘ ਬਾਗੜੀ, ਗੁਰਵਿੰਦਰ ਸਿੰਘ ਗੋਲਡੀ ਅਤੇ ਪ੍ਰਮਜੀਤ ਸਿੰਘ ਸ਼ਾਮਲ ਸਨ।

**ਮੋਗਾ (ਇਕਬਾਲ ਸਿੰਘ ਖਹਿਰਾ)** : ਸ਼ਹੀਦ ਕਾਮਰੇਡ ਨਛੱਤਰ ਸਿੰਘ ਧਾਲੀਵਾਲ ਭਵਨ ਵਿਖੇ ਟਰੇਡ ਯੂਨੀਅਨ ਕੌਂਸਲ ਮੋਗਾ (ਏਟਕ) ਵੱਲੋਂ ਕਿਰਤ ਦਿਹਾੜਾ ਜੋਸ਼ੋ-ਖਰੋਸ਼ ਨਾਲ ਮਨਾਇਆ ਗਿਆ, ਜਿਸ ਦੀ ਪ੍ਰਧਾਨਗੀ ਜਗਦੀਸ਼ ਸਿੰਘ ਚਾਹਲ, ਅਮਰੀਕ ਸਿੰਘ ਮਸੀਤਾਂ, ਗੁਰਜੰਟ ਸਿੰਘ ਕੋਕਰੀ, ਜਗਸੀਰ

• ਬਾਕੀ ਸਫ਼ਾ 2 'ਤੇ



ਮੋਗਾ



ਜਲੰਧਰ

### ਅਰਸ਼ਦ ਨਦੀਮ ਤੇ ਪਾਕਿਸਤਾਨੀ ਅਭਿਨੇਤਰੀਆਂ ਦੇ ਇੰਸਟਾਗ੍ਰਾਮ ਖਾਤੇ ਬਲਾਕ



**ਨਵੀਂ ਦਿੱਲੀ** : ਪਹਿਲਗਾਮ ਅੱਤਵਾਦੀ ਹਮਲੇ ਦੇ ਮੱਦੇਨਜ਼ਰ ਇੱਕ ਕਾਨੂੰਨੀ ਅਪੀਲ ਤੋਂ ਬਾਅਦ ਪਾਕਿਸਤਾਨ ਦੇ ਉਲੰਪਿਕ ਜੈਵੇਲੀਅਨ ਚੈਂਪੀਅਨ ਅਰਸ਼ਦ ਨਦੀਮ ਦਾ ਇੰਸਟਾਗ੍ਰਾਮ ਅਕਾਊਂਟ ਵੀ ਭਾਰਤ 'ਚ ਬਲਾਕ ਕਰ ਦਿੱਤਾ ਗਿਆ ਹੈ। ਇਸ ਤੋਂ ਪਹਿਲਾਂ ਸ਼ੋਏਬ ਅਖਤਰ, ਬਾਸਿਤ ਅਲੀ ਤੇ ਸ਼ਾਹਿਦ ਅਫਰੀਦੀ ਦੇ ਬਲਾਕ ਕੀਤੇ ਸਨ। ਪਾਕਿਸਤਾਨੀ ਖਿਡਾਰੀਆਂ ਤੋਂ ਇਲਾਵਾ ਪ੍ਰਸਿੱਧ ਪਾਕਿਸਤਾਨੀ ਫਿਲਮੀ ਕਲਾਕਾਰਾਂ ਮਾਹਿਰਾ ਖਾਨ, ਹਨੀਆ ਆਮਿਰ, ਸਨਮ ਸਈਦ ਅਤੇ ਅਲੀ ਜ਼ਫਰ ਦੇ ਇੰਸਟਾਗ੍ਰਾਮ ਅਕਾਊਂਟ ਵੀ ਬੰਦ ਕਰ ਦਿੱਤੇ ਗਏ ਹਨ। ਬਿਲਾਲ ਅੱਬਾਸ, ਇਖਰਾ ਅਜ਼ੀਜ਼, ਆਇਜ਼ਾ ਖਾਨ, ਇਮਰਾਨ ਅੱਬਾਸ ਅਤੇ ਸਜਲ ਅਲੀ ਦੇ ਇੰਸਟਾਗ੍ਰਾਮ ਅਕਾਊਂਟ ਵੀ ਬਲਾਕ ਕਰ ਦਿੱਤੇ ਗਏ ਹਨ। ਪਾਕਿਸਤਾਨੀ ਸਟਾਰ ਫਵਾਦ ਖਾਨ ਦੀ ਫਿਲਮ 'ਅਬੀਰ ਗੁਲਾਲ' ਦੀ ਰਿਲੀਜ਼ ਵੀ ਹਮਲੇ ਤੋਂ ਬਾਅਦ ਲਟਕ ਗਈ ਹੈ। ਹਾਲਾਂਕਿ, ਫਵਾਦ ਖਾਨ ਦਾ ਇੰਸਟਾਗ੍ਰਾਮ ਅਕਾਊਂਟ ਭਾਰਤੀ ਉਪਭੋਗਤਾਵਾਂ ਲਈ ਪਹੁੰਚਯੋਗ ਹੈ।

### ਸਰਕਾਰ ਮਰਦਮਸ਼ੁਮਾਰੀ ਲਈ ਫੰਡ ਵੀ ਅਲਾਟ ਕਰੇ : ਖੜਗੇ

**ਬੇਂਗਲੁਰੂ** : ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ ਨੇ ਵੀਰਵਾਰ ਕੇਂਦਰ ਸਰਕਾਰ ਨੂੰ ਅਪੀਲ ਕੀਤੀ ਕਿ ਅਗਲੀ ਮਰਦਮਸ਼ੁਮਾਰੀ ਵਿੱਚ ਜਾਤੀ ਗਣਨਾ ਲਈ ਲੋੜੀਂਦੇ ਫੰਡ ਅਲਾਟ ਕੀਤੇ ਜਾਣ ਅਤੇ ਇਸ ਸਬੰਧੀ ਸਮਾਂ-ਸੀਮਾ ਤੈਅ ਕੀਤੀ ਜਾਵੇ। ਕੇਂਦਰ ਸਰਕਾਰ ਨੇ ਬੁੱਧਵਾਰ ਆਗਾਮੀ ਮਰਦਮਸ਼ੁਮਾਰੀ ਵਿੱਚ ਜਾਤ ਆਧਾਰਤ ਗਿਣਤੀ ਕਰਾਉਣ ਦਾ ਐਲਾਨ ਕੀਤਾ ਸੀ। ਖੜਗੇ ਨੇ ਕਿਹਾ ਕਿ ਕਾਂਗਰਸ ਅਤੇ ਹੋਰ ਵਿਰੋਧੀ ਪਾਰਟੀਆਂ ਨੇ ਜਾਤੀ ਆਧਾਰਤ ਮਰਦਮਸ਼ੁਮਾਰੀ ਦੀ ਮੰਗ ਜ਼ੋਰ-ਸ਼ੋਰ ਨਾਲ ਕੀਤੀ ਸੀ ਅਤੇ ਦੇਸ਼-ਭਰ ਵਿੱਚ ਇਸ ਲਈ ਅੰਦੋਲਨ ਚਲਾਇਆ ਸੀ। ਉਹ ਖੁਸ਼ ਹਨ ਕਿ ਸਰਕਾਰ ਨੇ ਵਿਰੋਧੀ ਪਾਰਟੀਆਂ ਦੀ ਮੰਗ ਮੰਨ ਲਈ ਹੈ।

## ਦੋ ਰਾਜਾਂ ਦੇ ਝਗੜੇ 'ਚ ਫਸੇ ਅਫਸਰ

**ਚੰਡੀਗੜ੍ਹ** : ਭਾਖੜਾ ਬਿਆਸ ਮੈਨੇਜਮੈਂਟ ਬੋਰਡ ਨੇ ਹਰਿਆਣਾ ਨੂੰ ਵਾਧੂ ਪਾਣੀ ਦੇਣ ਦੇ ਮਾਮਲੇ 'ਤੇ ਪੰਜਾਬ ਵਿੱਚ ਉੱਠੇ ਸਿਆਸੀ ਉਬਾਲ ਨੂੰ ਦੇਖਦਿਆਂ ਵੀਰਵਾਰ ਬੋਰਡ ਦੇ ਸਕੱਤਰ ਸੁਰਿੰਦਰ ਸਿੰਘ ਮਿੱਤਲ ਦਾ ਤਬਾਦਲਾ ਕਰ ਦਿੱਤਾ। ਮਿੱਤਲ ਹਰਿਆਣਾ ਦੇ ਰਹਿਣ ਵਾਲੇ ਹਨ, ਜਿਨ੍ਹਾ ਦੀ ਹਰਿਆਣਾ ਨੂੰ ਵਾਧੂ ਪਾਣੀ ਦਿੱਤੇ ਜਾਣ ਦੇ ਮਾਮਲੇ 'ਚ ਅਹਿਮ ਭੂਮਿਕਾ ਰਹੀ ਹੈ। ਬੋਰਡ ਨੇ ਹੁਣ ਰਾਜਸਥਾਨ ਦੇ ਇੰਜੀਨੀਅਰ ਬਲਬੀਰ ਸਿੰਘ ਨੂੰ ਡਾਇਰੈਕਟਰ (ਸੁਰੱਖਿਆ) ਦੇ ਨਾਲ-ਨਾਲ ਬੀ ਬੀ ਐੱਮ ਬੀ ਦੇ ਸਕੱਤਰ ਦਾ ਵਾਧੂ ਚਾਰਜ ਦੇ ਦਿੱਤਾ ਹੈ। ਇਸੇ ਤਰ੍ਹਾਂ ਪੰਜਾਬ ਦੇ ਇੰਜੀਨੀਅਰ ਰਾਜੀਵ ਸੈਣੀ ਨੂੰ ਬੀ ਬੀ ਐੱਮ ਬੀ ਦੇ ਚੇਅਰਮੈਨ ਦਾ ਓ ਐੱਸ ਡੀ (ਟੈਕਨੀਕਲ) ਲਗਾ ਦਿੱਤਾ ਗਿਆ ਹੈ।

ਦੱਸਣਯੋਗ ਹੈ ਕਿ ਬੋਰਡ ਨੇ ਹਰਿਆਣਾ ਨੂੰ ਵਾਧੂ ਪਾਣੀ ਦੇਣ ਲਈ ਲਏ ਫੈਸਲੇ ਨੂੰ ਲਾਗੂ ਕਰਾਉਣ ਲਈ ਬੁੱਧਵਾਰ ਰਾਤ ਭਾਖੜਾ ਡੈਮ ਦੇ ਡਾਇਰੈਕਟਰ (ਵਾਟਰ ਰੈਗੂਲੇਸ਼ਨ) ਆਕਾਸ਼ਦੀਪ ਸਿੰਘ ਨੂੰ ਤਬਦੀਲ ਕਰ ਦਿੱਤਾ ਅਤੇ ਉਨ੍ਹਾ ਦੀ ਥਾਂ 'ਤੇ ਹਰਿਆਣਾ ਦੇ ਸੰਜੀਵ ਕੁਮਾਰ ਨੂੰ ਡਾਇਰੈਕਟਰ (ਵਾਟਰ ਰੈਗੂਲੇਸ਼ਨ) ਲਗਾ ਦਿੱਤਾ, ਤਾਂ ਜੋ ਵਾਧੂ ਪਾਣੀ ਛੱਡਣ ਦੇ ਰਾਹ ਵਿਚ ਕੋਈ ਰੁਕਾਵਟ ਨਾ ਆਵੇ। ਆਕਾਸ਼ਦੀਪ ਸਿੰਘ ਪੰਜਾਬ ਦੇ ਇਨਡੈਂਟ ਦੇ ਅਧਾਰ 'ਤੇ ਹੀ ਹਰਿਆਣਾ ਨੂੰ ਵਾਧੂ ਪਾਣੀ ਛੱਡਣ ਲਈ ਅੜ ਗਏ ਸਨ। ਸੰਜੀਵ ਕੁਮਾਰ ਇਸ ਤੋਂ ਪਹਿਲਾਂ ਡਾਇਰੈਕਟਰ (ਡੈਮ ਸੇਫਟੀ) ਵਜੋਂ ਤਾਇਨਾਤ ਸਨ, ਉਨ੍ਹਾ ਦੀ ਥਾਂ 'ਤੇ ਹੁਣ ਆਕਾਸ਼ਦੀਪ ਸਿੰਘ ਨੂੰ ਲਗਾ ਦਿੱਤਾ ਹੈ। ਬੀ ਬੀ ਐੱਮ ਬੀ ਨੇ ਜਾਰੀ ਹੁਕਮਾਂ ਵਿੱਚ ਕਿਹਾ ਹੈ ਕਿ ਆਕਾਸ਼ਦੀਪ ਸਿੰਘ ਦੀ ਬੇਨਤੀ 'ਤੇ ਹੀ ਇਹ ਤਬਾਦਲਾ ਕੀਤਾ ਗਿਆ ਹੈ, ਜਦੋਂ ਕਿ ਆਕਾਸ਼ਦੀਪ ਸਿੰਘ ਨੇ ਬੁੱਧਵਾਰ ਰਾਤ ਕਰੀਬ ਪੌਣੇ ਬਾਰਾਂ ਵਜੇ ਬੀ ਬੀ ਐੱਮ ਬੀ ਨੂੰ ਈਮੇਲ ਜ਼ਰੀਏ ਕਿਹਾ ਕਿ ਉਸ ਨੇ ਤਾਂ ਅਜਿਹੀ ਕੋਈ ਬੇਨਤੀ ਕੀਤੀ ਹੀ ਨਹੀਂ। ਵੀਰਵਾਰ ਪੰਜਾਬ ਦੇ ਮੁੱਖ ਇੰਜਨੀਅਰ ਨੇ ਬੀ ਬੀ ਐੱਮ ਬੀ ਨੂੰ ਪੱਤਰ ਲਿਖਿਆ ਕਿ ਨਵੇਂ ਤਾਇਨਾਤ ਕੀਤੇ ਸੰਜੀਵ ਕੁਮਾਰ ਕੋਲ ਡੈਮ ਸੇਫਟੀ ਦਾ ਹੀ ਤਜਰਬਾ ਹੈ, ਜਦੋਂ ਕਿ ਉਸ ਕੋਲ ਵਾਟਰ ਰੈਗੂਲੇਸ਼ਨ ਦਾ ਕੋਈ ਤਜਰਬਾ ਨਹੀਂ, ਇਸ ਕਰਕੇ ਆਕਾਸ਼ਦੀਪ ਦਾ ਤਬਾਦਲਾ ਫੌਰੀ ਰੱਦ ਕੀਤਾ ਜਾਵੇ।

## 'ਮੁਸਲਮਾਨਾਂ ਜਾਂ ਕਸ਼ਮੀਰੀਆਂ ਦੇ ਪਿੱਛੇ ਨਾ ਪਓ'



**ਕਰਨਾਲ** : ਪਹਿਲਗਾਮ ਵਿੱਚ ਦਹਿਸ਼ਗਰਦਾਂ ਹੱਥੋਂ ਮਾਰੇ ਜਾਣ ਵਾਲਿਆਂ ਵਿੱਚ ਸ਼ਾਮਲ ਨੇਵੀ ਦੇ ਲੈਫਟੀਨੈਂਟ ਵਿਨੈ ਨਰਵਾਲ ਦੀ ਪਤਨੀ ਹਿਮਾਂਸ਼ੀ ਨਰਵਾਲ ਨੇ ਅਮਨ ਤੇ ਏਕਤਾ ਲਈ ਜਜ਼ਬਾਤੀ ਅਪੀਲ ਕੀਤੀ ਹੈ। ਗੁਰੂਗਰਾਮ ਦੀ ਪੀ ਐੱਚ ਡੀ ਸਕਾਲਰ ਹਿਮਾਂਸ਼ੀ ਨੇ ਵੀਰਵਾਰ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ, 'ਮੈਂ ਸਿਰਫ ਇਹੀ ਚਾਹੁੰਦੀ ਹਾਂ ਕਿ ਸਮੁੱਚਾ ਰਾਸ਼ਟਰ ਉਨ੍ਹਾਂ ਲਈ ਇਹ ਅਰਦਾਸ ਕਰੇ ਕਿ ਉਹ ਜਿੱਥੇ ਵੀ ਹਨ, ਸਿਹਤਮੰਦ ਤੇ ਖੁਸ਼ ਹੋਣ।'

ਕਿਸੇ ਭਾਈਚਾਰੇ ਖਿਲਾਫ ਗੁੱਸਾ ਜ਼ਾਹਰ ਨਾ ਕਰਨ ਦੀ ਅਹਿਮੀਅਤ 'ਤੇ ਜ਼ੋਰ ਦਿੰਦਿਆਂ ਉਸ ਨੇ ਕਿਹਾ, 'ਅਸੀਂ ਨਹੀਂ ਚਾਹੁੰਦੇ ਕਿ ਲੋਕ ਮੁਸਲਮਾਨਾਂ ਜਾਂ ਕਸ਼ਮੀਰੀਆਂ ਨੂੰ ਨਿਸ਼ਾਨਾ ਬਣਾਉਣ। ਅਸੀਂ ਅਮਨ ਚਾਹੁੰਦੇ ਹਾਂ ਤੇ ਸਿਰਫ ਅਮਨ। ਨਿਰਸੰਦੇਹ ਅਸੀਂ ਇਨਸਾਫ ਚਾਹੁੰਦੇ ਹਾਂ।'

ਵਿਨੈ ਨਰਵਾਲ ਦੀ 27ਵੀਂ ਜਨਮ ਵਰ੍ਹੇਗੰਢ 'ਤੇ ਕਰਨਾਲ ਵਿੱਚ ਖ਼ੂਨਦਾਨ ਕੈਂਪ ਲਾਇਆ ਗਿਆ। ਨਰਵਾਲ ਨੂੰ ਸ਼ਰਧਾਂਜਲੀ ਦਿੰਦਿਆਂ ਉਨ੍ਹਾ ਦੀ ਮਾਤਾ ਤੇ ਪਤਨੀ ਦੇ ਹੰਝੂ ਨਿਕਲ ਗਏ। ਕੈਂਪ ਐੱਨ ਜੀ ਓ ਇੰਟੈਗ੍ਰੇਟਿਡ ਫੋਰਮ ਆਫ ਆਰਟਿਸਟ ਤੇ ਐਕਟੀਵਿਸਟਸ ਨੇ ਲਾਇਆ। ਵੱਖ-ਵੱਖ ਬੁਲਾਰਿਆਂ ਨੇ ਇਸ ਮੌਕੇ ਕਿਹਾ ਕਿ ਨਰਵਾਲ ਨੇ ਰਾਸ਼ਟਰ ਦੀ ਸਮਰਪਣ ਭਾਵਨਾ ਨਾਲ ਸੇਵਾ ਕੀਤੀ ਤੇ ਉਹ ਸਭ ਦੇ ਦਿਲਾਂ 'ਚ ਰਹਿਣਗੇ। ਇੱਕ ਬੁਲਾਰੇ ਨੇ ਕਿਹਾ ਕਿ ਜਦਕਿ ਦਹਿਸ਼ਤਗਰਦਾਂ ਨੇ ਬੇਗੁਨਾਹਾਂ ਦਾ ਖ਼ੂਨ ਵਹਾਇਆ, ਇਸ ਕੈਂਪ ਨਾਲ ਕਈ ਜਾਨਾਂ ਬਚਣਗੀਆਂ। ਇਸ ਮੌਕੇ ਭਾਜਪਾ ਵਿਧਾਇਕ ਜਗਮੋਹਨ ਆਨੰਦ ਵੀ ਮੌਜੂਦ ਸਨ।

ਲੈਫਟੀਨੈਂਟ ਨਰਵਾਲ ਦਾ ਵਿਆਹ 22 ਅਪ੍ਰੈਲ ਦੇ ਪਹਿਲਗਾਮ ਹਮਲੇ ਤੋਂ ਹਫਤਾ ਭਰ ਪਹਿਲਾਂ ਹੋਇਆ ਸੀ ਤੇ ਉਹ ਪਤਨੀ ਨਾਲ ਹਨੀਮੂਨ ਮਨਾਉਣ ਪਹਿਲਗਾਮ ਗਏ ਸਨ, ਜਿੱਥੇ ਦਹਿਸ਼ਤਗਰਦਾਂ ਨੇ ਉਨ੍ਹਾ ਨੂੰ ਨੇੜਿਓਂ ਗੋਲੀਆਂ ਮਾਰੀਆਂ।

### ਸੁਪਰੀਮ ਕੋਰਟ ਨੇ ਪਹਿਲਗਾਮ ਮੁੱਦੇ 'ਤੇ ਪਟੀਸ਼ਨਰਾਂ ਨੂੰ ਝਾੜਿਆ

**ਨਵੀਂ ਦਿੱਲੀ** : ਪਹਿਲਗਾਮ ਹਮਲੇ ਦੀ ਨਿਆਂਇਕ ਜਾਂਚ ਦੀ ਮੰਗ ਕਰਦੀ ਲੋਕਹਿੱਤ ਪਟੀਸ਼ਨ ਦੀ ਸੁਣਵਾਈ ਕਰਨ ਤੋਂ ਸੁਪਰੀਮ ਕੋਰਟ ਨੇ ਵੀਰਵਾਰ ਨਾਂਹ ਕਰ ਦਿੱਤੀ। ਜਸਟਿਸ ਸੂਰੀਆ ਕਾਂਤ ਅਤੇ ਜਸਟਿਸ ਐੱਨ ਕੋਟੀਸ਼ਵਰ ਸਿੰਘ ਦੀ ਬੈਂਚ ਨੇ ਕਿਹਾ, 'ਪਟੀਸ਼ਨਰ ਮੁੱਦੇ ਦੀ ਸੰਵੇਦਨਸ਼ੀਲਤਾ ਨੂੰ ਸਮਝਦੇ ਹੋਏ ਅਦਾਲਤ ਵਿੱਚ ਕੋਈ ਵੀ ਅਜਿਹੀ ਪ੍ਰਾਰਥਨਾ ਨਾ ਕਰਨ, ਜਿਸ ਨਾਲ ਦੇਸ਼ ਦੀਆਂ ਹਥਿਆਰਬੰਦ ਫੌਜਾਂ ਦਾ ਹੌਸਲਾ ਡਿੱਗਦਾ ਹੋਵੇ।' ਬੈਂਚ ਨੇ ਕਿਹਾ, 'ਤੁਸੀਂ ਸੁਪਰੀਮ ਕੋਰਟ ਦੇ ਸੇਵਾਮੁਕਤ ਜੱਜ ਨੂੰ ਜਾਂਚ ਕਰਨ ਲਈ ਕਹਿ ਰਹੇ ਹੋ। ਉਹ ਜਾਂਚ ਦੇ ਮਾਹਰ ਨਹੀਂ ਹਨ, ਸਿਰਫ ਕਿਸੇ ਮੁੱਦੇ ਦਾ ਫੈਸਲਾ ਕਰ ਸਕਦੇ ਹਨ।' ਬੈਂਚ ਦੀਆਂ ਟਿੱਪਣੀਆਂ ਤੋਂ ਬਾਅਦ ਪਟੀਸ਼ਨਰਾਂ ਨੇ ਪਟੀਸ਼ਨਾਂ ਵਾਪਸ ਲੈ ਲਈਆਂ।

## ਅਮਰੀਕਾ ਦੀ ਭਾਰਤ ਤੇ ਪਾਕਿਸਤਾਨ ਨੂੰ ਤਣਾਅ ਘਟਾਉਣ ਦੀ ਸਲਾਹ

**ਵਾਸ਼ਿੰਗਟਨ** : ਅਮਰੀਕਾ ਨੇ ਭਾਰਤ ਤੇ ਪਾਕਿਸਤਾਨ ਨੂੰ ਅਪੀਲ ਕੀਤੀ ਹੈ ਕਿ ਉਹ 22 ਅਪਰੈਲ ਦੇ ਪਹਿਲਗਾਮ ਦਹਿਸ਼ਤੀ ਹਮਲੇ ਮਗਰੋਂ ਦੋਵਾਂ ਮੁਲਕਾਂ ਦਰਮਿਆਨ ਬਣੇ ਤਣਾਅ ਨੂੰ ਘਟਾਉਣ ਅਤੇ ਇਕ-ਦੂਜੇ ਨਾਲ ਮਿਲ ਕੇ ਕੰਮ ਕਰਨ। ਅਮਰੀਕਾ ਦੇ ਵਿਦੇਸ਼ ਮੰਤਰੀ ਮਾਰਕੋ ਰੂਬੀਓ ਨੇ ਬੁੱਧਵਾਰ ਨੂੰ ਭਾਰਤ ਦੇ ਵਿਦੇਸ਼ ਮੰਤਰੀ ਐੱਸ ਜੈਸ਼ੰਕਰ ਤੇ ਪਾਕਿਸਤਾਨ ਦੇ ਪ੍ਰਧਾਨ ਮੰਤਰੀ ਸ਼ਾਹਬਾਜ਼ ਸ਼ਰੀਫ਼ ਨਾਲ ਵੱਖੋ-ਵੱਖਰੇ ਤੌਰ 'ਤੇ ਫੋਨ 'ਤੇ ਗੱਲਬਾਤ ਕੀਤੀ।

ਜੈਸ਼ੰਕਰ ਨਾਲ ਕੀਤੀ ਗੱਲਬਾਤ ਦੌਰਾਨ ਰੂਬੀਓ ਨੇ ਪਹਿਲਗਾਮ ਦਹਿਸ਼ਤੀ ਹਮਲੇ ਵਿਚ ਗਈਆਂ 26 ਜਾਨਾਂ 'ਤੇ ਦੁੱਖ ਦਾ ਇਜ਼ਹਾਰ ਕੀਤਾ। ਵਿਦੇਸ਼ ਵਿਭਾਗ ਦੇ ਬੁਲਾਰੇ ਟੈਮੀ ਬਰੂਸ ਨੇ ਕਿਹਾ ਕਿ ਰੂਬੀਓ ਨੇ ਅੱਤਵਾਦ ਵਿਰੁੱਧ ਭਾਰਤ ਨਾਲ ਸਹਿਯੋਗ ਲਈ ਅਮਰੀਕਾ ਦੀ ਵਚਨਬੱਧਤਾ ਦੀ ਪੁਸ਼ਟੀ ਕੀਤੀ। ਉਨ੍ਹਾ ਭਾਰਤ ਨੂੰ ਦੱਖਣੀ ਏਸ਼ੀਆ ਵਿੱਚ ਤਣਾਅ ਘਟਾਉਣ ਅਤੇ ਸ਼ਾਂਤੀ ਤੇ ਸੁਰੱਖਿਆ ਬਣਾਈ ਰੱਖਣ ਲਈ ਪਾਕਿਸਤਾਨ ਨਾਲ ਕੰਮ ਕਰਨ ਲਈ ਵੀ ਉਤਸ਼ਾਹਤ ਕੀਤਾ।

ਗੱਲਬਾਤ ਤੋਂ ਕੁਝ ਘੰਟਿਆਂ ਬਾਅਦ ਜੈਸ਼ੰਕਰ ਨੇ ਵੀਰਵਾਰ 'ਐੱਕਸ' ਉੱਤੇ ਕਿਹਾ, 'ਬੁੱਧਵਾਰ ਨੂੰ ਅਮਰੀਕਾ ਦੇ ਵਿਦੇਸ਼ ਮੰਤਰੀ ਮਾਰਕੋ ਰੂਬੀਓ ਨਾਲ ਪਹਿਲਗਾਮ ਦਹਿਸ਼ਤੀ ਹਮਲੇ ਬਾਰੇ ਚਰਚਾ ਕੀਤੀ। ਇਸ ਦੇ ਦੋਸ਼ੀਆਂ, ਸਮਰਥਕਾਂ ਅਤੇ ਸਾਜ਼ਿਸ਼ਘਾੜਿਆਂ ਨੂੰ ਨਿਆਂ ਦੇ ਕਟਹਿਰੇ ਵਿੱਚ ਲਿਆਂਦਾ ਜਾਣਾ ਚਾਹੀਦਾ ਹੈ।' ਭਾਰਤ ਨੇ ਇਸ ਭਿਆਨਕ ਹਮਲੇ ਦਾ 'ਸਰਹੱਦ ਪਾਰ ਸੰਬੰਧ' ਹੋਣ ਦਾ ਹਵਾਲਾ ਦਿੰਦੇ ਹੋਏ ਹਮਲੇ ਵਿੱਚ ਸ਼ਾਮਲ ਲੋਕਾਂ ਨੂੰ ਸਖਤ ਸਜ਼ਾ ਦੇਣ ਦਾ ਵਾਅਦਾ ਕੀਤਾ ਹੈ।

ਇਸ ਦੌਰਾਨ ਸ਼ਰੀਫ ਨਾਲ ਆਪਣੀ ਗੱਲਬਾਤ ਵਿੱਚ ਰੂਬੀਓ ਨੇ ਪਹਿਲਗਾਮ ਦਹਿਸ਼ਤੀ ਹਮਲੇ ਦੀ ਨਿੰਦਾ ਕਰਨ ਦੀ ਲੋੜ ਬਾਰੇ ਗੱਲ ਕੀਤੀ। ਰੂਬੀਓ ਅਤੇ ਸ਼ਰੀਫ ਨੇ 'ਹਿੰਸਾ ਦੇ ਘਿਨਾਉਣੇ ਕੰਮਾਂ ਲਈ ਅੱਤਵਾਦੀਆਂ ਨੂੰ ਜਵਾਬਦੇਹ ਬਣਾਉਣ ਲਈ ਆਪਣੀ ਨਿਰੰਤਰ ਵਚਨਬੱਧਤਾ ਦੀ ਪੁਸ਼ਟੀ ਕੀਤੀ।' ਬਰੂਸ ਨੇ ਕਿਹਾ, 'ਰੂਬੀਓ ਨੇ ਇਸ ਗੈਰ-ਜ਼ਿੰਮੇਵਾਰਾਨਾ ਹਮਲੇ ਦੀ ਜਾਂਚ ਵਿੱਚ ਪਾਕਿਸਤਾਨੀ ਅਧਿਕਾਰੀਆਂ ਦੇ ਸਹਿਯੋਗ ਦੀ ਅਪੀਲ ਕੀਤੀ। ਉਨ੍ਹਾ ਪਾਕਿਸਤਾਨ ਨੂੰ ਤਣਾਅ ਘਟਾਉਣ, ਸਿੱਧਾ ਸੰਚਾਰ ਮੁੜ ਸਥਾਪਤ ਕਰਨ ਅਤੇ ਦੱਖਣੀ ਏਸ਼ੀਆ ਵਿੱਚ ਸ਼ਾਂਤੀ ਤੇ ਸੁਰੱਖਿਆ ਬਣਾਈ ਰੱਖਣ ਲਈ ਭਾਰਤ ਨਾਲ ਕੰਮ ਕਰਨ ਲਈ ਵੀ ਉਤਸ਼ਾਹਤ ਕੀਤਾ।'

## ਬਾਬਾ ਰਾਮਦੇਵ ਆਫਰਿਆ ਫਿਰਦੈ : ਹਾਈ ਕੋਰਟ



**ਨਵੀਂ ਦਿੱਲੀ** : ਯੋਗ ਅਭਿਆਸੀ ਤੇ ਬਿਜ਼ਨਸਮੈਨ ਬਾਬਾ ਰਾਮਦੇਵ ਦਿੱਲੀ ਹਾਈ ਕੋਰਟ ਦੇ ਤਿੱਖੇ ਤੇਵਰ ਨੂੰ ਭਾਂਪਦਿਆਂ ਵੀਰਵਾਰ ਫਿਰ ਬੈਕ ਮਾਰ ਕੇ ਮੌਕਾ ਬਚਾਅ ਗਿਆ। 'ਸ਼ਰਬਤ ਜਿਹਾਦ' ਦੇ ਮਾਮਲੇ ਵਿੱਚ ਬਾਬੇ ਦੀ ਤਾਜ਼ਾ ਵੀਡੀਓ ਦੇਖ ਕੇ ਜਦੋਂ ਹਾਈ ਕੋਰਟ ਦੇ ਜਸਟਿਸ ਅਮਿਤ ਬਾਂਸਲ ਨੇ ਕਿਹਾ ਕਿ 22 ਅਪ੍ਰੈਲ ਦੇ ਨਿਰਦੇਸ਼ ਦੀ ਪਾਲਣਾ ਨਾ ਕਰਨ ਵਾਲੇ ਬਾਬੇ ਖਿਲਾਫ ਉਹ ਹੱਤਕ ਅਦਾਲਤ ਦਾ ਨੋਟਿਸ ਜਾਰੀ ਕਰਨਗੇ ਤਾਂ ਬਾਬੇ ਦੇ ਵਕੀਲ ਨੇ ਕਿਹਾ ਕਿ ਨਵੀਂ ਵੀਡੀਓ ਦਾ ਇਤਰਾਜ਼ਯੋਗ ਹਿੱਸਾ 24 ਘੰਟਿਆਂ ਵਿੱਚ ਹਟਾ ਦਿੱਤਾ ਜਾਵੇਗਾ। ਇਸ ਤੋਂ ਬਾਅਦ ਫਾਜ਼ਲ ਜੱਜ ਨੇ ਸੁਣਵਾਈ 2 ਮਈ ਤਕ ਅੱਗੇ ਪਾ ਦਿੱਤੀ।

'ਹਮਦਰਦ' ਦੀ ਰੂਹ ਅਫਜ਼ਾ ਸ਼ਰਬਤ ਵਿਰੁੱਧ 'ਸ਼ਰਬਤ ਜਿਹਾਦ' ਵਰਗੀਆਂ ਵਿਵਾਦਗ੍ਰਸਤ ਟਿੱਪਣੀਆਂ ਲਈ ਉਸ ਖਿਲਾਫ ਅਦਾਲਤ ਦੇ ਹੁਕਮਾਂ ਦੀ ਉਲੰਘਣਾ ਲਈ ਅਦਾਲਤੀ ਮਾਣਹਾਨੀ ਦੇ ਮਾਮਲੇ ਬਾਰੇ ਵਿਚਾਰ ਕਰਨ ਤੋਂ ਪਹਿਲਾਂ ਦਿੱਲੀ ਹਾਈ ਕੋਰਟ ਨੇ ਵੀਰਵਾਰ ਕਿਹਾ ਕਿ ਰਾਮਦੇਵ ਕਿਸੇ ਦੇ ਕੰਟਰੋਲ ਵਿੱਚ ਨਹੀਂ ਅਤੇ ਆਪਣੀ ਹੀ ਦੁਨੀਆਂ ਵਿੱਚ ਰਹਿੰਦੈ। ਅਦਾਲਤ ਨੇ ਪਹਿਲਾਂ ਉਸ ਨੂੰ ਹਮਦਰਦ ਦੇ ਉਤਪਾਦਾਂ 'ਤੇ ਭਵਿੱਖ ਵਿੱਚ ਕੋਈ ਬਿਆਨ ਜਾਰੀ ਨਾ ਕਰਨ ਜਾਂ ਵੀਡੀਓ ਸਾਂਝਾ ਨਾ ਕਰਨ ਦਾ ਹੁਕਮ ਦਿੱਤਾ ਸੀ।

ਜਸਟਿਸ ਅਮਿਤ ਬਾਂਸਲ ਨੇ ਬਾਬੇ ਦੀ ਨਵੀਂ ਵੀਡੀਓ ਦੇਖ ਕੇ ਕਿਹਾ, 'ਪਿਛਲੇ ਹੁਕਮ ਦੇ ਮੱਦੇਨਜ਼ਰ ਉਸ ਦਾ ਹਲਫਨਾਮਾ ਅਤੇ ਇਹ ਵੀਡੀਓ ਪਹਿਲੀ ਨਜ਼ਰੇ ਬੇਅਦਬੀ ਦਾ ਮਾਮਲਾ ਬਣਦੇ ਹਨ। ਮੈਂ ਹੁਣ ਹੱਤਕ ਅਦਾਲਤ ਦਾ ਨੋਟਿਸ ਜਾਰੀ ਕਰਾਂਗਾ।' ਬੈਂਚ ਨੇ ਇਹ ਗੱਲ ਅਦਾਲਤ ਨੂੰ ਹਮਦਰਦ ਦੇ ਵਕੀਲ ਵੱਲੋਂ ਇਹ ਸੂਚਨਾ ਦਿੱਤੇ ਜਾਣ ਤੋਂ ਬਾਅਦ ਕਹੀ ਕਿ ਅਦਾਲਤ ਦੇ 22 ਅਪਰੈਲ ਦੇ ਹੁਕਮਾਂ ਦੇ ਬਾਵਜੂਦ ਰਾਮਦੇਵ ਨੇ ਇਤਰਾਜ਼ਯੋਗ ਬਿਆਨ ਦਿੰਦਿਆਂ ਇੱਕ ਨਵੀਂ ਵੀਡੀਓ ਜਾਰੀ ਕੀਤੀ ਹੈ। ਜੱਜ ਨੇ ਕਿਹਾ, 'ਉਹ (ਰਾਮਦੇਵ) ਕਿਸੇ ਦੇ ਕੰਟਰੋਲ ਵਿੱਚ ਨਹੀਂ ਹੈ। ਉਹ ਆਪਣੀ ਦੁਨੀਆ ਵਿੱਚ ਰਹਿੰਦੈ।'

ਹਮਦਰਦ ਦੇ ਵਕੀਲ ਨੇ ਕਿਹਾ ਕਿ ਨਵੀਂ ਵੀਡੀਓ ਵਿੱਚ ਬਾਬੇ ਨੇ ਕਿਹਾ ਹੈ ਕਿ ਹਮਦਰਦ ਵਾਲੇ ਆਪਣੇ ਮੁਨਾਫੇ ਨਾਲ ਮਦਰੱਸੇ ਤੇ ਮਸਜਿਦ ਬਣਾਉਂਦੇ ਹਨ ਅਤੇ ਔਰੰਗਜ਼ੇਬ ਵਿੱਚ ਵਿਸ਼ਵਾਸ ਰੱਖਦੇ ਹਨ, ਜਦਕਿ ਪਤੰਜਲੀ ਭਗਵਾਨ ਰਾਮ ਵਿੱਚ ਵਿਸ਼ਵਾਸ ਕਰਦਾ ਹੈ। ਦੱਸਣਯੋਗ ਹੈ ਕਿ ਹਮਦਰਦ ਨੈਸ਼ਨਲ ਫਾਊਂਡੇਸ਼ਨ ਇੰਡੀਆ ਨੇ ਵਿਵਾਦਪੂਰਨ ਟਿੱਪਣੀਆਂ ਲਈ ਰਾਮਦੇਵ ਅਤੇ ਉਸ ਦੀ ਪਤੰਜਲੀ ਫੂਡਜ਼ ਲਿਮਟਿਡ ਵਿਰੁੱਧ ਪਟੀਸ਼ਨ ਦਾਇਰ ਕੀਤੀ ਸੀ। ਅਦਾਲਤ ਨੇ ਪਿਛਲੀ ਸੁਣਵਾਈ ਮੌਕੇ 'ਤੇ ਕਿਹਾ ਸੀ ਕਿ ਹਮਦਰਦ ਦੀ ਰੂਹ ਅਫਜ਼ਾ 'ਤੇ ਰਾਮਦੇਵ ਦੀ ਸ਼ਰਬਤ ਜਿਹਾਦ ਵਾਲੀ ਟਿੱਪਣੀ ਨੇ ਉਸ ਦੀ ਜ਼ਮੀਰ ਨੂੰ ਕੰਬਾ ਦਿੱਤਾ ਸੀ ਅਤੇ ਇਹ ਵਾਜਬ ਨਹੀਂ ਸੀ। ਇਸ 'ਤੇ ਯੋਗ ਗੁਰੂ ਨੂੰ ਇਹ ਭਰੋਸਾ ਦੇਣ ਲਈ ਮਜਬੂਰ ਹੋਣਾ ਪਿਆ ਕਿ ਉਹ ਤੁਰੰਤ ਸੰਬੰਧਤ ਵੀਡੀਓ ਅਤੇ ਸੋਸ਼ਲ ਮੀਡੀਆ ਪੋਸਟਾਂ ਨੂੰ ਹਟਾ ਦੇਵੇਗਾ।

## ਅੱਜ-ਨਾਮਾ

ਭਾਖੜਾ ਝੀਲ ਵਿੱਚ ਪਾਣੀ ਹੈ ਬਹੁਤ ਥੋੜ੍ਹਾ,
ਛੱਲਾਂ ਬਹੁਤੀਆਂ ਬਾਹਰ ਰਿਹਾ ਮਾਰ ਬੇਲੀ।
ਲੁਕਵਾਂ ਫੈਸਲਾ ਜਿਹੜਾ ਕੋਈ ਜਾਏ ਕੀਤਾ,
ਪੰਜਾਬੀ ਆਖਦੇ ਹੋਇਆ ਫਿਰ ਵਾਰ ਬੇਲੀ।
ਕਰਦਾ ਕੇਂਦਰ ਹਰਿਆਣੇ ਦੀ ਤਰਫਦਾਰੀ,
ਉਨ੍ਹਾਂ ਦੀ ਆਪਣੀ ਜਿੱਧਰ ਸਰਕਾਰ ਬੇਲੀ।
ਪੰਜਾਬ ਖਿਲਾਫ ਹੀ ਚੱਲੀ ਜਾਏ ਰਾਜਨੀਤੀ,
ਸਕਦਾ ਪੰਜਾਬ ਨੂੰ ਕੋਈ ਨਹੀਂ ਚਾਰ ਬੇਲੀ।
ਆਪਣੀ ਭਾਵੇਂ ਕੋਈ ਰਾਜਸੀ ਸਾਂਝ ਹੈ ਨਹੀਂ,
ਦਰਿਆਈ ਪਾਣੀ ਫਿਰ ਦੇਂਵਦਾ ਜੋੜ ਬੇਲੀ।
ਰਗੜਿਆ ਜਾਊਗਾ ਪਾਸੇ ਜੋ ਰਿਹਾ ਫਿਰਦਾ,
ਇੱਕੋ ਜਿਹਾ ਪੈਂਤੜਾ ਵਕਤ ਦੀ ਲੋੜ ਬੇਲੀ।

-ਤੀਸ ਮਾਰ ਖਾਂ

## ਟਰੰਪ ਦਬਕੇ ਮਾਰ ਕੇ ਯੂਕਰੇਨ ਨਾਲ ਖਣਿਜ ਸੌਦਾ ਮਾਰ ਗਿਆ



**ਵਾਸ਼ਿੰਗਟਨ** : ਅਮਰੀਕਾ ਅਤੇ ਯੂਕਰੇਨ ਨੇ ਬੁੱਧਵਾਰ ਇਤਿਹਾਸਕ ਆਰਥਿਕ ਸਮਝੌਤੇ ਦਾ ਐਲਾਨ ਕੀਤਾ, ਜਿਸ ਰਾਹੀਂ ਯੂਕਰੇਨ ਨੂੰ ਅਮਰੀਕੀ ਫੌਜੀ ਅਤੇ ਆਰਥਿਕ ਮਦਦ ਦੇ ਬਦਲੇ ਉਸ ਦੇ ਖਣਿਜ ਸਰੋਤਾਂ ਤੱਕ ਅਮਰੀਕਾ ਦੀ ਪਹੁੰਚ ਯਕੀਨੀ ਹੋਵੇਗੀ। ਕਈ ਹਫਤਿਆਂ ਤੱਕ ਰਾਸ਼ਟਰਪਤੀ ਡੋਨਾਲਡ ਟਰੰਪ ਦੇ ਦਬਾਅ ਤੋਂ ਬਾਅਦ ਦੋਹਾਂ ਦੇਸ਼ਾਂ ਵਿਚਕਾਰ ਇਹ ਸਮਝੌਤਾ ਹੋਇਆ ਹੈ। ਅਮਰੀਕਾ ਯੂਕਰੇਨ 'ਤੇ ਰੂਸੀ ਹਮਲਿਆਂ ਨੂੰ ਰੋਕਣ ਲਈ ਅਰਬਾਂ ਡਾਲਰ ਦੀ ਫੌਜੀ ਅਤੇ ਆਰਥਿਕ ਮਦਦ ਦੇਣ ਦੇ ਬਦਲੇ ਵਿੱਚ ਮੁਆਵਜ਼ਾ ਮੰਗ ਰਿਹਾ ਸੀ।

ਅਮਰੀਕਾ ਦੇ ਵਿੱਤ ਮੰਤਰੀ ਸਕਾਟ ਬੇਸੈਂਟ ਨੇ 'ਐੱਕਸ' 'ਤੇ ਪੋਸਟ ਕੀਤੇ ਇਕ ਵੀਡੀਓ ਵਿਚ ਕਿਹਾ, 'ਇਹ ਭਾਗੀਦਾਰੀ ਅਮਰੀਕਾ ਨੂੰ ਯੂਕਰੇਨ ਨਾਲ ਨਿਵੇਸ਼ ਕਰਨ, ਯੂਕਰੇਨ ਦੀ ਵਿਕਾਸ ਸੰਪਤੀ ਦੀ ਵਰਤੋਂ ਕਰਨ, ਅਮਰੀਕੀ ਹੁਨਰ, ਪੂੰਜੀ ਅਤੇ ਪ੍ਰਸ਼ਾਸਨਕ ਮਿਆਰਾਂ ਨੂੰ ਲਾਗੂ ਕਰਨ ਦੀ ਇਜਾਜ਼ਤ ਦੇਵੇਗੀ, ਜੋ ਕਿ ਯੂਕਰੇਨ ਦੇ ਨਿਵੇਸ਼ ਮਾਹੌਲ ਵਿੱਚ ਸੁਧਾਰ ਲਿਆਉਣਗੇ ਅਤੇ ਆਰਥਿਕ ਸੁਧਾਰ ਨੂੰ ਤੇਜ਼ੀ ਦੇਣਗੇ।' ਇਹ ਐਲਾਨ ਉਸ ਸਮੇਂ ਹੋਇਆ ਹੈ, ਜਦੋਂ ਟਰੰਪ ਰੂਸ ਅਤੇ ਯੂਕਰੇਨ ਦੇ ਆਗੂਆਂ ਨਾਲ ਜੰਗ ਖਤਮ ਕਰਨ ਲਈ ਗੱਲਬਾਤ ਕਰ ਰਹੇ ਹਨ ਅਤੇ ਲੰਮੇ ਸਮੇਂ ਤੋਂ ਚੱਲ ਰਹੀ ਲੜਾਈ ਤੋਂ ਨਿਰਾਸ਼ ਹਨ। ਅਮਰੀਕੀ ਰਾਸ਼ਟਰਪਤੀ ਨੇ ਯੂਕਰੇਨ ਦੇ ਰਾਸ਼ਟਰਪਤੀ ਵਲਾਦੀਮੀਰ ਜ਼ੇਲੈਂਸਕੀ ਦੀ ਆਲੋਚਨਾ ਕਰਦੇ ਹੋਏ ਕਿਹਾ ਸੀ ਕਿ ਉਨ੍ਹਾ ਦੀਆਂ ਨੀਤੀਆਂ ਕਰਕੇ ਜੰਗ ਲੰਮੀ ਹੋ ਰਹੀ ਹੈ ਅਤੇ ਨਿਰਦੋਸ਼ ਲੋਕ ਮਾਰੇ ਜਾ ਰਹੇ ਹਨ। ਉਨ੍ਹਾ ਰੂਸ ਦੇ ਰਾਸ਼ਟਰਪਤੀ ਵਲਾਦੀਮੀਰ ਪੂਤਿਨ ਦੀ ਵੀ ਆਲੋਚਨਾ ਕੀਤੀ ਕਿ ਉਹ ਘਾਤਕ ਹਮਲਿਆਂ ਨੂੰ ਰੋਕਣ ਬਾਰੇ ਗੱਲਬਾਤ ਨੂੰ ਔਖਾ ਬਣਾ ਰਹੇ ਹਨ।

ਦੋਹਾਂ ਪੱਖਾਂ ਨੇ ਸਮਝੌਤੇ ਬਾਰੇ ਸਿਰਫ ਆਮ ਜਾਣਕਾਰੀ ਦਿੱਤੀ ਹੈ, ਪਰ ਉਮੀਦ ਹੈ ਕਿ ਇਸ ਨਾਲ ਅਮਰੀਕਾ ਨੂੰ ਯੂਕਰੇਨ ਦੇ ਕੀਮਤੀ ਅਤੇ ਦੁਰਲੱਭ ਖਣਿਜਾਂ ਤੱਕ ਪਹੁੰਚ ਮਿਲੇਗੀ, ਜਦੋਂ ਕਿ ਰੂਸ ਨਾਲ ਚੱਲ ਰਹੀ ਲੜਾਈ ਦੌਰਾਨ ਯੂਕਰੇਨ ਨੂੰ ਅਮਰੀਕੀ ਸਮਰਥਨ ਮਿਲਦਾ ਰਹੇਗਾ। ਇਹ ਸਮਝੌਤਾ ਉਦੋਂ ਤੱਕ ਲਾਗੂ ਨਹੀਂ ਹੋਵੇਗਾ, ਜਦੋਂ ਤੱਕ ਇਸ ਨੂੰ ਯੂਕਰੇਨ ਦੀ ਸੰਸਦ ਦੀ ਮਨਜ਼ੂਰੀ ਨਹੀਂ ਮਿਲ ਜਾਂਦੀ। ਪ੍ਰਧਾਨ ਮੰਤਰੀ ਡੇਨਿਸ ਸ਼ਮਹਿਲ ਨੇ ਯੂਕਰੇਨ ਦੇ ਇਕ ਟੀ ਵੀ ਸੰਦੇਸ਼ ਵਿੱਚ ਕਿਹਾ ਕਿ ਯੂਕਰੇਨ ਦੀ ਆਰਥਿਕ ਮੰਤਰੀ ਤੇ ਉਪ ਪ੍ਰਧਾਨ ਮੰਤਰੀ ਯੂਲੀਆ ਸਵੀਰੀਡੇਂਕੋ ਸਮਝੌਤੇ ਨੂੰ ਅੰਤਮ ਰੂਪ ਦੇਣ ਲਈ ਬੁੱਧਵਾਰ ਨੂੰ ਵਾਸ਼ਿੰਗਟਨ ਪਹੁੰਚੀ ਸੀ।

## ...ਸਫ਼ਾ 1 ਦੇ ਬਾਕੀ

### ਕਾਰਪੋਰੇਟਾਂ ਦੇ ਦਲਾਲਾਂ...



ਲੁਧਿਆਣਾ



ਭਿੱਖੀਵਿੰਡ

# ਟੀ ਐੱਸ ਯੂ ਡਵੀਜ਼ਨ ਦੋਰਾਹਾ ਦੀ ਵਧਵੀਂ ਮੀਟਿੰਗ

**ਦੋਰਾਹਾ (ਹਰਮਿੰਦਰ ਸੇਠ)**-ਟੈਕਨੀਕਲ ਸਰਵਿਸ ਯੂਨੀਅਨ ਡਵੀਜ਼ਨ ਦੋਰਾਹਾ ਵੱਲੋਂ ਪ੍ਰੈੱਸ ਬਿਆਨ ਜਾਰੀ ਕਰਦਿਆਂ ਸਾਥੀ ਬਲਵੀਰ ਸਿੰਘ ਡਵੀਜ਼ਨ ਸਕੱਤਰ ਟੀ.ਐੱਸ.ਯੂ. ਨੇ ਕਿਹਾ ਕਿ ਡਵੀਜ਼ਨ ਦੋਰਾਹਾ ਦੀ ਵੱਧਵੀਂ ਮੀਟਿੰਗ ਕੀਤੀ ਗਈ।ਮੀਟਿੰਗ ਵਿੱਚ ਸਬ ਡਵੀਜ਼ਨ ਕਮੇਟੀ ਆਗੂਆਂ ਤੇ ਡਵੀਜ਼ਨ ਆਗੂਆਂ ਨੇ ਸ਼ਮੂਲੀਅਤ ਕੀਤੀ।ਆਗੂਆਂ ਪ੍ਰੇਮ ਸਿੰਘ, ਜਗਦੀਸ਼ ਸਿੰਘ, ਜੋਰਾ ਸਿੰਘ, ਰਾਮਪਾਲ ਧਮੋਟ, ਬਲਜੀਤ ਸਿੰਘ, ਬੁੱਧ ਸਿੰਘ, ਧਰਮਪਾਲ ਸਿੰਘ ਨੇ ਕਿਹਾ ਕਿ ਬਿਜਲੀ ਨਿਗਮ ਦੀਆਂ ਦੋ ਡਵੀਜ਼ਨਾਂ ਖਰੜ ਤੇ ਲਾਲੜੂ ਦੀ ਵਾਗਡੋਰ ਨਿੱਜੀ ਹੱਥਾਂ ਵਿੱਚ ਸੌਂਪਣ ਦੀ ਤਿਆਰੀ ਨੂੰ ਬਿਜਲੀ ਖੇਤਰ ਦੇ ਨਿੱਜੀਕਰਨ ਵੱਲ ਇੱਕ ਹੋਰ ਕਦਮ ਦੱਸਦਿਆਂ ਇਸ ਦੀ ਜ਼ੋਰਦਾਰ ਸ਼ਬਦਾਂ ਵਿੱਚ ਨਿਖੇਧੀ ਕੀਤੀ।ਆਗੂਆਂ ਨੇ ਪ੍ਰੈੱਸ ਬਿਆਨ ਰਾਹੀਂ ਦੱਸਿਆ ਕਿ ਬਿਜਲੀ ਨਿਗਮ ਪੀ.ਡੀ.ਸੀ. (ਪੰਜਾਬ ਵਿਕਾਸ ਕਮਿਸ਼ਨ) ਦੀ ਸਿਫਾਰਿਸ਼ 'ਤੇ ਸੂਬੇ 'ਚ ਖਰੜ ਤੇ ਲਾਲੜੂ ਦੋ ਡਵੀਜ਼ਨਾਂ ਦਾ ਨਿੱਜੀਕਰਨ ਕਰਨ ਲਈ 21 ਅਪ੍ਰੈਲ ਨੂੰ ਇੱਕ ਮੀਟਿੰਗ 'ਚ ਬਿਜਲੀ ਨਿਗਮ ਦੇ ਅਧਿਕਾਰੀਆਂ ਨੇ ਆਂਕੜੇ ਪੇਸ਼ ਕਰਨੇ ਸਨ, ਜੋ ਸਮੁੱਚੇ ਪੰਜਾਬ ਦੇ ਬਿਜਲੀ ਮੁਲਾਜ਼ਮਾਂ ਨੇ ਸਰਕਾਰ ਦੇ ਇਸ ਹਮਲੇ ਖਿਲਾਫ



ਅਰਥੀਆਂ ਫੂਕ ਕੇ ਸਰਕਾਰ ਨੂੰ ਚੇਤਾਵਨੀ ਦਿੱਤੀ ਕਿ ਕਿਸੇ ਵੀ ਹਾਲਤ ਵਿੱਚ ਨਿੱਜੀਕਰਨ ਨੂੰ ਪ੍ਰਵਾਨ ਨਹੀਂ ਕੀਤਾ ਜਾਵੇਗਾ, ਜਿਸ ਦੇ ਸਿੱਟੇ ਵਜੋਂ ਮੈਨੇਜਮੈਂਟ ਨੂੰ ਮੀਟਿੰਗ ਰੱਦ ਕਰਨੀ ਪਈ। ਮੁਲਾਜ਼ਮ ਆਗੂਆਂ ਨੇ ਜਾਣਕਾਰੀ ਦਿੰਦੇ ਦੱਸਿਆ ਕਿ ਚੰਡੀਗੜ੍ਹ ਬਿਜਲੀ ਬੋਰਡ ਦਾ ਪ੍ਰਾਈਵੇਟ ਕਰਨ ਤੋਂ ਬਾਅਦ ਅੱਜ ਉੱਥੇ ਰੈਗੂਲਰ ਮੁਲਾਜ਼ਮ, ਪੈਨਸ਼ਨਰ ਤੇ ਆਊਟਸੋਰਸ ਮੁਲਾਜ਼ਮਾਂ ਨੂੰ ਕੰਪਨੀ ਵੱਲੋਂ ਤੰਗ ਪ੍ਰੇਸ਼ਾਨ ਕੀਤਾ ਜਾ ਰਿਹਾ ਹੈ, ਉਨ੍ਹਾਂ ਦੀ ਪਿਛਲੀਆਂ ਸਰਵਿਸਾਂ ਭੰਗ ਕਰਕੇ ਉਨ੍ਹਾਂ ਨੂੰ ਇੱਕ ਸਾਲ ਦੇ ਪ੍ਰੋਵੇਸ਼ਨ ਪੀਰੀਅਡ 'ਤੇ ਬਹੁਤ ਘਨੌਣੀਆਂ ਸ਼ਰਤਾਂ 'ਤੇ ਰੱਖਿਆ ਹੈ।ਆਊਟਸੋਰਸ ਮੁਲਾਜ਼ਮਾਂ ਨੂੰ ਕੱਢਣ ਦੀਆਂ ਤਿਆਰੀਆਂ ਕੀਤੀਆਂ ਜਾ ਰਹੀਆਂ ਹਨ ਤੇ ਪੈਨਸ਼ਨਰਾਂ ਨੂੰ ਪੈਨਸ਼ਨਾਂ ਕਿਸ ਨੇ ਦੇਣੀਆਂ ਹਨ, ਇਹ ਵੀ ਅਜੇ ਤੱਕ ਤੈਅ ਨਹੀਂ ਹੋ ਸਕਿਆ।ਇਸ ਲਈ ਅਸੀਂ ਸਮੂਹ ਮੁਲਾਜ਼ਮਾਂ, ਪੈਨਸ਼ਨਰਾਂ ਤੇ ਖਪਤਕਾਰਾਂ ਉੱਤੇ ਬਹੁਤ ਵੱਡਾ ਹਮਲਾ ਇਸ ਸਰਕਾਰ ਤੇ ਮੈਨੇਜਮੈਂਟ ਵੱਲੋਂ ਕੀਤਾ ਗਿਆ ਹੈ।ਇਸ ਦਾ ਸਾਨੂੰ ਡੱਟ ਕੇ ਵਿਰੋਧ ਕਰਨਾ ਚਾਹੀਦਾ ਹੈ।ਕਿਸੇ ਵੀ ਸੂਰਤ ਵਿੱਚ ਨਿੱਜੀਕਰਨ ਨੂੰ ਪ੍ਰਵਾਨ ਨਹੀਂ ਕਰਨਾ ਚਾਹੀਦਾ। ਸੀ.ਐੱਚ.ਵੀ. ਕਾਮਿਆਂ ਦਾ ਜੋ ਠੇਕਾ 30 ਅਪ੍ਰੈਲ ਨੂੰ ਖਤਮ ਕਰ ਰਹੇ ਹਨ, ਅਸੀਂ ਇਸ ਫੈਸਲੇ ਦਾ ਕਰੜਾ ਵਿਰੋਧ ਕਰਦੇ ਹਾਂ ਅਤੇ ਮੈਨੇਜਮੈਂਟ ਤੇ ਸਰਕਾਰ ਤੋਂ ਮੰਗ ਕਰਦੇ ਹਾਂ ਕਿ ਉਨ੍ਹਾਂ ਦੇ ਰੋਜ਼ਗਾਰ ਨੂੰ ਬਰਕਰਾਰ ਰੱਖਿਆ ਜਾਵੇ। ਅਸੀਂ ਇਸ ਨਿੱਜੀਕਰਨ ਦੀ ਨੀਤੀ ਨੂੰ ਰੱਦ ਕਰਾਉਣ ਲਈ ਪੂਰਾ ਤਾਨ ਲਾ ਦੇਵਾਂਗੇ।

# ਮਾਤਾ ਕੁਸ਼ੱਲਿਆ ਦੇਵੀ ਦੀ ਬਰਸੀ ਮੌਕੇ ਸ਼ਰਧਾਂਜਲੀ ਸਮਾਗਮ

## ■ ਖ਼ੂਨਦਾਨ ਕੈਂਪ 'ਚ ਦੋ ਦਰਜਨ ਵਿਅਕਤੀਆਂ ਨੇ ਕੀਤਾ ਖ਼ੂਨ ਦਾਨ

**ਮਾਨਸਾ (ਆਤਮਾ ਸਿੰਘ ਪਮਾਰ)**-ਮਾਤਾ ਕੁਸ਼ੱਲਿਆ ਦੇਵੀ ਦੀ ਬਰਸੀ ਨਮਿੱਤ ਸ਼ਰਧਾਂਜਲੀ ਸਮਾਗਮ ਤੇ ਖ਼ੂਨ ਦਾਨ ਕੈਂਪ ਸਥਾਨਕ ਨਾਨਕ ਮੱਲ ਧਰਮਸ਼ਾਲਾ ਨੇੜੇ ਰੇਲਵੇ ਸਟੇਸ਼ਨ ਮਾਨਸਾ ਵਿਖੇ ਆਯੋਜਤ ਕੀਤਾ ਗਿਆ, ਜਿਸ ਵਿੱਚ ਧਾਰਮਿਕ, ਵਪਾਰਕ, ਸਮਾਜਿਕ, ਜਨਤਕ, ਰਾਜਨੀਤਕ ਤੇ ਸ਼ਹਿਰ ਦੀਆਂ ਸੰਸਥਾਵਾਂ ਤੋਂ ਇਲਾਵਾ ਵੱਡੀ ਗਿਣਤੀ ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਪੰਜਾਬ ਦੇ ਆਗੂ, ਵਰਕਰ ਤੇ ਸ੍ਰੀ ਸਨਾਤਨ ਧਰਮ ਪੰਜਾਬ ਮਹਾਂਵੀਰ ਦਲ ਦੇ ਆਗੂਆਂ ਨੇ ਵੀ ਸ਼ਮੂਲੀਅਤ ਕੀਤੀ।

ਸਮਾਗਮ ਦੀ ਸ਼ੁਰੂਆਤ ਪਹੁੰਚੇ ਆਗੂਆਂ ਵੱਲੋਂ ਮਾਤਾ ਜੀ ਨੂੰ ਸ਼ਰਧਾਂਜਲੀ ਅਰਪਿਤ ਕਰਕੇ ਕੀਤੀ ਗਈ।ਉਪਰੰਤ ਹਾਜ਼ਰੀਨ ਨੂੰ ਜੀ ਆਇਆਂ ਕਹਿੰਦਿਆਂ ਸਵਾਗਤ ਵੀ ਕੀਤਾ ਗਿਆ।ਇਸ ਸਮੇਂ ਹਲਕਾ ਵਿਧਾਇਕ ਮਾਨਸਾ ਡਾ. ਵਿਜੇ ਕੁਮਾਰ ਸਿੰਗਲਾ ਨੇ ਮਾਤਾ ਜੀ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਕਿਹਾ ਕਿ ਬਜ਼ੁਰਗ ਸਾਡਾ ਸਰਮਾਇਆ ਹੁੰਦੇ ਹਨ, ਇਨ੍ਹਾਂ ਦੀ ਸੇਵਾ ਸੰਭਾਲ ਕਰਨਾ ਸਾਡਾ ਇਖਲਾਕੀ ਫਰਜ਼ ਹੈ, ਜਿਸ ਨੂੰ ਗੋਇਲ ਪਰਵਾਰ ਵੱਲੋਂ ਬਾਖੂਬੀ ਨਿਭਾਇਆ ਗਿਆ ਹੈ।ਖ਼ੂਨਦਾਨ ਕੈਂਪ ਲਗਾਉਣ ਦੀ ਪਿਰਤ ਮਨੁੱਖਤਾ ਦੀ ਭਲਾਈ ਲਈ ਹੋਰ ਵੀ ਸਲਾਹੁਣਯੋਗ ਕਦਮ ਹੈ, ਜਿਸ ਲਈ ਇਹ



ਪਰਵਾਰ ਵਧਾਈ ਦਾ ਹੱਕਦਾਰ ਹੈ।ਵਪਾਰ ਮੰਡਲ ਦੇ ਪ੍ਰਧਾਨ ਮੁਨੀਸ਼ ਕੁਮਾਰ ਬੱਬੀ ਦਾਨੇਵਾਲੀਆ, ਕਰਿਆਨਾ ਐਸੋਸੀਏਸ਼ਨ ਦੇ ਪ੍ਰਧਾਨ ਸੁਰੇਸ਼ ਕੁਮਾਰ ਨੰਦਗੜ੍ਹੀਆ, ਸੀਪੀਆਈ ਐੱਮ ਐੱਲ ਰਾਜਵਿੰਦਰ ਰਾਣਾ, ਆਈ ਐੱਮ ਏ ਦੇ ਪ੍ਰਧਾਨ ਡਾ. ਜਨਕ ਰਾਜ ਸਿੰਗਲਾ, ਸੀਨੀਅਰ ਸਿਟੀਜਨ ਐਸੋਸੀਏਸ਼ਨ ਦੇ ਪ੍ਰਧਾਨ ਮਾਸਟਰ ਰੁਲਦੂ ਰਾਮ, ਸਕੱਤਰ ਮੋਤੀ ਲਾਲ, ਆਤਮਾ ਸਿੰਘ ਪਮਾਰ ਸੀਨੀਅਰ ਪੱਤਰਕਾਰ, ਅੱਗਰਵਾਲ ਸਭਾ ਦੇ ਅਸ਼ੋਕ ਗਰਗ ਨੇ ਸਾਂਝੇ ਤੌਰ 'ਤੇ ਸ਼ਰਧਾਂਜਲੀ ਅਰਪਿਤ ਕੀਤੀ ।ਬੁਲਾਰਿਆਂ ਨੇ ਪਰਵਾਰ ਵੱਲੋਂ ਖ਼ੂਨਦਾਨ ਵਰਗੇ ਉੱਚਤਮ ਕਾਰਜ ਦੀ ਵੀ ਸ਼ਲਾਘਾ ਕੀਤੀ। ਸਮਾਗਮ ਦੇ ਅਖੀਰ 'ਚ ਮਾਤਾ ਜੀ ਦੇ ਵੱਡੇ ਸਪੁੱਤਰ ਧੰਨਾ ਮੱਲ ਗੋਇਲ ਨੇ ਸਮੂਹ ਹਾਜ਼ਰੀਨ ਸੰਸਥਾਵਾਂ, ਖ਼ੂਨਦਾਨੀਆਂ, ਸਿਵਲ ਹਸਪਤਾਲ ਦੀ ਸਮੁੱਚੀ ਟੀਮ ਤੇ ਸਹਿਯੋਗੀ ਸੱਜਣਾਂ ਦਾ ਪਰਵਾਰ ਵੱਲੋਂ ਧੰਨਵਾਦ ਕੀਤਾ।ਇਸ ਸਮੇਂ ਸੰਸਥਾਵਾਂ ਦੇ ਆਗੂਆਂ, ਖ਼ੂਨਦਾਨ ਕਰਨ ਵਾਲੇ ਵਿਅਕਤੀਆਂ ਤੇ ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਦੇ ਸਾਥੀਆਂ ਨੂੰ ਸਨਮਾਨਤ ਵੀ ਕੀਤਾ ਗਿਆ।ਇਸ ਸਮੇਂ ਪਰਿਵਾਰਕ ਮੈਂਬਰ ਅਸ਼ੋਕ ਕੁਮਾਰ, ਡਾ. ਰਮਨ ਗੋਇਲ, ਅਨੀਤਾ ਗੋਇਲ, ਜੀਵਨ, ਹਰੀਸ਼ ਬਾਂਸਲ ਤੇ ਸਮੂਹ ਗੋਇਲ ਪਰਵਾਰ ਤੋਂ ਇਲਾਵਾ ਮਿੱਤਰ-ਦੋਸਤ ਤੇ ਰਿਸ਼ਤੇਦਾਰ ਹਾਜ਼ਰ ਸਨ।

# ਗੁੜਗਾਉਂ ਪਟੌਦੀ ਸਿੱਖ ਕਤਲੇਆਮ ਦੇ 133 ਕੇਸਾਂ ਦੀ ਅੱਜ ਹੋਵੇਗੀ ਸੁਣਵਾਈ : ਭਾਈ ਘੋਲੀਆ

**ਜਗਰਾਉਂ (ਸੰਜੀਵ ਅਰੋੜਾ)**- 1984 ਵਿਚ ਗੁੜਗਾਉਂ, ਪਟੌਦੀ ਤੇ ਹੋਂਦ ਚਿੱਲੜ ਪਿੰਡ ਵਿੱਚ ਹੋਏ ਸਿੱਖ ਕਤਲੇਆਮ ਮਾਮਲੇ ਵਿੱਚ ਇਨਸਾਫ਼ ਲਈ ਲੜਾਈ ਲੜ ਰਹੇ ਪੀੜਤਾਂ ਵਾਸਤੇ 1 ਮਈ ਨੂੰ ਪੰਜਾਬ ਤੇ ਹਰਿਆਣਾ ਹਾਈਕੋਰਟ ਵਿੱਚ ਇੱਕ ਅਹਿਮ ਸੁਣਵਾਈ ਹੋਣ ਜਾ ਰਹੀ ਹੈ। ਇਹ ਕੇਸ ਹੋਂਦ ਚਿੱਲੜ ਸਿੱਖ ਇਨਸਾਫ਼ ਕਮੇਟੀ ਦੇ ਭਾਈ ਦਰਸ਼ਨ ਸਿੰਘ ਘੋਲੀਆ ਦੀ ਅਗਵਾਈ ਹੇਠ ਲੜੇ ਜਾ ਰਹੇ ਹਨ। ਭਾਈ ਦਰਸ਼ਨ ਸਿੰਘ ਘੋਲੀਆ ਨੇ ਦੱਸਿਆ ਕਿ 1984 ਦੇ ਦੋਸ਼ ਭਰੇ ਦਿਨਾਂ ਦੌਰਾਨ ਨਾ ਸਿਰਫ ਪਿੰਡ ਹੋਂਦ ਚਿੱਲੜ ਵਿੱਚ 32 ਸਿੱਖਾਂ ਦੀ ਬੇਰਹਮੀ ਨਾਲ ਹੱਤਿਆ ਕੀਤੀ ਗਈ ਸੀ, ਸਗੋਂ ਪਟੌਦੀ ਤੇ ਗੁੜਗਾਉਂ ਖੇਤਰ ਵਿੱਚ ਵੀ 47 ਹੋਰ ਸਿੱਖ ਨਿਸ਼ਾਨਾ ਬਣਾਏ ਗਏ। ਇਨ੍ਹਾਂ ਤਿੰਨ ਖੇਤਰਾਂ ਵਿੱਚ ਕੁੱਲ 297 ਘਰਾਂ ਨੂੰ ਅੱਗ ਲਾ ਕੇ ਸੁਆਹ ਕਰ ਦਿੱਤਾ ਗਿਆ ਸੀ ਤੇ ਅਨੇਕਾਂ ਪਰਿਵਾਰ ਤਬਾਹ ਹੋ ਗਏ ਸਨ। ਭਾਈ ਘੋਲੀਆ ਨੇ ਕਿਹਾ ਕਿ ਉਨ੍ਹਾਂ ਨੇ 133 ਵੱਖ ਵੱਖ ਪਟੀਸ਼ਨਾਂ ਹਾਈਕੋਰਟ ਵਿੱਚ ਦਰਜ ਕਰਵਾਈਆਂ ਹਨ, ਜੋ ਕਿ ਅਜਿਹੇ ਵੱਡੇ ਕਤਲੇਆਮ ਵਿਰੁੱਧ ਇਨਸਾਫ਼ ਦੀ ਲੰਮੀ ਲੜਾਈ ਦਾ ਹਿੱਸਾ ਹਨ। ਉਨ੍ਹਾਂ



ਦੱਸਿਆ ਕਿ ਪੀੜਤ ਸੰਤੋਖ ਸਿੰਘ ਸਾਨੀ ਰਾਹੀਂ ਰਿੱਟ ਨੰਬਰ 10904 ਹਾਈਕੋਰਟ ਵਿੱਚ ਦਾਇਰ ਕੀਤੀ ਗਈ ਹੈ, ਜਿਸ ਦੀ ਕਾਨੂੰਨੀ ਪੈਰਵਾਈ ਸੀਨੀਅਰ ਵਕੀਲ ਗਗਨਦੀਪ ਸਿੰਘ ਬੱਲ ਕਰ ਰਹੇ ਹਨ। ਪ੍ਰਧਾਨ ਭਾਈ ਦਰਸ਼ਨ ਸਿੰਘ ਘੋਲੀਆ ਨੇ ਆਰੋਪ ਲਾਇਆ ਕਿ ਇਹ ਇਕ ਅਜਿਹਾ ਇੱਕਤਰਫਾ ਸਿੱਖ ਕਤਲੇਆਮ ਸੀ, ਜੋ ਦੁਨੀਆ ਦੇ ਇਤਿਹਾਸ ਵਿੱਚ ਵੀ ਅਦੁਤ ਹੈ ਅਤੇ ਜਿਸ ਨੇ ਹਿਟਲਰ ਵੱਲੋਂ ਯਹੂਦੀਆਂ ਉੱਤੇ ਕੀਤੇ ਜ਼ੁਲਮਾਂ ਨੂੰ ਵੀ ਮਾਤ ਦੇ ਦਿੱਤਾ। ਉਨ੍ਹਾਂ ਕਿਹਾ ਕਿ ਹੋਂਦ ਚਿੱਲੜ ਪਿੰਡ ਦੀ ਵਾਤਾਵਰਨਿਕ ਹਾਲਤ, ਉਜੜੇ ਘਰ, ਕੰਧਾਂ ਉੱਤੇ ਲਹੂ ਦੇ ਨਿਸ਼ਾਨ ਤੇ ਸੁੰਨ ਪਈਆਂ ਗਲੀਆਂ ਅੱਜ ਵੀ 2 ਨਵੰਬਰ 1984 ਦੀ ਦਰਦਨਾਕ ਰਾਤ ਦੀ ਗਵਾਹੀ ਦੇ ਰਹੀਆਂ ਹਨ।

ਉਨ੍ਹਾਂ ਦੱਸਿਆ ਕਿ ਅੱਜ ਵੀ ਕਈ ਪੀੜਤ ਮਾੜੀਆਂ ਹਾਲਤਾਂ ਵਿੱਚ ਜਿਉਂਦੇ ਨੇ ਅਤੇ ਇਨਸਾਫ਼ ਦੀ ਉਡੀਕ ਕਰ ਰਹੇ ਹਨ। ਭਾਈ ਘੋਲੀਆ ਨੇ ਉਮੀਦ ਜਤਾਈ ਕਿ 1 ਮਈ ਨੂੰ ਹੋਣ ਵਾਲੀ ਸੁਣਵਾਈ ਵਿੱਚ ਹਾਈਕੋਰਟ ਵੱਲੋਂ ਇਨਸਾਫ਼ ਮਿਲੇਗਾ ਤੇ ਇਤਿਹਾਸ ਦੇ ਇਨ੍ਹਾਂ ਕਾਲੇ ਸਫਿਆਂ ਨੂੰ ਕਾਨੂੰਨੀ ਤੌਰ 'ਤੇ ਸੁਧਾਰਿਆ ਜਾਵੇਗਾ।

# ਹੋਲੀ ਹਾਰਟ ਸਕੂਲ ਵਿਖੇ ਭਗਵਾਨ ਪਰਸ਼ੂ ਰਾਮ ਜਯੰਤੀ ਮਨਾਈ

**ਅਜੀਤਵਾਲ (ਨਛੱਤਰ ਸੰਧੂ)**-ਇਲਾਕੇ ਦੀ ਪ੍ਰਸਿੱਧ ਵਿੱਦਿਅਕ ਸੰਸਥਾ ਹੋਲੀ ਹਾਰਟ ਸਕੂਲ ਅਜੀਤਵਾਲ ਵਿਖੇ ਭਗਵਾਨ ਪਰਸ਼ੂ ਰਾਮ ਜਯੰਤੀ ਮਨਾਈ ਗਈ।ਅਧਿਆਪਕਾਂ ਨੇ ਵਿਦਿਆਰਥੀਆਂ ਨੂੰ ਦੱਸਿਆ ਕਿ ਅਲੌਕਿਕ ਅਤੇ ਲੌਕਿਕ ਸ਼ਕਤੀਆਂ ਦੇ ਨਿਸ਼ਠਾਵਾਨ ਸੁਆਮੀ ਭਗਵਾਨ ਵਿਸ਼ਨੂ ਜੀ ਦੇ ਦਸ ਅਵਤਾਰਾਂ ਵਿੱਚ ਤਿੰਨ ਰਾਮ ਹੋਏ-ਭਾਰਗਵ ਰਾਮ (ਪਰਸੂਰਾਮ ਜੀ) ਰਘੂਨੰਦਨ ਰਾਮ ਅਤੇ ਯਦੁਨੰਦਨ ਰਾਮ।ਪਰਸ਼ੂ ਰਾਮ ਦੇ ਜਨਮ ਦਾ ਨਾਂਅ ਰਾਮ ਸੀ।ਪਰਸ਼ੂ ਰਾਮ ਭਗਵਾਨ ਜੀ ਨੂੰ ਵਿਸ਼ਨੂੰ ਦੇ ਛੇਵਾਂ ਅਵਤਾਰ ਮੰਨਿਆ ਜਾਂਦਾ ਹੈ।ਇਹ ਬ੍ਰਹਮਾਂ ਦੇ ਵੰਸ਼ਜ ਤੇ ਸ਼ਿਵ ਦੇ ਭਗਤ ਹਨ।ਇਹ ਤ੍ਰੇਤਾ ਯੁਗ 'ਚ ਰਹੇ ਤੇ ਹਿੰਦੂ ਮਿਥਿਹਾਸ ਦੇ ਸੱਤ ਚਿਰਨਜੀਵੀਆਂ 'ਚੋਂ ਇੱਕ ਹਨ।ਇਨ੍ਹਾਂ ਨੇ ਧਰਤੀ ਨੂੰ 21 ਵਾਰ ਖੱਤਰੀਆਂ ਤੋਂ ਖਾਲੀ ਕੀਤਾ।ਇਹ ਮਹਾਂਭਾਰਤ 'ਚ ਕਰਨ ਅਤੇ ਦਰੋਣ ਦੇ ਗੁਰੂ ਸਨ।ਰਮਾਇਣ 'ਚ ਇਨ੍ਹਾਂ ਨੇ ਰਾਜਾ ਜਨਕ ਨੂੰ ਇੱਕ ਸ਼ਿਵ ਧਨੁਸ਼ ਭੇਟ ਕੀਤਾ।ਇਹ ਧਨੁਸ਼ ਸੀਤਾ ਦੇ ਸਵੈਂਬਵਰ ਦੌਰਾਨ ਤੋੜ ਕੇ ਰਾਮ ਨੇ ਸੀਤਾ ਨਾਲ ਵਿਆਹ ਕੀਤਾ।ਉਹਨਾਂ ਦੱਸਿਆ ਕਿ ਭਗਵਾਨ ਪਰਸ਼ੂ ਰਾਮ ਮਹਾਨ ਯੋਧੇ, ਤਪੱਸਵੀ, ਭਗਤੀ, ਸ਼ਕਤੀ, ਵਿਦਿਆ, ਵਿਧਵਤਾ, ਧਰਮ ਰੱਖਿਅਕ ਸਤਿਆਵਾਦੀ, ਧਰਮ ਕਰਮੀ, ਰਿਧੀ-ਸਿੱਧੀ ਦੇ ਸੁਆਮੀ, ਤਿਆਗੀ, ਦਾਨੀ, ਬ੍ਰਹਮਚਾਰੀ ਤੇ ਸੰਪੂਰਨ ਧਰਤੀ ਦੀ ਯਾਤਰਾ ਕਰਨ ਵਾਲੇ ਚਿਰਜੀਵੀ ਅਵਤਾਰ ਸਨ।ਇਸ ਮੌਕੇ ਸਕੂਲ ਚੇਅਰਮੈਨ ਸੁਭਾਸ਼ ਪਲਤਾ, ਡਾਇਰੈਕਟਰ ਅਮਿਤ ਪਲਤਾ, ਸ਼੍ਰੈਆ ਪਲਤਾ ਤੇ ਸਕੂਲ ਪ੍ਰਿੰਸੀਪਲ ਸਾਕਸ਼ੀ ਗੁਲੇਰੀਆ ਨੇ ਬੱਚਿਆਂ ਨੂੰ ਭਗਵਾਨ ਪਰਸ਼ੂ ਰਾਮ ਜਯੰਤੀ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ।ਇਸ ਮੌਕੇ ਸਕੂਲ ਸਟਾਫ ਹਾਜ਼ਰ ਸੀ।

# ਡੀ ਸੀ ਵੱਲੋਂ ਡੰਪ ਦਾ ਜਾਇਜ਼ਾ, ਨਗਰ ਨਿਗਮ ਨੂੰ ਪੁਰਾਣੇ ਕੂੜੇ ਦੇ ਜਲਦ ਨਿਪਟਾਰੇ ਦੀ ਹਦਾਇਤ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪਟਿਆਲਾ ਦੇ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ਇੱਥੇ ਨਗਰ ਨਿਗਮ ਦੇ ਕੂੜੇ ਦੇ ਡੰਪ ਦਾ ਜਾਇਜ਼ਾ ਲੈ ਕੇ ਨਗਰ ਨਿਗਮ ਨੂੰ ਹਦਾਇਤ ਕੀਤੀ ਕਿ ਪੁਰਾਣੇ ਪਏ ਕੂੜੇ ਦੇ ਜਲਦ ਨਿਪਟਾਰੇ ਲਈ ਯਤਨ ਹੋਰ ਤੇਜ਼ ਕੀਤੇ ਜਾਣ।ਡਿਪਟੀ ਕਮਿਸ਼ਨਰ ਨੇ ਸ਼ਹਿਰ ਵਾਸੀਆਂ ਨੂੰ ਵੀ ਕੂੜੇ ਦੇ ਡੰਪ ਨੂੰ ਅੱਗ ਲੱਗਣ ਤੋਂ ਕਿਸੇ



ਤਰ੍ਹਾਂ ਦੀ ਘਬਰਾਹਟ ਵਿੱਚ ਨਾ ਆਉਣ ਦੀ ਅਪੀਲ ਕੀਤੀ ਹੈ।ਉਨ੍ਹਾਂ ਨਾਲ ਹੀ ਨਗਰ ਨਿਗਮ ਵੱਲੋਂ ਕੀਤੇ ਜਾ ਰਹੇ ਪ੍ਰਬੰਧਾਂ 'ਤੇ ਤਸੱਲੀ ਦਾ ਇਜ਼ਹਾਰ ਵੀ ਕੀਤਾ।ਡਾ. ਪ੍ਰੀਤੀ ਯਾਦਵ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਤੇ ਨਗਰ ਨਿਗਮ ਪੂਰੀ ਤਰ੍ਹਾਂ ਮੁਸ਼ਤੈਦ ਹੈ ਤੇ ਕੂੜੇ ਦੇ ਨਿਪਟਾਰੇ ਸਮੇਤ ਕੂੜੇ ਨੂੰ ਗਰਮੀਆਂ ਵਿੱਚ ਲੱਗਣ ਵਾਲੀ ਅੱਗ ਤੋਂ ਬਚਾਉਣ ਲਈ ਹਰ ਸੰਭਵ ਉਪਰਾਲਾ ਕੀਤਾ ਜਾ ਰਿਹਾ ਹੈ।ਉਨ੍ਹਾਂ ਨਗਰ ਨਿਗਮ ਦੇ ਸੰਯੁਕਤ ਕਮਿਸ਼ਨਰ ਬਬਨਦੀਪ ਸਿੰਘ ਵਾਲੀਆ ਸਮੇਤ ਹੋਰ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਸ਼ਹਿਰ ਵਾਸੀਆਂ ਨੂੰ ਪੁਰਾਣੇ ਪਏ ਕੂੜੇ ਦੇ ਢੇਰ ਤੋਂ ਪੱਕੇ ਤੌਰ 'ਤੇ ਨਿਜਾਤ ਦਿਵਾਉਣ ਲਈ ਕੂੜੇ ਨੂੰ ਵਿਗਿਆਨਕ ਤੇ ਵਾਤਾਵਰਣ ਪੱਖੀ ਢੰਗਾਂ ਨਾਲ ਠਿਕਾਣੇ ਲਗਾਉਣ ਦੇ ਯਤਨਾਂ ਨੂੰ ਹੋਰ ਤੇਜ਼ ਕੀਤਾ ਜਾਵੇ।ਉਨ੍ਹਾ ਦੱਸਿਆ ਕਿ ਕੂੜੇ ਦੇ ਢੇਰ ਨੂੰ ਲੱਗੀ ਅੱਗ ਕੰਟਰੋਲ ਹੇਠ ਹੈ ਤੇ ਇਸ ਨੂੰ ਅੱਗੇ ਵੱਧਣ ਤੋਂ ਰੋਕਣ ਲਈ ਨਗਰ ਨਿਗਮ ਦੇ ਪ੍ਰਸ਼ਾਸਨ ਚੌਕਸੀ ਨਾਲ ਪੁਖ਼ਤਾ ਇਤਜ਼ਾਮ ਕਰ ਰਿਹਾ ਹੈ, ਇਸ ਲਈ ਲੋਕਾਂ ਨੂੰ ਕਿਸੇ ਵੀ ਤਰ੍ਹਾਂ ਦੀਆਂ ਅਫ਼ਵਾਹਾਂ ਤੇ ਘਬਰਾਹਟ ਤੋਂ ਬਚਣਾ ਚਾਹੀਦਾ ਹੈ।

ਉਨ੍ਹਾ ਕਿਹਾ ਕਿ ਸਾਨੂੰ ਆਪਣੇ ਘਰਾਂ ਵਿੱਚ ਵੱਖੋ-ਵੱਖ ਡਸਟਬਿਨ ਰੱਖਦੇ ਹੋਏ ਪਲਾਸਟਿਕ ਤੇ ਪੋਲੀਥੀਨ ਦੇ ਲਿਫਾਫਿਆਂ ਸਮੇਤ ਨਾ ਗਲਣਯੋਗ ਕੂੜਾ ਵੱਖ ਕਰਕੇ ਡਸਟਬਿਨ ਵਿੱਚ ਪਾਉਣਾ ਚਾਹੀਦਾ ਹੈ।

# ਵਿੱਦਿਆ ਸਾਗਰ ਕਾਲਜ ਆਫ ਐਜੂਕੇਸ਼ਨ ਵੱਲੋਂ ਇੰਟਰ ਕਾਲਜ ਮੁਕਾਬਲੇ

**ਧੂਰੀ (ਮੋਹਿਤ ਗਰਗ, ਬਿੰਨੀ ਗਰਗ)**- ਵਿਦਿਆਰਥੀਆਂ ਵਿੱਚ ਮੁਕਾਬਲੇ ਦੀ ਭਾਵਨਾ ਪੈਦਾ ਕਰਨ ਤੇ ਉਨ੍ਹਾਂ ਵਿੱਚ ਛੁਪੀ ਹੋਈ ਸਮਰੱਥਾ ਨੂੰ ਉਜਾਗਰ ਕਰਨ ਲਈ ਵਿੱਦਿਆ ਸਾਗਰ ਕਾਲਜ ਆਫ ਐਜੂਕੇਸ਼ਨ ਧੂਰੀ ਵੱਲੋਂ 'ਵਿਰਸੇ ਦੀ ਗੂੰਜ' ਅੰਤਰ ਕਾਲਜ ਪ੍ਰਤੀਯੋਗਿਤਾ ਕਰਵਾਈ ਗਈ।ਜਾਣਕਾਰੀ ਦਿੰਦਿਆਂ ਕਾਲਜ ਦੇ ਪ੍ਰਿੰਸੀਪਲ ਡਾ. ਮਨਦੀਪ ਨੇ ਦੱਸਿਆ ਕਿ ਇਨ੍ਹਾਂ ਮੁਕਾਬਲਿਆਂ ਵਿੱਚ ਵੱਖ-ਵੱਖ ਵੰਨਗੀਆਂ ਜਿਵੇਂ ਕਿ ਕਵਿਤਾ ਉਚਾਰਣ, ਸਲੋਗਨ ਲਿਖਣਾ, ਮਿੱਟੀ ਦੇ ਖਿਡੌਣੇ, ਕੋਲਾਜ਼ ਮੇਕਿੰਗ, ਪਹਿਰਾਵਾ ਪ੍ਰਦਰਸ਼ਨੀ, ਲੋਕ ਗੀਤ, ਮਹਿੰਦੀ ਲਗਾਉਣਾ, ਰੰਗੋਲੀ, ਪੋਸਟਰ ਮੇਕਿੰਗ, ਪੱਖੀ ਬੁਣਨਾ, ਗਰੁੱਪ ਡਾਂਸ ਦੇ ਮੁਕਾਬਲੇ ਕਰਵਾਏ ਗਏ।ਇਨ੍ਹਾਂ ਮੁਕਾਬਲਿਆਂ ਵਿੱਚ ਮਾਡਰਨ ਕਾਲਜ ਆਫ ਐਜੂਕੇਸ਼ਨ ਭੀਖੀ, ਮਾਡਰਨ ਕਾਲਜ ਆਫ ਐਜੂਕੇਸ਼ਨ ਰਾਣਵਾਂ, ਮਾਡਰਨ ਕਾਲਜ ਆਫ ਐਜੂਕੇਸ਼ਨ ਸ਼ੇਰਗੜ੍ਹ ਚੀਮਾਂ ਤੇ ਵਿੱਦਿਆ ਸਾਗਰ ਕਾਲਜ ਆਫ ਐਜੂਕੇਸ਼ਨ ਧੂਰੀ ਦੇ ਵਿਦਿਆਰਥੀਆਂ ਨੇ ਭਾਗ



ਲਿਆ।ਮੁਕਾਬਲਿਆਂ ਦਾ ਉਦਘਾਟਨ ਡਾ. ਜਗਜੀਤ ਸਿੰਘ ਡਾਇਰੈਕਟਰ ਮਾਡਰਨ ਗਰੁੱਪ ਤੇ ਵਿੱਦਿਆ ਸਾਗਰ ਗਰੁੱਪ ਆਫ ਇੰਸਟੀਚਿਊਨਜ਼ ਨੇ ਕੀਤਾ।ਅੰਤ ਵਿੱਚ ਹਰਪਾਲ ਸਿੰਘ ਚੇਅਰਮੈਨ ਵਿੱਦਿਆ ਸਾਗਰ ਗਰੁੱਪ ਤੇ ਮਾਡਰਨ ਗਰੁੱਪ ਆਫ ਇੰਸਟੀਚਿਊਸ਼ਨਜ਼ ਨੇ ਜੇਤੂ ਵਿਦਿਆਰਥੀਆਂ ਨੂੰ ਇਨਾਮ ਵੰਡੇ।ਇਸ ਮੌਕੇ ਡਾ. ਮੀਨਾ ਕੁਮਾਰ ਪ੍ਰਿੰਸੀਪਲ ਜੈਨ ਕਾਲਜ ਮਲੇਰਕੋਟਲਾ ਤੇ ਮਿਸ. ਮਨਪ੍ਰੀਤ ਕੌਰ ਐਸਿਸਟੈਂਟ ਪ੍ਰੋਫੈਸਰ ਗੌ. ਕਾਲਜ ਆਫ ਐਜੂਕੇਸ਼ਨ ਮਲੇਰਕੋਟਲਾ ਨੇ ਜੱਜਾਂ ਦੀ ਭੂਮਿਕਾ ਨਿਭਾਈ।ਇਨਾਮ ਵੰਡ ਸਮਾਰੋਹ ਉਪਰੰਤ ਮਾਡਰਨ ਗਰੁੱਪ ਤੇ ਵਿੱਦਿਆ ਸਾਗਰ ਗਰੁੱਪ ਦੇ ਡਿਪਟੀ ਡਾਇਰੈਕਟਰ ਗੁਰਵਿੰਦਰ ਕੌਰ ਨੇ ਵਿਦਿਆਰਥੀਆਂ ਨੂੰ ਹੌਸਲਾ ਅਫਜ਼ਾਈ ਕਰਕੇ ਉਨ੍ਹਾਂ ਨੂੰ ਵੱਧ ਚੜ੍ਹ ਕੇ ਹਿੱਸਾ ਲੈਣ ਲਈ ਉਤਸ਼ਾਹਤ ਕੀਤਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਡਾ: ਗੀਤਿਕਾ ਸੇਠੀ, ਡਾ: ਨੀਤੂ ਸੇਠੀ, ਡਾ: ਹਰਪ੍ਰੀਤ ਕੌਰ, ਪ੍ਰੀਤਪਾਲ ਕੌਰ, ਅਨੂ ਬਾਲਾ, ਗੁਰਪ੍ਰੀਤ ਕੌਰ, ਸੰਦੀਪ ਕੌਰ, ਡਾ: ਪੁਨੀਤ ਅਮਨਦੀਪ ਸਿੰਘ ਸੋਹੀ ਹਾਜ਼ਰ ਸਨ।ਅੰਤ ਵਿੱਚ ਪ੍ਰੀਤਪਾਲ ਕੌਰ ਨੇ ਆਏ ਸਾਰੇ ਵਿਦਿਆਰਥੀਆਂ, ਜੱਜ ਸਾਹਿਬਾਨਾਂ ਤੇ ਹੋਰ ਮਹਿਮਾਨਾਂ ਦਾ ਧੰਨਵਾਦ ਕੀਤਾ।

# ਬ੍ਰਾਹਮਣ ਸਭਾ ਨੇ ਭਗਵਾਨ ਪਰਸ਼ੂ ਰਾਮ ਜਯੰਤੀ ਧੂਮਧਾਮ ਨਾਲ ਮਨਾਈ

## ■ ਸਮਾਗਮ 'ਚ ਵਿਧਾਇਕ ਗੋਲਡੀ ਨੇ ਕੀਤੀ ਸ਼ਿਰਕਤ

**ਜਲਾਲਾਬਾਦ (ਜੰਗੀਰ ਕੌਰ/ਜੀਤ ਕੁਮਾਰ)**-ਭਗਵਾਨ ਪਰਸ਼ੂ ਰਾਮ ਮੰਦਰ ਧਰਮਸ਼ਾਲਾ ਵਿਖੇ ਸ੍ਰੀ ਬ੍ਰਾਹਮਣ ਸਭਾ ਜਲਾਲਾਬਾਦ ਵੱਲੋਂ ਸਭਾ ਪ੍ਰਧਾਨ ਰਾਜਪਾਲ ਸ਼ਰਮਾ ਦੀ ਪ੍ਰਧਾਨਗੀ ਹੇਠ ਭਗਵਾਨ ਸ੍ਰੀ ਪਰਸ਼ੂ ਰਾਮ ਜੈਅੰਤੀ ਬੜੀ ਧੂਮਧਾਮ ਨਾਲ ਮਨਾਈ ਗਈ। ਇਸ ਧਾਰਮਿਕ ਸਮਾਗਮ ਵਿੱਚ ਜਲਾਲਾਬਾਦ ਦੇ ਵਿਧਾਇਕ ਜਗਦੀਪ ਕੰਬੋਜ ਤੇ ਚੇਅਰਮੈਨ ਦੇਵ ਰਾਜ ਸ਼ਰਮਾ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ, ਜਿਨ੍ਹਾਂ ਨੂੰ ਪ੍ਰਬੰਧਕਾਂ ਵੱਲੋਂ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ। ਸਮਾਗਮ ਵਿੱਚ ਵਿਧਾਇਕ ਜਗਦੀਪ ਕੰਬੋਜ ਗੋਲਡੀ ਨੇ ਸਾਰਿਆਂ ਨੂੰ ਭਗਵਾਨ ਸ੍ਰੀ ਪਰਸ਼ੂ ਰਾਮ ਜੈਅੰਤੀ ਦੀ ਵਧਾਈ ਦਿੱਤੀ ਤੇ ਲੋਕਾਂ ਨੂੰ ਉਨ੍ਹਾਂ ਦੇ ਦਰਸਾਏ ਮਾਰਗ 'ਤੇ ਚੱਲਣ ਲਈ ਪ੍ਰੇਰਿਤ ਕੀਤਾ। ਹਵਨ ਯੱਗ ਤੇ ਪੂਜਨ ਆੜ੍ਹਤੀਆ ਐਸੋਸੀਏਸ਼ਨ ਦੇ ਪ੍ਰਧਾਨ ਮਨਜੀਤ ਸਿੰਘ ਜੱਜ ਦੁਰਗਨ ਤੇ ਉਨ੍ਹਾਂ ਦੀ ਧਰਮ ਪਤਨੀ ਭਾਰਤ ਭੂਸ਼ਣ ਤੇ ਉਨ੍ਹਾਂ ਦੀ ਪਤਨੀ ਅਸ਼ਵਨੀ ਸ਼ਰਮਾ (ਬਿੱਟੂ) ਤੇ ਉਨ੍ਹਾਂ ਦੀ ਪਤਨੀ ਵੱਲੋਂ ਸਾਂਝੇ ਤੌਰ 'ਤੇ ਕਰਵਾਇਆ



ਗਿਆ। ਇਸ ਮੌਕੇ ਕ੍ਰਿਸ਼ਨ ਕੁਮਾਰ ਸ਼ਾਸਤਰੀ, ਐੱਸ ਸੀ ਸਚਦੇਵਾ, ਰਾਜੀਵ ਸ਼ਰਮਾ, ਦੇਸ ਰਾਜ ਗਾਂਧੀ, ਬਲਬੀਰ ਸਿੰਘ, ਰਾਜ ਕੁਮਾਰ ਬਜਾਜ, ਪੱਪੂ ਸ਼ਰਮਾ, ਨਵਦੀਪ ਸ਼ਰਮਾ, ਰੋਸ਼ਨ ਲਾਲ ਸ਼ਰਮਾ, ਤੋਤੀ ਸ਼ਰਮਾ, ਰਮੇਸ਼ ਸ਼ਰਮਾ, ਰਾਮ ਦਰਸ਼ਨ, ਅਸ਼ਵਨੀ ਤ੍ਰਿਖਾ, ਰਾਕੇਸ਼ ਪਾਲ, ਸੋਨੂੰ ਸ਼ਰਮਾ, ਨੀਸ਼ੂ ਸ਼ਰਮਾ, ਕੈਂਡੀ ਨਾਗਪਾਲ, ਅਮਨਦੀਪ ਸ਼ਰਮਾ, ਗਗਨਦੀਪ ਸ਼ਰਮਾ ਸਿਟੀ ਕੌਂਸਲ ਪ੍ਰਧਾਨ ਵਿਗਨਦੀਪ ਸ਼ਰਮਾ, ਗਗਨਦੀਪ ਸ਼ਰਮਾ, ਡਾ. ਵਾਟਸ ਨੇ ਭਗਵਾਨ ਸ੍ਰੀ ਪਰਸ਼ੂ ਰਾਮ ਦਾ ਝੰਡਾ ਲਹਿਰਾਉਣ ਦੀ ਰਸਮ ਅਦਾ ਕੀਤੀ। ਸਮਾਗਮ ਵਿੱਚ ਸਮਾਜ ਸੇਵੀ ਰਜਿੰਦਰ ਘੀਕ ਨੇ ਬ੍ਰਾਹਮਣ ਸਭਾ ਵੱਲੋਂ ਚਲਾਏ ਜਾ ਰਹੇ ਸਿਲਾਈ ਸੈਂਟਰ ਵਿੱਚ ਸਿਖਲਾਈ ਲੈ ਰਹੀਆਂ ਲੜਕੀਆਂ ਨੂੰ ਟ੍ਰੇਨਿੰਗ ਸਰਟੀਫਿਕੇਟ ਵੰਡੇ। ਅੰਤ ਵਿੱਚ ਪ੍ਰਬੰਧਕਾਂ ਨੇ ਸਮਾਗਮ ਵਿੱਚ ਹਾਜ਼ਰ ਸਮੂਹ ਅਧਿਕਾਰੀਆਂ ਦਾ ਧੰਨਵਾਦ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਕ੍ਰਿਸ਼ਨ ਕੁਮਾਰ ਸ਼ਾਸਤਰੀ, ਰਾਜੇਸ਼ ਕੁਮਾਰ ਪੱਪੀ ਸ਼ਰਮਾ, ਰਾਜੀਵ ਸ਼ਰਮਾ, ਨਵਦੀਪ ਸ਼ਰਮਾ, ਰੋਸ਼ਨ ਲਾਲ ਸ਼ਰਮਾ, ਦਰਸ਼ਨ ਲਾਲ ਸ਼ਰਮਾ, ਭਾਰਤ ਭੂਸ਼ਨ ਸ਼ਰਮਾ, ਪਵਨ ਸ਼ਰਮਾ, ਰਵੀ ਸ਼ਰਮਾ, ਅਮਨਦੀਪ ਸ਼ਰਮਾ, ਗਗਨਦੀਪ ਸ਼ਰਮਾ, ਰਮੇਸ਼ ਚੰਦਰ, ਅਸ਼ੋਕ ਗਗਨੇਜਾ ਤੇ ਹੋਰ ਪਤਵੰਤੇ ਹਾਜ਼ਰ ਸਨ।

# ਆਰ ਐੱਸ ਡੀ ਕਾਲਜ ਦੀ ਉੱਚ ਸਿੱਖਿਆ ਵਿਭਾਗ ਵੱਲੋਂ ਵਿੱਤੀ ਗ੍ਰਾਂਟ ਬੰਦ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਸਥਾਨਕ ਆਰ ਐੱਸ ਡੀ ਕਾਲਜ ਫਿਰੋਜ਼ਪੁਰ ਦੀ ਪੰਜਾਬ ਸਰਕਾਰ ਦੇ ਉੱਚ ਸਿੱਖਿਆ ਵਿਭਾਗ ਵੱਲੋਂ ਦਿੱਤੀ ਜਾਂਦੀ ਲੱਖਾਂ ਰੁਪਏ ਦੀ ਵਿੱਤੀ ਗ੍ਰਾਂਟ ਨੂੰ ਡਾਇਰੈਕਟਰ ਉੱਚ ਸਿੱਖਿਆ ਵੱਲੋਂ ਬੰਦ ਕਰ ਦਿੱਤਾ ਗਿਆ ਹੈ। ਐਸੋਸੀਏਸ਼ਨ ਆਫ਼ ਯੂਨਾਈਟਿਡ ਕਾਲਜ ਟੀਚਰਜ਼, ਪੰਜਾਬ ਤੇ ਚੰਡੀਗੜ੍ਹ ਦੇ ਬੁਲਾਰੇ ਪ੍ਰੋ. ਤਰੁਣ ਘਈ ਨੇ ਦੱਸਿਆ ਕਿ ਆਰ ਐੱਸ ਡੀ ਕਾਲਜ ਵਿੱਚ ਮੈਨੇਜਿੰਗ ਕਮੇਟੀ ਵੱਲੋਂ 10 ਅਧਿਆਪਕਾਂ ਨੂੰ ਪਿਛਲੇ 18 ਮਹੀਨੇ ਤੋਂ ਤਨਖਾਹ ਨਹੀਂ ਦਿੱਤੀ ਜਾ ਰਹੀ ਸੀ। ਅਧਿਆਪਕਾਂ ਵੱਲੋਂ ਇਸ ਸਬੰਧੀ ਵਾਰ ਵਾਰ ਮੈਨੇਜਿੰਗ ਕਮੇਟੀ ਨੂੰ ਲਿਖਤੀ ਰੂਪ ਵਿੱਚ ਅਪੀਲ ਕੀਤੀ ਗਈ, ਪਰ ਕੋਈ ਸਿੱਟਾ ਨਾ ਨਿਕਲਣ 'ਤੇ ਅਧਿਆਪਕਾਂ ਨੇ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਤੇ ਡਾਇਰੈਕਟਰ ਉੱਚ ਸਿੱਖਿਆ ਵਿਭਾਗ ਮੋਹਾਲੀ ਨੂੰ ਆਪਣੀਆਂ ਸ਼ਿਕਾਇਤਾਂ ਲਿਖਤੀ ਰੂਪ ਵਿੱਚ ਭੇਜੀਆਂ ਸਨ। ਇਸ ਸਬੰਧੀ ਐਜੂਕੇਸ਼ਨਲ ਟ੍ਰਿਬਿਊਨਲ ਵੱਲੋਂ ਵੀ ਕਾਲਜ ਨੂੰ ਹਦਾਇਤ ਕੀਤੀ ਗਈ ਕਿ ਅਧਿਆਪਕਾਂ



ਡਾਇਰੈਕਟੋਰੇਟ ਉਚੇਰੀ ਸਿਖਿਆ ਵਿਭਾਗ,ਪੰਜਾਬ,ਐਸ.ਏ.ਐਸ ਨਗਰ ।

ਦੀ ਤਨਖਾਹ ਦਿੱਤੀ ਜਾਵੇ। ਇਸ ਤੋਂ ਬਾਅਦ ਅਧਿਆਪਕਾਂ ਨੇ ਪੰਜਾਬ ਤੇ ਹਰਿਆਣਾ ਹਾਈ ਕੋਰਟ ਦਾ ਦਰਵਾਜ਼ਾ ਖੜਕਾਇਆ। ਮਾਨਯੋਗ ਹਾਈਕੋਰਟ ਵੱਲੋਂ ਸਕੱਤਰ, ਉੱਚ ਸਿੱਖਿਆ ਵਿਭਾਗ ਤੇ ਡਾਇਰੈਕਟਰ ਉੱਚ ਸਿੱਖਿਆ ਵਿਭਾਗ ਨੂੰ ਅਧਿਆਪਕਾਂ ਦੀ ਸ਼ਿਕਾਇਤ ਉਪਰ ਕਾਰਵਾਈ ਕਰਨ ਦੀ ਹਦਾਇਤ ਦਿੱਤੀ ਗਈ। ਪ੍ਰੋ. ਘਈ ਨੇ ਦੱਸਿਆ ਕਿ ਇਸ ਤੋਂ ਬਾਅਦ ਸ਼ਿਕਾਇਤ ਉੱਪਰ ਕਾਰਵਾਈ ਕਰਦਿਆਂ ਡਾਇਰੈਕਟਰ ਉੱਚ ਸਿੱਖਿਆ ਵਿਭਾਗ ਨੇ ਆਰ ਐੱਸ ਡੀ ਕਾਲਜ ਨੂੰ ਕਈ ਵਾਰ ਆਪਣਾ ਪੱਖ ਰੱਖਣ ਲਈ ਬੁਲਾਇਆ, ਪਰ ਇਸ ਪ੍ਰਕਿਰਿਆ ਤੋਂ ਬਾਅਦ ਡਾਇਰੈਕਟਰ ਉੱਚ ਸਿੱਖਿਆ ਵੱਲੋਂ ਇਸ ਕਾਲਜ ਦੀ ਵਿੱਤੀ ਗਰਾਂਟ ਨੂੰ ਬੰਦ ਕਰਨ ਦੇ ਆਦੇਸ਼ ਦਿੱਤੇ ਗਏ ਹਨ। ਮੈਨੇਜਿੰਗ ਕਮੇਟੀ ਆਰ ਐੱਸ ਡੀ ਕਾਲਜ ਫਿਰੋਜ਼ਪੁਰ ਦੀਆਂ ਮਨਮਾਨੀਆਂ ਦੇ ਕਾਰਨ ਇਸ ਕਾਲਜ ਵਿੱਚ ਕੰਮ ਕਰਦੇ ਸਟਾਫ, ਪੜ੍ਹਦੇ ਵਿਦਿਆਰਥੀਆਂ ਨੂੰ ਬਹੁਤ ਸਾਰੀਆਂ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਘਈ ਨੇ ਦੱਸਿਆ ਕਿ ਸਾਡੀ ਜਥੇਬੰਦੀ ਵੱਲੋਂ ਡਾਇਰੈਕਟਰ ਉੱਚ ਸਿੱਖਿਆ ਦੇ ਇਸ ਫ਼ੈਸਲੇ ਦਾ ਸਵਾਗਤ ਕੀਤਾ ਗਿਆ ਹੈ।

# ਸਰਕਾਰੀ ਸਕੂਲ ਮੀਰਪੁਰ ਕਲਾਂ 'ਚ ਐੱਨ ਸੀ ਸੀ ਕੈਡਿਟਾਂ ਦੀ ਚੋਣ



**ਸਰਦੂਲਗੜ੍ਹ (ਅਵਤਾਰ ਜਟਾਣਾ)**-ਸਰਕਾਰੀ ਸੈਕੰਡਰੀ ਸਕੂਲ ਮੀਰਪੁਰ ਕਲਾਂ ਵਿਖੇ ਚੱਲ ਰਹੀ ਭਾਰਤੀ ਫੌਜ ਦੀ ਐੱਨ.ਸੀ.ਸੀ. ਇਕਾਈ ਵਿੱਚ ਨਵੇਂ ਸੈਸ਼ਨ ਲਈ ਐੱਨ.ਸੀ.ਸੀ. ਕੈਡਿਟਾਂ ਦੀ ਚੋਣ ਪ੍ਰਿੰਸੀਪਲ ਦਿਲਪ੍ਰੀਤ ਸਿੰਘ ਦੀ ਯੋਗ ਅਗਵਾਈ ਵਿੱਚ ਅਤੇ ਐੱਨ.ਸੀ.ਸੀ. ਅਫਸਰ ਜਗਸੀਰ ਸਿੰਘ ਦੀ ਦੇਖ-ਰੇਖ ਹੇਠ ਕਰਵਾਈ ਗਈ। ਇਸ ਚੋਣ ਵਿੱਚ ਲਗਭਗ ਸਵਾ ਸੌ ਵਿਦਿਆਰਥੀਆਂ ਨੇ ਭਾਰੀ ਉਤਸ਼ਾਹ ਨਾਲ ਭਾਗ ਲਿਆ। 20 ਪੰਜਾਬ ਬਟਾਲੀਅਨ ਐੱਨ.ਸੀ.ਸੀ. ਬਠਿੰਡਾ ਦੇ ਕਮਾਂਡਿੰਗ ਅਫਸਰ ਕਰਨਲ ਅਵਿਨਾਸ਼ ਪਿਤਰੇ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸੂਬੇਦਾਰ ਜਗਦੀਸ਼ ਸਿੰਘ ਤੇ ਹਵਲਦਾਰ ਕੁਲਦੀਪ ਸਿੰਘ ਕੈਡਿਟਾਂ ਦੀ ਚੋਣ ਕਰਨ ਲਈ ਸਕੂਲ ਵਿੱਚ ਪਹੁੰਚੇ। ਉਨ੍ਹਾਂ ਅੱਠਵੀਂ ਤੇ ਨੌਵੀਂ ਜਮਾਤ ਵਿੱਚੋਂ ਪੱਚੀ ਕੈਡਿਟਾਂ ਦੀ ਸਰੀਰਕ ਤੇ ਵਿੱਦਿਅਕ ਮਾਪਦੰਡਾਂ ਅਨੁਸਾਰ ਚੋਣ ਕੀਤੀ। ਇਹ ਚੁਣੇ ਹੋਏ ਕੈਡਿਟ ਆਪਣੀ ਪੜ੍ਹਾਈ ਦੇ ਨਾਲ-ਨਾਲ ਦੋ ਸਾਲ ਐੱਨ.ਸੀ.ਸੀ. ਦੀ ਸਿਖਲਾਈ ਲੈਣਗੇ। ਅੰਤ ਵਿੱਚ ਲੈਕਚਰਾਰ ਲਕਸ਼ਮਣ ਦਾਸ ਨੇ ਫੌਜੀ ਅਫਸਰਾਂ ਦਾ ਇਸ ਚੋਣ ਲਈ ਸਕੂਲ ਵਿਖੇ ਪਹੁੰਚਣ 'ਤੇ ਧੰਨਵਾਦ ਕੀਤਾ। ਇਸ ਮੌਕੇ ਸਮੂਹ ਵਿਦਿਆਰਥੀ ਤੇ ਅਧਿਆਪਕ ਹਾਜ਼ਰ ਸਨ।

# ਵਿਧਾਇਕਾ ਮਾਣੂੰਕੇ ਵੱਲੋਂ ਕਾਉਂਕੇ ਕਲਾਂ, ਮੱਲ੍ਹਾ ਤੇ ਚੱਕਰ 'ਚ ਪ੍ਰੋਜੈਕਟਾਂ ਦਾ ਉਦਘਾਟਨ

**ਜਗਰਾਉਂ (ਸੰਜੀਵ ਅਰੋੜਾ)**-ਹਲਕਾ ਜਗਰਾਉਂ ਦੇ ਵਿਧਾਇਕਾ ਬੀਬੀ ਸਰਵਜੀਤ ਕੌਰ ਮਾਣੂੰਕੇ ਵੱਲੋਂ ਪਿੰਡ ਕਾਉਂਕੇ ਕਲਾਂ ਦੇ ਸਰਕਾਰੀ ਕੰਨਿਆ ਹਾਈ ਸਕੂਲ ਪੱਤੀ ਸ਼ਾਮ ਸਿੰਘ ਵਿਖੇ 9 ਲੱਖ 65 ਹਜ਼ਾਰ ਰੁਪਏ ਦੀ ਲਾਗਤ ਨਾਲ ਤਿਆਰ ਆਧੁਨਿਕ ਲਾਇਬ੍ਰੇਰੀ ਦਾ ਉਦਘਾਟਨ ਕੀਤਾ ਗਿਆ ਤੇ ਪਿੰਡ ਮੱਲ੍ਹਾ ਦੇ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਮੱਲ੍ਹਾ ਵਿਖੇ ਇੱਕ ਲੱਖ 60 ਹਜ਼ਾਰ ਰੁਪਏ ਦੀ ਲਾਗਤ ਨਾਲ ਬਾਸਕਟਬਾਲ ਕੋਰਟ ਦੀ ਮੁਰੰਮਤ ਤੇ ਸਰਕਾਰੀ ਪ੍ਰਾਇਮਰੀ ਸਕੂਲ ਚੱਕਰ ਵਿਖੇ 7 ਲੱਖ 42 ਹਜ਼ਾਰ 500 ਰੁਪਏ ਦੀ ਲਾਗਤ ਨਾਲ ਦੋ ਕਲਾਸ ਰੂਮਾਂ ਦੀ ਰਿਪੇਅਰ ਕਰਵਾ ਕੇ ਵਿਦਿਆਰਥੀਆਂ ਨੂੰ ਸਪੁਰਦ ਕੀਤੇ ਗਏ। ਪਿੰਡ ਚੱਕਰ ਵਿਖੇ ਵਿਧਾਇਕ ਮਾਣੂੰਕੇ ਵੱਲੋਂ ਜਦੋਂ ਬਜ਼ੁਰਗ ਹਲਵਾਈ ਤਰਸੇਮ ਲਾਲ ਤੋਂ ਰੀਬਨ ਕਟਵਾਇਆ ਗਿਆ ਤੇ ਬਾਕੀ ਸਕੂਲਾਂ ਵਿੱਚ ਵਿਧਾਇਕਾ ਵੱਲੋਂ ਬੱਚਿਆਂ ਕੋਲੋਂ ਰੀਬਨ ਕਟਵਾ ਕੇ ਹੌਸਲਾ ਅਫਜ਼ਾਈ ਕੀਤੀ ਗਈ। ਇਨ੍ਹਾਂ ਸਕੂਲਾਂ ਵੱਲੋਂ ਕਰਵਾਏ ਗਏ ਵੱਖ-ਵੱਖ ਸਮਾਗਮਾਂ ਵਿੱਚ ਬੱਚਿਆਂ ਤੇ ਮਾਪਿਆਂ ਦੇ ਠਾਠਾਂ ਮਾਰਦੇ ਇਕੱਠਾਂ ਨੂੰ ਸੰਬੋਧਨ ਕਰਦਿਆਂ ਵਿਧਾਇਕਾ ਮਾਣੂੰਕੇ ਨੇ ਆਖਿਆ ਕਿ ਪੰਜਾਬ ਸਰਕਾਰ ਵੱਲੋਂ 'ਪੰਜਾਬ ਸਿੱਖਿਆ ਕ੍ਰਾਂਤੀ' ਮੁਹਿੰਮ ਤਹਿਤ ਸਕੂਲਾਂ ਵਿੱਚ ਅਧਿਆਪਕਾਂ, ਵਿਦਿਆਰਥੀਆਂ ਤੇ ਮਾਪਿਆਂ ਦੇ ਕਰਵਾਏ ਜਾ ਰਹੇ ਸਾਂਝੇ ਪ੍ਰੋਗਰਾਮਾਂ ਦਾ ਮੁੱਖ ਮੰਤਵ ਸਿੱਖਿਆ ਦੇ ਮਿਆਰ ਨੂੰ ਉੱਚਾ ਚੁੱਕਣਾ ਤੇ ਹੋਰ ਬਿਹਤਰ ਬਣਾਉਣਾ ਹੈ। ਉਨ੍ਹਾਂ ਆਖਿਆ ਕਿ ਪੰਜਾਬ ਦੇ



ਸਰਕਾਰੀ ਸਕੂਲਾਂ ਵਿੱਚ ਪ੍ਰਾਈਵੇਟ ਸਕੂਲਾਂ ਦੇ ਮੁਕਾਬਲੇ ਉੱਚ ਯੋਗਤਾ ਪ੍ਰਾਪਤ ਤੇ ਤਜਰਬੇਕਾਰ ਅਧਿਆਪਕ ਹਨ ਅਤੇ ਸਰਕਾਰੀ ਸਕੂਲਾਂ ਵਿੱਚ ਕਿਤਾਬਾਂ, ਵਰਦੀਆਂ ਮੁਫ਼ਤ ਮਿਲਦੀਆਂ ਹਨ ਲੋੜਵੰਦ ਬੱਚਿਆਂ ਨੂੰ ਵਜ਼ੀਫ਼ਾ ਵੀ ਦਿੱਤਾ ਜਾਂਦਾ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸਿੱਖਿਆ ਕੁਆਰਡੀਨੇਟਰ ਮਾ. ਪਰਮਿੰਦਰ ਸਿੰਘ ਗਿੱਦੜਵਿੰਡੀ, ਚੇਅਰਮੈਨ ਕਰਮਜੀਤ ਸਿੰਘ ਡੱਲਾ, ਅਮਰਦੀਪ ਸਿੰਘ ਟੂਰੇ, ਬਲਾਕ ਨੋਡਲ ਅਫ਼ਸਰ ਪ੍ਰਿੰਸੀਪਲ ਡਾ.ਗੁਰਵਿੰਦਰਜੀਤ ਸਿੰਘ, ਮੁੱਖ ਅਧਿਆਪਕਾ ਪੂਜਾ ਵਰਮਾਂ, ਮੁੱਖ ਅਧਿਆਪਕ ਰਾਜੇਸ਼ ਕੁਮਾਰ ਮਲਕ, ਹਰਪ੍ਰੀਤ ਕੌਰ ਚੀਮਾ, ਜਸਪ੍ਰੀਤ ਕੌਰ ਜੱਸਲ, ਰਣਬੀਰ ਕੌਰ, ਕੋਮਲ ਅਰੋੜਾ, ਗੁਰਿੰਦਰ ਕੌਰ, ਰਾਧਾ ਰਾਣੀ, ਅਮਨਦੀਪ ਕੌਰ, ਚਰਨਜੀਤ ਕੌਰ, ਸ਼ਬਨਮ ਰਤਨ, ਪ੍ਰਿਤਪਾਲ ਸਿੰਘ, ਇਕਬਾਲ ਸਿੰਘ, ਕੁਲਦੀਪ ਸਿੰਘ, ਗੌਰਵ ਗੁਪਤਾ, ਕੁਲਦੀਪ ਸਿੰਘ ਢੋਲਣ, ਡਾ. ਸੁਰਜੀਤ ਸਿੰਘ ਦੌਧਰ, ਸਰਪੰਚ ਗੁਰਪ੍ਰੀਤ ਸਿੰਘ ਡਾਂਗੀਆਂ, ਸੁਖਦੇਵ ਸਿੰਘ ਕਾਉਂਕੇ, ਹਰਜੀਤ ਸਿੰਘ ਹੀਤਾ, ਬੂਟਾ ਸਿੰਘ ਪੰਚ, ਗੁਰਮੁਖ ਸਿੰਘ ਮਿੰਟੂ, ਸਰਪੰਚ ਚਰਨਜੀਤ ਕੌਰ, ਗੁਰਪ੍ਰੀਤ ਕੌਰ ਪੰਚ, ਗੁਰਪ੍ਰੀਤ ਸਿੰਘ ਨੋਨੀ ਸੈਂਭੀ, ਸੁਭਾਸ਼ ਕੁਮਾਰ, ਧਰਮਿੰਦਰ ਸਿੰਘ, ਗੁਰਪ੍ਰੀਤ ਸਿੰਘ ਗੱਗੀ, ਰਵਿੰਦਰ ਕੌਰ ਸਕੂਲ ਮੁਖੀ ਮੱਲ੍ਹਾ, ਲੈਕ. ਅਮਰਜੀਤ ਸਿੰਘ ਚੀਮਾਂ, ਲੈਕ. ਸਰਬਜੀਤ ਸਿੰਘ ਮੱਲ੍ਹਾ, ਮਨਮੋਹਣ ਸਿੰਘ, ਮੈਨੇਜਰ ਇਕਬਾਲ ਸਿੰਘ, ਦਵਿੰਦਰ ਕੌਰ, ਮਨਜੀਤ ਕੌਰ, ਕਮਲਜੀਤ ਕੌਰ, ਸਪਨਾ ਮਲਹੋਤਰਾ, ਖ਼ੁਸ਼ਪ੍ਰੀਤ ਕੌਰ, ਸੁਖਵਿੰਦਰ ਕੌਰ, ਮਨਪ੍ਰੀਤ ਕੌਰ, ਸਰਪੰਚ ਗੁਰਮੇਲ ਸਿੰਘ ਮੱਲ੍ਹਾ, ਸਾਬਕਾ ਸਰਪੰਚ ਹਰਬੰਸ ਸਿੰਘ ਢਿੱਲੋਂ, ਜਗਦੀਪ ਸਿੰਘ ਸਿੱਧੂ, ਕੁਲਦੀਪ ਸਿੰਘ ਮੋਗਾ, ਸੂਬੇਦਾਰ ਜਸਵੰਤ ਸਿੰਘ, ਨਛੱਤਰ ਸਿੰਘ ਸਰਾਂ ਕੈਨੇਡਾ, ਹਰਪਾਲ ਸਿੰਘ ਮੱਲ੍ਹਾ, ਸਰਪੰਚ ਬੂਟਾ ਸਿੰਘ ਕਾਉਂਕੇ ਖੋਸੇ, ਮੱਖਣ ਸਿੰਘ, ਇੰਦਰਜੀਤ ਸਿੰਘ, ਇਤਬਾਰ ਸਿੰਘ ਬੀ.ਪੀ.ਈ.ਓ. ਰਾਏਕੋਟ, ਸਰਪੰਚ ਸੋਹਣ ਸਿੰਘ ਚਕਰ, ਤਰਸੇਮ ਸਿੰਘ ਹਠੂਰ, ਸੁਖਚੈਨ ਸਿੰਘ ਅਰੋੜਾ, ਗੁਰਮੇਲ ਸਿੰਘ, ਗੁਰਦੇਵ ਸਿੰਘ ਚਕਰ, ਨੰਬਰਦਾਰ ਦੁਆਰਾ ਸਿੰਘ, ਨੰਬਰਦਾਰ ਛਿੰਦਰ ਸਿੰਘ, ਨੰਬਰਦਾਰ ਚਮਕੌਰ ਸਿੰਘ, ਕਰਮ ਸਿੰਘ ਪੰਚ, ਸਕੂਲ ਮੁਖੀ ਕਰਮਜੀਤ ਕੌਰ ਚਕਰ, ਗੁਰਪ੍ਰੀਤ ਸਿੰਘ ਚਕਰ, ਗੁਰਪ੍ਰੀਤ ਸਿੰਘ ਦੇਹੜਕਾ, ਹਰਜੀਤ ਸਿੰਘ, ਬਲਜਿੰਦਰ ਸਿੰਘ, ਜਸਵੀਰ ਸਿੰਘ ਉਪਲ, ਚੇਅਰਮੈਨ ਕੇਵਲ ਸਿੰਘ ਆਦਿ ਹਾਜ਼ਰ ਸਨ।

# ਭਗਵਾਨ ਸ੍ਰੀ ਪਰਸ਼ੂ ਰਾਮ ਜਯੰਤੀ ਸ਼ਰਧਾ ਨਾਲ ਮਨਾਈ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਸ੍ਰੀ ਬ੍ਰਾਹਮਣ ਸਭਾ ਮੁਕਤਸਰ ਵੱਲੋਂ ਸਥਾਨਕ ਬੂੜਾ ਗੁੱਜਰ ਰੋਡ 'ਤੇ ਸਥਿਤ ਇੱਛਾਪੂਰਨ ਬਾਲਾ ਜੀ ਮੰਦਰ ਵਿਖੇ ਭਗਵਾਨ ਸ੍ਰੀ ਪਰਸ਼ੂ ਰਾਮ ਜਨਮ ਉਤਸਵ ਬੜੀ ਹੀ ਧੂਮ-ਧਾਮ ਤੇ ਸ਼ਰਧਾ ਨਾਲ ਮਨਾਇਆ ਗਿਆ। ਇਸ



ਮੌਕੇ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਪਹੁੰਚ ਕੇ ਭਗਵਾਨ ਪਰਸ਼ੂ ਰਾਮ ਜੀ ਦਾ ਆਸ਼ੀਰਵਾਦ ਪ੍ਰਾਪਤ ਕੀਤਾ। ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਦੇ ਸਾਬਕਾ ਜਨਰਲ ਸਕੱਤਰ ਤੇ ਮਾਰਕਿਟ ਕਮੇਟੀ ਦੇ ਸਾਬਕਾ ਚੇਅਰਮੈਨ ਜਗਜੀਤ ਸਿੰਘ ਬਰਾੜ ਹਨੀ ਫੱਤਣਵਾਲਾ ਨੇ ਵਿਸ਼ੇਸ਼ ਤੌਰ 'ਤੇ ਪੁੱਜ ਕੇ ਭਗਵਾਨ ਸ੍ਰੀ ਪਰਸ਼ੂ ਰਾਮ ਜੀ ਦਾ ਆਸ਼ੀਰਵਾਦ ਪ੍ਰਾਪਤ ਕੀਤਾ। ਇਸ ਮੌਕੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਹਨੀ ਫੱਤਣਵਾਲਾ ਨੇ ਕਿਹਾ ਕਿ ਸਾਨੂੰ ਸਾਰੇ ਧਾਰਮਿਕ ਸਮਾਗਮ ਇਕੱਠੇ ਹੋ ਕੇ ਮਨਾਉਣੇ ਚਾਹੀਦੇ ਹਨ ਤੇ ਸਾਨੂੰ ਸਭ ਧਰਮਾਂ ਦਾ ਸਤਿਕਾਰ ਕਰਨਾ ਚਾਹੀਦਾ ਹੈ। ਸਮਾਗਮ ਦੌਰਾਨ ਭਜਨ ਮੰਡਲੀ ਵੱਲੋਂ ਭਗਵਾਨ ਸ੍ਰੀ ਪਰਸ਼ੂ ਰਾਮ ਜੀ ਦਾ ਗੁਣਗਾਨ ਕੀਤਾ ਗਿਆ ਤੇ ਅਟੁੱਟ ਲੰਗਰ ਵਰਤਾਇਆ ਗਿਆ। ਇਸ ਮੌਕੇ ਕੇਵਲ ਸ਼ਰਮਾ ਤੇ ਵਿਗੇਸ਼ ਸ਼ਰਮਾ ਵੱਲੋਂ ਹਨੀ ਫੱਤਣਵਾਲਾ ਤੇ ਹੋਰ ਆਏ ਮਹਿਮਾਨਾਂ ਨੂੰ ਸਨਮਾਨ ਚਿੰਨ੍ਹ ਭੇਟ ਕਰਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਭਾਜਪਾ ਦੇ ਸਾਬਕਾ ਜ਼ਿਲ੍ਹਾ ਪ੍ਰਧਾਨ ਰਾਜੇਸ਼ ਗੋਰਾ ਪਠੇਲਾ, ਕੁਮਾਰ ਮੇਲੂ ਭਠੇਜਾ, ਪਵਨ ਕੁਮਾਰ ਐੱਮ ਸੀ, ਪ੍ਰੋ. ਕੁਲਵੰਤ ਸ਼ਰਮਾ, ਰਾਮ ਨਰਾਇਣ ਸਾਬਕਾ ਸਰਪੰਚ ਝਬੇਲਵਾਲੀ, ਇੰਦਰਜੀਤ ਸਿੰਘ ਸਰਪੰਚ, ਗੁਰਵਿੰਦਰ ਸਿੰਘ ਬੱਬੂ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸ਼ਹਿਰ ਵਾਸੀ ਹਾਜ਼ਰ ਸਨ।

ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by **Gurmit Singh Shugli** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: **Chand Singh @ Chand Fatehpuri**

ਸੰਪਾਦਕ : ਚੰਦ ਸਿੰਘ ਉਰਫ਼ ਚੰਦ ਫਤਿਹਪੁਰੀ * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ **ਗੁਰਮੀਤ ਸਿੰਘ ਸ਼ੁਗਲੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।

**ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in**

2 May Page-3.qxd 5/1/2025 11:17 PM Page 1



# ਜਪਜੀਤ ਕੌਰ 98.6 ਫ਼ੀਸਦੀ ਅੰਕ ਹਾਸਲ ਕਰ ਕੇ ਜ਼ਿਲ੍ਹੇ ਭਰ 'ਚੋਂ ਅੱਵਲ



**ਤਰਨ ਤਾਰਨ (ਪ੍ਰਿਤਪਾਲ ਸਿੰਘ)-** ਇੰਡੀਅਨ ਸਰਟੀਫਿਕੇਟ ਫਾਰ ਸੈਕੰਡਰੀ ਐਜੂਕੇਸ਼ਨ 'ਆਈਸੀਐਸਈ' ਵੱਲੋਂ ਐਲਾਨੇ ਗਏ ਦਸਵੀਂ ਦੇ ਨਤੀਜਿਆ 'ਚ ਤਰਨਤਾਰਨ ਦੇ ਪੰਜਾਬ ਚਿਲਡਰਨ ਅਕੈਡਮੀ ਦੀ ਜਪਜੀਤ ਕੌਰ 98.6 ਫ਼ੀਸਦੀ ਅੰਕ ਹਾਸਲ ਕਰ ਕੇ ਜ਼ਿਲ੍ਹੇ ਭਰ 'ਚੋਂ ਅੱਵਲ ਰਹੀ ਹੈ। ਜਿਸ ਦੇ ਚਲਦਿਆ ਜਪਜੀਤ ਕੌਰ ਦੇ ਪਰਵਾਰ ਤੇ ਸਕੂਲ ਪ੍ਰਬੰਧਕਾਂ 'ਚ ਖ਼ੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ। ਜਦਕਿ ਟਾਪਰ ਵਿਦਿਆਰਥਣ ਨੂੰ ਵਧਾਈਆ ਦੇਣ ਵਾਲਿਆ ਦਾ ਵੀ ਤਾਂਤਾ ਲੱਗ ਗਿਆ ਹੈ। ਪੰਜਾਬ ਚਿਲਡਰਨ ਅਕੈਡਮੀ ਦੇ ਐਮ ਡੀ ਹਰਮਨਪ੍ਰੀਤ ਸਿੰਘ ਤੇ ਪ੍ਰਿੰਸੀਪਲ ਸੰਧਿਆ ਖੰਨਾ ਨੇ ਦੱਸਿਆ ਕਿ ਹਰ ਵਾਰ ਦੀ ਤਰ੍ਹਾ ਪੰਜਾਬ ਚਿਲਡਰਨ ਅਕੈਡਮੀ ਦਾ ਨਤੀਜਾ ਇਸ ਵਾਰ ਵੀ ਸੌ ਫ਼ੀਸਦੀ ਰਿਹਾ ਹੈ।ਆਈਸੀਐਸਈ ਬੋਰਡ ਦੀਆਂ ਸਾਲ 2025 ਦੀਆਂ ਪ੍ਰੀਖਿਆਵਾਂ 'ਚ ਹਿੱਸਾ ਲੈਣ ਵਾਲੇ ਵਿਦਿਆਰਥੀਆਂ ਨੇ ਪਹਿਲੇ ਤਿੰਨ ਸਥਾਨਾਂ 'ਤੇ ਪਕੜ ਬਣਾਈ ਹੈ। ਉਨ੍ਹਾਂ ਦੱਸਿਆ ਕਿ ਸਕੂਲ ਦੀ ਜਪਜੀਤ ਕੌਰ ਜਿੱਥੇ 98.6 ਫ਼ੀਸਦੀ ਅੰਕ ਲੈ ਕੇ ਜ਼ਿਲ੍ਹੇ 'ਚ ਪਹਿਲੇ ਸਥਾਨ 'ਤੇ ਰਹੀ ਹੈ, ਉੱਥੇ ਹੀ ਅਕਸ਼ਰ ਨੇ 96 ਫ਼ੀਸਦੀ ਅੰਕ ਲੈ ਕੇ ਦੂਸਰਾ ਤੇ ਦਮਨਬੀਰ ਸਿੰਘ ਨੇ 96.4 ਫ਼ੀਸਦੀ ਅੰਕ ਹਾਸਲ ਕਰ ਕੇ ਤੀਸਰਾ ਸਥਾਨ ਪ੍ਰਾਪਤ ਕੀਤਾ ਹੈ। ਐਮ ਡੀ ਹਰਮਨਪ੍ਰੀਤ ਸਿੰਘ ਅਤੇ ਪ੍ਰਿੰਸੀਪਲ ਸੰਧਿਆ ਖੰਨਾ ਨੇ ਦੱਸਿਆ ਕਿ 23 ਵਿਦਿਆਰਥੀਆਂ ਨੇ 90 ਫ਼ੀਸਦੀ ਅਤੇ ਇਸ ਤੋਂ ਵੱਧ ਅੰਕ ਪ੍ਰਾਪਤ ਕੀਤੇ ਹਨ। ਜਦਕਿ 61 ਵਿਦਿਆਰਥੀ 89 ਤੋਂ 80 ਫ਼ੀਸਦੀ ਅਤੇ 47 ਵਿਦਿਆਰਥੀਆ ਨੇ 79 ਤੋਂ 70 ਫ਼ੀਸਦੀ ਅੰਕ ਹਾਸਲ ਕਰ ਕੇ ਸਕੂਲ ਦਾ ਮਾਣ ਵਧਾਇਆ ਹੈ।ਉਨ੍ਹਾ ਕਿਹਾ ਕਿ ਇਹ ਸ਼ਾਨਦਾਰ ਪ੍ਰਾਪਤੀ ਵਿਦਿਆਰਥੀਆਂ ਦੀ ਸਖ਼ਤ ਮਿਹਨਤ, ਸਮਰਪਣ ਤੇ ਮਾਪਿਆਂ ਦੇ ਅਟੁੱਟ ਸਮਰਥਨ ਨੂੰ ਦਰਸਾਉਂਦੀ ਹੈ।

# ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਨੇ ਕੌਮਾਂਤਰੀ ਮਜ਼ਦੂਰ ਦਿਹਾੜਾ ਮਨਾਇਆ



**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-** ਕਾਦੀਆਂ ਥਾਣੇ ਦੇ ਨਜ਼ਦੀਕ ਕਿਰਤੀ ਮਜ਼ਦੂਰਾਂ ਵੱਲੋਂ ਇੱਕ ਮਈ ਦਾ ਦਿਨ ਮਨਾਇਆ ਗਿਆ। ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੇ ਸੂਬਾ ਆਗੂ ਮੱਸਰ ਸਿੰਘ ਫੱਟ ਟੌਡਰ ਮੱਲ ਨੇ ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਕਰੀਬ 40 ਸਾਲ ਤੋਂ ਵੱਧ ਸਮੇਂ ਤੋਂ 300 ਦੇ ਕਰੀਬ ਮਜ਼ਦੂਰ ਮਿਸਤਰੀ ਰੋਡ ਉਪਰ ਖੜ੍ਹੇ ਹੋ ਕੇ ਦਿਹਾੜੇ ਕੰਮ ਦੀ ਭਾਲ ਕਰਦੇ ਆ ਰਹੇ ਹਨ। ਕੁੱਝ ਦਿਨਾਂ ਤੋਂ ਥਾਣਾ ਕਾਦੀਆਂ ਦੀ ਪੁਲਸ ਵੱਲੋਂ ਧੱਕੇਸ਼ਾਹੀ ਨਾਲ ਮਜ਼ਦੂਰਾਂ ਨੂੰ ਲੇਬਰ ਅੱਡਾ ਬਦਲ ਕੇ ਕਾਦੀਆਂ ਦਾਣਾ ਮੰਡੀ ਵਿੱਚ ਲੈ ਕੇ ਜਾਣ ਲਈ ਗੈਰ ਕਾਨੂੰਨੀ ਦਬਾਅ ਬਣਾਇਆ ਜਾ ਰਿਹਾ ਹੈ।ਉਨ੍ਹਾਂ ਜਥੇਬੰਦੀ ਵੱਲੋਂ ਮੰਗ ਕਰਦਿਆ ਕਿਹਾ ਕਿ ਇਹ ਅੱਡਾ ਕਾਦੀਆਂ ਸ਼ਹਿਰ ਦੇ ਸੈਂਟਰ ਵਿੱਚ ਹੈ ਅਤੇ ਇਸ ਦਾ ਮਜ਼ਦੂਰਾਂ ਮਿਸਤਰੀਆਂ ਨੂੰ ਕੰਮ ਦਾ ਫਾਇਦਾ ਹੋ ਜਾਂਦਾ ਹੈ। ਅਸੀਂ ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਵੱਲੋਂ ਪ੍ਰਸ਼ਾਸਨ ਤੋਂ ਮੰਗ ਕਰਦੇ ਹਾਂ ਕਿ ਜਿਸ ਜਗ੍ਹਾ ਸੜਕ 'ਤੇ ਲੇਬਰ ਖੜ੍ਹਦੀ ਹੈ, ਉਸ ਤੋਂ 25 ਫੁੱਟ ਪਿਛਾਂਹ ਕਰਕੇ ਕਾਦੀਆਂ ਥਾਣੇ ਦੇ ਨਾਲ ਜੋ ਕੱਚਾ ਰਕਬਾ ਕਾਦੀਆਂ ਕਮੇਟੀ ਘਰ ਦੀ ਖਾਲੀ ਜਗ੍ਹਾ ਹੈ। ਇਸ ਜਗ੍ਹਾ ਉਪਰ ਮਜ਼ਦੂਰਾਂ ਦਾ ਪੱਕਾ ਅੱਡਾ ਲੇਬਰ ਸ਼ੈੱਡ ਅਤੇ ਲੈਟਰਿਨ ਬਾਥਰੂਮ ਬਣਾਇਆ ਜਾਵੇ। ਉਨ੍ਹਾਂ ਕਿਹਾ ਕਿ 300 ਦੇ ਕਰੀਬ ਲੇਬਰ ਮਜ਼ਦੂਰ ਇਸ ਜਗ੍ਹਾ ਉਪਰ ਖੜ ਕੇ ਆਪਣੇ ਘਰ ਪਰਵਾਰ ਲਈ ਰੋਜ਼ੀ ਰੋਟੀ ਦਾ ਜੁਗਾੜ ਕਰਦੇ ਹਨ।ਹਰ ਕੰਮ ਦਾ ਮਸ਼ੀਨੀਕਰਨ ਹੋਣ ਕਰਕੇ ਮਹੀਨਿਆਂ ਦਾ ਕੰਮ ਦਿਨਾਂ ਅਤੇ ਘੰਟਿਆਂ ਵਿੱਚ ਖ਼ਤਮ ਹੋਣ ਲੱਗਾ ਹੈ, ਸਗੋਂ ਮਜ਼ਦੂਰ ਦੀ ਮਿਹਨਤ ਨਾਲ ਅਮੀਰ ਘਰਾਣੇ ਹੋਰ ਅਮੀਰ ਹੋ ਗਏ ਹਨ ਪਰ ਮਜ਼ਦੂਰ ਦੀ ਜ਼ਿੰਦਗੀ ਗਰੀਬੀ ਦੀ ਦੀਵਾਰ ਅਜੇ ਤੱਕ ਨਹੀਂ ਟੱਪ ਸਕੀ। ਗਰੀਬ ਅੱਜ ਵੀ ਅਮੀਰ ਲੋਕਾਂ ਦੀ ਗੁਲਾਮੀ ਦਾ ਸੰਤਾਪ ਹੰਢਾ ਰਿਹਾ ਹੈ ਜਿਸ ਦੀ ਸਭ ਤੋਂ ਵੱਡੀ ਮਾਰ ਮਜ਼ਦੂਰ ਜਮਾਤ ਤੇ ਪੈ ਰਹੀ ਹੈ। ਪਿੰਡਾਂ ਵਿੱਚ ਬੇਜ਼ਮੀਨੇ ਗਰੀਬ ਮਜ਼ਦੂਰਾਂ ਦੀ ਭਲਾਈ ਵਾਸਤੇ ਸ਼ਕੀਮਾਂ ਖਾਲੀ ਕਾਗਜ਼ਾਂ ਦਾ ਸ਼ਿੰਗਾਰ ਹੀ ਬਣਦੀਆਂ ਅੱਜ ਤੱਕ ਪੰਜਾਬ ਦੇ ਦਲਿਤ ਬੇਜ਼ਮੀਨੇ ਮਜ਼ਦੂਰਾਂ ਦੀ 70% ਅਬਾਦੀ ਆਪਣੇ ਘਰਾਂ ਮਕਾਨਾਂ ਦੇ ਵੀ ਮਾਲਕ ਨਹੀਂ ਬਣ ਸਕੇ ਅੱਜ ਤੱਕ ਇਸ ਮੌਕੇ ਵੱਖ ਵੱਖ ਪਿੰਡਾਂ ਦੇ ਦਲਬੀਰ ਸਿੰਘ ਲੀਲ੍ਹ ਕਲਾਂ, ਬਲਵਿੰਦਰ ਸਿੰਘ ਬਿੱਲਾ ਜਾਗੀ ਚੀਮਾ,ਲਾਡੀ ਨਾਥਪੁਰਾ, ਵਿਸ਼ਾਲ ਧੰਨੇ, ਸੁੱਖਾ ਸਿੰਘ ਨੰਗਲ ਝੌਰ, ਜੋਗਾ ਸਿੰਘ ਨੱਤ ਮੋਕਲ, ਬਲਜੀਤ ਸਿੰਘ ਕੰਡੀਲਾ, ਅਮਰਜੀਤ ਸਿੰਘ, ਸਤਨਾਮ ਸਿੰਘ ਤੁਗਲਵਾਲਾ, ਸਲਵਿੰਦਰ ਸਿੰਘ ਸ਼ਿੰਦਾ, ਸੁਲੱਖਣ ਸਿੰਘ ਮੌਕੇ ਹਾਜਰ ਸਨ।

# ਜਨਤਕ ਜਥੇਬੰਦੀਆ ਨੇ ਕੌਮਾਂਤਰੀ ਮਈ ਦਿਵਸ ਮਨਾਇਆ



**ਤਰਨ ਤਾਰਨ (ਪ੍ਰਿਤਪਾਲ ਸਿੰਘ)-** ਜਨਤਕ ਜਥੇਬੰਦੀਆਂ ਦੇ ਸਾਂਝੇ ਮੋਰਚੇ (ਜੇ ਪੀ ਐਮ ਓ) ਵੱਲੋਂ ਸ਼ਹੀਦ ਦੀਪਕ ਧਵਨ ਯਾਦਗਾਰੀ ਭਵਨ ਤਰਨ ਤਾਰਨ ਵਿਖੇ ਸੂਹਾ ਪ੍ਰਚਮ ਲਹਿਰਾ ਕੇ ਸ਼ਿਕਾਗੋ ਦੇ ਸ਼ਹੀਦਾਂ (ਕੌਮਾਂਤਰੀ ਮਈ ਦਿਵਸ) ਨੂੰ ਯਾਦ ਕੀਤਾ ਗਿਆ ਅਤੇ ਉਨ੍ਹਾਂ ਦੇ ਪਦਚਿੰਨ੍ਹਾਂ 'ਤੇ ਚੱਲਣ ਦਾ ਪ੍ਰਣ ਕੀਤਾ ਗਿਆ।ਇਸ ਮੌਕੇ ਵੱਖ ਵੱਖ ਜਥੇਬੰਦੀਆਂ ਮਨਰੇਗਾ ਵਰਕਰਜ਼ ਯੂਨੀਅਨ, ਜਮਹੂਰੀ ਕਿਸਾਨ ਸਭਾ ਦਿਹਾਤੀ ਮਜ਼ਦੂਰ ਸਭਾ ਪੰਜਾਬ ਸੁਬਾਰਡੀਨੇਟ ਸਰਵਿਸਜ਼ ਯੂਨੀਅਨ ਸ਼ਹੀਦ ਭਗਤ ਸਿੰਘ ਨੌਜਵਾਨ ਸਭਾ, ਔਰਤ ਮੁਕਤੀ ਮੋਰਚਾ ਪੰਜਾਬ ਦੇ ਆਗੂ ਹਾਜਰ ਸਨ। ਇਸ ਮੌਕੇ ਬਲਦੇਵ ਸਿੰਘ ਪੰਡੋਰੀ, ਬਲਜਿੰਦਰ ਸਿੰਘ ਦੁਬਲੀ, ਕਰਮ ਸਿੰਘ ਪੰਡੋਰੀ, ਸੁਖਦੇਵ ਸਿੰਘ ਜਵੰਦਾ ਨੇ ਕਿਹਾ ਕਿ ਸਾਡੇ ਸ਼ਹੀਦਾਂ ਨੇ 24 ਘੰਟੇ ਕੰਮ ਤੋਂ 8 ਘੰਟੇ ਕੰਮ ਦੀ ਮੰਗ ਲਈ ਸ਼ਹੀਦੀਆਂ ਪ੍ਰਾਪਤ ਕਰਕੇ ਮੰਗ ਮਨਾਈ ਸੀ, ਪਰ ਅੱਜ ਸਮੇਂ ਦੀਆਂ ਸਰਕਾਰਾਂ ਵੱਲੋਂ 8 ਘੰਟੇ ਕੰਮ ਤੋਂ 12 ਘੰਟੇ ਕੰਮ ਲੈਣ ਦੀਆਂ ਤਜਵੀਜ਼ਾਂ ਪਾਸ ਕੀਤੀਆਂ ਜਾ ਰਹੀਆਂ ਹਨ। ਮੋਦੀ ਸਰਕਾਰ ਵੱਲੋਂ ਮਜ਼ਦੂਰ ਜਮਾਤ ਦੇ ਹੱਕ 'ਚ ਬਣੇ 44 ਕਿਰਤ ਕਾਨੂੰਨਾਂ ਨੂੰ ਤੋੜ ਕੇ ਤਿੰਨ ਕੋਡਾਂ ਵਿੱਚ ਬਦਲਿਆ ਜਾ ਰਿਹਾ ਹੈ। ਕੇਂਦਰ ਅਤੇ ਪੰਜਾਬ ਸਰਕਾਰ ਵੱਲੋਂ ਕਾਰਪੋਰੇਟ ਘਰਾਣਿਆਂ ਨੂੰ ਪਾਲਣ ਵਾਲੀਆਂ ਨੀਤੀਆਂ ਜ਼ੋਰਾਂ ਸ਼ੋਰਾਂ ਨਾਲ ਲਾਗੂ ਕੀਤੀਆਂ ਜਾ ਰਹੀਆਂ ਹਨ।ਇਨ੍ਹਾਂ ਆਗੂਆਂ ਨੇ ਕਿਹਾ ਕਿ ਮਜ਼ਦੂਰ ਮਾਰੂ ਨੀਤੀਆਂ ਖ਼ਿਲਾਫ ਤਿੱਖਾ ਸ਼ੰਘਰਸ਼ ਕਰਨ ਲਈ ਅੱਜ ਦੇ ਦਿਨ 'ਤੇ ਸਾਨੂੰ ਪ੍ਰਣ ਕਰਨ ਦੀ ਲੋੜ ਹੈ। ਇਸ ਮੌਕੇ ਨਰਿੰਦਰ ਸਿੰਘ ਰਟੌਲ, ਬੁੱਧ ਸਿੰਘ ਕੁਲਦੀਪ ਸਿੰਘ ਮਾਣੋਚਾਹਲ, ਪੱਖੋਕੇ, ਡਾਕਟਰ ਅਸ਼ਵਨੀ ਕੁਮਾਰ, ਦਵਿੰਦਰ ਸਿੰਘ ਬਿੱਟੂ ਤਰਸੇਮ ਸਿੰਘ ਕੰਗ, ਸਵਿੰਦਰ ਸਿੰਘ ਖੱਬੇ, ਜਸਬੀਰ ਕੌਰ ਤਰਨ ਤਾਰਨ, ਨਿਰਮਲ ਸਿੰਘ ਹਾਜ਼ਰ ਸਨ।

# ਕੈਨੇਡਾ ਸੰਸਦ ਚੋਣਾਂ 'ਚ ਪੰਜਾਬੀਆਂ ਦੀ ਇਤਿਹਾਸਕ ਚੜ੍ਹਤ 'ਤੇ ਖ਼ੁਸ਼ੀ ਦਾ ਪ੍ਰਗਟਾਵਾ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-** ਚੀਫ਼ ਖ਼ਾਲਸਾ ਦੀਵਾਨ ਅਹੁਦੇਦਾਰਾਂ ਵੱਲੋਂ ਕੈਨੇਡਾ ਸੰਸਦ ਚੋਣਾਂ ਵਿਚ ਪੰਜਾਬੀਆਂ ਦੀ ਸ਼ਾਨਦਾਰ ਇਤਿਹਾਸਕ ਜਿੱਤ ਤੇ ਖੁਸ਼ੀ ਦਾ ਇਜ਼ਹਾਰ ਕੀਤਾ ਗਿਆ। ਮੀਟਿੰਗ ਦੌਰਾਨ ਦੀਵਾਨ ਦੇ ਪ੍ਰਧਾਨ ਡਾ. ਇੰਦਰਬੀਰ ਸਿੰਘ ਨਿੱਜਰ ਅਤੇ ਆਨਰੇਰੀ ਸਕੱਤਰ ਸਵਿੰਦਰ ਸਿੰਘ ਕੱਥੂਨੰਗਲ ਨੇ ਖੁਸ਼ੀ ਪ੍ਰਗਟ ਕਰਦਿਆਂ ਕਿਹਾ ਕਿ ਕੈਨੇਡਾ ਚੋਣਾਂ ਵਿਚ ਪਹਿਲੀ ਵਾਰੀ ਪੰਜਾਬੀ ਮੂਲ ਦੇ 22 ਸੰਸਦ ਚੁਣੇ ਗਏ ਹਨ, ਜੋ ਕਿ ਦੁਨੀਆ ਭਰ ਵਿਚ ਵਸਦੇ ਪੰਜਾਬੀਆਂ ਲਈ ਬਹੁਤ ਹੀ ਮਾਣ ਵਾਲੀ ਗੱਲ ਹੈ। ਉਹਨਾਂ ਕਿਹਾ ਕਿ ਕੈਨੇਡਾ ਰਾਜਨੀਤੀ ਵਿਚ ਪੰਜਾਬੀ ਭਾਈਚਾਰੇ ਦੀ ਵਧ ਰਹੀ ਸਿਆਸੀ ਹਿੱਸੇਦਾਰੀ ਨਾਲ ਸੰਸਦ ਵਿਚ ਪੰਜਾਬੀਆਂ ਦੇ ਹਿੱਤਾਂ ਦੀ ਰਾਖੀ ਲਈ ਅਵਾਜ਼ ਹੋਰ ਬੁਲੰਦ ਹੋਵੇਗੀ ਅਤੇ ਪੰਜਾਬੀਆਂ ਦੀਆਂ ਦਰਪੇਸ਼ ਸਮੱਸਿਆਵਾਂ ਨੂੰ ਉਚਿਤ ਪੱਧਰ ਤੇ ਰੱਖਿਆ ਜਾਵੇਗਾ। ਮੀਟਿੰਗ ਵਿਚ ਹਾਜ਼ਰ ਦੀਵਾਨ ਅਹੁਦੇਦਾਰਾਂ ਅਤੇ ਮੈਂਬਰ ਸਾਹਿਬਾਨ ਨੇ ਆਸ ਕੀਤੀ ਕਿ ਪੰਜਾਬੀਆਂ ਦੀ ਇਹ ਸਫਲਤਾ ਭਾਰਤ-ਕੈਨੇਡਾ ਦੇ ਸੰਬੰਧਾਂ ਨੂੰ ਮਜ਼ਬੂਤ ਕਰਨ ਵਿਚ ਸਹਾਇਕ ਸਿੱਧ ਹੋਵੇਗੀ। ਇਸ ਮੌਕੇ ਚੀਫ਼ ਖ਼ਾਲਸਾ ਦੀਵਾਨ ਦੇ ਪ੍ਰਧਾਨ ਡਾ. ਇੰਦਰਬੀਰ ਸਿੰਘ ਨਿੱਜਰ, ਮੀਤ ਪ੍ਰਧਾਨ ਸੰਤੋਖ ਸਿੰਘ ਸੇਠੀ, ਮੀਤ ਪ੍ਰਧਾਨ ਜਗਜੀਤ ਸਿੰਘ, ਆਨਰੇਰੀ ਸਕੱਤਰ ਸਵਿੰਦਰ ਸਿੰਘ ਕੱਥੂਨੰਗਲ, ਆਨਰੇਰੀ ਸਕੱਤਰ ਰਮਣੀਕ ਸਿੰਘ, ਐਡੀ.ਆਨਰੇਰੀ ਸਕੱਤਰ ਸੁਖਜਿੰਦਰ ਸਿੰਘ ਪ੍ਰਿੰਸ, ਐਡੀ.ਆਨਰੇਰੀ ਸਕੱਤਰ ਜਸਪਾਲ ਸਿੰਘ ਢਿੱਲੋਂ, ਰਬਿੰਦਰਬੀਰ ਸਿੰਘ ਭੱਲਾ, ਏ.ਪੀ.ਐਸ.ਮਾਨ, ਹਰਜੀਤ ਸਿੰਘ (ਤਰਨਤਾਰਨ) ਪ੍ਰੋ. ਭੁਪਿੰਦਰ ਸਿੰਘ, ਤਰਲੋਚਨ ਸਿੰਘ, ਡਾ.ਆਤਮਜੀਤ ਸਿੰਘ ਬਸਰਾ, ਸਰਜੋਤ ਸਿੰਘ ਸਾਹਨੀ, ਹਰਵਿੰਦਰਪਾਲ ਸਿੰਘ ਚੁੱਘ ਆਦਿ ਮੈਂਬਰ ਹਾਜ਼ਰ ਸਨ।

# ਉਪਲ ਨੇ ਕਣਕ ਦੇ ਨਾੜ ਨੂੰ ਅੱਗ ਨਾ ਲਗਾ ਕੇ ਵਾਤਾਵਰਣ ਬਚਾਉਣ ਦੀ ਕੀਤੀ ਅਪੀਲ



**ਗੁਰਦਾਸਪੁਰ ( ਦਿਨੇਸ਼ ਕੁਮਾਰ)-** ਪੰਜਾਬ ਨੂੰ ਪ੍ਰਦੂਸ਼ਣ ਮੁਕਤ ਕਰਨ ਲਈ ਕੋਈ ਵੀ ਜ਼ਿਮੀਦਾਰ, ਕਿਸਾਨ ਜਾਂ ਆਮ ਜਨਤਾ ਕਣਕ ਦੇ ਨਾੜ ਨੂੰ ਅੱਗ ਨਾ ਲਗਾਏ। ਇਹ ਗੱਲ ਯੂਨੀਵਰਸਲ ਡਿਵੈਪਲਮੈਂਟ ਅਤੇ ਅਵੇਅਰਨੈਸ ਆਫ ਨੇਸ਼ਨ (ਉਡਾਨ) ਦੇ ਪ੍ਰਧਾਨ ਬਲਜੀਤ ਸਿੰਘ ਉਪਲ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਹੀਂ। ਉਨ੍ਹਾ ਕਿਹਾ ਕਿ ਕਣਕ ਦੀ ਕਟਾਈ ਤੋਂ ਬਾਅਦ ਨਾੜ ਨੂੰ ਅੱਗ ਲਗਾਉਣਾ ਕਾਨੂੰਨੀ ਅਪਰਾਧ ਹੈ ਅਤੇ ਇਸ ਕਾਰਨ ਕਈ ਤਰ੍ਹਾਂ ਦੇ ਗੰਭੀਰ ਨੁਕਸਾਨ ਹੁੰਦੇ ਹਨ। ਕਣਕ ਦੀ ਨਾੜ ਨੂੰ ਅੱਗ ਲਗਾਉਣ ਕਾਰਨ ਕਿਸਾਨਾਂ ਦੇ ਮਿੱਤਰ ਕੀੜੇ ਵੀ ਮਰ ਜਾਂਦੇ ਹਨ ਜਿਨ੍ਹਾ ਦਾ ਨੁਕਸਾਨ ਅਗਲੀ ਫਸਲ ਦੀ ਸਹੀ ਗੁਣਵੱਤਾ ਨਾ ਹੋਣ ਨਾਲ ਕਿਸਾਨਾਂ ਨੂੰ ਭੁਗਤਣਾ ਪੈਂਦਾ ਹੈ। ਉਨ੍ਹਾ ਕਿਹਾ ਕਿ ਅੱਗ ਲਗਾਉਣ ਨਾਲ ਵਾਤਾਵਰਣ ਵਿੱਚ ਜ਼ਹਿਰੀਲੀਆਂ ਗੈਸਾਂ ਫੈਲਦੀਆਂ ਹਨ, ਜੋ ਕਿ ਸਿਹਤ ਨਹੀਂ ਖਤਰਨਾਕ ਹਨ। ਹਵਾ ਦੀ ਗੁਣਵੱਤਾ ਖਰਾਬ ਹੁੰਦੀ ਹੈ, ਜਿਸ ਨਾਲ ਬੱਚਿਆ, ਵੱਡੇ ਬਜ਼ੁਰਗਾਂ ਅਤੇ ਗਰਭਵਤੀ ਮਹਿਲਾਵਾਂ ਨੂੰ ਗੰਭੀਰ ਬਿਮਾਰੀਆਂ ਹੋ ਸਕਦੀਆਂ ਹਨ। ਮਿੱਟੀ ਦੀ ਉਪਜਾਊ ਤਾਕਤ ਖਤਮ ਹੋ ਜਾਂਦੀ ਹੈ। ਕਣਕ ਦੇ ਨਾੜ ਨੂੰ ਲਗਾਈ ਅੱਗ ਕਿਸੇ ਘਾਤਕ ਘਟਨਾ ਦਾ ਰੂਪ ਧਾਰ ਸਕਦੀ ਹੈ। ਇਸ ਲਈ ਕਣਕ ਦੇ ਨਾੜ ਨੂੰ ਅੱਗ ਨਾ ਲਗਾਈ ਜਾਵੇ। ਸਰਕਾਰ ਵਲੋਂ ਉਪਲਬਧ ਕਰਵਾਏ ਜਾਂਦੇ ਤਕਨੀਕੀ ਵਿਕਲਪ ਵਰਤੇ ਜਾਣ। ਨਾੜ ਦੀ ਸੰਭਾਲ ਸਹੀ ਢੰਗ ਨਾਲ ਕਰਕੇ ਵਾਤਾਵਰਣ ਦੀ ਰੱਖਿਆ ਵਿੱਚ ਸਹਿਯੋਗ ਦਿੱਤਾ ਜਾਵੇ।

# ਵਿਦਿਆਰਥੀਆਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਕੀਤਾ ਜਾਗਰੂਕ




**ਬਟਾਲਾ (ਡਾਕਟਰ ਮਲਵਿੰਦਰ ਸਿੰਘ)-** ਸੁਹੇਲ ਕਾਸਿਮ ਮੀਰ, ਐਸ.ਐਸ.ਪੀ ਬਟਾਲਾ ਦੇ ਦਿਸ਼ਾ-ਨਿਰਦੇਸ਼ਾਂ ਹੇਠ ਬਟਾਲਾ ਪੁਲਸ ਦੇ ਸ਼ਕਤੀ ਹੈਲਪ ਡੈਸਕ ਵੱਲੋਂ ਸਰਕਾਰੀ ਪ੍ਰਾਇਮਰੀ ਸਕੂਲ ਚੀਮਾ ਖੁੱਡੀ ਵਿਖੇ ਜਾਗਰੂਕਤਾ ਸੈਮੀਨਾਰ ਕਰਵਾਇਆ, ਜਿਸ ਵਿੱਚ ਵਿਦਿਆਰਥੀਆਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਸਬੰਧੀ, ਚੰਗੇ ਛੋਹ, ਮਾੜੇ ਛੋਹ, ਵਾਤਾਵਰਣ ਦੀ ਸੰਭਾਲ ਅਤੇ ਹੈਲਪਲਾਈਨ ਨੰਬਰ 112 ਅਤੇ 1098 ਬਾਰੇ ਜਾਗਰੂਕ ਕੀਤਾ ਗਿਆ।ਇਸ ਮੌਕੇ ਸ੍ਰੀਮਤੀ ਜਸਵੰਤ ਕੌਰ, ਐਸ.ਪੀ. (ਐੱਚ) ਬਟਾਲਾ ਨੇ ਦੱਸਿਆ ਕਿ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਪੁਲਸ ਜ਼ਿਲ੍ਹਾ ਬਟਾਲਾ ਵਿਖੇ ਵੱਖ-ਵੱਖ ਸਕੂਲਾਂ ਵਿੱਚ ਜਾ ਕੇ ਵਿਦਿਆਰਥੀਆਂ ਨੂੰ ਸਮਾਜਿਕ ਬੁਰਾਈਆਂ ਵਿਰੁੱਧ ਜਾਗਰੂਕ ਕੀਤਾ ਜਾ ਰਿਹਾ ਹੈ। ਉਨਾਂ ਦੱਸਿਆ ਕਿ ਵਿਦਿਆਰਥੀਆਂ ਨੂੰ ਨਸ਼ਿਆਂ ਵਿਰੁੱਧ ਜਾਗਰਕੂ ਕਰਨ ਦੇ ਨਾਲ-ਨਾਲ ਵਾਤਾਵਰਣ ਨੂੰ ਹਰਿਆ ਭਰਿਆ ਰੱਖਣ ਲਈ ਜਾਗਰੂਕ ਕੀਤਾ ਜਾ ਰਿਹਾ ਹੈ।ਉਨਾਂ ਅੱਗੇ ਦੱਸਿਆ ਕਿ ਬਟਾਲਾ ਪੁਲਿਸ ਵਲੋਂ ਨੌਜਵਾਨਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਤੋਂ ਜਾਗਰੂਕ ਕਰਨ ਦੇ ਨਾਲ ਖੇਡਾਂ ਵੱਲ ਉਤਸ਼ਾਹਿਤ ਕੀਤਾ ਜਾ ਰਿਹਾ ਹੈ ਅਤੇ ਨੌਜਵਾਨਾਂ ਵਲੋਂ ਪੂਰੇ ਉਤਸ਼ਾਹ ਨਾਲ ਖੇਡਾਂ ਵਿੱਚ ਸ਼ਮੂਲੀਅਤ ਕੀਤੀ ਜਾ ਰਹੀ ਹੈ। ਉਨਾਂ ਕਿਹਾ ਕਿ ਜਿਥੇ ਪੌਦੇ ਲਗਾਉਣ ਜਰੂਰੀ ਹਨ, ਓਸ ਦੇ ਨਾਲ-ਨਾਲ ਪੌਦਿਆਂ ਦੀ ਸਾਂਭ ਸੰਭਾਲ ਕਰਨੀ ਵੀ ਬਹੁਤ ਜਰੂਰੀ ਹੈ।

# ਅਪ੍ਰੈਲ ਮਹੀਨੇ ਦੀ ਬੁਢਾਪਾ ਪੈਨਸ਼ਨ ਨਾ ਮਿਲਣ ਕਾਰਨ ਬਜ਼ੁਰਗਾਂ 'ਚ ਹਾਹਾਕਾਰ

**ਗੁਰਦਾਸਪੁਰ (ਜਨਕ ਮਹਾਜਨ)-** ਲੋੜਵੰਦ ਬਜ਼ੁਰਗਾਂ ਨੂੰ ਅਪ੍ਰੈਲ ਮਹੀਨੇ ਦੀ ਬੁਢਾਪਾ ਪੈਨਸ਼ਨ ਨਾ ਮਿਲਣ ਕਰਕੇ ਪੀੜਤਾਂ 'ਚ ਹਾਹਾਕਾਰ ਮਚੀ ਹੋਈ ਹੈ ਅਤੇ ਬਜ਼ੁਰਗ ਬੈਂਕਾਂ ਦੇ ਚੱਕਰ ਮਾਰ-ਮਾਰ ਕੇ ਹੰਭ ਚੁੱਕੇ ਹਨ। ਬੁਢਾਪਾ ਪੈਨਸ਼ਨ ਧਾਰਕ ਤਰਸੇਮ ਲਾਲ, ਜਸਵਿੰਦਰ ਕੌਰ, ਨਰਿੰਦਰ ਕੌਰ, ਬਿਮਲਾ ਦੇਵੀ, ਰਜਿੰਦਰ ਕੌਰ, ਗਰਦੀਪ ਸਿੰਘ, ਮਹਿੰਦਰ ਕੌਰ, ਦਲਬੀਰ ਕੌਰ, ਜੀਤੋ, ਸੁਲੱਖਣ ਸਿੰਘ ਨੇ ਗੱਲਬਾਤ ਕਰਦਿਆਂ ਦੱਸਿਆ ਕਿ ਉਨ੍ਹਾਂ ਨੂੰ ਅਪ੍ਰੈਲ ਮਹੀਨੇ ਦੀ ਪੈਨਸ਼ਨ ਪੂਰਾ ਮਹੀਨਾ ਬੀਤ ਜਾਣ ਤੋਂ ਬਾਅਦ ਵੀ ਨਹੀਂ ਮਿਲੀ। ਬਜ਼ੁਰਗਾਂ ਨੇ ਦੱਸਿਆ ਕਿ ਉਹ ਪੈਨਸ਼ਨ 'ਤੇ ਹੀ ਨਿਰਭਰ ਹਨ ਅਤੇ ਪੈਨਸ਼ਨ ਨਾ ਮਿਲਣ ਕਰਕੇ ਉਨ੍ਹਾਂ ਦਾ ਘਰ ਦਾ ਗੁਜ਼ਾਰਾ ਅਤੇ ਦਵਾਈ ਵਗੈਰਾ ਲੈਣਾ ਵੀ ਔਖਾ ਹੋ ਚੁੱਕਾ ਹੈ। ਉਨ੍ਹਾਂ ਕਿਹਾ ਇਸ ਉਮਰ ਵਿਚ ਉਹ ਵਾਰ-ਵਾਰ ਬੈਂਕਾਂ 'ਚ ਜਾ ਕੇ ਪੈਨਸ਼ਨ ਬਾਰੇ ਪੁੱਛਣ ਤੋਂ ਵੀ ਅਸਮਰਥ ਹਨ ਅਤੇ ਬੈਂਕਾਂ ਵਾਲੇ ਵੀ ਪੈਨਸ਼ਨ ਸਬੰਧੀ ਕੋਈ ਤਸੱਲੀਬਖਸ਼ ਜਵਾਬ ਨਹੀਂ ਦਿੰਦੇ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਲੋਕਾਂ ਨੂੰ ਵਧੀਆ ਸਹੂਲਤਾਂ ਦੇਣ ਦੇ ਵੱਡੇ-ਵੱਡੇ ਦਾਅਵੇ ਕਰਦੀ ਹੈ ਪਰ ਪੂਰਾ ਮਹੀਨਾ ਬੀਤ ਜਾਣ 'ਤੇ ਵੀ ਬਜ਼ੁਰਗਾਂ ਨੂੰ ਪੈਨਸ਼ਨ ਨਾ ਦੇਣ ਨਾਲ ਸਰਕਾਰ ਦੇ ਦਾਅਵੇ ਖੋਖਲੇ ਸਾਬਤ ਹੁੰਦੇ ਹਨ। ਉਨ੍ਹਾਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਪਾਸੋਂ ਮੰਗ ਕੀਤੀ ਕਿ ਅਪ੍ਰੈਲ ਮਹੀਨੇ ਦੀ ਮਹੀਨਾਵਾਰ ਬੁਢਾਪਾ ਪੈਨਸ਼ਨ ਫੌਰੀ ਤੌਰ 'ਤੇ ਬਜ਼ੁਰਗਾਂ ਦੇ ਖਾਤਿਆਂ ਵਿੱਚ ਪਾਈ ਜਾਵੇ ਤਾਂ ਜੋ ਉਹ ਆਰਥਿਕ ਸੰਕਟ 'ਚੋਂ ਬਾਹਰ ਨਿਕਲ ਸਕਣ। ਇਸ ਸਬੰਧੀ ਜਦੋਂ ਸ਼ੋਸ਼ਲ ਵੈਲਫੇਅਰ ਵਿਭਾਗ ਦੇ ਅਧਿਕਾਰੀ ਨਾਲ ਗੱਲਬਾਤ ਕਰਨੀ ਚਾਹੀ ਤਾਂ ਉਨ੍ਹਾਂ ਨਾਲ ਸੰਪਰਕ ਨਹੀਂ ਹੋ ਸਕਿਆ।

# ਸ਼ਹੀਦੀ ਸ਼ਤਾਬਦੀ ਨੂੰ ਸਮਰਪਤ ਪਿੰਡ-ਪਿੰਡ ਗੁਰਮਤਿ ਸਿਖਲਾਈ ਕੈਂਪ ਲਗਾਏ ਜਾਣਗੇ



**ਗੁਰਦਾਸਪੁਰ (ਜਨਕ ਮਹਾਜਨ)-** ਧਰਮ ਪ੍ਰਚਾਰ ਕਮੇਟੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਵਲੋਂ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਦਿਸ਼ਾ ਨਿਰਦੇਸ਼ਾਂ ਹੇਠ ਸਕੱਤਰ ਧਰਮ ਪ੍ਰਚਾਰ ਬਲਵਿੰਦਰ ਸਿੰਘ ਕਾਹਲਵਾਂ, ਸਕੱਤਰ ਬਿਜੈ ਸਿੰਘ ਅਤੇ ਧਰਮ ਪ੍ਰਚਾਰ ਦੇ ਪ੍ਰਬੰਧਾਂ ਹੇਠ ਪਿੰਡ-ਪਿੰਡ ਸ਼ਤਾਬਦੀ ਦੇ ਪ੍ਰਚਾਰ ਲਈ ਗੁਰਮਤਿ ਸਮਾਗਮ ਕੀਤੇ ਜਾਣਗੇ ਅਤੇ ਗੁਰਮਤਿ ਸਿਖਲਾਈ ਕੈਂਪਾਂ ਰਾਹੀਂ ਗੁਰਬਾਣੀ ਦੇ ਇਤਿਹਾਸ ਤੋਂ ਸੰਗਤਾਂ ਨੂੰ ਜਾਣੂੰ ਕਰਵਾਇਆ ਜਾਵੇਗਾ। ਇਸ ਸਬੰਧੀ ਸਮੂਹ ਜ਼ਿਲ੍ਹੇ ਭਰ ਦੇ ਪ੍ਰਚਾਰਕ, ਢਾਡੀ, ਕਵੀਸ਼ਰ ਸਾਹਿਬਾਨ ਦੀ ਮੀਟਿੰਗ ਹੋਈ, ਜਿਸ ਵਿਚ ਇਹ ਜਾਣਕਾਰੀ ਭਾਈ ਗੁਰਨਾਮ ਸਿੰਘ ਪ੍ਰਚਾਰਕ ਕਮ ਨਿਗਰਾਨ ਨੇ ਸਾਂਝੀ ਕੀਤੀ। ਉਨ੍ਹਾਂ ਕਿਹਾ ਕਿ ਧਰਮ ਪ੍ਰਚਾਰ ਕਮੇਟੀ ਵਲੋਂ ਘਰ ਘਰ ਤੱਕ ਪਹੁੰਚ ਕਰਕੇ ਸ੍ਰੀ ਗੁਰੂ ਤੇਗ ਬਹਾਦਰ ਜੀ ਅਤੇ ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ ਅਤੇ ਭਾਈ ਦਿਆਲਾ ਜੀ ਦੀ ਸ਼ਹਾਦਤ ਨੂੰ ਤੋਂ ਜਾਣੂੰ ਕਰਵਾ ਕੇ ਸੰਗਤਾਂ ਨੂੰ ਅੰਮ੍ਰਿਤ ਛਕੋ ਸਿੰਘ ਸਜੋ ਲਹਿਰ ਤਹਿਤ ਸਿੱਖੀ ਦੇ ਮੂਲ ਸਿਧਾਂਤਾਂ ਨਾਲ ਜੋੜਿਆ ਜਾਵੇਗਾ। ਇਸ ਮੌਕੇ ਪ੍ਰਚਾਰਕ ਭਾਈ ਰਣਜੀਤ ਸਿੰਘ ਵੜੈਚ ਪ੍ਰਚਾਰਕ, ਭਾਈ ਮਨਜੀਤ ਸਿੰਘ ਕਾਦੀਆਂ, ਪ੍ਰਚਾਰਕ ਸਿਮਰਨਜੀਤ ਸਿੰਘ ਕਾਦੀਆਂ ਪ੍ਰਚਾਰਕ, ਭਾਈ ਗੁਰਮੁਖ ਸਿੰਘ ਐਮ ਏ ਪ੍ਰਚਾਰਕ, ਭਾਈ ਬਲਬੀਰ ਸਿੰਘ ਪ੍ਰਚਾਰਕ ਭਾਈ ਬਲਜੋਧ ਸਿੰਘ ਪ੍ਰਚਾਰਕ, ਭਾਈ ਕੁਲਬੀਰ ਸਿੰਘ ਪ੍ਰਚਾਰਕ ਭਾਈ ਗੁਰਭੇਜ ਸਿੰਘ ਪ੍ਰਚਾਰਕ, ਭਾਈ ਕੁਲਵੰਤ ਸਿੰਘ, ਪ੍ਰਚਾਰਕ ਲਵਪ੍ਰੀਤ ਸਿੰਘ, ਪ੍ਰਚਾਰਕ ਕਵੀਸ਼ਰ ਜਥਾ ਗਿਆਨੀ ਮੋਹਨ ਸਿੰਘ, ਗਿਆਨੀ ਸ਼ਮਸ਼ੇਰ ਸਿੰਘ ਮਿਸਰਪੁਰਾ ਢਾਡੀ ਜੱਥਾ ਆਦਿ ਹਾਜ਼ਰ ਸਨ।

# ਹਰਿਆਣਾ ਨੂੰ ਵਾਧੂ ਪਾਣੀ ਦੇਣਾ ਪੰਜਾਬ ਦੇ ਹੱਕਾਂ 'ਤੇ ਡਾਕਾ : ਧਾਲੀਵਾਲ

**ਅੰਮ੍ਰਿਤਸਰ (ਨਰਿੰਦਰ ਜੀਤ ਸਿੰਘ)-** ਬੀਤੀ ਰਾਤ ਕੇਂਦਰ ਦੀ ਭਾਜਪਾ ਸਰਕਾਰ ਵੱਲੋਂ ਪੰਜਾਬ ਨਾਲ ਇੱਕ ਹੋਰ ਧੱਕਾ ਕਰਦਿਆਂ ਭਾਖੜਾ ਡੈਮ ਤੋਂ ਹਰਿਆਣਾ ਨੂੰ ਵਾਧੂ ਪਾਣੀ ਛੱਡ ਦਿੱਤਾ ਗਿਆ ਹੈ, ਜੋ ਕਿ ਸਰਾਸਰ ਪੰਜਾਬ ਦੇ ਹੱਕਾਂ ਉੱਤੇ ਡਾਕਾ ਹੈ। ਅਸੀਂ ਇਹ ਡਾਕਾ ਬਰਦਾਸ਼ਤ ਨਹੀਂ ਕਰਾਂਗੇ। ਉਕਤ ਸ਼ਬਦਾਂ ਦਾ ਪ੍ਰਗਟਾਵਾ ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਭਾਜਪਾ ਆਗੂ ਤਰੁਣ ਚੁੱਗ ਦੇ ਘਰ ਬਾਹਰ ਪਾਰਟੀ ਵੱਲੋਂ ਇਸ ਬੇਨਿਆਈਂ ਵਿਰੁੱਧ ਦਿੱਤੇ ਗਏ ਧਰਨੇ ਦੌਰਾਨ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਉਹਨਾਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਇਸ ਤੋਂ ਪਹਿਲਾਂ ਬੜੇ ਸਪਸ਼ਟ ਲਫਜ਼ਾਂ ਵਿੱਚ ਭਾਖੜਾ ਡੈਮ ਪ੍ਰਬੰਧਕਾਂ ਅਤੇ ਕੇਂਦਰ ਸਰਕਾਰ ਨੂੰ ਸਪਸ਼ਟ ਕਰ ਚੁੱਕੇ ਹਨ ਕਿ ਪੰਜਾਬ ਕੋਲ ਦੇਣ ਲਈ ਇੱਕ ਬੂੰਦ ਵੀ ਪਾਣੀ ਵਾਧੂ ਨਹੀਂ ਹੈ। ਉਹਨਾਂ ਕਿਹਾ ਕਿ ਅਸੀਂ ਤਾਂ ਇਹ ਮੰਗ ਕਰ ਰਹੇ ਸੀ ਕਿ ਪਹਿਲਾਂ ਸਾਡੇ ਹਿੱਸੇ ਦਾ ਪਾਣੀ ਪੂਰਾ ਕੀਤਾ ਜਾਵੇ, ਪਰ ਭਾਜਪਾ ਸਰਕਾਰ ਨੇ ਪੰਜਾਬ ਨਾਲ ਧੱਕਾ ਕਰਦੇ ਹੋਏ ਇਸ ਵਿੱਚੋਂ ਵੀ 8500 ਕਿਊਸਿਕ ਪਾਣੀ ਹਰਿਆਣੇ ਨੂੰ ਛੱਡ ਦਿੱਤਾ। ਧਾਲੀਵਾਲ ਨੇ ਕਿਹਾ ਕਿ ਪੰਜਾਬ ਜੋ ਕਿ ਖੇਤੀ ਪ੍ਰਧਾਨ ਸੂਬਾ ਹੈ, ਪਹਿਲਾਂ ਹੀ ਜਲ ਸੰਕਟ ਦੀ ਮਾਰ ਹੇਠ ਹੈ। ਉਹਨਾਂ ਕਿਹਾ ਕਿ ਸਾਡਾ ਧਰਤੀ ਹੇਠਲਾ ਪਾਣੀ ਲਗਾਤਾਰ ਤੇਜ਼ੀ ਨਾਲ ਹੇਠਾਂ ਜਾ ਰਿਹਾ ਹੈ ਅਤੇ ਸਾਡੀ ਸਰਕਾਰ ਨੇ ਪਿਛਲੇ ਦੋ ਸਾਲਾਂ ਵਿੱਚ ਮੁੜ ਨਹਿਰੀ ਪਾਣੀ ਖੇਤਾਂ ਤੱਕ ਪਹੁੰਚਾ ਕੇ ਧਰਤੀ ਹੇਠਲੇ ਪਾਣੀ ਤੋਂ ਥੋੜ੍ਹਾ ਪ੍ਰੈਸ਼ਰ ਘਟਾਇਆ ਹੈ ਪਰ ਕੇਂਦਰ ਸਰਕਾਰ ਨੇ ਪੰਜਾਬ ਦੇ ਪਾਣੀ ਉੱਤੇ ਡਾਕਾ ਮਾਰ ਕੇ ਪੰਜਾਬੀਆਂ ਨਾਲ ਸਿੱਧਾ ਧੱਕਾ ਕੀਤਾ ਹੈ, ਜਿਸ ਨੂੰ ਬਰਦਾਸ਼ਤ ਨੇ ਕੀਤਾ ਜਾ ਸਕਦਾ। ਇਸ ਮੌਕੇ ਸੰਬੋਧਨ ਕਰਦੇ ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਨੇ ਕਿਹਾ ਕਿ ਭਾਜਪਾ ਲਗਾਤਾਰ ਪੰਜਾਬ ਨਾਲ ਬੇਨਿਆਈਆਂ ਕਰ ਰਹੀ ਹੈ ਪਰ ਪੰਜਾਬ ਦੇ ਭਾਜਪਾ ਨੇਤਾ ਮੂਕ ਦਰਸ਼ਕ ਬਣ ਕੇ ਇਹ ਸਭ ਤਮਾਸ਼ਾ ਵੇਖ ਰਹੇ ਹਨ। ਉਹਨਾਂ ਕਿਹਾ ਕਿ ਤਰਨ ਚੁੱਗ, ਸੁਨੀਲ ਜਾਖੜ ਵਰਗੇ ਨੇਤਾ ਜੋ ਇਹਨਾਂ ਪੰਜਾਬ ਵਿਰੋਧੀ ਨੀਤੀਆਂ ਉੱਤੇ ਵੀ ਭਾਜਪਾ ਦੇ ਹੱਕ ਵਿੱਚ ਖੜ੍ਹੇ ਹਨ, ਨੂੰ ਹੁਣ ਇਹ ਸਪਸ਼ਟ ਕਰ ਦੇਣਾ ਚਾਹੀਦਾ ਹੈ ਕਿ ਉਹ ਪੰਜਾਬ ਨਾਲ ਨਹੀਂ ਬਲਕਿ ਦਿੱਲੀ ਅਤੇ ਹਰਿਆਣੇ ਨਾਲ ਹਨ। ਉਹਨਾਂ ਕਿਹਾ ਕਿ ਪੰਜਾਬ ਦੇ ਪਾਣੀਆਂ ਉੱਤੇ ਡਾਕਾ ਪੰਜਾਬੀ ਅਤੇ ਪੰਜਾਬ ਦੀ ਸਰਕਾਰ ਬਰਦਾਸ਼ਤ ਨਹੀਂ ਕਰੇਗੀ ਅਤੇ ਇਸ ਲਈ ਸਾਨੂੰ ਜਿੱਥੋਂ ਤੱਕ ਵੀ ਲੜਾਈ ਲੜਨੀ ਪਈ ਅਸੀਂ ਲੜਾਂਗੇ। ਇਸ ਮੌਕੇ ਮੇਅਰ ਜਤਿੰਦਰ ਸਿੰਘ ਮੋਤੀ ਭਾਟੀਆ, ਵਿਧਾਇਕ ਡਾਕਟਰ ਇੰਦਰਬੀਰ ਸਿੰਘ ਨਿੱਜਰ, ਵਿਧਾਇਕ ਡਾਕਟਰ ਅਜੇ ਗੁਪਤਾ, ਚੇਅਰਮੈਨ ਬਲਦੇਵ ਸਿੰਘ ਮਿਆਦੀਆਂ, ਜ਼ਿਲ੍ਹਾ ਪ੍ਰਧਾਨ ਸ਼੍ਰੀ ਮਨੀਸ਼ ਅਗਰਵਾਲ, ਚੇਅਰਮੈਨ ਸ ਜਸਪ੍ਰੀਤ ਸਿੰਘ, ਸ ਇਕਬਾਲ ਸਿੰਘ ਭੁੱਲਰ, ਵਿਕਰਮਜੀਤ ਵਿਕੀ, ਨਰਿੰਦਰ ਮਰਵਾਹਾ, ਬੰਟੀ ਭਲਵਾਨ ਅਤੇ ਪਾਰਟੀ ਦੇ ਹੋਰ ਸੀਨੀਅਰ ਆਗੂ ਵੱਡੀ ਗਿਣਤੀ ਵਿੱਚ ਇਸ ਪ੍ਰਦਰਸ਼ਨ ਵਿੱਚ ਸ਼ਾਮਿਲ ਹੋਏ।



# ਜੀ ਐੱਸ ਟੀ 'ਚ ਈ-ਇਨਵਾਇਸ ਕਾਨੂੰਨ ਵਾਪਸ ਲਿਆ ਜਾਵੇ : ਐਡਵੋਕੇਟ ਅਗਨੀਹੋਤਰੀ



**ਤਰਨ ਤਾਰਨ (ਪ੍ਰਿਤਪਾਲ ਸਿੰਘ)-** 1 ਜੁਲਾਈ 2017 ਜਦੋਂ ਤੋਂ ਜੀ ਐਸ ਟੀ ਕਾਨੂੰਨ ਲਾਗੂ ਹੋਇਆ ਹੈ, ਸਰਕਾਰ ਵਪਾਰੀਆਂ ਨਾਲ ਪ੍ਰਯੋਗ ਕਰਨ ਵਿੱਚ ਰੁੱਝੀ ਹੋਈ ਹੈ। ਕਦੇ ਕੋਈ ਕਾਨੂੰਨ, ਕਦੇ ਕਿਸੇ ਕਾਨੂੰਨ ਦੀ ਧਾਰਾ, ਇੰਨੇ ਬਦਲਾਅ ਹੋਏ ਹਨ ਪਰ ਫਿਰ ਵੀ ਇਹ ਕੰਮ ਖਤਮ ਨਹੀਂ ਹੋ ਰਿਹਾ। ਹੁਣ 1 ਅਪ੍ਰੈਲ 2025 ਤੋਂ ਇਸ ਜੀ ਐਸ ਟੀ ਵਿੱਚ ਇੱਕ ਨਵਾਂ ਭਾਗ ਜੋੜਿਆ ਗਿਆ ਹੈ, ਉਹ ਵਪਾਰੀ ਜਿਨ੍ਹਾਂ ਦੀ ਵਿਕਰੀ ਰੁਪਏ ਹੈ। 10 ਕਰੋੜ ਜਾਂ ਇਸ ਤੋਂ ਵੱਧ ਦੇ ਮਾਲਕਾਂ ਨੂੰ ਆਈ ਆਰ ਪੀ ਯਾਨੀ ਇਨਵੌਇਸ ਰਜਿਸਟ੍ਰੇਸ਼ਨ ਪੋਰਟਲ 'ਤੇ 30 ਦਿਨਾਂ ਦੇ ਅੰਦਰ ਈ-ਇਨਵਾਇਸ ਜਮ੍ਹਾ ਕਰਨਾ ਹੋਵੇਗਾ। ਜੇਕਰ ਵਪਾਰੀ ਪੋਰਟਲ 'ਤੇ ਈ-ਇਨਵਾਇਸ ਅਪਲੋਡ ਕਰਨ ਵਿੱਚ ਅਸਮਰੱਥ ਹੁੰਦਾ ਹੈ, ਤਾਂ ਉਸ ਬਿੱਲ ਨੰਬਰ ਨੂੰ ਰੱਦ ਮੰਨਿਆ ਜਾਵੇਗਾ ਅਤੇ ਇਸ ਦੇ ਲਈ ਕੋਈ ਦਾਅਵਾ ਪ੍ਰਾਪਤ ਨਹੀਂ ਕੀਤਾ ਜਾਵੇਗਾ। ਪਹਿਲਾਂ ਇਹ ਕਾਨੂੰਨ ਉਨ੍ਹਾਂ ਵਪਾਰੀਆਂ 'ਤੇ ਲਾਗੂ ਹੁੰਦਾ ਸੀ ਜਿਨ੍ਹਾਂ ਦੀ ਵਿਕਰੀ 100 ਕਰੋੜ ਰੁਪਏ ਤੋਂ ਵੱਧ ਸੀ। ਇਸ ਖੇਤਰ ਦੇ ਮਸ਼ਹੂਰ ਸੀਨੀਅਰ ਵਕੀਲ ਆਦੇਸ਼ ਅਗਨੀਹੋਤਰੀ ਨੇ ਸਰਕਾਰ ਨੂੰ ਇਸ ਕਾਨੂੰਨ ਨੂੰ ਵਾਪਸ ਲੈਣ ਦੀ ਅਪੀਲ ਕੀਤੀ ਹੈ, ਇਹ ਕਹਿੰਦੇ ਹੋਏ ਕਿ ਇਸ ਨਾਲ ਸਮੇਂ ਦੀ ਬਰਬਾਦੀ ਅਤੇ ਬੇਲੋੜੀ ਕਾਗਜ਼ੀ ਕਾਰਵਾਈ ਤੋਂ ਇਲਾਵਾ ਕੁਝ ਨਹੀਂ ਹੋਵੇਗਾ। ਇਸ ਅਨੁਸਾਰ, ਸਾਰੇ ਕ੍ਰੈਡਿਟ ਨੋਟ ਜਾਂ ਡੈਬਿਟ ਨੋਟ ਇਨਵਾਇਸ ਪੋਰਟਲ 'ਤੇ ਅਪਲੋਡ ਕਰਨੇ ਪੈਣਗੇ। ਇਸ ਨਾਲ ਨਾ ਸਿਰਫ਼ ਕਾਰੋਬਾਰੀ ਦਾ ਸਮਾਂ ਬਰਬਾਦ ਹੋਵੇਗਾ, ਸਗੋਂ ਉਸਦੇ ਅਕਾਊਂਟੈਂਟ, ਸੀ ਏ ਜਾਂ ਵਕੀਲ ਦੀਆਂ ਫੀਸਾਂ ਵਿੱਚ ਵੀ ਬੇਲੋੜਾ ਵਾਧਾ ਹੋਵੇਗਾ। ਜਿਸ ਵਪਾਰੀ ਦੀ ਵਿਕਰੀ 10 ਕਰੋੜ ਰੁਪਏ ਤੋਂ ਵੱਧ ਹੋਣ ਵਾਲੀ ਹੈ, ਉਸ ਨੂੰ ਵੀ 30 ਦਿਨਾਂ ਦੇ ਅੰਦਰ ਸਾਰੇ ਬਿੱਲ ਅਪਲੋਡ ਕਰਨੇ ਸ਼ੁਰੂ ਕਰਨੇ ਪੈਣਗੇ। ਐਡਵੋਕੇਟ ਅਗਨੀਹੋਤਰੀ ਨੇ ਕਿਹਾ ਕਿ ਜੇਕਰ ਕੋਈ ਵਪਾਰੀ ਬਿੱਲ ਅਪਲੋਡ ਕਰਨ ਵਿੱਚ ਅਸਮਰੱਥ ਹੁੰਦਾ ਹੈ ਅਤੇ ਕੋਈ ਬਿੱਲ ਗਲਤੀ ਨਾਲ ਰਹਿ ਜਾਂਦਾ ਹੈ, ਤਾਂ ਉਸ ਨੂੰ ਬਿੱਲ ਦਾ ਦਾਅਵਾ ਨਹੀਂ ਮਿਲੇਗਾ ਯਾਨੀ ਉਸ ਦਾ ਆਈ ਟੀ ਸੀ ਇਨਪੁਟ ਕ੍ਰੈਡਿਟ ਰੱਦ ਕਰ ਦਿੱਤਾ ਜਾਵੇਗਾ ਅਤੇ ਅਜਿਹੀ ਸਥਿਤੀ ਵਿੱਚ ਵੇਚਣ ਵਾਲੇ ਵਪਾਰੀ ਅਤੇ ਖਰੀਦਣ ਵਾਲੇ ਵਪਾਰੀ ਵਿਚਕਾਰ ਸਬੰਧ ਵਿਗੜ ਸਕਦੇ ਹਨ। ਅਜਿਹੀ ਸਥਿਤੀ ਵਿੱਚ, ਸਾਰੇ ਕਾਰੋਬਾਰੀਆਂ ਨੂੰ ਅਕਾਊਂਟੈਂਟ ਨਾਲ ਬੈਠਣਾ ਪਵੇਗਾ ਅਤੇ ਸਾਰੇ ਬਿੱਲ ਬਹੁਤ ਧਿਆਨ ਨਾਲ ਅਪਲੋਡ ਕਰਨੇ ਪੈਣਗੇ।

# ਹੈਰੋਇਨ, ਡਰੱਗ ਮਨੀ ਸਮੇਤ ਨਸ਼ਾ ਤਸਕਰ ਕਾਬੂ

**ਗੁਰਦਾਸਪੁਰ (ਜਨਕ ਮਹਾਜਨ)-** ਪੰਜਾਬ ਸਰਕਾਰ ਵਲੋਂ ਨਸ਼ਿਆਂ ਖ਼ਿਲਾਫ਼ ਵਿੱਢੇ ਯੁੱਧ ਤਹਿਤ ਜ਼ਿਲ੍ਹਾ ਪੁਲਸ ਮੁਖੀ ਗੁਰਦਾਸਪੁਰ ਦੇ ਦਿਸ਼ਾ ਨਿਰਦੇਸ਼ਾਂ 'ਤੇ ਨਸ਼ਾ ਤਸਕਰਾਂ ਖ਼ਿਲਾਫ਼ ਸਖਤੀ ਨਾਲ ਸ਼ਿਕੰਜਾ ਕੱਸਿਆ ਜਾ ਰਿਹਾ ਹੈ। ਨਸ਼ਿਆਂ ਨੂੰ ਜੜ੍ਹ ਤੋਂ ਖ਼ਤਮ ਕਰਨ ਦੇ ਮੰਤਵ ਨਾਲ ਕਾਰਵਾਈ ਕਰਦਿਆਂ ਥਾਣਾ ਪੁਰਾਣਾ ਸ਼ਾਲਾ ਪੁਲਸ ਨੇ ਇਕ ਵਿਅਕਤੀ ਨੂੰ ਨਸ਼ੇ ਸਮੇਤ ਕਾਬੂ ਕੀਤਾ ਹੈ। ਇਸ ਸਬੰਧੀ ਥਾਣਾ ਪੁਰਾਣਾ ਸ਼ਾਲਾ ਦੇ ਐਸ.ਐਚ.ਓ. ਦੀਪਕਾ ਨੇ ਦੱਸਿਆ ਕਿ ਏ.ਐਸ.ਆਈ. ਗੁਰਨਾਮ ਸਿੰਘ ਨੇ ਆਪਣੇ ਸਾਥੀ ਕਰਮਚਾਰੀਆਂ ਦੇ ਨਾਲ ਪਿੰਡ ਭੱਟੀਆ ਨਜ਼ਦੀਕ ਗੁਦਾਮ ਤੋਂ ਯੋਧ ਰਾਜ ਪੁੱਤਰ ਸਿੰਦਰਪਾਲ ਵਾਸੀ ਚਾਵਾ ਨੂੰ ਸ਼ੱਕ ਦੇ ਆਧਾਰ 'ਤੇ ਕਾਬੂ ਕਰਕੇ ਉਸ ਪਾਸੋਂ ਬਰਾਮਦ ਮੋਮੀ ਲਿਫਾਫੇ ਨੂੰ ਚੈਕ ਕੀਤਾ ਜਿਸ ਵਿਚੋਂ 5 ਗ੍ਰਾਮ ਹੈਰੋਇਨ, ਇਕ ਹਜ਼ਾਰ ਰੁਪਏ ਡਰੱਗ ਮਨੀ ਬਰਾਮਦ ਹੋਈ ਹੈ। ਥਾਣਾ ਪੁਰਾਣਾ ਸ਼ਾਲਾ ਪੁਲਸ ਨੇ ਯੋਧ ਰਾਜ ਖ਼ਿਲਾਫ਼ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਅਰੰਭ ਕਰ ਦਿੱਤੀ ਹੈ।

# ਮੀਡੀਆ ਭਾਰਤੀ ਫੌਜ ਸੰਬੰਧੀ ਕੋਈ ਵੀ ਮੂਵਮੈਂਟ ਸਾਂਝੀ ਨਾ ਕਰੇ : ਡੀ ਸੀ



**ਗੁਰਦਾਸਪੁਰ (ਜਨਕ ਮਹਾਜਨ)-** ਡਿਪਟੀ ਕਮਿਸ਼ਨਰ ਗੁਰਦਾਸਪੁਰ ਦਲਵਿੰਦਰਜੀਤ ਸਿੰਘ ਨੇ ਪ੍ਰੈਸ ਨੂੰ ਬਿਆਨ ਜਾਰੀ ਕਰਦਿਆਂ ਕਿਹਾ ਕਿ ਮੀਡੀਆ ਨੂੰ ਭਾਰਤੀ ਫ਼ੌਜ, ਬੀ.ਐੱਸ.ਐੱਫ ਜਾਂ ਕਿਸੇ ਹੋਰ ਸੁਰੱਖਿਆ ਫੋਰਸ ਦੀ ਕੋਈ ਵੀ ਮੂਵਮੈਂਟ, ਤਾਇਨਾਤੀ, ਸਰਹੱਦ ਉੱਪਰ ਬਣੇ ਮੋਰਚਿਆਂ ਆਦਿ ਨੂੰ ਮੀਡੀਆ ਵਿੱਚ ਬਿਲਕੁਲ ਨਾ ਦਿਖਾਇਆ ਜਾਵੇ। ਇਸ ਤੋਂ ਇਲਾਵਾ ਸੋਸ਼ਲ ਮੀਡੀਆ ਦੇ ਸਾਥੀਆਂ ਨੂੰ ਵੀ ਅਪੀਲ ਹੈ ਕਿ ਉਹ ਵੀ ਅਜਿਹੀ ਕਿਸੇ ਵੀ ਕਵਰੇਜ ਨੂੰ ਨਾ ਕਰਨ। ਇਸ ਨੂੰ ਬੇਹੱਦ ਜ਼ਰੂਰੀ ਸਮਝਿਆ ਜਾਵੇ। ਸਗੋਂ ਆਮ ਲੋਕਾਂ ਨੂੰ ਵੀ ਸੁਚੇਤ ਕੀਤਾ ਜਾਵੇ ਕਿ ਸੜਕਾਂ ਰਾਹੀਂ ਲੰਘਣ ਵਾਲੀਆਂ ਫੌਜੀ ਕਾਨਵਾਈਆਂ ਦੀ ਵੀਡੀਓ ਬਣਾ ਕੇ ਸੋਸ਼ਲ ਮੀਡੀਆ ਉੱਪਰ ਬਿਲਕੁਲ ਸਾਂਝੀ ਨਾ ਕੀਤੀ ਜਾਵੇ।

# ਸ਼ਹਿਰੀ ਖੇਤਰ ਦੇ ਨਾਲ-ਨਾਲ ਪਿੰਡਾਂ ਅੰਦਰ ਵੀ ਭਾਜਪਾ ਦਿਨੋ-ਦਿਨ ਹੋਰ ਮਜ਼ਬੂਤ ਹੋ ਰਹੀ : ਹੀਰਾ ਵਾਲੀਆ




**ਬਟਾਲਾ (ਤਰਲੋਕ ਬੱਗਾ)-** ਅੱਜ ਭਾਜਪਾ ਵੱਲੋਂ ਚੱਲ ਰਹੇ ਸੰਗਠਨ ਪ੍ਰਵ ਦੇ ਸੰਬੰਧ 'ਚ ਜ਼ਿਲ੍ਹਾ ਬਟਾਲਾ ਦੇ ਪ੍ਰਧਾਨ ਹਰਸਿਮਰਨ ਸਿੰਘ ਦੀ ਪ੍ਰਧਾਨਗੀ ਹੇਠ ਬੈਠਕ ਹੋਈ। ਜਿਸ ਵਿੱਚ ਪੰਜਾਬ ਭਾਜਪਾ ਦੇ ਵਾਇਸ ਪ੍ਰਧਾਨ ਫਤਿਹਜੰਗ ਸਿੰਘ ਬਾਜਵਾ ਅਤੇ ਜ਼ਿਲ੍ਹਾ ਬਟਾਲਾ ਦੇ ਚੋਣ ਅਧਿਕਾਰੀ ਨਰੇਸ਼ ਸ਼ਰਮਾ ਵਿਸ਼ੇਸ਼ ਰੂਪ 'ਚ ਸ਼ਾਮਿਲ ਹੋਏ। ਇਸ ਮੌਕੇ ਵਿਧਾਨ ਸਭਾ ਹਲਕਾ ਬਟਾਲਾ ਤੋਂ ਸਿਟੀ ਮੰਡਲ ਪ੍ਰਧਾਨ ਬਲਵਿੰਦਰ ਕੁਮਾਰ ਮਹਿਤਾ ਨੂੰ ਬਣਾਇਆ ਗਿਆ। ਇਸ ਤੋਂ ਇਲਾਵਾ ਵਿਧਾਨ ਸਭਾ ਹਲਕਾ ਸ਼੍ਰੀਹਰਗੋਬਿੰਦਪੁਰ ਸਾਹਿਬ ਤੋਂ ਚਾਰੇ ਮੰਡਲ ਪ੍ਰਧਾਨ ਨਿਯੁਕਤ ਕੀਤੇ ਗਏ ਜਿਨ੍ਹਾਂ ਵਿੱਚ ਮੰਡਲ ਮਚਰਾਵਾ ਤੋਂ ਗੁਰਬਾਜ ਸਿੰਘ, ਮੰਡਲ ਹਰਚੋਵਾਲ ਤੋਂ ਸਿਕੰਦਰ ਸਿੰਘ, ਮੰਡਲ ਸ਼੍ਰੀਹਰਗੋਬਿੰਦਪੁਰ ਸਿਟੀ ਤੋਂ ਨਵਤੇਜ ਸਿੰਘ, ਮੰਡਲ ਘੁਮਾਣ ਤੋਂ ਪਲਵਿੰਦਰ ਸਿੰਘ ਚੀਮਾ ਨੂੰ ਨਿਯੁਕਤ ਕੀਤਾ ਗਿਆ। ਇਸ ਮੌਕੇ ਗੱਲਬਾਤ ਕਰਦਿਆਂ ਫਤਿਹਜੰਗ ਸਿੰਘ ਬਾਜਵਾ ਅਤੇ ਨਰੇਸ਼ ਸ਼ਰਮਾ ਨੇ ਕਿਹਾ ਕਿ ਜ਼ਿਲ੍ਹਾ ਪ੍ਰਧਾਨ ਹੀਰਾ ਵਾਲੀਆ ਦੀ ਅਗਵਾਈ ਹੇਠ ਪਾਰਟੀ ਦੇ ਸਾਰੇ ਆਗੂ ਬੜੀ ਹੀ ਤਨਦੇਹੀ ਅਤੇ ਮਿਹਨਤ ਨਾਲ ਪਾਰਟੀ ਲਈ ਕੰਮ ਕਰ ਰਹੇ ਹਨ। ਉਹਨਾਂ ਕਿਹਾ ਕਿ ਅੱਜ ਜੋ ਮੰਡਲ ਪ੍ਰਧਾਨ ਬਣਾਏ ਗਏ ਹਨ ਉਹਨਾਂ ਨੂੰ ਬਹੁਤ ਬਹੁਤ ਵਧਾਈ ਅਤੇ ਇਕ ਹੀ ਅਪੀਲ ਕਰਦਾ ਹਾਂ ਕਿ ਪੂਰੀ ਮਿਹਨਤ ਨਾਲ ਪਾਰਟੀ ਲਈ ਕੰਮ ਕਰੋ ਅਤੇ ਪਾਰਟੀ ਦਾ ਝੰਡਾ ਬੁਲੰਦ ਕਰੋ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਹੀਰਾ ਵਾਲੀਆ ਨੇ ਕਿਹਾ ਕਿ ਚੋਣ ਅਧਿਕਾਰੀ ਨਰੇਸ਼ ਸ਼ਰਮਾ ਵਲੋਂ ਪਾਰਟੀ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਅੱਜ ਜੋ ਨਿਯੁਕਤੀਆਂ ਕੀਤੀਆਂ ਗਈਆਂ ਹਨ ਉਹ ਸੁਆਗਤ ਯੋਗ ਹਨ ਅਤੇ ਸਾਡਾ ਸਾਰਿਆਂ ਦਾ ਇੱਕੋ ਇਕ ਮਕਸਦ ਹੈ ਕਿ ਪੂਰੀ ਮਿਹਨਤ ਨਾਲ ਪਾਰਟੀ ਲਈ ਕੰਮ ਕਰੀਏ ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਪਾਰਟੀ ਦੇ ਰਾਸ਼ਟਰੀ ਪ੍ਰਧਾਨ ਜੇ.ਪੀ ਨੱਡਾ ਅਤੇ ਪੰਜਾਬ ਪ੍ਰਧਾਨ ਸੁਨੀਲ ਜਾਖੜ ਦੀ ਅਗਵਾਈ ਹੇਠ ਪਾਰਟੀ ਦੀ ਬੇਹਤਰੀ ਲਈ ਕੰਮ ਕਰੀਏ ਤਾਂ ਜੋ 2027 ਦੀਆਂ ਵਿਧਾਨ ਸਭਾ ਚੋਣਾਂ ਵਿਚ ਪਾਰਟੀ ਹੋਰ ਮਜ਼ਬੂਤ ਹੋ ਕੇ ਸਾਹਮਣੇ ਆਵੇ। ਇਸ ਮੌਕੇ ਜਿਲਾ ਜਨਰਲ ਸੈਕਟਰੀ ਰੋਸ਼ਨ ਲਾਲ, ਵਾਈਸ ਪ੍ਰਧਾਨ ਸ਼ਕਤੀ ਸ਼ਰਮਾ, ਪਲਵਿੰਦਰ ਚੌਧਰੀ, ਰਮੇਸ਼ ਅਗਰਵਾਲ, ਨਰੇਸ਼ ਅਗਰਵਾਲ, ਐਕਸ ਐਮ,ਸੀ ਸੁਰਿੰਦਰ ਕੁਮਾਰ, ਵਿਜੇ ਭਾਟੀਆ, ਸੰਦੀਪ ਆਜ਼ਾਦ, ਵਿੱਕੀ ਕੌਸ਼ਲ ਹੋਰ ਵੀ ਬੀਜੇਪੀ ਦੇ ਸੀਨੀਅਰ ਕਾਰਜ ਕਰਤਾ ਮੌਜੂਦ ਸਨ।

# 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ 'ਚ ਡੀ ਐੱਸ ਪੀ ਸਿਟੀ ਨਿਭਾਈਆਂ ਵਧੀਆ ਸੇਵਾਵਾਂ ਸਦਕਾ ਸਨਮਾਨਤ



**ਝਬਾਲ (ਹਰਜਿੰਦਰ ਸਿੰਘ ਸੋਨੀ)-** ਪੰਜਾਬ ਸਰਕਾਰ ਵੱਲੋਂ ਨਸ਼ਿਆਂ ਨੂੰ ਖਤਮ ਕਰਨ ਤਾਹਿਤ ਯੁੱਧ ਨਸ਼ਿਆਂ ਵਿਰੁੱਧ, ਦਿੱਤੇ ਸਖ਼ਤ ਆਦੇਸ਼ਾਂ ਅਤੇ ਡੀ ਜੀ ਪੀ ਗੌਰਵ ਯਾਦਵ ਦੇ ਨਿਰਦੇਸ਼ਾਂ ਹੇਠ ਜ਼ਿਲ੍ਹਾ ਪੁਲਸ ਤਰਨਤਾਰਨ ਦੇ ਐੱਸ ਐੱਸ ਪੀ ਅਭਿਮੰਨਿਊ ਰਾਣਾ ਦੀ ਅਗਵਾਈ ਹੇਠ ਜ਼ਿਲ੍ਹੇ 'ਚ ਭੈੜੇ ਅਨਸਰਾਂ ਅਤੇ ਨਸ਼ਿਆਂ ਨੂੰ ਖਤਮ ਕਰਨ ਲਈ ਵਿੱਢੀ ਮੁਹਿੰਮ ਵਿੱਚ ਰਿਪੁਤਾਪਨ ਸਿੰਘ ਡੀ ਐਸ ਪੀ (ਪੀ ਪੀ ਐਸ ) ਸਬ ਡਵੀਜਨ ਤਰਨਤਾਰਨ ਵੱਲੋਂ ਨਿਭਾਈਆਂ ਜਾ ਰਹੀਆਂ ਵਧੀਆ ਸੇਵਾਵਾਂ ਸਦਕਾ ਉਨ੍ਹਾਂ ਨੂੰ ਉੱਘੇ ਸਮਾਜ ਸੇਵਕ ਤੇ ਉਦਯੋਗਪਤੀ ਜਥੇਦਾਰ ਸੁਖਰਾਜ ਸਿੰਘ ਕਾਲਾ ਗੰਡੀਵਿੰਡ ਵੱਲੋਂ ਵਿਸ਼ੇਸ਼ ਤੌਰ ਤੇ ਸਨਮਾਨਤ ਕੀਤਾ ਗਿਆ।ਇਸ ਮੌਕੇ ਡੀ ਐਸ ਪੀ ਰਿਪੁਤਾਪਨ ਸਿੰਘ ਨੇ ਸੁਖਰਾਜ ਸਿੰਘ ਕਾਲਾ ਗੰਡੀਵਿੰਡ ਨਾਲ ਸਰਹੱਦੀ ਇਲਾਕੇ ਵਿੱਚ ਨਸ਼ਿਆਂ ਦੇ ਗੰਭੀਰ ਮੁੱਦੇ ਤੇ ਵਿਚਾਰ ਚਰਚਾ ਕਰਦਿਆਂ ਨੂੰ ਵਿਸ਼ਵਾਸ ਦਿਵਾਇਆ ਕਿ ਉਹ ਆਪਣੀ ਡਿਊਟੀ ਨੂੰ ਪੂਰੀ ਤਨਦੇਹੀ ਤੇ ਇਮਾਨਦਾਰੀ ਨਾਲ ਨਿਭਾ ਰਹੇ ਹਨ ਤੇ ਹਮੇਸ਼ਾ ਨਿਭਾਉਂਦੇ ਰਹਿਣਗੇ।ਜਦ ਕਿ ਇਸ ਮੌਕੇ ਰੀਡਰ ਕੰਵਰ ਦੀਪ ਸਿੰਘ,ਹਰਦੀਪ ਸਿੰਘ ਝਬਾਲ ਪ੍ਰਧਾਨ ਪ੍ਰੈੱਸ ਫੀਲਡ ਜਰਨਲਿਸਟ ਐਸੋਸੀਏਸ਼ਨ ਸਰਕਲ ਝਬਾਲ, ਪ੍ਰਗਟ ਸਿੰਘ ਪੰਡੋਰੀ ਸਿੱਧਵਾਂ,ਪ੍ਰਧਾਨ ਰੋਸ਼ਨ ਸਿੰਘ ਸ਼ੋਹਰਤਾਂ ਗੰਡੀਵਿੰਡ ਵੀ ਮੌਜੂਦ ਸਨ।

# ਰਾਮ ਮੰਦਰ ਦੀ ਨਵੀਂ ਇਮਾਰਤ ਵਾਸਤੇ ਡਡਵਾਲ ਪਰਵਾਰ ਨੇ 1 ਲੱਖ, 1 ਹਜ਼ਾਰ ਰੁਪਏ ਕਮੇਟੀ ਨੂੰ ਕੀਤੇ ਦਾਨ

**ਗੁਰਦਾਸਪੁਰ (ਜਨਕ ਮਹਾਜਨ)-** ਸ੍ਰੀ ਰਾਮ ਮੰਦਰ (ਚਾਵਾ) ਨਵਾਂ ਨੌਸ਼ਹਿਰਾ ਜ਼ਿਲ੍ਹ ਗੁਰਦਾਸਪੁਰ ਦੀ ਬਣ ਰਹੀ ਨਵੀਂ ਇਮਾਰਤ ਵਾਸਤੇ ਇਕ ਲੱਖ 1 ਹਜ਼ਾਰ ਰੁਪਏ ਡਡਵਾਲ ਪਰਵਾਰ ਵਲੋਂ ਕਮੇਟੀ ਨੂੰ ਦਾਨ ਕੀਤੇ ਗਏ ਹਨ। ਇਸ ਸਬੰਧੀ ਪ੍ਰਧਾਨ ਰਜੇਸ਼ ਕੁਮਾਰ ਮਿਨਹਾਸ, ਖਜਾਨਚੀ ਸੂਬੇਦਾਰ ਬਲਵਿੰਦਰ ਸਿੰਘ ਪਠਾਨੀਆ, ਪੁਸ਼ਪਿੰਦਰ ਸਿੰਘ ਕਾਟਲ, ਠਾਕੁਰ ਗੋਪਾਲ ਸਿੰਘ ਕਾਟਨ ਨੇ ਦੱਸਿਆ ਕਿ ਪੁਰਾਣਾ ਮੰਦਰ 40 ਸਾਲ ਪੁਰਾਣਾ ਸੀ ਅਤੇ ਕਮੇਟੀ ਨੇ ਇਸ ਮੰਦਰ ਦੀ ਨਵੀਂ ਇਮਾਰਤ ਉੱਤੇ 25 ਲੱਖ ਰੁਪਏ ਖਰਚਣ ਦਾ ਟੀਚਾ ਰੱਖਿਆ ਹੈ ਜਿਸ ਦਾ ਕੰਮ ਜੰਗੀ ਪੱਧਰ 'ਤੇ ਚੱਲ ਰਿਹਾ ਹੈ। ਉਨ੍ਹਾਂ ਦੱਸਿਆ ਕਿ ਪਿੰਡ ਦੇ ਸ਼ਰਧਾਲੂ ਅਭਿਸ਼ੇਕ ਡਡਵਾਲ ਪੁੱਤਰ ਨਰੇਸ਼ ਡਡਵਾਲ ਅਤੇ ਉਹਨਾਂ ਦੇ ਧਰਮ ਪਤਨੀ ਨੇ ਮੰਦਰ ਲਈ ਇਕ ਲੱਖ, 1 ਹਜ਼ਾਰ ਰੁਪਏ ਨਕਦ ਰਾਸ਼ੀ ਦਾਨ ਵਜੋਂ ਦਿੱਤੀ ਹੈ। ਇਸ ਮੌਕੇ ਅਜੇ ਕੁਮਾਰ, ਰਾਜੂ ਪਠਾਨੀਆ, ਮੰਗਾ ਮਿਨਹਾਸ, ਗੁਰਦੇਵ ਸਿੰਘ ਕਾਟਲ ਆਦਿ ਹਾਜ਼ਰ ਸਨ।

# ਗਿਆਰ੍ਹਵੀਂ ਜਮਾਤ 'ਚ ਦਾਖ਼ਲੇ ਲਈ ਮਾਪੇ-ਅਧਿਆਪਕ ਮਿਲਣੀ ਕਰਵਾਈ




**ਬਟਾਲਾ (ਡਾਕਟਰ ਮਲਵਿੰਦਰ ਸਿੰਘ)-** ਸਿੱਖਿਆ ਵਿਭਾਗ ਦੇ ਦਿਸ਼ਾ-ਨਿਰਦੇਸ਼ਾਂ ਅਧੀਨ ਚੌਧਰੀ ਜੈ ਮੁਨੀ ਮੈਮੋਰੀਅਲ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਦੀਨਾਨਗਰ ਵਿਖੇ ਹੁਨਰ ਸਿੱਖਿਆ ਸਕੂਲਜ਼ ਤਹਿਤ ਗਿਆਰ੍ਹਵੀਂ ਜਮਾਤ ਵਿੱਚ ਵਿਦਿਆਰਥੀਆਂ ਦੇ ਦਾਖ਼ਲੇ ਲਈ ਮਾਪੇ-ਅਧਿਆਪਕ ਮਿਲ਼ਨੀ ਕਾਰਵਾਈ ਗਈ। ਇਸ ਮਾਪੇ-ਅਧਿਆਪਕ ਮਿਲਣੀ ਵਿੱਚ ਵੱਡੀ ਗਿਣਤੀ ਵਿੱਚ ਵਿਦਿਆਰਥੀ ਅਤੇ ਉਹਨਾਂ ਦੇ ਮਾਤਾ-ਪਿਤਾ ਨੇ ਭਾਗ ਲਿਆ। ਸਿੱਖਿਆ ਵਿਭਾਗ ਵਿੱਚ ਇਸ ਪ੍ਰੋਗਰਾਮ ਨੂੰ ਲੀਡ ਕਰ ਰਹੇ ਸ਼ਾਹਨਵਾਜ਼ ਉਚੇਚੇ 'ਤੇ ਹਾਜ਼ਰ ਹੋਏ ਅਤੇ ਵਿਦਿਆਰਥੀਆਂ ਨੂੰ ਹੁਨਰ ਸਿੱਖਿਆ ਪ੍ਰੇਰਿਤ ਕੀਤਾ। ਇਸ ਸਮੇਂ ਸਟੇਟ ਅਵਾਰਡੀ ਜ਼ਿਲ੍ਹਾ ਸਿੱਖਿਆ ਅਫ਼ਸਰ (ਸ) ਗੁਰਦਾਸਪੁਰ ਰਾਜੇਸ਼ ਸ਼ਰਮਾ ਨੇ ਵਿਦਿਆਰਥੀਆਂ ਅਤੇ ਉਹਨਾਂ ਦੇ ਮਾਤਾ-ਪਿਤਾ ਨੂੰ ਹੁਨਰ ਸਿੱਖਿਆ ਲਈ ਪ੍ਰੇਰਿਤ ਕਰਦੇ ਹੋਏ ਦੱਸਿਆ ਕਿ ਅਜੋਕੇ ਸਮੇਂ ਵਿਦਿਆਰਥੀ ਹੁਨਰ ਸਿੱਖਿਆ ਰਾਹੀਂ ਆਪਣਾ ਭਵਿਖ ਬਣਾ ਸਕਦੇ ਹਨ ਅਤੇ ਵਧੀਆ ਤਨਖਾਹ ਵਾਲ਼ੀਆਂ ਨੌਕਰੀਆਂ ਪ੍ਰਾਪਤ ਕਰ ਸਕਦੇ ਹਨ। ਇਸ ਸਮੇਂ ਪ੍ਰਿੰਸੀਪਲ ਰਾਜਵਿੰਦਰ ਕੌਰ ਨੇ ਵਿਦਿਆਰਥੀਆਂ ਨੂੰ ਹੁਨਰ ਸਿੱਖਿਆ ਦੀਆਂ ਵੱਖ-ਵੱਖ ਟ੍ਰੇਡਾਂ ਬਾਰੇ ਜਾਣਕਾਰੀ ਦਿੱਤੀ। ਇਸ ਸਮੇਂ ਹੁਨਰ ਸਕੂਲ ਸਿੱਖਿਆ ਗੁਰਦਾਸਪੁਰ ਦੇ ਕੋਆਰਡੀਨੇਟਰ ਪ੍ਰਦੀਪ ਅਰੋੜਾ ਨੇ ਵੀ ਵਿਦਿਆਰਥੀਆਂ ਨੂੰ ਹੁਨਰ ਸਿੱਖਿਆ ਲਈ ਪ੍ਰੇਰਿਤ ਕੀਤਾ। ਇਸ ਸਮੇਂ ਹੋਰਨਾਂ ਤੋਂ ਇਲਾਵਾ ਹੈਲਥ ਐਂਡ ਕੇਅਰ ਅਧਿਆਪਕਾ ਕਮਲਪ੍ਰੀਤ ਕੌਰ, ਕਮਲਜੀਤ ਕੌਰ, ਦਲਜੀਤ ਕੁਮਾਰੀ, ਗੁਰਦੀਪ ਸਿੰਘ, ਇਕਬਾਲ ਸਿੰਘ ਅਤੇ ਸੁਰਿੰਦਰ ਮੋਹਨ ਹਾਜ਼ਰ ਸਨ।

# ਜੇ ਆਰ ਐੱਸ ਡੀ ਏ ਵੀ ਪਬਲਿਕ ਸਕੂਲ 'ਚ ਵਿਸ਼ਵ ਨ੍ਰਿਤ ਦਿਵਸ ਮਨਾਇਆ



**ਝਬਾਲ (ਹਰਜਿੰਦਰ ਸਿੰਘ ਸੋਨੀ)-** ਜੇ ਆਰ ਐਸ ਡੀ ਏ ਵੀ ਪਬਲਿਕ ਸਕੂਲ ਝਬਾਲ ਵਿਖੇ ਡੀ ਏ ਵੀ ਪ੍ਰਬੰਧਕ ਕਮੇਟੀ ਨਵੀਂ ਦਿੱਲੀ ਦੇ ਪ੍ਰਧਾਨ ਪਦਮ ਸ਼੍ਰੀ ਐਵਾਰਡ ਨਾਲ ਨਿਵਾਜੇ ਆਰਿਆ ਰਤਨ ਪੂਨਮ ਸੂਰੀ,ਚੇਅਰਮੈਨ ਮਹੇਸ਼ ਚੋਪੜਾ, ਨਿਰਦੇਸ਼ਕ ਵੀ ਕੇ ਚੋਪੜਾ, ਆਰ ਓ (ਜ਼ੋਨ ਸੀ) ਦੇ ਹੈਡ ਮੈਡਮ ਡਾਕਟਰ ਅੰਜਨਾ ਗੁਪਤਾ, ਸਕੂਲ ਦੇ ਮੈਨੇਜਰ ਡਾਕਟਰ ਨੀਰਾ ਸ਼ਰਮਾ ਦੇ ਅਸ਼ੀਰਵਾਦ ਅਤੇ ਸਕੂਲ ਦੇ ਪ੍ਰਿੰਸਪਲ ਅਸ਼ਵਨੀ ਕੁਮਾਰ ਦੀ ਯੋਗ ਅਗਵਾਈ ਵਿੱਚ ਬੱਚਿਆਂ ਦੇ ਡਾਂਸ ਮੁਕਾਬਲੇ ਕਰਵਾਏ ਗਏ।ਜਮਾਤ ਪ੍ਰੀ ਨਰਸਰੀ ਤੋਂ ਲੈ ਕੇ ਯੂ ਕੇਜੀ ਤੱਕ ਦੇ ਬੱਚਿਆਂ ਦੀ ਤਿਆਰੀ ਮੈਡਮ ਸੂਚੀ ਸੂਦ, ਮੈਡਮ ਨੀਲਮ ਰਜਨੀ ਅਤੇ ਮੈਡਮ ਸ਼ਸ਼ੀ ਬਾਲਾ ਦੀ ਯੋਗ ਅਗਵਾਈ ਵਿੱਚ ਹੋਈ। ਜਮਾਤ ਪ੍ਰੀ ਨਰਸਰੀ ਵਿੱਚੋਂ ਮਨਸੁੱਖ ਨੇ ਪਹਿਲਾ ਅਤੇ ਅਨਾਇਆ ਨੇ ਦੂਸਰਾ ਸਥਾਨ ਪ੍ਰਾਪਤ ਕੀਤਾ।ਨਰਸਰੀ ਜਮਾਤ ਵਿੱਚੋਂ ਅਵਨੀਤ ਨੇ ਪਹਿਲਾ, ਬਲਜੀਤ ਅਤੇ ਸ਼ੁਭਮ ਨੇ ਦੂਸਰਾ ਅਤੇ ਅਨਵੀ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ।ਜਮਾਤ ਐਲ ਕੇ ਜੀ ਵਿੱਚੋਂ ਹਰਗੁਨ ਕੌਰ ਅਤੇ ਫਤਿਹ ਸਿੰਘ ਨੇ ਪਹਿਲਾ, ਅਨੁਰਾਗ ਵੀਰ ਸਿੰਘ ਨੇ ਦੂਸਰਾ ਤੇ ਗੁਰਮਨਦੀਪ ਕੌਰ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ। ਜਮਾਤ ਯੂਕੇਜੀ ਵਿੱਚੋਂ ਆਰਵ ਨੇ ਪਹਿਲਾ, ਅਨੁਰੀਤ ਕੌਰ ਨੇ ਦੂਸਰਾ, ਆਰਿਆ ਅਤੇ ਅਲਫਾਜ਼ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ।ਇਸੇ ਤਰ੍ਹਾਂ ਜਮਾਤ ਪੰਜਵੀਂ ਤੋਂ ਲੈ ਕੇ ਅੱਠਵੀਂ ਤੱਕ ਦੇ ਮੁਕਾਬਲੇ ਕਰਵਾਏ ਗਏ ।ਇਹ ਮੁਕਾਬਲੇ ਮੈਡਮ ਸੋਨੀਆ ਸ਼ਰਮਾ ਅਤੇ ਮੈਡਮ ਰਾਜਵੀਰ ਕੌਰ ਦੀ ਯੋਗ ਅਗਵਾਈ ਵਿੱਚ ਕਰਵਾਏ ਗਏ।ਇਸ ਮੁਕਾਬਲੇ ਦੇ ਜੱਜ ਸਨ ਮੈਡਮ ਮਨਪ੍ਰੀਤ ਕੌਰ, ਆਰਤੀ ਮਹਾਜਨ, ਤਪੱਸਿਆ, ਮੈਡਮ ਅੰਜਨਾ ਅਤੇ ਮੈਡਮ ਨੇਹਾ ਖੁੱਲਰ।ਜਮਾਤ ਪੰਜਵੀਂ ਅਤੇ ਛੇਵੀਂ ਦੇ ਮੁਕਾਬਲਿਆਂ ਵਿੱਚੋਂ ਜੈਸਮੀਨ ਕੌਰ (ਜਮਾਤ ਪੰਜਵੀਂ) ਨੇ ਪਹਿਲਾ, ਖ਼ੁਸ਼ੀ ਅਤੇ ਨਵਨੀਤ ਕੌਰ (ਜਮਾਤ ਛੇਵੀਂ) ਨੇ ਦੂਜਾ, ਹਰਸੀਰਤ ਕੌਰ ਅਤੇ ਸਮਰਦੀਪ ਸਿੰਘ ਜਮਾਤ ਪੰਜਵੀਂ ਨੇ ਤੀਸਰਾ ਸਥਾਨ ਹਾਸਲ ਕੀਤਾ। ਇਸੇ ਤਰ੍ਹਾਂ ਹੀ ਜਮਾਤ ਸੱਤਵੀਂ ਅਤੇ ਅੱਠਵੀਂ ਵਿੱਚੋਂ ਕੈਟਰੀਨਾ ਮਾਈਕਲ ਅਤੇ ਚਾਹਤਦੀਪ ਕੌਰ (ਜਮਾਤ ਸੱਤਵੀਂ) ਨੇ ਪਹਿਲਾ, ਆਦਿ ਅਤੇ ਜਸਮੀਤ ਕੌਰ (ਜਮਾਤ ਅੱਠਵੀਂ) ਨੇ ਦੂਸਰਾ ਸਥਾਨ ਹਾਸਲ ਕੀਤਾ।ਸਕੂਲ ਦੇ ਪ੍ਰਿੰਸੀਪਲ ਅਸ਼ਵਨੀ ਕੁਮਾਰ ਨੇ ਬੱਚਿਆਂ ਦੀ ਹੌਸਲਾ ਅਫਜ਼ਾਈ ਕੀਤੀ । ਕੋਆਰਡੀਨੇਟਰ ਮੈਡਮ ਰੰਜੂ ਸਚਦੇਵਾ ਨੇ ਵੀ ਬੱਚਿਆਂ ਦੀ ਹੌਸਲਾ ਅਫ਼ਜ਼ਾਈ ਕੀਤੀ ਅਤੇ ਉਨ੍ਹਾਂ ਤੋਂ ਵੱਧ ਤੋਂ ਵੱਧ ਅਜਿਹੇ ਮੁਕਾਬਲਿਆਂ ਵਿੱਚ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ।

# ਡਾ. ਸੋਹਲ ਨੇ ਪਿੰਡ ਬਾਬਾ ਸੈਣ ਭਗਤ ਸੋਹਲ ਵਿਖੇ ਕੀਤੇ ਵਿਕਾਸ ਕਾਰਜਾਂ ਦੇ ਉਦਘਾਟਨ



**ਝਬਾਲ (ਮੱਖਣ ਮਨੋਜ)-** ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਿੱਚ ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ ਵੱਲੋਂ ਬਾਬਾ ਸੈਣ ਭਗਤ ਸੋਹਲ ਵਿਖੇ ਵਿਕਾਸ ਕਾਰਜਾਂ ਦਾ ਉਦਘਾਟਨ ਤਰਨ ਤਾਰਨ ਦੇ ਵਿਧਾਇਕ ਡਾਕਟਰ ਕਸ਼ਮੀਰ ਸਿੰਘ ਸੋਹਲ ਨੇ ਕੀਤਾ। ਪਿੰਡ ਦੀਆਂ ਗਲੀਆਂ ਨੂੰ ਇੰਟਰਲਾਕ ਟਾਈਲਾਂ ਨਾਲ ਪੱਕਾ ਕਰਨ ਉਪਰੰਤ ਉਦਘਾਟਨ ਕਰਦੇ ਹੋਏ ਲੋਕਾਂ ਦੇ ਇਕੱਠ ਨੂੰ ਸੰਬੋਧਨ ਕਰਦੇ ਹੋਏ ਵਿਧਾਇਕ ਡਾਕਟਰ ਸੋਹਲ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪਿੰਡਾਂ ਦੇ ਆਧੁਨਿਕ ਵਿਕਾਸ ਲਈ ਖੁੱਲ੍ਹਦਿਲੀ ਨਾਲ ਫੰਡ ਦਿੱਤੇ ਜਾ ਰਹੇ ਹਨ ਤਾਂ ਜੋ ਪਿੰਡਾਂ ਨੂੰ ਸ਼ਹਿਰਾਂ ਵਾਲੀਆਂ ਸਹੂਲਤਾਂ ਦਿੱਤੀਆਂ ਜਾ ਸਕਣ। ਉਹਨਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪਿੰਡਾਂ ਦੀਆਂ ਗਲੀਆਂ, ਨਾਲੀਆਂ, ਫਿਰਨੀਆਂ ਅਤੇ ਸੰਪਰਕ ਸੜਕਾਂ ਨੂੰ ਪੱਕਾ ਕੀਤਾ ਗਿਆ ਹੈ। ਇਸ ਤੋਂ ਬਿਨਾਂ ਸਿੱਖਿਆ ਕ੍ਰਾਂਤੀ ਤਹਿਤ ਸਕੂਲਾਂ ਨੂੰ ਚਾਰ ਦੀਵਾਰੀਆਂ, ਨਵੇਂ ਕਮਰੇ, ਪਖਾਨੇ, ਲਾਈਬ੍ਰੇਰੀਆਂ, ਖੇਡ ਦੇ ਮੈਦਾਨ ਦੀਆਂ ਸਹੂਲਤਾਂ ਦਿੱਤੀਆਂ ਗਈਆਂ ਹਨ । ਇਸ ਮੌਕੇ ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਮੀਤ ਪ੍ਰਧਾਨ ਐਡਵੋਕੇਟ ਕੋਮਲਪ੍ਰੀਤ ਸਿੰਘ, ਦੇਵ ਸਿੰਘ ਸੋਨੂੰ ਮੀਡੀਆ ਇੰਚਾਰਜ, ਮਾਰਕੀਟ ਕਮੇਟੀ ਝਬਾਲ ਦੇ ਚੇਅਰਮੈਨ ਬਲਵਿੰਦਰ ਸਿੰਘ ਕੋਟ ਸਿਵਿਆਂ ਹਾਜ਼ਰ ਸਨ।

2-May-PAGE-4.qxd 5/2/2025 12:31 AM Page 1

ਨਵਾਂ ਜ਼ਮਾਨਾ
ਸ਼ੁੱਕਰਵਾਰ, 2 ਮਈ 2025

# ਆਪਣੀ ਵਾਰੀ...

26 ਨਵੰਬਰ 2008 ਨੂੰ ਮੁੰਬਈ 'ਚ ਹੋਏ ਅੱਤਵਾਦੀ ਹਮਲੇ ਤੋਂ ਬਾਅਦ ਗੁਜਰਾਤ ਦੇ ਵੇਲੇ ਦੇ ਮੁੱਖ ਮੰਤਰੀ ਨਰਿੰਦਰ ਮੋਦੀ ਨੇ 28 ਨਵੰਬਰ ਨੂੰ ਮੁੰਬਈ 'ਚ ਪ੍ਰੈੱਸ ਕਾਨਫਰੰਸ ਕਰਕੇ ਡਾ. ਮਨਮੋਹਨ ਸਿੰਘ ਦੀ ਸਰਕਾਰ 'ਤੇ ਤਿੱਖੇ ਹਮਲੇ ਕਰਦਿਆਂ ਉਸ ਨੂੰ ਦੇਸ਼ ਦੀ ਰਾਖੀ ਕਰਨ 'ਚ ਨਾਕਾਮ ਰਹਿਣ ਦਾ ਦੋਸ਼ੀ ਠਹਿਰਾਇਆ ਸੀ। ਉਸੇ ਦਿਨ ਭਾਜਪਾ ਨੇ ਅਖਬਾਰਾਂ 'ਚ ਇੱਕ ਇਸ਼ਤਿਹਾਰ ਦੇ ਕੇ ਮਨਮੋਹਨ ਸਰਕਾਰ ਨੂੰ ਕਮਜ਼ੋਰ ਦੱਸਦਿਆਂ 29 ਨਵੰਬਰ ਨੂੰ ਹੋਣ ਵਾਲੀਆਂ ਦਿੱਲੀ ਅਸੈਂਬਲੀ ਦੀਆਂ ਚੋਣਾਂ 'ਚ ਭਾਜਪਾ ਨੂੰ ਵੋਟਾਂ ਪਾਉਣ ਦੀ ਅਪੀਲ ਕੀਤੀ ਸੀ। ਡਾ. ਮਨਮੋਹਨ ਸਿੰਘ ਨੇ 11 ਦਸੰਬਰ ਨੂੰ ਸੰਸਦ ਵਿੱਚ ਖੜ੍ਹੇ ਹੋ ਕੇ ਮੁੰਬਈ ਹਮਲੇ ਲਈ ਦੇਸ਼ ਤੋਂ ਮੁਆਫੀ ਮੰਗੀ। ਉਨ੍ਹਾ ਕਿਹਾ, 'ਮੈਂ ਪੂਰੇ ਦੇਸ਼ ਤੋਂ ਮੁਆਫੀ ਮੰਗਦਾ ਹਾਂ, ਕਿਉਂਕਿ ਅਸੀਂ ਇਸ ਤਰ੍ਹਾਂ ਦੀ ਘਟਨਾ ਨੂੰ ਰੋਕਣ ਵਿੱਚ ਨਾਕਾਮ ਰਹੇ।' ਇਸ ਤੋਂ ਬਾਅਦ ਕੇਂਦਰੀ ਗ੍ਰਹਿ ਮੰਤਰੀ ਸ਼ਿਵਰਾਜ ਪਾਟਿਲ ਤੇ ਮਹਾਰਾਸ਼ਟਰ ਦੇ ਮੁੱਖ ਮੰਤਰੀ ਵਿਲਾਸ ਰਾਓ ਦੇਸ਼ਮੁਖ ਨੇ ਅਸਤੀਫੇ ਵੀ ਦੇ ਦਿੱਤੇ ਸਨ, ਪਰ ਅਜਮਲ ਕਸਾਬ ਨੂੰ ਫੜ ਕੇ ਦੁਨੀਆ ਦੇ ਸਾਹਮਣੇ ਪੇਸ਼ ਕਰਕੇ ਉਸ ਦੇ ਪਾਕਿਸਤਾਨੀ ਹੋਣ ਦਾ ਸਬੂਤ ਦਿੱਤਾ ਗਿਆ ਤੇ ਮੁਕੱਦਮੇ ਦੇ ਬਾਅਦ ਉਸ ਨੂੰ ਫਾਂਸੀ ਦਿੱਤੀ ਗਈ। ਇਸ ਨੇ ਪਾਕਿਸਤਾਨ ਨੂੰ ਵਿਸ਼ਵ ਪੱਧਰ 'ਤੇ ਦਹਿਸ਼ਤਗਰਦੀ ਦੇ ਬਰਾਮਦਕਾਰ ਦੇ ਰੂਪ ਵਿੱਚ ਬੇਨਕਾਬ ਕਰ ਦਿੱਤਾ।

ਹੁਣ ਜਦ ਪਹਿਲਗਾਮ ਹਮਲੇ ਨੂੰ ਲੈ ਕੇ ਸਵਾਲ ਉਠ ਰਹੇ ਹਨ ਤਾਂ ਭਾਜਪਾ ਸਵਾਲ ਕਰਨ ਵਾਲਿਆਂ ਨੂੰ ਦੇਸ਼ਧ੍ਰੋਹੀ ਕਰਾਰ ਦੇ ਰਹੀ ਹੈ। ਨੇਹਾ ਸਿੰਘ ਰਾਠੌਰ ਮਸ਼ਹੂਰ ਭੋਜਪੁਰੀ ਲੋਕ ਗਾਇਕਾ ਹੈ, ਜਿਹੜੀ ਸਮਾਜੀ ਮੁੱਦਿਆਂ 'ਤੇ ਆਪਣੇ ਗੀਤਾਂ ਲਈ ਜਾਣੀ ਜਾਂਦੀ ਹੈ। ਪਹਿਲਗਾਮ ਹਮਲੇ ਦੇ ਬਾਅਦ ਉਸ ਨੇ ਇੱਕ ਵੀਡੀਓ ਵਿੱਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ 'ਤੇ ਨਿਸ਼ਾਨਾ ਵਿੰਨ੍ਹਦਿਆਂ ਕਿਹਾ ਕਿ ਹਮਲੇ ਦੀ ਵਰਤੋਂ ਬਿਹਾਰ ਚੋਣਾਂ ਵਿੱਚ ਸਿਆਸੀ ਲਾਹੇ ਲਈ ਕੀਤੀ ਜਾ ਸਕਦੀ ਹੈ। ਉਸ ਦੀ ਇਸ ਟਿੱਪਣੀ ਨਾਲ ਭਾਵਨਾਵਾਂ ਫੱਟੜ ਹੋ ਗਈਆਂ ਅਤੇ ਲਖਨਊ ਦੇ ਹਜ਼ਰਤਗੰਜ ਥਾਣੇ ਵਿੱਚ ਉਸ ਦੇ ਖਿਲਾਫ ਰਾਸ਼ਟਰਧ੍ਰੋਹ, ਨਫਰਤ ਪੈਦਾ ਕਰਨ ਤੇ ਕੌਮੀ ਅਖੰਡਤਾ ਨੂੰ ਨੁਕਸਾਨ ਪਹੁੰਚਾਉਣ ਵਰਗੇ ਦੋਸ਼ ਲਾ ਕੇ ਐੱਫ ਆਈ ਆਰ ਦਰਜ ਕਰ ਦਿੱਤੀ ਗਈ। ਲਖਨਊ ਯੂਨੀਵਰਸਿਟੀ ਵਿੱਚ ਅਸਿਸਟੈਂਟ ਪ੍ਰੋਫੈਸਰ ਡਾ. ਮਾਦਰੀ ਕਟੂਟੀ ਆਪਣੀਆਂ ਵਿਅੰਗਾਤਮਕ ਸੋਸ਼ਲ ਮੀਡੀਆ ਪੋਸਟਾਂ ਲਈ ਜਾਣੀ ਜਾਂਦੀ ਹੈ। ਉਸ ਨੇ ਪਹਿਲਗਾਮ ਹਮਲੇ ਦੇ ਬਾਅਦ ਪੋਸਟ ਪਾਈ, 'ਧਰਮ ਪੁੱਛ ਕੇ ਗੋਲੀ ਮਾਰਨਾ ਦਹਿਸ਼ਤਗਰਦੀ ਹੈ, ਪਰ ਧਰਮ ਪੁੱਛ ਕੇ ਲਿੰਚ ਕਰਨਾ, ਨੌਕਰੀ ਤੋਂ ਕੱਢਣਾ, ਮਕਾਨ ਨਾ ਦੇਣਾ ਤੇ ਬੁਲਡੋਜ਼ਰ ਚਲਾਉਣਾ ਵੀ ਦਹਿਸ਼ਤਗਰਦੀ ਹੈ।' ਭਾਜਪਾ ਨਾਲ ਜੁੜੀ ਵਿਦਿਆਰਥੀ ਜਥੇਬੰਦੀ ਏ ਬੀ ਵੀ ਪੀ ਨੇ ਯੂਨੀਵਰਸਿਟੀ ਵਿੱਚ ਧਰਨਾ ਦਿੱਤਾ ਤੇ ਐੱਫ ਆਈ ਆਰ ਦਰਜ ਕਰਾਈ। ਯੂਨੀਵਰਸਿਟੀ ਨੇ ਵੀ ਪ੍ਰੋਫੈਸਰ ਨੂੰ ਨੋਟਿਸ ਜਾਰੀ ਕਰ ਦਿੱਤਾ। ਜਿਓਤਿਸ਼ਪੀਠ ਦੇ ਸ਼ੰਕਰਾਚਾਰੀਆ ਸਵਾਮੀ ਅਵਿਮੁਕਤੇਸ਼ਵਰਾਨੰਦ ਨੇ ਪਹਿਲਗਾਮ ਹਮਲੇ 'ਤੇ ਸਵਾਲ ਚੁੱਕਦਿਆਂ ਕਿਹਾ, 'ਜਦ ਸਾਡੇ ਘਰ ਵਿੱਚ ਚੌਕੀਦਾਰ ਹੈ ਤੇ ਘਟਨਾ ਹੁੰਦੀ ਹੈ ਤਾਂ ਸਭ ਤੋਂ ਪਹਿਲਾਂ ਚੌਕੀਦਾਰ ਨੂੰ ਫੜਾਂਗੇ, ਪਰ ਇੱਥੇ ਅਜਿਹਾ ਕੁਝ ਨਹੀਂ ਹੋ ਰਿਹਾ।' ਜ਼ਾਹਰ ਹੈ ਕਿ ਉਹ ਪ੍ਰਧਾਨ ਮੰਤਰੀ ਮੋਦੀ 'ਤੇ ਨਿਸ਼ਾਨਾ ਲਾ ਰਹੇ ਸਨ। ਉਧਰ, ਗੋਵਰਧਨ ਮੱਠ ਪੁਰੀ ਦੇ ਸ਼ੰਕਰਾਚਾਰੀਆ ਸਵਾਮੀ ਨਿਸ਼ਚਲਾਨੰਦ ਨੇ ਤਾਂ ਕੁਝ ਮਹੀਨੇ ਪਹਿਲਾਂ ਮੋਦੀ ਨੂੰ ਦਹਿਸ਼ਤਗਰਦੀ ਦਾ ਹਾਮੀ ਕਹਿ ਦਿੱਤਾ ਸੀ। ਉਨ੍ਹਾ ਕਿਹਾ ਸੀ ਕਿ ਜੇ ਦੇਸ਼ ਵਿੱਚ ਮਜ਼ਬੂਤ ਨਿਆਂ ਵਿਵਸਥਾ ਹੁੰਦੀ ਤਾਂ ਮੋਦੀ ਤੇ ਯੋਗੀ ਜੇਲ੍ਹ ਵਿੱਚ ਹੁੰਦੇ, ਪਰ ਇਨ੍ਹਾਂ ਸ਼ੰਕਰਾਚਾਰੀਆਂ ਖਿਲਾਫ ਕੋਈ ਕਾਰਵਾਈ ਨਹੀਂ ਹੋਈ। ਸਾਫ ਹੈ ਕਿ ਸਰਕਾਰ ਚੋਣਵੇਂ ਲੋਕਾਂ ਨੂੰ ਨਿਸ਼ਾਨਾ ਬਣਾ ਰਹੀ ਹੈ।

ਸਭ ਤੋਂ ਵੱਡਾ ਸਵਾਲ ਹੈ ਕਿ ਕੀ ਸਰਕਾਰ ਦੀ ਆਲੋਚਨਾ ਦੇਸ਼ ਦੀ ਆਲੋਚਨਾ ਹੈ? ਜੇ ਅਜਿਹਾ ਹੈ ਤਾਂ 2008 ਵਿੱਚ ਮੁੰਬਈ ਹਮਲੇ ਦੇ ਸਮੇਂ ਭਾਜਪਾ ਦਾ ਰੁਖ ਵੀ ਦੇਸ਼ਧ੍ਰੋਹ ਦੀ ਸ਼੍ਰੇਣੀ ਵਿੱਚ ਆਵੇਗਾ, ਜਦ ਮੋਦੀ ਨੇ ਪ੍ਰੈੱਸ ਕਾਨਫਰੰਸ ਕਰਕੇ ਮਨਮੋਹਨ ਸਰਕਾਰ 'ਤੇ ਹਮਲਾ ਕੀਤਾ ਸੀ, ਕਿਸੇ ਨੇ ਉਨ੍ਹਾਂ 'ਤੇ ਦੇਸ਼ਧ੍ਰੋਹ ਦਾ ਦੋਸ਼ ਨਹੀਂ ਲਾਇਆ ਸੀ।

## ਅੱਗ ਨਾਲ ਅੱਗ ਨਾ ਬੁਝੇ !

ਕਿਤੇ ਨਿਰਦੋਸ਼ ਮਾਰੇ ਜਾਣ ਹੱਥੀਂ ਜਾਲਮਾਂ ਦੇ,
ਚੜ੍ਹਦਾ ਏ ਗੁੱਸਾ ਦਿਲ 'ਕੋਲੇ' ਵਾਂਗੂੰ ਦਗਦੇ।
ਕੀ ਪਤਾ ਹਲਕ-ਦਾੜ੍ਹ ਵਿੱਚ ਕਦ ਦੌਰਾ ਪੈਣਾ,
ਮੂੰਹ ਦੇ 'ਚ ਕਹਿੰਦੇ ਨੇ ਹੁੰਦੀ ਹਰੇਕ ਸਗ ਦੇ।
'ਹਮ ਕੋ ਹਮਾਰਾ ਖੂਬ ਹੋਵੇ ਵੀ 'ਤੁਮਾਰਾ ਖੂਬ',
ਝਗੜੇ ਕਿਉਂ ਪੈਣ 'ਬੋਦੀ ਟੋਪੀ ਅਤੇ ਪੱਗ' ਦੇ।
ਬਹੁਗਿਣਤੀ ਜਾਂ ਰੋਹਬ ਪਾਵੇ ਘੱਟਗਿਣਤੀ 'ਤੇ,
ਉਦੋਂ ਹੀ ਭਾਈਚਾਰੇ 'ਚ ਕਲੇਸ਼ ਪੈਣ ਲੱਗਦੇ।
ਹੋਈ ਦੁਰਘਟਨਾਂ ਦੇ ਕੱਢੀਏ 'ਅਰਥ' ਪਹਿਲਾਂ,
ਕਦੇ ਵੀ ਪਿੱਛੇ ਲੱਗੀਏ ਨਾ ਵੋਟਾਂ ਵਾਲੇ ਠੱਗ ਦੇ।
ਜੰਗ ਨਾਲ ਮੁੱਕਦਾ ਨਾ ਅੱਤਵਾਦ ਕਦੇ ਯਾਰੋ,
ਅੱਗ ਸ਼ਾਂਤ ਹੋਵੇ ਨਾ ਕਦੇ ਵੀ ਨਾਲ 'ਅੱਗ' ਦੇ।

-ਤਰਲੋਚਨ ਸਿੰਘ ਦੁਪਾਲਪੁਰ, 78146-92724

# ਮਾਓਵਾਦੀਆਂ ਦਾ ਛੱਤੀਸਗੜ੍ਹ 'ਚ ਜੰਗਬੰਦੀ ਦਾ ਪ੍ਰਸਤਾਵ-ਸ਼ਾਂਤੀ ਲਈ ਇੱਕ ਨਵਾਂ ਮੌਕਾ

ਮੂਲ : ਪਲਬ ਸੇਨਗੁਪਤਾ
ਅਨੁਵਾਦ : ਐੱਮ ਐੱਸ ਭਾਟੀਆ

ਇੱਕ ਮਹੱਤਵਪੂਰਨ ਅਤੇ ਉਮੀਦ ਤੋਂ ਪਰ੍ਹੇ ਦਾ ਕਦਮ ਚੁੱਕਦੇ ਹੋਏ ਮਾਓਵਾਦੀਆਂ ਨੇ ਛੱਤੀਸਗੜ੍ਹ ਵਿੱਚ ਜੰਗਬੰਦੀ ਦਾ ਪ੍ਰਸਤਾਵ ਰੱਖਿਆ ਹੈ, ਜਿਸ ਨਾਲ ਕੇਂਦਰ ਸਰਕਾਰ ਨਾਲ ਦਹਾਕਿਆਂ ਤੋਂ ਚੱਲ ਰਹੇ ਟਕਰਾਅ ਵਿੱਚ ਗੱਲਬਾਤ ਅਤੇ ਤਣਾਅ ਘਟਾਉਣ ਲਈ ਇੱਕ ਸੰਭਾਵੀ ਰਸਤਾ ਖੁੱਲ੍ਹਿਆ ਹੈ। ਇਹ ਪਲ ਇੱਕ ਅਜਿਹਾ ਮੌਕਾ ਪੇਸ਼ ਕਰਦਾ ਹੈ, ਜਿਸ ਨੂੰ ਨਾ ਤਾਂ ਕੇਂਦਰ ਅਤੇ ਰਾਜ ਸਰਕਾਰਾਂ ਅਤੇ ਨਾ ਹੀ ਮਾਓਵਾਦੀ ਗੁਆਉਣਾ ਬਰਦਾਸ਼ਤ ਕਰ ਸਕਦੇ ਹਨ। ਅੱਗੇ ਦਾ ਰਸਤਾ ਹਥਿਆਰਬੰਦ ਟਕਰਾਅ ਲਈ ਰਣਨੀਤਕ ਗਿਣਤੀਆਂ-ਮਿਣਤੀਆਂ ਦੁਆਰਾ ਨਹੀਂ, ਸਗੋਂ ਸ਼ਾਂਤੀ ਅਤੇ ਨਿਆਂ ਪ੍ਰਤੀ ਸੱਚੀ ਵਚਨਬੱਧਤਾ ਦੁਆਰਾ ਬਣਾਇਆ ਜਾਣਾ ਚਾਹੀਦਾ ਹੈ।

ਮਾਓਵਾਦੀ ਲਹਿਰ, ਜੋ ਕਿ ਇੱਕ ਰਾਜਨੀਤਕ ਸੰਘਰਸ਼ ਵਿੱਚ ਜੜੀ ਹੋਈ ਹੈ, ਲੰਮੇ ਸਮੇਂ ਤੋਂ ਭਾਰਤ ਦੇ ਸਭ ਤੋਂ ਹਾਸ਼ੀਏ 'ਤੇ ਧੱਕੇ ਗਏ ਲੋਕਾਂ, ਖਾਸ ਕਰਕੇ ਆਪਣੇ ਜਲ-ਜੰਗਲ-ਜ਼ਮੀਨ ਲਈ ਲੜ ਰਹੇ ਆਦਿਵਾਸੀਆਂ ਦੀ ਆਵਾਜ਼ ਦੀ ਨੁਮਾਇੰਦਗੀ ਕਰਨ ਦਾ ਦਾਅਵਾ ਕਰਦੀ ਰਹੀ ਹੈ। ਉਨ੍ਹਾਂ ਦੇ ਕਾਰਨ ਹੀ ਖਣਿਜਾਂ ਨਾਲ ਭਰਪੂਰ ਖੇਤਰਾਂ ਵਿੱਚ ਕਬਾਇਲੀ ਆਬਾਦੀ ਨੂੰ ਪਰੇਸ਼ਾਨ ਕਰਨ ਵਾਲੇ ਬੇਦਖਲੀ, ਵਿਸਥਾਪਨ ਅਤੇ ਸ਼ੋਸ਼ਣ ਕਰਨ ਵਾਲੇ ਕੰਮਾਂ ਵੱਲ ਸਾਰਿਆਂ ਦਾ ਧਿਆਨ ਖਿੱਚਿਆ ਹੈ। ਹਾਲਾਂਕਿ ਭਾਰਤੀ ਰਾਜ ਦੇ ਵਿਰੁੱਧ ਹਥਿਆਰਬੰਦ ਸੰਘਰਸ਼ ਦੀ ਰਣਨੀਤਕ ਲਾਈਨ 'ਤੇ ਅੰਦੋਲਨ ਨਾ ਤਾਂ ਜਾਇਜ਼ ਹੈ ਅਤੇ ਨਾ ਹੀ ਰਾਜਨੀਤਕ ਤੌਰ 'ਤੇ ਟਿਕਾਊ ਹੈ। ਹਿੰਸਾ ਦਾ ਕਾਰਨ ਭਾਵੇਂ ਕੋਈ ਵੀ ਹੋਵੇ, ਅੰਤ ਵਿੱਚ ਉਨ੍ਹਾਂ ਲੋਕਾਂ ਨੂੰ ਦੂਰ ਕਰ ਦਿੰਦੀ ਹੈ, ਜਿਨ੍ਹਾਂ ਦੀ ਇਹ ਸੇਵਾ ਕਰਨ ਦਾ ਦਾਅਵਾ ਕਰਦੀ ਹੈ ਅਤੇ ਬਦਲਾ ਲੈਣ ਅਤੇ ਨੁਕਸਾਨ ਦੇ ਚੱਕਰਾਂ ਵੱਲ ਲੈ ਜਾਂਦੀ ਹੈ।

ਦਹਾਕਿਆਂ ਦੀ ਕੁਰਬਾਨੀ ਅਤੇ ਸੰਘਰਸ਼ ਦੇ ਬਾਵਜੂਦ ਮਾਓਵਾਦੀਆਂ ਨੇ ਆਪਣੇ ਰਾਜਨੀਤਕ ਉਦੇਸ਼ ਪ੍ਰਾਪਤ ਨਹੀਂ ਕੀਤੇ ਹਨ। ਇਸ ਦੇ ਨਾਲ ਹੀ ਭਾਰਤੀ ਰਾਜ ਦਾ ਜਵਾਬ ਵਧੇਰੇ ਕਰਕੇ ਰਚਨਾਤਮਕ ਸ਼ਮੂਲੀਅਤ ਨਾਲੋਂ ਫੌਜੀ ਕਾਰਵਾਈਆਂ ਅਤੇ ਕਥਿਤ ਗੈਰ-ਕਾਨੂੰਨੀ ਮੁਕਾਬਲਿਆਂ ਦੁਆਰਾ ਵਧੇਰੇ ਦਿੱਤਾ ਗਿਆ ਅਤੇ ਅਕਸਰ ਸੰਵਿਧਾਨਕ ਸਿਧਾਂਤਾਂ ਅਤੇ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਕਰਦਾ ਰਿਹਾ ਹੈ। ਮਾਓਵਾਦੀ ਬਗਾਵਤ ਨੂੰ ਜਨਮ ਦੇਣ ਵਾਲੇ ਢਾਂਚਾਗਤ ਅਤੇ ਇਤਿਹਾਸਕ ਬੇਇਨਸਾਫੀਆਂ ਨੂੰ ਹੱਲ ਕਰਨ ਦੀ ਬਜਾਏ ਸਰਕਾਰਾਂ ਨੇ ਲਗਾਤਾਰ ਸੰਘਰਸ਼ ਦੇ ਸਮਾਜਿਕ-ਆਰਥਿਕ ਅਤੇ ਰਾਜਨੀਤਕ ਪਹਿਲੂਆਂ ਨੂੰ ਖਾਰਜ ਕਰਦੇ ਹੋਏ ਕਾਨੂੰਨ-ਵਿਵਸਥਾ ਦੀ ਪਹੁੰਚ ਨੂੰ ਤਰਜੀਹ ਦਿੱਤੀ ਹੈ। ਇਸ ਸਖਤ ਪਹੁੰਚ ਨੇ ਕਬਾਇਲੀ ਭਾਈਚਾਰਿਆਂ ਵਿੱਚ ਅਵਿਸ਼ਵਾਸ ਨੂੰ ਹੋਰ ਵੀ ਵਧਾ ਦਿੱਤਾ ਹੈ। ਜਦੋਂ ਲੋਕ ਆਪਣੇ ਘਰਾਂ 'ਤੇ ਛਾਪੇਮਾਰੀ ਹੁੰਦੀ ਦੇਖਦੇ ਹਨ, ਆਪਣੇ ਸਾਹਮਣੇ ਨੌਜਵਾਨਾਂ ਨੂੰ ਹਿਰਾਸਤ ਵਿੱਚ ਲਿਆ ਜਾਂਦਾ ਅਤੇ ਆਪਣੇ ਨੇਤਾਵਾਂ ਨੂੰ ਚੁੱਪ ਕਰਵਾਉਂਦੇ ਦੇਖਦੇ ਹਨ, ਤਾਂ ਉਹ ਲੋਕਤੰਤਰ ਵਿੱਚ ਵਿਸ਼ਵਾਸ ਗੁਆ ਦਿੰਦੇ ਹਨ। ਸਰਕਾਰ ਦੀ ਰਣਨੀਤੀ ਨਾ ਸਿਰਫ ਬਗਾਵਤ ਨੂੰ ਖਤਮ ਕਰਨ ਵਿੱਚ ਅਸਫਲ ਰਹੀ ਹੈ, ਸਗੋਂ ਇਸ ਨੇ ਉਨ੍ਹਾਂ ਲੋਕਾਂ ਨੂੰ ਵੀ ਦੂਰ ਕਰ ਦਿੱਤਾ ਹੈ, ਜਿਨ੍ਹਾਂ ਦੀ ਇਹ ਰੱਖਿਆ ਕਰਨ ਦਾ ਦਾਅਵਾ ਕਰਦੀ ਹੈ।

ਕੇਂਦਰ ਅਤੇ ਰਾਜ ਦੋਵਾਂ ਵਿੱਚ ਸਰਕਾਰਾਂ ਲਈ - ਇਹ ਰਾਜਨੀਤਕ ਪਰਿਪੱਕਤਾ ਅਤੇ ਨੈਤਿਕ ਲੀਡਰਸ਼ਿਪ ਦਿਖਾਉਣ ਦਾ ਸਮਾਂ ਹੈ। ਜੰਗਬੰਦੀ ਨੂੰ ਇੱਕ ਚਾਲ ਜਾਂ ਮੁੜ ਸੰਗਠਿਤ ਹੋਣ ਲਈ ਇੱਕ ਅਸਥਾਈ ਸ਼ਾਂਤੀ ਵਜੋਂ ਦੇਖਣ ਦੀ ਬਜਾਏ, ਇਸ ਨੂੰ ਸੁਲ੍ਹਾ ਅਤੇ ਪੁਨਰਵਾਸ ਦੀ ਪ੍ਰਕਿਰਿਆ ਸ਼ੁਰੂ ਕਰਨ ਦੇ ਮੌਕੇ ਵਜੋਂ ਲੈਣਾ ਚਾਹੀਦਾ ਹੈ। ਸ਼ਮੂਲੀਅਤ ਸੁਰੱਖਿਆ ਚਿੰਤਾਵਾਂ ਤੋਂ ਪਰੇ ਹੋਣੀ ਚਾਹੀਦੀ ਹੈ; ਇਸ ਨੂੰ ਜ਼ਮੀਨੀ ਅਧਿਕਾਰਾਂ, ਵਿਸਥਾਪਨ, ਆਦਿਵਾਸੀ ਭਲਾਈ ਅਤੇ ਸਮਾਵੇਸ਼ੀ ਵਿਕਾਸ ਨੂੰ ਸੰਬੋਧਿਤ ਕਰਨਾ ਚਾਹੀਦਾ ਹੈ। ਕੇਂਦਰ ਅਤੇ ਰਾਜ ਸਰਕਾਰਾਂ ਲਈ ਇਹ ਰਾਜਨੀਤਕ ਇੱਛਾ ਸ਼ਕਤੀ ਦੀ ਪ੍ਰੀਖਿਆ ਹੈ। ਉਹਨਾਂ ਨੂੰ ਜੰਗਬੰਦੀ ਨੂੰ ਮਾਓਵਾਦੀਆਂ ਦੁਆਰਾ ਮੁੜ ਸੰਗਠਿਤ ਹੋਣ ਲਈ ਸਿਰਫ ਰਣਨੀਤਕ ਵਿਰਾਮ ਵਜੋਂ ਖਾਰਜ ਨਹੀਂ ਕਰਨਾ ਚਾਹੀਦਾ। ਇਸ ਦੀ ਬਜਾਏ ਉਹਨਾਂ ਨੂੰ ਵਿਸ਼ਵਾਸ ਬਣਾਉਣ ਵਾਲੇ ਸੁਝਾਵਾਂ ਨਾਲ ਜਵਾਬ ਦੇਣਾ ਚਾਹੀਦਾ ਹੈ। ਭਾਰਤ ਸਰਕਾਰ ਨੂੰ ਨੀਮ-ਸੈਨਿਕ ਕਾਰਵਾਈਆਂ ਨੂੰ ਮੁਅੱਤਲ ਕਰਨ, ਸਾਰੇ ਰਾਜਨੀਤਕ ਕੈਦੀਆਂ ਨੂੰ ਰਿਹਾਅ ਕਰਨ, ਮੁੱਖ ਮੰਗਾਂ ਨੂੰ ਹੱਲ ਕਰਨ, ਸਿਵਲ ਸਮਾਜ ਅਤੇ ਰਾਜਨੀਤਕ ਪਾਰਟੀਆਂ ਨੂੰ ਸ਼ਾਮਲ ਕਰਕੇ ਬਹੁਤ ਪਾਰਦਰਸ਼ਤਾ ਨਾਲ ਅਰਥਪੂਰਨ ਗੱਲਬਾਤ ਦੀ ਸਹੂਲਤ ਦੇਣ ਦਾ ਪ੍ਰਸਤਾਵ ਲੈ ਕੇ ਅੱਗੇ ਵਧਣਾ ਚਾਹੀਦਾ ਹੈ।

ਇਤਿਹਾਸ ਦਰਸਾਉਂਦਾ ਹੈ ਕਿ ਸਭ ਤੋਂ ਹਿੰਸਕ ਟਕਰਾਵਾਂ ਵਿੱਚ ਵੀ ਸ਼ਾਂਤੀ ਸੰਭਵ ਹੈ। 1990 ਦੇ ਦਹਾਕੇ ਵਿੱਚ ਆਂਧਰਾ ਪ੍ਰਦੇਸ਼ ਵਿੱਚ ਸਰਕਾਰ ਅਤੇ ਨਕਸਲੀਆਂ ਵਿਚਕਾਰ ਸ਼ਾਂਤੀ ਵਾਰਤਾ, ਹਾਲਾਂਕਿ ਅੰਤ ਵਿੱਚ ਅਸਫਲ ਰਹੀ, ਨੇ ਸਾਬਤ ਕੀਤਾ ਕਿ ਗੱਲਬਾਤ ਹਿੰਸਾ ਨੂੰ ਘਟਾ ਸਕਦੀ ਹੈ। ਇਸੇ ਤਰ੍ਹਾਂ, ਪੱਛਮੀ ਬੰਗਾਲ ਵਿੱਚ 2011 ਦੀ ਜੰਗਬੰਦੀ ਨੇ ਦਿਖਾਇਆ ਕਿ ਅਸਥਾਈ ਜੰਗਬੰਦੀ ਵੀ ਵਿਸਵਾਸ ਪੈਦਾ ਕਰ ਸਕਦੀ ਹੈ।

ਜੇਕਰ ਇਹ ਮੌਕਾ ਖੁੰਝ ਗਿਆ ਤਾਂ ਹਿੰਸਾ ਦਾ ਚੱਕਰ ਜਾਰੀ ਰਹੇਗਾ। ਹੋਰ ਸੁਰੱਖਿਆ ਬਲ, ਮਾਓਵਾਦੀ ਅਤੇ ਆਮ ਨਾਗਰਿਕ ਮਾਰੇ ਜਾਣਗੇ। ਹੋਰ ਪਿੰਡ ਗਰੀਬੀ ਅਤੇ ਡਰ ਵਿੱਚ ਫਸੇ ਰਹਿਣਗੇ। ਸਰਕਾਰ ਅਸਲ ਮੁੱਦਿਆਂ-ਜ਼ਮੀਨ, ਰੋਜ਼ੀ-ਰੋਟੀ ਅਤੇ ਆਦਿਵਾਸੀਆਂ ਲਈ ਨਿਆਂ ਨੂੰ ਨਜ਼ਰਅੰਦਾਜ਼ ਕਰਦੇ ਹੋਏ ਸੁਰੱਖਿਆ ਕਾਰਜਾਂ 'ਤੇ ਅਰਬਾਂ ਖਰਚ ਨਹੀਂ ਕਰ ਸਕਦੀ।

ਅਸੀਂ ਸਿਰਫ ਹਿੰਸਾ ਨੂੰ ਖਤਮ ਕਰਨ ਦੀ ਮੰਗ ਨਹੀਂ ਕਰ ਰਹੇ ਹਾਂ, ਸਗੋਂ ਭਾਰਤ ਦੇ ਸਭ ਤੋਂ ਅਣਗੌਲੇ ਖੇਤਰ ਵਿੱਚ ਲੋਕਤੰਤਰ ਦੇ ਪੁਨਰ ਨਿਰਮਾਣ ਦੀ ਮੰਗ ਕਰ ਰਹੇ ਹਾਂ। ਆਦਿਵਾਸੀਆਂ ਨੂੰ ਆਪਣੇ ਹੱਕਾਂ ਦੀ ਮੰਗ ਲਈ ਬੰਦੂਕਾਂ ਨਹੀਂ ਚੁੱਕਣੀਆਂ ਚਾਹੀਦੀਆਂ। ਸਰਕਾਰ ਨੂੰ ਇਹ ਯਕੀਨੀ ਬਣਾਉਣਾ ਚਾਹੀਦਾ ਹੈ ਕਿ ਸੰਵਿਧਾਨ ਦੇ ਸਮਾਨਤਾ ਅਤੇ ਨਿਆਂ ਦੇ ਵਾਅਦੇ ਉਨ੍ਹਾਂ ਤੱਕ ਪਹੁੰਚਣ।

ਹੁਣ ਮਾਓਵਾਦੀਆਂ ਵੱਲੋਂ ਜੰਗਬੰਦੀ ਦੀ ਪੇਸ਼ਕਸ਼ ਦੇ ਨਾਲ, ਸੀ ਪੀ ਆਈ ਦੋਵਾਂ ਧਿਰਾਂ ਨੂੰ ਦੁਸ਼ਮਣੀ ਰੋਕਣ ਦੀ ਅਪੀਲ ਕਰਦੀ ਹੈ, ਕਿਉਂਕਿ ਸ਼ਾਂਤੀ ਲਈ ਇਹ ਇੱਕ ਅਸਲ ਮੌਕਾ ਹੈ। ਕੇਂਦਰ ਤੇ ਰਾਜ ਸਰਕਾਰ ਅਤੇ ਮਾਓਵਾਦੀਆਂ- ਦੋਵਾਂ ਧਿਰਾਂ ਨੂੰ ਇਹ ਮੌਕਾ ਗੁਆਉਣਾ ਨਹੀਂ ਚਾਹੀਦਾ।

ਮਾਓਵਾਦੀ ਕਾਡਰਾਂ ਨੂੰ ਲੋਕਤੰਤਰੀ ਪ੍ਰਕਿਰਿਆ ਵਿੱਚ ਵਾਪਸ ਲਿਆਉਣ ਲਈ ਸੀ ਪੀ ਆਈ ਦਾ ਸੱਦਾ ਇੱਕ ਮਹੱਤਵਪੂਰਨ ਅਤੇ ਸਮੇਂ ਸਿਰ ਦਿੱਤਾ ਸੱਦਾ ਹੈ। ਬੰਦੂਕ ਦੀ ਥਾਂ ਗੱਲਬਾਤ ਹੋਣੀ ਚਾਹੀਦੀ ਹੈ, ਹਥਿਆਰਬੰਦ ਸੰਘਰਸ਼ ਨੂੰ ਸੰਵਿਧਾਨਕ ਸਰਗਰਮੀ ਵਿੱਚ ਬਦਲਣਾ ਚਾਹੀਦਾ ਹੈ।

ਸ਼ਾਂਤੀ ਦਾ ਰਾਹ ਕਦੇ ਵੀ ਆਸਾਨ ਨਹੀਂ ਹੁੰਦਾ, ਖਾਸ ਕਰਕੇ ਸਾਲਾਂ ਦੇ ਖੂਨ-ਖਰਾਬੇ ਅਤੇ ਅਵਿਸ਼ਵਾਸ ਤੋਂ ਬਾਅਦ, ਪਰ ਇਤਿਹਾਸ ਸਾਨੂੰ ਸਿਖਾਉਂਦਾ ਹੈ ਕਿ ਜਦੋਂ ਦੋਵੇਂ ਧਿਰਾਂ ਨੇਕ ਵਿਸ਼ਵਾਸ ਨਾਲ ਗੱਲਬਾਤ ਲਈ ਵਚਨਬੱਧ ਹੁੰਦੀਆਂ ਹਨ ਤਾਂ ਸਭ ਤੋਂ ਡੂੰਘੀਆਂ ਜੜ੍ਹਾਂ ਵਾਲੇ ਟਕਰਾਅ ਵੀ ਹੱਲ ਕੀਤੇ ਜਾ ਸਕਦੇ ਹਨ। ਮੌਜੂਦਾ ਪਲ ਵਿਸ਼ਵਾਸ ਨੂੰ ਮੁੜ ਸਥਾਪਤ ਕਰਨ, ਨਿਆਂ ਨੂੰ ਬਹਾਲ ਕਰਨ ਅਤੇ ਲੰਬੇ ਸਮੇਂ ਤੋਂ ਆਪਣੇ ਪੂਰੇ ਵਾਅਦੇ ਤੋਂ ਇਨਕਾਰ ਕਰਨ ਵਾਲੇ ਖੇਤਰਾਂ ਵਿੱਚ ਲੋਕਤੰਤਰ ਨੂੰ ਮੁੜ ਸੁਰਜੀਤ ਕਰਨ ਦੀਆਂ ਸੰਭਾਵਨਾਵਾਂ ਨਾਲ ਭਰਿਆ ਹੋਇਆ ਹੈ।

ਇਸ ਨੂੰ ਇੱਕ ਹੋਰ ਮੌਕਾ ਗੁਆਉਣ ਦੀ ਥਾਂ ਇੱਕ ਨਿਆਂਪੂਰਨ ਅਤੇ ਸਥਾਈ ਸ਼ਾਂਤੀ ਵੱਲ ਪਹਿਲਾ ਕਦਮ ਬਣਨ ਦਿਓ।

# ਸੰਪਰਕ : 99884-91002

# ਕਤਲੇਆਮ ਅਤੇ ਸਾਡੀ ਮਾਨਸਿਕਤਾ


ਗਗਨਦੀਪ ਸਿੰਘ ਬੁਗਰਾ

ਕਸ਼ਮੀਰ ਦੀ ਘਟਨਾ ਨੇ ਹਰ ਦਿਲ ਰੱਖਦੇ ਇਨਸਾਨ ਦਾ ਹਿਰਦਾ ਝੰਜੋੜ ਕੇ ਰੱਖ ਦਿੱਤਾ ਹੈ। ਅੱਖਾਂ ਅੱਗੇ ਇਹੋ ਘਟਨਾ ਘੁੰਮੀ ਜਾ ਰਹੀ ਹੈ। ਵਾਰ-ਵਾਰ ਇਹੋ ਮਨ ਵਿੱਚ ਆ ਰਿਹਾ ਕਿ ਪੰਜ ਮਿੰਟ ਪਹਿਲਾਂ ਉਹਨਾਂ ਦੇ ਮਨ ਦੀ ਸਥਿਤੀ ਕੀ ਹੋਵੇਗੀ ਅਤੇ ਬੰਦੂਕ ਸਾਹਮਣੇ ਖੜ੍ਹ ਕੇ ਉਹ ਕੀ ਸੋਚਦੇ ਹੋਣਗੇ। ਕਿਵੇਂ ਗਿੜਗਿੜਾਏ ਹੋਣਗੇ? ਜਾਨ ਦੀ ਭੀਖ ਮੰਗੀ ਹੋਵੇਗੀ। ਤਰਲੇ-ਮਿੰਨਤਾਂ ਜਾਂ ਪੈਰੀਂ ਪਏ ਹੋਣਗੇ। ਬਚ ਗਿਆਂ ਦੇ ਮਨ ਦੀ ਸਥਿਤੀ ਕੀ ਹੋਵੇਗੀ। ਪੰਦਰਾਂ ਮਿੰਟ ਪਹਿਲਾਂ ਜਿਹੜੇ ਰੁੱਖ 'ਤੇ ਪੰਛੀ ਪਿਆਰ ਦੇ ਗੀਤ ਗਾਉਂਦੇ ਹੋਣਗੇ, ਪੰਦਰਾਂ ਮਿੰਟ ਬਾਅਦ ਉਹਨਾਂ ਦਾ ਸੱਕ ਤੇ ਖੰਭ ਹੰਝੂ ਰੋਂਦੇ ਹੋਣਗੇ। ਮਾਰਨ ਵਾਲੇ ਕਿਹੋ ਜਿਹੇ ਸਕੂਲ ਪੜ੍ਹੇ ਹੋਣਗੇ। ਗੋਲੀ ਮਾਰਨ ਲਈ ਇਕੱਠੇ ਕਰਨ ਵੇਲੇ, ਤਰਲੇ ਸੁਣਦਿਆਂ, ਗੋਲੀ ਚਲਾਉਂਦਿਆਂ ਤੇ ਤੜਫਦਿਆਂ ਦੇਖਦਿਆਂ ਉਹਨਾਂ ਦੇ ਸੰਬੰਧੀਆਂ ਦੀਆਂ ਚੀਕਾਂ ਸੁਣਦਿਆਂ ਉਹਨਾਂ ਦੀ ਮਨੋ-ਸਥਿਤੀ ਕੀ ਹੋਵੇਗੀ। ਕੀ ਉਹ ਆਪਣੀ ਇਸ ਪ੍ਰਾਪਤੀ 'ਤੇ ਜਸ਼ਨ ਮਨਾਉਂਦੇ ਹੋਣਗੇ? ਕੀ ਉਹਨਾਂ ਦੇ ਆਪਣੀ ਮੌਤ ਯਾਦ ਹੋਵੇਗੀ?

ਜਦੋਂ ਕੋਈ ਘਟਨਾ ਵਾਪਰਦੀ ਹੈ ਤਾਂ ਮੁੱਖ ਦੋਸ਼ੀ ਪ੍ਰਬੰਧ ਹੁੰਦਾ ਹੈ, ਪਰ ਇੱਥੇ ਗੱਲ ਬਿਲਕੁਲ ਆਮ ਲੋਕਾਂ ਅਤੇ ਉਹਨਾਂ ਦੀ ਮਾਨਸਿਕਤਾ ਦੀ ਕਰਦੇ ਹਾਂ, ਉਹ ਲੋਕ ਜੋ ਘਟਨਾਵਾਂ ਬਾਰੇ ਸਿਰਫ ਗੱਲਾਂ ਕਰਨ ਤੋਂ ਬਿਨਾਂ ਹੋਰ ਕੋਈ ਕਿਰਿਆ ਨਹੀਂ ਕਰਦੇ। ਵੱਧ ਤੋਂ ਵੱਧ ਰੋਸ ਮਾਰਚ ਜਾਂ ਪ੍ਰਦਰਸ਼ਨ 'ਚ ਪਿੱਛੇ-ਪਿੱਛੇ ਤੁਰਦੇ ਹਨ। ਇਹ ਆਮ ਲੋਕ ਇਸ ਬਾਰੇ ਗੱਲਾਂ ਕਰਦੇ ਬਿਰਤਾਂਤ ਜ਼ਰੂਰ ਸਿਰਜਦੇ ਹਨ। ਇਸੇ ਬਿਰਤਾਂਤ ਵਿੱਚੋਂ ਹੀ ਅਗਲੀ ਘਟਨਾ ਦਾ ਜਨਮ ਹੁੰਦਾ ਹੈ। ਮੰਨੋ ਜਾਂ ਨਾ ਮੰਨੋ, ਇਹਨਾਂ ਕਤਲਾਂ ਲਈ ਅਸੀਂ ਆਮ ਲੋਕ ਵੀ ਕਿਤੇ ਨਾ ਕਿਤੇ ਜ਼ਿੰਮੇਵਾਰ ਹਾਂ। ਸਧਾਰਨ ਲੋਕਾਂ ਨੂੰ ਹਰ ਕਤਲ 'ਤੇ ਭਾਵੇਂ ਦੁੱਖ ਤਾਂ ਹੁੰਦਾ ਹੈ, ਪਰ ਉਸ ਦੁੱਖ ਦੀ ਮਾਤਰਾ ਇਸ ਗੱਲ 'ਤੇ ਨਿਰਭਰ ਕਰਦੀ ਹੈ ਕਿ ਮਰਨ ਵਾਲਿਆਂ ਦਾ ਧਰਮ ਕਿਹੜਾ ਸੀ। ਇਹ ਕੌੜਾ ਸੱਚ ਹੈ ਕਿ ਪਹਿਲਗਾਮ ਦੀ ਘਟਨਾ 'ਚ ਵਲੂੰਧਰੇ ਗਏ ਹਿਰਦੇ ਉਦੋਂ ਘੱਟ ਵਲੂੰਧਰੇ ਜਾਂਦੇ ਨੇ, ਜਦੋਂ ਔਰਤਾਂ ਦੇ ਪੇਟ ਚੀਰ ਕੇ ਭਰੂਣ ਤਿਰਸ਼ੂਲਾਂ 'ਤੇ ਟੰਗੇ ਜਾਂਦੇ ਨੇ। ਹੁਣ ਪਹਿਲਗਾਮ ਘਟਨਾ ਦੇ ਜੁਆਬ 'ਚ ਨਿਸ਼ਚਿਤ ਹੀ ਇੱਕ ਭਾਈਚਾਰੇ ਦੇ ਆਮ ਲੋਕਾਂ ਨੂੰ ਨਿਸ਼ਾਨਾ ਬਣਾਇਆ ਜਾਵੇਗਾ। ਹੁਣ ਉਸ ਭਾਈਚਾਰੇ ਦੀ ਮਨੋ-ਸਥਿਤੀ ਤਰਸਯੋਗ ਹੋਵੇਗੀ, ਪਰ ਸੱਚ ਜਾਣਿਓ, ਉਦੋਂ ਉਸ ਭਾਈਚਾਰੇ ਦੀ ਮਨੋ-ਸਥਿਤੀ ਮੁਕਾਬਲਤਨ ਐਨੀ ਪਰੇਸ਼ਾਨੀ ਵਾਲੀ ਨਹੀਂ ਹੁੰਦੀ, ਜਦੋਂ ਦੂਜੇ ਭਾਈਚਾਰੇ ਨੂੰ ਆਪਣੀ ਧਰਤੀ ਤੋਂ ਹਿਜ਼ਰਤ ਕਰਨ ਲਈ ਮਜਬੂਰ ਕੀਤਾ ਜਾਂਦਾ ਹੈ।

ਇਸੇ ਤਰ੍ਹਾਂ ਪੰਜਾਬ ਵਿੱਚ ਬੱਸਾਂ ਵਿੱਚੋਂ ਕੱਢ ਕੇ ਨਿਰਦੋਸ਼ਾਂ ਨੂੰ ਮਾਰਨ ਪਿੱਛੇ ਸਭ ਉਹ ਮਾਨਸਿਕਤਾ ਵੀ ਜ਼ਿੰਮੇਵਾਰ ਹੈ, ਜਿਸ ਨੇ ਚੁਰਾਸੀ ਵਿੱਚ ਭੰਗੜੇ ਪਾਉਣ ਤੇ ਲੱਡੂ ਵੰਡਣ ਦਾ ਵਿਰੋਧ ਨਹੀਂ ਕੀਤਾ ਜਾਂ ਖਾਮੋਸ਼ ਜਾਂ ਅਰਧ ਸਹਿਮਤੀ ਦਿੱਤੀ। ਦਿੱਲੀ ਵਿੱਚ ਗਲਾਂ 'ਚ ਟਾਇਰ ਪਾ ਕੇ ਸਾੜਨ ਦੀ ਜ਼ਿੰਮੇਵਾਰ ਕਿਤੇ ਨਾ ਕਿਤੇ ਉਹ ਮਨੋ-ਸਥਿਤੀ ਵੀ ਹੈ, ਜਿਸ ਨੇ ਬੱਸਾਂ, ਰੇਲਾਂ 'ਚੋਂ ਕੱਢ ਕੇ ਮਾਰਨ ਵਾਲੀ ਘਟਨਾ ਨੂੰ ਆਮ ਖਾਤੇ ਪਾ ਦਿੱਤਾ ਸੀ।

ਇਸੇ ਤਰ੍ਹਾਂ ਤੁਰੇ ਜਾਂਦੇ ਨਿਰਦੋਸ਼ ਕਾਰੋਬਾਰੀ ਨੂੰ ਗੋਲੀ ਮਾਰਨ ਤੇ ਝੂਠੇ ਮੁਕਾਬਲੇ 'ਚ ਨਿਰਦੋਸ਼ ਨੌਜਵਾਨ ਨੂੰ ਮਾਰਨ 'ਤੇ ਕੁੱਝ ਲੋਕਾਂ ਦੀ ਮਨੋ-ਸਥਿਤੀ ਵੱਖ-ਵੱਖ ਹੁੰਦੀ ਹੈ। ਸਿੱਧੇ ਸ਼ਬਦਾਂ 'ਚ ਕਿਹਾ ਜਾਵੇ ਤਾਂ ਜਦੋਂ ਸਾਡੇ ਆਪਣੇ ਧਰਮ ਦਾ ਕੋਈ ਮਾਰਿਆ ਜਾਂਦਾ ਹੈ ਤਾਂ ਸਾਨੂੰ ਦੁੱਖ ਜ਼ਿਆਦਾ ਲੱਗਦਾ ਹੈ ਤੇ ਅਸੀਂ ਸੋਚਦੇ ਹਾਂ ਸਾਰੇ ਸਾਡੇ ਵਾਂਗੂੰ ਦੁੱਖ ਮਨਾਉਣ, ਪਰ ਜਦੋਂ ਕੋਈ ਦੂਜੇ ਧਰਮ ਦਾ ਮਾਰਿਆ ਜਾਂਦਾ ਹੈ ਤਾਂ ਸੋਸ਼ਲ ਮੀਡੀਆ 'ਤੇ 'ਮਾੜੀ ਗੱਲ ਹੋਈ' 'ਦੁਖਦਾਈ ਘਟਨਾ' ਤੱਕ ਹੀ ਸੀਮਿਤ ਹੁੰਦੇ ਹਾਂ। ਖਾਸ ਤੌਰ ਜੇ ਕਾਤਲ ਸਾਡੇ ਧਰਮ ਦਾ ਹੈ ਤਾਂ ਕਈ ਵਾਰ ਸਾਡੀ ਖਾਮੋਸ਼ ਸਹਿਮਤੀ ਵੀ ਹੁੰਦੀ ਹੈ। ਹੁਣ ਸੋਚੋ ਜੇਕਰ ਆਮ ਕਬੀਲਦਾਰ ਬੰਦਾ ਜਿਸ ਦੀ ਅਹਿਮੀਅਤ ਰਾਜਨੀਤੀਵਾਨਾਂ ਲਈ ਕੀੜੇ-ਮਕੌੜੇ ਤੋਂ ਵੱਧ ਕੁੱਝ ਵੀ ਨਹੀਂ, ਜਿਹੜਾ ਆਪਣੀ ਕਬੀਲਦਾਰੀ ਚਲਾਉਣ ਲਈ ਸਭ ਭਾਈਚਾਰਿਆਂ ਦੇ ਲੋਕਾਂ 'ਤੇ ਨਿਰਭਰ ਹੈ, ਉਸ ਦੀ ਮਨੋ-ਸਥਿਤੀ ਇਹ ਹੈ ਤਾਂ ਜਿਹੜਾ ਹਥਿਆਰ ਚੁੱਕੀ ਖੜ੍ਹਾ ਹੈ ਤੇ ਜਿਸ ਨੂੰ ਟ੍ਰੇਨਿੰਗ ਹੀ ਇਹ ਹੈ, ਉਸ ਦੀ ਮਨੋ-ਸਥਿਤੀ ਕਿਹੋ ਜਿਹੀ ਹੋਵੇਗੀ? ਸਾਡੀ ਸੰਵੇਦਨਾ ਤਾਂ ਐਨੀ ਗਰਕ ਚੁੱਕੀ ਹੈ ਕਿ ਕਿਸਾਨ ਦੀ ਫਸਲ ਤਬਾਹ ਹੋਣਾ, ਵਪਾਰੀ ਦੇ ਮਾਲ ਨੂੰ ਅੱਗ ਲੱਗਣੀ ਜਾਂ ਮਜ਼ਦੂਰ ਦਾ ਘਰ ਢਹਿ ਜਾਣ ਦਾ ਦੁੱਖ ਵੀ ਸਾਨੂੰ ਆਪਣੇ ਭਾਈਚਾਰੇ ਅਨੁਸਾਰ ਵੱਖ-ਵੱਖ ਹੁੰਦਾ ਹੈ। ਕਈਆਂ ਦੀ ਬਿਮਾਰ ਮਾਨਸਿਕਤਾ ਵਿੱਚੋਂ ਤਾਂ ਇਹ ਸ਼ਬਦਾਵਲੀ ਵੀ ਨਿਕਲਦੀ ਹੈ ਕਿ ਸਾਡਾ 'ਸ਼ਹੀਦ' ਦੂਜਾ 'ਸੋਧ ਦਿੱਤਾ' 'ਠੋਕ ਦਿੱਤਾ' ਜਾਂ 'ਚੋਪੜ ਤਾ' ਜਾਂ 'ਗੱਡੀ ਚਾੜ੍ਹਤਾ'।

ਜਦੋਂ ਇੱਕ ਘਟਨਾ ਵਾਪਰਦੀ ਹੈ ਤਾਂ ਉਦੋਂ ਹਲਾਤ ਆਮ ਨਹੀਂ ਹੁੰਦੇ, ਸਗੋਂ ਸਿਰਫ ਦੂਜੀ ਘਟਨਾ ਦਾ ਇੰਤਜ਼ਾਰ ਕਰਦੇ ਹਨ। ਇਹ ਕਤਲ ਉਦੋਂ ਤੱਕ ਇਵੇਂ ਹੀ ਹੁੰਦੇ ਰਹਿਣਗੇ, ਜਦੋਂ ਤੱਕ ਸਾਡੀ ਮਨੋ-ਸਥਿਤੀ ਹਰ ਕਤਲ 'ਤੇ ਵਿਰਲਾਪ ਨਹੀਂ ਕਰਨ ਲਗਦੀ। ਇਹ ਵਿਰਲਾਪ ਓਦਣ ਹੋਵੇਗਾ, ਜਦੋਂ ਸਾਨੂੰ ਪਤਾ ਲੱਗੇਗਾ ਕਿ ਸਾਡੇ ਧਰਮ ਦੇ ਉਹ ਨਹੀਂ, ਜੋ ਸਾਡੇ ਵਾਲੇ ਧਰਮ ਸਥਾਨ 'ਤੇ ਮੱਥਾ ਟੇਕਦੇ ਨੇ ਸਗੋਂ ਸਾਡਾ ਧਰਮ ਉਹਨਾਂ ਨਾਲ ਸਾਂਝਾ ਹੈ, ਜੋ ਸਾਡੇ ਵਾਂਗ ਤੜਕੇ ਘਰੋਂ ਨਿਕਲ ਕੇ ਆਥਣੇ ਆਪਣੇ ਬੱਚਿਆਂ ਲਈ ਚੋਗਾ ਲੈ ਕੇ ਮੁੜਦੇ ਨੇ। ਇਹ ਕਤਲ ਉਦੋਂ ਰੁਕਣਗੇ, ਜਦੋਂ ਫਿਰਕੂ ਸਰਮਾਏਦਾਰੀ ਤੇ ਰਾਜਸੀ ਪ੍ਰਬੰਧ ਦਾ ਗੁਪਤ ਗੱਠਜੋੜ ਨੰਗਾ ਹੋ ਗਿਆ ਅਤੇ ਕਤਲੇਆਮ ਦਾ ਸ਼ਿਕਾਰ ਭਾਈਚਾਰੇ ਦੀ ਥਾਂ ਦੂਜੇ ਭਾਈਚਾਰੇ ਦੇ ਲੋਕ ਰੋਸ ਮਾਰਚਾਂ ਦੀ ਅਗਵਾਈ ਕਰਨ ਲੱਗੇ ਅਤੇ ਹਰ ਮਨੁੱਖਤਾ ਵਿਰੋਧੀ ਘਟਨਾ ਦਾ ਵਿਰੋਧ ਕਰਨ ਲੱਗੇ।

# ਸੰਪਰਕ : 98149-19299

# ਕਿਤਾਬਾਂ ਨਾਲ ਪਾਈਏ ਦੋਸਤੀ


ਨਰਿੰਦਰ ਸਿੰਘ

ਪੁਸਤਕਾਂ ਦਾ ਸਾਡੇ ਜੀਵਨ ਵਿਚ ਅਹਿਮ ਮਹੱਤਵ ਹੁੰਦਾ ਹੈ। ਪੁਸਤਕਾਂ ਮਨੁੱਖ ਦੀ ਸ਼ਖ਼ਸੀਅਤ ਦੇ ਵਿਕਾਸ ਵਿਚ ਅਹਿਮ ਰੋਲ ਅਦਾ ਕਰਦੀਆਂ ਹਨ। ਪੁਸਤਕਾਂ ਵਿਚਲਾ ਗਿਆਨ ਬਹੁਮੁੱਲਾ ਹੁੰਦਾ ਹੈ। ਪੁਸਤਕਾਂ ਪੜ੍ਹਨ ਨਾਲ ਮਨੁੱਖ ਦੇ ਜੀਵਨ ਵਿਚ ਐਸਾ ਬਦਲਾਅ ਆਉਂਦਾ ਹੈ ਕਿ ਉਸ ਦਾ ਜ਼ਿੰਦਗੀ ਜਿਊਣ ਦਾ ਤੋਰ-ਤਰੀਕਾ ਹੀ ਬਦਲ ਜਾਂਦਾ ਹੈ, ਕਿਉਂਕਿ ਪੁਸਤਕ ਤੋਂ ਮਨੁੱਖ ਨੂੰ ਉਹ ਗਿਆਨ ਪ੍ਰਾਪਤ ਹੁੰਦਾ ਹੈ, ਜੋ ਹੋਰ ਕਿਸੇ ਢੰਗ ਨਾਲ ਦੁਨੀਆ ਕੋਲੋਂ ਪ੍ਰਾਪਤ ਨਹੀਂ ਕੀਤਾ ਜਾ ਸਕਦਾ। ਪੁਸਤਕਾਂ ਸਾਨੂੰ ਜਿੱਥੇ ਦੁਨੀਆ ਦੇ ਵਿਦਵਾਨਾਂ, ਬੁੱਧੀਜੀਵੀਆਂ ਦੇ ਤਜਰਬੇ ਅਤੇ ਦੇਸ਼ ਦੁਨੀਆ ਸੰਬੰਧੀ ਹਰ ਪੱਖ ਤੋਂ ਹਰ ਵਿਸ਼ੇ 'ਤੇ ਭਰਭੂਰ ਗਿਆਨ ਦਿੰਦੀਆਂ ਹਨ, ਉਹ ਜ਼ਿੰਦਗੀ ਜਿਊਣ ਦਾ ਢੰਗ ਵੀ ਦੱਸਦੀਆਂ ਹਨ।

ਅੱਜ ਦੁਨੀਆ ਵਿਚ ਹੰਗਰੀ, ਜਰਮਨ, ਜਾਪਾਨ, ਰੂਸ, ਵੈਸਟਰਨ ਦੇਸ਼ਾਂ ਦੇ ਬੱਚੇ, ਨੌਜਵਾਨ ਬਜ਼ੁਰਗ ਸਭ ਤੋਂ ਵੱਧ ਕਿਤਾਬਾਂ ਪੜ੍ਹਦੇ ਹਨ। ਹੰਗਰੀ 70 ਫ਼ੀਸਦੀ, ਰੂਸ 55 ਫ਼ੀਸਦੀ ਤੇ ਜਪਾਨੀ 40 ਫ਼ੀਸਦੀ ਵਿਦਿਆਰਥੀ, ਅਧਿਆਪਕ ਤੇ ਆਮ ਨਾਗਰਿਕ ਨਵੀਆਂ-ਨਵੀਆਂ ਕਿਤਾਬਾਂ ਪੜ੍ਹਦੇ ਰਹਿੰਦੇ ਹਨ। ਕੋਰੀਆ ਵਿਚ 7 ਫ਼ੀਸਦੀ ਅਤੇ ਭਾਰਤ ਵਿਚ 1.2 ਫ਼ੀਸਦੀ ਲੋਕ ਕਿਤਾਬਾਂ ਪੜ੍ਹਦੇ ਹਨ। ਭਾਰਤ ਰਤਨ ਡਾਕਟਰ ਏ ਪੀ ਜੇ ਅਬਦੁਲ ਕਲਾਮ ਸਾਹਿਬ ਹਰ ਰੋਜ਼ ਤਿੰਨ ਕਿਤਾਬਾਂ ਪੜ੍ਹਦੇ ਸਨ। ਉਹ ਕਿਹਾ ਕਰਦੇ ਸਨ, ਕਿਤਾਬਾਂ ਦੀ ਸੰਗਤ ਵਿਚ ਮੇਰੇ ਜੀਵਨ ਵਿਚ ਕੋਈ ਵੀ ਘਾਟ ਨਹੀਂ ਹੈ। ਕਿਤਾਬਾਂ ਦੀ ਕਰਾਮਾਤ ਹੈ ਕਿ ਉਹ ਖੁਦਕੁਸ਼ੀ ਕਰਦੇ ਮਨੁੱਖ ਵੀ ਮੋੜ ਲਿਆਉਂਦੀਆਂ ਹਨ। ਅੱਜ ਸਰਕਾਰਾਂ ਦੀ ਨਾਕਾਮਯਾਬੀ ਕਰਕੇ ਨੌਜਵਾਨ ਨਸ਼ੇ ਵਿਚ ਡੁੱਬੇ ਹੋਏ ਹਨ ਤੇ ਬਾਕੀ ਵਿਦੇਸ਼ਾਂ ਨੂੰ ਜਾ ਰਹੇ ਹਨ। ਨੌਜਵਾਨਾਂ ਨੂੰ ਨਸ਼ਾ ਤਿਆਗ ਕੇ ਕਿਤਾਬਾਂ ਨਾਲ ਦੋਸਤੀ ਕਰਨੀ ਚਾਹੀਦੀ ਹੈ। ਜਦੋਂ ਮਨ ਅੱਕਿਆ, ਥੱਕਿਆ, ਹਤਾਸ਼ ਅਤੇ ਨਿਰਾਸ਼ ਹੋਵੇ, ਅਰਦਾਸ, ਪ੍ਰਾਰਥਨਾ ਨਾਲ ਵੀ ਮਨ ਨਾ ਟਿਕੇ, ਉਦੋਂ ਇਕ ਚੰਗੀ ਕਿਤਾਬ ਸਹਾਈ ਸਿੱਧ ਹੋ ਸਕਦੀ ਹੈ।

ਜੇਕਰ ਮਨ ਕਦੇ ਵੀ ਉਦਾਸ ਹੋਵੇ, ਜੀਵਨ ਤੋਂ ਮਨ ਭਰ ਜਾਵੇ ਤਾਂ ਇਕ ਚੰਗੀ ਪੁਸਤਕ ਦੀ ਪੇਸ਼ਕਸ਼ ਉਸ ਨੂੰ ਰਾਹ ਦਿਖਾ ਸਕਦੀ ਹੈ। ਉਹ ਜ਼ਿੰਦਗੀ ਨਾਲ ਮੋਹ ਪਾ ਸਕਦਾ ਹੈ। ਇਕ ਚੰਗੀ ਪੁਸਤਕ ਦਾ ਅੱਖਰ-ਅੱਖਰ ਮਨੁੱਖ ਦੇ ਮਨ ਵਿਚ ਵੱਸ ਜਾਵੇ ਤਾਂ ਉਹ ਆਪਣੇ ਅੰਦਰ ਗਿਆਨ ਦੀ ਲਾਇਬਰੇਰੀ ਪੈਦਾ ਕਰ ਸਕਦਾ ਹੈ ਅਤੇ ਇਹ ਲਾਇਬਰੇਰੀ ਕਈਆਂ ਲਈ ਰਾਹ-ਦਸੇਰਾ ਬਣਦੀ ਹੈ। ਇਕ ਚੰਗੀ ਪੁਸਤਕ ਮਨੁੱਖ ਨੂੰ ਦਿਲੀ ਸ਼ਾਂਤੀ ਪ੍ਰਦਾਨ ਕਰਦੀ ਹੈ ਤੇ ਉਹ ਅਨੇਕਾਂ ਉਲਝਣਾਂ ਨੂੰ ਪਿੱਛੇ ਛੱਡ ਕੇ ਨਿੱਖਰੀ ਹੋਈ ਜ਼ਿੰਦਗੀ ਵਿਚ ਪੈਰ ਧਰ ਸਕਦਾ ਹੈ। ਪੁਸਤਕਾਂ ਵਰਗਾ ਕੋਈ ਦੋਸਤ ਨਹੀਂ। ਪੁਸਤਕਾਂ ਨਾਲ ਦੋਸਤੀ ਮਨੁੱਖ ਨੂੰ ਕਦੇ ਵੀ ਬੁਝਣ ਨਹੀਂ ਦਿੰਦੀ। ਇਕ ਚੰਗੀ ਪੁਸਤਕ ਵਿਚ ਜ਼ਿੰਦਗੀ ਦੀ ਹਰ ਮੁਸ਼ਕਲ ਨਾਲ ਡਟ ਕੇ ਨਜਿੱਠਣ ਦੀ ਊਰਜਾ ਪੈਦਾ ਕਰਦੀ ਹੈ। ਇਕ ਚੰਗੀ ਪੁਸਤਕ ਚਿਰਾਂ ਤੋਂ ਪਨਪਦੀ ਰੂੜੀਵਾਦੀ ਸੋਚ ਨੂੰ ਬਦਲਣ ਦਾ ਤਕੜਾ ਹੀਆਂ ਰੱਖਦੀ ਹੈ।

ਅੰਗਰੇਜ਼ੀ ਦੇ ਪ੍ਰਸਿੱਧ ਵਿਦਵਾਨ ਰਾਬਰਟ ਸਾਊਥੇ ਨੇ ਕਿਹਾ ਸੀ, ਪੁਸਤਕਾਂ ਮੇਰੀਆਂ ਸਭ ਤੋਂ ਚੰਗੀਆਂ ਦੋਸਤ ਹਨ, ਜੋ ਹਮੇਸ਼ਾ ਦੁੱਖ ਵਿਚ ਮੈਨੂੰ ਸਹਾਰੇ ਦਾ ਅਤੇ ਦਰਦ ਵਿਚ ਆਰਾਮ ਦਾ ਅਹਿਸਾਸ ਕਰਾਉਂਦੀਆਂ ਹਨ। ਭਾਰਤ ਦੇ ਪਹਿਲੇ ਕਾਨੂੰਨ ਮੰਤਰੀ ਅਤੇ ਸੰਵਿਧਾਨ ਨਿਰਮਾਤਾ ਡਾ. ਬੀ.ਆਰ. ਅੰਬੇਡਕਰ ਦੀ ਤਾਂ ਸਾਰੀ ਜ਼ਿੰਦਗੀ ਪੁਸਤਕਾਂ ਨਾਲ ਗੁਜ਼ਰੀ। ਉਨ੍ਹਾਂ ਦੀ ਨਿੱਜੀ ਲਾਇਬਰੇਰੀ ਵਿਚ ਪੰਜਾਹ ਹਜ਼ਾਰ ਤੋਂ ਵੱਧ ਪੁਸਤਕਾਂ ਸਨ। ਆਪਣੀ ਜਾਤ ਕਾਰਨ ਜੋ ਵਿਤਕਰਾ ਉਹਨਾਂ ਨੂੰ ਸਹਿਣਾ ਪਿਆ, ਉਸ ਵਿਚੋਂ ਨਿਕਲਣ ਦਾ ਰਾਹ ਉਹਨਾਂ ਨੂੰ ਪੁਸਤਕਾਂ ਰਾਹੀਂ ਹੀ ਮਿਲਿਆ ਅਤੇ ਉਹਨਾਂ ਅਜਿਹੀ ਪੁਸਤਕ ਦੀ ਰਚਨਾ ਕੀਤੀ, ਜਿਸ ਤੇ ਪੂਰੇ ਭਾਰਤ ਦੇਸ਼ ਦਾ ਨਿਜਾਮ ਚਲਦਾ ਹੈ। ਇਸ ਕਾਰਨ ਉਹਨਾਂ ਨੂੰ ਸੰਵਿਧਾਨ ਦੇ ਪਿਤਾਮਾ ਦੇ ਨਾਂਅ ਨਾਲ ਜਾਣਿਆ ਜਾਂਦਾ ਹੈ।

ਪੁਸਤਕਾਂ ਮਨੁੱਖ ਨੂੰ ਜ਼ਿੰਦਗੀ ਦੇ ਉਤਰਾਅ-ਚੜ੍ਹਾਅ, ਜਾਤ-ਪਾਤ, ਦੇਸ਼ ਅਤੇ ਧਰਮ ਦੇ ਹਰ ਵਿਤਕਰੇ ਤੋਂ ਉਪਰ ਉੱਠ ਕੇ ਇੱਕ ਚੰਗਾ ਇਨਸਾਨ ਬਣਾਉਂਦੀਆਂ ਹਨ ਤੇ ਇਕ ਉੱਚੇ ਮੁਕਾਮ 'ਤੇ ਪਹੁੰਚਾਉਂਦੀਆਂ ਹਨ। ਪੁਸਤਕਾਂ ਸਾਡੇ ਸਮੂਹ ਇਤਿਹਾਸ ਅਤੇ ਸੱਭਿਆਚਾਰਕ ਵਿਰਸੇ ਦੀਆਂ ਰੱਖਿਅਕ ਹਨ, ਜੋ ਅਤੀਤ ਨੂੰ ਦੁਬਾਰਾ ਦੇਖਣ, ਪਿਛਲੀਆਂ ਪੀੜ੍ਹੀਆਂ ਤੋਂ ਸਿੱਖਣ ਅਤੇ ਆਪਣੀਆਂ ਜੜ੍ਹਾਂ ਦੀ ਡੂੰਘਾਈ ਨੂੰ ਪਰਖਣ ਦਾ ਮੌਕਾ ਦਿੰਦੀਆਂ ਹਨ। ਪੁਸਤਕਾਂ ਮਨੁੱਖ ਨੂੰ ਸੁਫਨੇ ਦੇਖਣ ਸਵਾਲ ਕਰਨ ਅਤੇ ਆਪਣੇ ਮੌਜੂਦਾ ਹਾਲਾਤ ਤੋਂ ਪਰੇ ਸੰਭਾਵਨਾਵਾਂ ਦੇ ਖੇਤਰ ਦੀ ਪੜਚੋਲ ਕਰਨ ਲਈ ਪ੍ਰੇਰਿਤ ਕਰਦੀਆਂ ਹਨ। ਪੁਸਤਕਾਂ ਉਹ ਪੁਲ ਹਨ ਜੋ ਸਾਨੂੰ ਵਿਭਿੰਨ ਦ੍ਰਿਸ਼ਟੀਕੋਣਾਂ, ਸੱਭਿਆਚਾਰਾਂ ਅਤੇ ਅਨੁਭਵਾਂ ਨਾਲ ਜੋੜਦੀਆਂ ਹਨ।

ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ ਨੂੰ ਪੁਸਤਕਾਂ ਨਾਲ ਬੇਹੱਦ ਮੁਹੱਬਤ ਸੀ। ਆਪਣੇ ਸਕੂਲ, ਕਾਲਜ ਦੇ ਸਮੇਂ ਦੌਰਾਨ ਹੀ ਉਨ੍ਹਾਂ ਅਨੇਕਾਂ ਕਿਤਾਬਾਂ ਪੜ੍ਹ ਲਈਆਂ ਸਨ। ਆਪਣੀ ਜ਼ਿੰਦਗੀ ਦੇ ਆਖਰੀ ਸਾਲਾਂ ਦੌਰਾਨ ਵੀ ਉਹ ਪੁਸਤਕਾਂ ਨਾਲ ਜੁੜੇ ਰਹੇ। ਇਥੋਂ ਤੱਕ ਕਿ ਜੇਲ੍ਹ ਵਿਚ ਗੁਜ਼ਾਰੀ ਜ਼ਿੰਦਗੀ ਵਿਚ ਵੀ ਉਹਨਾਂ ਅਨੇਕਾਂ ਪੁਸਤਕਾਂ ਦਾ ਅਧਿਐਨ ਕੀਤਾ। ਉਹ ਜੋ ਵੀ ਪੜ੍ਹਦੇ, ਉਸ ਤੋਂ ਚੋਣਵੇਂ ਅੰਸ਼ ਆਪਣੀ ਖ਼ੂਬਸੂਰਤ ਲਿਖਾਈ ਵਿਚ ਡਾਇਰੀ 'ਤੇ ਦਰਜ ਕਰ ਲੈਂਦੇ। ਭਗਤ ਸਿੰਘ ਦੀ ਇਸ ਮੁੱਕਦਸ ਨੋਟ-ਬੁੱਕ ਦੇ ਦਰਸ਼ਨ ਖਟਕੜ ਕਲਾਂ ਵਿਖੇ ਸਰਦਾਰ ਭਗਤ ਸਿੰਘ ਯਾਦਗਾਰੀ ਮਿਊਜ਼ੀਅਮ ਵਿੱਚ ਕੀਤੇ ਜਾ ਸਕਦੇ ਹਨ। ਨੌਜਵਾਨ ਪੀੜ੍ਹੀ ਨੂੰ ਭਗਤ ਸਿੰਘ ਦੀ ਪੜ੍ਹਨ ਰੁਚੀ ਤੋਂ ਪ੍ਰੇਰਣਾ ਲੈਂਦੇ ਹੋਏ ਪੁਸਤਕਾਂ ਨਾਲ ਜੁੜਨਾ ਚਾਹੀਦਾ ਹੈ।

ਕਿਤਾਬੀ ਗਿਆਨ ਦੇ ਅਥਾਹ ਸਮੁੰਦਰ ਵਿਚ ਡੁੱਬਾ ਇਨਸਾਨ ਉਹ ਹੀਰੇ-ਮੋਤੀ ਪ੍ਰਾਪਤ ਕਰ ਸਕਦਾ ਹੈ, ਜਿਸ ਨਾਲ ਉਹ ਜ਼ਿੰਦਗੀ ਨੂੰ ਵੱਧ ਪ੍ਰਭਾਵਸ਼ਾਲੀ, ਉੱਤਮ ਤੇ ਹੌਸਲੇ ਭਰਭੂਰ ਬਣਾ ਸਕਦਾ ਹੈ। ਕਿਤਾਬਾਂ ਚੰਗੇ ਦੋਸਤ ਵਾਂਗ, ਇਕੱਲਤਾ ਨੂੰ ਮਹਿਸੂਸ ਨਹੀ ਹੋਣ ਦਿੰਦੀਆਂ। ਇਸ ਲਈ ਕਿਤਾਬਾਂ ਵਧੀਆ ਦੋਸਤ ਤੇ ਮਾਰਗ ਦਰਸ਼ਕ ਹੁੰਦੀਆਂ ਹਨ। ਕਿਤਾਬਾਂ ਤੋਂ ਵੱਡਾ ਕੋਈ ਸਲਾਹਕਾਰ ਨਹੀਂ ਹੁੰਦਾ। ਕਿਤਾਬਾਂ ਵਿਚੋਂ ਮਿਲਿਆ ਗਿਆਨ ਸਾਡੇ ਮਾਨਸਿਕ ਸਤਰ ਨੂੰ ਬਹੁਤ ਮਜ਼ਬੂਤ ਕਰਦਾ ਹੈ, ਜਿਸ ਨਾਲ ਅਸੀਂ ਹਰ ਕਿਸਮ ਦੇ ਡਰ, ਚਿੰਤਾ, ਭੈਅ ਤੋਂ ਮੁਕਤ ਹੋ ਜਾਂਦੇ ਹਾਂ। ਕਿਤਾਬਾਂ ਪੜ੍ਹਨ ਦੀ ਚੇਟਕ ਸਾਡੇ ਮਨ-ਮਸਤਕ ਨੂੰ ਰੋਸ਼ਨ ਕਰਦੀ ਹੈ, ਨਾਲ ਹੀ ਰੌਚਿਕ, ਮਨੋਰੰਜਨ ਵਿਸ਼ਿਆਂ ਭਰਭੂਰ ਕਿਤਾਬਾਂ ਸਾਡੇ ਮਨ ਨੂੰ ਖੁਸ਼ੀ ਵੀ ਦਿੰਦੀਆਂ ਹਨ ਤੇ ਅਦਭੁੱਤ ਹੋਣ ਦਾ ਅਹਿਸਾਸ ਵੀ ਕਰਵਾਉਂਦੀਆਂ ਹਨ।

ਕਿਤਾਬਾਂ ਨੂੰ ਗਿਆਨ ਦਾ ਅਨਮੋਲ ਖਜ਼ਾਨਾ ਕਿਹਾ ਜਾਂਦਾ ਹੈ। ਕਿਤਾਬਾਂ ਅੰਦਰ ਗਿਆਨ ਦਾ ਅਥਾਹ ਸਮੁੰਦਰ ਹੁੰਦਾ ਹੈ, ਜਿਸ ਨੂੰ ਅਸੀਂ ਆਪਣੀ ਜਗਿਆਸਾ ਦੀ ਮਧਾਣੀ ਨਾਲ ਰਿੜਕ ਕੇ ਗਿਆਨ ਰੂਪੀ ਕੀਮਤੀ ਰਤਨ ਪ੍ਰਾਪਤ ਕਰ ਸਕਦੇ ਹਾਂ। ਫਰਾਂਸੀਸੀ ਦਾਰਸ਼ਨਿਕ ਵਾਲਟੇਅਰ ਦਾ ਕਥਨ ਹੈ ਕਿ ਕਿਤਾਬਾਂ ਦਾ ਮੁੱਲ ਰਤਨਾਂ ਤੋਂ ਵੀ ਜ਼ਿਆਦਾ ਹੈ, ਕਿਉਂਕਿ ਰਤਨ ਤਾਂ ਬਾਹਰੀ ਸੁੰਦਰਤਾ ਨੂੰ ਦਿਖਾਉਂਦੇ ਹਨ, ਜਦਕਿ ਕਿਤਾਬਾਂ ਸਾਡੇ ਅੰਦਰੂਨੀ ਜਗਤ ਨੂੰ ਰੋਸ਼ਨ ਕਰਦੀਆਂ ਹਨ। ਵਿਦਿਆਰਥੀਆਂ ਦੀ ਤੀਖਣ ਬੁੱਧੀ ਲਈ ਵੀ ਕਿਤਾਬਾਂ ਵਰਦਾਨ ਹਨ। ਵੱਧ ਤੋਂ ਵੱਧ ਕਿਤਾਬਾਂ ਪੜ੍ਹ ਕੇ ਸਾਡੇ ਸ਼ਬਦ ਭੰਡਾਰ ਵਿਚ ਵਾਧਾ ਹੁੰਦਾ ਹੈ ਅਤੇ ਸਾਡੀ ਬੋਲਚਾਲ ਤੇ ਲਿਖਤ ਦੀ ਸ਼ਬਦਾਵਲੀ ਹੋਰ ਅਮੀਰ ਹੁੰਦੀ ਹੈ। ਇਹ ਸ਼ਬਦ ਵਿਦਿਆਰਥੀਆਂ ਦੀ ਲਿਖਣ ਯੋਗਤਾ ਨੂੰ ਤਰਾਸ਼ਣ ਵਿਚ ਸਹਾਈ ਹੁੰਦੀ ਹੈ। ਚੰਗੀਆਂ ਕਿਤਾਬਾਂ ਸਾਨੂੰ ਵਾਰ-ਵਾਰ ਪੜ੍ਹਨੀਆਂ ਚਾਹੀਦੀਆਂ ਹਨ।

ਕਿਤਾਬਾਂ ਮਨੁੱਖ ਦੀਆਂ ਪ੍ਰਪੱਕ ਤੇ ਸੱਚੀਆਂ ਮਿੱਤਰ ਹਨ। ਸਮਾਜਿਕ ਰਿਸ਼ਤਿਆਂ ਵਿਚ ਬੱਝੇ ਲੋਕ ਅਕਸਰ ਦੁੱਖ-ਸੁੱਖ ਵੇਲੇ ਸਾਡਾ ਸਾਥ ਛੱਡ ਦਿੰਦੇ ਹਨ, ਪ੍ਰੰਤੂ ਉਸਾਰੂ ਤੇ ਉਤਮ ਵੰਨਗੀ ਦੀਆਂ ਕਿਤਾਬਾਂ ਹਮੇਸ਼ਾ ਸਾਡੇ ਅੰਗ-ਸੰਗ ਰਹਿੰਦੀਆਂ ਹਨ। ਕਿਤਾਬਾਂ ਗਿਆਨ ਦਾ ਸਾਗਰ, ਸਿਆਣਪ ਦਾ ਸੋਮਾ ਤੇ ਹਰ ਤਰ੍ਹਾਂ ਦੇ ਵਿਕਾਸ ਦਾ ਰਾਜ ਹੁੰਦੀਆਂ ਹਨ। ਇਨ੍ਹਾਂ ਦੀ ਸੰਗਤ ਮਾਨਣ ਨਾਲ ਮਨੁੱਖ ਕਦੇ ਵੀ ਇਕੱਲਤਾ ਮਹਿਸੂਸ ਨਹੀਂ ਕਰਦਾ ਤੇ ਨਾ ਹੀ ਜੀਵਨ ਤੋਂ ਅੱਕਦਾ ਹੈ। ਪੁਸਤਕਾਂ ਪੜ੍ਹਨ ਨਾਲੋ ਹੋਰ ਕੋਈ ਬਿਹਤਰ ਸ਼ੌਕ ਹੋ ਨਹੀਂ ਸਕਦਾ। ਪੁਸਤਕ ਸੱਭਿਆਚਾਰ ਨੂੰ ਉਤਸ਼ਾਹਿਤ ਕਰਨ ਲਈ ਸਕੂਲਾਂ ਅਤੇ ਕਾਲਜਾਂ ਵਿਚ ਪੁਸਤਕ ਪ੍ਰਦਰਸ਼ਨੀਆਂ ਲਾਉਣੀਆਂ ਚਾਹੀਦੀਆਂ ਹਨ, ਕਿਤਾਬਾਂ ਨੂੰ ਘਰ ਦਾ ਸ਼ਿੰਗਾਰ ਬਣਾਉਣਾ ਚਾਹੀਦਾ ਹੈ। ਘਰ ਵਿਚ ਇਕ ਲਾਇਬਰੇਰੀ ਜ਼ਰੂਰ ਹੋਣੀ ਚਾਹੀਦੀ ਹੈ।

ਬੱਚਿਆਂ ਵਿਚ ਪੜ੍ਹਨ ਦੀ ਰੁਚੀ ਵਿਕਸਤ ਕਰਨ ਤੇ ਉਨ੍ਹਾਂ ਨੂੰ ਸਿਆਣੇ ਮਨੁੱਖ ਬਣਾਉਣ ਲਈ ਚੰਗੀਆਂ ਕਿਤਾਬਾਂ ਪੜ੍ਹਨ ਲਈ ਪ੍ਰੇਰਿਤ ਕਰਨਾ ਚਾਹੀਦਾ ਹੈ, ਨਹੀਂ ਤਾਂ ਅਜੋਕੇ ਦੌਰ ਵਿਚ ਨੈੱਟਵਰਕ ਉਨ੍ਹਾਂ ਅੰਦਰਲੀਆਂ ਕੋਮਲ ਭਾਵਨਾਵਾਂ ਨੂੰ ਨਿਗਲ ਜਾਵੇਗਾ। ਪੜ੍ਹਨਾ ਸਭ ਤੋਂ ਵਧੀਆ ਕਸਰਤ ਹੈ, ਕਿਉਂਕਿ ਪੜ੍ਹਨ ਨਾਲ ਰਚਨਾਤਮਿਕਤਾ ਵਿਚ ਵਾਧਾ ਹੁੰਦਾ ਹੈ। ਅੱਜ ਦੇ ਯੁੱਗ ਵਿਚ ਵਧੇਰੇ ਗਿਣਤੀ ਵਿਚ ਲੋਕ ਪੜ੍ਹਨ ਦੇ ਲਾਭਾਂ ਨੂੰ ਸਮਝ ਰਹੇ ਹਨ। ਵੱਖ-ਵੱਖ ਦ੍ਰਿਸ਼ਟੀਕੋਨਾਂ ਤੇ ਨਵੇਂ ਵਿਚਾਰਾਂ ਵਾਲੇ ਵਿਅਕਤੀ ਹੀ ਸਮਾਜ ਵਿਚ ਆਦਰਸ਼ ਨਾਗਰਿਕ ਬਣ ਸਕਦੇ ਹਨ ਤੇ ਇਸ ਨਾਲ ਰਾਸ਼ਟਰ ਦਾ ਵਿਕਾਸ ਹੁੰਦਾ ਹੈ। ਕਿਤਾਬਾਂ ਕਾਮਯਾਬੀ ਦੇ ਰਾਹ ਖੋਲ੍ਹਦੀਆਂ ਹਨ। ਪੁਸਤਕਾਂ ਚੰਗੀ ਅਤੇ ਸੁਖਮਈ ਜ਼ਿੰਦਗੀ ਬਣਾਉਣ ਵਿਚ ਸਹਾਈ ਹੁੰਦੀਆਂ ਹਨ, ਕਿਤਾਬਾਂ ਪੜ੍ਹਨ ਨਾਲ ਚੰਗੀ ਜ਼ਿੰਦਗੀ ਦੀ ਚੋਣ ਕਰਨੀ ਸੌਖੀ ਹੋ ਜਾਂਦੀ ਹੈ। ਪੁਸਤਕਾਂ ਸਾਡੇ ਸਵੈ ਵਿਸ਼ਵਾਸ ਵਿਚ ਵਾਧਾ ਕਰਦੀਆਂ ਹਨ। ਇਸ ਲਈ ਸਾਨੂੰ ਆਪ ਤੇ ਹੋਰ ਲੋਕਾਂ ਨੂੰ ਵੀ ਪੁਸਤਕਾਂ ਪੜ੍ਹਨ ਦੀ ਆਦਤ ਪਾਉਣੀ ਚਾਹੀਦੀ ਹੈ।

ਕਿਤਾਬਾਂ ਮਨੁੱਖ ਦੀ ਹੁਣ ਤੱਕ ਦੀ ਸਭ ਤੋਂ ਵਡਮੁੱਲੀ ਖੋਜ ਹਨ। ਕਿਤਾਬਾਂ ਸਾਡੇ ਜੀਵਨ ਦਾ ਅਟੱਲ ਹਿੱਸਾ ਹਨ। ਸਾਨੂੰ ਕਿਤਾਬਾਂ ਨੂੰ ਸੰਭਾਲਣ ਦਾ ਯਤਨ ਕਰਨਾ ਚਾਹੀਦਾ ਹੈ। ਕਿਤਾਬਾਂ ਇਲਮ, ਕਲਪਨਾ ਤੇ ਫਰਾਖਦਿਲੀ ਦਾ ਸੋਮਾ ਹਨ। ਇਹਨਾਂ ਦੇ ਮੁੱਲ ਨੂੰ ਸਮਝਦੇ ਹੋਏ ਸਾਨੂੰ ਅਜੋਕੀ ਨੌਜਵਾਨ ਪੀੜ੍ਹੀ ਵਿਚ ਸੱਭਿਆਚਾਰ ਨੂੰ ਪ੍ਰਫੁੱਲਤ ਕਰਨ ਲਈ ਯਤਨ ਕਰਦੇ ਰਹਿਣਾ ਚਾਹੀਦਾ ਹੈ। ਇਸ ਲਈ ਕਿਤਾਬਾਂ ਨਾਲ ਦੋਸਤੀ ਪਾਈਏ ਅਤੇ ਅਸਮਾਨਾ ਨੂੰ ਛੂਹਣ ਦੀ ਕੋਸ਼ਿਸ਼ ਕਰੀਏ।

# ਸੰਪਰਕ : 98146-62260

2-MAY-PAGE-5.qxd 5/1/2025 10:43 PM Page 1



# ਕੌਮਾਂਤਰੀ ਮਜ਼ਦੂਰ ਦਿਵਸ ਮੌਕੇ ਸ਼ਿਕਾਗੋ ਦੇ ਸ਼ਹੀਦਾਂ ਨੂੰ ਸ਼ਰਧਾਂਜਲੀਆਂ

## ਕੇਂਦਰ ਤੇ ਪੰਜਾਬ ਸਰਕਾਰ ਦੀਆਂ ਲੋਕ ਤੇ ਮਜ਼ਦੂਰ ਵਿਰੋਧੀ ਨੀਤੀਆਂ ਦੀ ਕੀਤੀ ਸਖਤ ਨਿੰਦਾ


ਮਾਨਸਾ


ਸੰਗਰੂਰ


ਮਾਲੇਰਕੋਟਲਾ


ਪਾਤੜਾਂ

**ਮਾਲੇਰਕੋਟਲਾ (ਅਸਗਰ ਪਰਿਹਾਰ)** : ਵੀਰਵਾਰ ਨੂੰ ਜਿੱਥੇ ਸੰਸਾਰ ਭਰ 'ਚ ਕੌਮਾਂਤਰੀ ਮਜ਼ਦੂਰ ਦਿਵਸ ਬੜੇ ਜੋਸ਼ੋ ਖਰੋਸ਼ ਨਾਲ ਮਨਾਇਆ ਗਿਆ, ਉਥੇ ਭਾਰਤ ਦੇਸ਼ ਤੇ ਪੰਜਾਬ ਵਿੱਚ ਵੀ ਵੱਖ ਵੱਖ ਜਥੇਬੰਦੀਆਂ ਤੇ ਸਿਆਸੀ ਪਾਰਟੀਆਂ ਵੱਲੋਂ ਮਜ਼ਦੂਰ ਦਿਹਾੜਾ ਮਨਾ ਕੇ ਸ਼ਿਕਾਗੋ ਸ਼ਹੀਦਾਂ ਨੂੰ ਭਾਵ ਭਿੰਨੀਆਂ ਸ਼ਰਧਾਂਜਲੀਆਂ ਭੇਟ ਕੀਤੀਆਂ ਗਈਆਂ। ਇਸੇ ਤਹਿਤ ਟਰੇਡ ਯੂਨੀਅਨ ਕੌਂਸਲ ਮਾਲੇਰਕੋਟਲਾ (ਏਟਕ) ਦੇ ਦਫਤਰ ਵਿਖੇ ਮਜ਼ਦੂਰ ਦਿਵਸ 'ਤੇ ਸ਼ਰਧਾਂਜਲੀ ਸਮਾਗਮ ਕੀਤਾ ਗਿਆ। ਸਮਾਗਮ ਦੇ ਸ਼ੁਰੂ ਵਿੱਚ 22 ਅਪ੍ਰੈਲ ਨੂੰ ਪਹਿਲਗਾਮ (ਜੰਮੂ ਕਸ਼ਮੀਰ) ਵਿਖੇ ਅੱਤਵਾਦੀਆਂ ਵੱਲੋਂ ਬੇਕਸੂਰ 27 ਸੈਲਾਨੀਆਂ ਨੂੰ ਗੋਲੀਆਂ ਮਾਰ ਕੇ ਸ਼ਹੀਦ ਕਰ ਦਿੱਤਾ, ਇਸ ਘਟਨਾ ਦੀ ਸਖਤ ਨਿੰਦਾ ਕਰਦਿਆਂ 2 ਮਿੰਟ ਦਾ ਮੋਨ ਧਾਰ ਕੇ ਸ਼ਰਧਾਂਜਲੀ ਭੇਟ ਕੀਤੀ ਗਈ।




ਨਾਭਾ

ਸ਼ਰਧਾਂਜਲੀ ਸਮਾਗਮ ਦੀ ਪ੍ਰਧਾਨਗੀ ਕਾ. ਸੁਰਿੰਦਰ ਕੁਮਾਰ ਭੈਣੀ, ਜ਼ਿਲ੍ਹਾ ਜਨ: ਸਕੱਤਰ ਪੰਜਾਬ ਖੇਤ ਮਜ਼ਦੂਰ ਸਭਾ, ਰਾਜਵੰਤ ਸਿੰਘ ਜਨਰਲ ਸਕੱਤਰ ਪੀ.ਐਸ.ਈ.ਬੀ. ਪੈਨਸ਼ਨਰ, ਗੁਰਜੰਟ ਸਿੰਘ ਸੂਬਾ ਆਗੂ ਪੈਨਸ਼ਨਰ ਯੂਨੀਅਨ ਨੇ ਕੀਤੀ। ਇਸ ਮੌਕੇ ਝੰਡਾ ਲਹਿਰਾਉਣ ਦੀ ਰਸਮ ਪੀ ਐੱਸ ਈ ਬੀ ਇੰਪ: ਫੈਡਰੇਸ਼ਨ ਦੇ ਡਵੀਜ਼ਨ ਪ੍ਰਧਾਨ ਨਰਿੰਦਰ ਕੁਮਾਰ ਨੇ ਕੀਤੀ। ਸਮਾਗਮ ਨੂੰ ਸੰਬੋਧਨ ਕਰਦਿਆਂ ਟਰੇਡ ਯੂਨੀਅਨ ਕੌਂਸਲ ਮਾਲੇਰਕੋਟਲਾ ਦੇ ਜਨਰਲ ਸਕੱਤਰ ਕਾਮਰੇਡ ਭਰਪੂਰ ਸਿੰਘ ਬੂਲਾਪੁਰ ਨੇ ਮਈ ਦਿਵਸ ਦੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕਰਦੇ ਹੋਏ ਕਿਹਾ ਕਿ 139 ਸਾਲ ਪਹਿਲਾਂ 1886 ਵਿੱਚ ਮਜ਼ਦੂਰਾਂ ਵੱਲੋਂ ਅਮਰੀਕਾ ਦੇ ਸ਼ਹਿਰ ਸ਼ਿਕਾਗੋ ਵਿਖੇ ਕੰਮ ਦਿਹਾੜੀ ਸਮਾਂ 8 ਘੰਟੇ ਕਰਨ ਦੀ ਮੰਗ ਨੂੰ ਲੈ ਕੇ ਚਿੱਟੇ ਝੰਡੇ ਚੁੱਕ ਕੇ ਪੁਰ-ਅਮਨ ਰੋਸ ਪ੍ਰਦਰਸ਼ਨ ਕਰ ਰਹੇ ਸੀ, ਜਿਸ ਨੂੰ ਦਬਾਉਣ ਲਈ ਅਮਰੀਕਾ ਦੀ ਸਾਮਰਾਜੀ ਸਰਕਾਰ ਨੇ ਅੰਨ੍ਹੇਵਾਹ ਗੋਲੀਆਂ ਚਲਾਈਆਂ, ਜਿਸ ਵਿੱਚ ਸੈਂਕੜੇ ਮਜ਼ਦੂਰ, ਮਰਦ-ਔਰਤਾਂ ਤੇ ਬੱਚੇ ਸ਼ਹੀਦ ਹੋ ਗਏ। ਇਸ ਮੌਕੇ ਇੱਕ ਮਾਂ ਵੱਲੋਂ ਖੂਨ ਨਾਲ ਲੱਥ ਪੱਥ ਹੋਏ ਸ਼ਹੀਦ ਬੱਚੇ ਨੂੰ ਚਿੱਟੇ ਝੰਡੇ ਵਿੱਚ ਲਪੇਟ ਲਿਆ, ਜਿਸ ਨਾਲ ਚਿੱਟੇ ਝੰਡੇ ਦਾ ਰੰਗ ਲਾਲ ਹੋ ਗਿਆ, ਜਿਸ ਨੂੰ ਦੁਨੀਆ ਭਰ ਦੇ ਕਿਰਤੀ ਅੱਜ ਤੱਕ ਸੰਘਰਸ਼ਾਂ ਦਾ


ਬਠਿੰਡਾ

ਪ੍ਰਤੀਕ ਮੰਨਦੇ ਆ ਰਹੇ ਹਨ ਅਤੇ ਲਾਲ ਝੰਡਾ ਚੁੱਕ ਕੇ ਅਪਣੇ ਹੱਕਾਂ ਲਈ ਅਵਾਜ਼ ਬੁਲੰਦ ਕਰਦੇ ਆ ਰਹੇ ਹਨ। ਕਾਮਰੇਡ ਬੂਲਾਪੁਰ ਨੇ ਕਿਹਾ ਕਿ ਇਸ ਵਾਰ ਮਜ਼ਦੂਰ ਦਿਵਸ ਦੀ ਵਿਸ਼ੇਸ਼ ਮਹੱਤਤਾ ਹੈ, ਜਦੋਂ ਪਿਛਲੇ 11 ਸਾਲ ਤੋਂ ਕੇਂਦਰ ਤੇ ਕਾਬਜ਼ ਚਲੀ ਆ ਰਹੀ ਮੋਦੀ ਸਰਕਾਰ ਨੇ ਮਜ਼ਦੂਰ ਜਥੇਬੰਦੀਆਂ ਵੱਲੋਂ ਕੁਰਬਾਨੀਆਂ ਦੇ ਕੇ ਬਣਵਾਏ 44 ਕਿਰਤ ਕਾਨੂੰਨਾਂ ਵਿੱਚੋਂ 29 ਕਿਰਤ ਕਾਨੂੰਨਾਂ ਨੂੰ ਤੋੜ ਕੇ 4 ਕੋਡਾਂ ਵਿੱਚ ਬਦਲ ਦਿੱਤਾ ਹੈ, ਕੰਮ ਦਿਹਾੜੀ ਸਮਾਂ 8 ਘੰਟੇ ਤੋਂ ਵਧਾ ਕੇ 12 ਘੰਟੇ ਕਰਨ ਦਾ ਕਾਨੂੰਨ ਬਣਾ ਦਿੱਤਾ ਹੈ।ਪੰਜਾਬ ਦੀ ਭਗਵੰਤ ਮਾਨ ਸਰਕਾਰ ਵੀ ਮੋਦੀ ਸਰਕਾਰ ਦੇ ਪੈਰ 'ਚ ਪੈਰ ਧਰਦਿਆਂ ਕੰਮ ਦਿਹਾੜੀ ਸਮਾਂ 12 ਘੰਟੇ ਕਰਨ ਜਾ ਰਹੀ ਹੈ। ਇਸ ਮੌਕੇ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਦੇ ਸੂਬਾ ਪ੍ਰਧਾਨ ਰਣਜੀਤ ਸਿੰਘ ਰਾਣਵਾਂ, ਰਾਜਵੰਤ ਸਿੰਘ ਪੈਨਸ਼ਨਰ ਆਗੂ ਨੇ ਕਿਹਾ ਕਿ ਕੇਂਦਰ ਤੇ ਕਾਬਜ ਭਾਜਪਾ ਦੀ ਮੋਦੀ ਸਰਕਾਰ, ਅੰਤਰ ਰਾਸਟਰੀ ਮੁਦਰਾ ਕੋਸ, ਵਰਲਡ ਬੈਂਕ, ਵਿਸਵ ਵਪਾਰ ਸੰਸਥਾ ਦੇ ਦਬਾਅ ਹੇਠ ਸਰਕਾਰੀ ਅਰਧ-ਸਰਕਾਰੀ ਵਿਭਾਗਾਂ, ਬੋਰਡਾਂ, ਕਾਰਪੋਰੇਸ਼ਨਾਂ



ਮਲੋਟ

ਨੂੰ ਤੋੜ ਕੇ ਨਿੱਜੀਕਰਨ ਕਰਦੀ ਆ ਰਹੀ ਹੈ। ਮੁਲਾਜ਼ਮਾਂ ਦੀਆਂ ਲੱਖਾਂ ਅਸਾਮੀਆਂ ਖਤਮ ਕਰ ਦਿੱਤੀਆਂ ਹਨ, ਬੇਰੁਜ਼ਗਾਰੀ ਤੇ ਮਹਿੰਗਾਈ ਦਾ ਦੈਂਤ ਵੱਡਾ ਹੁੰਦਾ ਜਾ ਰਿਹਾ, ਅਮੀਰ-ਗਰੀਬ ਦਾ ਪਾੜਾ ਤੇਜ਼ੀ ਨਾਲ ਵਧ ਰਿਹਾ ਹੈ, ਦੇਸ਼ ਦੀ ਦੌਲਤ ਮੁੱਠੀ ਭਰ ਲੋਕਾਂ ਕੋਲ ਇਕੱਠੀ ਹੋ ਗਈ ਹੈ, ਕਾਰਪੋਰੇਟ ਘਰਾਣਿਆਂ ਨੂੰ ਲਾਭ ਪਹੁੰਚਾਉਣ ਲਈ ਮਜ਼ਦੂਰ, ਮੁਲਾਜ਼ਮ, ਪੈਨਸ਼ਨਰ ਤੇ ਕਿਸਾਨ ਵਿਰੋਧੀ ਨੀਤੀਆਂ ਤੇਜ਼ੀ ਨਾਲ ਲਾਗੂ ਕੀਤੀਆਂ ਜਾ ਰਹੀਆਂ ਹਨ, ਮੋਦੀ ਸਰਕਾਰ ਨੇ ਕਾਰਪੋਰੇਟਾਂ ਦੇ 16 ਲੱਖ ਕਰੋੜ ਦੇ ਕਰਜ਼ੇ ਮੁਆਫ ਕਰਕੇ ਸਰਕਾਰੀ ਖਜ਼ਾਨੇ ਨੂੰ ਚੂੰਨਾ ਲਾ ਦਿੱਤਾ ਹੈ, ਦੂਸਰੇ ਪਾਸੇ ਨਰੇਗਾ ਮਜ਼ਦੂਰਾਂ ਦੇ ਬਜਟ, ਸਿਹਤ ਤੇ ਸਿੱਖਿਆ ਦੇ ਬਜਟ ਵਿੱਚ ਕੱਟ ਲਾ ਦਿੱਤਾ, ਸਾਲ ਵਿੱਚ 200 ਦਿਨ ਕੰਮ ਅਤੇ 1000/ਰੁਪੈ ਦਿਹਾੜੀ ਕਰਨ ਦੀ ਮੰਗ ਵੀ ਪੂਰੀ ਨਹੀਂ ਕੀਤੀ ਗਈ , ਮੁਲਾਜ਼ਮਾਂ ਲਈ ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨ ਨੂੰ ਆਰਥਿਕ ਬੋਝ ਦੱਸਿਆ ਜਾ ਰਿਹਾ ਹੈ। ਪੰਜਾਬ ਸਰਕਾਰ ਵੱਲੋਂ ਵੀ 12 ਸਾਲ ਤੋਂ ਕਿਰਤੀਆਂ ਦੀਆਂ ਉਜ਼ਰਤਾਂ ਵਿੱਚ ਵਾਧਾ ਨਹੀਂ ਕੀਤਾ ਗਿਆ, ਆਊਟ ਸੋਰਸ ਤੇ ਸਕੀਮ ਵਰਕਰਾਂ ਨੂੰ ਪੱਕਾ ਨਹੀਂ ਕੀਤਾ ਜਾ ਰਿਹਾ, ਆਸ਼ਾ, ਆਂਗਨਵਾੜੀ ਤੇ ਮਿੱਡ-ਡੇਅ ਮੀਲ ਵਰਕਰਾਂ ਦਾ ਆਰਥਿਕ ਸ਼ੋਸ਼ਣ ਜੰਗੀ ਪੱਧਰ 'ਤੇ ਜਾਰੀ ਹੈ, ਭਗਵੰਤ ਮਾਨ ਸਰਕਾਰ ਵੱਲੋਂ ਆਸ਼ਾ ਵਰਕਰਾਂ ਨੂੰ ਮੁਲਾਜ਼ਮ ਮੰਨ ਕੇ ਰੈਗੂਲਰ ਘੱਟੋ ਘੱਟ ਉਜ਼ਰਤ ਦੇ ਕਾਨੂੰਨ ਅਧੀਨ ਨਹੀਂ ਲਿਆਂਦਾ ਜਾ ਰਿਹਾ।


ਲਹਿਰਾ ਮੁਹੱਬਤ

ਉਨ੍ਹਾਂ ਕਿਹਾ ਕਿ ਪੰਜਾਬ ਦੀ ਭਗਵੰਤ ਮਾਨ ਸਰਕਾਰ ਵੀ ਪੁਰਾਣੀਆਂ ਸਰਕਾਰਾਂ ਦੀ ਤਰਜ਼ 'ਤੇ ਮੁਲਾਜ਼ਮਾਂ-ਮਜ਼ਦੂਰਾਂ ਤੇ ਪੈਨਸ਼ਨਰਾਂ ਦੀਆਂ ਹੱਕੀ ਮੰਗਾਂ ਨੂੰ ਤਿੰਨ ਸਾਲ ਤੋਂ ਅਣਗੌਲਿਆ ਕਰਦੀ ਆ ਰਹੀ ਹੈ। ਬੁਲਾਰਿਆਂ ਵੱਲੋਂ ਅੱਜ ਮਈ ਦਿਵਸ ਤੇ ਪੰਜਾਬ ਸਰਕਾਰ ਵੱਲੋਂ ਨਰੇਗਾ ਮਜ਼ਦੂਰਾਂ ਨੂੰ ਛੁੱਟੀ ਨਾ ਕਰਨ ਦੀ ਸਖਤ ਨਿੰਦਾ ਕੀਤੀ ਗਈ। ਆਗੂਆਂ ਨੇ ਕਿਹਾ ਕਿ ਪੰਜਾਬ ਦੇ ਮੁਲਾਜ਼ਮਾਂ, ਮਜ਼ਦੂਰਾਂ ਤੇ ਕਿਸਾਨਾਂ ਵਿੱਚ ਕੇਂਦਰ ਦੀ ਮੋਦੀ ਸਰਕਾਰ ਪ੍ਰਤੀ ਗੁੱਸਾ ਹੈ, ਦੇਸ਼ ਦੀਆਂ 10 ਕੇਂਦਰੀ ਟ੍ਰੇਡ ਯੂਨੀਅਨਾਂ ਤੇ ਮੁਲਾਜ਼ਮ ਫੈਡਰੇਸ਼ਨਾਂ ਵੱਲੋਂ 20 ਮਈ ਨੂੰ ਦੇਸ਼ ਵਿਆਪੀ ਹੜਤਾਲ ਦਾ ਸੱਦਾ ਦਿੱਤਾ ਗਿਆ, ਜਿਸ ਨੂੰ ਹਰ ਹਾਲਤ ਕਾਮਯਾਬ ਕੀਤਾ ਜਾਵੇਗਾ। ਇਸ ਦੀ ਤਿਆਰੀ ਲਈ ਟ੍ਰੇਡ ਯੂਨੀਅਨਾਂ ਤੇ ਮੁਲਾਜ਼ਮ ਫੈਡਰੇਸ਼ਨਾਂ ਵੱਲੋਂ 4 ਮਈ ਨੂੰ ਦੇਸ਼ ਭਗਤ ਯਾਦਗਾਰ ਹਾਲ ਵਿਖੇ ਰਾਜ ਪੱਧਰੀ ਕਨਵੈਨਸ਼ਨ ਕੀਤੀ ਜਾ ਰਹੀ ਹੈ। ਇਸ ਕਨਵੈਨਸ਼ਨ ਵਿੱਚ ਵੀ ਭਰਵੀਂ ਸ਼ਮੂਲੀਅਤ ਕਰਨ ਦਾ ਫੈਸਲਾ ਕੀਤਾ ਗਿਆ। ਇਸ ਮੌਕੇ ਬੁਲਾਰਿਆਂ ਵਿੱਚ ਬੰਤ ਸਿੰਘ ਬੁਰਜ, ਚਮਕੌਰ ਸਿੰਘ ਪ੍ਰਧਾਨ ਨਰੇਗਾ ਮਜ਼ਦੂਰ ਯੂਨੀਅਨ, ਹਲੀਮ ਮੁਹੰਮਦ, ਹਰਜੀਤ ਸਿੰਘ ਮਾਣਕਮਾਜਰਾ ਸਕੱਤਰ ਦਿਹਾਤੀ, ਜਗਮੇਲ ਸਿੰਘ ਬਿਜਲੀ ਫੈਡਰੇਸ਼ਨ, ਅਜੈਬ ਸਿੰਘ ਹਥਨ, ਮੇਵਾ ਸਿੰਘ ਤੱਖਰ (ਬੀ ਐੱਸ ਐੱਨ ਐੱਲ), ਕ੍ਰਿਪਾਲ ਸਿੰਘ ਰੁੜਕਾ ਮੀਤ ਪ੍ਰਧਾਨ, ਜਗਦੇਵ ਸਿੰਘ, ਕੇਵਲ ਕ੍ਰਿਸ਼ਨ ਪੈਨਸ਼ਨਰ ਮੀਤ ਪ੍ਰਧਾਨ, ਗੁਲਜਾਰ ਖਾਂ ਨਾਰੋਮਾਜਰਾ ਪੈਨਸ਼ਨਰ ਆਗੂ, ਹਾਕਮ ਸਿੰਘ (ਸਿਵਲ ਹਸਪਤਾਲ, ਮੋਦਨ ਸਿੰਘ ਬਾਲੇਵਾਲ, ਬੇਅੰਤ ਸਿੰਘ ਮੋਰਾਂਵਾਲੀ ਸ਼ਾਮਲ ਸਨ।

**ਮਾਨਸਾ (ਆਤਮਾ ਸਿੰਘ ਪਮਾਰ)** : ਮਜ਼ਦੂਰ ਦਿਵਸ ਮੌਕੇ ਸੀ ਪੀ ਆਈ ਤੇ ਹੋਰ ਵੱਖ ਵੱਖ ਜਥੇਬੰਦੀਆਂ ਦੇ ਆਗੂਆਂ ਤੇ ਵਰਕਰਾਂ ਵੱਲੋਂ ਮਾਨਸਾ ਪਾਰਟੀ ਦਫਤਰ ਵਿਖੇ ਜ਼ਿਲ੍ਹਾ ਸਕੱਤਰ ਸਾਥੀ ਕ੍ਰਿਸ਼ਨ ਚੌਹਾਨ ਵੱਲੋਂ ਸ਼ਹਿਰੀ ਸਕੱਤਰ ਰਤਨ ਭੋਲਾ ਦੀ ਅਗਵਾਈ ਹੇਠ ਝੰਡਾ ਚੜ੍ਹਾਇਆ ਗਿਆ। ਇਸ ਮੌਕੇ ਜੁੜੇ ਸਾਥੀਆਂ ਨੂੰ ਸੰਬੋਧਨ ਕਰਦਿਆਂ ਸਾਥੀ ਚੌਹਾਨ ਨੇ ਕਿਹਾ ਕਿ ਦੇਸ਼ ਵਿੱਚ ਫਾਸ਼ੀਵਾਦੀ ਤਾਕਤਾਂ ਤੇ ਪੂੰਜੀਪਤੀਆਂ ਕਾਰਪੋਰੇਟ ਘਰਾਣਿਆਂ ਦੀ ਜਕੜ ਬਣ ਚੁੱਕੀ ਹੈ, ਜਿਸ ਕਾਰਨ ਕਿਰਤ ਵਿਰੋਧੀ ਸੱਤਾਧਾਰੀ ਧਿਰ ਕਿਰਤ ਵਿਰੋਧੀ ਕਾਨੂੰਨਾਂ ਨੂੰ ਲਾਗੂ ਕਰ ਰਹੀ ਹੈ। ਪਹਿਲੇ ਚੱਲ ਰਹੇ ਕਿਰਤ ਕਾਨੂੰਨਾਂ ਨੂੰ ਤੋੜ ਕੇ ਨਵੇਂ ਲੇਬਰ ਕੋਡ ਜੋ ਮਜ਼ਦੂਰ ਵਿਰੋਧੀ ਤੇ ਕਾਰਪੋਰੇਟ ਪੱਖੀ ਹਨ, ਨੂੰ ਲਾਗੂ ਕੀਤਾ ਜਾ ਰਿਹਾ ਹੈ। ਇਨ੍ਹਾਂ ਵਿਰੁੱਧ ਲੁੱਟ ਰਹਿਤ ਸਮਾਜ ਸਿਰਜਣ ਲਈ ਕਿਰਤੀਆਂ ਦੀ ਏਕਤਾ ਤੇ ਸੰਘਰਸ਼ ਸਮੇਂ ਦੀ ਮੁੱਖ ਲੋੜ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਬੂਟਾ ਸਿੰਘ ਬਰਨਾਲਾ ਐੱਫ ਸੀ ਆਈ, ਮੱਖਣ ਮਾਨਸਾ ਮੁਲਾਜ਼ਮ ਆਗੂ, ਸੁਖਦੇਵ ਸਿੰਘ ਪੰਧੇਰ ਖੇਤ ਮਜ਼ਦੂਰ ਸਭਾ, ਸੁਖਦੇਵ ਸਿੰਘ ਮਾਨਸਾ ਉਸਾਰੀ ਯੂਨੀਅਨ, ਜੀਤ ਰਾਮ ਪ੍ਰਧਾਨ ਪੇਂਟਰ ਯੂਨੀਅਨ, ਨਿਰਮਲ ਮਾਨਸਾ, ਗੁਰਦਾਸ ਸਿੰਘ ਐੱਫ ਸੀ ਪੀ ਸਕਿਉਰਟੀ ਗਾਰਡ ਵਰਕਰ ਯੂਨੀਅਨ, ਗੁਰਦੇਵ ਸਿੰਘ ਦਲੇਲ ਸਿੰਘ ਵਾਲਾ, ਰਾਜਿੰਦਰ ਸਿੰਘ ਝੁਨੀਰ ਆਦਿ ਆਗੂਆਂ ਨੇ ਵੀ ਸੰਬੋਧਨ ਕੀਤਾ।

**ਸੰਗਰੂਰ (ਪ੍ਰਵੀਨ ਸਿੰਘ)** : ਪਿੰਡ ਤੁੰਗਾਂ ਵਿਖੇ ਸ਼ਿਕਾਗੋ ਦੇ ਸ਼ਹੀਦਾਂ ਨੂੰ ਸ਼ਰਧਾਂਜਲੀ ਦਿੱਤੀ ਗਈ ਤੇ ਮਜ਼ਦੂਰਾਂ ਦੀ ਸਿਰਮੌਰ ਜਥੇਬੰਦੀ ਸੀਟੂ ਦਾ ਝੰਡਾ ਅਨਾਜ ਮੰਡੀ ਵਿੱਚ ਲਹਿਰਾਇਆ ਗਿਆ।ਇਸ ਮੌਕੇ ਪਿਛਲੇ ਦਿਨੀਂ ਜੰਮੂ-ਕਸ਼ਮੀਰ ਦੇ ਪਹਿਲਗਾਮ 'ਚ ਅੱਤਵਾਦੀ ਹਮਲੇ 'ਚ ਮਾਰੇ ਗਏ ਦੇਸ਼ ਵਾਸੀਆਂ ਨੂੰ ਵੀ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ।ਇਸ ਮੌਕੇ ਬੋਲਦਿਆਂ ਸੀਟੂ ਦੇ ਜ਼ਿਲ੍ਹਾ ਆਗੂ ਕਾਮਰੇਡ ਰਾਮ ਸਿੰਘ ਸੋਹੀਆਂ, ਕਾਮਰੇਡ ਸਤਵੀਰ ਤੁੰਗਾਂ ਨੇ ਕਿਹਾ ਕਿ 20 ਮਈ ਨੂੰ ਸੀਟੂ ਸਮੇਤ ਦੇਸ਼ ਦੀਆਂ 10 ਕੌਮੀ ਟਰੇਡ ਯੂਨੀਅਨਾਂ ਵੱਲੋਂ ਹੜਤਾਲ ਦਾ ਸੱਦਾ ਦਿੱਤਾ ਗਿਆ ਹੈ, ਉਨ੍ਹਾਂ ਕਿਹਾ ਕਿ ਇਹ ਕੌਮੀ ਹੜਤਾਲ ਕੇਂਦਰ ਸਰਕਾਰ ਦੀਆਂ ਜੜ੍ਹਾਂ ਹਿਲਾ ਦੇਵੇਗੀ।ਇਸ ਮੌਕੇ ਮਨਰੇਗਾ ਮਜ਼ਦੂਰ ਯੂਨੀਅਨ ਵੱਲੋਂ 20 ਮਈ ਦੀ ਹੜਤਾਲ ਸਬੰਧੀ ਪਰਚੇ ਵੀ ਵੰਡੇ ਗਏ।ਇਸ ਮੌਕੇ ਕਾਮਰੇਡ ਬਹਾਦਰ ਸਿੰਘ, ਕਾਮਰੇਡ ਬੇਅੰਤ ਸਿੰਘ, ਮਨਰੇਗਾ ਮਜ਼ਦੂਰ ਯੂਨੀਅਨ ਵੱਲੋਂ ਟਹਿਲ ਸਿੰਘ, ਹਰਦਿਆਲ ਸਿੰਘ, ਬਲਜੀਤ ਕੌਰ, ਗੁਰਮੀਤ ਕੌਰ, ਮੇਟ ਕੁਲਵਿੰਦਰ ਕੌਰ, ਭਾਰਤੀ ਕਿਸਾਨ ਯੂਨੀਅਨ (ਅਜ਼ਾਦ) ਵੱਲੋਂ ਮਿੱਠੂ ਸਿੰਘ, ਆੜ੍ਹਤੀਆ ਐਸੋਸੀਏਸ਼ਨ ਵੱਲੋਂ ਹਰਮੇਸ਼ ਕੁਮਾਰ, ਸਰਪੰਚ ਧਰਮਪਾਲ ਸਿੰਘ, ਦਰਸ਼ਨ ਸਿੰਘ ਪ੍ਰਧਾਨ, ਸੁਖਵੀਰ ਸਿੰਘ ਪੰਚ, ਰਾਜ ਸਿੰਘ ਪੰਚ, ਜਨਵਾਦੀ ਨੌਜਵਾਨ ਸਭਾ ਆਗੂ ਗਗਨਦੀਪ ਸ਼ਰਮਾ, ਸਤਨਾਮ ਸਿੰਘ, ਨਿਰਮਲ ਸਿੰਘ, ਗੁਰਮੀਤ ਸਿੰਘ, ਜਗਸੀਰ ਸਿੰਘ, ਬਲਵੰਤ ਸਿੰਘ, ਦਰਸ਼ਨ ਕੌਰ, ਚਿੰਤੋ ਕੌਰ, ਸੁਖਦੇਵ ਸਿੰਘ ਘੁਮੰਡਾ, ਮੇਲਾ ਸਿੰਘ, ਗੁਰਬਖਸ਼ ਸਿੰਘ, ਜਗਮੇਲ ਸਿੰਘ, ਨਾਥ ਸਿੰਘ ਸਮੇਤ ਵੱਡੀ ਗਿਣਤੀ ਵਿਚ ਹੋਰ ਪਿੰਡ ਵਾਸੀ ਹਾਜ਼ਰ ਸਨ।


ਕੋਟਕਪੂਰਾ

**ਦਿੜ੍ਹਬਾ (ਜਸਵੀਰ ਲਾਡੀ)** : ਇੱਥੋਂ ਨੇੜਲੇ ਪਿੰਡ ਛਾਜਲੀ ਵਿਖੇ ਪੰਜਾਬ ਪ੍ਰਦੇਸ਼ ਪੱਲੇਦਾਰ ਮਜ਼ਦੂਰ ਯੂਨੀਅਨ ਛਾਜਲੀ ਨੇ ਆਪਣੇ ਦਫ਼ਤਰ ਵਿਖੇ ਇੱਕ ਮਈ ਦੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਤੇ ਝੰਡਾ ਲਹਿਰਾਇਆ ਗਿਆ।ਇਸ ਮੌਕੇ ਕਾਮਰੇਡ ਗੋਬਿੰਦ ਸਿੰਘ ਛਾਜਲੀ ਤੇ ਪੱਤਰਕਾਰ ਜਸਵੀਰ ਲਾਡੀ ਨੇ ਮਜ਼ਦੂਰਾਂ ਨੂੰ ਸੰਬੋਧਨ ਕਰਦਿਆਂ ਮਈ ਦਿਵਸ ਦੀ ਮਹੱਤਤਾ ਬਾਰੇ ਜਾਣਕਾਰੀ ਦਿੱਤੀ ਤੇ ਮੌਜੂਦਾ ਸਰਕਾਰਾਂ ਵੱਲੋਂ ਮਜ਼ਦੂਰਾਂ ਦੀ ਲੰਮੀ ਲੜਾਈ ਲੜ ਕੇ ਪ੍ਰਾਪਤ ਕੀਤੀਆਂ ਹੱਕੀ ਮੰਗ ਨੂੰ ਅੱਜ ਫੇਰ ਮੌਕੇ ਦੀਆਂ ਸਰਕਾਰਾਂ 8 ਘੰਟਿਆਂ ਤੋਂ ਅੱਜ ਫੇਰ 12 ਘੰਟੇ ਕੰਮ ਕਰਨ ਦੇ ਕਾਨੂੰਨ ਪਾਸ ਕੀਤੇ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਅੱਜ ਲੋੜ ਹੈ ਮਜ਼ਦੂਰਾਂ ਨੂੰ ਇੱਕਮੁੱਠ ਹੋ ਕੇ ਆਪਣੀਆਂ ਹੱਕ ਮੰਗਾਂ ਲਈ ਸੰਘਰਸ਼ ਕਰਨ।ਯੂਨੀਅਨ ਦੇ ਪ੍ਰਧਾਨ ਭੋਲਾ ਸਿੰਘ ਨੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਤੇ ਝੰਡਾ ਲਹਿਰਾਉਣ ਦੀ ਰਸਮ ਅਦਾ ਕੀਤੀ ਤੇ ਨਾਲ ਸਭ ਦਾ ਧੰਨਵਾਦ ਕੀਤਾ।

**ਬਰਨਾਲਾ (ਰਾਜਿੰਦਰ ਬਰਾੜ)** : ਬਰਨਾਲਾ ਜ਼ਿਲ੍ਹੇ ਨਾਲ ਸਬੰਧਤ ਜਨਤਕ ਜਥੇਬੰਦੀਆਂ ਨੇ ਸਾਂਝੇ ਤੌਰ 'ਤੇ ਮਜ਼ਦੂਰ ਦਿਹਾੜਾ ਪੁਰਾਣੇ ਵਾਟਰ ਵਰਕਸ ਤੇ ਲਾਲ ਫਰੇਰਾ ਝੁਲਾ ਕੇ ਸ਼ਿਕਾਗੋ ਦੇ ਸ਼ਹੀਦਾਂ ਨੂੰ ਯਾਦ ਕੀਤਾ।ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਜਨਤਕ ਆਗੂਆਂ ਪੈਨਸ਼ਨਰ ਐਸੋਸੀਏਸ਼ਨ ਦੇ ਮਾਸਟਰ ਮਨੋਹਰ ਲਾਲ, ਕਰਮਜੀਤ ਸਿੰਘ ਬੀਹਲਾ ਫੈਡਰੇਸ਼ਨ ਆਗੂ, ਰਮੇਸ਼ ਕੁਮਾਰ ਹਮਦਰਦ ਫੈਡਰੇਸ਼ਨ ਸੱਜਣ ਸਿੰਘ ਗਰੁੱਪ, ਦਰਸ਼ਨ ਚੀਮਾ ਤੇ ਆਂਗਣਵਾੜੀ ਆਗੂ ਪਰਮਿੰਦਰ ਕੌਰ, ਚਰਨਜੀਤ ਕੌਰ ਆਸ਼ਾ ਵਰਕਰ ਯੂਨੀਅਨ ਨੇ ਕਿਹਾ ਕਿ ਅੱਜ ਦੇ ਦਿਹਾੜੇ 'ਤੇ ਦੇਸ਼ ਅੰਦਰ ਭਾਈਚਾਰਕ ਸਾਂਝ ਦੀ ਬਹੁਤ ਵੱਡੀ ਲੋੜ ਹੈ। ਦੇਸ਼ ਅੰਦਰ ਰਾਜਨੀਤਕ ਲੋਕ ਧਰਮ ਦੇ ਪੱਤੇ ਖੇਡ ਕੇ ਫਿਰਕੂ ਕੜੱਤਣ ਪੈਦਾ ਕਰ ਰਹੇ ਹਨ।ਇਸ ਲਈ ਸਮੂਹ ਦੇਸ਼ ਦੇ ਅਵਾਮ ਨੂੰ ਚੇਤੰਨ ਹੋਣ ਦੀ ਸਖ਼ਤ ਲੋੜ ਹੈ।ਇਸ ਇਕੱਠ ਨੂੰ ਸੰਬੋਧਨ ਕਰਦਿਆਂ ਅਨਿਲ ਕੁਮਾਰ, ਅਧਿਆਪਕ ਆਗੂ ਤੇਜਿੰਦਰ ਤੇਜੀ, ਨਿਰਮਾਣ ਮਜ਼ਦੂਰ ਯੂਨੀਅਨ ਦੇ ਆਗੂ ਮਲਕੀਤ ਸਿੰਘ, ਰਣਜੀਤ ਸਿੰਘ ਈਸਾਪੁਰ, ਜਸਵਿੰਦਰ ਕੌਰ, ਤਾਰ ਸਿੰਘ ਗਿੱਲ, ਰਛਪਾਲ ਸਿੰਘ ਠੀਕਰੀਵਾਲਾ, ਪਰਮਜੀਤ ਸਿੰਘ ਪਾਸੀ, ਸੁਖਦੇਵ ਸਿੰਘ ਜੋਧਪੁਰ, ਮਾਸਟਰ ਬਿਰਜ ਭੂਸ਼ਨ ਨੇ ਕਿਹਾ ਕਿ ਸਾਨੂੰ ਅੱਠ ਘੰਟੇ ਕੰਮ ਦਾ ਹੱਕ ਸ਼ਿਕਾਗੋ ਦੇ ਸ਼ਹੀਦਾਂ ਦੀ ਬਦੌਲਤ ਹੀ ਮਿਲਿਆ ਸੀ।ਇਸ ਮੌਕੇ ਹੋਰਨਾਂ ਤੋਂ ਇਲਾਵਾ ਮਾਸਟਰ ਸੁਰਜੀਤ ਸਿੰਘ ਦਿਹੜ, ਮਨਜੀਤ ਸਿੰਘ ਸ਼ਹਿਣਾ ਤੇ ਜਗਜੀਤ ਜਜ਼ੀਰਾ ਨੇ ਇਨਕਲਾਬੀ ਕਵਿਤਾਵਾਂ ਤੇ ਗੀਤ ਸਾਂਝੇ ਕੀਤੇ ਗਏ।

**ਚੌਂਕੀਮਾਨ (ਇੰਜ. ਬਲਬੀਰ ਸਿੰਘ ਮਾਨ)** : ਪਾਵਰਕੌਮ ਤੇ ਟਰਾਂਸਕੋ ਪੈਨਸ਼ਨਰਜ਼ ਯੂਨੀਅਨ ਮੰਡਲ ਯੂਨਿਟ ਅੱਡਾ ਦਾਖਾ ਸਬੰਧਤ ਏਟਕ ਨੇ ਮਈ ਦਿਵਸ ਦੇ ਸਬੰਧ ਵਿੱਚ ਰੈਲੀ ਕਰਕੇ ਸ਼ਿਕਾਗੋ ਦੇ ਸ਼ਹੀਦਾਂ ਨੂੰ ਯਾਦ ਕਰਦਿਆਂ ਮਈ ਦਿਵਸ ਨੂੰ ਲਾਲ ਸਲਾਮ ਕਹਿੰਦਿਆਂ ਸਲਾਮੀ ਦਿੱਤੀ।ਇਸ ਮੌਕੇ ਬੋਲਦਿਆਂ ਸਰਕਲ ਸਕੱਤਰ ਬਲਵਿੰਦਰ ਸਿੰਘ ਇਯਾਲੀ ਦਰਸ਼ਨ ਸਿੰਘ ਦਾਖਾ, ਜਸਮੇਲ ਸਿੰਘ ਮੋਹੀ, ਹੰਸ ਰਾਜ ਜੰਮੂ, ਚਰਨਜੀਤ ਸਿੰਘ ਘਮਨੇਵਾਲ, ਸੁਖਦੇਵ ਸਿੰਘ ਅੱਬੂਵਾਲ ਨੇ ਮਈ ਦਿਵਸ ਨੂੰ ਸੰਬੋਧਤ ਹੁੰਦਿਆਂ ਕੇਂਦਰ ਤੇ ਪੰਜਾਬ ਸਰਕਾਰ ਦੁਆਰਾ 44 ਕਿਰਤ ਕਾਨੂੰਨਾਂ ਨੂੰ ਤੋੜ ਕੇ ਚਾਰ ਕੋਡਾਂ ਤੱਕ ਸੀਮਤ ਕਰਕੇ ਮਜ਼ਦੂਰ ਮੁਲਾਜ਼ਮਾਂ ਦੇ ਹੱਕਾਂ ਦਾ ਘਾਣ ਕੀਤਾ ਹੈ।ਇਸ ਮੌਕੇ ਸੂਬਾਈ ਆਗੂ ਬਲਬੀਰ ਸਿੰਘ ਮਾਨ ਨੇ ਦੱਸਿਆ ਕਿ 4 ਮਈ ਨੂੰ ਜਲੰਧਰ ਵਿਖੇ ਸਾਰੀਆਂ ਫੈਡਰੇਸ਼ਨਾਂ ਦੀ ਸਾਂਝੀ ਕਨਵੈਨਸ਼ਨ ਅੰਦਰ ਸਰਕਾਰ ਵਿਰੁੱਧ ਤਿੱਖੇ ਸੰਘਰਸ਼ਾਂ ਦਾ ਸਰਬਸੰਮਤੀ ਨਾਲ ਫੈਸਲਾ ਕਰਕੇ ਐਲਾਨ ਕੀਤਾ ਜਾਵੇਗਾ।ਆਖੀਰ ਵਿੱਚ ਪ੍ਰਧਾਨ ਹਰਦਿਆਲ ਸਿੰਘ ਘੁਮਾਣ ਨੇ ਹਰਨੇਕ ਸਿੰਘ ਰਕਬਾ, ਬਲਰਾਜ ਸਿੰਘ ਸਰਾਭਾ, ਸੁਦੇਸ਼ ਕੁਮਾਰ ਜੌਲੀ ਆਦਿ ਦੀ ਹਾਜ਼ਰੀ ਵਿੱਚ ਮਈ ਦਿਵਸ ਨੂੰ ਲਾਲ ਸਲਾਮ ਕਹਿੰਦਿਆਂ ਆਏ ਸਾਥੀਆਂ ਦਾ ਧੰਨਵਾਦ ਕੀਤਾ।


ਕੋਟਕਪੂਰਾ

**ਮੂਣਕ (ਰਾਜਪਾਲ ਸਿੰਗਲਾ)** : ਸ਼ਹਿਰ ਦੇ ਪੀਐੱਸਪੀਸੀਐੱਲ ਦਫਤਰ ਦੇ ਗੇਟ ਅੱਗੇ ਇਕੱਠੇ ਹੋਏ ਜਥੇਬੰਦੀਆਂ ਦੇ ਮੁਲਾਜ਼ਮਾਂ ਵੱਲੋਂ ਮਜ਼ਦੂਰ ਦਿਹਾੜਾ ਧੂਮਧਾਮ ਦੇ ਨਾਲ ਮਨਾਇਆ ਗਿਆ।ਇਸ ਮੌਕੇ ਜਥੇਬੰਦੀਆਂ ਦੇ ਆਗੂ ਬਲਵਿੰਦਰ ਸਿੰਘ ਬਲਰਾ, ਜਗਮੋਹਨ ਸਿੰਘ ਲੇਹਲ ਕਲਾਂ ਤੇ ਭਰਪੂਰ ਸਿੰਘ ਸਲੇਮਗੜ੍ਹ ਨੇ ਇਕੱਠੇ ਹੋਏ ਮੁਲਾਜ਼ਮਾਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਮਈ ਦਿਵਸ ਦੀ ਸ਼ੁਰੂਆਤ ਅਮਰੀਕਾ ਦੇ ਸਿਕਾਂਗੋ ਸ਼ਹਿਰ ਵਿੱਚ 1886 ਦੇ ਵਿੱਚ ਹੋਈ ਜਦੋਂ ਹਜ਼ਾਰਾਂ ਮਜ਼ਦੂਰਾਂ ਨੇ ਅੱਠ ਘੰਟੇ ਕੰਮ ਦੇ ਦਿਨ ਦੀ ਮੰਗ ਲਈ ਹੜਤਾਲ ਕੀਤੀ, ਪਰ 4 ਮਈ 1886 ਨੂੰ ਹੇਅਮਾਰਕੇਟ ਚੌਕ ਵਿੱਚ ਧਮਾਕਾ ਹੋਇਆ। ਜਿਸ ਵਿੱਚ ਮਜ਼ਦੂਰਾਂ ਨੂੰ ਆਪਣੀਆਂ ਸ਼ਹੀਦੀਆਂ ਦੇਣੀਆਂ ਪਈਆਂ।ਇਹ ਘਟਨਾਵਾਂ ਮਜ਼ਦੂਰ ਅੰਦੋਲਨ ਦਾ ਨਕਸ਼ਾ ਬਦਲਣ ਵਾਲੀ ਬਣੀ, ਇਨ੍ਹਾਂ ਸ਼ਹੀਦੀਆਂ ਦੇਣ ਤੋਂ ਬਾਅਦ ਸਾਨੂੰ ਆਪਣੇ ਹੱਕਾਂ ਪ੍ਰਾਪਤ ਹੋਏ। ਜਿਵੇਂ ਕਿ ਦਿਨ ਵਿੱਚ ਅੱਠ ਘੰਟੇ ਕੰਮ ਕਰਨਾ ਅਤੇ ਐਤਵਾਰ ਦੀ ਛੁੱਟੀ ਦਾ ਐਲਾਨ ਹੋਣਾ ਆਦੀ ਸ਼ਾਮਲ ਸਨ।

**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਮਜ਼ਦੂਰ ਦਿਵਸ ਮੌਕੇ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਕਲੱਬ (ਰਜਿ.) ਹਾਮਝੇੜੀ ਦੀ ਟੀਮ ਪ੍ਰਧਾਨ ਮਨਪ੍ਰੀਤ ਸਿੰਘ ਤੇ ਸਾਰੇ ਹੀ ਜ਼ਿੰਮੇਵਾਰ ਮੈਂਬਰਾਂ ਸਮੇਤ ਪਾਤੜਾਂ ਵਿਖੇ ਮਜ਼ਦੂਰ ਦਿਵਸ ਮਨਾਉਣ ਲਈ ਮਜ਼ਦੂਰ ਚੌਕ ਵਿੱਚ ਪਹੁੰਚੇ।ਇਸ ਦੌਰਾਨ ਮਜ਼ਦੂਰਾਂ ਦੇ ਨਾਲ ਝੰਡਾ ਲਹਿਰਾਉਣ ਦੀ ਰਸਮ ਕੀਤੀ ਗਈ ਤੇ ਮਜ਼ਦੂਰਾਂ ਦਾ ਲੱਡੂਆਂ ਨਾਲ ਮੂੰਹ ਮਿੱਠਾ ਕਰਵਾਇਆ ਗਿਆ।ਉਪਰੰਤ ਇੱਕ ਰੰਗਾਰੰਗ ਪ੍ਰੋਗਰਾਮ ਕੀਤਾ ਗਿਆ।ਇਸ ਮੌਕੇ ਹੋਰਨਾਂ ਤੋਂ ਇਲਾਵਾ ਕਲੱਬ ਦੇ ਖਜ਼ਾਨਚੀ ਗੁਰਦੀਪ ਸਿੰਘ, ਵਾਈਸ ਪ੍ਰਧਾਨ ਦਿਲਪ੍ਰੀਤ ਸਿੰਘ, ਸੈਕਟਰੀ ਸੰਦੀਪ ਸਿੰਘ, ਚੇਅਰਮੈਨ ਸਹਿਜਦੀਪ ਸਿੰਘ, ਮੁੱਖ ਸਲਾਹਕਾਰ ਰਾਜੂ ਸਿੰਘ, ਗੁਰਪ੍ਰੀਤ ਸਿੰਘ ਮੈਂਬਰ, ਮੀਡੀਆ ਇੰਚਾਰਜ ਲਵਪ੍ਰੀਤ ਸਿੰਘ, ਸਕੱਤਰ ਗੁਰਤੇਜ ਸਿੰਘ, ਸਲਾਹਕਾਰ ਸਤਿਗੁਰ ਸਿੰਘ, ਮਿਸਰਾ ਸਿੰਘ ਮੈਂਬਰ, ਅਮਨਦੀਪ ਸਿੰਘ ਮੈਂਬਰ, ਗੁਰਪ੍ਰੀਤ ਸਿੰਘ ਮੈਂਬਰ ਤੇ ਸਮਾਜ ਸੇਵੀ ਖੁਸ਼ੀ ਸ਼ੇਰਗੜ੍ਹ, ਦੀਪ ਹਰਿਆਉ ਤੇ ਮਨਪ੍ਰੀਤ ਸਿੰਘ ਹਰਿਆਉ ਆਦਿ ਹਾਜ਼ਰ ਸਨ।

**ਨਾਭਾ (ਵਰਿੰਦਰ ਵਰਮਾ)** : ਹਿੰਦੁਸਤਾਨ ਯੂਨੀਲੀਵਰ ਲਿਮਟਿਡ ਨਾਭਾ ਮਿਲਕਫੂਡ ਫੈਕਟਰੀ ਵਰਕਰ ਯੂਨੀਅਨ ਵੱਲੋਂ ਫੈਕਟਰੀ ਦੇ ਮੇਨ ਗੇਟ 'ਤੇ ਸ਼ਿਕਾਗੋ ਦੇ ਸ਼ਹੀਦਾਂ ਦੀ ਯਾਦ ਵਿੱਚ ਚਿੱਟੇ ਤੇ ਲਾਲ ਰੰਗ ਦਾ ਝੰਡਾ ਚੜ੍ਹਾ ਕੇ ਸ਼ਰਧਾਂਜਲੀ ਭੇਟ ਕੀਤੀ ਗਈ।ਇਸ ਮੌਕੇ ਯੂਨੀਅਨ ਦੇ ਪ੍ਰਧਾਨ ਤੇਜਿੰਦਰ ਸਿੰਘ ਤੇਜੀ, ਸੰਜੇ ਸਾਹੀ, ਪਰਮਿੰਦਰ ਸਿੰਘ, ਮਨਦੀਪ ਸਿੰਘ, ਸ਼ਮਸ਼ੇਰ ਸਿੰਘ, ਰਣਧੀਰ ਸਿੰਘ ਖੰਗੂੜਾ ਨੇ ਆਪਣੇ ਵਿਚਾਰ ਰੱਖੇ। ਇਸ ਮੌਕੇ ਯੂਨੀਅਨ ਦੇ ਨੁਮਾਇੰਦੇ ਮਨਪ੍ਰੀਤ ਸਿੰਘ ਧਾਰੋਂਕੀ, ਬਿੱਕਰ ਸਿੰਘ, ਹਰਪਾਲ ਸਿੰਘ ਪਾਲੀ, ਤੇਜਿੰਦਰ ਸਿੰਘ ਲਾਡੀ ਤੋਂ ਇਲਾਵਾ ਬਹਾਦਰ ਸਿੰਘ ਖੱਟੜਾ, ਉਧਮ ਸਿੰਘ ਭੱਪਾ, ਗੋਪਾਲ ਕ੍ਰਿਸ਼ਨ ਚੋਪੜਾ, ਪ੍ਰੇਮ ਕੁਮਾਰ, ਕੁਲਵਿੰਦਰ ਸਿੰਘ, ਚਰਨਜੀਤ ਸਿੰਘ ਫੌਜੀ, ਮਲਕੀਤ ਸਿੰਘ, ਬਲਦੇਵ ਸਿੰਘ, ਮੁਕੇਸ਼ ਜੋਸ਼ੀ, ਪਾਲਾ ਸਿੰਘ, ਡੀ.ਸੀ ਸਿੰਘ, ਤੇਜਪਾਲ ਸਿੰਘ, ਹਰਦੀਪ ਸਿੰਘ, ਸਤਨਾਮ ਸਿੰਘ, ਮਲਕੀਤ ਸਿੰਘ, ਜਸਪਾਲ ਸਿੰਘ, ਸੁਖਵਿੰਦਰ ਸਿੰਘ, ਰਣਜੀਤ ਕੁਮਾਰ, ਬਘੇਲ ਸਿੰਘ, ਅਸ਼ੋਕ ਕੁਮਾਰ, ਬੱਚਿਤਰ ਸਿੰਘ, ਬਲਵਿੰਦਰ ਕਕਰਾਲਾ ਆਦਿ ਭਾਰੀ ਗਿਣਤੀ ਵਿੱਚ ਵਰਕਰ ਮੌਜੂਦ ਸਨ।

**ਸੰਗਰੂਰ (ਪ੍ਰਵੀਨ ਸਿੰਘ)** : ਸੀਪੀਆਈ ਸੁਤੰਤਰ ਭਵਨ ਵਿਖੇ ਸੁਖਦੇਵ ਸ਼ਰਮਾ ਸੀ ਪੀ ਆਈ ਜ਼ਿਲ੍ਹਾ ਸਕੱਤਰ ਨੇ ਕੌਮਾਂਤਰੀ ਕਿਰਤ ਦਿਵਸ 'ਤੇ ਸ਼ਿਕਾਗੋ ਦੇ ਸ਼ਹੀਦਾਂ ਨੂੰ ਸਲਾਮ ਕਰਦਿਆਂ ਕਿਹਾ ਕਿ ਤਕਨੀਕ ਦੇ ਵਾਧੇ ਕਰਕੇ ਮੁੜ ਕੰਮ ਵੰਡ ਦੀ ਜ਼ਰੂਰਤ ਹੈ।ਇਸ ਲਈ ਕੰਮ ਸਮਾਂ ਜ਼ਰੂਰਤ ਮੁਤਾਬਕ 6 ਘੰਟੇ ਕਰ ਕੇ ਹਰੇਕ ਨੌਜਵਾਨ ਨੂੰ ਰੁਜ਼ਗਾਰ ਦਿਵਾਉਣ ਲਈ ਲਾਮਬੰਦ ਹੋ ਕੇ ਸੰਘਰਸ਼ ਤੇਜ਼ ਕਰਨ।ਇਸ ਮੌਕੇ ਸਰਬ ਭਾਰਤ ਨੌਜਵਾਨ ਸਭਾ ਦੇ ਸੂਬਾ ਮੀਤ ਸਕੱਤਰ ਨਵਜੀਤ ਸਿੰਘ ਨੇ ਕਿਹਾ ਕਿ ਕੰਮ ਦਿਹਾੜੀ ਸਮਾਂ 6 ਘੰਟੇ ਤੇ ਦੇਸ਼ ਦੀ ਪਾਰਲੀਮੈਂਟ ਵਿੱਚ ਭਗਤ ਸਿੰਘ ਕੌਮੀ ਰੁਜ਼ਗਾਰ ਗਰੰਟੀ ਕਾਨੂੰਨ ਨੂੰ ਪਾਸ ਕਰ ਕੇ ਹਰੇਕ ਨੌਜਵਾਨ ਨੂੰ ਯੋਗਤਾ ਅਨੁਸਾਰ ਕੰਮ ਮੁਤਾਬਕ ਉਜ਼ਰਤ ਦਿਵਾਉਣ ਲਈ ਆਓ ਇਕੱਠੇ ਹੋਈਏ। ਉਨ੍ਹਾਂ ਕੌਮਾਂਤਰੀ ਕਿਰਤ ਦਿਵਸ ਦੀਆਂ ਮੁਬਾਰਕਾਂ ਦਿੱਤੀਆਂ। ਇਸ ਸਮੇਂ ਹੋਰਨਾਂ ਤੋਂ ਇਲਾਵਾ ਕਾਮਰੇਡ ਨਿਰਮਲ ਸਿੰਘ ਬਟੜਿਆਣ, ਜੀਵਨ ਸਿੰਘ, ਨਿਰੰਜਨ ਸਿੰਘ, ਅਮਰਜੀਤ ਸਿੰਘ, ਕਾਮਰੇਡ ਆਲੀ ਮਿੱਠੂ, ਸਾਮੀਮ ਖਾਂ, ਰਣਜੀਤ ਸਿੰਘ, ਕਰਮਜੀਤ ਸਿੰਘ ਆਦਿ ਮਜ਼ਦੂਰ ਆਗੂ ਹਾਜ਼ਰ ਹੋਏ।

**ਕੋਟਕਪੂਰਾ/ਫਰੀਦਕੋਟ (ਰਛਪਾਲ ਭੁੱਲਰ/ਡਿਸੂਜਾ)** : ਪਿੰਡ ਢਿੱਲਵਾਂ ਕਲਾਂ ਵਿਖੇ ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਵੱਲੋਂ ਕੌਮਾਂਤਰੀ ਮਜ਼ਦੂਰ ਦਿਵਸ ਮਨਾਇਆ ਗਿਆ। ਸੈਂਕੜੇ ਨਰੇਗਾ ਮਜ਼ਦੂਰਾਂ ਨੇ ਇਕੱਠੇ ਹੋ ਕੇ ਇਕ ਮਈ ਦੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ। ਮਜ਼ਦੂਰਾਂ ਨੂੰ ਸੰਬੋਧਨ ਕਰਦਿਆਂ ਨਰੇਗਾ ਮਜ਼ਦੂਰਾਂ ਦੇ ਜ਼ਿਲ੍ਹਾ ਪ੍ਰਧਾਨ ਪੱਪੀ ਸਿੰਘ ਢਿੱਲਵਾਂ, ਯੂਨੀਅਨ ਦੇ ਸੂਬਾ ਕਮੇਟੀ ਮੈਂਬਰ ਕਾਮਰੇਡ ਸਿੰਘ ਗੋਰਾ ਸਿੰਘ ਪਿਪਲੀ ਨੇ ਕਿਹਾ ਕਿ ਕੇਂਦਰ ਤੇ ਪੰਜਾਬ ਸਰਕਾਰ ਦੋਵੇਂ ਹੀ ਕਿਰਤੀ ਵਰਗ ਖਾਸ ਕਰਕੇ ਨਰੇਗਾ ਮਜ਼ਦੂਰਾਂ ਨਾਲ ਧੱਕਾ ਕਰ ਰਹੀਆਂ ਹਨ। ਪਿਛਲੇ ਚਾਰ ਮਹੀਨਿਆਂ ਤੋਂ ਨਰੇਗਾ ਮਜ਼ਦੂਰਾਂ ਨੂੰ ਕੀਤੇ ਕੰਮ ਦੇ ਪੈਸੇ ਨਹੀਂ ਮਿਲ ਰਹੇ, ਪੰਜਾਬ ਸਰਕਾਰ ਵੱਲੋਂ ਪੂਰਾ ਮਹੀਨਾ ਬੀਤ ਜਾਣ ਦੇ ਬਾਵਜੂਦ ਬੁਢਾਪਾ ਪੈਨਸ਼ਨਾਂ ਜਾਰੀ ਨਹੀਂ ਕੀਤੀਆਂ ਗਈਆਂ, ਜਿਸ ਕਰਕੇ ਬਜ਼ੁਰਗ ਕਿਰਤੀ ਫਾਕੇ ਕੱਟਣ ਲਈ ਮਜਬੂਰ ਹਨ। ਇਸ ਸਮੇਂ ਬਲਾਕ ਜੈਤੋ ਦੇ ਪ੍ਰਧਾਨ ਰੇਸ਼ਮ ਸਿੰਘ ਮੱਤਾ, ਕੁੱਲ ਹਿੰਦ ਕਿਸਾਨ ਸਭਾ ਦੇ ਆਗੂ ਰੇਸ਼ਮ ਸਿੰਘ ਜਟਾਣਾ ਨੇ ਕਿਹਾ ਕਿ ਫਿਰ ਲੋੜ ਹੈ ਕਿਰਤੀ ਵਰਗ ਨੂੰ ਇਕੱਠੇ ਹੋ ਕੇ ਸਰਕਾਰ ਵੱਲੋਂ 12 ਘੰਟੇ ਦੇ ਕਾਨੂੰਨ ਬਣਾਉਣ ਖਿਲਾਫ ਸੰਘਰਸ਼ ਦੇ ਮੈਦਾਨ ਵਿੱਚ ਆਉਣਾ ਚਾਹੀਦਾ ਹੈ।ਆਖਰ ਵਿੱਚ ਇਕੱਠੇ ਹੋਏ ਮਜ਼ਦੂਰਾਂ ਨੇ ਮੁੱਖ ਸੜਕ 'ਤੇ ਖੜ ਕੇ ਕੇਂਦਰ ਤੇ ਪੰਜਾਬ ਸਰਕਾਰ ਖਿਲਾਫ ਜੰਮ ਕੇ ਨਾਅਰੇਬਾਜ਼ੀ ਕੀਤੀ।ਇਸ ਸਮੇਂ ਬਲੀ ਸਿੰਘ ਢਿੱਲਵਾਂ, ਦਰਸ਼ਨ ਸਿੰਘ, ਹਰਨੇਕ ਸਿੰਘ ਫੌਜੀ, ਬਲਵੀਰ ਕੌਰ, ਗੁਰਮੀਤ ਕੌਰ, ਗੁਰਵਿੰਦਰ ਕੌਰ, ਸਰਬਜੀਤ ਕੌਰ ਆਦਿ ਆਗੂ ਤੇ ਵਰਕਰ ਹਾਜ਼ਰ ਸਨ।

**ਸਰਹੰਦ ਮੰਡੀ (ਪ੍ਰਮੋਦ ਭਾਰਦਵਾਜ)** : ਨਾਰਦਨ ਰੇਲਵੇ ਮੈਨਸ ਯੂਨੀਅਨ ਸਰਹਿੰਦ ਬ੍ਰਾਂਚ ਵੱਲੋਂ ਸਰਹਿੰਦ ਯੂਨੀਅਨ ਦਫਤਰ ਵਿੱਚ ਇੱਕ ਗੇਟ ਮੀਟਿੰਗ ਕਰਕੇ ਮਈ ਦਿਵਸ ਦੇ ਮਜ਼ਦੂਰ ਸ਼ਹੀਦਾਂ ਨੂੰ ਦੋ ਮਿੰਟ ਦਾ ਮੌਨ ਰੱਖ ਕੇ ਸ਼ਰਧਾਂਜਲੀ ਦਿੱਤੀ ਗਈ।ਇਸ ਮੀਟਿੰਗ ਦੀ ਪ੍ਰਧਾਨਗੀ ਸਰਹਿੰਦ ਬ੍ਰਾਂਚ ਦੇ ਸੈਕਟਰੀ ਜਗਦੀਪ ਸਿੰਘ ਕਾਹਲੋਂ ਨੇ ਕੀਤੀ।ਇਸ ਮੌਕੇ ਕਰਮਚਾਰੀਆਂ ਨੂੰ ਸੰਬੋਧਨ ਕਰਦੇ ਹੋਏ ਬ੍ਰਾਂਚ ਸੈਕਟਰੀ ਜਗਦੀਪ ਸਿੰਘ ਕਾਹਲੋਂ ਨੇ ਆਲ ਇੰਡੀਆ ਰੇਲਵੇ ਮੈਨਸ ਫੈਡਰੇਸ਼ਨ ਤੇ ਨਾਰਦ ਰੇਲਵੇ ਮੈਨਸੀ ਦਾ ਇਤਿਹਾਸ ਵੀ ਸ਼ਹਾਦਤਾਂ ਨਾਲ ਭਰਿਆ ਹੋਇਆ ਹੈ। ਉਨ੍ਹਾਂ ਕਿਹਾ ਕਿ ਸਾਲ 1960, 1968 ਤੇ 1974 ਦੀਆਂ ਹੜਤਾਲਾਂ ਵਿੱਚ ਰੇਲਵੇ ਕਰਮਚਾਰੀਆਂ ਨੇ ਆਪਣੀ ਸ਼ਹਾਦਤ ਦੇ ਕੇ ਰੇਲਵੇ ਕਰਮਚਾਰੀਆਂ ਦੀਆਂ ਮੰਗਾਂ ਮਨਵਾਈਆਂ ਸਨ।ਉਹਨਾਂ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਸੰਗਠਨ ਨੂੰ ਮਜ਼ਬੂਤੀ ਨਾਲ ਅੱਗੇ ਵਧਾਉਣ ਤੇ ਪੂਰੀ ਦਿਲਚਸਪੀ ਦਿਖਾਉਣ। ਇਸ ਮੌਕੇ ਵੱਖ ਵੱਖ ਅਹੁਦੇਦਾਰਾਂ ਨੇ ਆਪਣੇ ਵਿਚਾਰ ਰੱਖੇ। ਇਸ ਮੀਟਿੰਗ ਵਿੱਚ ਰੋਹਿਤ ਕੁਮਾਰ, ਪ੍ਰਦੀਪ ਕੁਮਾਰ, ਕਰਨੈਲ ਸਿੰਘ, ਦਿਆ ਸਿੰਘ, ਬਲਵਿੰਦਰ ਸਿੰਘ, ਸੁਧੀਰ ਗੁਰਸੇਵਕ ਸਿੰਘ, ਪਵਨ ਮਾਲੀ, ਰਜੇਸ਼ ਕੁਮਾਰ ਤੇ ਵੱਡੀ ਗਿਣਤੀ ਵਿੱਚ ਕਰਮਚਾਰੀ ਹਾਜ਼ਰ ਸਨ।

**ਬਠਿੰਡਾ (ਪਰਵਿੰਦਰ ਜੀਤ ਸਿੰਘ)** : ਪੰਜਾਬ ਰੋਡਵੇਜ਼/ਪਨਬਸ/ਪੀ.ਆਰ.ਟੀ.ਸੀ. ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ 25/11 ਵੱਲੋਂ ਮਜ਼ਦੂਰ ਦਿਵਸ ਮਨਾਇਆ ਗਿਆ। ਇਸ ਮੌਕੇ ਝੰਡਾ ਚੜ੍ਹਾ ਕੇ ਸ਼ਿਕਾਗੋ ਦੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ ਅਤੇ ਝੰਡੇ ਦੀ ਰਸਮ ਅਦਾ ਕਰਨ 'ਤੇ ਇਸ ਦਿਨ ਬਾਰੇ ਕੁਲਵੰਤ ਸਿੰਘ ਮਨੇਸ ਨੇ ਕਿਹਾ ਕਿ 1 ਮਈ ਮਜ਼ਦੂਰਾਂ ਦਾ ਕੌਮਾਂਤਰੀ ਦਿਵਸ ਹੈ ਤੇ ਅੰਤਰਰਾਸ਼ਟਰੀ ਪੱਧਰ 'ਤੇ ਮਨਾਇਆ ਜਾਂਦਾ ਹੈ।ਉਨ੍ਹਾ ਮਜ਼ਦੂਰ ਦਿਵਸ ਦੇ ਇਤਿਹਾਸ ਬਾਰੇ ਵਿਸਥਾਰ ਪੂਰਵਕ ਚਾਨਣਾ ਪਾਇਆ। ਇਸ ਮੌਕੇ ਬਠਿੰਡਾ ਡਿੱਪੂ ਦੇ ਪ੍ਰਧਾਨ ਰਵਿੰਦਰ ਸਿੰਘ ਬਰਾੜ, ਸੈਕਟਰੀ ਹਰਤਾਰ ਸ਼ਰਮਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਲਾਰੇ ਤੇ ਲਾਰਾ ਲਾ ਕੇ ਸਮਾਂ ਟਪਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ ਮੰਗਾਂ ਦਾ ਹੱਲ ਨਹੀਂ ਕੀਤਾ ਜਾ ਰਿਹਾ। ਆਉਣ ਵਾਲੀ 20 ਮਈ ਨੂੰ ਦੇਸ਼ਵਿਆਪੀ ਹੜਤਾਲ ਵਿੱਚ ਕੱਚੇ ਮੁਲਾਜ਼ਮਾਂ ਦੀਆਂ ਮੰਗਾਂ ਸਮੇਤ ਸਾਰੀਆਂ ਮੰਗਾਂ ਤੇ ਯੂਨੀਅਨ ਵੱਲੋਂ ਹੜਤਾਲ ਨੂੰ ਸਮਰਥਨ ਕੀਤਾ ਜਾਵੇਗਾ ਤੇ ਪੰਜਾਬ ਸਰਕਾਰ ਖ਼ਿਲਾਫ਼ ਤਿੱਖੇ ਸੰਘਰਸ਼ ਕੀਤੇ ਜਾਣਗੇ, ਜਿਸ ਸਬੰਧੀ 3 ਮਈ ਨੂੰ ਸੂਬਾ ਪੱਧਰੀ ਮੀਟਿੰਗ ਕਰਕੇ ਫੈਸਲਾ ਕੀਤਾ ਜਾਵੇਗਾ।

**ਫਰੀਦਕੋਟ/ਕੋਟਕਪੂਰਾ (ਐਲਿਗਜੈਂਡਰ ਡਿਸੂਜਾ/ਰਛਪਾਲ ਭੁੱਲਰ)** : ਕੌਮਾਂਤਰੀ ਮਜ਼ਦੂਰ ਦਿਹਾੜੇ ਮੌਕੇ ਸ਼ਿਕਾਗੋ ਦੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕਰਨ ਲਈ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ 1680 ਸੈਕਟਰ 22ਬੀ ਚੰਡੀਗੜ੍ਹ, ਦੀ ਕਲਾਸ ਫ਼ੋਰ ਗੌਰਮਿੰਟ ਇਮਪਲਾਈਜ਼ ਯੂਨੀਅਨ, ਪੰਜਾਬ ਪੈਨਸ਼ਨਰਜ਼ ਯੂਨੀਅਨ ਜ਼ਿਲ੍ਹਾ ਫਰੀਦਕੋਟ ਤੇ ਏਟਕ ਵੱਲੋਂ ਸਥਾਨਕ ਸਰਕਾਰੀ ਬਰਜਿੰਦਰਾ ਕਾਲਜ, ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਤੇ ਹਸਪਤਾਲ, ਨਹਿਰੀ ਕਾਲੋਨੀ, ਡੀ ਸੀ ਦਫਤਰ, ਪੀ ਆਰ ਟੀ ਸੀ ਬੱਸ ਅੱਡਾ ਫਰੀਦਕੋਟ ਵਿਖੇ ਕੌਮਾਂਤਰੀ ਮਜ਼ਦੂਰ ਦਿਹਾੜਾ ਮਨਾਇਆ ਗਿਆ।ਇਸ ਮੌਕੇ ਸੰਬੋਧਨ ਕਰਦੇ ਹੋਏ ਮੁਲਾਜ਼ਮ ਤੇ ਪੈਨਸ਼ਨਰ ਆਗੂ ਪ੍ਰੇਮ ਚਾਵਲਾ, ਕੁਲਵੰਤ ਸਿੰਘ ਚਾਨੀ, ਇਕਬਾਲ ਸਿੰਘ ਢੁੱਡੀ ਜ਼ਿਲ੍ਹਾ ਪ੍ਰਧਾਨ, ਬਲਕਾਰ ਸਿੰਘ ਸਹੋਤਾ ਜਨਰਲ ਸਕੱਤਰ, ਨਛੱਤਰ ਸਿੰਘ ਭਾਣਾ, ਰਮੇਸ਼ ਢੈਪਈ, ਇਕਬਾਲ ਸਿੰਘ ਰਣ ਸਿੰਘ ਵਾਲਾ ਆਗੂ ਕਲਾਸ ਫੋਰ ਗੌਰਮਿੰਟ ਇੰਪਲਾਈਜ਼ ਯੂਨੀਅਨ, ਹਰਪਾਲ ਸਿੰਘ ਮਚਾਕੀ ਪਾਵਰਕਾਮ ਪੈਨਸ਼ਨਰ ਆਗੂ, ਹਰਵਿੰਦਰ ਸ਼ਰਮਾ ਸੂਬਾ ਪ੍ਰਧਾਨ ਆਊਟ ਸੋਰਸ ਮੁਲਾਜ਼ਮ ਯੂਨੀਅਨ, ਰੇਸ਼ਮ ਸਿੰਘ, ਪਰਮਜੀਤ ਸਿੰਘ ਪੰਮਾ, ਗੁਰਪ੍ਰੀਤ ਸਿੰਘ ਸਿੱਧੂ ਸਰਕਾਰੀ ਬ੍ਰਿਜਿੰਦਰਾ ਕਾਲਜ, ਸ਼ਿਵ ਨਾਥ ਦਰਦੀ, ਸੁਖਵਿੰਦਰ ਸਿੰਘ ਗਿੱਲ ਪ੍ਰਧਾਨ ਸਕਿਉਰਟੀ ਗਾਰਡ ਮੁਲਾਜ਼ਮ ਯੂਨੀਅਨ, ਹਰੀ ਸਿੰਘ ਨਹਿਰੀ ਵਿਭਾਗ, ਰਾਜਦੇਵ ਸਿੰਘ, ਰਾਮ ਸਿੰਘ ਡੀ ਸੀ ਦਫਤਰ, ਪੈਨਸ਼ਨਰ ਆਗੂ ਸੋਮ ਨਾਥ ਅਰੋੜਾ, ਤਰਸੇਮ ਨਰੂਲਾ ਕੋਟਕਪੂਰਾ , ਕੁਲ ਹਿੰਦ ਕਿਸਾਨ ਸਭਾ ਦੇ ਆਗੂ ਸੁਖਜਿੰਦਰ ਸਿੰਘ ਤੂੰਬੜਭੰਨ, ਨਰੇਗਾ ਮਜ਼ਦੂਰਾਂ ਦੇ ਆਗੂ ਗੋਰਾ ਸਿੰਘ ਪਿਪਲੀ ਤੇ ਵੀਰ ਸਿੰਘ ਕੰਮਿਆਣਾ ਨੇ ਅੱਜ ਦੇ ਦਿਨ ਦੇ ਇਤਿਹਾਸ ਬਾਰੇ ਰੌਸ਼ਨੀ ਪਾਈ। ਉਨ੍ਹਾਂ ਕਿਹਾ ਕਿ ਆਪਣੇ ਹੱਕਾਂ ਲਈ ਸਮੂਹ ਕਿਰਤੀਆਂ ਤੇ ਮਜ਼ਦੂਰਾਂ ਨੂੰ ਆਪਣੀ ਲਾਮਬੰਦੀ ਹੋਰ ਤਿੱਖੀ ਕਰਕੇ ਸੰਘਰਸ਼ਾਂ ਨੂੰ ਮਜ਼ਬੂਤ ਕਰਨਾ ਚਾਹੀਦਾ ਹੈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਗੁਰਚਰਨ ਸਿੰਘ ਮਾਨ, ਰਾਜੀਵ ਸ਼ਰਮਾ ਮੈਡੀਕਲ ਕਾਲਜ, ਸਤਨਾਮ ਸਿੰਘ ਪੱਖੀ, ਲਲਿਤ ਕੁਮਾਰ, ਮਨਵੀਰ ਸਿੰਘ, ਬੂਟਾ ਸਿੰਘ, ਡਾਕਟਰ ਰਣਜੀਤ ਸਿੰਘ, ਦਵਿੰਦਰ ਘਾਰੂ, ਹਰਫੂਲ ਸਿੰਘ, ਸਰਬਜੀਤ ਕੌਰ, ਵੀਰਪਾਲ ਕੌਰ, ਮਨਦੀਪ ਕੌਰ ਸਮੂਹ ਸਿਕਿਉਰਟੀ ਗਾਰਡ, ਜੋਤੀ ਪ੍ਰਕਾਸ਼ ਮੰਡੀ ਬੋਰਡ ਨੀਲਾ ਸਿੰਘ ਮਾਰਕੀਟ ਕਮੇਟੀ, ਰਜਨੀਸ਼ ਸ਼ਰਮਾ, ਚਰਨਜੀਤ ਸਿੰਘ ਚਮੇਲੀ, ਰਜਿੰਦਰ ਸਿੰਘ, ਰਾਮ ਲਾਲ ਯੂਸਫ, ਘਨਸ਼ਾਮ ਦਾਸ ਨਹਿਰੀ ਵਿਭਾਗ, ਮੁਰਾਰੀ ਲਾਲ, ਰਾਮ ਸੇਵਕ ਮਨਮੋਹਨ ਸਿੰਘ ਡੀ ਸੀ ਦਫਤਰ ਫਰੀਦਕੋਟ ਆਦਿ ਸ਼ਾਮਲ ਸਨ।

**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)** : ਜੀ.ਐਚ.ਟੀ.ਪੀ. ਠੇਕਾ ਮੁਲਾਜ਼ਮ ਯੂਨੀਅਨ (ਆਜ਼ਾਦ) ਦੇ ਬੈਨਰ ਹੇਠ ਥਰਮਲ ਪਲਾਂਟ ਦੇ ਆਊਟਸੋਰਸਡ ਠੇਕਾ ਮੁਲਾਜ਼ਮਾਂ ਨੇ 'ਮਜ਼ਦੂਰ ਦਿਵਸ' ਮੌਕੇ ਪਲਾਂਟ ਦੇ ਮੁੱਖ ਗੇਟ 'ਤੇ ਜਥੇਬੰਦੀ ਦਾ ਝੰਡਾ ਬੁਲੰਦ ਕਰਨ ਉਪਰੰਤ ਰੈਲੀ ਕਰਕੇ ਸ਼ਿਕਾਗੋ ਦੇ ਸ਼ਹੀਦਾਂ ਨੂੰ ਸਿਜਦਾ ਕੀਤਾ। ਜਥੇਬੰਦੀ ਦੇ ਪ੍ਰਧਾਨ ਜਗਰੂਪ ਸਿੰਘ, ਜਨਰਲ ਸਕੱਤਰ ਜਗਸੀਰ ਸਿੰਘ ਭੰਗੂ, ਮੀਤ ਪ੍ਰਧਾਨ ਹਰਦੀਪ ਸਿੰਘ ਤੱਗੜ ਤੇ ਨਾਇਬ ਸਿੰਘ ਨੇ ਕਿਹਾ ਕਿ ਅੱਠ ਘੰਟੇ ਕੰਮ-ਦਿਹਾੜੀ ਦੀ ਮੰਗ ਨੂੰ ਲੈ ਕੇ ਅਮਰੀਕਾ ਦੇ ਸ਼ਹਿਰ ਸ਼ਿਕਾਗੋ ਵਿੱਚ ਮਜ਼ਦੂਰਾਂ ਵੱਲੋਂ ਸੰਘਰਸ਼ ਵਿੱਚ ਦਿੱਤੀਆਂ ਅਨੇਕਾਂ ਸ਼ਹੀਦੀਆਂ ਤੇ ਕੁਰਬਾਨੀਆਂ ਸਦਕਾ ਪੂਰੇ ਵਿਸ਼ਵ ਵਿੱਚ ਕੰਮ ਦੇ ਅੱਠ ਘੰਟੇ ਦਿਹਾੜੀ ਦਾ ਕਾਨੂੰਨ ਬਣਿਆ ਤੇ ਬਾਅਦ ਵਿੱਚ ਲਗਾਤਾਰ ਸੰਘਰਸ਼ਾਂ ਸਦਕਾ ਮਜ਼ਦੂਰਾਂ ਦੇ ਹੱਕਾਂ ਦੀ ਰਾਖੀ ਲਈ ਦੇਸ਼ ਦੀ ਆਜ਼ਾਦੀ ਤੋਂ ਪਹਿਲਾਂ ਬ੍ਰਿਟਿਸ਼ ਹਕੂਮਤ ਦੇ ਸਮੇਂ ਅਨੇਕਾਂ ਮਜ਼ਦੂਰ ਪੱਖੀ ਕਾਨੂੰਨ ਬਣਵਾਏ ਗਏ, ਪਰ ਅੱਜ ਸਦੀਆਂ ਤੋਂ ਬਾਅਦ ਭਾਰਤ ਦੇਸ਼ ਦੇ ਹੁਕਮਰਾਨ ਵਿਸ਼ਵ ਵਪਾਰ ਸੰਸਥਾ ਤੇ ਕਾਰਪੋਰੇਟ ਘਰਾਣਿਆਂ ਦੀ ਸ਼ਹਿ 'ਤੇ 44 ਕਿਰਤ ਕਾਨੂੰਨਾਂ ਨੂੰ ਖਤਮ ਕਰਕੇ 4 ਲੇਬਰ ਕੋਡਾਂ 'ਚ ਤਬਦੀਲ ਕਰ ਦਿੱਤਾ ਹੈ। ਇਨ੍ਹਾਂ ਨਵੇਂ ਲੇਬਰ ਕਾਨੂੰਨਾਂ ਦੇ ਲਾਗੂ ਹੋਣ ਨਾਲ ਮਜ਼ਦੂਰ ਅੱਠ ਘੰਟੇ ਕੰਮ ਦਿਹਾੜੀ ਤੇ ਯੂਨੀਅਨ ਬਣਾਉਣ ਦੇ ਹੱਕ ਤੋਂ ਵਾਂਝੇ ਹੋ ਜਾਣਗੇ, ਜਿਸ ਨਾਲ ਕਿਰਤੀ ਵਰਗ ਦੀ ਹਾਲਤ ਹੋਰ ਵੀ ਤਰਸਯੋਗ ਹੋ ਜਾਵੇਗੀ, ਜਿਸ ਦੇ ਵਿਰੋਧ ਵਿੱਚ ਦੇਸ਼ ਦੇ ਸਮੁੱਚੇ ਕਿਰਤੀ ਲੋਕਾਂ ਨੂੰ ਆਪਣੇ ਹੱਕਾਂ ਦੀ ਰਾਖੀ ਲਈ ਜਥੇਬੰਦ ਹੋ ਕੇ ਇੱਕ ਸਾਂਝਾ ਥੜਾ ਉਸਾਰਨ ਦੀ ਲੋੜ ਹੈ।

**ਮਲੋਟ (ਗੁਰਮੀਤ ਸਿੰਘ ਮੱਕੜ)** : ਸਮੂਹ ਮਜ਼ਦੂਰ, ਮੁਲਾਜ਼ਮ, ਪੈਨਸ਼ਨਰਜ਼ ਤੇ ਭਰਾਤਰੀ ਜਥੇਬੰਦੀਆਂ ਵੱਲੋਂ ਮਜ਼ਦੂਰ ਦਿਵਸ ਮਨਾਉਂਦਿਆਂ ਸ਼ਿਕਾਗੋ ਦੇ ਸ਼ਹੀਦਾਂ ਨੂੰ ਯਾਦ ਕੀਤਾ ਗਿਆ। ਇਸ ਮੌਕੇ ਮੁਲਾਜ਼ਮ ਆਗੂ ਮਾਸਟਰ ਮਨੋਹਰ ਲਾਲ ਸ਼ਰਮਾ, ਮਾਸਟਰ ਕੁਲਵਿੰਦਰ ਸਿੰਘ, ਸੱਤਪਾਲ ਮੋਹਲਾਂ ਤੇ ਸੁਦਰਸ਼ਨ ਜੱਗਾ ਨੇ ਆਪਣੇ ਸੰਬੋਧਨ ਦੌਰਾਨ ਕਾਰਲ ਮਾਰਕਸ ਏਂਗਲਜ਼ ਤੇ ਲੈਨਿਨ ਦੇ ਵਿਚਾਰਾਂ ਬਾਰੇ ਦੱਸਿਆ। ਇਸ ਮੌਕੇ ਉਨ੍ਹਾਂ ਨੇ ਮਜ਼ਦੂਰਾਂ, ਮੁਲਾਜ਼ਮਾਂ ਤੇ ਆਮ ਲੋਕਾਂ ਨੂੰ ਆ ਰਹੀਆਂ ਮੁਸ਼ਕਲਾਂ ਬਾਰੇ ਵਿਸਥਾਰ ਨਾਲ ਦੱਸਿਆ ਅਤੇ ਸਾਡੇ ਦੇਸ਼ ਤੇ ਦੁਨੀਆ ਵਿੱਚ ਸਾਮਰਾਜੀਆਂ ਨੇ ਜੋ ਦਹਿਸ਼ਤ ਪਾਈ ਹੋਈ ਹੈ ਇਸ ਬਾਰੇ ਵੀ ਦੱਸਿਆ। ਇਸ ਮੌਕੇ ਮਿਸਤਰੀ ਮਜ਼ਦੂਰ ਯੂਨੀਅਨ ਵੱਲੋਂ ਪ੍ਰਧਾਨ ਲਖਵਿੰਦਰ ਸਿੰਘ, ਕਿਰਪਾਲ ਸਿੰਘ, ਗੁਰਨਾਮ ਸਿੰਘ, ਕੁਲਵੰਤ ਸਿੰਘ, ਨਿਰਮਲ ਸਿੰਘ ਦਾਨੇਵਾਲਾ, ਜਸਪਾਲ ਝੋਰੜ, ਗੁਰਮੀਤ ਸਿੰਘ, ਬਲਰਾਜ ਸਿੰਘ, ਸ਼ਿੰਦਰਪਾਲ ਕਰਮਗੜ੍ਹ, ਵਿਨੋਦ ਕਰਮਗੜ੍ਹ, ਰਾਮਾਨੰਦ, ਦਰਸ਼ਨ ਸਿੰਘ, ਜਸਬੀਰ ਸਿੰਘ, ਮਹਿੰਦਰ ਸਿੰਘ, ਗੁਰਮੀਤ ਸਿੰਘ, ਦਰਸ਼ਨ ਸਿੰਘ, ਬਲਜੀਤ ਸਿੰਘ ਆਦਿ ਹਾਜ਼ਰ ਸਨ।

**ਸਮਰਾਲਾ (ਸੁਰਜੀਤ ਸਿੰਘ)** : ਅੰਤਰਰਾਸ਼ਟਰੀ ਮਜ਼ਦੂਰ ਦਿਵਸ ਮੌਕੇ ਇਥੇ ਰਾਜ ਮਿਸਤਰੀ ਮਜ਼ਦੂਰ ਯੂਨੀਅਨ ਵੱਲੋਂ ਲੇਬਰ ਚੌਕ, ਸਫ਼ਾਈ ਕਰਮਚਾਰੀ ਯੂਨੀਅਨ ਵੱਲੋਂ ਪਾਣੀ ਵਾਲੀ ਟੈਂਕੀ ਨਜ਼ਦੀਕ ਅਤੇ ਰਿਕਸ਼ਾ ਆਟੋ ਯੂਨੀਅਨ ਵੱਲੋਂ ਸਥਾਨਕ ਦੇ ਮੇਨ ਚੌਕ ਵਿਖੇ ਕਾਮਰੇਡ ਭਜਨ ਸਿੰਘ ਦੀ ਰਹਿਨੁਮਾਈ ਹੇਠ ਲਾਲ ਝੰਡਾ ਲਹਿਰਾਇਆ ਗਿਆ ਤੇ ਸਾਦੇ ਸਮਾਗਮ ਕਰਕੇ ਸ਼ਿਕਾਗੋ ਦੇ ਸ਼ਹੀਦਾਂ ਨੂੰ ਯਾਦ ਕੀਤਾ ਗਿਆ।ਇਨ੍ਹਾਂ ਸਮਾਗਮਾਂ ਵਿੱਚ ਡਾ. ਭੀਮ ਰਾਓ ਅੰਬੇਡਕਰ ਮਿਸ਼ਨਰੀ ਸਭਾ ਸਮਰਾਲਾ ਦੇ ਨੁਮਾਇੰਦਿਆਂ ਵੱਲੋਂ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ਗਈ।ਇਸ ਮੌਕੇ ਕਾਮਰੇਡ ਭਜਨ ਸਿੰਘ, ਡਾ. ਸੋਹਣ ਲਾਲ ਬਲੱਗਣ ਸਰਪ੍ਰਸਤ, ਮੈਨੇਜਰ ਕਰਮਚੰਦ ਤੇ ਡਾ. ਹਰਜਿੰਦਰਪਾਲ ਸਿੰਘ ਸਮਰਾਲਾ ਨੇ ਮਈ ਦਿਵਸ ਦੀ ਮਹੱਤਤਾ ਤੇ ਮਜ਼ਦੂਰਾਂ ਦੀ ਸ਼ਕਤੀ ਸਬੰਧੀ ਜਾਗਰੂਕ ਕੀਤਾ।ਇਨ੍ਹਾਂ ਸਮਾਗਮਾਂ ਵਿੱਚ ਉਪਰੋਕਤ ਤੋਂ ਇਲਾਵਾ ਬੂਟਾ ਸਿੰਘ ਸੈਕਟਰੀ, ਰਾਮਜੀ ਦਾਸ ਮੱਟੂ ਸੀਨੀਅਰ ਪ੍ਰਧਾਨ, ਬਲਦੇਵ ਸਿੰਘ ਤੂਰ ਸੈਕਟਰੀ, ਥਾਣੇਦਾਰ ਕਰਮ ਸਿੰਘ ਸਲਾਹਕਾਰ, ਤਰਸੇਮ ਕਲਿਆਣ ਥਾਣੇਦਾਰ ਮੁੱਖ ਬੁਲਾਰਾ, ਰਜਿੰਦਰ ਮੱਟੂ ਖਜਾਨਚੀ, ਥਾਣੇਦਾਰ ਨਾਇਬ ਸਿੰਘ ਸੀਨੀਅਰ ਮੈਂਬਰ, ਕਸ਼ਮੀਰਾ ਸਿੰਘ ਸਮਰਾਲਾ, ਜੀਵਨ ਸਿੰਘ ਬੰਬ, ਮੇਜਰ ਸਿੰਘ, ਕਰਮਜੀਤ ਸਿੰਘ, ਕੰਵਲ ਸਿੰਘ, ਜਸਵੀਰ ਸਿੰਘ, ਹਰਜਿੰਦਰ ਸਿੰਘ ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਮਜ਼ਦੂਰ, ਆਟੋ ਚਾਲਕ ਤੇ ਸਫਾਈ ਕਰਮਚਾਰੀ ਹਾਜ਼ਰ ਸਨ।

**ਬੁਢਲਾਡਾ (ਅਸ਼ੋਕ ਲਾਕੜਾ)** : ਇੱਥੇ ਕੌਮਾਂਤਰੀ ਮਜ਼ਦੂਰ ਦਿਵਸ ਸਥਾਨਕ ਐੱਫ ਸੀ ਆਈ ਪੱਲੇਦਾਰ ਮਜ਼ਦੂਰ ਯੂਨੀਅਨ ਦੇ ਦਫ਼ਤਰ ਵਿਖੇ ਵੱਖ ਵੱਖ ਕਿਸਾਨ ਮਜ਼ਦੂਰ ਜਥੇਬੰਦੀਆਂ ਨੇ ਮਿਲ ਕੇ ਮਨਾਇਆ। ਇਸ ਮੌਕੇ ਬੁਲਾਰਿਆਂ ਨੇ ਕਿਹਾ ਕਿ ਅਮਰੀਕਾ ਦੇ ਸ਼ਹਿਰ ਸ਼ਿਕਾਗੋ ਵਿਖੇ ਕਿਰਤੀਆਂ ਦੇ ਸੰਘਰਸ਼ਾਂ ਸਦਕਾ ਅੱਠ ਘੰਟੇ ਦਿਹਾੜੀ ਦੇ ਨਿਸ਼ਚਤ ਹੋਏ ਤੇ ਹੋਰ ਸਹੂਲਤਾਂ ਹਾਸਲ ਕੀਤੀਆਂ।ਇਸ ਮੌਕੇ ਫੈਸਲਾ ਕੀਤਾ ਗਿਆ ਕਿ ਟਰੇਡ ਯੂਨੀਅਨਾਂ ਦੀ 20 ਮਈ ਦੀ ਦੇਸ਼ ਵਿਆਪੀ ਹੜਤਾਲ ਨੂੰ ਸਫਲ ਬਣਾਇਆ ਜਾਵੇਗਾ। ਬੁਲਾਰਿਆਂ ਵਿੱਚ ਆਲ ਇੰਡੀਆ ਕਿਸਾਨ ਸਭਾ ਦੇ ਸੂਬਾਈ ਆਗੂ ਐਡਵੋਕੇਟ ਸਵਰਨਜੀਤ ਸਿੰਘ ਦਲਿਓ, ਪੱਲੇਦਾਰ ਯੂਨੀਅਨ ਦੇ ਸੂਬਾ ਆਗੂ ਸਤਪਾਲ ਸਿੰਘ ਮੂਲੇਵਾਲਾ, ਬੀ.ਕੇ.ਯੂ. (ਉਗਰਾਹਾਂ) ਦੇ ਆਗੂ ਜਗਸੀਰ ਸਿੰਘ ਦੋਦੜਾ, ਕ੍ਰਾਂਤੀਕਾਰੀ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਭਜਨ ਸਿੰਘ ਘੁੰਮਣ, ਡਕੌਂਦਾ ਧਨੇਰ ਦੇ ਸੀਨੀਅਰ ਆਗੂ ਦਰਸ਼ਨ ਸਿੰਘ ਗੁਰਨੇ ਕਲਾਂ, ਗੱਲਾ ਮਜ਼ਦੂਰ ਯੂਨੀਅਨ ਦੇ ਪ੍ਰਧਾਨ ਰਾਜ ਕੁਮਾਰ ਰਾਜੂ, ਖੇਤ ਮਜ਼ਦੂਰ ਯੂਨੀਅਨ ਦੇ ਆਗੂ ਰੂਪਾ ਸਿੰਘ, ਅਮਰ ਸਿੰਘ, ਐੱਫ ਸੀ ਆਈ ਡਿੱਪੂ ਪ੍ਰਧਾਨ ਅਮਰ ਸਿੰਘ ਬੌਸ, ਸਕੱਤਰ ਰਘਵੀਰ ਸਿੰਘ, ਯਾਦਵਿੰਦਰ ਸਿੰਘ ਲਾਡੀ, ਸਤਨਾਮ ਸਿੰਘ ਕਾਲਾ, ਸੁਰਜੀਤ ਸਿੰਘ, ਪੰਜਾਬ ਪ੍ਰਦੇਸ਼ ਪੱਲੇਦਾਰ ਯੂਨੀਅਨ ਦੇ ਨਿਰਮਲ ਸਿੰਘ ਮੰਡੇਰ, ਸੁਖਦੇਵ ਸਿੰਘ, ਜੱਗਾ ਸਿੰਘ ਸਤੀਕੇ, ਪੂਰਨ ਸਿੰਘ ਉੱਤਰਾਧਿਕਾਰੀ ਫਰੀਡਮ ਫਾਈਟਰ, ਜਗਜੀਵਨ ਸਿੰਘ ਹਸਨਪੁਰ, ਸਾਉਣ ਸਿੰਘ ਅਹਿਮਦਪੁਰ ਆਦਿ ਸ਼ਾਮਲ ਸਨ।

**ਬੁਢਲਾਡਾ (ਅਸ਼ੋਕ ਲਾਕੜਾ)** : ਕੌਮਾਂਤਰੀ ਮਜ਼ਦੂਰ ਦਿਵਸ ਮੌਕੇ ਸੀ ਪੀ ਆਈ ਤੇ ਵੱਖ ਵੱਖ ਜਥੇਬੰਦੀਆਂ ਦੇ ਆਗੂਆਂ ਤੇ ਵਰਕਰਾਂ ਵੱਲੋਂ ਪਾਰਟੀ ਦਫ਼ਤਰ ਵਿਖੇ ਝੰਡਾ ਚੜ੍ਹਾਇਆ ਗਿਆ ਤੇ ਨਾਹਰੇਬਾਜ਼ੀ ਕੀਤੀ ਗਈ।ਇਸ ਮੌਕੇ ਜੁੜੇ ਸਾਥੀਆਂ ਨੂੰ ਸੰਬੋਧਨ ਕਰਦਿਆਂ ਏਟਕ ਆਗੂ ਸਾਥੀ ਜਗਸੀਰ ਸਿੰਘ ਰਾਏ ਕੇ ਨੇ ਕਿਹਾ ਦੇਸ਼ ਵਿੱਚ ਫਾਸ਼ੀਵਾਦੀ ਤਾਕਤਾਂ ਤੇ ਪੂੰਜੀਪਤੀਆਂ ਕਾਰਪੋਰੇਟ ਘਰਾਣਿਆਂ ਦੀ ਜਕੜ ਬਣ ਚੁੱਕੀ ਹੈ, ਜਿਸ ਕਾਰਨ ਕਿਰਤ ਵਿਰੋਧੀ ਕਾਨੂੰਨਾਂ ਨੂੰ ਸੱਤਾਧਾਰੀ ਧਿਰ ਲਾਗੂ ਕਰ ਰਹੀ ਹੈ।ਕਿਰਤ ਕਾਨੂੰਨਾਂ ਨੂੰ ਤੋੜ ਕੇ ਨਵੇਂ ਲੇਬਰ ਕਾਨੂੰਨ ਮਜ਼ਦੂਰ ਵਿਰੋਧੀ ਤੇ ਕਾਰਪੋਰੇਟ ਪੱਖੀ ਨੇ, ਜਿਨ੍ਹਾਂ ਦੇ ਵਿਰੁੱਧ ਲੁੱਟ ਰਹਿਤ ਸਮਾਜ ਸਿਰਜਣ ਲਈ ਕਿਰਤੀਆਂ ਦੀ ਏਕਤਾ ਤੇ ਸੰਘਰਸ਼ ਸਮੇਂ ਦੀ ਮੁੱਖ ਲੋੜ ਹੈ।ਇਸ ਮੌਕੇ ਉਨ੍ਹਾਂ ਨੇ 20 ਮਈ ਨੂੰ ਕਿਰਤੀਆਂ ਵੱਲੋਂ ਕੀਤੀ ਜਾਣ ਵਾਲੀ ਦੇਸ਼ ਵਿਆਪੀ ਹੜਤਾਲ ਨੂੰ ਕਾਮਯਾਬ ਕਰਨ ਦੀ ਅਪੀਲ ਕੀਤੀ।ਇਸ ਮੌਕੇ ਹੋਰਨਾਂ ਤੋਂ ਇਲਾਵਾ ਰਘੂਨਾਥ ਸਿੰਗਲਾ, ਕਰਨੈਲ ਸਿੰਘ ਦਾਤੇਵਾਸ, ਜਗਤਾਰ ਸਿੰਘ ਕਾਲਾ, ਨਰਿੰਦਰ ਸਿੰਘ ਕਾਲਾ, ਹਰਦਿਆਲ ਸਿੰਘ, ਰਾਮ ਗੋਪਾਲ, ਨਛੱਤਰ ਸਿੰਘ ਅਹਿਮਦਪੁਰ, ਜਗਸੀਰ ਸਿੰਘ ਕੁਲਾਣਾ, ਦਰਸ਼ਨ ਸਿੰਘ ਬੁਢਲਾਡਾ, ਬਿੰਦਰ ਸਿੰਘ ਕੁਲਾਣਾ ਤੇ ਹਰਦੀਪ ਸਿੰਘ ਆਦਿ ਸਾਥੀ ਸ਼ਾਮਲ ਸਨ।

**ਮੋਗਾ (ਇਕਬਾਲ ਸਿੰਘ ਖਹਿਰਾ)** : ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਹਰਮਨਜੀਤ ਸਿੰਘ ਬਰਾੜ ਸਿੰਘ, ਨਗਰ ਨਿਗਮ ਮੇਅਰ ਬਲਜੀਤ ਸਿੰਘ ਚਾਨੀ ਤੇ ਸਮੁੱਚੀ ਆਪ ਲੀਡਰਸ਼ਿਪ ਵੱਲੋਂ ਭਾਜਪਾ ਦਫਤਰ ਘਿਰਾਓ ਕੀਤਾ ਗਿਆ। ਬੀਤੀ ਦੇਰ ਰਾਤ ਭਾਖੜਾ ਬਿਆਸ ਮੈਨੇਜਮੈਂਟ ਬੋਰਡ ਵੱਲੋਂ ਪੰਜਾਬ ਦਾ 8500 ਕਿਊਸਿਕ ਪਾਣੀ ਹਰਿਆਣਾ ਨੂੰ ਦੇਣ ਦਾ ਐਲਾਨ ਕੀਤਾ ਗਿਆ ਸੀ, ਜਿਸ ਦੇ ਰੋਸ ਵਜੋਂ ਲਗਾਤਾਰ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਆਮ ਆਦਮੀ ਪਾਰਟੀ ਦੇ ਵੱਲੋਂ ਵਿਰੋਧ ਕੀਤਾ ਜਾ ਰਿਹਾ ਹੈ। ਇਸ ਸਬੰਧੀ ਜ਼ਿਲ੍ਹਾ ਪ੍ਰਧਾਨ ਹਰਮਨਜੀਤ ਸਿੰਘ ਬਰਾੜ ਤੇ ਨਗਰ ਨਿਗਮ ਮੇਅਰ ਬਲਜੀਤ ਸਿੰਘ ਚਾਨੀ ਦੀ ਅਗਵਾਈ ਹੇਠ ਮੋਗਾ ਦੇ ਭਾਜਪਾ ਦਫਤਰ ਬਾਹਰ ਧਰਨਾ ਦਿੱਤਾ ਗਿਆ। ਇਸ ਮੌਕੇ ਸੰਬੋਧਨ ਕਰਦਿਆਂ ਹਰਮਨਜੀਤ ਸਿੰਘ ਬਰਾੜ ਨੇ ਕਿਹਾ ਕਿ ਕੇਂਦਰ ਦੀ ਭਾਜਪਾ ਸਰਕਾਰ ਹਰ ਵਾਰ ਪੰਜਾਬ ਦੇ ਨਾਲ ਮਤਰੇਈ ਮਾਂ ਵਾਲਾ ਸਲੂਕ ਕਰਦੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਕੋਲੋਂ ਪਹਿਲਾ ਹੀ ਪਾਣੀ ਦੀ ਘਾਟ ਹੈ। ਪੰਜਾਬ ਕਿਸ ਤਰ੍ਹਾਂ ਹਰਿਆਣੇ ਨੂੰ ਪਾਣੀ ਦੇਵੇ, ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਅੱਜ ਸੜਕਾਂ 'ਤੇ ਉੱਤਰੀ ਤੇ ਆਉਣ ਵਾਲੇ ਦਿਨਾਂ ਵਿੱਚ ਤਿੱਖਾ ਸੰਘਰਸ਼ ਵਿੱਢੇਗੀ। ਨਗਰ ਨਿਗਮ ਮੇਅਰ ਬਲਜੀਤ ਚਾਨੀ ਨੇ ਕਿਹਾ ਕਿ ਪੰਜਾਬ ਦੀ ਬੀਜੇਪੀ ਲੀਡਰਸ਼ਿਪ ਵੀ ਆਪਣਾ ਸਟੈਂਡ ਸਪੱਸ਼ਟ ਕਰੇ ਕਿ ਉਹ ਪੰਜਾਬ ਦੇ ਪਾਣੀਆਂ ਦੇ ਨਾਲ ਹੈ ਕਿ ਨਹੀਂ ਤੇ ਪੰਜਾਬ ਬੀਜੇਪੀ ਲੀਡਰਸ਼ਿਪ ਨੂੰ ਵੀ ਚਾਹੀਦਾ ਹੈ ਕਿ ਉਹ ਕੇਂਦਰ ਸਰਕਾਰ ਦੇ ਨਾਲ ਗੱਲਬਾਤ ਕਰੇ।


ਮਾਛੀਵਾੜਾ

## ਮਜ਼ਦੂਰ ਵਰਗ ਦੀਆਂ ਮੁਸ਼ਕਲਾਂ ਨੂੰ ਲੈ ਕੇ ਇਸੇ ਮਹੀਨੇ ਗਵਰਨਰ ਨੂੰ ਮਿਲਾਂਗੇ : ਡਾ. ਹਰਬੰਸ ਲਾਲ



**ਸਰਹਿੰਦ ਮੰਡੀ (ਪ੍ਰਮੋਦ ਭਾਰਦਵਾਜ)**-ਸਰਹੰਦ ਵਿਖੇ ਹਾਅ ਦਾ ਨਾਅਰਾ ਚੇਤਨਾ ਮੰਚ ਪੰਜਾਬ ਦੇ ਸਰਪ੍ਰਸਤ ਤੇ ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਡਾਕਟਰ ਹਰਬੰਸ ਲਾਲ ਸਾਬਕਾ ਮੰਤਰੀ ਪੰਜਾਬ ਨੇ ਆਪਣੇ ਸਾਥੀਆਂ ਸਮੇਤ ਅੰਤਰਰਾਸ਼ਟਰੀ ਮਜ਼ਦੂਰ ਦਿਵਸ 'ਤੇ ਸੈਂਕੜੇ ਮਜ਼ਦੂਰਾਂ ਨੂੰ ਸਿਰੋਪੇ ਪਾ ਕੇ ਉਨ੍ਹਾਂ ਦਾ ਸਨਮਾਨ ਕੀਤਾ ਅਤੇ ਸ਼ਿਕਾਗੋ ਦੇ ਸ਼ਹੀਦ ਮਜ਼ਦੂਰਾਂ ਨੂੰ ਸ਼ਰਧਾਂਜਲੀਆਂ ਭੇਟ ਕੀਤੀਆਂ। ਇਸ ਮੌਕੇ ਡਾਕਟਰ ਹਰਬੰਸ ਲਾਲ ਸਾਬਕਾ ਮੰਤਰੀ ਪੰਜਾਬ ਨੇ ਬੋਲਦੇ ਹੋਏ ਕਿਹਾ ਕਿ ਅੱਜ ਉੱਚੀਆਂ ਉੱਚੀਆਂ ਬਿਲਡਿੰਗਾਂ ਤੇ ਵੱਡੇ ਵੱਡੇ ਉਦਯੋਗ ਮਜ਼ਦੂਰਾਂ ਕਰਕੇ ਹੀ ਚੱਲ ਰਹੇ ਹਨ, ਪ੍ਰੰਤੂ ਇਨ੍ਹਾਂ ਦੀ ਦਿਹਾੜੀ ਬਹੁਤ ਘੱਟ ਹੈ ਅਤੇ ਮਜ਼ਦੂਰਾਂ ਨੂੰ ਕਈ ਵਾਰ ਦੋ ਵਕਤ ਦੀ ਰੋਟੀ ਵੀ ਨਸੀਬ ਨਹੀਂ ਹੁੰਦੀ। ਡਾਕਟਰ ਹਰਬੰਸ ਲਾਲ ਨੇ ਕਿਹਾ ਕਿ ਮੈਂ ਪੰਜਾਬ ਦੇ ਮਜ਼ਦੂਰਾਂ ਦੀਆਂ ਮੁਸ਼ਕਲਾਂ ਨੂੰ ਲੈ ਕੇ ਇਸੇ ਮਹੀਨੇ 11 ਮੈਂਬਰੀ ਵਫਦ ਕਮੇਟੀ ਦੇ ਨਾਲ ਪੰਜਾਬ ਦੇ ਗਵਰਨਰ ਨੂੰ ਮਿਲਾਂਗਾ, ਤਾਂ ਕਿ ਇਨ੍ਹਾਂ ਮਜ਼ਦੂਰਾਂ ਦਾ ਜੀਵਨ ਪੱਧਰ ਉੱਚਾ ਹੋ ਸਕੇ ਤੇ ਹਰ ਮਜ਼ਦੂਰ ਦੀ ਰੋਜ਼ਾਨਾ ਦਿਹਾੜੀ ਘੱਟੋ ਘੱਟ 1000 ਰੁਪਏ ਪ੍ਰਤੀ ਦਿਨ ਹੋਣੀ ਚਾਹੀਦੀ ਹੈ, ਤਾਂ ਜੋ ਕਿ ਮਜ਼ਦੂਰ ਆਪਣੇ ਬੱਚਿਆਂ ਦਾ ਪਾਲਣ ਪੋਸ਼ਣ ਵਧੀਆ ਤਰੀਕੇ ਨਾਲ ਕਰ ਸਕਣ। ਇਸ ਦੇ ਨਾਲ ਹੀ ਉਨ੍ਹਾਂ ਕਿਹਾ ਕਿ ਅਸੀਂ ਮਜ਼ਦੂਰਾਂ ਦੇ ਹਿੱਤਾਂ ਦੀ ਲੜਾਈ ਲੜਦੇ ਰਹਾਂਗੇ ਤੇ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਮੈਮੋਰੰਡਮ ਵੀ ਲਿਖ ਕੇ ਭੇਜਾਂਗੇ ਕਿ ਨਰੇਗਾ ਮਜ਼ਦੂਰਾਂ ਦੀ ਦਿਹਾੜੀ ਵਿੱਚ ਵਾਧਾ ਕਰਨ ਦੇ ਨਾਲ ਨਾਲ ਮਜ਼ਦੂਰੀ ਦੇ ਸਾਲਾਨਾ ਦਿਨ ਵੀ ਵਧਾਉਣੇ ਚਾਹੀਦੇ ਹਨ।ਇਸ ਮੌਕੇ ਹੋਰਨਾਂ ਤੋਂ ਇਲਾਵਾ ਹਾਅ ਦਾ ਨਾਅਰਾ ਚੇਤਨਾ ਮੰਚ ਪੰਜਾਬ ਦੇ ਪ੍ਰਧਾਨ ਮੁਨੀਸ਼ ਵਰਮਾ, ਗੁਰਕੀਰਤ ਸਿੰਘ ਬੇਦੀ, ਸਾਬਕਾ ਮਿਊਸਪਲ ਕਮੇਟੀ ਪ੍ਰਧਾਨ ਤਰਲੋਕ ਬਾਜਵਾ ਸਰਹੰਦ, ਟਰੱਕ ਬਾਡੀ ਬਿਲਡਰ ਪ੍ਰਧਾਨ ਤਿਲਕ ਰਾਜ, ਗੁਰਦੀਪ ਸਿੰਘ ਰਾਮਪੁਰ, ਬਲਵਿੰਦਰ ਸਿੰਘ ਗੋਗੀ ਬਹਾਦਰਗੜ੍ਹ, ਓ ਬੀ ਸੀ ਮੋਰਚੇ ਦੇ ਪ੍ਰਧਾਨ ਸੰਦੀਪ ਸਿੰਘ ਲਵਲੀ, ਵਿੱਕੀ ਰਾਏ ਸਰਹੰਦ, ਮੋਹਣ ਸਿੰਘ ਸਿੰਬਲ, ਰਜਿੰਦਰ ਕੁਮਾਰ ਗੋਗੀ, ਅਸ਼ੋਕ ਕੁਮਾਰ ਸਰਹੰਦ, ਦੇਸ਼ ਰਾਜ ਸੰਧੂ ਬਰਕਤਪੁਰ, ਹਰਚੰਦ ਸਿੰਘ ਜਖਵਾਲੀ, ਜੈ ਸਿੰਘ ਬਾੜਾ ਸਰਹੰਦ, ਬਾਬਾ ਦਲੇਰ ਸਿੰਘ ਖਾਲਸਾ, ਸਾਧੂ ਰਾਮ ਕੇਸਰ ਸਿੰਘ, ਗੁਰਦੀਪ ਸਿੰਘ ਭਾਗਨਪੁਰ ਪ੍ਰੈੱਸ ਸਕੱਤਰ ਪੰਜਾਬ ਆਦਿ ਹਾਜ਼ਰ ਸਨ।

## ਪੰਜਾਬ ਪਬਲਿਕ ਸਕੂਲ ਦੇ ਵਿਦਿਆਰਥੀਆਂ ਬੋਰਡ ਪ੍ਰੀਖਿਆ 'ਚ ਮਾਰੀ ਬਾਜ਼ੀ



**ਨਾਭਾ (ਵਰਿੰਦਰ ਵਰਮਾ)**-ਪੰਜਾਬ ਪਬਲਿਕ ਸਕੂਲ ਨਾਭਾ ਦੇ ਵਿਦਿਆਰਥੀਆਂ ਨੇ ਆਈਸੀਐੱਸਈ (10ਵੀਂ) ਤੇ ਆਈਐੱਸਸੀ (12ਵੀਂ) ਦੇ ਨਤੀਜਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕੀਤਾ, ਜਿਨ੍ਹਾਂ ਦਾ ਨਤੀਜਾ ਅੱਜ ਕੌਂਸਲ ਫਾਰ ਦਿ ਇੰਡੀਅਨ ਸਕੂਲ ਸਰਟੀਫਿਕੇਟ ਐਗਜ਼ਾਮੀਨੇਸ਼ਨ (ਸੀਆਈਐਸਸੀਈ) ਨਵੀਂ ਦਿੱਲੀ ਦੁਆਰਾ ਐਲਾਨਿਆ ਗਿਆ ਹੈ।ਆਈਸੀਐੱਸਈ (10ਵੀਂ) ਵਿੱਚ ਸ਼੍ਰੇਅ ਜਿੰਦਲ ਨੇ 97.40% ਅੰਕ ਪ੍ਰਾਪਤ ਕਰਕੇ ਪਹਿਲਾ, ਮਨਸੀਰਤ ਕੌਰ ਤੇ ਨੈਤਿਕ ਨੇ 96.80% ਅੰਕ ਪ੍ਰਾਪਤ ਕਰਕੇ ਦੂਜਾ ਸਥਾਨ ਪ੍ਰਾਪਤ ਕੀਤਾ।ਆਈਐੱਸਸੀ (12ਵੀਂ) ਵਿੱਚ ਹਰਮਨਜੋਤ ਸਿੰਘ (ਹਿਊਮੈਨਿਟੀਜ਼) 96.8% ਅੰਕ ਪ੍ਰਾਪਤ ਕਰਕੇ ਪਹਿਲੇ, ਸਿਰਜਣਾ ਕੌਰ ਸੰਧੂ 96.5% ਅੰਕ ਪ੍ਰਾਪਤ ਕਰਕੇ ਦੂਜੇ ਸਥਾਨ 'ਤੇ ਰਹੀ, ਜਦੋਂਕਿ ਹਰਜਸਦੀਪ ਸਿੰਘ (ਕਾਮਰਸ) ਤੇ ਪਰੀਨਾਜ਼ ਕੌਰ (ਹਿਊਮੈਨਿਟੀਜ਼) 96% ਅੰਕ ਪ੍ਰਾਪਤ ਕਰਕੇ ਤੀਜੇ ਸਥਾਨ 'ਤੇ ਰਹੇ।ਹਿਊਮੈਨਿਟੀਜ਼ ਸਟ੍ਰੀਮ ਵਿੱਚ ਹਰਮਨਜੋਤ ਸਿੰਘ 96.8% ਅੰਕਾਂ ਨਾਲ ਪਹਿਲੇ, ਸਿਰਜਣਾ ਕੌਰ ਸੰਧੂ 96.5% ਅੰਕਾਂ ਨਾਲ ਦੂਜੇ ਤੇ ਪਰੀਨਾਜ਼ ਕੌਰ 96% ਅੰਕਾਂ ਨਾਲ ਤੀਜੇ ਸਥਾਨ 'ਤੇ ਰਹੀ।ਕਾਮਰਸ ਸਟ੍ਰੀਮ ਵਿੱਚ ਹਰਜਸਦੀਪ ਸਿੰਘ 96% ਅੰਕਾਂ ਨਾਲ ਪਹਿਲੇ, ਗੁਰਮਨਪ੍ਰੀਤ ਕੌਰ 95.3% ਅੰਕਾਂ ਨਾਲ ਦੂਜੇ ਅਤੇ ਪੁਲਕਿਤ ਤੇ ਸੂਰਜ ਕੁਮਾਰ ਕੇਟੀ 91.8% ਅੰਕਾਂ ਨਾਲ ਤੀਜੇ ਸਥਾਨ 'ਤੇ ਰਹੇ। ਸਾਇੰਸ ਸਟ੍ਰੀਮ ਵਿੱਚ ਖੁਸ਼ਮਨ ਕੌਰ 95.8% ਅੰਕਾਂ ਨਾਲ ਪਹਿਲੇ, ਅਰਸ਼ਵੀਰ ਸਿੰਘ ਸਿੱਧੂ 94% ਅੰਕਾਂ ਨਾਲ ਦੂਜੇ ਤੇ ਨਵਰੀਤ ਕੌਰ 93.3% ਅੰਕਾਂ ਨਾਲ ਤੀਜੇ ਸਥਾਨ 'ਤੇ ਰਹੀ।ਇਸ ਮੌਕੇ ਸਕੂਲ ਹੈੱਡਮਾਸਟਰ ਡਾ. ਡੀ. ਸੀ. ਸ਼ਰਮਾ ਨੇ ਸਕੂਲ ਮੈਨੇਜਮੈਂਟ ਵੱਲੋਂ ਸਟਾਫ, ਵਿਦਿਆਰਥੀਆਂ, ਮਾਪਿਆਂ ਤੇ ਸਾਰੇ ਸਬੰਧਤਾਂ ਨੂੰ ਆਈ.ਐੱਸ.ਸੀ. ਅਤੇ ਆਈ.ਸੀ.ਐੱਸ.ਈ. ਦੋਵਾਂ ਵਿੱਚ ਸ਼ਾਨਦਾਰ ਨਤੀਜੇ ਲਈ ਵਧਾਈ ਦਿੱਤੀ।

## ਜਸਵੰਤ ਸਿੰਘ ਜੱਸੀ ਸ਼ੇਰੋਂ ਸਹਿਕਾਰੀ ਸਭਾਵਾਂ ਕਰਮਚਾਰੀ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਬਣੇ



**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)**-ਦੀ ਪੰਜਾਬ ਰਾਜ ਸਹਿਕਾਰੀ ਖੇਤੀਬਾੜੀ ਸਭਾਵਾਂ ਕਰਮਚਾਰੀ ਯੂਨੀਅਨ ਜ਼ਿਲ੍ਹਾ ਸੰਗਰੂਰ ਦੀ ਚੋਣ ਸਟੇਟ ਕਮੇਟੀ ਨੁਮਾਇੰਦਾ ਵਰਿਆਮ ਸਿੰਘ ਜ਼ਿਲ੍ਹਾ ਪ੍ਰਧਾਨ ਲੁਧਿਆਣਾ ਤੇ ਰਮਨਦੀਪ ਸਿੰਘ ਜ਼ਿਲ੍ਹਾ ਪ੍ਰਧਾਨ ਮਾਨਸਾ ਦੀ ਦੇਖ-ਰੇਖ ਹੇਠ ਹੋਈ। ਇਸ ਮੌਕੇ ਸਮੂਹ ਨੁਮਾਇੰਦਿਆਂ ਵੱਲੋਂ ਬਹੁਮੱਤ ਨਾਲ ਸਹਿਕਾਰੀ ਸਭਾ ਸ਼ੇਰੋਂ ਵਿਖੇ ਸਕੱਤਰ ਵਜੋਂ ਤਾਇਨਾਤ ਜਸਵੰਤ ਸਿੰਘ ਜੱਸੀ ਸ਼ੇਰੋਂ ਨੂੰ ਜ਼ਿਲ੍ਹਾ ਪ੍ਰਧਾਨ, ਗੁਰਦੀਪ ਸਿੰਘ ਸੀਨੀਅਤ ਮੀਤ ਪ੍ਰਧਾਨ, ਸੰਦੀਪ ਸਿੰਘ ਮੀਤ ਪ੍ਰਧਾਨ, ਬਲਜੀਤ ਸਿੰਘ ਜ਼ੋਰਾ ਜਨਾਲ ਜਨਰਲ ਸਕੱਤਰ, ਪ੍ਰਭਜੋਤ ਸਿੰਘ ਸਕੱਤਰ, ਕੁਲਵਿੰਦਰ ਸਿੰਘ ਘਰਾਚੋਂ ਖਜ਼ਾਨਚੀ, ਹਰਜੀਤ ਸਿੰਘ ਪ੍ਰੈੱਸ ਸਕੱਤਰ, ਦੀਪਕ ਆਡੀਟਰ ਤੇ ਪਰਮਵੀਰ ਸਿੰਘ ਬੱਬੂ ਪ੍ਰੋਪੇਗੰਡਾ ਸਕੱਤਰ ਅਤੇ ਵਟਸਐਪ ਸਕੱਤਰ ਚੁਣੇ ਗਏ ਹਨ। ਜ਼ਿਲ੍ਹਾ ਜਥੇਬੰਦੀ ਦੇ ਕਮੇਟੀ ਮੈਂਬਰ ਲਈ ਅਵਤਾਰ ਸਿੰਘ, ਬਲਜਿੰਦਰ ਸਿੰਘ, ਗੁਰਵਿੰਦਰ ਸਿੰਘ, ਅੰਗਰੇਜ਼ ਸਿੰਘ ਚੁਣੇ ਗਏ ਹਨ। ਸਟੇਟ ਡੈਲੀਗੇਟ ਲਈ ਜਸਵੰਤ ਸਿੰਘ ਜੱਸੀ ਸ਼ੇਰੋਂ, ਬਲਜੀਤ ਸਿੰਘ ਜ਼ੋਰਾ ਜਨਾਲ ਤੇ ਕੁਲਵਿੰਦਰ ਸਿੰਘ ਘਰਾਚੋਂ ਨਾਮਜ਼ਦ ਕੀਤੇ ਗਏ। ਇਸੇ ਤਰ੍ਹਾਂ ਜਗਤਾਰ ਸਿੰਘ ਮੂਨਕ ਨੂੰ ਮੁੱਖ ਬੁਲਾਰਾ ਤੇ ਬਲਜਿੰਦਰ ਸਿੰਘ ਨੂੰ ਸਰਪ੍ਰਸਤ ਨਾਮਜ਼ਦ ਕੀਤਾ ਗਿਆ ਹੈ। ਜਸਵੰਤ ਸਿੰਘ ਜੱਸੀ ਸ਼ੇਰੋਂ ਨੇ ਦੂਜੀ ਵਾਰ ਸਹਿਕਾਰੀ ਸਭਾਵਾਂ ਕਰਮਚਾਰੀ ਯੂਨੀਅਨ ਸੰਗਰੂਰ ਦੇ ਜ਼ਿਲ੍ਹਾ ਪ੍ਰਧਾਨ ਦੇ ਅਹੁਦੇ ਦਾ ਮਾਣ ਬਖਸ਼ਣ ਲਈ ਆਪਣੇ ਸਾਥੀਆਂ ਦਾ ਧੰਨਵਾਦ ਕੀਤਾ।

## ਮਈ ਦਿਹਾੜੇ ਨੂੰ ਨਿੱਜੀਕਰਨ ਵਿਰੋਧੀ ਦਿਵਸ ਵਜੋਂ ਮਨਾਉਂਦਿਆਂ ਸਰਕਲ ਦਫਤਰ ਅੱਗੇ ਦਿੱਤਾ ਧਰਨਾ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਟੈਕਨੀਕਲ ਸਰਵਿਸ ਯੂਨੀਅਨ ਸਰਕਲ ਪਟਿਆਲਾ ਦੇ ਪ੍ਰਧਾਨ ਹਰਜੀਤ ਸਿੰਘ ਸੇਖੋਂ ਅਤੇ ਸਰਕਲ ਸਕੱਤਰ ਬਿਰੇਸ਼ ਕੁਮਾਰ ਨੇ ਸਾਂਝੇ ਬਿਆਨ ਰਾਹੀਂ ਦੱਸਿਆ ਕਿ ਟੈਕਨੀਕਲ ਸਰਵਿਸ ਯੂਨੀਅਨ ਸਰਕਲ ਪਟਿਆਲਾ ਯੂਨੀਅਨ ਪਾਵਰ-ਕਮ-ਟਰਾਂਸਕੋ ਠੇਕਾ ਕਾਮਾ ਯੂਨੀਅਨ, ਜਲ ਸਪਲਾਈ ਯੂਨੀਅਨ, ਭਾਰਤੀ ਕਿਸਾਨ ਯੂਨੀਅਨ ਏਕਤਾ ਉਗੁਰਾਹਾਂ, ਪੈਸਕੋ ਪੀ.ਐੱਸ.ਪੀ.ਐੱਲ. ਕੰਟਰੈਕਟਰ ਯੂਨੀਅਨ ਨੇ ਸਾਂਝੇ ਤੌਰ 'ਤੇ ਮਈ ਦਿਹਾੜੇ ਨੂੰ ਨਿੱਜੀਕਰਨ ਵਿਰੋਧੀ ਦਿਵਸ ਵਜੋਂ ਮਨਾਇਆ। ਸਾਰੇ ਬੁਲਾਰਿਆਂ ਨੇ ਕੇਂਦਰ ਸਰਕਾਰ ਤੇ ਪੰਜਾਬ ਸਰਕਾਰ ਦੇ ਨਿੱਜੀਕਰਨ ਦੀ ਨੀਤੀ ਨੂੰ ਰੱਦ ਕੀਤਾ ਅਤੇ ਧਰਨੇ ਨੂੰ ਸੰਬੋਧਨ ਕਰਦੇ ਹੋਏ ਟੀ.ਐੱਸ.ਯੂ. ਵੱਲੋਂ ਵਿਜੇ ਦੇਵ, ਜਤਿੰਦਰ ਚੱਢਾ, ਜੋਗਿੰਦਰ ਮੌਜੀ, ਇੰਦਰਜੀਤ ਸਿੰਘ, ਕਰਮਜੀਤ ਸਿੰਘ, ਭਗਵਾਨ ਸਿੰਘ ਤੇ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਵੱਲੋਂ ਹਰਦੇਵ ਘੱਗਾ, ਬਲਰਾਜ ਜੋਸ਼ੀ, ਦਵਿੰਦਰ ਸਿੰਘ ਸੀਲ, ਠੇਕਾ ਕਾਮਾ ਯੂਨੀਅਨ ਵੱਲੋਂ ਦਿਲਪ੍ਰੀਤ ਸਿੰਘ, ਬਿੱਕਰ ਖਾਨ, ਜਲ ਸਪਲਾਈ ਯੂਨੀਅਨ ਵੱਲੋਂ ਹਾਕਮ ਸਿੰਘ ਧਨੇਠਾ, ਵਰਿੰਦਰ ਸਿੰਘ ਮੋਮੀ, ਪੈਸਕੋ ਵੱਲੋਂ ਸੰਦੀਪ ਖਤਰੀ ਨੇ ਸੰਬੋਧਨ ਕੀਤਾ। ਸਾਰੇ ਬੁਲਾਰਿਆਂ ਨੇ ਸਰਕਾਰ ਨੂੰ ਚੇਤਾਵਨੀ ਦਿੱਤੀ ਕਿ ਜੇਕਰ ਕਿਸੇ ਮਹਿਕਮੇ ਵਿੱਚ ਨਿੱਜੀਕਰਨ ਦੀ ਨੀਤੀ ਲਾਗੂ ਕੀਤੀ ਗਈ ਤਾਂ ਸਾਰੇ ਇਕੱਠੇ ਹੋ ਕੇ ਇਸ ਨੀਤੀ ਦਾ ਵਿਰੋਧ ਕਰਨਗੇ। ਇੱਕ ਮਤੇ ਰਾਹੀਂ ਮੰਗ ਕੀਤੀ ਗਈ ਕਿ ਬਿਜਲੀ ਬੋਰਡ ਵਿੱਚ ਨਿੱਜੀਕਰਨ ਵਿਰੁੱਧ ਲੜਦੇ ਦੋ ਕਾਮਿਆਂ ਬਨਾਰਸੀ ਦਾਸ ਤੇ ਰਾਮ ਸਿੰਘ ਨੂੰ ਕੋਰਟ ਦੇ ਫੈਸਲੇ ਅਨੁਸਾਰ ਬਹਾਲ ਕਰਕੇ ਅਦਾਇਗੀਆਂ ਤੁਰੰਤ ਜਾਰੀ ਕੀਤੀਆਂ ਜਾਣ। ਬਾਅਦ ਵਿੱਚ ਸਰਕਲ ਦਫਤਰ ਪਟਿਆਲਾ ਤੋਂ ਪੁਰਾਣੇ ਬੱਸ ਸਟੈਂਡ ਤੱਕ ਵਿਸ਼ਾਲ ਮਾਰਚ ਵੀ ਕੀਤਾ ਗਿਆ।

## ਵਿਧਾਇਕ ਤੇ ਚੇਅਰਮੈਨ ਵੱਲੋਂ ਢਿੱਲਵਾਂ ਕਲਾਂ 'ਚ ਸੀ ਸੀ ਟੀ ਵੀ ਕੈਮਰਿਆਂ ਦਾ ਉਦਘਾਟਨ



**ਕੋਟਕਪੂਰਾ (ਰਛਪਾਲ ਭੁੱਲਰ)**-ਪਿੰਡ ਢਿੱਲਵਾਂ ਕਲਾਂ ਵਿਖੇ ਲਗਾਏ ਗਏ ਸੀ.ਸੀ.ਟੀ.ਵੀ. ਕੈਮਰਿਆਂ ਦਾ ਉਦਘਾਟਨ ਵਿਧਾਇਕ ਹਲਕਾ ਜੈਤੋ ਸ੍ਰ. ਅਮੋਲਕ ਸਿੰਘ ਤੇ ਸ੍ਰ. ਸੁਖਜੀਤ ਸਿੰਘ ਢਿੱਲਵਾਂ ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ ਨੇ ਕੀਤਾ।ਸ੍ਰ. ਅਮੋਲਕ ਸਿੰਘ ਨੇ ਕਿਹਾ ਕਿ ਚੇਅਰਮੈਨ ਢਿੱਲਵਾਂ ਵੱਲੋਂ ਪਿੰਡ ਵਿੱਚ ਲਗਭਗ ਪੰਜ ਲੱਖ ਦੀ ਲਾਗਤ ਨਾਲ ਇਹ ਸੀ.ਸੀ.ਟੀ.ਵੀ. ਕੈਮਰੇ ਲਗਾਏ ਗਏ ਹਨ।ਵਿਧਾਇਕ ਸ੍ਰ. ਅਮੋਲਕ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਦੀਆਂ ਨਵੀਆਂ ਨੀਤੀਆਂ ਜਿਵੇਂ ਯੁੱਧ ਨਸ਼ਿਆਂ ਵਿਰੁੱਧ ਤਹਿਤ ਵੀ ਇਹ ਕੋਸ਼ਿਸ਼ ਹੈ ਕਿ ਪਿੰਡਾਂ ਨੂੰ ਇਸ ਤਰ੍ਹਾਂ ਵਿਕਸਿਤ ਕੀਤਾ ਜਾਵੇ ਕਿ ਪਿੰਡਾਂ ਵਿੱਚੋਂ ਨਸ਼ੇ ਤੇ ਚੋਰੀਆਂ ਰੋਕਣੀਆਂ ਆਸਾਨ ਹੋ ਜਾਣ।ਉਨ੍ਹਾਂ ਦੱਸਿਆ ਕਿ ਸਾਰੇ ਪਿੰਡ ਨੂੰ ਸੀ.ਸੀ.ਟੀ.ਵੀ. ਕੈਮਰੇ ਨਾਲ ਕਵਰ ਕੀਤਾ ਗਿਆ ਹੈ।ਉਨ੍ਹਾਂ ਕਿਹਾ ਕਿ ਜ਼ਿਲ੍ਹੇ ਦਾ ਇਹ ਪਹਿਲਾ ਪਿੰਡ ਹੈ ਜੋ ਕਿ ਪੂਰੀ ਤਰ੍ਹਾਂ ਸੀ.ਸੀ.ਟੀ.ਵੀ. ਕੈਮਰਿਆਂ ਨਾਲ ਲੈਸ ਕੀਤਾ ਗਿਆ ਹੈ।ਉਨ੍ਹਾਂ ਕਿਹਾ ਕਿ ਪਿੰਡ ਦੇ ਐਂਟਰੀ ਤੇ ਐਗਜ਼ਿਟ ਏਰੀਏ ਨੂੰ ਵੀ ਇਸ ਤਹਿਤ ਕਵਰ ਕੀਤਾ ਗਿਆ ਹੈ। ਇਸ ਨਾਲ ਜੇਕਰ ਕੋਈ ਅਣਸੁਖਾਵੀਂ ਘਟਨਾ ਵਾਪਰਦੀ ਹੈ ਤਾਂ ਪੁਲਸ ਨੂੰ ਵੀ ਆਸਾਨੀ ਹੋਵੇਗੀ।ਉਨ੍ਹਾਂ ਚੇਅਰਮੈਨ ਢਿੱਲਵਾਂ ਤੇ ਪਿੰਡ ਦੀ ਸਾਰੀ ਟੀਮ ਨੂੰ ਇਸ ਉਪਰਾਲੇ ਲਈ ਵਧਾਈ ਦਿੱਤੀ।ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ ਸ੍ਰ. ਸੁਖਜੀਤ ਸਿੰਘ ਢਿੱਲਵਾਂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਲਗਾਤਾਰ ਵਿਕਾਸ ਕਾਰਜ ਕੀਤੇ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਮਾੜੇ ਅਨਸਰਾਂ ਨੂੰ ਰੋਕਣ ਲਈ ਸਾਰੇ ਪਿੰਡ ਨੂੰ ਸੀ.ਸੀ.ਟੀ.ਵੀ. ਕੈਮਰਿਆਂ ਨਾਲ ਲੈਸ ਕੀਤਾ ਗਿਆ ਹੈ।ਇਸ ਤੋਂ ਇਲਾਵਾ ਪਿੰਡ ਦੀ ਨੁਹਾਰ ਬਦਲਣ ਲਈ ਹੋਰ ਵੀ ਵਿਕਾਸ ਕਾਰਜ ਲਗਾਤਾਰ ਕੀਤੇ ਜਾ ਰਹੇ ਹਨ।ਇਸ ਮੌਕੇ ਰਾਜਵਿੰਦਰ ਸਿੰਘ ਸਰਪੰਚ, ਮਹੰਤ ਬਾਬਾ ਜਰਨੈਲ ਸਿੰਘ ਤੇ ਪਿੰਡ ਵਾਸੀ ਹਾਜ਼ਰ ਸਨ।

## ਕਾਮਰੇਡਾਂ ਨੇ ਮਨਰੇਗਾ ਕਾਨੂੰਨ ਨੂੰ ਪਾਰਦਰਸ਼ੀ ਢੰਗ ਨਾਲ ਲਾਗੂ ਕਰਵਾਉਣ ਦਾ ਮੋਰਚਾ ਜਿੱਤਿਆ

### ਏ ਡੀ ਸੀ ਵੱਲੋਂ ਵਿਸ਼ਵਾਸ ਦਿਵਾਉਣ 'ਤੇ ਧਰਨਾ ਸਮਾਪਤ



**ਫਾਜ਼ਿਲਕਾ (ਰਣਬੀਰ ਕੌਰ ਢਾਬਾਂ)**-ਭਾਰਤੀ ਕਮਿਊਨਿਸਟ ਪਾਰਟੀ ਫਾਜ਼ਿਲਕਾ (ਸੀਪੀਆਈ) ਤੇ ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਜ਼ਿਲ੍ਹਾ ਫਾਜ਼ਿਲਕਾ (ਰਜਿ:) ਵੱਲੋਂ ਦੂਜੇ ਦਿਨ ਵੀ ਮਨਰੇਗਾ ਕਾਨੂੰਨ ਨੂੰ ਪਾਰਦਰਸ਼ੀ ਢੰਗ ਨਾਲ ਲਾਗੂ ਕਰਵਾਉਣ ਲਈ ਛੇ ਵਜੇ ਤੱਕ ਧਰਨਾ ਜਾਰੀ ਰਿਹਾ, ਪ੍ਰੰਤੂ ਮੌਕੇ 'ਤੇ ਪਹੁੰਚੇ ਏਡੀਸੀ ਸੁਭਾਸ਼ ਚੰਦਰ ਵੱਲੋਂ ਸਾਰੀਆਂ ਮੰਗਾਂ ਮੰਨੇ ਜਾਣ ਦਾ ਵਿਸ਼ਵਾਸ ਦਿਵਾਉਣ 'ਤੇ ਕਾਮਰੇਡਾਂ ਵੱਲੋਂ ਧਰਨਾ ਸਮਾਪਤ ਕਰ ਦਿੱਤਾ ਗਿਆ।

ਇਸ ਧਰਨੇ ਦੀ ਅਗਵਾਈ ਸਰਬ ਭਾਰਤ ਨੌਜਵਾਨ ਸਭਾ ਜ਼ਿਲ੍ਹਾ ਪ੍ਰਧਾਨ ਸ਼ੁਬੇਗ ਝੰਗੜਭੈਣੀ, ਗੁਰਦਿਆਲ ਢਾਬਾਂ, ਕੁਲਦੀਪ ਬਖੂਸ਼ਾਹ, ਬਲਵਿੰਦਰ ਮਹਾਲਮ, ਕ੍ਰਿਸ਼ਨ ਧਰਮੂਵਾਲਾ, ਹਰਭਜਨ ਛੱਪੜੀ ਵਾਲਾ ਵੱਲੋਂ ਕੀਤੀ ਜਾ ਰਹੀ ਸੀ।ਇਸ ਮੌਕੇ ਸੈਂਕੜਿਆਂ ਦੀ ਗਿਣਤੀ ਵਿੱਚ ਪਹੁੰਚੇ ਮਗਨਰੇਗਾ ਕਾਮਿਆਂ ਨੂੰ ਸੰਬੋਧਨ ਕਰਦਿਆਂ ਸੀਪੀਆਈ ਦੇ ਜ਼ਿਲ੍ਹਾ ਸਕੱਤਰ ਕਾਮਰੇਡ ਹੰਸ ਰਾਜ ਗੋਲਡਨ ਤੇ ਕੁੱਲ ਹਿੰਦ ਕਿਸਾਨ ਸਭਾ ਸੂਬਾ ਸੀਨੀਅਰ ਮੀਤ ਪ੍ਰਧਾਨ ਸੁਰਿੰਦਰ ਢੰਡੀਆਂ ਤੇ ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਜ਼ਿਲ੍ਹਾ ਪ੍ਰਧਾਨ ਨਰਿੰਦਰ ਢਾਬਾਂ ਨੇ ਕਿਹਾ ਕਿ ਜ਼ਿਲ੍ਹੇ ਅੰਦਰ ਕਰਦਾ ਕਾਨੂੰਨ ਨੂੰ ਪਾਰਦਰਸ਼ੀ ਢੰਗ ਨਾਲ ਜ਼ਿਲ੍ਹੇ ਦੇ ਪ੍ਰਸ਼ਾਸਨ ਵੱਲੋਂ ਲਾਗੂ ਨਹੀਂ ਕੀਤਾ ਜਾ ਰਿਹਾ।ਜ਼ਿਲ੍ਹਾ ਪ੍ਰਸ਼ਾਸਨ ਦੀ ਅਗਵਾਈ ਹੇਠ ਹੇਠਲੇ ਅਧਿਕਾਰੀਆਂ ਤੇ ਮੁਲਾਜ਼ਮਾਂ ਵੱਲੋਂ ਕਾਨੂੰਨ ਦੀਆਂ ਧੱਜੀਆਂ ਉਡਾ ਕੇ ਮੇਟ ਬਣਾਏ ਜਾ ਰਹੇ ਹਨ ਤੇ ਮਸਟਰੋਲ ਕੱਢੇ ਜਾ ਰਹੇ ਹਨ।

ਆਗੂਆਂ ਨੇ ਦੋਸ਼ ਲਾਉਂਦਿਆਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਸਿਰਫ ਸੱਤਾਧਾਰੀ ਧਿਰ ਦੇ ਇਸ਼ਾਰੇ 'ਤੇ ਦੇਸ਼ ਦੀ ਪਾਰਲੀਮੈਂਟ ਵਿੱਚ ਬਣੇ ਇਸ ਕਾਨੂੰਨ ਦੀਆਂ ਧੱਜੀਆਂ ਉਡਾ ਰਿਹਾ ਹੈ, ਜਦੋਂ ਕਿ ਅਸਲ ਜਾਬ ਕਾਰਡ ਧਾਰਕਾਂ ਨੂੰ ਕੰਮ ਨਹੀਂ ਦਿੱਤਾ ਜਾ ਰਿਹਾ। ਆਗੂਆਂ ਨੇ ਚੇਤਾਵਨੀ ਦਿੰਦਿਆਂ ਕਿਹਾ ਕਿ ਜਦੋਂ ਤੱਕ ਅਸਲ ਜੌਬ ਕਾਰਡ ਧਾਰਕਾਂ ਨੂੰ ਪਾਰਦਰਸ਼ੀ ਢੰਗ ਨਾਲ ਕੰਮ ਨਹੀਂ ਦਿੱਤਾ ਜਾਂਦਾ ਅਤੇ ਕੀਤੇ ਕੰਮ ਦੀ ਉਜ਼ਰਤ ਜਾਰੀ ਨਹੀਂ ਕੀਤੀ ਜਾਂਦੀ, ਉਸ ਸਮੇਂ ਤੱਕ ਜਥੇਬੰਦੀਆਂ ਵੱਲੋਂ ਸੰਘਰਸ਼ ਜਾਰੀ ਰੱਖਿਆ ਜਾਵੇਗਾ।ਨੈਸ਼ਨਲ ਹਾਈਵੇ ਜਾਮ ਕੀਤੇ ਜਾਣ 'ਤੇ ਸਿਟੀ ਪੁਲਸ ਫਾਜ਼ਿਲਕਾ ਵਿਖੇ ਆਗੂਆਂ 'ਤੇ ਦਰਜ ਕੀਤੇ ਮੁਕੱਦਮੇ ਸਬੰਧੀ ਪ੍ਰਤਿਕਿਰਿਆ ਦਿੰਦਿਆਂ ਕੰਸਟਰਕਸ਼ਨ ਵਰਕਰਜ਼ ਐਂਡ ਲੇਬਰ ਯੂਨੀਅਨ (ਰਜਿ:) ਏਟਕ ਦੇ ਸੂਬਾ ਮੀਤ ਸਕੱਤਰ ਐਡਵੋਕੇਟ ਪਰਮਜੀਤ ਢਾਬਾਂ ਨੇ ਕਿਹਾ ਕਿ ਉਨ੍ਹਾਂ ਦੇ ਆਗੂ ਕਿਸੇ ਤਰ੍ਹਾਂ ਦੇ ਆਪਣੇ 'ਤੇ ਹੋਏ ਦਰਜ ਮੁਕੱਦਮਿਆਂ ਤੋਂ ਨਹੀਂ ਡਰਦੇ, ਕਿਉਂਕਿ ਇਹ ਮੁਕੱਦਮੇ ਲੋਕਾਂ ਦੇ ਹੱਕਾਂ ਲਈ ਲੜਾਈ ਲੜਨ ਦਰਮਿਆਨ ਉਨ੍ਹਾਂ 'ਤੇ ਦਰਜ ਹੋਏ ਹਨ।

ਉਨ੍ਹਾਂ ਨੇ ਕਿਸੇ ਤਰ੍ਹਾਂ ਦਾ ਕੋਈ ਗਲਤ ਕੰਮ ਨਹੀਂ ਕੀਤਾ।ਉਨ੍ਹਾਂ ਕਿਹਾ ਕਿ ਉਹ ਸ਼ਹੀਦਾਂ ਦੇ ਵਾਰਸ ਹਨ, ਸ਼ਹੀਦਾਂ ਨੂੰ ਦੇਸ਼ ਦੀ ਆਜ਼ਾਦੀ ਲਈ ਲੋਕ ਹਿੱਤਾਂ ਦੀ ਰਾਖੀ ਲਈ ਕਈ ਕਈ ਮਹੀਨੇ, ਕਈ ਕਈ ਸਾਲ ਜੇਲ੍ਹਾਂ ਕੱਟਣੀਆਂ ਪਈਆਂ, ਇਸ ਲਈ ਉਹ ਕਿਸੇ ਤਰ੍ਹਾਂ ਵੀ ਪਰਚਿਆਂ ਤੋਂ ਡਰਨ ਵਾਲੇ ਨਹੀਂ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਜੰਮੂ ਰਾਮ ਬਨਵਾਲਾ, ਕਾਮਰੇਡ ਭਜਨ ਲਾਲ ਜੇ ਈ, ਹਰਦੀਪ ਮੰਡੀ ਹਜ਼ੂਰ ਸਿੰਘ, ਡਾਕਟਰ ਸੁਰੇਸ਼ ਹਸਤਾ ਕਲਾ, ਪ੍ਰੇਮ ਭੱਠਾ ਮਜ਼ਦੂਰ ਯੂਨੀਅਨ, ਭਜਨ ਲਾਧੂਕਾ ਲੋਕ ਸਭਾ ਇੰਚਾਰਜ ਬੀਐੱਸਪੀ, ਸੁਨੀਤਾ ਹਸਤਾ ਕਲਾਂ, ਕੈਲਾਸ਼ ਲਾਲੋ ਵਾਲੀ ਤੇ ਜੱਗਾ ਟਾਹਲੀਵਾਲਾ ਹਾਜ਼ਰ ਸਨ।

## ਕੇਂਦਰ ਪੰਜਾਬ ਸਰਕਾਰ ਨੂੰ ਬਦਨਾਮ ਕਰਨ ਲਈ ਜਾਣ-ਬੁੱਝ ਕੇ ਕਣਕ ਨੂੰ ਮੰਡੀਆਂ 'ਚ ਰੋਲ ਰਿਹੈ : ਬਲਵੀਰ ਪੰਨੂ

■ ਮੰਡੀਆਂ 'ਚੋਂ ਕਣਕ ਦੀ ਲਿਫਟਿੰਗ ਲਈ ਕੇਂਦਰ ਰੇਲਵੇ ਸਪੈਸ਼ਲਾਂ ਦਾ ਤੁਰੰਤ ਪ੍ਰਬੰਧ ਕਰੇ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਪਨਸਪ ਸਮੇਤ ਰਾਜ ਦੀਆਂ ਦੂਸਰੀਆਂ ਖ੍ਰੀਦ ਏਜੰਸੀਆਂ ਵੱਲੋਂ ਪੰਜਾਬ ਦੀਆਂ ਮੰਡੀਆਂ ਵਿੱਚ ਕਣਕ ਦੀ ਖਰੀਦ ਦਾ ਕੰਮ ਜ਼ੋਰਾਂ-ਸ਼ੋਰਾਂ ਨਾਲ ਕੀਤਾ ਜਾ ਰਿਹਾ ਹੈ ਅਤੇ ਕਿਸਾਨਾਂ ਨੂੰ ਜਿਣਸ ਦੀ ਅਦਾਇਗੀ ਵੀ ਨਾਲੋਂ-ਨਾਲ ਕੀਤੀ ਜਾ ਰਹੀ ਹੈ, ਪਰ ਕੇਂਦਰ ਵੱਲੋਂ ਪੰਜਾਬ ਸਰਕਾਰ ਨੂੰ ਬਦਨਾਮ ਕਰਨ ਲਈ ਮੰਡੀਆਂ ਵਿੱਚੋਂ ਕਣਕ ਦੀ ਲਿਫਟਿੰਗ ਨਾ ਕਰਵਾ ਕੇ ਕਣਕ ਨੂੰ ਪੰਜਾਬ ਦੀਆਂ ਮੰਡੀਆਂ ਵਿੱਚ ਰੋਲ ਰਹੀ ਹੈ। ਇਸ ਦਾ ਪ੍ਰਗਟਾਵਾ ਪਨਸਪ ਦੇ ਚੇਅਰਮੈਨ ਤੇ ਫ਼ਤਹਿਗੜ੍ਹ ਚੂੜੀਆਂ ਦੇ ਹਲਕਾ ਇੰਚਾਰਜ ਬਲਬੀਰ ਸਿੰਘ ਪੰਨੂ ਵੱਲੋਂ ਪੰਜਾਬ ਦੀਆਂ ਮੰਡੀਆਂ 'ਚ ਕਣਕ ਦੀ ਖ੍ਰੀਦ ਦਾ ਜਾਇਜ਼ਾ ਲੈਣ ਲਈ ਪੰਜਾਬ ਦੀਆਂ ਮੰਡੀਆਂ ਦਾ ਦੌਰਾ ਕਰਨ ਸਮੇਂ ਪੱਤਰਕਾਰਾਂ ਨਾਲ ਗੱਲਬਾਤ ਕਰਨ ਸਮੇਂ ਇਸ ਗੱਲ ਦਾ ਪ੍ਰਗਟਾਵਾ ਕੀਤਾ। ਪੰਨੂ ਨੇ ਕਿਹਾ ਕਿ ਮੰਡੀਆਂ 'ਚੋਂ ਖ਼੍ਰੀਦੀ ਕਣਕ ਨੂੰ ਲਿਫਟ ਕਰਵਾਉਣ ਦੀ ਸਾਰੀ ਜ਼ਿੰਮੇਵਾਰੀ ਕੇਂਦਰ ਸਰਕਾਰ ਦੀ ਬਣਦੀ ਹੈ, ਪ੍ਰੰਤੂ ਕੇਂਦਰ ਸਰਕਾਰ ਤੇ ਐੱਫ ਸੀ ਆਈ ਆਪਣੀ ਜ਼ਿੰਮੇਵਾਰੀ ਨੂੰ ਸਹੀ ਢੰਗ ਨਾਲ ਨਹੀਂ ਨਿਭਾਅ ਰਹੀ ਹੈ ਅਤੇ ਲਿਫਟਿੰਗ ਦੇ ਕੰਮ ਵਿੱਚ ਅਣਗਹਿਲੀ ਵਰਤ ਰਹੀ ਹੈ। ਚੇਅਰਮੈਨ ਪੰਨੂ ਨੇ ਕਿਹਾ ਕਿ ਮੰਡੀਆਂ ਵਿੱਚੋਂ ਖਰੀਦੀ ਫਸਲ ਦੀ ਲਿਫਟਿੰਗ ਕਰਵਾਉਣ ਦੀ ਸਾਰੀ ਜ਼ਿੰਮੇਵਾਰੀ ਕੇਂਦਰ ਸਰਕਾਰ ਦੀ ਬਣਦੀ ਹੈ, ਪ੍ਰੰਤੂ ਐੱਫ ਸੀ ਆਈ ਕਣਕ ਨੂੰ ਮੰਡੀਆਂ ਵਿੱਚੋਂ ਲਿਫਟਿੰਗ ਕਰਵਾ ਕੇ ਨਾ ਤਾਂ ਆਪਣੇ ਗੁਦਾਮਾਂ ਵਿੱਚ ਭੰਡਾਰ ਕਰਵਾ ਰਹੀ ਹੈ ਅਤੇ ਨਾ ਹੀ ਕਣਕ ਨੂੰ ਪੰਜਾਬ ਤੋਂ ਬਾਹਰ ਦੂਸਰਿਆਂ ਰਾਜਾਂ ਨੂੰ ਭੇਜਣ ਲਈ ਲੋੜ ਅਨੁਸਾਰ ਰੇਲਵੇ ਸਪੈਸ਼ਲਾਂ ਦਾ ਪ੍ਰਬੰਧ ਕਰ ਰਹੀਂ, ਜਿਸ ਕਾਰਨ ਪੰਜਾਬ ਦੀਆਂ ਮੰਡੀਆਂ ਵਿੱਚੋਂ ਖ੍ਰੀਦ ਕੀਤੀ ਜਾ ਚੁੱਕੀ ਕੁੱਲ ਕਣਕ ਦੇ ਸਟਾਕ ਵਿੱਚੋਂ ਅਜੇ ਤੱਕ ਸਿਰਫ 30 ਤੋਂ 35 ਪ੍ਰਤੀਸ਼ਤ ਸਟਾਕ ਦੀ ਹੀ ਲਿਫਟਿੰਗ ਹੋ ਸਕੀ ਹੈ। ਕੇਂਦਰ ਵੱਲੋਂ ਵਰਤੀ ਜਾ ਰਹੀ ਅਣਗਹਿਲੀ ਕਾਰਨ ਸੂਬੇ ਦੀਆਂ ਮੰਡੀਆਂ ਵਿੱਚੋਂ ਲਿਫਟਿੰਗ ਨਾ ਹੋਣ ਕਾਰਨ ਬੋਰੀਆਂ ਦੇ ਅੰਬਾਰ ਲੱਗਣ ਕਾਰਨ ਸਥਿਤੀ ਦਿਨੋਂ ਦਿਨ ਵਿਸਫੋਟਕ ਹੁੰਦੀ ਜਾ ਰਹੀ ਹੈ। ਪੰਨੂ ਨੇ ਕਿਹਾ ਕਿ ਅਣਗਹਿਲੀ ਕੇਂਦਰ ਵਰਤ ਰਿਹਾ ਹੈ, ਪ੍ਰੰਤੂ ਇਸ ਦਾ ਨੁਕਸਾਨ ਪੰਜਾਬ ਤੇ ਪੰਜਾਬ ਦੀਆਂ ਖ਼ਰੀਦ ਏਜੰਸੀਆਂ, ਕਿਸਾਨਾਂ, ਟਰੱਕ ਆਪ੍ਰੇਟਰਾਂ ਤੇ ਮਜ਼ਦੂਰਾਂ ਨੂੰ ਭੁਗਤਣਾ ਪੈ ਰਿਹਾ ਹੈ। ਉਨ੍ਹਾਂ ਕਿਹਾ ਕਿ ਕੁਦਰਤ ਦੀ ਮਿਹਰਬਾਨੀ ਸਦਕਾ ਹੁਣ ਤੱਕ ਮੌਸਮ ਠੀਕ ਰਿਹਾ ਹੈ, ਪਰ ਜੇਕਰ ਮੌਸਮ ਖਰਾਬ ਹੋਣ ਤੇ ਮੀਂਹ ਨਾਲ ਕਣਕ ਦੇ ਭਿੱਜਣ ਕਾਰਨ ਕਣਕ ਖਰਾਬ ਹੁੰਦੀ ਹੈ ਤਾਂ ਇਸ ਦੀ ਸਾਰੀ ਜ਼ਿੰਮੇਵਾਰੀ ਕੇਂਦਰ ਸਰਕਾਰ ਤੇ ਐੱਫ ਸੀ ਆਈ ਦੀ ਹੀ ਹੋਵੇਗੀ।ਉਨ੍ਹਾਂ ਕਿਹਾ ਕਿ ਲੋਕਾਂ ਤੱਕ ਸਹੀ ਕਿਸਮ ਦਾ ਅਨਾਜ ਪਹੁੰਚਾਉਣ ਵਾਸਤੇ ਕੇਂਦਰ ਸਰਕਾਰ ਤੇ ਐੱਫ ਸੀ ਆਈ ਆਪਣੀ ਜ਼ਿੰਮੇਵਾਰੀ ਸਮਝੇ ਤੇ ਜਲਦ ਤੋਂ ਜਲਦ ਲਿਫਟਿੰਗ ਕਰਵਾ ਕੇ ਜਿੱਥੇ-ਜਿੱਥੇ ਮਾਲ ਪਹੁੰਚਾਉਣਾ ਹੈ, ਉੱਥੇ ਤੱਕ ਪਹੁੰਚਾਵੇ।

ਪੰਨੂ ਨੇ ਦੱਸਿਆ ਕਿ ਮੰਡੀ ਬੋਰਡ ਵੱਲੋਂ ਕਣਕ ਦੀ ਖਰੀਦ ਕਰਵਾਉਣ ਲਈ ਕੁੱਲ 1865 ਪੱਕੀਆਂ ਮੰਡੀਆਂ ਘੋਸ਼ਿਤ ਕੀਤੀਆਂ ਗਈਆਂ ਹਨ, ਜਿਨ੍ਹਾਂ ਵਿੱਚ 152 ਮੁੱਖ ਯਾਰਡ, 285 ਸਬ-ਯਾਰਡ ਤੇ 1428 ਖਰੀਦ ਕੇਂਦਰ ਆਉਂਦੇ ਹਨ।ਇਸ ਦੇ ਨਾਲ ਹੀ ਕਣਕ ਦੀ ਫਸਲ ਦੀ ਆਮਦ ਨੂੰ ਧਿਆਨ ਵਿੱਚ ਰੱਖਦਿਆਂ ਹੋਇਆਂ 1028 ਆਰਜ਼ੀ ਮੰਡੀਆਂ ਬਣਾਈਆਂ ਗਈਆਂ ਹਨ, ਜਿਨ੍ਹਾਂ ਵਿੱਚ ਕਣਕ ਦੀ ਖਰੀਦ ਜਾਰੀ ਹੈ। ਉਨ੍ਹਾਂ ਦੱਸਿਆ ਕਿ ਹੁਣ ਤੱਕ ਮੰਡੀਆਂ ਵਿੱਚ 115 ਲੱਖ ਮੀਟ੍ਰਿਕ ਟਨ ਦੇ ਕਰੀਬ ਕਣਕ ਦੀ ਆਮਦ ਹੋ ਚੁੱਕੀ ਹੈ, ਜਿਸ ਵਿੱਚੋਂ 112 ਲੱਖ ਮੀਟ੍ਰਿਕ ਟਨ ਕਣਕ ਦੀ ਖਰੀਦ ਹੋ ਚੁੱਕੀ ਹੈ, ਜਿਸ ਵਿੱਚੋਂ 35 ਤੋਂ 40 ਪ੍ਰਤੀਸ਼ਤ ਕਣਕ ਦੀ ਲਿਫਟਿੰਗ ਹੋ ਚੁੱਕੀ ਹੈ।ਉਨ੍ਹਾਂ ਦੱਸਿਆ ਕਿ ਪਨਸਪ ਨੂੰ ਕੁੱਲ ਖ੍ਰੀਦ 'ਚੋਂ 23.50 ਪ੍ਰਤੀਸ਼ਤ ਕਣਕ ਖ੍ਰੀਦ ਕਰਨ ਦਾ ਟੀਚਾ ਦਿੱਤਾ ਗਿਆ ਹੈ ਅਤੇ ਪਨਸਪ ਪੰਜਾਬ ਅੰਦਰ 29.14 ਲੱਖ ਮੀਟ੍ਰਿਕ ਟਨ ਕਣਕ ਦੀ ਖ੍ਰੀਦ ਕਰੇਗੀ।

## ਅਮਨਦੀਪ ਸੋਢੀ ਨੇ ਕੈਨੇਡਾ 'ਚ ਬਾਘਾ ਪੁਰਾਣਾ ਦਾ 'ਚਮਕਾਇਆ' ਨਾਅ : ਗੁਰਦਿੱਤ ਢਿੱਲੋਂ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਕੈਨੇਡਾ ਦੇ ਚੋਣ ਨਤੀਜਿਆਂ 'ਚ ਜਿੱਥੇ ਵੱਖ-ਵੱਖ ਉਮੀਦਵਾਰਾਂ ਨੇ ਸ਼ਾਨਦਾਰ ਜਿੱਤ ਹਾਸਲ ਕਰ ਨਾਮ ਰੌਸ਼ਨ ਕੀਤਾ, ਉੱਥੇ ਹੀ ਜ਼ਿਲ੍ਹਾ ਮੋਗਾ ਅਧੀਨ ਪੈਂਦੇ ਪੰਜਾਬ ਵਿਧਾਨ ਸਭਾ ਹਲਕਾ ਬਾਘਾ ਪੁਰਾਣਾ ਦੇ ਬਲਵਿੰਦਰ ਸਿੰਘ ਸੋਢੀ ਦੀ ਪੋਤਰੀ ਅਮਨਦੀਪ ਸੋਢੀ ਨੇ ਕੈਨੇਡਾ ਦੇ ਬਰੈਂਪਟਨ ਵਿੱਚ ਪਾਰਲੀਮੈਂਟ ਚੁਣੇ ਜਾਣ ਦੇ ਬਾਅਦ ਹਲਕਾ ਬਾਘਾ ਪੁਰਾਣਾ ਵਿੱਚ ਹੀ ਨਹੀਂ ਸਗੋਂ ਮੋਗਾ ਜ਼ਿਲ੍ਹੇ ਵਿੱਚ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ, ਕਿਉਂਕਿ ਅਮਨਦੀਪ ਸੋਢੀ ਦਾ ਕੈਨੇਡਾ ਵਿੱਚ ਪਾਰਲੀਮੈਂਟ ਮੈਂਬਰ ਚੁਣੇ ਜਾਣਾ ਮੋਗਾ ਜ਼ਿਲ੍ਹਾ ਵਾਸੀਆਂ ਲਈ ਬਹੁਤ ਹੀ ਮਾਣ ਵਾਲੀ ਗੱਲ ਹੈ, ਉਹ ਵੀ ਬਹੁਤ ਛੋਟੀ ਉਮਰੇ।ਉਕਤ ਸ਼ਬਦਾਂ ਦਾ ਪ੍ਰਗਟਾਵਾ ਪ੍ਰਸਿੱਧ ਸਮਾਜ ਸੇਵੀ ਗੁਰਦਿੱਤ ਸਿੰਘ ਢਿੱਲੋਂ, ਜੋ ਵਿਦੇਸ਼ ਵਿੱਚ ਰਹਿ ਕੇ ਵੀ ਆਪਣੀ ਜਨਮ ਭੂਮੀ ਨੂੰ ਕਦੇ ਵੀ ਨਹੀਂ ਭੁੱਲਿਆ, ਉਸ ਦਾ ਦਿਲ ਹਮੇਸ਼ਾ ਪੰਜਾਬ ਵਿੱਚ ਹੀ ਧੜਕਦਾ ਰਹਿੰਦਾ ਹੈ, ਵੱਲੋਂ ਕੀਤਾ ਗਿਆ।ਗੁਰਦਿੱਤ ਸਿੰਘ ਢਿੱਲੋਂ ਨੇ ਕਿਹਾ ਕਿ ਪੰਜਾਬੀਆਂ ਨੇ ਜਿੱਥੇ ਵੱਖ-ਵੱਖ ਦੇਸ਼ਾਂ ਵਿੱਚ ਆਪਣਾ ਨਾਂ ਰੌਸ਼ਨ ਕੀਤਾ ਹੈ, ਉੱਥੇ ਹੀ ਵਿਦੇਸ਼ੀ ਧਰਤੀ 'ਤੇ ਮੈਂਬਰ ਪਾਰਲੀਮੈਂਟ ਵਜੋਂ ਚੁਣੇ ਜਾਣ 'ਤੇ ਉਨ੍ਹਾਂ ਨੇ ਜਿੱਥੇ ਉਸ ਸੂਬੇ ਦਾ ਨਾਂ ਰੌਸ਼ਨ ਕੀਤਾ, ਉੱਥੇ ਹੀ ਪੰਜਾਬ ਦਾ ਵੀ ਨਾਮ ਵਿਸ਼ਵ ਪੱਧਰ 'ਤੇ ਉੱਚਾ ਹੋਇਆ ਹੈ।ਇਸ ਖੁਸ਼ੀ ਮੌਕੇ ਮੋਗਾ ਦੇ ਹਰ ਇਕ ਵਸਨੀਕ ਬਲਵਿੰਦਰ ਸਿੰਘ ਸੋਢੀ ਤੇ ਉਨ੍ਹਾਂ ਦੀ ਪੋਤਰੀ ਅਮਨਦੀਪ ਸੋਢੀ ਨੂੰ ਕੈਨੇਡਾ ਵਿੱਚ ਮੈਂਬਰ ਪਾਰਲੀਮੈਂਟ ਚੁਣੇ ਜਾਣ 'ਤੇ ਵਧਾਈਆਂ ਦੇ ਰਿਹਾ ਹੈ।ਇਸ ਮੌਕੇ ਗੁਰਦਿੱਤ ਸਿੰਘ ਢਿੱਲੋਂ ਨੇ ਦੱਸਿਆ ਕਿ ਬਹੁਤ ਹੀ ਮਾਣ ਵਾਲੀ ਗੱਲ ਹੈ ਕਿ ਬਾਘਾ ਪੁਰਾਣਾ 'ਚੋਂ 1970 ਵਿੱਚ ਕੈਨੇਡਾ ਦੇ ਸ਼ਹਿਰ ਟਰਾਂਟੋ ਕੇ ਆ ਕੇ ਵਸਣ ਵਾਲੇ ਬਾਘਾ ਪੁਰਾਣਾ ਦੇ ਸਰਦਾਰ ਬਲਵਿੰਦਰ ਸਿੰਘ ਸੋਢੀ ਦੀ ਪੋਤਰੀ ਅਮਨਦੀਪ ਸੋਢੀ ਕੈਨੇਡਾ ਦੇ ਬਰੈਮਟਨ ਸ਼ਹਿਰ ਵਿੱਚ ਲੇਬਰ ਪਾਰਟੀ ਦੇ ਵੱਲੋਂ ਉਮੀਦਵਾਰ ਬਣਨ ਦੇ ਬਾਅਦ ਐੱਮ ਪੀ ਚੁਣੇ ਗਏ ਹਨ।ਉਨ੍ਹਾਂ ਦੱਸਿਆ ਕਿ ਤਰਨ ਚਾਹਲ, ਜਿਸ ਦੀ ਉਮਰ ਬਹੁਤ ਜ਼ਿਆਦਾ ਛੋਟੀ ਹੈ, ਉਹ ਵੀ ਕੈਨੇਡਾ ਵਿੱਚ ਐੱਮ ਪੀ ਚੁਣੇ ਗਏ ਹਨ।ਢਿੱਲੋਂ ਨੇ ਕਿਹਾ ਕਿ ਇਹ ਬਾਘਾ ਪੁਰਾਣਾ ਵਾਸਤੇ ਬਹੁਤ ਮਾਣ ਵਾਲੀ ਗੱਲ ਹੈ ਕਿ ਸਾਡੇ ਪੰਜਾਬੀਆਂ ਨੇ ਇਮਾਨਦਾਰੀ ਨਾਲ ਕੈਨੇਡਾ ਵਿੱਚ ਕੰਮ ਕੀਤਾ ਤੇ ਮਿਹਨਤ ਕਰ ਕੇ ਕੈਨੇਡਾ ਦੀ ਸਿਆਸਤ ਵਿੱਚ ਆਪਣੇ ਜਿੱਤ ਦੇ ਝੰਡੇ ਗੱਡੇ। ਇਸ ਮੌਕੇ ਐੱਮ ਪੀ ਅਮਨਦੀਪ ਸੋਢੀ ਦੇ ਪਿਤਾ ਯਾਦਵਿੰਦਰ ਸਿੰਘ ਸੋਢੀ ਤੇ ਚਾਚਾ ਅਜੀਤ ਸਿੰਘ ਸੋਢੀ ਹਾਜ਼ਰ ਸਨ।

## ਚਿੱਟਾ ਪੀਂਦੇ ਤਿੰਨ ਪੁਲਸ ਅੜਿੱਕੇ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**

ਪਿੰਡ ਕੋਟਲਾ ਬਡਲਾ ਤੇ ਮੰਡੀ ਗੋਬਿੰਦਗੜ੍ਹ ਵਿਖੇ ਪੁਲਸ ਵੱਲੋਂ ਤਿੰਨ ਵਿਅਕਤੀਆਂ ਨੂੰ ਚਿੱਟੇ ਦਾ ਸੇਵਨ ਕਰਦੇ ਹੋਏ ਕਾਬੂ ਕੀਤੇ ਜਾਣ ਦਾ ਸਮਾਚਾਰ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਗਸ਼ਤ ਕਰ ਰਹੀ ਥਾਣਾ ਖੇੜੀ ਨੌਧ ਸਿੰਘ ਦੀ ਇੱਕ ਪੁਲਸ ਪਾਰਟੀ ਨੇ ਪਿੰਡ ਕੋਟਲਾ ਬਡਲਾ ਨਜ਼ਦੀਕ ਸਥਿਤ ਕੂੜੇ ਦੇ ਡੰਪ ਕੋਲੋਂ ਬਲਜੋਤ ਸਿੰਘ ਨਾਮਕ ਵਿਅਕਤੀ ਨੂੰ ਚਿੱਟੇ ਦਾ ਸੇਵਨ ਕਰਦਿਆਂ ਕਾਬੂ ਕੀਤਾ, ਜਿਸ ਦੇ ਕਬਜ਼ੇ 'ਚੋਂ ਜਲਿਆ ਹੋਇਆ ਸਿਲਵਰ ਪੇਪਰ, ਲਾਈਟਰ ਤੇ ਦਸ ਦੇ ਨੋਟ ਦੇ ਬਣਾਈ ਪਾਈਪ ਬਰਾਮਦ ਹੋਈ।

ਇੱਕ ਵੱਖਰੇ ਮਾਮਲੇ 'ਚ ਥਾਣਾ ਮੰਡੀ ਗੋਬਿੰਦਗੜ੍ਹ ਦੀ ਇੱਕ ਪੁਲਸ ਪਾਰਟੀ ਨੇ ਮਿਲੀ ਇਤਲਾਹ ਦੇ ਅਧਾਰ 'ਤੇ ਮੰਡੀ ਗੋਬਿੰਦਗੜ੍ਹ ਦੀ ਭਾਂਬਰੀ ਕਲੋਨੀ ਨੇੜਲੇ ਇੱਕ ਪਲਾਟ 'ਚ ਛਾਪੇਮਾਰੀ ਕਰਦਿਆਂ ਗੌਤਮ ਬੁਜ਼ਵਾਨ ਤੇ ਗੁਰਪ੍ਰੀਤ ਸਿੰਘ ਨਾਮਕ ਵਿਅਕਤੀਆਂ ਨੂੰ ਚਿੱਟੇ ਦਾ ਨਸ਼ਾ ਕਰਦਿਆਂ ਕਾਬੂ ਕੀਤਾ, ਜਿਨ੍ਹਾਂ ਦੇ ਕਬਜ਼ੇ 'ਚੋਂ ਲਾਈਟਰ, ਜਲਿਆ ਹੋਇਆ ਸਿਲਵਰ ਪੇਪਰ ਤੇ ਸਿਲਵਰ ਪੇਪਰ ਦਾ ਪਾਈਪ ਬਰਾਮਦ ਹੋਇਆ।

## ਸੰਘਰਸ਼ ਕਰਨ ਦਾ ਜਮਹੂਰੀ ਹੱਕ ਬਹਾਲ ਕੀਤਾ ਜਾਵੇ : ਧਰਮਕੋਟ

**ਸ਼ਾਹਕੋਟ (ਗਿਆਨ ਸੈਦਪੁਰੀ)** ਕਿਸਾਨਾਂ ਦੀਆਂ ਹੱਕੀ ਮੰਗਾਂ ਲਈ ਕੀਤੇ ਸੰਘਰਸ਼ਾਂ ਵਿੱਚ ਸ਼ਾਮਲ ਕਿਸਾਨ ਆਗੂਆਂ ਅਤੇ ਹੋਰ



ਇਨਸਾਫ਼ ਪਸੰਦ ਲੋਕਾਂ ਉੱਪਰ ਕੀਤੇ ਪੁਲਸ ਜਬਰ ਵਿਰੁੱਧ ਰੋਸ ਪ੍ਰਗਟ ਕਰਨ ਲਈ ਸੰਘਰਸ਼ ਨੂੰ ਸੰਯੁਕਤ ਕਿਸਾਨ ਮੋਰਚੇ ਵੱਲੋਂ ਪੰਜਾਬ ਭਰ ਵਿੱਚ ਮੁੱਖ ਮੰਤਰੀ ਦੇ ਨਾਂ ਮੰਗ ਪੱਤਰ ਦਿੱਤੇ ਗਏ। ਇਸ ਸਿਲਸਿਲੇ ਤਹਿਤ ਕੁੱਲ ਹਿੰਦ ਕਿਸਾਨ ਸਭਾ ਦੇ ਆਗੂ ਸੂਰਤ ਸਿੰਘ ਧਰਮਕੋਟ ਦੀ ਅਗਵਾਈ ਵਿੱਚ ਕਿਸਾਨ ਆਗੂਆਂ ਨੇ ਏ. ਡੀ. ਸੀ. ਮੈਡਮ ਚਾਰੁਮਿਤਾ ਨੂੰ ਮੰਗ ਪੱਤਰ ਦਿੱਤਾ। ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੇ ਨਾਂ ਦਿੱਤੇ ਪੱਤਰ ਵਿੱਚ ਮੰਗ ਕੀਤੀ ਗਈ ਹੈ ਕਿ ਸੰਘਰਸ਼ ਕਰ ਰਹੇ ਕਿਸਾਨਾਂ ਉੱਤੇ ਪੁਲਸ ਜਬਰ ਬੰਦ ਕੀਤਾ ਜਾਵੇ ਅਤੇ ਜਨਤਕ ਸੰਘਰਸ਼ ਕਰਨ ਦਾ ਬੁਨਿਆਦੀ ਜਮਹੂਰੀ ਹੱਕ ਬਹਾਲ ਕੀਤਾ ਜਾਵੇ। ਆਦਰਸ਼ ਸਕੂਲ ਚਾਉਕੇ ਦੇ ਨੌਕਰੀ ਵਾਰਗ ਕੀਤੇ ਗਏ ਅਧਿਆਪਕਾਂ ਨੂੰ ਬਹਾਲ ਕੀਤਾ ਜਾਵੇ। ਜੇਲ੍ਹੀਂ ਡੱਕੇ ਹੋਏ ਅਧਿਆਪਕ, ਕਿਸਾਨ, ਵਿਦਿਆਰਥੀ ਤੇ ਮਾਪਿਆਂ ਨੂੰ ਬਿਨਾਂ ਸ਼ਰਤ ਰਿਹਾਅ ਕੀਤਾ ਜਾਵੇ। ਅੰਦੋਲਨ ਕਿਸਾਨ ਆਗੂਆਂ ਦੀ ਕੀਤੀ ਕੁੱਟਮਾਰ ਦੇ ਦੋਸ਼ੀ ਪੁਲੀਸ ਅਧਿਕਾਰੀਆਂ ਵਿਰੁੱਧ ਕੇਸ ਦਰਜ ਕਰਕੇ ਗ੍ਰਿਫ਼ਤਾਰ ਕੀਤਾ ਜਾਵੇ। ਇਸ ਤਰਾਂ ਪਿੰਡ ਅਖਾੜਾ ਵਿਖੇ ਪ੍ਰਦੂਸ਼ਣ ਦਾ ਕਾਰਨ ਬਣ ਰਹੀ ਫੈਕਟਰੀ ਬੰਦ ਕਰਵਾਉਣ ਲਈ ਸ਼ਾਂਤਮਈ ਮੋਰਚੇ ਲਾਉਣ ਵਾਲੇ ਕਿਸਾਨਾਂ ਮਜ਼ਦੂਰਾਂ ਉੱਤੇ ਅੰਨ੍ਹਾ ਤਸ਼ੱਦਦ ਕਰਨ ਵਾਲੇ ਪੁਲੀਸ ਅਧਿਕਾਰੀਆਂ ਵਿਰੁੱਧ ਕਾਨੂੰਨੀ ਕਾਰਵਾਈ ਕੀਤੀ ਜਾਵੇ। ਕਿਰਤ ਕਿਸਾਨ ਯੂਨੀਅਨ ਯੂਥ ਵਿੰਗ ਜ਼ਿਲ੍ਹਾ ਸੰਗਰੂਰ ਦੇ ਪ੍ਰਧਾਨ ਨਿਰਭੈ ਸਿੰਘ ਖਾਈ 'ਤੇ ਕਾਤਲਾਨਾ ਹਮਲਾ ਕਰਨ ਵਾਲੇ ਦੋਸ਼ੀਆਂ ਨੂੰ ਗ੍ਰਿਫ਼ਤਾਰ ਕੀਤਾ ਜਾਵੇ।

## ਫੈਕਟਰੀਆਂ 'ਚੋਂ ਨਿਕਲਦੇ ਧੂੰਏਂ ਨਾਲ ਖਰਾਬ ਹੋ ਰਹੇ ਵਾਤਾਵਰਣ ਸੰਬੰਧੀ ਡਿਪਟੀ ਕਮਿਸ਼ਨਰ ਲਈ ਦਿੱਤਾ ਮੰਗ ਪੱਤਰ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)** ਪਿੰਡ ਬਾਗਪੁਰ ਦੇ ਇਲਾਕੇ 'ਚ ਚੱਲ ਰਹੀਆਂ ਫੈਕਟਰੀਆਂ 'ਚੋਂ ਨਿਕਲਣ ਵਾਲੇ ਜ਼ਹਿਰੀਲੇ ਧੂੰਏਂ ਤੇ ਗੈਸਾਂ ਨਾਲ ਪੇਸ਼ ਆ ਰਹੀਆਂ ਸਮੱਸਿਆਵਾਂ ਤੇ ਦੂਸ਼ਿਤ ਹੁੰਦੇ ਵਾਤਾਵਰਣ ਸਬੰਧੀ ਆਜ਼ਾਦ ਕਿਸਾਨ ਕਮੇਟੀ ਦੋਆਬਾ ਪੰਜਾਬ, ਵਾਤਾਵਰਣ ਸੰਘਰਸ਼ ਕਮੇਟੀ ਤੇ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਅਤੇ ਇਲਾਕਾ ਵਾਸੀਆਂ ਵਲੋਂ ਸਾਂਝੇ ਤੌਰ 'ਤੇ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੂੰ ਮੰਗ ਪੱਤਰ ਦਿੱਤਾ ਗਿਆ। ਡਿਪਟੀ ਕਮਿਸ਼ਨਰ ਦੀ ਗੈਰ-ਮੌਜੂਦਗੀ 'ਚ ਇਹ ਮੰਗ ਪੱਤਰ ਅਡੀਸ਼ਨਲ ਡਿਪਟੀ ਕਮਿਸ਼ਨਰ ਨਿਕਾਸ ਕੁਮਾਰ ਆਈ ਏ ਐਸ ਵਲੋਂ ਲਿਆ ਗਿਆ। ਇਸ ਮੌਕੇ ਵਾਤਾਵਰਣ ਸੰਘਰਸ਼ ਕਮੇਟੀ ਦੇ ਆਗੂ ਜਥੇ: ਗੁਰਦੀਪ ਸਿੰਘ ਖੁਣ ਖੁਣ, ਆਜ਼ਾਦ ਕਿਸਾਨ ਕਮੇਟੀ ਦੋਆਬਾ ਦੇ ਪ੍ਰਧਾਨ ਹਰਪਾਲ ਸਿੰਘ ਸੰਘਾ, ਸ਼੍ਰੋਮਣੀ ਅਕਾਲੀ ਦਲ (ਅ) ਦੇ ਜ਼ਿਲ੍ਹਾ ਪ੍ਰਧਾਨ ਗੁਰਨਾਮ ਸਿੰਘ ਸਿੰਗੜੀਵਾਲਾ ਤੇ ਪਿੰਡ ਬਾਗਪੁਰ ਦੇ ਸਾਬਕਾ ਸਰਪੰਚ ਗੁਰਮੀਤ ਸਿੰਘ ਨੇ ਕਿਹਾ ਕਿ ਇਨ੍ਹਾਂ ਫੈਕਟਰੀਆਂ ਕਾਰਨ ਜਿੱਥੇ ਵਾਤਾਵਰਣ ਬੇਹੱਦ ਦੂਸ਼ਿਤ ਹੋ ਰਿਹਾ ਹੈ, ਉਥੇ ਇਨ੍ਹਾਂ ਫੈਕਟਰੀਆਂ 'ਚੋਂ ਨਿਕਲਣ ਵਾਲੇ ਧੂੰਏਂ ਤੇ ਕਾਲਖ ਨੇ ਲੋਕਾਂ ਦਾ ਜਿਉਣਾ ਮੁਹਾਲ ਕਰਕੇ ਰੱਖ ਦਿੱਤਾ ਹੈ। ਉਨ੍ਹਾਂ ਕਿਹਾ ਕਿ ਇਲਾਕਾ ਵਾਸੀਆਂ ਨੇ ਇਨ੍ਹਾਂ ਫੈਕਟਰੀਆਂ ਦਾ ਵਿਰੋਧ ਕਰਦਿਆਂ ਸੰਘਰਸ਼ ਵੀ ਕੀਤਾ, ਪ੍ਰੰਤੂ ਕੋਈ ਹੱਲ ਨਹੀਂ ਨਿਕਲਿਆ।ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਇਨ੍ਹਾਂ ਫੈਕਟਰੀਆਂ ਖ਼ਿਲਾਫ਼ ਤੁਰੰਤ ਕੋਈ ਸਖ਼ਤ ਕਾਰਵਾਈ ਕਰੇ, ਤਾਂ ਜੋ ਇਲਾਕੇ ਦੇ ਲੋਕਾਂ ਨੂੰ ਰਾਹਤ ਮਿਲ ਸਕੇ। ਉਨ੍ਹਾਂ ਕਿਹਾ ਕਿ ਜੇਕਰ ਪ੍ਰਸ਼ਾਸਨ ਨੇ ਫੈਕਟਰੀਆਂ ਖ਼ਿਲਾਫ਼ ਕਾਰਵਾਈ ਨਾ ਕੀਤੀ ਤਾਂ ਉਕਤ ਜਥੇਬੰਦੀਆਂ ਵਲੋਂ ਇਲਾਕੇ ਦੇ ਲੋਕਾਂ ਨੂੰ ਨਾਲ ਲੈ ਕੇ ਵੱਡਾ ਸੰਘਰਸ਼ ਸ਼ੁਰੂ ਕੀਤਾ ਜਾਵੇਗਾ, ਜਿਸ ਦੀ ਜ਼ਿੰਮੇਵਾਰੀ ਪ੍ਰਸ਼ਾਸਨ ਦੀ ਹੋਵੇਗੀ।

## ਸਦੀਆਂ ਤੋਂ ਬਿਜਲੀ ਘਰ ਕਲੋਨੀ ਦੀ ਪਾਣੀ ਦੀ ਮੰਗ 'ਆਪ' ਨੇ ਕੀਤੀ ਪੂਰੀ : ਰਾਜਾ, ਸੋਨੂੰ ਖੰਨਾ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**- ਪੰਜਾਬ ਦੇ ਵਿਕਾਸ ਲਈ ਮਾਨ ਸਰਕਾਰ ਵੱਲੋਂ ਦਿੱਤੇ ਗਏ ਨਿਰਦੇਸ਼ਾਂ ਅਨੁਸਾਰ ਹਰ ਹਲਕੇ ਦੇ ਵਿਧਾਇਕ ਆਪਣੇ-ਆਪਣੇ ਹਲਕੇ ਵਿੱਚ ਦਿਨ ਰਾਤ ਮਿਹਨਤ ਕਰ ਰਹੇ ਹਨ ਤਾਂ ਜੋ ਉਨ੍ਹਾਂ ਦੇ ਹਲਕੇ ਵਿੱਚ ਹਰ ਤਰ੍ਹਾਂ ਦੇ ਵਿਕਾਸ ਕਾਰਜ ਪੂਰੇ ਹੋ ਸਕਣ।ਵਿਕਾਸ ਕਾਰਜਾਂ ਦੀ ਕੜੀ ਤਹਿਤ ਹਲਕਾ ਟਾਂਡਾ ਦੇ ਵਾਰਡ ਨੰ: 5 ਬਿਜਲੀ ਘਰ ਕਲੋਨੀ ਟਾਂਡਾ ਉੜਮੁੜ ਵਿਖੇ ਕੌਂਸਲਰ ਮੰਜੂ ਬਾਲਾ ਅਤੇ ਸੀਨੀਅਰ ਆਪ ਨੇਤਾ ਸੋਨੂੰ ਖੰਨਾ ਦੀ ਅਗਵਾਈ ਵਿੱਚ ਵਾਰਡ ਵਿੱਚ ਵਾਟਰ ਸਪਲਾਈ ਪ੍ਰੋਜੈਕਟ ਲਗਾਉਣ ਦਾ ਉਦਘਾਟਨ ਕੀਤਾ ਗਿਆ ਜਿਸ ਵਿੱਚ ਹਲਕਾ ਵਿਧਾਇਕ ਜਸਵੀਰ ਸਿੰਘ ਰਾਜਾ ਗਿੱਲ ਮੁੱਖ ਮਹਿਮਾਨ ਵਜੋਂ ਪਹੁੰਚੇ।ਇਸ ਸਰਕਾਰੀ ਵਾਟਰ ਸਪਲਾਈ ਪ੍ਰੋਜੈਕਟ ਸਮਾਰੋਹ ਦਾ ਉਦਘਾਟਨ ਕਰਨ ਪਹੁੰਚੇ ਹਲਕਾ ਵਿਧਾਇਕ ਜਸਵੀਰ ਸਿੰਘ ਰਾਜਾ ਗਿੱਲ ਅਤੇ ਉਨ੍ਹਾਂ ਨਾਲ ਆਏ ਕੌਂਸਲਰ ਹਰਿ ਕ੍ਰਿਸ਼ਨ ਸੈਣੀ, ਬਲਾਕ ਪ੍ਰਧਾਨ ਕੇਸ਼ਵ ਸੈਣੀ, ਗੁਰਦੀਪ ਸਿੰਘ ਹੈਪੀ, ਕਮਲ ਧੀਰ, ਸਰਬਜੀਤ ਸਿੰਘ ਵਿੱਕੀ, ਜਸਵਿੰਦਰ ਸਿੰਘ ਜੱਸੀ, ਰਾਹੁਲ ਖੰਨਾ, ਵਿੱਕੀ ਮਹਿੰਦਰੂ ਨੇ ਵਾਰਡ ਕੌਂਸਲਰ ਮੰਜੂ ਬਾਲਾ ਕੋਲੋਂ ਰਿਬਨ ਕਟਵਾਈ ਅਤੇ ਸੀਨੀਅਰ ਆਪ ਨੇਤਾ



ਸੋਨੂੰ ਖੰਨਾ ਕੋਲੋਂ ਨਾਰੀਅਲ ਦੀ ਰਸਮ ਅਦਾ ਕਰਵਾਈ।ਸਮਾਰੋਹ ਚ ਹਾਜ਼ਰ ਇਕੱਠ ਨੂੰ ਸੰਬੋਧਨ ਕਰਦੇ ਹੋਏ ਵਿਧਾਇਕ ਜਸਵੀਰ ਸਿੰਘ ਰਾਜਾ ਗਿੱਲ ਨੇ ਕਿਹਾ ਕਿ ਹਲਕਾ ਟਾਂਡਾ ਉੜਮੁੜ ਸ਼ਹਿਰ ਵਿੱਚ ਪੈਂਦੇ ਬਿਜਲੀ ਘਰ ਕਲੋਨੀ ਵਿੱਚ ਅੱਜ ਤੱਕ ਕਿਸੇ ਵੀ ਸਰਕਾਰ ਨੇ ਵਾਟਰ ਸਪਲਾਈ ਵੱਲ ਧਿਆਨ ਦੇਣਾ ਉਚਿਤ ਹੀ ਨਹੀਂ ਸਮਝਿਆ। ਉਨ੍ਹਾਂ ਕਿਹਾ ਕਿ ਲਗਭਗ 1 ਕਰੋੜ 40 ਲੱਖ ਦੀ ਲਾਗਤ ਨਾਲ ਬਿਜਲੀ ਘਰ ਕਲੋਨੀ ਵਿੱਚ ਸਰਕਾਰੀ ਵਾਟਰ ਸਪਲਾਈ ਲਈ ਨੀਂਹ ਪੱਥਰ ਰੱਖ ਦਿੱਤਾ ਹੈ ਅਤੇ ਇਸ ਨੂੰ ਲਗਭਗ ਇੱਕ ਮਹੀਨੇ ਵਿੱਚ ਪੂਰਾ ਕਰ ਦਿੱਤਾ ਜਾਵੇਗਾ ਤਾਂ ਜੋ ਇਸ ਕਲੋਨੀ ਨੂੰ ਪੀਣ ਵਾਲਾ ਸਾਫ਼ ਸੁਥਰਾ ਪਾਣੀ ਮਿਲ ਸਕੇ।ਕੌਂਸਲਰ ਮੰਜੂ ਬਾਲਾ ਤੇ ਸੀਨੀਅਰ ਆਪ ਨੇਤਾ ਸੋਨੂੰ ਖੰਨਾ ਨੇ ਕਿਹਾ ਕਿ ਦੇਸ਼ ਆਜ਼ਾਦ ਹੋਣ ਉਪਰੰਤ ਅੱਜ ਤੱਕ ਕਾਂਗਰਸ ਤੇ ਅਕਾਲੀ ਭਾਜਪਾ ਦੀ ਕਿਸੇ ਵੀ ਸਰਕਾਰ ਨੇ ਬਿਜਲੀ ਘਰ ਕਲੋਨੀ ਟਾਂਡਾ ਦੇ ਲੋਕਾਂ ਦੀ ਪੁਰਜ਼ੋਰ ਮੰਗ ਵੱਲ ਉੱਕਾ ਧਿਆਨ ਨਾ ਦਿੰਦੇ ਹੋਏ ਵਾਟਰ ਸਪਲਾਈ ਸ਼ੁਰੂ ਨਹੀਂ ਕਰਵਾਈ। ਉਨ੍ਹਾਂ ਵਿਧਾਇਕ ਜਸਵੀਰ ਸਿੰਘ ਰਾਜਾ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਉਨ੍ਹਾਂ ਦੇ ਉਦਮਾ ਸਦਕਾ ਹੀ ਕਈ ਸਦੀਆਂ ਤੋਂ ਲਟਕਦੀ ਆ ਰਹੀ ਕਲੋਨੀ ਦੇ ਲੋਕਾਂ ਦੀ ਮੰਗ ਅੱਜ ਪੂਰੀ ਹੋਈ ਹੈ। ਇਸ ਮੌਕੇ ਸੇਵਾ ਸਿੰਘ, ਕੁਲਵੰਤ ਸਿੰਘ, ਪ੍ਰੀਤਮ ਸਿੰਘ, ਮਲੂਕ ਸਿੰਘ, ਅਜੀਤ ਸਿੰਘ, ਦੀਪਾ, ਬਲਦੇਵ ਸਿੰਘ, ਲੱਕੀ ਬੇਟਾ, ਬਿੱਟੂ, ਸੋਮਾ ਚਾਚਾ, ਡਾ ਕਰਨੈਲ ਸਿੰਘ, ਸ਼ਸ਼ੀ, ਮਾਸਟਰ ਨਰਿੰਦਰ ਅਰੋੜਾ, ਰਕੇਸ਼, ਸ਼ੀਤਲ ਸਿੰਘ, ਬੱਬੀ, ਪ੍ਰਿੰਸ ਪਡਵਾਲ, ਸੁਰਿੰਦਰ ਭਾਟੀਆ, ਬਲਜੀਤ ਸੈਣੀ ਅਤੇ ਹੋਰ ਹਾਜ਼ਰ ਸਨ।

## 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਨੂੰ ਅੰਜਾਮ ਤੱਕ ਪਹੁੰਚਾਵੇਗਾ ਨਸ਼ਾ ਮੁਕਤੀ ਮੋਰਚਾ : ਛਾਬੜਾ

**ਨਵਾਂਸ਼ਹਿਰ (ਮਨੋਜ ਲਾਡੀ)** ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸ਼ੁਰੂ ਕੀਤੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਨੂੰ ਅੰਜਾਮ ਤੱਕ ਪਹੁੰਚਾਉਣ ਲਈ ਲੋਕ ਲਹਿਰ ਉਸਾਰੀ ਜਾਵੇਗੀ। ਇਹ ਪ੍ਰਗਟਾਵਾ ਨਸ਼ਾ ਮੁਕਤੀ ਮੋਰਚੇ ਦੇ ਦੋਆਬਾ ਜੋਨ ਕੋਆਰਡੀਨੇਟਰ ਨਵਨ ਛਾਬੜਾ ਨੇ ਇਥੇ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਕੋਆਰਡੀਨੇਟਰ ਸੇਠੀ ਉਧਨਵਾਲ ਦੇ ਨਾਲ ਮੀਡੀਆ ਨਾਲ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਪਿਛਲੇ ਦੋ ਦਹਾਕਿਆਂ ਤੋਂ ਪੰਜਾਬ ਦੀ ਜਵਾਨੀ ਨੂੰ ਚੂਰਚਿਉਂ ਮਾਰ ਕਰ ਰਹੇ ਨਸ਼ਿਆਂ 'ਤੇ ਸ਼ਿਕੰਜਾ ਕੱਸਦਿਆਂ ਵੱਡਾ ਹੱਲਾ ਬੋਲਿਆ ਹੈ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਨੇ ਨਸ਼ਿਆਂ ਦੇ ਦੈਂਤ ਨੂੰ ਕਾਬੂ ਕਰਨ ਲਈ ਤਿੰਨ ਸਾਲ ਵਿਉਂਤਬੰਦੀ ਕੀਤੀ ਅਤੇ ਹੁਣ ਨਸ਼ਾ ਤਸਕਰਾਂ ਨੂੰ ਸਖ਼ਤ ਸੁਨੇਹਾ ਦਿੱਤਾ ਗਿਆ ਹੈ ਕਿ ਉਹ ਜਾਂ ਪੰਜਾਬ ਛੱਡ ਜਾਣ ਜਾਂ ਫੇਰ ਨਸ਼ਿਆਂ ਦਾ ਕਾਰੋਬਾਰ ਛੱਡਣ। ਉਨ੍ਹਾਂ ਦੱਸਿਆ ਕਿ ਪੰਜਾਬ ਨੂੰ ਪੰਜ ਜੋਨਾਂ ਵਿਚ ਵੰਡ ਕੇ 1 ਮਈ ਤੋਂ ਪਿੰਡ-ਪਿੰਡ, ਕਸਬੇ ਤੇ ਸ਼ਹਿਰਾਂ 'ਚ ਘਰ-ਘਰ ਜਾ ਕੇ ਲੋਕਾਂ ਨੂੰ ਜਾਗਰੂਕ ਦੀ ਵੱਡੀ ਮੁਹਿੰਮ ਚਲਾਈ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ 4 ਮਈ ਦਿਨ ਐਤਵਾਰ ਨੂੰ ਨਵਾਂਸ਼ਹਿਰ ਵਿਖੇ ਵਿਲੇਜ ਡਿਫੈਂਸ ਕਮੇਟੀਆਂ ਦਾ ਇਕ ਵਿਸ਼ਾਲ ਜ਼ਿਲ੍ਹਾ ਪੱਧਰੀ ਪ੍ਰੋਗਰਾਮ ਕਰਕੇ ਜ਼ਿਲ੍ਹੇ ਵਿੱਚ ਇਸ ਮੁਹਿੰਮ ਦਾ ਆਗਾਜ਼ ਕੀਤਾ ਜਾ ਰਿਹਾ ਹੈ।

## ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਅੰਤਰਰਾਸ਼ਟਰੀ ਮਜ਼ਦੂਰ ਦਿਵਸ ਮੌਕੇ ਸੈਮੀਨਾਰ

**ਨਵਾਂਸ਼ਹਿਰ (ਮਨੋਜ ਲਾਡੀ, ਕੁਲਵਿੰਦਰ ਸਿੰਘ ਦੁਰਗਾਪੁਰੀਆ)** ਮੈਂਬਰ ਸਕੱਤਰ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਐਸ. ਏ. ਐਸ ਨਗਰ ਦੇ ਹੁਕਮਾਂ ਅਤੇ ਜ਼ਿਲ੍ਹਾ ਤੇ ਸੈਸ਼ਨ



ਜੱਜ-ਕਮ-ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਸ਼ਹੀਦ ਭਗਤ ਸਿੰਘ ਨਗਰ ਪ੍ਰਿਆ ਸੂਦ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਸੀ.ਜੇ.ਐਮ-ਕਮ-ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਡਾ. ਅਮਨਦੀਪ ਦੀ ਅਗਵਾਈ ਹੇਠ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਗ੍ਰਾਮ ਪੰਚਾਇਤ ਪਿੰਡ ਕਮਾਮ ਵਿਖੇ ਅੰਤਰਰਾਸ਼ਟਰੀ ਮਜ਼ਦੂਰ ਦਿਵਸ ਦੇ ਸਬੰਧ ਮੁਫ਼ਤ ਕਾਨੂੰਨੀ ਸਹਾਇਤਾ ਅਤੇ ਲਾਭਪਾਤਰੀ ਯੋਜਨਾਵਾਂ ਸਬੰਧੀ ਸੈਮੀਨਾਰ ਕਰਵਾਇਆ ਗਿਆ। ਇਸ ਮੌਕੇ ਡਾ. ਅਮਨਦੀਪ ਵੱਲੋਂ ਗ੍ਰਾਮ ਪੰਚਾਇਤ ਅਤੇ ਸਮੂਹ ਨਗਰ ਨਿਵਾਸੀਆ, ਕਿਰਤੀਆਂ ਨੂੰ ਅੰਤਰਰਾਸ਼ਟਰੀ ਮਜ਼ਦੂਰ ਦਿਵਸ ਦੀ ਵਧਾਈ ਦਿੱਤੀ ਅਤੇ ਵੱਖ-ਵੱਖ ਮੁਫ਼ਤ ਕਾਨੂੰਨੀ ਸੇਵਾਵਾਂ, ਸਰਕਾਰੀ ਲਾਭਪਾਤਰੀ ਯੋਜਨਾਵਾਂ, ਮਜ਼ਦੂਰਾਂ ਲਈ ਉਪਲਬੱਧ ਸਮਾਜਿਕ ਸੁਰੱਖਿਆ ਉਪਾਵਾਂ ਬਾਰੇ ਜਾਗਰੂਕ ਕੀਤਾ ਗਿਆ।ਇਸ ਮੌਕੇ ਜਰਨੈਲ ਸਿੰਘ, ਸਿਮਰਨ ਜੋਤ ਪੈਰਾ ਲੀਗਲ ਵਲੰਟੀਅਰ ਅਤੇ ਕੁਲਵਿੰਦਰ ਕੌਰ ਸਰਪੰਚ ਅਤੇ ਪੰਚਾਇਤ ਮੈਂਬਰ ਹਾਜ਼ਰ ਸਨ।

## ਟੈਕਸੀ ਸਵਾਰਾਂ ਨੇ ਵਿਅਕਤੀ ਨੂੰ ਲੁੱਟਿਆ

**ਡੇਰਾਬੱਸੀ (ਵਿਨੈ ਕੁਮਾਰ ਜੈਨ)** ਡੇਰਾਬੱਸੀ ਬੱਸ ਅੱਡੇ 'ਤੇ ਇਕ ਵਿਅਕਤੀ ਨੂੰ ਟੈਕਸੀ ਸਵਾਰਾਂ ਨੇ ਦੇਸੀ ਪਿਸਤੌਲ ਵਿਖਾ ਕੇ ਨਗਦੀ, ਮੋਬਾਈਲ ਫੋਨ, ਏਟੀਐਮ ਕਾਰਡ, ਪੈਨ ਕਾਰਡ ਤੇ ਹੋਰ ਜ਼ਰੂਰੀ ਦਸਤਾਵੇਜ਼ ਲੁੱਟ ਲਏ ਤੇ ਫ਼ਰਾਰ ਹੋ ਗਏ।ਪੀੜਤ ਵਿਅਕਤੀ ਵੱਲੋ ਘਟਨਾ ਦੀ ਸ਼ਿਕਾਇਤ ਡੇਰਾਬੱਸੀ ਥਾਣੇ 'ਚ ਦਰਜ ਕਰਵਾਈ ਗਈ ਹੈ।ਪੀੜਤ ਵਿਅਕਤੀ ਜਿਆ-ਉਲ-ਹੱਕ ਵਾਸੀ ਉੱਤਰ ਪ੍ਰਦੇਸ਼ ਨੇ ਦੱਸਿਆ ਕਿ ਉਹ ਸਵੇਰੇ ਲਗਭਗ 5.30 ਵਜੇ ਅੰਬਾਲਾ ਕੈਂਟ ਰੇਲਵੇ ਸਟੇਸ਼ਨ ਜਾਣ ਲਈ ਬੱਸ ਦੀ ਉਡੀਕ ਕਰ ਰਿਹਾ ਸੀ। ਬੱਸ ਨਾ ਆਉਣ 'ਤੇ ਇਕ ਟੈਕਸੀ ਆਈ, ਜਿਸ ਦੇ ਚਾਲਕ ਨੇ ਉਨ੍ਹਾਂ ਨੂੰ ਅੰਬਾਲਾ ਕੈਂਟ ਛੱਡਣ ਦੀ ਗੱਲ ਕਹਿ ਕੇ ਕਾਰ ਚ ਬਿਠਾ ਲਿਆ।ਜਿਆਉਲ ਹੱਕ ਮੁਤਾਬਕ ਕਾਰ 'ਚ ਪਹਿਲਾ ਹੀ ਇਕ ਵਿਅਕਤੀ ਮੌਜੂਦ ਸੀ। ਥਾਣੇ ਨੇੜੇ ਹੋਰ ਦੋ ਵਿਅਕਤੀ ਵੀ ਟੈਕਸੀ 'ਚ ਬੈਠ ਗਏ।ਹਲਦੀਰਾਮ ਮੋੜ ਤੋਂ ਕਾਰ ਨੂੰ ਵਾਪਸ ਡੇਰਾਬੱਸੀ ਵੱਲ ਮੋੜ ਦਿੱਤਾ ਗਿਆ।ਅਤੇ ਭੂਸ਼ਣ ਫੈਕਟਰੀ ਸਾਹਮਣੇ ਪਹੁੰਚਦਿਆ ਇਕ ਵਿਅਕਤੀ ਨੇ ਉਨ੍ਹਾਂ ਦੀ ਕੰਨਪਟੀ 'ਤੇ ਪਿਸਤੌਲ ਰੱਖ ਦਿੱਤੀ ਅਤੇ ਉਕਤ ਵਿਅਕਤੀਆਂ ਨੇ ਉਸ ਦੀ ਜੇਬ 'ਚ 600 ਰੁਪਏ ਤੇ ਬੈਗ 'ਚ 20 ਹਜ਼ਾਰ ਰੁਪਏ ਨਕਦੀ, ਮੋਬਾਈਲ ਫੋਨ, ਏਟੀਐਮ ਕਾਰਡ, ਪੈਨ ਕਾਰਡ ਅਤੇ ਹੋਰ ਜ਼ਰੂਰੀ ਕਾਗਜ਼ਾਤ ਖੋਹ ਲਏ। ਚੰਡੀਗੜ੍ਹ ਵੱਲ ਜਾਦੇ ਸਮੇ ਲੁਟੇਰਿਆ ਨੇ ਡੇਰਾਬੱਸੀ ਫਲਾਈਓਵਰ 'ਤੇ ਉਨ੍ਹਾ ਨੂੰ ਕਾਰ 'ਚ ਉਤਾਰ ਦਿੱਤਾ ਤੇ ਫ਼ਰਾਰ ਹੋ ਗਏ।ਪੀੜਤ ਵਿਅਕਤੀ ਪੈਦਲ ਹੀ ਡੇਰਾਬੱਸੀ ਥਾਣੇ ਪਹੁੰਚਿਆ ਤੇ ਪੂਰੀ ਘਟਨਾ ਬਾਰੇ ਜਾਣਕਾਰੀ ਦਿੱਤੀ। ਮਾਮਲੇ ਦੀ ਤਫਤੀਸ਼ ਕਰ ਰਹੇ ਏਐੱਸਆਈ ਦੌਲਤ ਸਿੰਘ ਨੇ ਦੱਸਿਆ ਕਿ ਮਾਮਲੇ ਦੀ ਜਾਚ ਕੀਤੀ ਜਾ ਰਹੀ ਹੈ।ਪੁਲਸ ਲੁਟੇਰਿਆ ਦੀ ਪਛਾਣ ਤੇ ਗ੍ਰਿਫ਼ਤਾਰੀ ਲਈ ਇਲਾਕੇ ਦੇ ਸੀਸੀਟੀਵੀ ਕੈਮਰਿਆ ਦੀ ਜਾਚ ਕਰ ਰਹੀ ਹੈ।

## ਗੜ੍ਹੀ ਵੱਲੋਂ ਕੌਮੀ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਚੇਅਰਮੈਨ ਨਾਲ ਮੁਲਾਕਾਤ

**ਚੰਡੀਗੜ੍ਹ (ਗੁਰਜੀਤ ਬਿੱਲਾ)** ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਚੇਅਰਮੈਨ ਜਸਵੀਰ ਸਿੰਘ ਗੜ੍ਹੀ ਵਲੋਂ ਅੱਜ ਚੰਡੀਗੜ੍ਹ ਦੌਰੇ 'ਤੇ ਆਏ ਕੌਮੀ ਅਨੁਸੂਚਿਤ ਜਾਤੀਆਂ



ਕਮਿਸ਼ਨ ਦੇ ਚੇਅਰਮੈਨ ਕਿਸ਼ੋਰ ਮਕਵਾਨਾ ਨਾਲ ਮੁਲਾਕਾਤ ਕੀਤੀ।ਇਸ ਮੁਲਾਕਾਤ ਦੌਰਾਨ ਜਸਵੀਰ ਸਿੰਘ ਗੜ੍ਹੀ ਨੇ ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਵੱਲੋਂ ਕੀਤੇ ਜਾ ਰਹੇ ਕੰਮਾਂ ਤੋਂ ਕਿਸ਼ੋਰ ਮਕਵਾਨਾ ਨੂੰ ਜਾਣੂ ਕਰਵਾਇਆ ਗਿਆ।ਗੜ੍ਹੀ ਨੇ ਮਕਵਾਨਾ ਨੂੰ ਅਪੀਲ ਕੀਤੀ ਕਿ ਕੌਮੀ ਅਨੁਸੂਚਿਤ ਜਾਤੀਆਂ ਕਮਿਸ਼ਨ ਅਤੇ ਦੇਸ਼ ਦੇ ਵੱਖ ਵੱਖ ਰਾਜਾਂ ਦੇ ਅਨੁਸੂਚਿਤ ਜਾਤੀਆਂ ਕਮਿਸ਼ਨ ਵਿੱਚ ਬਿਹਤਰ ਤਾਲਮੇਲ ਬਨਾਉਣ ਲਈ ਈ.ਗਵਰਨੈਂਸ ਰਾਹੀਂ ਕੋਈ ਸਿਸਟਮ ਵਿਕਸਤ ਕੀਤਾ ਜਾਣਾ ਚਾਹੀਦਾ ਹੈ ਤਾਂ ਜ਼ੋ ਕੌਮੀ ਕਮਿਸ਼ਨ ਵਲੋਂ ਅਨੁਸੂਚਿਤ ਜਾਤੀਆਂ ਦੇ ਲੋਕਾਂ ਦੀ ਭਲਾਈ ਲਈ ਕੀਤੇ ਗਏ ਫੈਸਲਿਆਂ ਤੋਂ ਸੇਧ ਲੈ ਕੇ ਮਿਲਦੇ ਜੁਲਦੇ ਮਾਮਲਿਆਂ ਵਿੱਚ ਜਲਦ ਫੈਸਲਾ ਸੁਣਾਇਆ ਜਾ ਸਕੇ।ਸ੍ਰੀ ਗੜ੍ਹੀ ਨੇ ਕਿਹਾ ਕਿ ਕਈ ਵਾਰ ਅਨੁਸੂਚਿਤ ਜਾਤੀਆਂ ਦੇ ਲੋਕ ਇਨਸਾਫ਼ ਲੈਣ ਲਈ ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਨਾਲ ਨਾਲ ਕੌਮੀ ਕਮਿਸ਼ਨ ਕੋਲ ਵੀ ਅਪੀਲ ਦਾਇਰ ਕਰ ਦਿੰਦੇ ਹਨ ਇਸ ਤਰ੍ਹਾਂ ਦੇ ਮਾਮਲਿਆਂ ਨੂੰ ਸਾਂਝੇ ਤੌਰ 'ਤੇ ਨਜਿੱਠਣ ਅਤੇ ਕਮਿਸ਼ਨ ਦੇ ਕੰਮਕਾਜ ਵਿਚ ਇਕਸਾਰਤਾ ਲਿਆਉਣ ਲਈ ਵੀ ਕੌਮੀ ਕਮਿਸ਼ਨ ਨੂੰ ਪਹਿਲ ਕਰਨੀ ਚਾਹੀਦੀ ਹੈ।ਇਸ ਮੌਕੇ ਸ੍ਰੀ ਗੜ੍ਹੀ ਨੇ ਦੇਸ਼ ਦੇ ਦੂਜੇ ਰਾਜਾਂ ਵਿਚ ਅਨੁਸੂਚਿਤ ਜਾਤੀਆਂ ਦੇ ਲੋਕਾਂ ਉਤੇ ਹੋ ਰਹੇ ਅੱਤਿਆਚਾਰ ਦਾ ਮਾਮਲਾ ਵੀ ਚੁਕਿਆ ਗਿਆ ਅਤੇ ਸ੍ਰੀ ਮਕਵਾਨਾ ਨੂੰ ਬੇਨਤੀ ਕੀਤੀ ਕਿ ਇਸ ਕੇਂਦਰ ਸਰਕਾਰ ਨੂੰ ਆਦੇਸ਼ ਦੇ ਕੇ ਅਨੁਸੂਚਿਤ ਜਾਤੀਆਂ ਅੱਤਿਆਚਾਰ ਰੋਕੂ ਕਾਨੂੰਨ ਨੂੰ ਹੋਰ ਸਖਤੀ ਨਾਲ ਲਾਗੂ ਕਰਵਾਇਆ ਜਾਵੇ।

## ਨਿਊ ਡੈਮੋਕਰੇਸੀ ਵੱਲੋਂ ਪਹਿਲਗਾਮ 'ਚ ਮਾਰੇ ਲੋਕਾਂ ਨੂੰ ਸ਼ਰਧਾਂਜਲੀਆਂ

**ਨਵਾਂਸ਼ਹਿਰ (ਮਨੋਜ ਲਾਡੀ)** ਭਾਰਤੀ ਕਮਿਊਨਿਸਟ ਪਾਰਟੀ ਮਾਰਕਸਵਾਦੀ-ਲੈਨਿਨਵਾਦੀ ਨਿਊ ਡੈਮੋਕਰੇਸੀ ਵੱਲੋਂ ਪਿੰਡ ਸਨਾਵਾ ਵਿਖੇ ਪਹਿਲਗਾਮ ਵਿੱਚ ਮਾਰੇ ਗਏ 26 ਨਿਰਦੋਸ਼ਾਂ ਨੂੰ ਸ਼ਰਧਾਂਜਲੀਆਂ ਭੇਟ ਕੀਤੀਆਂ। ਪਾਰਟੀ ਨੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਕੋਲੋ ਅਸਤੀਫੇ ਦੀ ਮੰਗ ਕੀਤੀ ਹੈ।ਇਸ ਮੌਕੇ ਜਸਬੀਰ ਦੀਪ, ਭੁਪਿੰਦਰ ਸਿੰਘ ਵੜੈਚ ਅਤੇ ਕਮਲਜੀਤ ਸਨਾਵਾ ਨੇ ਕਿਹਾ ਕਿ ਪਹਿਲਗਾਮ ਧਰਮ ਅਧਾਰਿਤ ਸਮੂਹਿਕ ਹੱਤਿਆ ਕਾਂਡ, ਜਿਸ ਵਿਚ 26 ਨਿਰਦੋਸ਼ ਲੋਕਾਂ ਦੀ ਜਾਨ ਚਲੀ ਗਈ ਹੈ ਅਤੇ ਹੋਰ ਕਈ ਜ਼ਖਮੀ ਹੋਏ ਹਨ ਇਕ ਬੇਹੱਦ ਘਿਨਾਉਣਾ, ਕਰੂਰ ਅਤੇ ਨਿੰਦਣਯੋਗ ਕਾਰਾ ਹੈ।ਇਹ ਨਾਂਅ ਕਿਸੇ ਧਰਮ ਤੇ ਨਾ ਕਿਸੇ ਅਜਾਦੀ ਸੰਘਰਸ਼ ਦੇ ਹਿੱਤ ਵਿਚ ਹੈ।ਤਸੱਲੀ ਵਾਲੀ ਗੱਲ ਹੈ ਕਿ ਕਸ਼ਮੀਰ ਵਿਚ ਲੋਕ, ਖਾਸ ਕਰਕੇ ਮੁਸਲਮਾਨ ਇਸ ਘਿਨਾਉਣੇ ਕਾਰੇ ਵਿਰੁੱਧ ਸੜਕਾਂ 'ਤੇ ਨਿਕਲੇ ਹਨ।ਆਗੂਆਂ ਨੇ ਕਿਹਾ ਕਿ ਸੰਘੀ ਫਾਸ਼ੀਵਾਦ ਦੀ ਫਿਰਕੂ ਧਰੁੱਵੀਕਰਨ ਦੀ ਨੀਤੀ ਦੇਸ਼ ਨੂੰ ਤੇ ਲੋਕਾਂ ਨੂੰ ਖੂਨ ਖਰਾਬਾ ਤੇ ਤਬਾਹੀ ਤੋਂ ਬਿਨਾਂ ਕੁਝ ਨਹੀਂ ਦੇ ਸਕਦੀ। ਲੋਕਾਂ ਨੂੰ ਇਸ ਵਿਰੁੱਧ ਡੱਟ ਕੇ ਸੰਘਰਸ਼ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਸਾਨੂੰ ਜੰਗੀ ਮਾਹੌਲ ਸਿਰਜਣ ਦਾ ਵਿਰੋਧ ਕਰਨਾ ਚਾਹੀਦਾ ਹੈ।



ਪੰਜਾਬ ਗੌਰਮਿੰਟ ਟਰਾਂਸਪੋਰਟ ਵਰਕਰ ਯੂਨੀਅਨ ਜਲੰਧਰ ਡੀਪੂ ਨੰਬਰ 2 ਵਿਖੇ ਝੰਡਾ ਲਹਿਰਾਉਣ ਮੌਕੇ ਗੁਰਜੀਤ ਸਿੰਘ ਸੂਬਾ ਮੀਤ ਪ੍ਰਧਾਨ, ਪ੍ਰਧਾਨ ਹਰੀਸ਼ ਕੁਮਾਰ, ਜਨਰਲ ਸਕੱਤਰ ਜਸਵਿੰਦਰ ਸਿੰਘ ਅਤੇ ਹੋਰ (ਤਸਵੀਰ ਤੇ ਵੇਰਵਾ : ਰਾਜੇਸ਼ ਥਾਪਾ)

## ਕੇਂਦਰ ਤੇ ਪੰਜਾਬ ਸਰਕਾਰ ਨਿੱਜੀਕਰਨ ਬੰਦ ਕਰੇ : ਆਗੂ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਜਿਉਣ)** ਮਜ਼ਦੂਰ ਦਿਵਸ ਮੌਕੇ ਸ੍ਰੀ ਅਨੰਦਪੁਰ ਸਾਹਿਬ ਵਿਖੇ ਵੱਖ ਵੱਖ ਜਥੇਬੰਦੀਆਂ ਵੱਲੋਂ ਸਾਂਝੇ ਤੌਰ 'ਤੇ ਟੈਕਨੀਕਲ ਸਰਵਿਸਿਜ਼ ਯੂਨੀਅਨ ਭੰਗਲ ਵੱਲੋਂ ਤਰਸੇਮ ਲਾਲ ਭੜਵਾ, ਜਲ ਸਪਲਾਈ ਯੂਨੀਅਨ ਵੱਲੋਂ ਕਪਿਲ ਮਹਿੰਦਲੀ, ਸੂਬਾ ਆਗੂ ਜਸਵੀਰ ਸਿੰਘ ਜਿੰਦਵੜੀ, ਜੰਗਲਾਤ ਮਜ਼ਦੂਰ ਵਰਕਰ ਯੂਨੀਅਨ ਵਲੋਂ ਬਲਦੇਵ ਕੁਮਾਰ ਕਾਕੂ, ਹਾਈਡਲ ਪਿੱਲਜ਼ ਯੂਨੀਅਨ ਤੋਂ ਪੀਯੂਸ਼ ਭਿੰਜੜੀ, ਕਿਰਤੀ ਮਜ਼ਦੂਰ ਯੂਨੀਅਨ ਪੰਜਾਬ ਦੇ ਸੂਬਾਈ ਆਗੂ ਬਬਲੀ ਅਟਵਾਲ ਆਦਿ ਆਗੂਆਂ ਦੀ ਅਗਵਾਈ ਹੇਠ ਸ੍ਰੀ ਅਨੰਦਪੁਰ ਸਾਹਿਬ ਬੱਸ ਅੱਡੇ 'ਤੇ ਇਕੱਠੇ ਹੋ ਕੇ ਰੋਡ ਭਰਪੂਰ ਰੈਲੀ ਕਰਕੇ ਸ਼ਹਿਰ ਵਿਚ ਰੋਸ ਮਾਰਚ ਕੀਤਾ ਗਿਆ। ਇਸ ਮੌਕੇ ਵੱਖ-ਵੱਖ ਵੱਖ ਵੱਖ ਆਗੂਆਂ ਨੇ ਸਭ ਤੋਂ ਪਹਿਲਾਂ ਸ਼ਿਕਾਗੋ ਦੇ ਸ਼ਹੀਦਾਂ ਨੂੰ ਸ਼ਰਧਾਂਜਲੀ ਦਿੱਤੀ ਉਸ ਤੋਂ ਬਾਅਦ ਕੇਂਦਰ ਅਤੇ ਪੰਜਾਬ ਸਰਕਾਰ ਖ਼ਿਲਾਫ਼ ਬੋਲਦਿਆਂ ਕਿਹਾ ਕਿ ਦੋਵੇਂ ਸਰਕਾਰਾਂ ਅੱਜ ਮਜ਼ਦੂਰਾਂ ਦੇ ਹੱਕ ਖੋ ਰਹੀਆਂ ਹਨ, ਕੰਮ ਦਿਹਾੜੀ 8 ਘੰਟੇ ਤੋਂ ਵਧਾ ਕੇ 12 ਘੰਟੇ ਕੀਤੀ ਜਾ ਰਹੀ ਹੈ, ਮਿਨੀਮਮ ਵੇਜ ਐਕਟ ਲਾਗੂ ਨਹੀਂ ਕੀਤਾ ਜਾ ਰਿਹਾ,



ਬਰਾਬਰ ਕੰਮ ਬਰਾਬਰ ਤਨਖਾਹ ਦਾ ਫਾਰਮੂਲਾ ਲਾਗੂ ਨਹੀਂ ਕੀਤਾ ਜਾ ਰਿਹਾ, ਮੁਲਾਜ਼ਮਾਂ ਤੇ ਮਜ਼ਦੂਰਾਂ ਦੀ ਤਨਖ਼ਾਹ ਖੋਏ ਜਾ ਰਹੇ ਹਨ।ਐਕਟ 1948 ਮੁਤਾਬਕ ਤਨਖਾਹਾਂ ਦਾ ਫਾਰਮੂਲਾ ਵੀ ਰੱਦ ਕਰ ਦਿੱਤਾ ਗਿਆ ਹੈ।ਉੱਲਟ ਮਿਲਾ ਕੇ ਅੱਜ ਦੇ ਦਿਨ ਬੋਲੋਂ ਕੰਮਾਂ ਨੂੰ ਦੱਸਣ ਲਈ ਛੁੱਟੀ ਦਾ ਐਲਾਨ ਕਰਕੇ ਬੜੇ ਬੜੇ ਅਖਬਾਰੀ ਇਸ਼ਤਿਹਾਰ ਦੇ ਰਹੀਆਂ ਹਨ, ਪਰ ਨੀਤੀਆਂ ਮਜ਼ਦੂਰਾਂ ਦੇ ਹੱਕ ਵਿੱਚ ਨਹੀਂ ਸਗੋਂ ਸਰਮਾਏਦਾਰੀ ਸਿਸਟਮ ਦੇ ਹੱਕ ਵਿਚ ਬਣਾਈਆਂ ਜਾ ਰਹੀਆਂ ਹਨ, ਅਤੇ ਮਜ਼ਦੂਰਾਂ ਤੋਂ ਉਨ੍ਹਾਂ ਦੇ ਹੱਕ ਅਤੇ ਸਹੂਲਤਾਂ ਖੋਹ ਕੇ ਉਨ੍ਹਾਂ ਨੂੰ ਬੰਧੂਆ ਮਜ਼ਦੂਰ ਬਣਾ ਕੇ ਲੁੱਟ ਲਈ ਕਾਰਪੋਰੇਟ ਸਿਸਟਮ ਅੱਗੇ ਪਰੋਸਿਆ ਜਾ ਰਿਹਾ ਹੈ। ਇਸ ਮੌਕੇ ਜਲ ਸਪਲਾਈ ਯੂਨੀਅਨ ਵਲੋਂ ਗੁਰਮੁਖ ਸਿੰਘ ਕਲੋਤਾ, ਗੋਲਡੀ ਜਿੰਦਵੜੀ, ਅਰਜੁਨ ਸਿੰਘ, ਸੋਨੂੰ ਕੁਮਾਰ ਨੰਗਲ, ਸੁਰਿੰਦਰ ਬਾਸੋਵਾਲ, ਜੰਗਲਾਤ ਵਰਕਰ ਯੂਨੀਅਨ ਵੱਲੋਂ ਬਲਦੇਵ ਕੁਮਾਰ ਕਾਕੂ ਗੁਰਮੇਲ ਸਿੰਘ ਟੈਕਨੀਕਲ ਸਰਵਿਸਿਜ਼ ਯੂਨੀਅਨ ਭੰਗਲ ਵਲੋਂ ਸੂਬਾ ਕੈਸ਼ੀਅਰ ਸੰਤੋਖ ਸਿੰਘ ਸਰਕਲ ਆਗੂ ਰਾਮ ਕ੍ਰਿਸ਼ਨ ਬੈਂਸ ਸਬ ਡਵੀਜ਼ਨ ਆਗੂ ਹਰਮਿੰਦਰ ਸਿੰਘ ਸੰਜੀਵ ਕੁਮਾਰ ਜਸਪਾਲ ਕੁਮਾਰ ਕੱਟਲਾ ਜਰਨੈਲ ਸਿੰਘ ਹਰਪ੍ਰੀਤ ਸਿੰਘ ਪੈਨਸ਼ਨਰ ਐਸੋਸ਼ੀਏਸ਼ਨ ਵਲੋਂ ਭਾਗ ਸਿੰਘ ਭਾਉਵਾਲ ਬਲਵੰਤ ਸਿੰਘ ਲੋਦੀਪੁਰ ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿਚ ਆਗੂ ਅਤੇ ਵਰਕਰ ਹਾਜ਼ਰ ਸਨ।

## ਭਗਤ ਨੇ ਮਜ਼ਦੂਰ ਦਿਵਸ 'ਤੇ ਦਿੱਤੀਆਂ ਮੁਬਾਰਕਾਂ

**ਜਲੰਧਰ (ਇਕਬਾਲ ਸਿੰਘ ਉਭੀ)**- ਪੰਜਾਬ ਦੇ ਬਾਗਬਾਨੀ, ਸੁਤੰਤਰਤਾ ਸੈਨਾਨੀ ਅਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮੋਹਿੰਦਰ ਭਗਤ ਨੇ ਕੌਮਾਂਤਰੀ ਮਜ਼ਦੂਰ ਦਿਵਸ ਮੌਕੇ ਕਿਰਤੀਆਂ, ਕਾਮਿਆਂ, ਮਜ਼ਦੂਰਾਂ ਨੂੰ ਮੁਬਾਰਕਾਂ ਦਿੱਤੀਆਂ। ਕੈਬਨਿਟ ਮੰਤਰੀ ਨੇ ਕਿਹਾ ਕਿ ਕਿਸੇ ਵੀ ਦੇਸ਼ ਅਤੇ ਸਮਾਜ ਵਿੱਚ ਮਜ਼ਦੂਰਾਂ, ਕਿਰਤੀਆਂ ਦਾ ਯੋਗਦਾਨ ਬਹੁਤ ਅਹਿਮ ਹੁੰਦਾ ਹੈ। ਉਨ੍ਹਾਂ ਕਿਹਾ ਕਿ ਮਜ਼ਦੂਰ ਸਮਾਜ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤੀ ਬਣਾਉਂਦੇ ਹਨ, ਉਤਪਾਦਨ ਦਾ ਸੰਚਾਲਨ ਕਰਦੇ ਹਨ, ਜੋ ਕਿਸੇ ਦੇਸ਼ ਦੇ ਸਮਾਜਿਕ ਅਤੇ ਆਰਥਿਕ ਵਿਕਾਸ ਲਈ ਅਤਿ ਲੋੜੀਂਦਾ ਹੈ। ਭਗਤ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਮਜ਼ਦੂਰਾਂ, ਕਿਰਤੀਆਂ, ਕਾਮਿਆਂ ਦੀ ਸਖ਼ਤ ਮਿਹਨਤ ਅਤੇ ਸਮਰਪਣ ਨੂੰ ਸਲਾਮ ਕਰਦੀ ਹੈ ਅਤੇ ਉਨ੍ਹਾਂ ਦੀ ਭਲਾਈ ਲਈ ਹਰ ਸੰਭਵ ਉਪਰਾਲੇ ਕਰਨ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਮਜ਼ਦੂਰ ਸਮਾਜ ਦਾ ਅਹਿਮ ਅੰਗ ਹਨ, ਜਿਨ੍ਹਾਂ ਦੀ ਬਿਹਤਰੀ ਅਤੇ ਸਹੂਲਤਾਂ ਪੱਖੋਂ ਸੂਬਾ ਸਰਕਾਰ ਵੱਲੋਂ ਕੋਈ ਕਮੀ ਨਹੀਂ ਰਹਿਣ ਦਿੱਤੀ ਜਾਵੇਗੀ।

## ਸ੍ਰੀ ਰਾਮਲੀਲਾ ਕਮੇਟੀ (812) ਡੇਰਾਬੱਸੀ ਨੇ ਜਨਤਕ ਸੇਵਾ ਲਈ ਖਰੀਦੀ ਨਵੀਂ ਐਂਬੂਲੈਂਸ



**ਡੇਰਾ ਬੱਸੀ (ਵਿਨੈ ਕੁਮਾਰ ਜੈਨ)** ਸ੍ਰੀ ਰਾਮਲੀਲਾ ਕਮੇਟੀ (812), ਡੇਰਾਬੱਸੀ ਨੇ ਇਲਾਕੇ ਦੇ ਲੋਕਾਂ ਦੀ ਸੇਵਾ ਲਈ ਇੱਕ ਨਵੀਂ ਐਂਬੂਲੈਂਸ ਖਰੀਦੀ ਗਈ । ਇਸ ਐਂਬੂਲੈਂਸ ਦੀਆਂ ਚਾਬੀਆਂ ਕਮੇਟੀ ਮੁਖੀ ਰਵਿੰਦਰ ਵੈਸ਼ਨਵ ਦੀ ਅਗਵਾਈ ਹੇਠ ਕਮੇਟੀ ਦੇ ਪ੍ਰਧਾਨ ਨੂੰ ਸੌਂਪੀਆਂ ਗਈਆਂ। ਕੈਸ਼ੀਅਰ ਉਮੇਸ਼ ਬਾਂਸਲ ਨੇ ਕਿਹਾ ਕਿ ਰਾਮਲੀਲਾ ਕਮੇਟੀ ਪਿਛਲੇ 15 ਸਾਲਾਂ ਤੋਂ ਆਪਣੇ ਖਰਚੇ 'ਤੇ ਮਰੀਜ਼ਾਂ ਦੀ ਸਹੂਲਤ ਲਈ ਐਂਬੂਲੈਂਸ ਚਲਾ ਰਹੀ ਹੈ। ਪੁਰਾਣੀ ਐਂਬੂਲੈਂਸ ਦੀ ਪ੍ਰਵਾਨਗੀ ਦੀ ਮਿਆਦ ਖਤਮ ਹੋ ਗਈ ਸੀ, ਇਸ ਲਈ ਉਸਨੇ ਇਲਾਕੇ ਦੇ ਸਮਾਜ ਸੇਵਕਾਂ ਦੀ ਮਦਦ ਨਾਲ ਲਗਭਗ 10 ਲੱਖ ਰੁਪਏ ਦੀ ਐਂਬੂਲੈਂਸ ਖਰੀਦੀ। ਇਹ ਐਂਬੂਲੈਂਸ ਬੁੱਧਵਾਰ ਨੂੰ ਕਮੇਟੀ ਨੂੰ ਸੌਂਪ ਦਿੱਤੀ ਗਈ ਸੀ ਅਤੇ ਇਸਨੂੰ ਆਧੁਨਿਕ ਡਾਕਟਰੀ ਉਪਕਰਣਾਂ ਅਤੇ ਫੋਲਡਿੰਗ ਸਟਰੈਚਰ ਦੀ ਸਥਾਪਨਾ ਲਈ ਭੇਜਿਆ ਗਿਆ ਹੈ। ਇਸ ਨਵੀਂ ਐਂਬੂਲੈਂਸ ਦੇ ਨਾਲ, ਪੁਰਾਣੀ ਐਂਬੂਲੈਂਸ ਨੂੰ ਵੀ ਨਵੀਂ ਪ੍ਰਵਾਨਗੀ ਮਿਲਣ ਤੋਂ ਬਾਅਦ ਮਰੀਜ਼ਾਂ ਦੀ ਸੇਵਾ ਲਈ ਵਰਤਿਆ ਜਾਵੇਗਾ। ਇਲਾਕੇ ਦੇ ਲੋਕਾਂ ਦੀ ਸਹੂਲਤ ਲਈ ਕਮੇਟੀ ਵੱਲੋਂ ਜਲਦੀ ਹੀ ਦੋਵੇਂ ਐਂਬੂਲੈਂਸਾਂ ਦਾ ਉਦਘਾਟਨ ਕੀਤਾ ਜਾਵੇਗਾ। ਇਸ ਮੌਕੇ ਸਰਪ੍ਰਸਤ ਮੀਤ ਪ੍ਰਧਾਨ ਬਲਬੀਰ ਸੋਗੀ, ਚੇਅਰਮੈਨ ਮਨੋਜ ਰਾਜਪੂਤ, ਡਾਇਰੈਕਟਰ ਸੰਜੀਵ ਥੰਮਣ, ਮੀਤ ਪ੍ਰਧਾਨ ਸੁਸ਼ੀਲ ਧੀਮਾਨ, ਸੰਯੁਕਤ ਸਕੱਤਰ ਸਤਪਾਲ ਅਤਰੀ ਅਤੇ ਸ਼ੁਭਮ ਵੈਸ਼ਨਵ ਵੀ ਹਾਜ਼ਰ ਸਨ।

## ਟਰੱਕ ਅਪਰੇਟਰ ਯੂਨੀਅਨ ਨੇ ਸੜਕ 'ਤੇ ਬਣਿਆ ਗਲਤ ਕੱਟ ਬੰਦ ਕਰਨ ਦੀ ਕੀਤੀ ਅਪੀਲ



**ਫਿਲੌਰ (ਨਿਰਮਲ)**- ਵੇਰਕਾ ਮਿਲਕ ਬਾਰ ਦੇ ਕੋਲ, ਜੀ ਟੀ ਰੋਡ ਹਾਈਵੇਅ 'ਤੇ ਚੜਨ ਲਈ ਬਣੇ, ਕੱਟ ਨੂੰ ਬੰਦ ਕਰਨ ਲਈ ਟਰੱਕ ਅਪਰੇਟਰ ਯੂਨੀਅਨ ਫਿਲੌਰ ਦੇ ਪ੍ਰਧਾਨ ਰਣਜੀਤ ਸਿੰਘ, ਸਮੂਹ ਮੈਂਬਰਾਂ ਅਤੇ ਸ਼ਹਿਰ ਵਾਸੀਆਂ ਨੇ ਇਕੱਠੇ ਹੋ ਕੇ ਪ੍ਰਸ਼ਾਸਨ ਨੂੰ ਅਪੀਲ ਕੀਤੀ ਹੈ ਕਿ ਇਹ ਗਲਤ ਸਾਈਡ ਤੇ ਬਣੀਆਂ। ਕੱਟ ਹਰ ਰੋਜ਼ ਲੋਕਾਂ ਦੀਆਂ ਕੀਮਤੀ ਜਾਨਾ ਲੈ ਰਿਹਾਂ ਕਿਉਂਕਿ ਫਿਲੌਰ ਤੋਂ ਲੁਧਿਆਨਾ ਜਾਣਾ ਲਈ, ਨੈਸ਼ਨਲ ਹਾਈਵੇ ਅਥਾਰਟੀ ਨੇ ਫਿਲੌਰ ਤੋਂ ਬਾਹਰ ਚਾਰ ਕਿਲੋ ਮੀਟਰ ਅੱਗੇ ਜਾ ਕੇ, ਲੁਧਿਆਣਾ ਸਾਈਡ ਨੂੰ ਜਾਣ ਲਈ ਕੱਟ ਦਿੱਤਾ ਹੈ।ਜੋ ਕਿ ਬੁਹਤ ਦੂਰ ਪੈਣ ਕਾਰਨ, ਲੋਕ ਜਲਦੀ ਬਾਜ਼ੀ ਕਰਕੇ, ਇਸ ਗਲਤ ਕੱਟ ਤੋਂ ਆਪਣਾ ਵਾਹਨ ਹਾਈਵੇ ਤੇ ਚਾੜਨ ਲੱਗੇ।ਅੱਗੇ ਆ ਰਹੇ ਵਾਹਨ ਨਾਲ ਟੱਕਰਾਂ ਜਾਂਦੇ ਨੇ ਅਤੇ ਆਪਣੀ ਕੀਮਤੀ ਜਾਨ ਤੋਂ ਹੱਥ ਧੋ ਬੈਠਦੇ ਨੇ।ਹਰ ਰੋਜ਼ ਇਸ ਜਗਾ ਤੇ ਕੋਈ ਨਾ ਕੋਈ ਹਾਦਸਾ ਹੁੰਦਾ ਰਹਿੰਦਾ ਹੈ।ਉਹਨਾਂ ਕਿਹਾ ਕਿ ਸਾਡੀ ਨੈਸ਼ਨਲ ਹਾਈਵੇਅ ਅਥਾਰਟੀ ਅਤੇ ਜਲੰਧਰ ਪ੍ਰਸ਼ਾਸਨ ਨੂੰ, ਸਾਡੀ ਹੱਥ ਜੋੜ ਕੇ ਬੇਨਤੀ ਹੈ ਕਿ ਜਾਂ ਤਾਂ ਇਹ ਕੱਟ ਪੱਕਾ ਬੰਦ ਕਰ ਦਿੱਤਾ ਜਾਏ। ਜਾਂ ਫਿਰ ਇਸ ਜਗਾ ਤੇ ਚੌਕ ਬਣਾ ਕੇ, ਇਲਾਕਾ ਵਾਸੀਆਂ ਦੀ ਇਸ ਸਮੱਸਿਆਂ ਦਾ ਪੱਕਾ ਹੱਲ ਕੀਤਾ ਜਾਏ ਤਾਂ ਜੋ ਲੋਕਾਂ ਦੀਆਂ ਕੀਮਤੀ ਜਾਨਾ ਬੱਚ ਸਕਣ।

## ਸਿੱਖਿਆ ਦੇ ਖੇਤਰ 'ਚ ਸੁਧਾਰ ਨਾਲ ਸਮਾਜ ਦੇ ਹਰ ਵਰਗ ਨੂੰ ਹੋਵੇਗਾ ਲਾਭ : ਜਿੰਪਾ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)** ਪੰਜਾਬ ਵਿੱਚ ਸਿੱਖਿਆ ਕ੍ਰਾਂਤੀ ਮੁਹਿੰਮ ਤਹਿਤ ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ ਅੱਜ ਹੁਸ਼ਿਆਰਪੁਰ ਵਿਧਾਨ ਸਭਾ ਹਲਕੇ ਦੇ ਤਿੰਨ ਸਰਕਾਰੀ ਸਕੂਲਾਂ ਵਿੱਚ ਕਰੀ 41 ਲੱਖ ਰੁਪਏ ਦੀ ਲਾਗਤ ਨਾਲ ਹੋਏ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ।ਇਸ ਮੌਕੇ ਉਨ੍ਹਾਂ ਸਰਕਾਰੀ ਐਲੀਮੈਂਟਰੀ ਸਕੂਲ ਪਿੱਪਲਾਂਵਾਲਾ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਪਿੱਪਲਾਂਵਾਲਾ ਅਤੇ ਸਰਕਾਰੀ ਐਲੀਮੈਂਟਰੀ ਸਕੂਲ ਬੂਲਾਂਵਾੜੀ ਵਿੱਚ ਨਵੇਂ ਕਲਾਸਰੂਮਾਂ ਅਤੇ ਹੋਰ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ। ਵਿਧਾਇਕ ਜਿੰਪਾ ਨੇ ਇਸ ਮੌਕੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸਿੱਖਿਆ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਇਸ ਵਾਰ ਸਰਕਾਰ ਨੇ ਸਿੱਖਿਆ ਲਈ 18 ਹਜ਼ਾਰ ਕਰੋੜ ਰੁਪਏ ਦਾ ਬਜਟ ਰੱਖਿਆ ਹੈ, ਜਿਸ ਤੋਂ ਪਤਾ ਲੱਗਦਾ ਹੈ ਕਿ ਸਰਕਾਰ ਸਿੱਖਿਆ ਖੇਤਰ ਨੂੰ ਤਰਜੀਹ ਦੇਣ ਵਿੱਚ ਕਿੰਨੀ ਗੰਭੀਰ ਹੈ।ਉਨ੍ਹਾਂ ਕਿਹਾ ਕਿ ਇਹ ਵਿਕਾਸ ਕਾਰਜ ਨਾ ਸਿਰਫ਼ ਵਿਦਿਆਰਥੀਆਂ ਨੂੰ



ਬਿਹਤਰ ਵਿਦਿਅਕ ਮਾਹੌਲ ਪ੍ਰਦਾਨ ਕਰਨਗੇ ਬਲਕਿ ਅਧਿਆਪਕਾਂ ਨੂੰ ਆਪਣੀਆਂ ਜ਼ਿੰਮੇਵਾਰੀਆਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਨਿਭਾਉਣ ਵਿੱਚ ਵੀ ਮਦਦ ਕਰਨਗੇ।ਵਿਧਾਇਕ ਨੇ ਇਹ ਵੀ ਕਿਹਾ ਕਿ ਸਿੱਖਿਆ ਖੇਤਰ ਵਿੱਚ ਸੁਧਾਰ ਸਮਾਜ ਦੇ ਹਰ ਵਰਗ ਨੂੰ ਲਾਭ ਪਹੁੰਚਾਏਗਾ ਅਤੇ ਇਹ ਸੂਬੇ ਦੇ ਸਮੁੱਚੇ ਵਿਕਾਸ ਵਿੱਚ ਯੋਗਦਾਨ ਪਾਵੇਗਾ। ਬ੍ਰਮ ਸ਼ੰਕਰ ਜਿੰਪਾ ਨੇ ਕਿਹਾ ਕਿ ਪੰਜਾਬ ਸਰਕਾਰ ਸਿੱਖਿਆ ਖੇਤਰ ਵਿੱਚ ਸੁਧਾਰ ਲਈ ਹਰ ਸੰਭਵ ਕਦਮ ਚੁੱਕੇਗੀ ਅਤੇ ਸੂਬੇ ਨੂੰ ਸਿੱਖਿਆ ਦੇ ਖੇਤਰ ਵਿੱਚ ਮੋਹਰੀ ਬਣਾਉਣ ਲਈ ਲਗਾਤਾਰ ਯਤਨਸ਼ੀਲ ਰਹੇਗੀ। ਇਸ ਮੌਕੇ ਮੇਅਰ ਸੁਰਿੰਦਰ ਕੁਮਾਰ, ਸਤਵੰਤ ਸਿੰਘ ਸਿਆਣ, ਅਧਿਆਪਕ ਦੀਪਕ ਕੁਮਾਰ ਵਸ਼ਿਸ਼ਟ, ਕੁਲਵਿੰਦਰ ਸਿੰਘ ਹੁੰਦਲ, ਆਗਿਆਪਾਲ ਸਿੰਘ ਸਾਹਨੀ, ਕੌਂਸਲਰ ਨਰਿੰਦਰ ਕੌਰ, ਕੌਂਸਲਰ ਪ੍ਰਦੀਪ ਬਿੱਟੂ, ਸੰਤੋਸ਼ ਸੈਣੀ, ਬਹਾਦੁਰ ਸਿੰਘ ਸੁਨੇਤ, ਚੰਦਰਪ੍ਰਕਾਸ਼ ਸੈਣੀ, ਕੰਚਨ ਦਿਓਲ, ਪ੍ਰਿੰਸੀਪਲ ਧਰਮਿੰਦਰ ਕੁਮਾਰ, ਪ੍ਰਿੰਸੀਪਲ ਵੈਸ਼ਾਲੀ ਚੱਡਾ, ਪ੍ਰਿੰਸੀਪਲ ਰਵਿੰਦਰ ਕੌਰ, ਬੀ.ਪੀ.ਈ.ਓ ਚਰਨਜੀਤ, ਬਲਵੀਰ ਰਾਮ, ਆਰਤੀ ਸ਼ਰਮਾ, ਸੁਪ੍ਰੀਤ ਸਿੰਘ ਤੋਂ ਇਲਾਵਾ ਹੋਰ ਪਤਵੰਤੇ ਵੀ ਮੌਜੂਦ ਸਨ ।

## ਹਰਿਆਣਾ 'ਚ ਨੀਟ (ਯੂ ਜੀ)-2025 ਪ੍ਰੀਖਿਆ ਦੇ ਆਯੋਜਨ ਦੇ ਪੁਖਤਾ ਪ੍ਰਬੰਧ

**ਚੰਡੀਗੜ੍ਹ (ਕ੍ਰਿਸ਼ਨ ਗਰਗ)** ਹਰਿਆਣਾ ਵਿੱਚ ਅਗਾਮੀ 4 ਮਈ ਨੂੰ ਹੋਣ ਵਾਲੀ ਨੀਟ (ਯੂਜੀ) ਪ੍ਰੀਖਿਆ ਦਾ ਸੁਚਾਰੂ ਅਤੇ ਨਿਰਪੱਖ ਸੰਚਾਲਨ ਯਕੀਨੀ ਕਰਨ ਲਈ ਪੁਖਤਾ ਪ੍ਰਬੰਧ ਕੀਤੇ ਗਏ ਹਨ।ਇਸ ਦੇ ਲਈ ਪੂਰੇ ਸੂਬੇ ਵਿੱਚ ਕੁੱਲ 162 ਪ੍ਰੀਖਿਆ ਕੇਂਦਰ ਬਣਾਏ ਗਏ ਹਨ, ਜਿੰਨ੍ਹਾਂ ਵਿੱਚ 60,687 ਪ੍ਰੀਖਿਆਰਥੀ ਸ਼ਾਮਿਲ ਹੋਣਗੇ।ਹਰਿਆਣਾ ਦੇ ਮੁੱਖ ਸਕੱਤਰ ਅਨੁਰਾਗ ਰਸਤੋਗੀ ਨੇ ਪ੍ਰੀਖਿਆ ਲਈ ਰਾਜ ਦੀ ਤਿਆਰੀਆਂ ਦੀ ਸਮੀਖਿਆ ਲਈ ਇੱਕ ਉੱਚ ਪੱਧਰੀ ਮੀਟਿੰਗ ਦੀ ਅਗਵਾਈ ਕੀਤੀ। ਮੀਟਿੰਗ ਵਿੱਚ ਪੁਲਿਸ ਡਾਇਰੈਕਟਰ ਜਨਰਲ ਸ਼ਤਰੂਜੀਤ ਕਪੂਰ, ਉੱਚ ਸਿਖਿਆ ਨਿਦੇਸ਼ਕ ਰਾਹੁਲ ਹੁਡਾ ਨੇ ਹਿੱਸਾ ਲਿਆ, ਜਦੋਂ ਕਿ ਉੱਚ ਸਿਖਿਆ ਵਿਭਾਗ ਦੇ ਵਧੀਕ ਮੁੱਖ ਸਕੱਤਰ ਵਿਨੀਤ ਗਰਗ, ਸਾਰੇ ਡਿਪਟੀ ਕਮਿਸ਼ਨਰ, ਪੁਲਿਸ ਸੁਪਰਡੈਂਟ, ਕੌਮੀ ਮੀਖਿਆ ਏਜੰਸੀ (ਐਨਟੀਪੀ) ਦੇ ਪ੍ਰਤੀਨਿਧੀ ਅਤੇ ਸਿਖਿਆ ਵਿਭਾਗ ਦੇ ਸੀਨੀਅਰ ਅਧਿਕਾਰੀ ਵੀਡੀਓ ਕਾਨਫ੍ਰੈਂਸਿੰਗ ਰਾਹੀਂ ਜੁੜੇ।

## ਬੈਂਸ ਨੇ ਪੰਜਾਬ ਦੇ ਨਿਵੇਕਲੇ ਬੀ.ਟੈਕ ਪ੍ਰੋਗਰਾਮ ਦਾ ਕੀਤਾ ਆਗ਼ਾਜ਼



**ਚੰਡੀਗੜ੍ਹ (ਗੁਰਜੀਤ ਬਿੱਲਾ)** ਸੂਬੇ ਵਿੱਚ ਹੁਨਰ-ਆਧਾਰਤ ਸਿੱਖਿਆ 'ਤੇ ਧਿਆਨ ਕੇਂਦਰਿਤ ਕਰਦਿਆਂ ਤਕਨੀਕੀ ਸਿੱਖਿਆ ਨੂੰ ਉਦਯੋਗ ਦੀਆਂ ਲੋੜਾਂ ਦੇ ਹਾਣੀ ਬਣਾਉਣ ਦੇ ਉਦੇਸ਼ ਨਾਲ ਪੰਜਾਬ ਦੇ ਤਕਨੀਕੀ ਸਿੱਖਿਆ ਅਤੇ ਉਦਯੋਗਿਕ ਸਿਖਲਾਈ ਮੰਤਰੀ ਹਰਜੋਤ ਸਿੰਘ ਬੈਂਸ ਨੇ ਦੇਸ਼ ਭਰ ਵਿੱਚ ਆਪਣੀ ਕਿਸਮ ਦੇ ਪਹਿਲੇ ਬੀ.ਟੈਕ. ਇਨ ਮਕੈਨੀਕਲ ਇੰਜੀਨੀਅਰਿੰਗ (ਇੰਡਸਟਰੀ ਇੰਟੀਗ੍ਰੇਟਿਡ) ਪ੍ਰੋਗਰਾਮ ਦੀ ਸ਼ੁਰੂਆਤ ਕਰਨ ਦਾ ਐਲਾਨ ਕੀਤਾ ਹੈ। ਇੱਥੇ ਪੰਜਾਬ ਭਵਨ ਵਿਖੇ ਇੱਕ ਪ੍ਰੈੱਸ ਕਾਨਫਰੰਸ ਦੌਰਾਨ ਹਰਜੋਤ ਸਿੰਘ ਬੈਂਸ ਨੇ ਦੱਸਿਆ ਕਿ ਮਹਾਰਾਜਾ ਰਣਜੀਤ ਸਿੰਘ ਪੰਜਾਬ ਟੈਕਨੀਕਲ ਯੂਨੀਵਰਸਿਟੀ (ਐਮ.ਆਰ.ਐਸ. ਪੀ. ਟੀ. ਯੂ.), ਬਠਿੰਡਾ ਅਤੇ ਫਰੀਦਾਬਾਦ ਦੀ ਵਿਕਟੂਰਾ ਟੈਕਨਾਲੌਜੀਜ਼ ਪ੍ਰਾਈਵੇਟ ਲਿਮਟਿਡ (ਵੀ. ਟੀ. ਪੀ. ਐਲ.) ਦਰਮਿਆਨ ਸਮਝੌਤਾ ਸਹੀਬੱਧ ਕੀਤਾ ਗਿਆ ਹੈ। ਇਹ ਦੇਸ਼ ਭਰ ਵਿੱਚ ਆਪਣੀ ਕਿਸਮ ਦਾ ਪਹਿਲਾ ਪ੍ਰੋਗਰਾਮ ਹੈ, ਜਿਸ ਤਹਿਤ ਪਹਿਲੇ ਸਮੈਸਟਰ ਤੋਂ ਹੀ ਵਿਦਿਆਰਥੀ ਉਦਯੋਗ ਦਾ ਹਿੱਸਾ ਬਣਨਗੇ ਅਤੇ ਉਦਯੋਗ ਕੈਂਪਸ ਨੂੰ ਯੂਨੀਵਰਸਿਟੀ ਦਾ ਡੀਮਡ ਕੈਂਪਸ ਮੰਨਿਆ ਜਾਵੇਗਾ।ਇਸ ਸਮਝੌਤੇ 'ਤੇ ਐਮ ਆਰ ਐਸ ਪੀ ਟੀ ਯੂ ਦੇ ਰਜਿਸਟਰਾਰ ਡਾ. ਗੁਰਿੰਦਰ ਪਾਲ ਸਿੰਘ ਬਰਾੜ ਅਤੇ ਵਿਕਟੂਰਾ ਦੇ ਮੈਨੇਜਿੰਗ ਡਾਇਰੈਕਟਰ ਹਰਦੀਪ ਸਿੰਘ ਬਾਂਗਾ ਨੇ ਹਸਤਾਖਰ ਕੀਤੇ। ਇਸ ਮੌਕੇ ਡਾਇਰੈਕਟਰ ਤਕਨੀਕੀ ਸਿੱਖਿਆ ਸ੍ਰੀ ਮੋਨੀਸ਼ ਕੁਮਾਰ, ਡਾਇਰੈਕਟਰ ਵਿਕਟੂਰਾ ਟੈਕਨਾਲੌਜੀਜ਼ ਸ੍ਰੀ ਅਮਿਤਬੀਰ ਸਿੰਘ ਬਾਂਗਾ, ਸੀ.ਐਸ.ਆਰ. ਹੈੱਡ ਸ੍ਰੀ ਅਜੇ ਕੁਮਾਰ ਸੋਮਵੰਸ਼ੀ, ਐਮ.ਆਰ.ਐਸ. ਪੀ.ਟੀ. ਯੂ. ਦੇ ਪ੍ਰੋਗਰਾਮ ਮੈਂਟਰ ਡਾ. ਸੰਦੀਪ ਕਾਂਸਲ, ਕੋਆਰਡੀਨੇਟਰ ਡਾ. ਅਮਿਤ ਭਾਟੀਆ ਅਤੇ ਐਮ.ਆਰ.ਐਸ.ਪੀ.ਟੀ.ਯੂ. ਦੇ ਸੀਨੀਅਰ ਅਧਿਕਾਰੀ ਵੀ ਮੌਜੂਦ ਸਨ।

## ਪਰਵਾਰ ਨੇ ਨੌਜਵਾਨ ਪੁੱਤ ਦੀ ਲਾਸ਼ ਲੈਣ ਤੋਂ ਕੀਤਾ ਇਨਕਾਰ, ਕਿਹਾ-ਸਾਡੇ ਪੁੱਤ ਦਾ ਹੋਇਆ ਕਤਲ

**ਕਪੂਰਥਲਾ (ਬਲਵਿੰਦਰ ਸਿੰਘ ਧਾਲੀਵਾਲ)** ਕਪੂਰਥਲਾ ਪੁਲਸ ਨੂੰ ਕੱਲ੍ਹ ਸ੍ਰੀ ਗੋਇੰਦਵਾਲ ਸਾਹਿਬ ਮਾਰਗ 'ਤੇ ਪਿੰਡ ਨਾਨਕਪੁਰ ਨੇੜੇ ਕਾਲੀ ਵੇਈਂ ਪੁਲ ਦੇ ਨੇੜੇ ਇੱਕ ਅਣਪਛਾਤੇ ਨੌਜਵਾਨ ਦੀ ਲਾਸ਼ ਪਾਣੀ ਵਿੱਚ ਤੈਰਦੀ ਮਿਲੀ ਸੀ,



ਜਿਸ ਤੋਂ ਬਾਅਦ ਪੁਲਸ ਨੇ ਲਾਸ਼ ਨੂੰ ਬਾਹਰ ਕੱਢ ਕੇ ਪਛਾਣ ਲਈ 72 ਘੰਟਿਆਂ ਲਈ ਸਿਵਲ ਹਸਪਤਾਲ ਵਿੱਚ ਰੱਖਿਆ ਗਿਆ ਸੀ ਤੇ ਇਸਦੀ ਜਾਣਕਾਰੀ ਵੱਖ-ਵੱਖ ਥਾਵਾਂ 'ਤੇ ਭੇਜ ਦਿੱਤੀ ਗਈ।ਜਿਸ ਤੋਂ ਬਾਅਦ ਕਪੂਰਥਲਾ ਦੇ ਪਿੰਡ ਕੇਸਰਪੁਰ ਦੇ ਇੱਕ ਪਰਵਾਰ ਨੇ ਲਾਸ਼ ਦੀ ਪਛਾਣ ਕੀਤੀ। ਮ੍ਰਿਤਕ ਤਰਨਜੀਤ ਜੀਤ ਸਿੰਘ ਇਸ ਪਰਵਾਰ ਦਾ 22 ਸਾਲਾ ਪੁੱਤਰ ਸੀ ਅਤੇ ਕਰਤਾਰਪੁਰ ਵਿੱਚ ਸੈਲੂਨ ਦਾ ਕੰਮ ਸਿੱਖ ਰਿਹਾ ਸੀ।ਉਹ 28 ਅਪ੍ਰੈਲ ਦੀ ਸ਼ਾਮ ਨੂੰ ਘਰ ਲਈ ਨਿਕਲਿਆ ਪਰ ਘਰ ਵਾਪਸ ਨਹੀਂ ਆਇਆ।ਜਿਸ ਤੋਂ ਬਾਅਦ ਪਰਿਵਾਰ ਨੇ ਇਸ ਬਾਰੇ ਕਰਤਾਰਪੁਰ ਪੁਲਸ ਨੂੰ ਸੂਚਿਤ ਕੀਤਾ ਪਰ ਉਨ੍ਹਾਂ ਦਾ ਦੋਸ਼ ਹੈ ਕਿ ਪੁਲਸ ਅਧਿਕਾਰੀਆਂ ਨੇ ਉਸ ਵਿਰੁੱਧ ਕੋਈ ਕਾਰਵਾਈ ਨਹੀਂ ਕੀਤੀ ਅਤੇ ਪਰਵਾਰ ਨੂੰ ਉਸਦੀ ਮੌਤ ਦੀ ਜਾਣਕਾਰੀ ਮਿਲੀ ਹੈ। ਪਰਿਵਾਰ ਦਾ ਦੋਸ਼ ਹੈ ਕਿ ਉਨ੍ਹਾਂ ਦੇ ਪੁੱਤਰ ਦਾ ਕਤਲ ਕਰ ਦਿੱਤਾ ਗਿਆ ਹੈ ਅਤੇ ਉਹ ਇਨਸਾਫ਼ ਦੀ ਮੰਗ ਕਰਦੇ ਹਨ ਅਤੇ ਜਦੋਂ ਤੱਕ ਦੋਸ਼ੀ ਨਹੀਂ ਫੜੇ ਜਾਂਦੇ, ਉਹ ਨਾ ਤਾਂ ਆਪਣੇ ਪੁੱਤਰ ਦੀ ਲਾਸ਼ ਲੈਣਗੇ ਅਤੇ ਨਾ ਹੀ ਉਸਦਾ ਅੰਤਿਮ ਸੰਸਕਾਰ ਕਰਨਗੇ। ਦੂਜੇ ਪਾਸੇ, ਪੁਲਸ ਨੇ ਜਾਂਚ ਸ਼ੁਰੂ ਕਰ ਦਿੱਤੀ ਹੈ।

## ਠੰਢੇ-ਮਿੱਠੇ ਜਲ ਦੀ ਛਬੀਲ ਲਗਾਈ



**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ )** ਕੁਲਾਮ ਰੋਡ 'ਸ਼ਿਵ ਮੰਦਰ ਦੇ ਸਾਹਮਣੇ ਤੇ ਦੁਕਾਨ ਆਰ ਕੇ ਗਾਰਮੈਂਟ ਸੰਗਤ ਦੇ ਸਹਿਯੋਗ ਨਾਲ ਠੰਡੇ ਮਿੱਠੇ ਜਲ ਦੀ ਛਬੀਲ ਲਗਾਈ ਗਈ ਜਿਸ ਵਿੱਚ ਭਾਰੀ ਗਿਣਤੀ ਵਿੱਚ ਰਾਹਗੀਰਾਂ ਨੇ ਜਲ ਛਕਿਆ ਅਤੇ ਸੰਗਤਾਂ ਨੂੰ ਮਿੱਠੇ ਜਲ ਦੀ ਸੇਵਾ ਕੀਤੀ। ਸੰਜੀਵ ਕੁਮਾਰ, ਲੱਕੀ, ਸਵੀਨ ਕੁਮਾਰ, ਰਾਹੁਲ ਨੇ ਕਿਹਾ ਕਿ ਮਨੁੱਖਤਾ ਦੀ ਸੇਵਾ ਹੀ ਸੱਚੀ ਸੇਵਾ ਹੈ।

## ਮਜ਼ਦੂਰ ਦਿਵਸ ਮਨਾਇਆ

ਮਾਹਿਲਪੁਰ (ਸ਼ਫ਼ਰੀ)-ਭਾਰਤੀ ਕੌਮਨਿਸਟ ਪਾਰਟੀ ਦਫ਼ਤਰ ਮਾਹਿਲਪੁਰ (ਗੜ੍ਹਸ਼ੰਕਰ) ਵਿਖੇ ਤਹਿਸੀਲ ਸੈਕਟਰੀ, ਜ਼ਿਲ੍ਹਾ ਕੌਂਸਲ ਅਤੇ ਅਗਜੈਕਟਿਵ ਮੈਂਬਰ ਹੁਸ਼ਿਆਰਪੁਰ ਕਾਮਰੇਡ



ਸਾਧੂ ਸਿੰਘ ਭੱਟੀ ਅਤੇ ਸੀ ਪੀ ਆਈ ਦਫ਼ਤਰ ਗੜ੍ਹਸ਼ੰਕਰ ਦੇ ਦਫ਼ਤਰ ਸੈਕਟਰੀ ਕਾਮਰੇਡ ਸੁਖਵਿੰਦਰ ਸਫ਼ਰੀ ਦੀ ਅਗਵਾਈ ਵਿਚ ਮਜ਼ਦੂਰ ਦਿਵਸ ਤੇ ਦਫ਼ਤਰ ਮਾਹਿਲਪੁਰ ਵਿੱਚ ਝੰਡਾ ਲਹਿਰਾਇਆ ਗਿਆ।ਇਸ ਮੌਕੇ ਕਾਮਰੇਡ ਚਮਨ ਸਿੰਘ ਸੈਲਾ ਕਲਾਂ, ਕਾਮਰੇਡ ਗੋਗੀ ਬਘੌਰਾ, ਕਾਮਰੇਡ ਸਲੀਮ ਖ਼ਾਨ, ਕਾਮਰੇਡ ਸਿਮਰਨ, ਕਾਮਰੇਡ ਮੁਹੰਮਦ, ਕਾਮਰੇਡ ਦੀਪ , ਕਾਮਰੇਡ ਵੰਸ਼, ਜਸਪ੍ਰੀਤ, ਪ੍ਰੀਤ,ਅਤੇ ਮੰਨਾ ਆਦਿ ਹਾਜ਼ਰ ਸਨ।

## ਕਿਸ਼ਨ ਚੰਦਰ ਮਹਾਜਨ ਨੂੰ ਵੱਖ-ਵੱਖ ਰਾਜਨੀਤਕ ਸ਼ਖਸੀਅਤਾਂ ਵੱਲੋਂ ਸ਼ਰਧਾਂਜਲੀਆਂ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)** ਪੰਜਾਬ ਸਟੇਟ ਵੈਟਨਰੀ ਇੰਸਪੈਕਟਰਜ ਐਸੋਸੀਏਸ਼ਨ ਲਈ ਸਾਬਕਾ ਜਨਰਲ ਸਕੱਤਰ ਅਤੇ ਸਾਬਕਾ ਪਰੈਸ ਸਕੱਤਰ ਵਜੋਂ ਯਾਦਗਾਰ ਸੇਵਾਵਾਂ ਦੇਣ ਵਾਲੇ ਉਘੇ ਟਰੇਡ ਯੂਨੀਅਨ ਆਗੂ ਕਿਸ਼ਨ ਚੰਦਰ ਮਹਾਜਨ ਨੂੰ ਗੁਰੂ ਕਰਤਾਰ ਫਾਰਮ ਪਠਾਣਕੋਟ ਵਿਖੇ ਹੋਏ ਸ਼ੋਕ ਸਮਾਗਮ ਵਿਚ ਪੰਜਾਬ ਸਟੇਟ ਵੈਟਨਰੀ ਇੰਸਪੈਕਟਰਜ ਐਸੋਸੀਏਸ਼ਨ ਦੇ ਸੂਬਾਈ ਆਗੂਆਂ ਅਤੇ ਵੱਖ ਵੱਖ ਰਾਜਸੀ ਪਾਰਟੀਆਂ ਦੇ ਆਗੂਆਂ ਨੇ ਹੰਝੂਆਂ ਭਰੀਆਂ ਅੱਖਾਂ ਨਾਲ ਸ਼ਰਧਾਂਜਲੀ ਭੇਂਟ ਕੀਤੀ ਗਈ ।ਇਸ ਮੌਕੇ ਹੋਏ ਸ਼ੋਕ ਸਮਾਗਮ ਦੀ ਕਾਰਵਾਈ ਸ਼ੁਰੂ ਕਰਦਿਆਂ ਵੈਟਨਰੀ ਇੰਸਪੈਕਟਰ ਐਸੋਸੀਏਸ਼ਨ ਦੇ ਸੂਬਾ ਗੁਰਦੀਪ ਬਾਸੀ ਨੇ ਕਿਹਾ ਕਿ ਕਿਸ਼ਨ ਚੰਦਰ ਮਹਾਜਨ ਮੁਲਾਜਮ ਵਰਗ ਦੇ ਨਾਲ ਨਾਲ ਕਿਰਤੀ ਕਿਸਾਨ ਮਜਦੂਰ ਵਰਗ ਦਾ ਸਾਂਝਾ ਆਗੂ ਸੀ।ਉਨਾਂ ਦੇ ਜਾਣ ਨਾਲ ਵੈਟਨਰੀ ਇੰਸਪੈਕਟਰਜ ਐਸੋਸੀਏਸ਼ਨ ਦੇ ਨਾਲ ਨਾਲ ,ਸਮੁੱਚੀ ਮੁਲਾਜਮ ਲਹਿਰ ਦੇ ਅੰਦਰ ਵੱਡਾ ਖਲਾਅ ਪੈਦਾ ਹੋਇਆ ਹੈ। ਇਸ ਸ਼ੋਕ ਸਮਾਗਮ ਵਿਚ ਵਿਛੜੇ ਹੋਈ ਰੂਹ ਨੂੰ ਸ਼ਰਧਾਂਜਲੀ ਦੇਣ ਲਈ ਵਿਸ਼ੇਸ਼ ਤੌਰ 'ਤੇ ਪੁੱਜੇ ਕਾਂਗਰਸ ਪਾਰਟੀ ਦੇ ਸਾਬਕਾ ਕੈਬਨਿਟ ਵਜੀਰ



ਤਰਿਪਤ ਰਜਿੰਦਰ ਸਿੰਘ ਬਾਜਵਾ ਨੇ ਸੰਬੋਧਿਤ ਹੁੰਦਿਆਂ ਕਿਹਾ ਕਿਸ਼ਨ ਚੰਦਰ ਮਹਾਜਨ ਆਪਣੀ ਹਿੰਮਤ ਅਤੇ ਦਰਿੜਤਾ ਭਰੇ ਇਨਸਾਨ ਵਜੋਂ, ਹਮੇਸ਼ਾ ਚੇਤਿਆਂ ਅੰਦਰ ਵਸਦਾ ਰਹੇਗਾ। ਗੁਰਦਾਸਪੁਰ ਤੋਂ ਮੈਂਬਰ ਪਾਰਲੀਮੈਂਟ ਅਤੇ ਕਾਂਗਰਸ ਪਾਰਟੀ ਦੇ ਦਿੱਗਜ ਆਗੂ ਸੁਖਜਿੰਦਰ ਸਿੰਘ ਰੰਧਾਵਾ ਇਸ ਸ਼ੋਕ ਸਮਾਗਮ ਤੋਂ ਪਹਿਲਾਂ ਸਮੁੱਚੇ ਮਹਾਜਨ ਪਰਵਾਰ ਨਾਲ ਦੁੱਖ ਦਾ ਪਰਗਟਾਵਾ ਕੀਤਾ। ਇਸ ਸ਼ੋਕ ਸਮਾਗਮ ਮੌਕੇ ਪੰਜਾਬ ਸਟੇਟ ਵੈਟਨਰੀ ਇੰਸਪੈਕਟਰਜ ਐਸੋਸੀਏਸ਼ਨ ਦੇ ਸਾਬਕਾ ਸੂਬਾ ਪ੍ਰਧਾਨ ਬਲਵਿੰਦਰ ਸਿੰਘ ਵਿਰਕ, ਜਗਤਾਰ ਸਿੰਘ ਧੂਰਕੋਟ, ਬਰਿੰਦਰਪਾਲ ਸਿੰਘ ਕੈਰੋਂ, ਭੁਪਿੰਦਰ ਸਿੰਘ ਸੱਚਰ, ਦਲਜੀਤ ਸਿੰਘ ਚਾਹਲ,ਸਾਬਕਾ ਜਨਰਲ ਸਕੱਤਰ ਗੁਰਪ੍ਰੀਤ ਸਿੰਘ ਸੰਗਰੂਰ,ਜਸਵਿੰਦਰ ਸਿੰਘ ਬੜੀ, ਸੂਬਾ ਵਿੱਤ ਸਕੱਤਰ ਰਾਜੀਵ ਕੁਮਾਰ ਮਲਹੋਤਰਾ, ਵੈਟਨਰੀ ਖਬਰਨਾਮਾ ਦੇ ਸੰਪਾਦਕ ਬਿਹਾਰੀ ਲਾਲ ਛਾਬੜਾ, ਪਰਵੀਨ ਕੁਮਾਰ ਗੁਰਦਾਸਪੁਰ ਰਾਕੇਸ਼ ਸੈਣੀ ਪਠਾਣਕੋਟ, ਬ੍ਰਿਜ ਲਾਲ ਪੂਹਲਾ, ਅਮਰੀਕ ਸਿੰਘ ਕਾਹਲੋਂ, ਜਿਲ੍ਹਾ ਪ੍ਰਧਾਨ ਬਲਜਿੰਦਰ ਸਿੰਘ ਤਰਨਤਾਰਨ, ਸੰਦੀਪ ਮਹਾਜਨ ਪਠਾਣਕੋਟ, ਬਲਰਾਮ ਅਮ੍ਰਿਤਸਰ, ਗੁਰਦਾਸਪੁਰ ਤੋਂ ਬਲਵਿੰਦਰ ਸਿੰਘ ਰੰਧਾਵਾ, ਉੱਘੇ ਪੰਜਾਬੀ ਗਾਇਕ ਗੁਰੂ ਰੰਧਾਵਾ ਦੇ ਪਿਤਾ ਇਕਬਾਲ ਸਿੰਘ ਧਾਰੋਵਾਲੀ, ਪਿਆਰਾ ਸਿੰਘ, ਜਿਲ੍ਹਾ ਲੁਧਿਆਣਾ ਤੋਂ ਕੁਲਦੀਪ ਸਿੰਘ ਮਲਕ, ਚੰਦਨਦੀਪ ਸਿੰਘ ਰਾਏਕੋਟ, ਰਾਜਵਿੰਦਰ ਸਿੰਘ ਧੂਰੀ ਨੇ ਕਿਸ਼ਨ ਚੰਦਰ ਮਹਾਜਨ ਜੀ ਵੱਲੋਂ ਦਿੱਤੀਆਂ ਅਣਥੱਕ ਸੇਵਾਵਾਂ ਨੂੰ ਯਾਦ ਕੀਤਾ।

## ਹਰ ਬੱਚੇ ਨੂੰ ਮਿਆਰੀ ਸਿੱਖਿਆ ਪ੍ਰਦਾਨ ਕਰਨਾ ਹੈ ਪੰਜਾਬ ਸਰਕਾਰ ਦਾ ਉਦੇਸ਼ : ਰੌੜੀ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)** ਪੰਜਾਬ ਸਿੱਖਿਆ ਕ੍ਰਾਂਤੀ ਮੁਹਿੰਮ ਤਹਿਤ ਡਿਪਟੀ ਸਪੀਕਰ ਪੰਜਾਬ ਵਿਧਾਨ ਸਭਾ ਜੈ ਕ੍ਰਿਸ਼ਨ ਸਿੰਘ ਰੌੜੀ ਨੇ ਵਿਧਾਨ ਸਭਾ ਹਲਕਾ ਗੜ੍ਹਸ਼ੰਕਰ ਦੇ 6 ਸਕੂਲਾਂ ਵਿੱਚ 77.71 ਲੱਖ ਰੁਪਏ ਦੀ ਲਾਗਤ ਹੋਏ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ। ਇਸ ਮੌਕੇ ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸਿੱਖਿਆ ਦੇ ਖੇਤਰ



ਵਿੱਚ ਇਨਕਲਾਬੀ ਬਦਲਾਅ ਲਿਆ ਰਹੀ ਹੈ।ਡਿਪਟੀ ਸਪੀਕਰ ਨੇ ਸਰਕਾਰੀ ਐਲੀਮੈਂਟਰੀ ਸਕੂਲ ਖਾਨਪੁਰ ਵਿਖੇ ਨਵੇਂ ਕਲਾਸਰੂਮਾਂ ਅਤੇ ਚਾਰਦੀਵਾਰੀ, ਸਰਕਾਰੀ ਐਲੀਮੈਂਟਰੀ ਸਕੂਲ ਸਾਧੋਵਾਲ ਵਿਖੇ ਨਵੇਂ ਕਲਾਸਰੂਮਾਂ ਅਤੇ ਚਾਰਦੀਵਾਰੀ, ਸਰਕਾਰੀ ਪ੍ਰਾਇਮਰੀ ਸਕੂਲ ਬਡੇਸਰੋ ਵਿੱਚ ਚਾਰਦੀਵਾਰੀ ਅਤੇ ਹੋਰ ਵਿਕਾਸ ਕਾਰਜਾ, ਸਰਕਾਰੀ ਪ੍ਰਾਇਮਰੀ ਸਕੂਲ ਗੜ੍ਹਸ਼ੰਕਰ (ਲੜਕੇ) ਵਿੱਚ ਨਵੇਂ ਕਲਾਸਰੂਮ, ਸਰਕਾਰੀ ਪ੍ਰਾਇਮਰੀ ਸਕੂਲ ਗੜ੍ਹਸ਼ੰਕਰ (ਲੜਕੀਆਂ) ਵਿੱਚ ਨਵੇਂ ਕਲਾਸਰੂਮ, ਚਾਰਦੀਵਾਰੀ ਅਤੇ ਹੋਰ ਵਿਕਾਸ ਕਾਰਜਾਂ ਅਤੇ ਸਰਕਾਰੀ ਹਾਈ ਸਕੂਲ ਬਸਿਆਲਾ ਵਿੱਚ ਨਵੇਂ ਕਲਾਸਰੂਮ ਅਤੇ ਚਾਰਦੀਵਾਰੀ ਦਾ ਉਦਘਾਟਨ ਕੀਤਾ।ਡਿਪਟੀ ਸਪੀਕਰ ਨੇ ਕਿਹਾ ਕਿ ਇਹ ਵਿਕਾਸ ਕਾਰਜ ਵਿਦਿਆਰਥੀਆਂ ਨੂੰ ਬਿਹਤਰ ਸਿੱਖਿਆ ਮਾਹੌਲ ਪ੍ਰਦਾਨ ਕਰਨਗੇ ਅਤੇ ਉਨ੍ਹਾਂ ਦੀ ਪ੍ਰਤਿਭਾ ਨੂੰ ਨਿਖਾਰਨ ਦਾ ਮੌਕਾ ਪ੍ਰਦਾਨ ਕਰਨਗੇ। ਉਨ੍ਹਾਂ ਇਹ ਵੀ ਕਿਹਾ ਕਿ ਪੰਜਾਬ ਸਰਕਾਰ ਦਾ ਉਦੇਸ਼ ਹਰੇਕ ਬੱਚੇ ਨੂੰ ਮਿਆਰੀ ਸਿੱਖਿਆ ਪ੍ਰਦਾਨ ਕਰਨਾ ਹੈ, ਤਾਂ ਜੋ ਉਹ ਆਪਣੇ ਸੁਪਨਿਆਂ ਨੂੰ ਸਾਕਾਰ ਕਰ ਸਕਣ।ਜੈ ਕ੍ਰਿਸ਼ਨ ਸਿੰਘ ਰੌੜੀ ਨੇ ਕਿਹਾ ਕਿ ਸਿੱਖਿਆ ਦੇ ਖੇਤਰ ਵਿੱਚ ਇਹ ਕ੍ਰਾਂਤੀ ਨਾ ਸਿਰਫ਼ ਵਿਦਿਆਰਥੀਆਂ ਦੇ ਭਵਿੱਖ ਨੂੰ ਰੌਸ਼ਨ ਕਰੇਗੀ ਸਗੋਂ ਸਮਾਜ ਵਿੱਚ ਸਕਾਰਾਤਮਕ ਬਦਲਾਅ ਲਿਆਉਣ ਵਿੱਚ ਵੀ ਮਦਦ ਕਰੇਗੀ। ਉਨ੍ਹਾਂ ਇਹ ਵੀ ਕਿਹਾ ਕਿ ਸਰਕਾਰ ਨੇ ਸੂਬੇ ਦੇ ਹਜ਼ਾਰਾਂ ਸਕੂਲਾਂ ਨੂੰ ਅਪਗ੍ਰੇਡ ਕੀਤਾ ਹੈ ਅਤੇ ਉੱਥੇ ਹਰ ਬੁਨਿਆਦੀ ਸਹੂਲਤ ਪ੍ਰਦਾਨ ਕਰ ਰਹੀ ਹੈ। ਇਸ ਮੌਕੇ ਪਿੰਡ ਦੀ ਪੰਚਾਇਤ ਅਤੇ ਸਿੱਖਿਆ ਵਿਭਾਗ ਦੇ ਅਧਿਕਾਰੀ ਵੀ ਮੌਜੂਦ ਸਨ।

# ਦਰੀਏਵਾਲ ਸਕੂਲ ਵਿਖੇ ਉਸਾਰੀ ਚਾਰਦੀਵਾਰੀ ਦਾ ਸੱਜਣ ਸਿੰਘ ਚੀਮਾ ਵੱਲੋਂ ਉਦਘਾਟਨ

**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)** ਸੂਬਾ ਸਰਕਾਰ ਵੱਲੋਂ ਸਿੱਖਿਆ ਕ੍ਰਾਂਤੀ ਮੁਹਿੰਮ ਦੇ ਤਹਿਤ ਸਕੂਲਾਂ ਦੀ ਕਾਇਆ ਕਲਪ ਕਰਨ ਲਈ ਕੀਤੇ ਜਾ ਰਹੇ ਯਤਨਾਂ ਤਹਿਤ ਸਰਕਾਰੀ ਐਲੀਮੈਂਟਰੀ ਸਕੂਲ ਦਰੀਏਵਾਲ ਨੂੰ ਪ੍ਰਾਪਤ ਹੋਈ 2 ਲੱਖ ਦੀ ਗ੍ਰਾਂਟ ਨਾਲ ਉਸਾਰੀ ਗਈ ਚਾਰਦੀਵਾਰੀ ਦਾ ਉਦਘਾਟਨ ਹਲਕਾ ਇੰਚਾਰਜ ਅਤੇ ਅਰਜਨਾ ਐਵਾਰਡੀ ਸੱਜਣ ਸਿੰਘ ਚੀਮਾ ਵੱਲੋਂ ਕੀਤਾ ਗਿਆ।ਇਸ ਤੋਂ ਪਹਿਲਾਂ ਸਕੂਲ ਵਿਖੇ ਪਹੁੰਚਣ ਤੇ ਕਲੱਸਟਰ ਠੱਟਾ ਨਵਾਂ ਦੇ ਸਮੂਹ ਅਧਿਆਪਕਾਂ, ਸਰਪੰਚ ਬਲਜਿੰਦਰ ਸਿੰਘ ਪਾਲਾ ਤੇ ਸਮੂਹ ਪਿੰਡ ਵਾਸੀਆਂ ਵੱਲੋਂ ਨਿੱਘਾ ਸਵਾਗਤ ਕੀਤਾ ਗਿਆ।ਇਸ ਮੌਕੇ ਕਰਵਾਏ ਸਮਾਗਮ ਨੂੰ ਸੰਬੋਧਨ ਕਰਦਿਆਂ ਹਲਕਾ ਇੰਚਾਰਜ ਅਤੇ ਅਰਜਨਾ ਐਵਾਰਡੀ ਸੱਜਣ ਸਿੰਘ ਚੀਮਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬਾ ਸਰਕਾਰ ਵੱਲੋਂ ਪੰਜਾਬ ਦੇ ਸਕੂਲਾਂ ਨੂੰ ਉੱਚ ਪੱਧਰ ਦੀ ਦਿੱਖ ਦਿੱਤੀ ਜਾ ਰਹੀ ਹੈ।ਹੁਣ ਸਰਕਾਰੀ ਸਕੂਲਾਂ ਵਿੱਚ ਸਾਰੀਆਂ ਸਹੂਲਤਾਂ ਉਪਲਬਧ ਹੋਣਗੀਆਂ ਅਤੇ ਮਿਆਰੀ ਸਿੱਖਿਆ ਦਿੱਤੀ ਜਾ ਰਹੀ ਹੈ।ਉਹਨਾਂ ਨੇ ਕਿਹਾ ਹਲਕਾ ਸੁਲਤਾਨਪੁਰ ਲੋਧੀ ਦੇ ਸਮੁੱਚੇ ਸਰਕਾਰੀ ਸਕੂਲ ਆਉਣ ਵਾਲੇ ਸਮੇਂ 'ਚ ਸ਼ਾਨਦਾਰ ਬਣ ਜਾਣਗੇ।ਇਸ ਤੋਂ ਪਹਿਲਾਂ ਸਕੂਲ ਇੰਚਾਰਜ ਗੁਰਵਿੰਦਰ ਕੌਰ ਅਤੇ ਹਰਪਿੰਦਰ ਕੌਰ ਨੇ ਮੁੱਖ ਮਹਿਮਾਨ ਸੱਜਣ ਸਿੰਘ ਚੀਮਾ ਨੂੰ ਜੀ ਆਇਆਂ ਕਿਹਾ ਅਤੇ ਸਹਿਯੋਗ ਦੇਣ ਲਈ ਧੰਨਵਾਦ ਕੀਤਾ।ਸਰਪੰਚ ਬਲਜਿੰਦਰ ਸਿੰਘ ਪਾਲਾ ਨੇ ਕਿਹਾ ਕਿ ਹਲਕਾ ਇੰਚਾਰਜ ਸੱਜਣ ਸਿੰਘ ਚੀਮਾ ਦੇ ਯਤਨਾਂ ਸਦਕਾ ਪਿੰਡ ਵਿੱਚ ਸ਼ਾਨਦਾਰ ਗਰਾਊਂਡ ਬਣਾਉਣ ਲਈ 175000 ਦੀ ਗ੍ਰਾਂਟ ਪ੍ਰਾਪਤ ਹੋ ਚੁੱਕੀ ਹੈ ਅਤੇ ਜਲਦ ਹੀ ਸ਼ਾਨਦਾਰ ਗਰਾਊਂਡ ਬਣ ਜਾਵੇਗੀ। ਉਨ੍ਹਾਂ ਨੇ ਗ੍ਰਾਮ ਪੰਚਾਇਤ ਅਤੇ ਪਿੰਡ ਵਾਸੀਆਂ ਦੀ ਤਰਫੋਂ ਹਲਕਾ ਇੰਚਾਰਜ ਸੱਜਣ ਸਿੰਘ ਚੀਮਾ ਦਾ ਧੰਨਵਾਦ ਕੀਤਾ। ਕਲੱਸਟਰ ਇੰਚਾਰਜ ਰਾਮ ਸਿੰਘ ਵੱਲੋਂ ਸਟੇਜ ਸਕੱਤਰ ਦੀ ਭੂਮਿਕਾ ਬਾਖੂਬੀ ਨਿਭਾਉਂਦਿਆਂ ਸਕੂਲਾਂ ਵਿੱਚ ਬੱਚਿਆਂ ਨੂੰ ਦਿੱਤੀਆਂ ਜਾ ਰਹੀਆਂ ਸਹੂਲਤਾਂ ਸੰਬੰਧੀ ਚਾਨਣਾ ਪਾਇਆ।ਇਸ ਮੌਕੇ ਮਾਸਟਰ ਗੁਰਚਰਨ ਸਿੰਘ, ਬਲਾਕ ਪ੍ਰਧਾਨ ਦਿਲਪ੍ਰੀਤ ਸਿੰਘ, ਆਪ ਆਗੂ ਰਣਜੀਤ ਸਿੰਘ ਰਾਣਾ, ਸੁੱਚਾ ਸਿੰਘ ਜੋਸਨ,ਸਾਬਕਾ ਸਰਪੰਚ ਸੁੱਚਾ ਸਿੰਘ, ਜਸਵੰਤ ਸਿੰਘ, ਹੈੱਡ ਟੀਚਰ ਮਨੋਜ਼ ਟਿੱਬਾ, ਹੈੱਡ ਟੀਚਰ ਬਲਜੀਤ ਕੌਰ, ਅੰਤਰਰਾਸ਼ਟਰੀ ਕਮੈਂਟਰ ਮਿੱਠਾ ਥਰੀਏਵਾਲ,ਰਾਣਾ ਯੂ ਕੇ, ਰੂਬੀ ਚਤਰੱਥ,ਕੋਚ ਗੁਰਪ੍ਰੀਤ ਸਿੰਘ ਅਤੇ ਪਰਮਿੰਦਰ ਸਿੰਘ ਟੋਡਰਵਾਲ, ਗੁਰਪ੍ਰੀਤ ਸਿੰਘ ਟਿੱਬਾ, ਜਗਮੋਹਨ ਸਿੰਘ, ਮਨਜਿੰਦਰ ਸਿੰਘ ਦੰਦੂਪੁਰ, ਸੈਕਟਰੀ ਰਸ਼ਪਾਲ ਸਿੰਘ, ਸਾਇੰਸ ਅਧਿਆਪਕ ਜਸਪ੍ਰੀਤ ਸਿੰਘ, ਮਲਕੀਤ ਸਿੰਘ,ਮਨੀ ਚਤਰੱਥ ਆਦਿ ਹਾਜ਼ਰ ਸਨ।



# ਆਸ਼ਿਮਾ ਬਰਾੜ ਨੂੰ ਗੁਰੂਗ੍ਰਾਮ, ਮੀਣਾ ਨੂੰ ਬਣਾਇਆ ਨੂੰਹ ਜ਼ਿਲ੍ਹੇ ਦਾ ਇੰਚਾਰਜ

**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਹਰਿਆਣਾ ਸਰਕਾਰ ਨੇ ਸਹਿਕਾਰਤਾ ਵਿਭਾਗ ਦੀ ਕਮਿਸ਼ਨਰ ਅਤੇ ਸਕੱਤਰ ਅਤੇ ਹਰਿਆਣਾ ਬਿਜਲੀ ਟ੍ਰਾਂਸਮਿਸ਼ਨ ਕਾਰਪੋਰੇਸ਼ਨ ਦੀ ਪ੍ਰਬੰਧ ਨਿਰਦੇਸ਼ਕ ਆਸ਼ਿਮਾ ਬਰਾੜ ਨੂੰ ਉਨ੍ਹਾਂ ਦੀ ਮੌਜੂਦਾ ਜ਼ਿੰਮੇਦਾਰੀ ਤੋਂ ਇਲਾਵਾ ਗੁਰੂਗ੍ਰਾਮ ਅਤੇ ਰੋਹਤਕ ਡਵੀਜ਼ਨ ਦੇ ਕਮਿਸ਼ਨਰ ਫੂਲ ਚੰਦ ਮੀਣਾ ਨੂੰ ਨੂੰਹ ਜ਼ਿਲ੍ਹੇ ਦਾ ਇੰਚਾਰਜ ਬਣਾਇਆ ਗਿਆ ਹੈ।ਮੁੱਖ ਸਕੱਤਰ ਵੱਲੋਂ ਜਾਰੀ ਆਦੇਸ਼ ਅਨੁਸਾਰ ਇਹ ਦੋਵੇਂ ਅਧਿਕਾਰੀ 25 ਕਰੋੜ ਰੁਪਏ ਅਤੇ ਇਸ ਤੋਂ ਵੱਧ ਲਾਗਤ ਦੀਆਂ ਪਰਿਯੋਜਨਾਵਾਂ, ਅਪਰਾਧ ਅਤੇ ਘਿਨਾਉਣੇ ਅਪਰਾਧ ਦੀਆਂ ਘਟਨਾਵਾਂ, ਭ੍ਰਿਸ਼ਟਾਚਾਰ ਰੋਕਥਾਮ ਐਕਟ, 1988 ਦੀ ਧਾਰਾ 17 ਏ ਅਤੇ 19 ਤਹਿਤ ਪ੍ਰਵਾਨਗੀ ਦੇ ਸੰਬੰਧ ਵਿੱਚ ਵਿਜੀਲੈਂਸ ਮਾਮਲਿਆਂ ਦੀ ਸਮੀਖਿਆ ਕਰਨਗੇ। ਉਹ ਸੇਵਾ ਦਾ ਅਧਿਕਾਰ ਐਕਟ ਉਪਬੰਧਾ ਅਨੁਸਾਰ ਸੇਵਾ ਵੰਡ ਤੰਤਰ ਦੀ ਪ੍ਰਭਾਵਕਾਰੀਤਾ ਅਤੇ ਕਾਰਜ ਪ੍ਰਨਾਲੀ, ਸਿਹਤ, ਸਿੱਖਿਆ ਅਤੇ ਸਮਾਜਿਕ ਖੇਤਰਾਂ ਦੀ ਕਾਰਜ ਪ੍ਰਨਾਲੀ ਦੇ ਮਾਪਦੰਡਾਂ, ਡੀ ਈ ਟੀ ਸੀ ਦੇ ਟੈਕਸਾਂ, ਜੀ ਐਸ ਟੀ ਆਦਿ ਦੇ ਸਬੰਧ ਵਿੱਚ ਆ ਰਹੀਆਂ ਸਮੱਸਿਆਵਾਂ ਦੀ ਵੀ ਸਮੀਖਿਆ ਕਰਨਗੇ।

# ਸਿਲਵਰ ਓਕ ਸਕੂਲ 'ਚ ਬੱਚਿਆਂ ਦੀ ਗ੍ਰੈਜੂਏਸ਼ਨ ਸੈਰੇਮਨੀ ਕਰਵਾਈ

**ਟਾਂਡਾ ਉੜਮੁੜ (ਜਸਵਿੰਦਰ ਸਿੰਘ ਸੰਧੂ)**- ਇਲਾਕੇ ਦੀ ਪ੍ਰਮੁੱਖ ਸਿੱਖਿਆ ਸੰਸਥਾ ਸਿਲਵਰ ਓਕ ਇੰਟਰਨੈਸ਼ਨਲ ਸੀਨੀਅਰ ਸੈਕੰਡਰੀ ਸਕੂਲ, ਸ਼ਾਹਬਾਜ਼ਪੁਰ ਵਿਖੇ ਬੱਚਿਆਂ ਦੀ ਗ੍ਰੈਜੂਏਸ਼ਨ ਸੈਰੇਮਨੀ ਕਰਵਾਈ ਗਈ। ਸੰਸਥਾ ਦੇ ਚੇਅਰਮੈਨ ਤਰਲੋਚਨ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਹੇਠ ਪ੍ਰਿੰਸੀਪਲ ਮੁਨੀਸ਼ਾ ਸੰਗਰ ਦੀ ਅਗਵਾਈ ਵਿੱਚ ਇਸ ਪ੍ਰੋਗਰਾਮ ਦੌਰਾਨ ਛੋਟੇ ਛੋਟੇ ਬੱਚਿਆਂ ਨੂੰ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਬੱਚਿਆਂ ਦੇ ਮਾਪੇ ਵੀ ਬੱਚਿਆਂ ਦਾ ਹੌਸਲਾ ਵਧਾਉਣ ਪੁੱਜੇ। ਇਸ ਮੌਕੇ ਚੇਅਰਮੈਨ ਤਰਲੋਚਨ ਸਿੰਘ ਨੇ ਦੱਸਿਆ ਕਿ ਇਹ ਗ੍ਰੈਜੂਏਸ਼ਨ ਸੈਰੇਮਨੀ ਦਾ ਪ੍ਰੋਗਰਾਮ ਬੱਚਿਆਂ ਦਾ ਹੌਸਲਾ ਵਧਾਉਣ ਲਈ ਇੱਕ ਅਹਿਮ ਭੂਮਿਕਾ ਨਿਭਾਉਂਦਾ ਹੈ। ਉਨ੍ਹਾਂ ਕਿਹਾ ਕਿ ਅਸੀਂ ਬੱਚੇ ਨੂੰ ਮਿਆਰੀ ਸਿੱਖਿਆ ਦੇਣ ਲਈ ਵਚਨਬੱਧ ਹਾਂ ਅਤੇ ਨਵੀਂ ਤੋਂ ਨਵੀਂ ਸਹੂਲਤ ਅਤੇ ਤਕਨੀਕ ਸਕੂਲ ਵਿੱਚ ਮੁਹੱਈਆ ਕਰਵਾਉਣ ਲਈ ਵਚਨਬੱਧ ਹਾਂ। ਪ੍ਰਿੰਸੀਪਲ ਮੁਨੀਸ਼ਾ ਸੰਗਰ ਨੇ ਵੀ ਬੱਚਿਆਂ ਦੇ ਮਾਪਿਆਂ ਨੂੰ ਮੁਬਾਰਕਬਾਦ ਦਿੱਤੀ ਅਤੇ ਉਹਨਾਂ ਦਾ ਇਸ ਪ੍ਰੋਗਰਾਮ ਵਿੱਚ ਸ਼ਿਰਕਤ ਕਰਨ 'ਤੇ ਧੰਨਵਾਦ ਕੀਤਾ। ਉਹਨਾਂ ਦੱਸਿਆ ਕਿ ਅਸੀਂ ਆਪਣੇ ਵਿਦਿਆਰਥੀਆਂ ਨੂੰ ਅਜਿਹੇ ਸਮੇਂ ਦੇ ਨਾਲ ਮੋਢੇ ਨਾਲ ਮੋਢਾ ਮਿਲਾ ਕੇ ਚੱਲਣ ਲਈ ਹਰ ਨਵੀਂ ਤਕਨੀਕ ਤੋਂ ਜਾਣੂ ਕਰਵਾਉਂਦੇ ਹਾਂ। ਇਸ ਦੇ ਨਾਲ ਹੀ ਉਹਨਾਂ ਨੇ ਸੀ ਸੀ ਈ ਵਿਭਾਗ ਦੇ ਅਧਿਆਪਕ ਪਰਮਜੀਤ ਕੌਰ, ਬਲਜੀਤ ਕੌਰ, ਸੁਮੀਤ ਕੌਰ ਅਤੇ ਕੰਚਨ ਖੁਰਾਨਾ ਦਾ ਉਚੇਚੇ ਤੌਰ 'ਤੇ ਧੰਨਵਾਦ ਕੀਤਾ ਕਿ ਉਹਨਾਂ ਨੇ ਇਸ ਪ੍ਰੋਗਰਾਮ ਨੂੰ ਸਫਲਤਾ ਪੂਰਵਕ ਨੇਪਰੇ ਚਾੜ੍ਹਿਆ। ਇਸ ਮੌਕੇ ਮੈਨੇਜਰ ਗਜਿੰਦਰ ਪਾਲ ਸਿੰਘ ਅਤੇ ਤਰਨ ਸੈਣੀ, ਬਿਕਰਮਜੀਤ ਸਿੰਘ ਢਿੱਲੋਂ, ਸਰਬਜੀਤ ਸਿੰਘ, ਅਮਰਜੀਤ ਕੌਰ ਸੈਣੀ, ਵਿਸਾਲੀ, ਇਕਬਾਲ, ਰਾਜਵੀਰ ਕੌਰ, ਪਰਵੀਨ, ਰੁਚਿਦਰ, ਸਵੇਤਾ, ਚੇਤਨਾ, ਈਸ਼ਾ, ਮਨਦੀਪ, ਰਾਜਵਿੰਦਰ, ਗੁਰਮੀਤ, ਹਰਜੀਤ ਸਿੰਘ, ਗੁਰਦੇਵ ਸਿੰਘ ਅਤੇ ਬਾਕੀ ਸਟਾਫ ਵੀ ਮੌਜੂਦ ਸੀ।



# ਖੇਤ 'ਚੋਂ ਕੰਬਾਇਨ ਲੰਘਾਉਣ 'ਤੇ ਹੋਏ ਝਗੜੇ ਦੌਰਾਨ ਜ਼ਖ਼ਮੀ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**- ਟਾਂਡਾ ਦੇ ਪਿੰਡ ਤਲਵੰਡੀ ਡੱਡੀਆਂ ਵਿਖੇ ਇਕ ਖੇਤ ਵਿੱਚ ਕਣਕ ਵਾਲੀ ਕੰਬਾਈਨ ਲੰਘਾਉਣ ਨੂੰ ਲੈ ਕੇ ਹੋਏ ਝਗੜੇ ਦੌਰਾਨ ਪਿੰਡ ਦੇ ਹੀ ਇੱਕ ਵਿਅਕਤੀ ਨਾਲ ਮਾਰਕੁੱਟ ਕਰਕੇ ਜ਼ਖਮੀ ਕਰਨ ਵਾਲਿਆਂ 2 ਵਿਅਕਤੀਆਂ ਖਿਲਾਫ ਟਾਂਡਾ ਪੁਲਸ ਨੇ ਮਾਮਲਾ ਦਰਜ ਕੀਤਾ ਹੈ।ਪੁਲਸ ਨੇ ਇਹ ਮਾਮਲਾ ਮਾਰਕੁੱਟ ਦੌਰਾਨ ਗੰਭੀਰ ਜਖਮੀ ਹੋਏ ਪੀੜਤ ਕਿਸਾਨ ਸੁਰਿੰਦਰ ਪਾਲ ਸਿੰਘ ਪੁੱਤਰ ਮੁਨਸ਼ੀਰਾਮ ਵਾਸੀ ਤਲਵੰਡੀ ਡੱਡੀਆਂ ਦੇ ਬਿਆਨਾ ਦੇ ਆਧਾਰ 'ਤੇ ਪਰਮਜੀਤ ਸਿੰਘ ਪੁੱਤਰ ਮੁਖਤਿਆਰ ਸਿੰਘ ਅਤੇ ਸੁਖਦੇਵ ਰਾਮ ਪੁੱਤਰ ਪਿਆਰਾ ਰਾਮ ਦੋਨੋਂ ਵਾਸੀ ਤਲਵੰਡੀ ਡੱਡੀਆਂ ਦੇ ਖਿਲਾਫ ਦਰਜ ਕੀਤਾ ਹੈ।ਪੁਲਸ ਨੂੰ ਦਿੱਤੇ ਗਏ ਆਪਣੇ ਬਿਆਨਾਂ ਵਿੱਚ ਸੁਰਿੰਦਰ ਪਾਲ ਸਿੰਘ ਨੇ ਦੱਸਿਆ ਕਿ ਬੀਤੀ 25 ਅਪ੍ਰੈਲ ਨੂੰ ਉਹ ਆਪਣੇ ਖੇਤ ਵਿੱਚ ਆਪਣੇ ਨੌਕਰ ਕੁਲਵੰਤ ਸਿੰਘ ਦੇ ਨਾਲ ਕੰਬਾਈਨ ਦੁਆਰਾ ਕਣਕ ਦੀ ਵਢਾਈ ਕਰਵਾ ਰਿਹਾ ਸੀ ਕਿ ਉਕਤ ਦੋਨੋਂ ਦੋਸ਼ੀਆਂ ਨੇ ਉਹਨਾਂ ਦੇ ਖੇਤ ਵਿੱਚ ਕੰਬਾਈਨ ਲੰਘਾਉਣ ਦਾ ਦੋਸ਼ ਲਗਾਉਂਦੇ ਗੰਡਾਸਿਆਂ ਅਤੇ ਡੰਡਿਆਂ ਨਾਲ ਉਸ ਉੱਤੇ ਹਮਲਾ ਕਰਕੇ ਜਖਮੀ ਕਰ ਦਿੱਤਾ ਅਤੇ ਮੌਕੇ ਤੇ ਪਹੁੰਚ ਕੇ ਉਸ ਦੀ ਸਾਲੀ ਦੇ ਲੜਕੇ ਸੰਦੀਪ ਪੁੱਤਰ ਮੰਗਤ ਸਿੰਘ ਵਾਸੀ ਪਿੰਡ ਪੱਤੜ ਕਲਾਂ ਨੇ ਜਖਮੀ ਹਾਲਤ ਵਿੱਚ ਸਰਕਾਰੀ ਹਸਪਤਾਲ ਟਾਂਡਾ ਪਹੁੰਚਾਇਆ ਜਿੱਥੇ ਉਸ ਦੀ ਹਾਲਤ ਗੰਭੀਰ ਦੇਖਦੇ ਹੋਏ ਡਾਕਟਰਾਂ ਨੇ ਸਰਕਾਰੀ ਹਸਪਤਾਲ ਹੁਸ਼ਿਆਰਪੁਰ ਰੈਫਰ ਕਰ ਦਿੱਤਾ।ਟਾਂਡਾ ਪੁਲਸ ਨੇ ਉਕਤ ਦੋਨਾਂ ਦੋਸ਼ੀ ਮੁਲਜ਼ਮਾਂ ਖਿਲਾਫ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ ਅਤੇ ਇਸ ਮਾਮਲੇ ਦੀ ਤਫਤੀਸ਼ ਏ ਐਸ ਆਈ ਜਗਦੀਪ ਸਿੰਘ ਵੱਲੋਂ ਕੀਤੀ ਜਾ ਰਹੀ ਹੈ।

# ਪੰਜਾਬ ਸਰਕਾਰ ਨੇ ਕਣਕ ਦੀ ਨਿਰਵਿਘਨ ਖ਼ਰੀਦ, ਲਿਫ਼ਟਿੰਗ ਤੇ ਅਦਾਇਗੀ ਯਕੀਨੀ ਬਣਾਈ : ਮਾਨ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਵਿਧਾਨ ਸਭਾ ਹਲਕਾ ਨਕੋਦਰ ਤੋਂ ਵਿਧਾਇਕ ਇੰਦਰਜੀਤ ਕੌਰ ਮਾਨ ਨੇ ਪੰਜਾਬ ਸਰਕਾਰ ਵੱਲੋਂ ਸੂਬੇ ਦੀਆਂ ਮੰਡੀਆਂ ਵਿੱਚ ਕੀਤੇ ਕਣਕ ਦੇ ਖ਼ਰੀਦ ਪ੍ਰਬੰਧਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਸੂਬਾ ਸਰਕਾਰ ਨੇ ਕਿਸਾਨਾਂ ਦੀ ਭਲਾਈ ਨੂੰ ਧਿਆਨ ਵਿੱਚ ਰੱਖਦਿਆਂ ਮੰਡੀਆਂ ਵਿੱਚ ਕਣਕ ਦੀ ਨਿਰਵਿਘਨ ਖ਼ਰੀਦ ਪ੍ਰਕਿਰਿਆ ਯਕੀਨੀ ਬਣਾਈ ਹੈ।ਉਨ੍ਹਾਂ ਕਿਹਾ ਕਿ ਕਿਸਾਨਾਂ ਵੱਲੋਂ ਮੰਡੀਆਂ ਵਿੱਚ ਲਿਆਂਦੀ ਜਾ ਰਹੀ ਕਣਕ ਦੀ ਫ਼ਸਲ ਦੀ ਖ਼ਰੀਦ ਤੁਰੰਤ ਕੀਤੀ ਜਾ ਰਹੀ ਹੈ ਅਤੇ 24 ਘੰਟਿਆਂ ਦੇ ਅੰਦਰ-ਅੰਦਰ ਅਦਾਇਗੀ ਕਿਸਾਨਾਂ ਦੇ ਖਾਤਿਆਂ ਵਿੱਚ ਪਾਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੇ ਯਤਨਾਂ ਸਦਕਾ ਕਿਸਾਨਾਂ ਨੂੰ ਆਪਣੀ ਫ਼ਸਲ ਦੀ ਵਿਕਰੀ ਲਈ ਲੰਬਾ ਇੰਤਜ਼ਾਰ ਨਹੀਂ ਕਰਨਾ ਪੈ ਰਿਹਾ ਅਤੇ ਉਹ ਬਿਨਾਂ ਕਿਸੇ ਖੱਜਲ-ਖੁਆਰੀ ਦੇ ਆਪਣੀ ਫ਼ਸਲ ਵੇਚ ਕੇ ਸੁਰਖਰੂ ਹੋ ਰਹੇ ਹਨ।ਵਿਧਾਇਕ ਮਾਨ ਨੇ ਕਿਹਾ ਕਿ ਮੰਡੀਆਂ ਵਿੱਚ ਕਿਸਾਨਾਂ ਅਤੇ ਮਜ਼ਦੂਰਾਂ ਦੀ ਸਹੂਲਤ ਲਈ ਪਾਣੀ, ਬਿਜਲੀ, ਰੌਸ਼ਨੀ ਸਮੇਤ ਸਾਰੀਆਂ ਲੋੜੀਂਦੀਆਂ ਸਹੂਲਤਾਂ ਮੁਹੱਈਆ ਕਰਵਾਈਆਂ ਗਈਆਂ ਹਨ ਤਾਂ ਜੋ ਉਨ੍ਹਾਂ ਨੂੰ ਕਿਸੇ ਕਿਸਮ ਦੀ ਅਸੁਵਿਧਾ ਨਾ ਹੋਵੇ। ਉਨ੍ਹਾਂ ਕਿਹਾ ਕਿ ਇਸ ਵਾਰ ਸੂਬੇ ਵਿੱਚ ਕਣਕ ਦੀ ਬੰਪਰ ਫ਼ਸਲ ਹੋਈ ਹੈ, ਜਿਸ ਨੂੰ ਦੇਖਦਿਆਂ ਸਰਕਾਰ ਨੇ ਅਗੇਤੇ ਹੀ ਮੰਡੀਆਂ ਵਿੱਚ ਸਾਰੇ ਪ੍ਰਬੰਧ ਮੁਕੰਮਲ ਕਰ ਲਏ ਸਨ। ਉਨ੍ਹਾਂ ਅਖੀਰ ਵਿੱਚ ਕਿਹਾ ਕਿ ਮੰਡੀਆਂ ਵਿੱਚ ਚੁਕਾਈ ਦਾ ਕੰਮ ਬਹੁਤ ਹੀ ਸੁਚੱਜੇ ਢੰਗ ਨਾਲ ਹੋ ਰਿਹਾ ਹੈ ਅਤੇ ਕਿਸਾਨਾਂ ਵੱਲੋਂ ਮੰਡੀਆਂ ਵਿੱਚ ਲਿਆਂਦੀ ਫ਼ਸਲ ਦੀ ਖ਼ਰੀਦ ਉਪਰੰਤ ਨਾਲੋ-ਨਾਲ ਚੁਕਾਈ ਕੀਤੀ ਜਾ ਰਹੀ ਹੈ।



# 6 ਨੂੰ ਲਾਲੜੂ ਮੰਡੀ 'ਚ ਜਾਗਰੂਕਤਾ ਰੈਲੀ

**ਡੇਰਾ ਬੱਸੀ (ਵਿਨੈ ਕੁਮਾਰ ਜੈਨ)** ਪੰਜਾਬ ਸਰਕਾਰ ਅਤੇ ਪੰਜਾਬ ਪੁਲਸ ਵੱਲੋਂ ਚਲਾਈ ਗਈ -ਯੁੱਧ, ਨਸ਼ਿਆਂ ਵਿਰੁੱਧ' ਮੁਹਿੰਮ ਦੇ ਚਲਦੇ ਲਾਲੜੂ ਇਲਾਕੇ ਦੇ ਦਰਜਨਾ ਸਮਾਜ ਸੇਵੀ ਆਗੂ ਆਪਣੇ ਮੈਂਬਰਾਂ, ਸਮਰਥਕਾਂ, ਕਲੱਬਾਂ ਅਤੇ ਹੋਰ ਸੰਸਥਾਵਾਂ ਦੇ ਨਾਲ 6 ਮਈ ਨੂੰ ਲਾਲੜੂ ਮੰਡੀ ਦੇ ਮੁੱਖ ਬਾਜ਼ਾਰ ਵਿੱਚ ਇੱਕ ਜਾਗਰੂਕਤਾ ਰੈਲੀ ਕੱਢਣਗੇ। ਇਹ ਜਾਗਰੂਕਤਾ ਰੈਲੀ ਸਮਤਾ ਪਬਲਿਕ ਸਕੂਲ ਅਤੇ ਪੰਜਾਬ ਪੁਲਸ ਦੇ ਸਹਿਯੋਗ ਨਾਲ ਲਾਲੜੂ ਮੰਡੀ ਦੇ ਮੁੱਖ ਬਾਜ਼ਾਰ ਵਿੱਚ 6 ਮਈ ਨੂੰ ਸਵੇਰੇ 8.00 ਵਜੇ ਤੋਂ ਲੈ ਕੇ 9.30 ਵਜੇ ਤੱਕ ਕੱਢੀ ਜਾਵੇਗੀ। ਜਿਸ ਵਿੱਚ ਲੋਕਾਂ ਨੂੰ ਨਸ਼ਿਆਂ ਅਤੇ ਮਿਲਾਵਟੀ ਤੇ ਗੈਰ- ਮਿਆਰੀ ਖਾਣ ਪੀਣ ਵਾਲੀ ਸਮਗਰੀ ਪ੍ਰਤੀ ਜਾਗਰੂਕ ਕੀਤਾ ਜਾਵੇਗਾ।ਇਸ ਮੌਕੇ ਇਸ ਜਾਗਰੂਕਤਾ ਰੈਲੀ ਨੂੰ ਐਸ ਡੀ ਐਮ ਡੇਰਾਬੱਸੀ ਅਮਿਤ ਗੁਪਤਾ, ਡੀ ਐਸ ਪੀ ਡੇਰਾਬੱਸੀ ਬਿਕਰਮਜੀਤ ਸਿੰਘ ਬਰਾੜ ਅਤੇ ਸਾਬਕਾ ਸਿਵਲ ਸਰਜਨ ਡਾ. ਦਲੇਰ ਸਿੰਘ ਮੁਲਤਾਨੀ ਹਰੀ ਝੰਡੀ ਵਿਖਾ ਕੇ ਰਵਾਨਾ ਕਰਨਗੇ। ਜਾਗਰੂਕਤਾ ਰੈਲੀ ਦੀ ਤਿਆਰੀਆਂ ਸਬੰਧੀ ਅੱਜ ਇਕ ਮੀਟਿੰਗ ਲਾਲੜੂ ਮੰਡੀ ਵਿਖੇ ਹੋਈ , ਜਿਸ ਵਿੱਚ ਵਿਸ਼ੇਸ਼ ਤੌਰ ਪ੍ਰਧਾਨ , ਪੰਜਾਬ-ਚੰਡੀਗੜ੍ਹ ਜਰਨਲਿਸਟ ਯੂਨੀਅਨ ਜ਼ਿਲਾ ਮੁਹਾਲੀ ਤੇ ਸੀਨੀਅਰ ਪੱਤਰਕਾਰ ਸਰਬਜੀਤ ਸਿੰਘ ਭੱਟੀ , ਕਿਸਾਨ ਆਗੂ ਗੁਰਚਰਨ ਸਿੰਘ ਜੌਲਾ, ਕੁਲਵਿੰਦਰ ਸਿੰਘ ਆਗਾਂਪੁਰ , ਗੁਰਵਿੰਦਰ ਸਿੰਘ ਚਾਂਦਹੇੜੀ ਮੁਲਾਜ਼ਮ ਆਗੂ ਮਹਿੰਦਰ ਸਿੰਘ ਸੈਣੀ , ਹਰਵਿੰਦਰ ਸਿੰਘ ਝਰਮੜੀ, ਪੱਤਰਕਾਰ ਭੁਪਿੰਦਰ ਸਿੰਘ ਜੰਡਲੀ, ਗਿਆਨੀ ਮਹਿੰਦਰ ਸਿੰਘ ਲਾਲੜੂ ਮੰਡੀ , ਸਰਪੰਚ ਸੁਰੇਸ਼ ਸਿੰਘ ਬੈਰਮਾਜਰਾ , ਜਗਤਾਰ ਸਿੰਘ ਜੱਗੀ ਸਮੇਤ ਅਨੇਕਾਂ ਆਗੂ ਮੌਜੂਦ ਰਹੇ। ਜਿਨਾਂ ਨੇ ਸਰਬ ਸੰਮਤੀ ਨਾਲ ਫੈਸਲਾ ਕੀਤਾ ਕਿ ਨਸ਼ਿਆਂ ਵਿਰੁੱਧ ਅਤੇ ਖਾਣ ਪੀਣ ਦੀ ਮਿਲਾਵਟੀ ਸਮਗਰੀ ਵਿਰੁੱਧ ਚਲਾਈ ਗਈ , ਇਸ ਮੁਹਿੰਮ ਵਿੱਚ ਉਹ ਵੱਧ ਚੜ ਕੇ ਭਾਗ ਲੈਣਗੇ ਅਤੇ ਆਪਣੇ ਨਾਲ ਸੈਂਕੜੇ ਹੋਰ ਸਮਰਥਕਾਂ ਨੂੰ ਨਾਲ ਲੈ ਕੇ ਲਾਲੜੂ ਮੰਡੀ ਦੇ ਬਾਜ਼ਾਰਾਂ ਵਿੱਚ ਘੁੰਮ ਕੇ ਲੋਕਾਂ ਨੂੰ ਜਾਗਰੂਕ ਕਰਨਗੇ ।

# 22 ਸ਼ਖ਼ਸੀਅਤਾਂ ਦਾ ਸਨਮਾਨ



**ਮੋਹਾਲੀ (ਕ੍ਰਿਸ਼ਨ ਗਰਗ)** ਆਮ ਘਰਾਂ ਦੀਆਂ ਬੱਚੀਆਂ ਨੂੰ ਕਿਸੇ ਕੰਮ ਦੇ ਨਾਲ ਜੋੜ ਦੇਣਾ ਵੱਡਾ ਪੁੰਨ ਦਾ ਕੰਮ ਹੈ। ਮੈਨੂੰ ਹਾਲੇ ਤੱਕ ਐਸੀ ਸੋਚ ਨਹੀਂ ਮਿਲੀ ਜਿਸਨੇ ਘਰਾਂ ਦੇ ਵਿੱਚ ਝਾੜੂ ਪੋਚੇ ਦਾ ਕੰਮ ਕਰਨ ਵਾਲੀਆਂ ਲੜਕੀਆਂ ਨੂੰ ਵੀ ਸਸ਼ਕਤ ਕੀਤਾ ਹੋਵੇ।ਲੜਕੀਆਂ ਨੂੰ ਜਲਦੀ ਕੰਮ ਤੇ ਪਹੁੰਚਣ ਲਈ ਸਾਈਕਲਾਂ ਦੀ ਵੰਡ ਕਰਨਾ ਸਾਧਨ ਛੋਟਾ ਹੋ ਸਕਦਾ ਹੈ ਪਰ ਟਰੱਸਟ ਦੀ ਭਾਵਨਾ ਵੱਡੀ ਹੈ।ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਗੁਲਾਬ ਚੰਦ ਕਟਾਰੀਆ ਗਵਰਨਰ ਪੰਜਾਬ ਨੇ ਦਿਸ਼ਾ ਵੋਮੈਨ ਵੈੱਲਫੇਅਰ ਟਰੱਸਟ ਰਜਿ ਪੰਜਾਬ ਵੱਲੋਂ ਟਰੱਸਟ ਪ੍ਰਧਾਨ ਕੌਰ ਦੀ ਅਗਵਾਈ ਹੇਠ ਕਰਵਾਏ ਗਏ ਪੰਜਵੇਂ ਦਿਸ਼ਾ ਇੰਡੀਅਨ ਅਵਾਰਡ ਸਮਾਰੋਹ ਦੌਰਾਨ ਟਰੱਸਟ ਦੇ ਕੰਮਾਂ ਦੀ ਸ਼ਲਾਘਾ ਕਰਦੇ ਹੋਏ ਹਾਜ਼ਰੀਨ ਨੂੰ ਸੰਬੋਧਨ ਕਰਦੇ ਹੋਏ ਕੀਤਾ।ਇਸ ਪ੍ਰੋਗਰਾਮ ਵਿੱਚ ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਅਵਿਨਾਸ਼ ਰਾਏ ਖੰਨਾ, ਸਤਨਾਮ ਸਿੰਘ ਸੰਧੂ ਮੈਂਬਰ ਰਾਜ ਸਭਾ, ਪਦਮ ਸ਼੍ਰੀ ਐਵਾਰਡੀ ਜਗਜੀਤ ਸਿੰਘ ਦਰਦੀ ਅਤੇ ਸਰਗੁਣ ਵੱਲੋਂ ਡਾਇਰੈਕਟਰ ਮਨੋਹਰ ਕੰਪਨੀ ਵਿਸ਼ੇਸ਼ ਮਹਿਮਾਨ ਦੇ ਤੌਰ 'ਤੇ ਹਾਜ਼ਰ ਹੋਏ।ਜ਼ਿਕਰਯੋਗ ਹੈ ਕਿ ਦਿਸ਼ਾ ਟਰੱਸਟ ਵੱਲੋਂ ਸਮਾਜ ਦੇ ਵੱਖ ਵੱਖ ਖੇਤਰਾਂ ਵਿੱਚ ਯੋਗਦਾਨ ਪਾਉਣ ਵਾਲੀਆਂ 22 ਸ਼ਖ਼ਸੀਅਤਾਂ ਨੂੰ ਸਨਮਾਨਿਤ ਕੀਤਾ ਗਿਆ। ਸਨਮਾਨਿਤ ਹੋਣ ਵਾਲੀਆਂ ਸ਼ਖਸੀਅਤਾਂ ਵਿੱਚ ਡਾਕਟਰ ਹਰਸ਼ਿੰਦਰ ਕੌਰ, ਮਨਦੀਪ ਕੌਰ ਟਾਂਗਰਾ, ਬਲਵੀਰ ਕੌਰ ਰਾਏ ਕੋਟੀ, ਡਾਕਟਰ ਭਾਨੂੰ ਸਲੂਜਾ, ਜਗਜੀਤ ਕੌਰ ਕਾਹਲੋਂ, ਕੰਚਨ ਬੇਦੀ, ਡਾਕਟਰ ਰਜਿੰਦਰ ਸਿੰਘ, ਸੁਭਾਸ਼ ਗੋਇਲ, ਪ੍ਰੋਫੈਸਰ ਖੁਸ਼ ਧਾਲੀਵਾਲ, ਨਿਸ਼ਾ ਬਾਨੋ, ਬੀਬੀ ਸਤਵੰਤ ਕੌਰ ਜੌਹਲ, ਪਹਿਲਵਾਨ ਪੂਰਵੀ ਅਤੇ ਸਮਾਜ ਸੇਵੀ ਰਵੀ ਸ਼ਰਮਾ ਦਾ ਨਾਂਅ ਸ਼ਾਮਲ ਹੈ ।

# ਆਰ ਬੀ ਯੂ ਵਿਖੇ ਮਾਹਿਰਾਂ ਵੱਲੋਂ ਵਿੱਤੀ ਸਾਖਰਤਾ 'ਤੇ ਲੈਕਚਰ



**ਮੋਹਾਲੀ (ਗੁਰਜੀਤ ਬਿੱਲਾ)**- ਰਿਆਤ ਬਾਹਰਾ ਯੂਨੀਵਰਸਿਟੀ ਦੇ ਕੰਪਿਊਟਰ ਐਪਲੀਕੇਸ਼ਨ ਵਿਭਾਗ ਨੇ ਭਾਰਤੀ ਰਿਜ਼ਰਵ ਬੈਂਕ ਦੇ ਮੁੱਖ ਜਨਰਲ ਮੈਨੇਜਰ ਰਾਜੀਵ ਦਿਵੇਦੀ ਦੁਆਰਾ ਵਿੱਤੀ ਸਾਖਰਤਾ ਜਾਗਰੂਕਤਾ 'ਤੇ ਇੱਕ ਗੈਸਟ ਲੈਕਚਰ ਦਾ ਆਯੋਜਨ ਕੀਤਾ। ਜਿਨ੍ਹਾਂ ਨੇ ਅੱਜ ਦੇ ਤੇਜ਼ ਰਫ਼ਤਾਰ ਅਤੇ ਤਕਨਾਲੋਜੀ-ਅਧਾਰਤ ਸੰਸਾਰ ਵਿੱਚ ਵਿੱਤੀ ਸਾਖਰਤਾ ਦੀ ਮਹੱਤਤਾ ਬਾਰੇ ਕੀਮਤੀ ਵਿਚਾਰ ਸਾਂਝੇ ਕੀਤੇ । ਇਸ ਲੈਕਚਰ ਦਾ ਉਦੇਸ਼ ਵਿਦਿਆਰਥੀਆਂ ਅਤੇ ਫੈਕਲਟੀ ਨੂੰ ਜ਼ਰੂਰੀ ਵਿੱਤੀ ਗਿਆਨ ਅਤੇ ਹੁਨਰਾਂ ਨਾਲ ਸਸ਼ਕਤ ਬਣਾਉਣਾ ਸੀ।ਰਾਜੀਵ ਦਿਵੇਦੀ ਨੇ ਬਜਟ, ਬੱਚਤ, ਡਿਜੀਟਲ ਬੈਂਕਿੰਗ, ਕ੍ਰੈਡਿਟ ਜਾਗਰੂਕਤਾ, ਨਿਵੇਸ਼ ਯੋਜਨਾਬੰਦੀ, ਅਤੇ ਵਿੱਤੀ ਧੋਖਾਧੜੀ ਤੋਂ ਸੁਰੱਖਿਆ ਸਮੇਤ ਕਈ ਵਿਸ਼ਿਆਂ ਬਾਰੇ ਜਾਣਕਾਰੀ ਦਿੱਤੀ । ਉਨ੍ਹਾਂ ਨੇ ਸ਼ੁਰੂਆਤੀ ਪੜਾਅ 'ਤੇ ਵਿੱਤੀ ਯੋਜਨਾਬੰਦੀ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਇੱਕ ਹੋਰ ਮਾਹਰ ਅਮਿਤ ਕੁਮਾਰ ਸ਼ਰਮਾ ਨੇ ਅੱਜ ਦੇ ਨੌਜਵਾਨਾਂ ਵਿੱਚ ਵਿੱਤੀ ਸਾਖਰਤਾ ਦੀ ਮਹੱਤਵਪੂਰਨ ਭੂਮਿਕਾ 'ਤੇ ਚਾਨਣਾ ਪਾਇਆ। ਕੰਪਿਊਟਰ ਐਪਲੀਕੇਸ਼ਨ ਵਿਭਾਗ ਦੇ ਵਿਦਿਆਰਥੀਆਂ ਨੇ ਫੈਕਲਟੀ ਮੈਂਬਰਾਂ ਸਮੇਤ ਸੈਸ਼ਨ ਵਿੱਚ ਉਤਸ਼ਾਹ ਨਾਲ ਸ਼ਿਰਕਤ ਕੀਤੀ ਅਤੇ ਇੱਕ ਜੀਵੰਤ ਪ੍ਰਸ਼ਨ ਅਤੇ ਉੱਤਰ ਦੌਰ ਵਿੱਚ ਹਿੱਸਾ ਲਿਆ।ਕੰਪਿਊਟਰ ਐਪਲੀਕੇਸ਼ਨ ਵਿਭਾਗ ਦੀ ਮੁਖੀ ਡਾ. ਅਨੀਤਾ ਗੋਇਲ ਨੇ ਮਹਿਮਾਨਾਂ ਦਾ ਸਵਾਗਤ ਕੀਤਾ ।ਚਾਂਸਲਰ ਗੁਰਵਿੰਦਰ ਸਿੰਘ ਬਾਹਰਾ, ਡੀਨ ਅਕਾਦਮਿਕ ਡਾ. ਸਤੀਸ਼ ਕੁਮਾਰ ਬਾਂਸਲ, ਅਤੇ ਕਾਰਜਕਾਰੀ ਨਿਰਦੇਸ਼ਕ ਡਾ. ਸਾਹਿਲ ਵਰਮਾ ਨੇ ਕੰਪਿਊਟਰ ਐਪਲੀਕੇਸ਼ਨ ਵਿਭਾਗ ਦੇ ਮਾਹਰ ਭਾਸ਼ਣਾਂ ਦੇ ਆਯੋਜਨ ਵਿੱਚ ਪਹਿਲਕਦਮੀ ਦੀ ਸ਼ਲਾਘਾ ਕੀਤੀ।

# ਜਨਸ਼ਕਤੀ ਨਾਲ ਹੁਣ ਨਸ਼ਿਆਂ ਵਿਰੁੱਧ ਫੈਸਲਾਕੁੰਨ ਜੰਗ : ਨਯਨ ਛਾਬੜਾ



**ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ )** ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਸ਼ੁਰੂ ਕੀਤੀ ਗਈ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਨੂੰ ਅੰਤਿਮ ਮੁਕਾਮ ਤੱਕ ਪਹੁੰਚਾਉਣ ਲਈ ਹੁਣ ਇਸ ਨੂੰ ਜਨ ਅੰਦੋਲਨ ਦਾ ਰੂਪ ਦਿੱਤਾ ਜਾਵੇਗਾ ਅਤੇ ਜਨਸ਼ਕਤੀ ਦੇ ਨਾਲ ਨਸ਼ਿਆਂ ਵਿਰੁੱਧ ਫੈਸਲਾਕੁੰਨ ਜੰਗ ਲੜੀ ਜਾਵੇਗੀ।ਇਹ ਵਿਚਾਰ ਨਸ਼ਾ ਮੁਕਤੀ ਮੋਰਚੇ ਦੇ ਦੋਆਬਾ ਜ਼ੋਨ ਕੋਆਰਡੀਨੇਟਰ ਨਯਨ ਛਾਬੜਾ ਨੇ ਹੁਸ਼ਿਆਰਪੁਰ ਵਿੱਚ ਜ਼ਿਲ੍ਹਾ ਕੋਆਰਡੀਨੇਟਰ ਮਨਜਿੰਦਰ ਸਿੰਘ ਸਿਆਣ ਦੇ ਨਾਲ ਆਯੋਜਿਤ ਪ੍ਰੈਸ ਕਾਨਫਰੰਸ ਵਿੱਚ ਰੱਖੇ।ਨਯਨ ਛਾਬੜਾ ਨੇ ਕਿਹਾ ਕਿ ਮੁੱਖ ਮੰਤਰੀ ਨੇ ਨਸ਼ਾ ਤਸਕਰਾਂ ਨੂੰ ਸਪੱਸ਼ਟ ਸੁਨੇਹਾ ਦੇ ਦਿੱਤਾ ਹੈ—ਜਾਂ ਤਾਂ ਨਸ਼ਿਆਂ ਦਾ ਧੰਦਾ ਛੱਡ ਦਿਓ ਜਾਂ ਫਿਰ ਪੰਜਾਬ। ਇਹ ਪਹਿਲੀ ਸਰਕਾਰ ਹੈ ਜਿਸ ਨੇ ਨਸ਼ਿਆਂ ਵਿਰੁੱਧ ਯੁੱਧ ਪੱਧਰ 'ਤੇ ਕਾਰਵਾਈ ਕਰਕੇ ਨਸ਼ਿਆਂ ਦੇ ਨੈੱਟਵਰਕ ਨੂੰ ਤੋੜਨ ਦੀ ਠੋਸ ਪਹਿਲ ਕੀਤੀ ਹੈ।ਉਨ੍ਹਾਂ ਦੱਸਿਆ ਕਿ ਪਿਛਲੇ ਦੋ ਦਹਾਕਿਆਂ ਤੋਂ ਪੰਜਾਬ ਦੀ ਨੌਜਵਾਨ ਪੀੜ੍ਹੀ ਨੂੰ ਖੋਖਲਾ ਕਰ ਰਹੇ ਨਸ਼ਿਆਂ ਦੇ ਜਾਲ ਨੂੰ ਤੋੜਨ ਲਈ ਸਰਕਾਰ ਨੇ ਸਖ਼ਤ ਕਾਰਵਾਈ ਕੀਤੀ ਹੈ। ਨਯਨ ਛਾਬੜਾ ਨੇ ਜਾਣਕਾਰੀ ਦਿੱਤੀ ਕਿ 2 ਮਈ ਨੂੰ ਹੁਸ਼ਿਆਰਪੁਰ ਵਿੱਚ 'ਵਿਲੇਜ ਡਿਫੈਂਸ ਕਮੇਟੀਆਂ' ਦਾ ਇੱਕ ਵਿਸ਼ਾਲ ਜ਼ਿਲ੍ਹਾ ਪੱਧਰੀ ਪ੍ਰੋਗਰਾਮ ਆਯੋਜਿਤ ਕੀਤਾ ਜਾਵੇਗਾ, ਜਿਸ ਵਿੱਚ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਵਿਸ਼ੇਸ਼ ਤੌਰ 'ਤੇ ਪਹੁੰਚ ਰਹੇ ਹਨ।

# ਸਿੱਖਿਆ ਕ੍ਰਾਂਤੀ ਰਾਹੀਂ ਸਰਕਾਰੀ ਸਕੂਲਾਂ ਦੀ ਬਦਲੀ ਜਾ ਰਹੀ ਹੈ ਨੁਹਾਰ : ਡਾ. ਸੁੱਖੀ



**ਬੰਗਾ (ਅਵਤਾਰ ਕਲੇਰ)**- ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸਿੱਖਿਆ ਕ੍ਰਾਂਤੀ ਰਾਹੀਂ ਸਰਕਾਰੀ ਸਕੂਲਾਂ ਦੀ ਨੁਹਾਰ ਬਦਲੀ ਜਾ ਰਹੀ ਹੈ, ਤਾਂ ਜੋ ਵਿਦਿਆਰਥੀਆਂ ਨੂੰ ਬਿਹਤਰ ਸਿੱਖਿਆ ਅਤੇ ਬੁਨਿਆਦੀ ਢਾਂਚਾ ਪ੍ਰਦਾਨ ਕੀਤੀ ਜਾ ਸਕੇ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਅੱਜ ਪੰਜਾਬ ਕੰਟੇਨਰ ਅਤੇ ਵੇਅਰ ਹਾਊਸ ਕਾਰਪੋਰੇਸ਼ਨ ਦੇ ਚੇਅਰਮੈਨ ਅਤੇ ਵਿਧਾਇਕ ਬੰਗਾ ਡਾ. ਸੁਖਵਿੰਦਰ ਕੁਮਾਰ ਸੁੱਖੀ ਵੱਲੋਂ ਪੰਜਾਬ ਸਿੱਖਿਆ ਕ੍ਰਾਂਤੀ ਤਹਿਤ ਹਲਕਾ ਬੰਗਾ ਦੇ ਪਿੰਡ ਬਹਿਰਾਮ, ਫਰਾਲਾ, ਮੁੰਨਾ ਤੇ ਜੱਸੋ ਮਜਾਰਾ ਦੇ ਸਰਕਾਰੀ ਸਕੂਲਾਂ ਵਿਚ ਬੁਨਿਆਦੀ ਵੱਖ ਵੱਖ ਵਿਕਾਸ ਪ੍ਰੋਜੈਕਟਾਂ ਦੇ ਉਦਘਾਟਨ ਕਰਨ ਮੌਕੇ ਕੀਤਾ। ਉਨ੍ਹਾਂ ਕਿਹਾ ਕਿ ਮਾਨ ਸਰਕਾਰ ਪੰਜਾਬ ਸਿੱਖਿਆ ਕ੍ਰਾਂਤੀ ਮੁਹਿੰਮ ਤਹਿਤ ਵਿਦਿਆਰਥੀਆਂ ਨੂੰ ਉੱਚ ਪੱਧਰੀ ਸਿੱਖਿਆ ਦੇਣ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਇਸ ਮੁਹਿੰਮ ਤਹਿਤ ਪੰਜਾਬ ਦੇ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਨੂੰ ਹਰ ਖੇਤਰ ਵਿਚ ਮੋਹਰੀ ਬਣਾਉਣ ਵਿਚ ਕੋਈ ਕਸਰ ਬਾਕੀ ਨਹੀਂ ਛੱਡੀ ਜਾ ਰਹੀ। ਇਸ ਮੌਕੇ ਉਨਾਂ ਦੇ ਨਾਲ ਪੰਜਾਬ ਸਿੱਖਿਆ ਕ੍ਰਾਂਤੀ ਮੁਹਿੰਮ ਦੇ ਹਲਕਾ ਬੰਗਾ ਦੇ ਇੰਚਾਰਜ ਸੋਹਣ ਲਾਲ ਢੰਡਾ, ਬਲਾਕ ਪੰਚਾਇਤ ਅਫ਼ਸਰ ਆਦੇਸ਼ ਕੁਮਾਰ, ਮਹਿੰਦਰ ਪਾਲ, ਪਵਨਜੀਤ ਸਿੱਧੂ, ਸੁਖਦੇਵ ਰਾਜ ਮੱਲ੍ਹਾ, ਬਲਾਕ ਨੋਡਲ ਅਫਸਰ ਵਿਜੇ ਕੁਮਾਰ ਅਤੇ ਸਕੂਲਾਂ ਦੇ ਵਿਦਿਆਰਥੀਆਂ, ਸਟਾਫ ਤੋਂ ਇਲਾਵਾ ਪਿੰਡਾਂ ਦੀਆਂ ਪੰਚਾਇਤਾਂ ਦੇ ਨੁਮਾਇੰਦੇ ਤੇ ਹੋਰ ਪਤਵੰਤੇ ਵੱਡੀ ਗਿਣਤੀ ਵਿਚ ਹਾਜ਼ਰ ਸਨ।

# ਸਿਹਤ ਵਿਭਾਗ ਵੱਲੋਂ ਹਾਈ ਰਿਸਕ ਖੇਤਰਾਂ 'ਚ ਬੱਚਿਆਂ ਦਾ ਟੀਕਾਕਰਨ

**ਕਾਲਾ ਸੰਘਿਆਂ (ਮਨਜੀਤ ਮਾਨ)**- ਸਿਹਤ ਵਿਭਾਗ ਵੱਲੋਂ 24 ਅਪ੍ਰੈਲ ਤੋਂ 30 ਅਪ੍ਰੈਲ ਤੱਕ ਵਿਸ਼ਵ ਇਮੂਨਾਈਜੇਸਸ਼ਨ ਵੀਕ ਮਨਾਇਆ ਜਾ ਰਿਹਾ ਹੈ।ਇਸੇ ਤਹਿਤ ਸਿਵਲ ਸਰਜਨ ਕਪੂਰਥਲਾ ਡਾ. ਰਜੀਵ ਪ੍ਰਾਸ਼ਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅਤੇ ਮੁਢਲਾ ਸਿਹਤ ਕੇਂਦਰ ਢਿੱਲਵਾਂ ਦੇ ਸੀਨੀਅਰ ਮੈਡੀਕਲ ਅਫਸਰ ਡਾ. ਪ੍ਰੇਮ ਕੁਮਾਰ ਦੀ ਯੋਗ ਅਗਵਾਈ ਹੇਠ ਬਲਾਕ ਢਿੱਲਵਾਂ ਅਧੀਨ ਅੱਜ ਸਲੱਮ ਏਰੀਆ ਪਿੰਡ ਖੱਸਣ ਅਤੇ ਟਾਂਡੀ ਭੱਠਾ ਪਿੰਡ ਬੋਪਰਾਏ ਆਦਿ ਵੱਖ-ਵੱਖ ਥਾਵਾਂ 'ਤੇ ਸਿਹਤ ਵਿਭਾਗ ਦੀ ਟੀਮ ਵੱਲੋਂ ਬੱਚਿਆਂ ਦਾ ਟੀਕਾਕਰਨ ਕੀਤਾ ਗਿਆ। ਇਸ ਮੌਕੇ ਮੁੱਢਲਾ ਸਿਹਤ ਕੇਂਦਰ ਢਿੱਲਵਾਂ ਦੇ ਸੀਨੀਅਰ ਮੈਡੀਕਲ ਅਫਸਰ ਡਾ. ਪ੍ਰੇਮ ਕੁਮਾਰ ਨੇ ਦੱਸਿਆ ਕਿ ਸਿਹਤ ਵਿਭਾਗ ਵੱਲੋਂ ਸਮੇਂ-ਸਮੇਂ ਸਿਰ ਲੋਕਾਂ ਵਿੱਚ ਸਿਹਤ ਸਹੂਲਤਾਂ ਸੰਬੰਧੀ ਵਧੇਰੇ ਜਾਗਰੂਕਤਾ ਲਿਆਉਣ ਲਈ ਯੋਗ ਉਪਰਾਲੇ ਕੀਤੇ ਜਾਂਦੇ ਹਨ। ਉਨ੍ਹਾਂ ਦੱਸਿਆ ਕਿ ਵਿਸ਼ਵ ਇਮੂਨਾਈਜੇਸ਼ਨ ਵੀਕ ਤਹਿਤ ਬਲਾਕ ਢਿੱਲਵਾਂ ਅਧੀਨ ਸਮੂਹ ਸਬ ਸੈਂਟਰਾਂ 'ਤੇ ਗਰਭਵਤੀ ਮਹਿਲਾਵਾਂ ਅਤੇ ਬੱਚਿਆਂ ਦਾ ਟੀਕਾਕਰਨ ਕੀਤਾ ਜਾ ਰਿਹਾ ਹੈ। ਹਰ ਬੁੱਧਵਾਰ ਮਮਤਾ ਦਿਵਸ ਤਹਿਤ ਟੀਕਾਕਰਨ ਅਤੇ ਆਮ ਲੋਕਾਂ ਨੂੰ ਸਿਹਤ ਸਹੂਲਤਾਂ, ਖੂਨ ਦੀ ਘਾਟ, ਸਤਨਪਾਨ (ਬ੍ਰੈਸਟਫੀਡਿੰਗ) ਏ.ਐਨ.ਸੀ ਚੈੱਕਅੱਪ ਅਤੇ ਚੰਗੀ ਖੁਰਾਕ ਲਈ ਵਧੇਰੇ ਜਾਗਰੂਕ ਕੀਤਾ ਜਾਂਦਾ ਹੈ ਤਾਂ ਜੋ ਸਿਹਤਮੰਦ ਸਮਾਜ ਦੀ ਸਿਰਜਣਾ ਕੀਤੀ ਜਾ ਸਕੇ। ਉਨ੍ਹਾਂ ਹੋਰ ਦੱਸਿਆ ਕਿ ਇਸ "ਵਿਸ਼ਵ ਇਮੂਨਾਈਜੇਸ਼ਨ ਵੀਕ" ਦਾ ਮਕਸਦ ਜ਼ਮੀਨੀ ਪੱਧਰ ਤੱਕ ਲੋਕਾਂ 'ਚ ਵੱਖ-ਵੱਖ ਬਿਮਾਰੀਆਂ ਦੀ ਰੋਕਥਾਮ ਲਈ ਸਿਹਤ ਵਿਭਾਗ ਵੱਲੋਂ ਲਗਾਏ ਜਾਂਦੇ ਟੀਕਾਕਰਨ ਸੰਬੰਧੀ ਜਾਗਰੂਤਾ ਨੂੰ ਵਧਾਉਣਾ ਹੈ ਤਾਂ ਜੋ ਕੋਈ ਵੀ ਗਰਭਵਤੀ ਮਹਿਲਾ ਅਤੇ ਨਵ ਜੰਮਿਆ ਬੱਚਾ ਰੂਟੀਨ ਇਮੂਨਾਈਜੇਸ਼ਨ ਤੋਂ ਵਾਂਝਾ ਨਾ ਰਹਿ ਜਾਵੇ। ਉਨ੍ਹਾਂ ਬੱਚਿਆਂ ਦੇ ਮਾਪਿਆਂ ਨੂੰ ਅਤੇ ਗਰਭਵਤੀ ਮਹਿਲਾਵਾਂ ਨੂੰ ਜਿਹੜੀਆਂ ਕਿਸੇ ਕਾਰਣ ਰੂਟੀਨ ਇਮੂਨਾਈਜੇਸਨ ਤੋਂ ਖੁੰਝ ਗਏ ਸਨ ਨੂੰ ਆਪਣਾ ਟੀਕਾਕਰਨ ਸਮੇਂ ਸਿਰ ਮੁਕੰਮਲ ਕਰਵਾਉਣ ਲਈ ਅਪੀਲ ਕੀਤੀ। ਇਸ ਦੌਰਾਨ ਬੀ.ਈ.ਈ ਮੋਨਿਕਾ, ਐਲ.ਐਚ. ਵੀ ਗੁਰਸਰਨਜੀਤ ਕੌਰ, ਏ.ਐਨ.ਐਮ ਸੋਮਾ ਦੇਵੀ, ਅਕਵਿੰਦਰ ਕੌਰ, ਮਨਦੀਪ ਕੌਰ, ਤਰਜੀਤ ਕੌਰ, ਸੁਨੀਤਾ ਵਿਰਲੀ ਆਦਿ ਸਟਾਫ ਹਾਜ਼ਰ ਸੀ।



# ਗਰਮੀ ਨੇ ਲੋਕਾਂ ਨੂੰ ਘਰਾਂ 'ਚ ਰਹਿਣ ਲਈ ਕੀਤਾ ਮਜਬੂਰ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**- ਕਈ ਦਿਨਾਂ ਤੋਂ ਪੈ ਰਹੀ ਗਰਮੀ ਨੇ ਜਿੱਥੇ ਲੋਕਾਂ ਨੂੰ ਘਰਾਂ 'ਚ ਰਹਿਣ ਲਈ ਮਜਬੂਰ ਕਰ ਕੇ ਰੱਖ ਦਿੱਤਾ ਹੈ, ਉੱਥੇ ਹੀ ਇਸ ਗਰਮੀ ਦੇ ਕਹਿਰ ਨੇ ਸ਼ਹਿਰ ਦੀਆਂ ਸੜਕਾਂ ਨੂੰ ਵੀ ਸੁੰਨਸਾਨ ਕਰ ਕੇ ਰੱਖ ਦਿੱਤਾ ਹੈ। ਉੱਪਰ ਤੋਂ ਬਿਜਲੀ ਦੇ ਲੱਗ ਰਹੇ ਕੱਟਾਂ ਕਾਰਨ ਲੋਕਾਂ ਦਾ ਜਿਊਣਾ ਦੁੱਭਰ ਹੋਇਆ ਪਿਆ ਹੈ। ਟਾਵੇਂ-ਟਾਵੇਂ ਦੋਪਹੀਆਂ ਵਾਹਨ ਚਾਲਕ ਆਪਣੇ ਮੂੰਹ ਸਿਰ ਕੱਪੜੇ ਨਾਲ ਢਕ ਕੇ ਲੂ ਤੋਂ ਬਚਾਅ ਕਰ ਕੇ ਸਫਰ ਕਰ ਰਹੇ ਸਨ। ਇੱਥੋਂ ਤਕ ਕਿ ਬਾਹਵਾਂ ਉੱਪਰ ਵੀ ਮਾਸਕ ਚੜ੍ਹਾਏ ਹੋਏ ਸਨ। ਗਰਮੀ ਦੇ ਇਸ ਕਹਿਰ ਨਾਲ ਪਸ਼ੂ ਪੰਛੀ ਵੀ ਪੂਰੀ ਤਰ੍ਹਾਂ ਨਾਲ ਨਿਢਾਲ ਸਨ। ਸੰਧੂ ਹਸਪਤਾਲ ਚੰਡੀਗੜ੍ਹ ਰੋਡ ਨਵਾਂਸ਼ਹਿਰ, ਸੰਧੂ ਹਸਪਤਾਲ ਚੰਡੀਗੜ੍ਹ ਰੋਡ ਡਾਕਟਰ ਜੋਤਨਿੰਦਰ ਸਿੰਘ ਸੰਧੂ, ਡਾਕਟਰ ਗੁਰਜੀਤ ਕੌਰ ਸੰਧੂ ਨੇ ਲੋਕਾਂ ਨੂੰ ਗਰਮੀ ਤੇ ਲੂ ਤੋਂ ਬਚਣ ਲਈ ਜ਼ਰੂਰੀ ਸਾਵਧਾਨੀਆਂ ਵਰਤਣ ਦੀ ਸਲਾਹ ਦਿੱਤੀ। ਚੰਡੀਗੜ੍ਹ ਰੋਡ ਸੰਧੂ ਹਸਪਤਾਲ ਨਵਾਂਸ਼ਹਿਰ ਡਾਕਟਰ ਗੁਰਜੀਤ ਕੌਰ ਸੰਧੂ ਨੇ ਕਿਹਾ ਕਿ ਗਰਮੀਆਂ ਦੇ ਮੌਸਮ 'ਚ ਚਮੜੀ ਦਾ ਖਾਸ ਧਿਆਨ ਰੱਖਣ ਦੀ ਲੋੜ ਹੁੰਦੀ ਹੈ। ਅਜਿਹੇ 'ਚ ਲੋਕਾਂ ਨੂੰ ਜ਼ਿਆਦਾ ਦੇਰ ਧੁੱਪ 'ਚ ਨਹੀਂ ਰਹਿਣਾ ਚਾਹੀਦਾ।ਜਿਨ੍ਹਾਂ ਲੋਕਾਂ ਨੂੰ ਸੂਰਜ ਦੀ ਐਲਰਜੀ ਦੀ ਸਮੱਸਿਆ ਹੈ, ਉਨ੍ਹਾਂ ਨੂੰ ਡਾਕਟਰ ਦੀ ਸਲਾਹ ਤੋਂ ਬਿਨਾਂ ਕੋਈ ਵੀ ਦਵਾਈ ਨਹੀਂ ਲੈਣੀ ਚਾਹੀਦੀ। ਬੱਚਿਆਂ ਦੀ ਚਮੜੀ ਨਰਮ ਹੁੰਦੀ ਹੈ। ਇਸ ਲਈ ਇਸ ਮੌਸਮ 'ਚ ਚਮੜੀ ਦੀ ਜ਼ਿਆਦਾ ਦੇਖਭਾਲ ਕਰਨ ਦੀ ਜ਼ਰੂਰਤ ਹੁੰਦੀ ਹੈ।ਗਰਮੀ ਅਤੇ ਲੂ ਤੋਂ ਬਚਣ ਲਈ ਵੱਧ ਤੋਂ ਵੱਧ ਪਾਣੀ ਪੀਣਾ ਚਾਹੀਦਾ ਹੈ। ਸੂਰੀ ਹਸਪਤਾਲ ਬਲਾਚੌਰ ਡਾਕਟਰ ਅਮਨਦੀਪ ਸੂਰੀ ਡਾ. ਭੁਪਿੰਦਰ ਸੂਰੀ ਨੇ ਕਿਹਾ ਕਿ ਬਦਲਦੇ ਮੌਸਮ 'ਚ ਗਰਭਵਤੀ ਔਰਤਾਂ ਨੂੰ ਆਪਣੇ ਸਰੀਰ ਨੂੰ ਗਰਮੀ 'ਚ ਲੂਅ ਤੋਂ ਬਚਣ ਦੇ ਲਈ ਸਾਨੂੰ ਵਿਸ਼ੇਸ਼ ਸਾਵਧਾਨੀਆਂ ਵਰਤਣ ਦੀ ਲੋੜ ਹੈ।ਡਾ. ਭੁਪਿੰਦਰ ਸੂਰੀ ਲੋਕਾਂ ਨੂੰ ਕਿਹਾ ਕਿ ਗਰਮੀ ਦੇ ਇਸ ਮੌਸਮ ਵਿਚ ਹਰ ਇੱਕ ਨੂੰ ਪਾਣੀ ਅਤੇ ਹੋਰ ਤਰਲ ਪਦਾਰਥਾ ਜਿਵੇਂ ਕਿ ਲੱਸੀ, ਨਿੰਬੂ ਪਾਣੀ, ਫਰੈਸ਼ ਜੂਸ ਆਦਿ ਦਾ ਵੱਧ ਤੋਂ ਵੱਧ ਸੇਵਨ ਕਰਨਾ ਚਾਹੀਦਾ ਹੈ। ਜਦਕਿ ਬਾਹਰ ਦਾ ਖਾਣਾ ਜਾਂ ਫਾਸਟ ਫੂਡ, ਤਲੀਆ ਚੀਜ਼ਾਂ ਖਾਣ-ਪੀਣ ਤੋਂ ਪ੍ਰਹੇਜ਼ ਕਰਨਾ ਚਾਹੀਦਾ ਹੈ ਅਤੇ ਇਸ ਦੇ ਨਾਲ-ਨਾਲ ਸਾਨੂੰ ਘਰੋਂ ਬਾਹਰ ਨਿਕਲਣ ਵੇਲੇ ਹਲਕੇ ਰੰਗ ਦੇ ਕੱਪੜੇ ਪਾਉਣੇ ਚਾਹੀਦੇ ਹਨ ਅਤੇ ਘਰੋਂ ਬਾਹਰ ਨਿਕਲਣ ਵੇਲੇ ਸਰੀਰ ਨੂੰ ਢਕਣ ਦੇ ਨਾਲ ਅੱਖਾਂ 'ਤੇ ਐਨਕ ਲਾਉਣੀ ਚਾਹੀਦੀ ਹੈ।ਸੂਰੀ ਹਸਪਤਾਲ ਬਲਾਚੌਰ ਮਾਹਰ ਡਾਕਟਰ ਅਮਨਦੀਪ ਸੂਰੀ ਡਾ ਭੁਪਿੰਦਰ ਸੂਰੀ ਦੱਸਿਆ ਕਿਹਾ ਕਿ ਬੱਚਿਆਂ, ਬਜ਼ੁਰਗਾਂ ਅਤੇ ਗਰਭਵਤੀ ਔਰਤਾਂ ਨੂੰ ਗਰਮੀ ਲੱਗਣ ਦਾ ਖ਼ਤਰਾ ਜ਼ਿਆਦਾ ਹੁੰਦਾ ਹੈ।



# ਭਗਵਾਨ ਪਰਸ਼ੂਰਾਮ ਨੇ ਅਨਿਆਂ, ਜ਼ੁਲਮ ਤੇ ਬੁਰਾਈਆਂ ਵਿਰੁੱਧ ਲੜਾਈ ਲੜੀ : ਮਹਿੰਦਰ ਭਗਤ

**ਜਲੰਧਰ (ਸੁਰਿੰਦਰ ਕੁਮਾਰ)** ਸ੍ਰੀ ਪਰਸ਼ੂਰਾਮ ਭਵਨ ਬਸਤੀ ਗੁਜਾਂ ਜਲੰਧਰ ਵਿਖੇ ਬ੍ਰਾਹਮਣ ਸਭਾ ਵੱਲੋਂ ਭਗਵਾਨ ਪਰਸ਼ੂਰਾਮ ਜਯੰਤੀ ਬੜੀ ਸ਼ਰਧਾ ਨਾਲ ਮਨਾਈ ਗਈ।ਇਸ ਸਮਾਗਮ ਵਿੱਚ ਪੰਜਾਬ ਦੇ ਕੈਬਨਿਟ ਮੰਤਰੀ ਮਹਿੰਦਰ ਭਗਤ ਮੁੱਖ ਮਹਿਮਾਨ ਵਜੋਂ ਪਹੁੰਚੇ। ਉਨ੍ਹਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਵੀ ਕੀਤਾ ਗਿਆ।ਇਸ ਮੌਕੇ ਮਹਿੰਦਰ ਭਗਤ ਨੇ ਭਗਵਾਨ ਪਰਸ਼ੂਰਾਮ ਜਯੰਤੀ ਦੀ ਸਾਰਿਆਂ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਜਿਸ ਤਰ੍ਹਾਂ ਭਗਵਾਨ ਪਰਸ਼ੂਰਾਮ ਨੇ ਅਨਿਆਂ, ਜ਼ੁਲਮ ਅਤੇ ਬੁਰਾਈਆਂ ਵਿਰੁੱਧ ਲੜਾਈ ਲੜੀ ਸੀ, ਅੱਜ ਸਮਾਂ ਆ ਗਿਆ ਹੈ ਕਿ ਅਸੀਂ ਉਸੇ ਤਰ੍ਹਾਂ ਸਮਾਜ ਦੀਆਂ ਬੁਰਾਈਆਂ ਵਿਰੁੱਧ ਲੜਾਈ ਲੜੀਏ। ਉਨ੍ਹਾਂ ਕਿਹਾ ਕਿ ਬ੍ਰਾਹਮਣ ਭਾਈਚਾਰੇ ਨੇ ਦੇਸ਼ ਦੀ ਰਾਜਨੀਤੀ ਵਿੱਚ ਮਹੱਤਵਪੂਰਨ ਯੋਗਦਾਨ ਪਾਇਆ ਹੈ ਅਤੇ ਹਮੇਸ਼ਾ ਦੇਸ਼ ਦੀ ਦਿਸ਼ਾ ਅਤੇ ਸਥਿਤੀ ਨੂੰ ਸੁਧਾਰਨ ਵਿੱਚ ਮੋਹਰੀ ਭੂਮਿਕਾ ਨਿਭਾਈ ਹੈ।ਉਨ੍ਹਾਂ ਕਿਹਾ ਕਿ ਪਰਸ਼ੂਰਾਮ ਤੋਂ ਪ੍ਰੇਰਨਾ ਲੈ ਕੇ, ਸਾਨੂੰ ਅਨਿਆਂ ਵਿਰੁੱਧ ਲੜਨ ਲਈ ਤਿਆਰ ਰਹਿਣਾ ਪਵੇਗਾ।



# ਭਗਵਾਨ ਪਰਸੂਰਾਮ ਦੇ ਜਨਮ ਦਿਵਸ ਮੌਕੇ ਕੱਢੀ ਝੰਡਾ ਯਾਤਰਾ



**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਬ੍ਰਾਹਮਣ ਸਭਾ 359 ਭਗਵਾਨ ਪਰਸੂਰਾਮ ਭਵਨ ਡੇਰਾਬੱਸੀ ਵੱਲੋਂ ਪਿਛਲੇ 25 ਸਾਲਾਂ ਤੋਂ ਲਗਾਤਾਰ ਮਨਾਈ ਜਾ ਰਹੀ ਭਗਵਾਨ ਪਰਸੂਰਾਮ ਦੀ ਜਯੰਤੀ ਦੀ ਵਿਸ਼ਾਲ ਝੰਡਾ ਯਾਤਰਾ ਵਿੱਚ ਸ਼ਹਿਰ ਦੇ 36 ਭਾਈਚਾਰਿਆਂ ਦੇ ਲੋਕਾਂ ਨੇ ਵੱਡੀ ਗਿਣਤੀ ਵਿੱਚ ਹਿੱਸਾ ਲਿਆ ਅਤੇ ਸਦੀਵੀ ਏਕਤਾ ਦਾ ਪ੍ਰਦਰਸ਼ਨ ਕੀਤਾ। ਜਾਣਕਾਰੀ ਦਿੰਦੇ ਹੋਏ ਸਭਾ ਦੇ ਮੁਖੀ ਰਵਿੰਦਰ ਵੈਸ਼ਨਵ ਨੇ ਦੱਸਿਆ ਕਿ ਯੁਵਾ ਵਰਕਰਾਂ ਜਤਿਨ ਸ਼ਰਮਾ, ਅਨਮੋਲ ਸ਼ਰਮਾ, ਸੁਮਿਤ ਸ਼ਰਮਾ ਵੱਲੋਂ ਕੱਢੀ ਗਈ ਇਸ ਝੰਡਾ ਯਾਤਰਾ ਦੀ ਸ਼ੁਰੂਆਤ ਸ੍ਰੀ ਰਾਮ ਤਲਾਈ ਬੱਸ ਸਟੈਂਡ, ਡੇਰਾਬੱਸੀ ਤੋਂ ਜਲ ਸਪਲਾਈ ਸੀਵਰੇਜ ਬੋਰਡ, ਪੰਜਾਬ ਸਰਕਾਰ ਦੇ ਚੇਅਰਮੈਨ ਭਾਈ ਸੁਭਾਸ਼ ਸ਼ਰਮਾ ਅਤੇ ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਮਨਪ੍ਰੀਤ ਬਣੀ ਸੰਧੂ ਵੱਲੋਂ ਝੰਡਾ ਲਹਿਰਾ ਕੇ ਕੀਤੀ ਗਈ। ਇਸ ਦਾ ਸਵਾਗਤ ਭਗਵਾਨ ਪਰਸੂਰਾਮ ਮੰਦਰ, ਸਰਸਵਤੀ ਵਿਹਾਰ ਵਿਖੇ ਮਹਿਲਾ ਸੰਕੀਰਤਨ ਮੰਡਲੀ ਦੀ ਮੁਖੀ, ਸ੍ਰੀਮਤੀ ਸੁਸ਼ੀਲ ਰਾਜਪੂਤ ਅਤੇ ਉਨ੍ਹਾਂ ਦੇ ਸਹਿ-ਮੈਂਬਰਾਂ, ਕਲੋਨੀ ਵਿੱਚ ਰਹਿਣ ਵਾਲੇ ਭਰਾਵਾਂ ਅਤੇ ਭੈਣਾਂ ਦੁਆਰਾ ਕੀਤਾ ਗਿਆ, ਜਿਨ੍ਹਾਂ ਨੇ ਇਕੱਠੇ ਹੋ ਕੇ ਜਲੂਸ ਵਿੱਚ ਹਿੱਸਾ ਲੈਣ ਵਾਲੇ ਸ਼ਰਧਾਲੂਆਂ ਦਾ ਸਵਾਗਤ ਕੀਤਾ। ਮੰਦਰ ਵਿੱਚ ਪਹਿਲਾਂ ਹਵਨ ਕੀਤਾ ਗਿਆ, ਉਸ ਤੋਂ ਬਾਅਦ ਕੀਰਤਨ ਆਰਤੀ ਕੀਤੀ ਗਈ ਅਤੇ ਪ੍ਰਸ਼ਾਦ ਵੰਡਿਆ ਗਿਆ। ਇਸ ਮੌਕੇ ਸੁਸ਼ੀਲ ਵਿਆਸ, ਦੀਪਕ ਸ਼ਰਮਾ, ਅਸ਼ੋਕ ਵਿਆਸ, ਭਾਜਪਾ ਮੰਡਲ ਪ੍ਰਧਾਨ ਅਮਨ ਰਾਣਾ, ਅਵਿਨਾਸ਼ ਸਿੰਘ, ਮਾਸਟਰ ਅਸ਼ੋਕ ਸ਼ਰਮਾ, ਬ੍ਰਿਜ ਬਿਹਾਰੀ ਪਾਂਡੇ, ਸੰਜੀਵ ਥਮਨ, ਸੰਜੇ ਸਾਂਵਰੀਆ, ਸੁਮਿਤ ਸ਼ਰਮਾ, ਰਾਜੇਸ਼ ਸ਼ਰਮਾ, ਰਮੇਸ਼ ਸ਼ਰਮਾ ਹਾਜ਼ਰ ਸਨ।

# ਗੁਰੂਗ੍ਰਾਮ 'ਚ ਸਿੰਗਲ ਯੂਜ਼ ਪਲਾਸਟਿਕ 'ਤੇ ਪੂਰੀ ਤਰ੍ਹਾਂ ਰੋਕ ਲਗਾਈ ਜਾਵੇ : ਰਾਓ ਨਰਬੀਰ ਸਿੰਘ

**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਹਰਿਆਣਾ ਦੇ ਵਾਤਾਵਰਣ ਮੰਤਰੀ ਰਾਓ ਨਰਬੀਰ ਸਿੰਘ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਗੁਰੂਗ੍ਰਾਮ ਵਿੱਚ ਸਿੰਗਲ ਯੂਜ਼ ਪਲਾਸਟਿਕ 'ਤੇ ਪੂਰੀ ਤਰ੍ਹਾਂ ਰੋਕ ਲਗਾਈ ਜਾਵੇ। ਪ੍ਰਮੁੱਖ ਬਜ਼ਾਰਾਂ ਵਿੱਚ ਜਾਂਚ ਮੁਹਿੰਮ ਚਲਾਈ ਜਾਵੇ, ਜਿੱਥੇ ਵੀ ਇਸ ਪਲਾਸਟਿਕ ਅਣਅਧਿਕਾਰਿਤ ਤੌਰ 'ਤੇ ਪ੍ਰਯੋਗ ਕਰਦਾ ਪਾਇਆ ਗਿਆ ਤਾਂ ਉਸ ਦੇ ਵਿਰੁੱਧ ਨਿਯਮਾਂ ਅਨੁਸਾਰ ਕਾਰਵਾਈ ਕੀਤੀ ਜਾਵੇ।ਰਾਓ ਇੱਥੇ ਹਰਿਆਣਾ ਰਾਜ ਪ੍ਰਦੂਸ਼ਣ ਕੰਟ੍ਰੋਲ ਬੋਰਡ ਦੇ ਅਧਿਕਾਰੀਆਂ ਦੀ ਮੀਟਿੰਗ ਦੀ ਅਗਵਾਈ ਕਰ ਰਹੇ ਸਨ।ਉਨ੍ਹਾਂ ਨੇ ਕਿਹਾ ਕਿ ਗੁਰੂਗ੍ਰਾਮ ਨੂੰ ਹਰਿਆਣਾ ਦੀ ਆਰਥਿਕ ਰਾਜਧਾਨੀ ਕਿਹਾ ਜਾਂਦਾ ਹੈ, ਇਸ ਵਿੱਚ ਵੱਡੀ ਕੰਪਨਿਆਂ ਦੇ ਦਫ਼ਤਰ ਹਨ ਜਿੱਥੇ ਦੇਸ਼ ਹੀ ਨਹੀਂ ਵਿਦੇਸ਼ਾਂ ਦੇ ਵੱਡੇ ਅਧਿਕਾਰੀ ਕੰਮ ਕਰਦੇ ਹਨ। ਅਜਿਹੇ ਵਿੱਚ ਗੁਰੂਗ੍ਰਾਮ ਨੂੰ ਪ੍ਰਦੂਸ਼ਣ ਮੁਕਤ ਰੱਖਣਾ ਸਾਡੀ ਪ੍ਰਾਥਮਿਕਤਾ ਹੈ। ਉਨ੍ਹਾਂ ਨੇ ਕਿਹਾ ਕਿ ਅਧਿਕਾਰਿਕ ਤੌਰ 'ਤੇ ਹਰਿਆਣਾ ਵਿੱਚ ਸਿੰਗਲ ਯੂਜ਼ ਪਲਾਸਟਿਕ 'ਤੇ ਪੂਰੀ ਤਰ੍ਹਾਂ ਰੋਕ ਹੈ ਪਰ ਲੋਕਾਂ ਵਿੱਚ ਜਾਗਰੂਕਤਾ ਦੀ ਕਮੀ ਦੇ ਚਲਦੇ ਹੁਣੇ ਵੀ ਕਾਫੀ ਦੁਕਾਨਦਾਰਾਂ, ਸ਼ਾਪਿੰਗ ਮਾਲ, ਹੋਟਲ, ਢਾਬਿਆਂ ਸਮੇਤ ਕਈ ਸੰਸਥਾਵਾਂ ਵੱਲੋਂ ਇਸ ਦਾ ਧੜੱਲੇ ਨਾਲ ਗੈਰ-ਕਾਨੂੰਨੀ ਰੂਪ ਨਾਲ ਪ੍ਰਯੋਗ ਕੀਤਾ ਜਾ ਰਿਹਾ ਹੈ।ਇਸ ਮੌਕੇ ਵਾਤਾਵਰਣ ਵਿਭਾਗ ਦੇ ਵਧੀਕ ਮੁੱਖ ਸਕੱਤਰ ਆਨੰਦ ਮੋਹਨ ਸ਼ਰਣ ਦੇ ਇਲਾਵਾ ਹੋਰ ਸੀਨੀਅਰ ਅਧਿਕਾਰੀ ਮੌਜੂਦ ਸਨ।

# ਗੁਰਦੁਆਰਾ ਸੁਖਚੈਨਆਣਾ ਸਾਹਿਬ ਵਿਖੇ ਨਤਮਸਤਕ ਹੋਏ ਆਰਤੀ ਰਾਜਪੂਤ



**ਫਗਵਾੜਾ (ਡਾ. ਰਮਨ)** ਹਿਊਮਨ ਰਾਈਟਸ ਕੌਂਸਲ (ਇੰਡੀਆ) ਦੀ ਰਾਸ਼ਟਰੀ ਪ੍ਰਧਾਨ ਆਰਤੀ ਰਾਜਪੂਤ ਨੇ ਫਗਵਾੜਾ ਦੇ ਇਤਿਹਾਸਕ ਗੁਰਦੁਆਰਾ ਸੁਖਚੈਨਆਣਾ ਸਾਹਿਬ ਵਿਖੇ ਨਤਮਸਤਕ ਹੁੰਦਿਆਂ ਗੁਰੂ ਸਾਹਿਬ ਦਾ ਆਸ਼ੀਰਵਾਦ ਪ੍ਰਾਪਤ ਕੀਤਾ। ਇਸ ਦੌਰਾਨ ਰਾਸ਼ਟਰੀ ਪ੍ਰਧਾਨ ਆਰਤੀ ਰਾਜਪੂਤ ਅਤੇ ਉਨ੍ਹਾਂ ਦੇ ਨਾਲ ਆਏ ਪਤਵੰਤਿਆਂ ਨੂੰ ਗੁਰਦੁਆਰਾ ਸਾਹਿਬ ਦੇ ਮੈਨੇਜਰ ਨਰਿੰਦਰ ਸਿੰਘ ਅਤੇ ਗ੍ਰੰਥੀ ਦਲਜੀਤ ਸਿੰਘ ਵੱਲੋਂ ਗੁਰੂ ਬਖਸ਼ਿਸ਼ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਤੋਂ ਪਹਿਲਾਂ ਆਰਤੀ ਰਾਜਪੂਤ ਅਤੇ ਉਨ੍ਹਾਂ ਦੇ ਪਤੀ ਅਸ਼ਵਨੀ ਕੁਮਾਰ ਦਾ ਕੌਂਸਲ ਦੇ ਦਫਤਰ ਚਿਰਾਗ ਐਸੋਸੀਏਟਸ ਸੁਭਾਸ਼ ਨਗਰ ਫਗਵਾੜਾ ਵਿਖੇ ਪੁੱਜਣ 'ਤੇ ਜ਼ਿਲ੍ਹਾ ਪ੍ਰਧਾਨ ਆਸ਼ੂ ਮਾਰਕੰਡਾ ਦੇ ਦਫ਼ਤਰ 'ਚ ਨਿੱਘਾ ਸਵਾਗਤ ਹੋਇਆ। ਸਵਾਗਤ ਕਰਨ ਵਾਲਿਆਂ 'ਚ ਆਸ਼ੂ ਮਾਰਕੰਡਾ ਤੋਂ ਇਲਾਵਾ ਜ਼ਿਲ੍ਹਾ ਉਪ ਪ੍ਰਧਾਨ ਸੰਜੀਵ ਕੁਮਾਰ ਮਿੰਚੂ ਅਤੇ ਵਪਾਰ ਸੈੱਲ ਦੇ ਰਾਸ਼ਟਰੀ ਪ੍ਰਧਾਨ ਤਜਿੰਦਰ ਬਾਵਾ ਸ਼ਾਮਲ ਸਨ। ਆਰਤੀ ਰਾਜਪੂਤ ਨੇ ਕੌਂਸਲ ਦੇ ਅਹੁਦੇਦਾਰਾਂ ਤੇ ਮੈਂਬਰਾਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਮਨੁੱਖੀ ਅਧਿਕਾਰਾਂ ਦੀ ਰੱਖਿਆ ਇੱਕ ਗੰਭੀਰ ਮੁੱਦਾ ਹੈ, ਜੋ ਮਨੁੱਖਤਾ ਦੇ ਹੋਂਦ ਅਤੇ ਵਿਕਾਸ ਲਈ ਜ਼ਰੂਰੀ ਹੈ। ਇਹ ਇੱਕ ਅਜਿਹਾ ਮੁੱਦਾ ਹੈ ਜੋ ਸਾਰੇ ਮਨੁੱਖਾਂ ਲਈ ਬਰਾਬਰ ਜ਼ਰੂਰੀ ਹੈ ਅਤੇ ਇਸਨੂੰ ਵਿਅਕਤੀਗਤ, ਸਮਾਜਿਕ ਅਤੇ ਕਾਨੂੰਨੀ ਪੱਧਰ 'ਤੇ ਅਪਣਾਇਆ ਜਾਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਮਨੁੱਖੀ ਅਧਿਕਾਰਾਂ ਦੀ ਰੱਖਿਆ ਲਈ ਦ੍ਰਿੜ ਇਰਾਦੇ ਦੀ ਲੋੜ ਹੈ। ਜ਼ਿਲ੍ਹਾ ਪ੍ਰਧਾਨ ਆਸ਼ੂ ਮਾਰਕੰਡਾ ਨੇ ਭਰੋਸਾ ਦਿੱਤਾ ਕਿ ਸੰਗਠਨ ਵਿੱਚ ਨਵੇਂ ਮੈਂਬਰ ਸ਼ਾਮਲ ਕੀਤੇ ਜਾਣਗੇ ਅਤੇ ਯੋਗਤਾ ਦੇ ਆਧਾਰ 'ਤੇ ਅਹੁਦੇ ਦੇ ਕੇ ਟੀਮ ਨੂੰ ਮਜ਼ਬੂਤ ਕੀਤਾ ਜਾਵੇਗਾ। ਉਨ੍ਹਾਂ ਇਹ ਭਰੋਸਾ ਵੀ ਦਿੱਤਾ ਕਿ ਹਰ ਪੱਧਰ 'ਤੇ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਵਿਰੁੱਧ ਆਵਾਜ਼ ਬੁਲੰਦ ਕਰਨਗੇ।

# ਸਾਂਝ ਕੇਂਦਰ ਨੇ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਤੋਂ ਲੋਕਾਂ ਨੂੰ ਕੀਤਾ ਜਾਗਰੂਕ



**ਕਾਲਾ ਸੰਘਿਆਂ (ਮਨਜੀਤ ਮਾਨ)**- ਸਪੈਸ਼ਲ ਡਾਇਰੈਕਟਰ ਜਨਰਲ ਪੁਲਸ ਕਮਿਊਨਿਟੀ ਅਫੇਅਰ ਡਵੀਜ਼ਨ ਚੰਡੀਗੜ੍ਹ ਪੰਜਾਬ ਦੀਆਂ ਹਦਾਇਤਾਂ ਅਨੁਸਾਰ ਅਤੇ ਐਸ ਐਸ ਪੀ ਜਲੰਧਰ ਦਿਹਾਤੀ ਹਰਵਿੰਦਰ ਸਿੰਘ ਵਿਰਕ ਪੀ ਪੀ ਐਸ ਦੇ ਦਿਸਸ਼ਾ ਨਿਰਦੇਸ਼ ਤਹਿਤ ਸ੍ਰੀਮਤੀ ਮਨਜੀਤ ਕੌਰ ਜ਼ਿਲ੍ਹਾ ਕਮਿਊਨਿਟੀ ਪੁਲਸ ਅਫਸਰ ਜਲੰਧਰ ਦਿਹਾਤੀ ਦੀ ਦੇਖ ਰੇਖ ਹੇਠ ਅਤੇ ਇੰਚਾਰਜ ਜ਼ਿਲ੍ਹਾ ਸਾਂਝ ਕੇਂਦਰ ਜਲੰਧਰ ਦਿਹਾਤੀ ਐਸ ਆਈ ਦਲਵਿੰਦਰ ਸਿੰਘ, ਮੁੱਖ ਅਫਸਰ ਐਸ ਆਈ ਲਾਭ ਸਿੰਘ ਦੀ ਯੋਗ ਅਗਵਾਈ ਹੇਠ ਥਾਣਾ ਲੋਹੀਆਂ ਅਤੇ ਸਾਂਝ ਕੇਂਦਰ ਲੋਹੀਆਂ ਵਲੋਂ ਪਿੰਡ ਸਿੱਧੂਪੁਰ ਵਿਖੇ "ਯੁੱਧ ਨਸ਼ਿਆਂ ਵਿਰੁੱਧ" ਦੇ ਸੰਬੰਧ ਵਿੱਚ ਸਰਪੰਚ ਬਲਜੀਤ ਕੌਰ ਦੀ ਹਾਜ਼ਰੀ ਵਿੱਚ ਸੈਮੀਨਾਰ ਲਗਾਇਆ ਗਿਆ। ਸੈਮੀਨਾਰ ਵਿੱਚ ਏ ਐਸ ਆਈ ਗੁਰਦੇਵ ਸਿੰਘ ਸਾਂਝ ਕੇਂਦਰ ਲੋਹੀਆਂ ਵਲੋਂ "ਯੁੱਧ ਨਸ਼ਿਆਂ ਵਿਰੁੱਧ" ਦੇ ਸੰਬੰਧ ਵਿੱਚ ਪਿੰਡ ਦੇ ਲੋਕਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਤੋਂ ਜਾਗਰੂਕ ਕੀਤਾ ਅਤੇ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਤੋਂ ਹੋਣ ਵਾਲੇ ਨੁਕਸਾਨ ਬਾਰੇ ਸੁਚੇਤ ਕੀਤਾ। ਪਿੰਡ ਵਾਸੀਆਂ ਨੂੰ ਸਾਂਝ ਕੇਂਦਰ ਵਿਖੇ ਮਿਲਣ ਵਾਲੀਆਂ ਜ਼ਰੂਰੀ ਸੇਵਾਵਾਂ ਬਾਰੇ ਵਿਸਥਾਰ ਸਹਿਤ ਜਾਣਕਾਰੀ ਦਿੱਤੀ ਗਈ ਅਤੇ ਆਨਲਾਈਨ ਹੋ ਰਹੀਆਂ ਠੱਗੀਆਂ, ਸਾਈਬਰ ਕ੍ਰਾਈਮ ਸਬੰਧੀ ਜਾਗਰੂਕ ਕੀਤਾ ਗਿਆ। ਇਸ ਮੌਕੇ ਪਿੰਡ ਦੇ ਸਰਪੰਚ ਪਤੀ ਯਾਦਵਿੰਦਰ ਸਿੰਘ, ਪੰਚ ਸਾਧੂ ਸਿੰਘ, ਪੰਚ ਅਜੀਜ ਮੁਹੰਮਦ, ਪੰਚ ਰਿਸ਼ੀ ਕਪੂਰ, ਪੰਚ ਜਗਜੀਤ ਸਿੰਘ, ਪੰਚ ਕੁਲਵੰਤ ਸਿੰਘ ਅਤੇ ਮਾਸਟਰ ਕੁਲਵਿੰਦਰ ਸਿੰਘ, ਹੋਰ ਮੋਹਤਬਰ ਅਤੇ ਪਿੰਡ ਵਾਸੀ ਹਾਜ਼ਰ ਸਨ। ਪਿੰਡ ਵਾਸੀਆਂ ਨੇ ਪਿੰਡ ਨੂੰ ਨਸ਼ਾ ਮੁਕਤ ਕਰਨ ਦਾ ਪ੍ਰਣ ਲਿਆ।

# ਇੰਦਰਜੀਤ ਕੌਰ ਮਾਨ ਵੱਲੋਂ ਸਿਵਲ ਵਰਕਸ ਕਾਰਜਾਂ ਦੇ ਉਦਘਾਟਨ

**ਨਕੋਦਰ (ਮਨਜੀਤ ਮਾਨ)**- ਨਕੋਦਰ ਹਲਕੇ ਦੀ ਵਿਧਾਇਕਾ ਇੰਦਰਜੀਤ ਕੌਰ ਮਾਨ ਵੱਲੋਂ "ਪੰਜਾਬ ਸਿੱਖਿਆ ਕ੍ਰਾਂਤੀ ਨਾਲ ਬਦਲਦਾ ਪੰਜਾਬ" ਮੁਹਿੰਮ ਤਹਿਤ ਬਲਾਕ ਨਕੋਦਰ-2 ਦੇ ਸਰਕਾਰੀ ਸਕੂਲਾਂ ਵਿੱਚ ਵੱਖ-ਵੱਖ ਸਕੀਮਾਂ ਅਧੀਨ ਕਰਵਾਏ ਗਏ ਸਿਵਲ ਵਰਕਸ ਕੰਮਾਂ ਅਤੇ ਨਵੀਆਂ ਤਿਆਰ ਕੀਤੀਆਂ ਸਾਇੰਸ ਲੈਬਾਂ ਦਾ ਉਦਘਾਟਨ ਕੀਤਾ ਗਿਆ। ਜਿਸ ਦੀ ਸ਼ੁਰੂਆਤ ਸਰਕਾਰੀ ਹਾਈ ਸਕੂਲ ਸ਼ੰਕਰ, ਸਰਕਾਰੀ ਪ੍ਰਾਇਮਰੀ ਸਕੂਲ ਸ਼ੰਕਰ ਤੋਂ ਕਰਦੇ ਹੋਏ ਸਰਕਾਰੀ ਕੰਨਿਆਂ ਸੀਨੀਅਰ ਸੈਕੰਡਰੀ ਸਕੂਲ ਸ਼ੰਕਰ ਵਿਖੇ ਵੱਡੇ ਪੱਧਰ 'ਤੇ ਮੁੱਖ ਸਮਾਗਮ ਕਰਵਾਇਆ ਗਿਆ। ਇਸ ਸਮਾਗਮ ਤੋਂ ਪਹਿਲਾਂ ਐਮ.ਐਲ.ਏ ਸਾਹਿਬਾ ਵੱਲੋਂ ਤਿੰਨ ਸਾਇੰਸ ਦੀਆਂ ਅਤਿ ਆਧੁਨਿਕ ਲੈਬਾਂ ਅਤੇ ਨਵੇਂ ਕਮਰਿਆਂ ਦੇ ਨਿਰਮਾਣ ਕਾਰਜ ਦਾ ਉਦਘਾਟਨ ਕੀਤਾ ਗਿਆ। ਇਸ ਮੌਕੇ ਵਿਧਾਇਕਾ ਨੇ ਪ੍ਰੋਗਰਾਮ ਦੀ ਸ਼ੁਰੂਆਤ ਵਿੱਚ ਕਸ਼ਮੀਰ ਵਿੱਚ ਪਹਿਲਗਾਮ ਵਿਖੇ ਹੋਏ ਅੱਤਵਾਦੀ ਹਮਲੇ ਵਿੱਚ ਮਾਰੇ ਗਏ ਲੋਕਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਅਤੇ ਜ਼ਖਮੀਆਂ ਦੀ ਜਲਦ ਤੋਂ ਜਲਦ ਸਿਹਤਯਾਬ ਹੋਣ ਦੀ ਅਰਦਾਸ ਕੀਤੀ। ਇਸ ਮੌਕੇ ਤੇ ਸਿੱਖਿਆ ਵਿਭਾਗ ਦੇ ਵੱਖ-ਵੱਖ ਸਕੂਲਾਂ ਦੇ ਪ੍ਰਿੰਸੀਪਲ, ਹੈੱਡਮਾਸਟਰ/ਹੈੱਡਮਿਸਟ੍ਰੈਸ ਅਤੇ ਅਧਿਆਪਕ ਹਾਜ਼ਰ ਸਨ। ਸਮਾਗਮ ਵਿੱਚ ਆਏ ਵਿਦਿਆਰਥੀਆਂ ਦੇ ਮਾਪਿਆਂ ਨੂੰ ਅਤੇ ਸਮੂਹ ਹਾਜਰ ਮਹਿਮਾਨਾਂ ਨੂੰ ਚਾਹ-ਪਾਣੀ ਦਾ ਪ੍ਰਬੰਧ ਕੀਤਾ ਗਿਆ ਸੀ। ਇਸ ਮੌਕੇ ਹਲਕਾ ਵਿਧਾਇਕ ਇੰਦਰਜੀਤ ਕੌਰ ਮਾਨ ਆਪ ਇਸ ਸਕੂਲ ਵਿੱਚ ਪੜ੍ਹੇ ਹੋਣ ਕਰਕੇ ਉਹਨਾਂ ਬਚਪਨ ਦੀਆਂ ਯਾਦਾਂ ਨੂੰ ਸਾਰਿਆਂ ਨਾਲ ਸਾਂਝਾ ਕੀਤਾ। ਅੰਤ ਵਿੱਚ ਪ੍ਰਿੰਸੀਪਲ ਦਮਨਜੀਤ ਕੌਰ ਵੱਲੋਂ ਆਏ ਹੋਏ ਮਹਿਮਾਨਾਂ, ਵਿਦਿਆਰਥੀਆਂ ਦੇ ਮਾਪਿਆਂ, ਆਸ-ਪਾਸ ਦੇ ਪਿੰਡਾਂ ਦੇ ਮੋਹਤਬਰ ਵਿਅਕਤੀਆਂ ਅਤੇ ਪਿੰਡ ਸ਼ੰਕਰ ਦੇ ਪੰਤਵੰਤਿਆਂ ਅਤੇ ਹਲਕਾ ਵਿਧਾਇਕ ਇੰਦਰਜੀਤ ਕੌਰ ਮਾਨ ਦਾ ਸਾਰਿਆਂ ਵੱਲੋਂ ਧੰਨਵਾਦ ਕੀਤਾ ਗਿਆ।



# ਡਾ. ਬੀ ਆਰ ਅੰਬੇਡਕਰ ਦਾ ਜਨਮ ਦਿਵਸ ਮਨਾਇਆ



**ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ)** ਮੁਹੱਲਾ ਨਗਰ ਪਿੰਡ ਦਾਤਾਰਪੁਰ ਨੇੜੇ ਕਮਾਹੀ ਦੇਵੀ ਵਿਧਾਨ ਸਭਾ ਹਲਕਾ ਦਸੂਹਾ ਜਿਲ੍ਹਾ ਹੁਸ਼ਿਆਰਪੁਰ ਵਿਖੇ ਭਾਰਤੀ ਸੰਵਿਧਾਨ ਦੇ ਨਿਰਮਾਤਾ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦਾ 134ਵਾਂ ਜਨਮ ਦਿਹਾੜਾ ਬੜੇ ਧੂਮ ਧਾਮ ਨਾਲ ਮਨਾਇਆ ਗਿਆ। ਜਿਸ 'ਚ ਮੁੱਖ ਮਹਿਮਾਨ ਵਜੋਂ ਭਗਵਾਨ ਸਿੰਘ ਚੌਹਾਨ ਅਤੇ ਅਮਨਦੀਪ ਸਿੰਘ ਸਿੱਧੂ ਬਾੜੀਆਂ ਕਲਾਂ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਇਸ ਮੌਕੇ ਮੁੱਖ ਮਹਿਮਾਨ ਭਗਵਾਨ ਸਿੰਘ ਚੌਹਾਨ ਨੇ ਕਿਹਾ ਕਿ ਬਾਬਾ ਸਾਹਿਬ ਅੰਬੇਡਕਰ ਵੱਲੋਂ ਮਨੁੱਖਤਾ ਦੀ ਭਲਾਈ ਅਤੇ ਖਾਸ ਕਰਕੇ ਦਲਿਤ ਸਮਾਜ ਲਈ ਕੀਤੇ ਮਹਾਨ ਸੰਘਰਸ਼ ਅਤੇ ਇਤਿਹਾਸਕ ਫ਼ੈਸਲਿਆਂ ਕਰਕੇ ਉਨਾਂ ਨੂੰ ਪੂਰੀ ਦੁਨੀਆਂ ਵਿੱਚ ਵਿਸ਼ਵ ਦਾ ਮਹਾਨ ਵਿਅਕਤੀ ਸਭ ਤੋਂ ਵੱਧ ਪੜ੍ਹਿਆ ਲਿਖਿਆ ਵਿਦਵਾਨ ਆਗੂ ਮੰਨਿਆ ਜਾ ਰਿਹਾ ਹੈ। ਬਾਬਾ ਸਾਹਿਬ ਵੱਲੋਂ ਜੀਵਨ ਭਰ ਕੀਤੇ ਸਖਤ ਸੰਘਰਸ਼ ਅਤੇ ਲਿਖੇ ਸੰਵਿਧਾਨ ਦੀ ਬਦੌਲਤ ਸਮੁੱਚਾ ਬਹੁਜਨ ਦਲਿਤ ਸਮਾਜ ਚੰਗੀਆਂ ਚੰਗੀਆਂ ਨੌਕਰੀਆਂ ਦਾ ਆਨੰਦ ਮਾਣ ਰਿਹਾ ਹੈ। ਐਮ ਐਲ ਏ, ਐਮ ਪੀ, ਮੰਤਰੀ ਬਣਕੇ ਬੈਠੇ ਹਨ, ਪਰ ਬਾਬਾ ਸਾਹਿਬ ਨੇ ਲੱਖਾਂ ਲੋਕਾਂ ਦੇ ਭਾਰੀ ਇਕੱਠ ਵਿੱਚ ਕਿਹਾ ਸੀ ਕਿ ਮੈਨੂੰ ਪੜ੍ਹੇ ਲਿਖੇ ਸਮਾਜ ਨੇ ਧੋਖਾ ਦਿੱਤਾ, ਕੀ ਅੱਜ ਪੜ੍ਹਿਆ ਲਿਖਿਆ ਵਰਗ ਬਾਬਾ ਸਾਹਿਬ ਦੇ ਮਿਸ਼ਨ ਨੂੰ ਧੋਖਾ ਤਾਂ ਨਹੀਂ ਦੇ ਰਿਹਾ, ਉਨ੍ਹਾਂ ਦੇ ਕਹੇ "ਪੇ ਬੈਕ ਟੂ ਸੁਸਾਇਟੀ" ਦੇ ਫਰਜਾਂ ਨੂੰ ਨਿਭਾਅ ਰਿਹਾ ਹੈ। ਚੌਹਾਨ ਨੇ ਕਿਹਾ ਬਾਬਾ ਸਾਹਿਬ ਅੰਬੇਡਕਰ ਅਤੇ ਸਾਹਿਬ ਕਾਂਸ਼ੀ ਰਾਮ ਦੇ ਸੁਪਨਿਆਂ ਨੂੰ ਪੂਰਾ ਕਰਨ ਲਈ "ਪੜ੍ਹੋ, ਜੁੜੋ ਤੇ ਸੰਘਰਸ਼ ਕਰੋ" ਦਾ ਰਸਤਾ ਅਖਤਿਆਰ ਕਰਨਾ ਪਵੇਗਾ। ਸਾਰੇ ਬਹੁਜਨ ਸਮਾਜ ਨੂੰ ਸੰਵਿਧਾਨ ਅਤੇ ਸੰਵਿਧਾਨਕ ਹੱਕਾਂ ਨੂੰ ਬਚਾਉਣ ਲਈ ਇਕ ਆਗੂ, ਇਕ ਝੰਡਾ, ਇੱਕ ਪਲੇਟਫਾਰਮ ਤੇ ਇਕੱਠੇ ਹੋਣਾ ਪਵੇਗਾ। ਸਟੇਜ ਸਕੱਤਰ ਦੀ ਭੂਮਿਕਾ ਰਾਜੇਸ ਵੱਲੋਂ ਨਿਭਾਈ ਗਈ ਅਤੇ ਸਕੂਲ ਵਿੱਚੋਂ ਅੱਵਲ ਆਏ ਬੱਚਿਆਂ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸਰਪੰਚ ਮੁਕੇਸ਼ ਕੁਮਾਰ, ਅਮਰਜੀਤ ਸਿੰਘ ਸੰਧੂ, ਰਜਨੀਸ਼ ਸੰਧੂ, ਰਮਨ ਕੁਮਾਰ, ਰਾਕੇਸ਼ ਕੁਮਾਰ ਦਾਤਾਰਪੁਰੀਆ, ਰਵਿੰਦਰ ਸਿੰਘ ਸੰਧੂ, ਰਾਜ ਕੁਮਾਰ ਅਤੇ ਇਲਾਕੇ ਦੇ ਪਤਵੰਤੇ ਸੱਜਣ ਹਾਜ਼ਰ ਸਨ।

## ਅਣਪਛਾਤੀ ਲਾਸ਼ ਮਿਲੀ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਬੀਤੇ ਦਿਨੀਂ ਪੋਲ ਨੰਬਰ 22/07-08 ਦੇ ਨੇੜੇ ਝਬੇਲਵਾਲੀ ਤੇ ਬਰੀਵਾਲਾ ਵਿਚਕਾਰ ਇੱਕ ਅਣਪਛਾਤਾ ਵਿਅਕਤੀ ਦੀ ਲਾਸ਼ ਮਿਲੀ ਹੈ।ਲਾਸ਼ ਦੀ ਉਮਰ ਲਗਭਗ 20 ਸਾਲ ਅੰਦਾਜ਼ਨ ਦੱਸੀ ਜਾ ਰਹੀ ਹੈ।ਰੇਲਵੇ ਪੁਲਸ ਚੌਕੀ ਸ੍ਰੀ ਮੁਕਤਸਰ ਸਾਹਿਬ ਵੱਲੋਂ ਲੋਕਾਂ ਨੂੰ ਅਪੀਲ ਕੀਤੀ ਗਈ ਹੈ ਕਿ ਜੇਕਰ ਕਿਸੇ ਕੋਲ ਇਸ ਵਿਅਕਤੀ ਬਾਰੇ ਕੋਈ ਜਾਣਕਾਰੀ ਹੋਵੇ ਤਾਂ ਤੁਰੰਤ ਏ ਐੱਸ ਆਈ ਜਗਤਾਰ ਸਿੰਘ 80543-70417 ਤੇ ਹੌਲਦਾਰ ਜਗਮੇਲ ਸਿੰਘ 98774-98284 ਨਾਲ ਸੰਪਰਕ ਕੀਤਾ ਜਾਵੇ।

## ਯੂ ਕੇ ਇੰਟਰਨੈਸ਼ਨਲ ਸਕੂਲ ਦਾ ਦਸਵੀਂ ਤੇ ਬਾਰਵੀਂ ਦਾ ਨਤੀਜਾ ਸ਼ਾਨਦਾਰ



**ਧਰਮਕੋਟ (ਗੁਰਦੀਪ ਸਿੰਘ ਭੁੱਲਰ)**-ਯੂ ਕੇ ਇੰਟਰਨੈਸ਼ਨਲ ਸਕੂਲ ਵਿੱਚ ਆਈ. ਸੀ. ਐੱਸ. ਈ. ਤੇ ਆਈ.ਐੱਸ.ਸੀ. ਬੋਰਡ ਵੱਲੋਂ ਦਸਵੀਂ ਤੇ ਬਾਰਵੀਂ ਦਾ ਨਤੀਜਾ ਐਲਾਨਿਆ ਗਿਆ, ਜਿਸ ਵਿੱਚ ਯੂ ਕੇ ਇੰਟਰਨੈਸ਼ਨਲ ਸਕੂਲ ਦੇ ਦਸਵੀਂ ਤੇ ਬਾਰਵੀਂ ਕਲਾਸ ਦੇ ਵਿਦਿਆਰਥੀਆਂ ਦਾ ਨਤੀਜਾ ਸੌ ਫ਼ਸੀਦੀ ਰਿਹਾ।ਦਸਵੀਂ ਕਲਾਸ ਦੇ ਵਿਦਿਆਰਥੀਆਂ ਵਿੱਚੋਂ ਅਨਮੋਲਪ੍ਰੀਤ ਸਿੰਘ ਨੇ ਪਹਿਲੀ, ਨਿਮਰਤ ਕੌਰ ਨੇ ਦੂਸਰੀ ਤੇ ਨਵਪ੍ਰੀਤ ਸਿੰਘ ਨੇ ਤੀਸਰੀ ਪੁਜ਼ੀਸ਼ਨ ਹਾਸਲ ਕੀਤੀ।ਬਾਰਵੀਂ ਜਮਾਤ ਦੇ ਵਿਦਿਆਰਥੀਆਂ ਵਿੱਚੋਂ ਮੈਡੀਕਲ ਵਿਦਿਆਰਥਣ ਸੁਖਪ੍ਰੀਤ ਕੌਰ ਨੇ 93% ਪ੍ਰਤੀਸ਼ਤ ਨੰਬਰ ਹਾਸਲ ਕਰਕੇ ਪਹਿਲੀ, ਨਾਨ-ਮੈਡੀਕਲ 'ਚੋਂ ਨਵਜੋਤ ਕੌਰ ਨੇ 94% ਨੰਬਰ ਹਾਸਲ ਕਰਕੇ ਪਹਿਲੀ ਤੇ ਕਾਮਰਸ 'ਚੋਂ ਨਮਨੀਤ ਕੌਰ ਨੇ 88% ਨੰਬਰ ਹਾਸਲ ਕਰਕੇ ਪਹਿਲੀ ਪੁਜ਼ੀਸ਼ਨ ਹਾਸਲ ਕੀਤੀ।ਇਸ ਮੌਕੇ ਸਕੂਲ ਪ੍ਰਿੰਸੀਪਲ ਮੈਡਮ ਡਾਕਟਰ ਰਮਨ ਓਬਰਾਏ, ਸਕੂਲ ਦੀ ਪ੍ਰਬੰਧਕ ਕਮੇਟੀ ਦੇ ਮੈਂਬਰ ਰਾਣਾ ਬਾਸੀ, ਬਲਿਹਾਰ ਸਿੰਘ, ਬਲਕਾਰ ਸਿੰਘ ਤੇ ਕੁਲਵੰਤ ਸਿੰਘ ਚੀਮਾ ਨੇ ਸਾਰੇ ਹੀ ਵਿਦਿਆਰਥੀਆਂ, ਅਧਿਆਪਕ ਸਾਹਿਬਾਨਾਂ ਤੇ ਵਿਦਿਆਰਥੀਆਂ ਦੇ ਮਾਂ-ਬਾਪ ਸਾਹਿਬਾਨਾਂ ਨੂੰ ਸੌ ਫਸੀਦੀ ਸ਼ਾਨਦਾਨ ਨਤੀਜੇ ਲਈ ਬਹੁਤ-ਬਹੁਤ ਮੁਬਾਰਕਾਂ ਦਿੱਤੀਆਂ।ਇਸ ਮੌਕੇ ਸਕੂਲ ਦੇ ਸਟਾਫ਼ ਮੈਂਬਰ ਤੇ ਸਕੂਲ ਦੀ ਪ੍ਰਬੰਧਕ ਕਮੇਟੀ ਦੇ ਮੈਂਬਰ ਸ਼ਾਮਲ ਸਨ।

## ਬਾਬਾ ਫਰੀਦ ਪਬਲਿਕ ਸਕੂਲ ਵੱਲੋਂ ਕਰਮਚਾਰੀਆਂ ਦਾ ਸਨਮਾਨ



**ਫ਼ਰੀਦਕੋਟ (ਐਲਿਗਜ਼ੈਂਡਰ ਡਿਸੂਜ਼ਾ)**-ਬਾਬਾ ਫਰੀਦ ਪਬਲਿਕ ਸਕੂਲ ਫ਼ਰੀਦਕੋਟ ਵਿਖੇ ਮਜ਼ਦੂਰ ਦਿਵਸ ਬਹੁਤ ਹੀ ਉਤਸ਼ਾਹ ਨਾਲ ਮਨਾਇਆ ਗਿਆ।ਸਕੂਲ ਵੱਲੋਂ ਕਰਮਚਾਰੀਆਂ ਦੇ ਸਨਮਾਨਪੂਰਵਕ ਯੋਗਦਾਨ ਨੂੰ ਤਰਜੀਹ ਦਿੰਦਿਆਂ ਸਕੂਲ ਦੇ ਫ਼ਰੀਦ ਆਡੀਟੋਰੀਅਮ ਵਿੱਚ ਵਿਸ਼ੇਸ਼ ਸਮਾਗਮ ਕੀਤਾ ਗਿਆ।ਸਕੂਲ ਦੀ ਕਾ. ਵਾਈਸ ਪ੍ਰਿੰਸੀਪਲ ਮੈਡਮ ਤੇ ਕੋਆਰਡੀਨੇਟਰ ਦੀ ਯੋਗ ਅਗਵਾਈ ਅਧੀਨ ਸਵੇਰ ਦੀ ਸਭਾ ਦੌਰਾਨ ਵਿਦਿਆਰਥੀਆਂ ਵੱਲੋਂ ਇਸ ਦਿਵਸ ਦੀ ਮਹਾਨਤਾ ਨੂੰ ਉਜਾਗਰ ਕਰਦੇ ਹੋਏ ਆਪਣੀ ਪੇਸ਼ਕਾਰੀ ਦਿੱਤੀ ਗਈ।ਇਸ ਤੋਂ ਇਲਾਵਾ ਫ਼ਰੀਦ ਆਡੀਟੋਰੀਅਮ ਵਿੱਚ ਕਰਮਚਾਰੀਆਂ ਲਈ ਉਚੇਚੇ ਤੌਰ 'ਤੇ ਰੱਖੇ ਗਏ ਸਮਾਗਮ ਦੀ ਸ਼ੁਰੂਆਤ ਵਿਦਿਆਰਥੀਆਂ ਵੱਲੋਂ ਕਰਮਚਾਰੀਆਂ ਨੂੰ ਖ਼ਾਸ ਤੌਰ 'ਤੇ ਬਣਾਏ ਗਏ ਗ੍ਰੀਟਿੰਗ ਕਾਰਡ ਭੇਟ ਕਰਨ ਨਾਲ ਹੋਈ।ਇਨ੍ਹਾਂ ਕਾਰਡਾਂ ਰਾਹੀਂ ਬੱਚਿਆਂ ਨੇ ਮਿਹਨਤਕਸ਼ ਵਰਗ ਪ੍ਰਤੀ ਆਪਣੀ ਸੱਚੀ ਸਾਂਝ ਤੇ ਆਦਰ-ਭਾਵ ਪ੍ਰਗਟ ਕੀਤੇ ਗਏ।ਸਮਾਗਮ ਦੌਰਾਨ ਵਿਦਿਆਰਥੀਆਂ ਨੇ ਮਨੋਹਰ ਗੀਤ, ਨਾਟਕ ਤੇ ਨਾਚ ਰਾਹੀਂ ਮਜ਼ਦੂਰ ਦਿਵਸ ਦੀ ਮਹੱਤਤਾ ਨੂੰ ਉਜਾਗਰ ਕੀਤਾ।ਉਨ੍ਹਾਂ ਦੀਆਂ ਪ੍ਰਸਤੁਤੀਆਂ ਨੇ ਹਾਜ਼ਰੀਨ ਦੇ ਦਿਲ ਜਿੱਤ ਲਏ।ਇਸ ਮੌਕੇ ਚੇਅਰਮੈਨ ਸਿਮਰਜੀਤ ਸਿੰਘ ਸੇਖੋਂ, ਵਾਈਸ ਪ੍ਰੈਜ਼ੀਡੈਂਟ ਗੁਰਜਾਪ ਸਿੰਘ ਸੇਖੋਂ, ਜਨਰਲ ਸਕੱਤਰ ਸੁਰਿੰਦਰ ਸਿੰਘ ਰੋਮਾਣਾ ਤੇ ਸਮੂਹ ਸਕੂਲ ਮੈਨੇਜਮੈਂਟ ਅਤੇ ਕਾ. ਪ੍ਰਿੰਸੀਪਲ ਮਿਸਿਜ਼ ਸੁਖਦੀਪ ਕੌਰ ਵੱਲੋਂ ਕਰਮਚਾਰੀਆਂ ਨੂੰ ਉਨ੍ਹਾਂ ਦੀ ਮਿਹਨਤ ਤੇ ਤਨਦੇਹੀ ਨਾਲ ਨਿਭਾਈ ਜਾ ਰਹੀ ਸੇਵਾ ਨੂੰ ਸਲਾਮ ਕਰਦੇ ਹੋਏ ਸਨਮਾਨਤ ਕੀਤਾ ਗਿਆ।ਉਨ੍ਹਾਂ ਨੂੰ ਸਨਮਾਨ ਪੱਤਰ ਤੇ ਯਾਦਗਾਰੀ ਤੋਹਫ਼ੇ ਦੇ ਕੇ ਉਨ੍ਹਾਂ ਦੀ ਮਿਹਨਤ ਲਈ ਧੰਨਵਾਦ ਵੀ ਪ੍ਰਗਟਾਇਆ ਗਿਆ।ਸਕੂਲ ਪ੍ਰਿੰਸੀਪਲ ਨੇ ਕਿਹਾ ਕਿ ਮਜ਼ਦੂਰ ਵਰਗ ਸਮਾਜ ਦੀ ਰੀੜ੍ਹ ਦੀ ਹੱਡੀ ਹੈ।ਉਨ੍ਹਾਂ ਦੀ ਅਣਥੱਕ ਮਿਹਨਤ ਦੇ ਬਗੈਰ ਕਿਸੇ ਵੀ ਸੰਸਥਾ ਅੰਦਰ ਵਿਕਾਸ ਦੀ ਕਲਪਨਾ ਵੀ ਨਹੀਂ ਕੀਤੀ ਜਾ ਸਕਦੀ।ਸਮਾਗਮ ਦੇ ਅੰਤ ਵਿੱਚ ਸਾਰੇ ਕਰਮਚਾਰੀਆਂ ਨੇ ਇਕੱਠੇ ਹੋ ਕੇ ਮਜ਼ਦੂਰ ਦਿਵਸ ਦੀ ਸਾਰਥਕਤਾ ਨੂੰ ਸਮਝਣ ਤੇ ਪਾਲਣ ਦਾ ਸੰਕਲਪ ਲਿਆ।

## ਬਿਕਮਰਜੀਤ ਨਸ਼ਾ ਮੁਕਤੀ ਮੋਰਚਾ ਮੁਹਿੰਮ ਦੇ ਹਲਕਾ ਕੋਆਰਡੀਨੇਟਰ ਨਿਯੁਕਤ



**ਕੋਟ ਈਸੇ ਖਾਂ (ਅਰੋੜਾ)**-ਪੰਜਾਬ ਸਰਕਾਰ ਵੱਲੋਂ ਪੰਜਾਬ ਅੰਦਰ ਨਸ਼ਿਆਂ ਦੇ ਖਾਤਮੇ ਲਈ ਯੁੱਧ ਨਸ਼ਿਆ ਵਿਰੁੱਧ ਜੋ ਮੁਹਿੰਮ ਚਲਾਈ ਗਈ ਹੈ, ਉਸੇ ਤਹਿਤ ਹਲਕਾ ਧਰਮਕੋਟ ਤੋਂ ਵਿਧਾਇਕ ਦਵਿੰਦਰਜੀਤ ਸਿੰਘ ਲਾਡੀ ਢੋਸ ਦੇ ਅਤਿ ਨਜ਼ਦੀਕੀ ਤੇ ਆਪ ਆਗੂ ਬਿਕਰਮਜੀਤ ਬਿੱਲਾ ਸ਼ਰਮਾ ਨੂੰ ਆਪ ਸਰਕਾਰ ਦੀ ਨਸ਼ਾ ਮੁਕਤੀ ਮੋਰਚਾ ਮੁਹਿੰਮ ਦੇ ਹਲਕਾ ਧਰਮਕੋਟ ਤੋਂ ਕੋਆਰਡੀਨੇਟਰ ਨਿਯੁਕਤ ਕੀਤਾ ਗਿਆ, ਜਿਸ ਤੋਂ ਬਾਅਦ ਆਪ ਆਗੂਆਂ ਤੇ ਵਰਕਰਾਂ ਵੱਲੋਂ ਬਿੱਲਾ ਸ਼ਰਮਾ ਨੂੰ ਵਧਾਈਆਂ ਦਿੱਤੀਆਂ ਗਈਆਂ ਅਤੇ ਖੁਸ਼ੀ ਜ਼ਾਹਰ ਕੀਤੀ ਗਈ।

ਇਸ ਮੌਕੇ ਆਪ ਆਗੂ ਬਿਕਰਮਜੀਤ ਸ਼ਰਮਾ ਨੇ ਵਿਧਾਇਕ ਦਵਿੰਦਰਜੀਤ ਸਿੰਘ ਲਾਡੀ ਢੋਸ ਦਾ ਧੰਨਵਾਦ ਕਰਦਿਆਂ ਕਿਹਾ ਕਿ ਜੋ ਉਨ੍ਹਾਂ ਨੂੰ ਇਹ ਵੱਡੀ ਜ਼ਿੰਮੇਵਾਰੀ ਸੌਂਪੀ ਗਈ ਹੈ, ਉਹ ਆਪਣੀ ਜ਼ਿੰਮੇਵਾਰੀ ਨੂੰ ਬਾਖੂਬੀ ਨਿਭਾਉਣਗੇ। ਉਨ੍ਹਾ ਕਿਹਾ ਕਿ ਨਸ਼ਾ ਚਾਹੇ ਕੋਈ ਵੀ ਹੋਵੇ, ਘਰਾਂ ਦੇ ਘਰ ਬਰਬਾਦ ਕਰ ਦਿੰਦਾ ਹੈ ਤੇ ਨੌਜਵਾਨਾਂ ਨੂੰ ਆਪਣੀ ਲਪੇਟ ਵਿੱਚ ਲੈ ਰਿਹਾ ਹੈ। ਸਾਨੂੰ ਨਸ਼ੇ ਦੇ ਖਾਤਮੇ ਲਈ ਪ੍ਰਸ਼ਾਸਨ ਦਾ ਸਾਥ ਦੇਣਾ ਚਾਹੀਦਾ ਹੈ ਤਾਂ ਜੋ ਨਸ਼ੇ ਦਾ ਧੰਦਾ ਕਰਨ ਵਾਲਿਆਂ ਖਿਲਾਫ ਕਾਰਵਾਈ ਕੀਤੀ ਜਾਵੇ ਅਤੇ ਪੰਜਾਬ ਨਸ਼ਾ ਮੁਕਤ ਹੋ ਸਕੇ।

# ਲਿਬਰੇਸ਼ਨ ਵੱਲੋਂ ਲੋਕ ਗਾਇਕਾ ਨੇਹਾ ਰਾਠੌਰ ਤੇ ਡਾ. ਮੇਡਿਊਸਾ ਖਿਲਾਫ ਕੇਸ ਵਾਪਸ ਲੈਣ ਦੀ ਮੰਗ



**ਮਾਨਸਾ (ਆਤਮਾ ਸਿੰਘ ਪਮਾਰ)**-ਸੀਪੀਆਈ (ਐੱਮ ਐੱਲ) ਲਿਬਰੇਸ਼ਨ ਦੇ ਕੇਂਦਰੀ ਕਮੇਟੀ ਮੈਂਬਰ ਕਾ. ਰਾਜਵਿੰਦਰ ਰਾਣਾ, ਨਛੱਤਰ ਸਿੰਘ ਖੀਵਾ, ਕ੍ਰਾਂਤੀਕਾਰੀ ਕਿਸਾਨ ਯੂਨੀਅਨ ਦੇ ਸੂਬਾ ਆਗੂ ਭਜਨ ਸਿੰਘ ਘੁੰਮਣ ਨੇ ਇੱਕ ਸਾਂਝਾ ਪ੍ਰੈੱਸ ਬਿਆਨ ਜਾਰੀ ਕਰਦਿਆਂ ਕਿਹਾ ਕਿ ਲੋਕ ਗਾਇਕਾ ਨੇਹਾ ਸਿੰਘ ਰਾਠੌਰ ਤੇ ਪ੍ਰੋਫੈਸਰ ਮਾਦਰੀ ਕਾਕੋਟੀ (ਡਾ. ਮੇਡਿਊਸਾ) 'ਤੇ ਰਾਜ ਧ੍ਰੋਹ ਦੀਆਂ ਧਾਰਾਵਾਂ 'ਚ ਦਰਜ ਐੱਫ ਆਈ ਆਰ ਪੱਖਪਾਤੀ ਤੇ ਬਦਨੀਅਤੀ ਤੋਂ ਪ੍ਰੇਰਿਤ ਹੈ, ਜਿਸ ਨੂੰ ਤੁਰੰਤ ਰੱਦ ਕੀਤਾ ਜਾਣਾ ਚਾਹੀਦਾ ਹੈ। ਇਹ ਮਾਮਲਾ ਸਿੱਧੇ ਤੌਰ 'ਤੇ ਕਾਨੂੰਨ ਦੀ ਦੁਰਵਰਤੋਂ ਤੇ ਵਿਚਾਰ ਪ੍ਰਗਟਾਵੇ ਦੀ ਆਜ਼ਾਦੀ 'ਤੇ ਹਮਲਾ ਹੈ, ਜੋ ਸੰਵਿਧਾਨਕ ਮੁੱਲਾਂ ਪ੍ਰਤੀ ਬੀਜੇਪੀ ਦੀ ਅਵੱਗਿਆ ਨੂੰ ਦਰਸਾਉਂਦਾ ਹੈ।ਸੱਤਾਧਾਰੀ ਪਾਰਟੀ ਦੇ ਨੇਤਾ ਅਕਸਰ ਸੰਵਿਧਾਨ ਤੇ ਲੋਕਤੰਤਰੀ ਮੁੱਲਾਂ ਦਾ ਅਪਮਾਨ ਕਰਦੇ ਹਨ।ਪਹਿਲਗਾਮ 'ਚ 22 ਅਪ੍ਰੈਲ ਦੇ ਅੱਤਵਾਦੀ ਹਮਲੇ ਨੇ ਕੌਮੀ ਸੁਰੱਖਿਆ ਦੇ ਮਾਮਲੇ 'ਚ ਸਰਕਾਰ ਦੀ ਨਾਕਾਮੀ ਨੂੰ ਉਜਾਗਰ ਕੀਤਾ ਹੈ।ਸਰਕਾਰ ਨੇ ਸਰਬ ਪਾਰਟੀ ਮੀਟਿੰਗ ਵਿੱਚ ਖੁਦ ਵੀ ਇਸ ਤੱਥ ਨੂੰ ਸਵੀਕਾਰ ਕੀਤਾ ਹੈ, ਪਰ ਹੁਣ ਤੱਕ ਕਿਸੇ ਨੂੰ ਇਸ ਦਾ ਜ਼ਿੰਮੇਵਾਰ ਨਹੀਂ ਠਹਿਰਾਇਆ ਗਿਆ।ਸਰਕਾਰ ਤੋਂ ਸਵਾਲ ਪੁੱਛਣਾ ਉਪਰੋਕਤ ਦੋਵਾਂ ਕਾਰਕੁਨਾਂ ਦਾ ਸੰਵਿਧਾਨਕ ਅਧਿਕਾਰ ਹੈ।ਉਹ ਆਪਣੀ ਕਲਾ, ਲਿਖਤ ਤੇ ਬਿਆਨਾਂ ਰਾਹੀਂ ਪੂਰੇ ਹੌਸਲੇ ਨਾਲ ਨਿਆਂ ਤੇ ਜਨ ਸੁਰੱਖਿਆ ਦੇ ਹਿੱਤ 'ਚ ਸਰਕਾਰ ਦੀਆਂ ਕਮੀਆਂ ਨੂੰ ਉਜਾਗਰ ਕਰਕੇ ਲੋਕਤੰਤਰੀ ਕਦਰਾਂ ਨੂੰ ਮਜ਼ਬੂਤ ਕਰ ਰਹੀਆਂ ਹਨ, ਪਰ ਚਿੰਤਾ ਦੀ ਗੱਲ ਹੈ ਕਿ ਸੱਤਾ ਸੰਸਥਾਵਾਂ ਉਠ ਰਹੇ ਸਵਾਲਾਂ ਦਾ ਜਵਾਬ ਦੇਣ ਦੀ ਬਜਾਏ ਆਪਣੀ ਆਲੋਚਨਾ ਕੀਤੇ ਜਾਣ ਨੂੰ ਹੀ ਅਪਰਾਧ ਐਲਾਨ ਰਹੀਆਂ ਹਨ।ਦੂਜੇ ਪਾਸੇ, ਸਰਕਾਰ ਜੰਗ ਛੇੜਨ ਦੇ ਹੱਕ ਵਿੱਚ ਜਨੂੰਨੀ ਮਾਹੌਲ ਬਣਾ ਕੇ ਆਪਣੀਆਂ ਅਸਫਲਤਾਵਾਂ ਤੋਂ ਜਨਤਾ ਦਾ ਧਿਆਨ ਭਟਕਾਉਣ ਤੇ ਮੁਸਲਿਮ ਵਿਰੋਧੀ ਜਨੂੰਨ ਨੂੰ ਭੜਕਾਉਣ 'ਚ ਲੱਗੀ ਹੋਈ ਹੈ।ਇਸ ਦੀ ਆੜ 'ਚ ਵਿਰੋਧ ਦੀਆਂ ਲੋਕਤੰਤਰੀ ਆਵਾਜ਼ਾਂ ਨੂੰ ਦਬਾਇਆ ਜਾ ਰਿਹਾ ਹੈ।

ਸੀਪੀਆਈ (ਐੱਮ ਐੱਲ) ਲਿਬਰੇਸ਼ਨ ਸਾਰੇ ਜਮਹੂਰੀਅਤ ਪਸੰਦ ਨਾਗਰਿਕਾਂ ਨੂੰ ਅਪੀਲ ਕਰਦੀ ਹੈ ਕਿ ਉਹ ਨੇਹਾ ਸਿੰਘ ਰਾਠੌਰ, ਡਾ. ਮਾਦਰੀ ਕਾਕੋਟੀ ਤੇ ਸਰਕਾਰ ਤੋਂ ਸਵਾਲ ਪੁੱਛਣ ਵਾਲੇ ਸਾਰੇ ਨਿਆਂਪਸੰਦ ਲੋਕਾਂ ਦੇ ਸਮਰਥਨ 'ਚ ਅੱਗੇ ਆਉਣ ਤੇ ਆਪਣੇ ਸੰਵਿਧਾਨਕ ਅਧਿਕਾਰਾਂ ਅਤੇ ਲੋਕਤੰਤਰ ਦੀ ਰਾਖੀ ਕਰਨ ਲਈ ਹਰ ਸਮੇਂ ਤਤਪਰ ਰਹਿਣ।

## ਬਟੂਆ ਕੀਤਾ ਅਸਲੀ ਮਾਲਕਾਂ ਦੇ ਸਪੁਰਦ



**ਬੁਢਲਾਡਾ (ਅਸ਼ੋਕ ਲਾਕੜਾ)**-ਮਾਤਾ ਗੁਜਰੀ ਜੀ ਭਲਾਈ ਕੇਂਦਰ ਬੁਢਲਾਡਾ ਦੇ ਮੈਂਬਰ ਪਰਮਜੀਤ ਸਿੰਘ ਖਾਲਸਾ ਦੀ ਆਈ ਟੀ ਆਈ ਚੌਕ ਨੇੜੇ ਚਾਹ ਦੀ ਦੁਕਾਨ 'ਤੇ ਪਿਛਲੇ ਹਫਤੇ ਕੋਈ ਸੱਜਣ ਆਪਣਾ ਬਟੂਆ ਭੁੱਲ ਗਿਆ ਸੀ, ਜਿਸ ਵਿੱਚ ਕਾਫੀ ਰੁਪਈਆਂ ਦੇ ਨਾਲ ਨਾਲ ਅਧਾਰ ਕਾਰਡ, ਡਰਾਇਵਿੰਗ ਕਾਰਡ ਸਮੇਤ ਲਗਭਗ 20 ਜ਼ਰੂਰੀ ਦਸਤਾਵੇਜ਼ ਸਾਰੇ ਪਰਿਵਾਰ ਦੇ ਸਨ। ਪਰਮਜੀਤ ਸਿੰਘ ਨੇ ਸੰਸਥਾ ਆਗੂਆਂ ਦੇ ਨੋਟਿਸ ਵਿੱਚ ਲਿਆਂਦਾ। ਕਾਰਡਾਂ ਅਨੁਸਾਰ ਇਹ ਸੱਜਣ ਬੋਹਾ ਦਾ ਲੱਗਿਆ। ਬੋਹਾ ਥਾਣਾ ਤੇ ਹੋਰ ਲੋਕਾਂ ਤੋਂ ਜਾਣਕਾਰੀ ਲੈਂਦੇ ਹੋਏ ਇਸ ਸੱਜਣ ਤੱਕ ਪਹੁੰਚ ਕੀਤੀ ਗਈ ਤਾਂ ਪਤਾ ਲੱਗਿਆ ਕਿ ਇਹ ਬਟੂਆ ਬੋਹਾ ਦੇ ਅੰਮ੍ਰਿਤਪਾਲ ਸਿੰਘ ਸਪੁੱਤਰ ਸ. ਜਸਵੀਰ ਸਿੰਘ ਦਾ ਹੈ। ਉਸ ਨੂੰ ਬੁਲਾ ਕੇ ਨਿਸ਼ਾਨੀ ਲੈ ਕੇ ਉਸ ਨੂੰ ਇਹ ਬਟੂਆ ਵਾਪਸ ਕੀਤਾ ਗਿਆ। ਅੰਮ੍ਰਿਤਪਾਲ ਸਿੰਘ ਨੇ ਬਹੁਤ ਖੁਸ਼ੀ ਜ਼ਾਹਰ ਕੀਤੀ, ਸੰਸਥਾ ਦੇ ਕਾਰਜਾਂ ਵਿੱਚ ਯੋਗਦਾਨ ਪਾਇਆ ਤੇ ਪਰਮਜੀਤ ਸਿੰਘ ਸਮੇਤ ਸੰਸਥਾ ਦਾ ਧੰਨਵਾਦ ਕੀਤਾ। ਸੰਸਥਾ ਨੂੰ ਅਜਿਹੇ ਮੈਂਬਰਾਂ 'ਤੇ ਮਾਣ ਹੈ। ਇਸ ਮੌਕੇ ਉਪਰੋਕਤ ਤੋਂ ਇਲਾਵਾ ਸੰਸਥਾ ਆਗੂ ਮਾਸਟਰ ਕੁਲਵੰਤ ਸਿੰਘ, ਬਲਬੀਰ ਸਿੰਘ ਕੈਂਥ ਤੇ ਮਹਿੰਦਰਪਾਲ ਸਿੰਘ ਹਾਜ਼ਰ ਸਨ।

## ਨੌਜਵਾਨਾਂ ਨੂੰ ਵਰਦੀਆਂ ਤੇ ਕ੍ਰਿਕਟ ਦਾ ਸਾਮਾਨ ਵੰਡਿਆ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਨੇੜਲੇ ਪਿੰਡ ਫਤਹਿਗੜ੍ਹ ਬੇਟ ਦੀ ਗ੍ਰਾਮ ਪੰਚਾਇਤ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸ਼ੁਰੂ ਕੀਤੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਨੌਜਵਾਨਾਂ ਤੇ ਬੱਚਿਆਂ ਨੂੰ ਸਹੀ ਸੇਧ ਦੇਣ ਲਈ ਵਰਦੀਆਂ ਤੇ ਕ੍ਰਿਕਟ ਦਾ ਸਾਮਾਨ ਵੰਡਿਆ ਗਿਆ। ਪਿੰਡ ਦੇ ਸਰਪੰਚ ਅਨੀਤਾ ਦੇਵੀ ਦੇ ਪਤੀ ਕੁਲਦੀਪ ਸਿੰਘ ਢਿੱਲ ਨੇ ਦੱਸਿਆ ਕਿ ਹਲਕਾ ਵਿਧਾਇਕ ਜਗਤਾਰ ਸਿੰਘ ਦਿਆਲਪੁਰਾ ਦੀ ਪ੍ਰੇਰਨਾ ਸਦਕਾ ਪਿੰਡ ਦੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕੀਤਾ ਗਿਆ ਅਤੇ ਉਨ੍ਹਾਂ ਨੂੰ ਵਰਦੀਆਂ ਤੇ ਖੇਡਣ ਲਈ ਕ੍ਰਿਕਟ ਦਾ ਸਾਮਾਨ ਦਿੱਤਾ ਗਿਆ। ਇਸ ਮੌਕੇ ਪੰਚ ਗੁਰਦੇਵ ਸਿੰਘ, ਪੰਚ ਬਲਜੀਤ ਕੌਰ, ਪੰਚ ਗੁਰਿੰਦਰ ਸਿੰਘ, ਪੰਚ ਜਸਵਿੰਦਰ ਕੌਰ, ਸੋਹਣ ਸਿੰਘ ਫੌਜੀ, ਸਾਬਕਾ ਸਰਪੰਚ ਜਸਪਾਲ ਸਿੰਘ, ਮੇਹਰ ਸਿੰਘ, ਵਰਿਆਮ ਸਿੰਘ, ਉਜਲ ਸਿੰਘ, ਪਰਦੀਪ ਸਿੰਘ, ਅਰਸ਼, ਦਲਜੀਤ ਸਿੰਘ, ਕੇਸਰ ਸਿੰਘ ਤੇ ਕੁਲਵੰਤ ਸਿੰਘ ਮੌਜੂਦ ਸਨ।

# ਸਰਕਾਰ ਦੀਆਂ ਅਧਿਆਪਕ ਵਿਰੋਧੀ ਨੀਤੀਆਂ ਦਾ ਕਰਾਂਗੇ ਡਟਵਾਂ ਵਿਰੋਧ : ਡੀ ਟੀ ਐੱਫ

**ਮਾਨਸਾ (ਆਤਮਾ ਸਿੰਘ ਪਮਾਰ)**-ਅਖੌਤੀ ਸਿੱਖਿਆ ਕ੍ਰਾਂਤੀ ਦਾ ਢੰਡੋਰਾ ਪਿੱਟਣ ਵਾਲੀ ਆਪ ਸਰਕਾਰ ਦੀਆਂ ਲੋਕ ਵਿਰੋਧੀ ਨੀਤੀਆਂ ਕਾਰਨ ਸਿੱਖਿਆ ਦਾ ਕੇਂਦਰੀ ਧੁਰਾ ਅਧਿਆਪਕ ਸਰਕਾਰੀ ਧੱਕੇਸ਼ਾਹੀ ਦਾ ਸ਼ਿਕਾਰ ਹੋ ਰਿਹਾ ਹੈ, ਜਿਸ ਕਾਰਨ ਵੱਡੀ ਗਿਣਤੀ ਅਧਿਆਪਕ ਮਾਨਸਿਕ ਪ੍ਰੇਸ਼ਾਨੀ 'ਚੋਂ ਗੁਜ਼ਰ ਰਹੇ ਹਨ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕਰਦਿਆਂ ਸੂਬਾ ਪ੍ਰਧਾਨ ਦਿਗਵਿਜੇ ਪਾਲ ਸ਼ਰਮਾ ਤੇ ਸੂਬਾ ਜਨਰਲ ਸਕੱਤਰ ਰੇਸ਼ਮ ਸਿੰਘ ਬਠਿੰਡਾ ਦੀ ਅਗਵਾਈ ਵਿੱਚ ਡੀ ਟੀ ਐੱਫ਼ ਦੇ ਜ਼ਿਲ੍ਹਾ ਮਾਨਸਾ ਦੇ ਪ੍ਰਧਾਨ ਕਰਮਜੀਤ ਤਾਮਕੋਟ ਤੇ ਹਰਜਿੰਦਰ ਅਨੂਪਗੜ੍ਹ ਨੇ ਦੱਸਿਆ ਕਿ ਮਾਸਟਰ ਕਾਡਰ 899 ਦੀ ਭਰਤੀ ਵਾਲੇ ਅਧਿਆਪਕ, ਜਿਨ੍ਹਾਂ ਨੇ ਆਪਣਾਂ ਪਰਖ਼ ਕਾਲ ਪੂਰਾ ਕਰ ਲਿਆ ਹੈ ਤੇ ਪਿਛਲੇ ਚਾਰ ਸਾਲਾਂ ਤੋਂ ਵਿਭਾਗ ਵਿੱਚ ਰੈਗੂਲਰ ਤੌਰ 'ਤੇ ਕੰਮ ਕਰ ਰਹੇ ਹਨ, ਉਨ੍ਹਾਂ ਵਿੱਚੋਂ ਇੱਕ ਸੌ ਦੇ ਲੱਗਭਗ ਅੰਗਰੇਜ਼ੀ ਅਧਿਆਪਕਾਂ ਦੇ ਸਿਰ ਨੌਕਰੀ ਤੋਂ ਛਾਂਟੀ ਦੀ ਤਲਵਾਰ ਲਟਕ ਰਹੀ ਹੈ, ਕਿਉਂਕਿ ਵਿਭਾਗ ਵੱਲੋਂ 899 ਅਧਿਆਪਕਾਂ ਦੀ ਮੈਰਿਟ ਸੂਚੀ ਦੀਆਂ ਰੀਵਾਇਜ਼ਡ ਲਿਸਟਾਂ ਜਾਰੀ ਕਰਕੇ 100 ਤੋਂ ਵੱਧ ਅਧਿਆਪਕਾਂ ਨੂੰ ਮੈਰਿਟ ਸੂਚੀ ਵਿੱਚੋਂ ਬਾਹਰ ਕਰ ਦਿੱਤਾ ਗਿਆ ਹੈ।ਡੀ ਟੀ ਐੱਫ਼ ਦੇ ਸੀਨੀਅਰ ਆਗੂਆਂ ਗੁਰਤੇਜ ਉੱਭਾ, ਰਾਜਵਿੰਦਰ ਸਿੰਘ ਬੈਹਣੀਵਾਲ, ਗੁਰਬਚਨ ਹੀਰੇਵਾਲਾ, ਗੁਰਪ੍ਰੀਤ ਭੀਖੀ ਨੇ ਕਿਹਾ ਕਿ ਸਰਕਾਰ ਦੀਆਂ ਸਿੱਖਿਆ ਤੇ ਅਧਿਆਪਕ ਵਿਰੋਧੀ ਨੀਤੀਆਂ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕਰਨੀ ਬਣਦੀ ਹੈ। ਇਹ ਸੂਬੇ ਵਿੱਚ ਪਹਿਲੀ ਵਾਰ ਹੋ ਰਿਹਾ ਹੈ ਕਿ ਸੰਘਰਸ਼ ਕਰਕੇ ਪ੍ਰਾਪਤ ਕੀਤੇ ਰੁਜ਼ਗਾਰ ਦੇ ਜਾਰੀ ਰਹਿਣ ਪ੍ਰਤੀ ਅਨਿਸਚਿਤਤਾ ਬਣੀ ਹੋਵੇ।ਉਨ੍ਹਾਂ ਕਿਹਾ ਕਿ ਵਿਭਾਗੀ ਗਲਤੀਆਂ ਦਾ ਖਮਿਆਜ਼ਾ ਅਕਸਰ ਹੀ ਅਧਿਆਪਕਾਂ ਨੂੰ ਭੁਗਤਣਾ ਪੈਂਦਾ ਹੈ।ਜਥੇਬੰਦੀ ਦੇ ਆਗੂਆਂ ਨਿਧਾਨ ਸਿੰਘ, ਸ਼ਿੰਗਾਰਾ ਸਿੰਘ, ਤਰਸੇਮ ਬੋੜਾਵਾਲ, ਹਰਫੂਲ ਸਿੰਘ, ਰਾਜਿੰਦਰਪਾਲ ਸਿੰਘ ਨੇ 2392 ਅਧਿਆਪਕ ਜਥੇਬੰਦੀ ਵੱਲੋਂ ਲੜੇ ਜਾ ਰਹੇ ਸੰਘਰਸ਼ ਦੀ ਪੂਰਨ ਹਮਾਇਤ ਕਰਦਿਆਂ ਪੰਜਾਬ ਸਰਕਾਰ ਨੂੰ ਚਿਤਾਵਨੀ ਦਿੱਤੀ ਕਿ ਜੇਕਰ ਕਿਸੇ ਇੱਕ ਵੀ ਅਧਿਆਪਕ ਦੇ ਰੁਜ਼ਗਾਰ 'ਤੇ ਆਂਚ ਆਈ ਤਾਂ ਸਿੱਧੇ ਤੌਰ 'ਤੇ ਜ਼ਿੰਮੇਵਾਰੀ ਪੰਜਾਬ ਸਰਕਾਰ ਤੇ ਸਿੱਖਿਆ ਵਿਭਾਗ ਦੀ ਅਫ਼ਸਰਸ਼ਾਹੀ ਦੀ ਹੋਵੇਗੀ।ਇਸ ਮੌਕੇ ਨਵੀਨ ਬੋਹਾ, ਦਮਨਜੀਤ ਸਿੰਘ, ਅਮਰੀਕ ਬੋਹਾ, ਰਾਜ ਸਿੰਘ, ਨਵਜੋਸ਼ ਸਪੋਲੀਆ, ਸੰਦੀਪ ਧਰਮਪੁਰਾ, ਗੁਰਦੀਪ ਬਰਨਾਲਾ, ਚਰਨਪਾਲ ਸਿੰਘ, ਜਸਵਿੰਦਰ ਹਾਕਮਵਾਲਾ, ਬਲਕਾਰ ਸਿੰਘ, ਗੁਰਦੀਪ ਝੰਡੂਕੇ, ਸੁਖਚੈਨ ਸੇਖੋਂ, ਜਗਦੇਵ ਸਿੰਘ, ਮੱਘਰ ਸਿੰਘ, ਜਗਪਾਲ ਸਿੰਘ, ਅਰਵਿੰਦਰ ਸਿੰਘ, ਕੁਲਵਿੰਦਰ ਜੋਗਾ, ਅਮਨਦੀਪ ਕੌਰ, ਬੇਅੰਤ ਕੌਰ, ਖੁਸ਼ਵਿੰਦਰ ਕੌਰ, ਅਮਰਪ੍ਰੀਤ ਕੌਰ, ਨਿਰਲੇਪ ਕੌਰ, ਮਨਵੀਰ ਕੌਰ, ਗੁਰਜੀਤ ਮਾਨਸਾ, ਅਮਰਜੀਤ ਸਿੰਘ, ਸੁਖਵਿੰਦਰ ਗਾਮੀਵਾਲਾ, ਜਸਵਿੰਦਰ ਕਾਮਰੇਡ, ਰੋਹਿਤ ਬੁਰਜ ਹਰੀ, ਹਰਵਿੰਦਰ ਸਮਾਓਂ, ਮਨਦੀਪ ਕੁਮਾਰ ਆਦਿ ਅਧਿਆਪਕ ਆਗੂ ਹਾਜ਼ਰ ਸਨ।

## ਸ਼ੇਰ ਰਾਣਵਾਂ ਵੱਲੋਂ 'ਅਸੀਂ ਝੁੱਗੀਆਂ ਵਾਲੇ' ਗੀਤ ਪੇਸ਼



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਪ੍ਰਸਿੱਧ ਗੀਤਕਾਰ ਤੇ ਗਾਇਕ ਸ਼ੇਰ ਰਾਣਵਾਂ ਨੇ ਮਜ਼ਦੂਰ ਦਿਵਸ 'ਤੇ 'ਅਸੀਂ ਝੁੱਗੀਆਂ ਵਾਲੇ' ਗੀਤ ਪੇਸ਼ ਕੀਤਾ ਹੈ। ਗੀਤਕਾਰ ਸ਼ੇਰ ਰਾਣਵਾਂ ਨੇ ਦੱਸਿਆ ਕਿ ਅਸੀਂ ਝੁੱਗੀਆਂ ਵਾਲੇ ਰਾਹੀਂ ਉਸ ਨੇ ਮਜ਼ਦੂਰਾਂ ਦੀ ਵਿਆਖਿਆ ਕੀਤੀ ਹੈ ਕਿ ਕਿਸ ਤਰ੍ਹਾਂ ਉਹ ਭੁੱਖੇ ਪੇਟ ਰਹਿ ਕੇ ਇਹ ਆਲੀਸ਼ਾਨ ਤੇ ਇਮਾਰਤਾਂ ਬਣਾਉਂਦੇ ਹਨ, ਪਰ ਅੱਜ ਵੀ ਆਪਣੇ ਹੱਕਾਂ ਤੋਂ ਵਾਂਝੇ ਹਨ। ਇਸ ਗੀਤ ਨੂੰ ਸੰਗੀਤ ਰੋਮੀ ਸਿੰਘ ਵੱਲੋਂ ਦਿੱਤਾ ਗਿਆ ਤੇ ਗੀਤ ਦੀ ਵੀਡੀਓਗ੍ਰਾਫ਼ੀ ਗੱਗੀ ਸਿੰਘ ਵੱਲੋਂ ਕੀਤੀ ਗਈ। ਸ਼ੇਰ ਰਾਣਵਾਂ ਵੱਲੋਂ ਪਹਿਲਾਂ ਵੀ ਕਈ ਗੀਤ ਲਿਖੇ ਜਾ ਚੁੱਕੇ ਹਨ ਜੋ ਕਾਫ਼ੀ ਪ੍ਰਸਿੱਧ ਹੋਏ ਤੇ ਹੁਣ ਉਨ੍ਹਾਂ ਦਾ ਗੀਤ 'ਅਸੀਂ ਝੁੱਗੀਆਂ ਵਾਲੇ' ਲੋਕਾਂ ਦੀ ਕਚਹਿਰੀ ਵਿੱਚ ਹਾਜ਼ਰ ਹੈ।

## ਹਰਮਨਪ੍ਰੀਤ ਸਿੰਘ ਨੇ ਬਾਕਸਿੰਗ ਚੈਂਪੀਅਨਸ਼ਿਪ 'ਚ ਸੋਨ ਤਮਗਾ ਜਿੱਤਿਆ



**ਸਰਦੂਲਗੜ੍ਹ (ਅਵਤਾਰ ਜਟਾਣਾ)**-ਰੋਇਲ ਕਾਨਵੈਂਟ ਸਕੂਲ ਤੋਂ ਅੱਠਵੀਂ ਜਮਾਤ ਪਾਸ ਕਰ ਚੁੱਕੇ ਹਰਮਨਪ੍ਰੀਤ ਸਿੰਘ ਪੁੱਤਰ ਗੁਰਮੀਤ ਸਿੰਘ ਨੇ ਨੇਪਾਲ ਵਿੱਚ ਹੋਈ ਦੂਜੀ ਸਵਰਗੀ ਚਾਂਗਯਾ ਗੁਰੁੰਗ ਇਨਵੀਟੇਸ਼ਨਲ ਬਾਕਸਿੰਗ ਚੈਂਪੀਅਨਸ਼ਿਪ 2025 ਵਿੱਚ ਸੋਨੇ ਦਾ ਤਮਗਾ ਜਿੱਤ ਕੇ ਆਪਣਾ ਤੇ ਆਪਣੇ ਸਕੂਲ ਦਾ ਨਾਮ ਰੌਸ਼ਨ ਕੀਤਾ ਹੈ।ਹਰਮਨਪ੍ਰੀਤ ਦੀ ਇਸ ਕਾਮਯਾਬੀ ਨੇ ਨਾ ਸਿਰਫ਼ ਉਸ ਦੇ ਪਰਿਵਾਰ, ਸਗੋਂ ਪੂਰੇ ਰੋਇਲ ਕਾਨਵੈਂਟ ਸਕੂਲ ਲਈ ਵੀ ਮਾਣ ਦਾ ਮੌਕਾ ਪੈਦਾ ਕੀਤਾ ਹੈ।ਹਰਮਨਪ੍ਰੀਤ ਸਿੰਘ ਦੀ ਕਾਬਲੀਅਤ ਨੂੰ ਦੇਖਦਿਆਂ ਹੁਣ ਉਸ ਦੀ ਚੋਣ ਏਸ਼ੀਅਨ ਲੈਵਲ ਬਾਕਸਿੰਗ ਮੁਕਾਬਲਿਆਂ ਲਈ ਹੋ ਗਈ ਹੈ।ਇਸ ਸਮੇਂ ਉਹ ਸਰਕਾਰੀ ਵਿੰਗ ਜਲੰਧਰ ਵੱਲੋਂ ਦਿੱਤੀ ਜਾ ਰਹੀ ਵਿੱਦਿਅਕ ਤੇ ਵਿੱਤੀ ਮਦਦ ਦੇ ਸਹਾਰੇ ਆਪਣੀ ਤਿਆਰੀ ਵਿੱਚ ਲੱਗਾ ਹੋਇਆ ਹੈ।ਸਰਕਾਰੀ ਸਹਾਇਤਾ ਨਾਲ ਮਿਲ ਰਹੀ ਉੱਚ-ਪੱਧਰੀ ਕੋਚਿੰਗ ਨਾਲ ਉਹ ਹੋਰ ਵੀ ਮਿਹਨਤ ਕਰ ਰਿਹਾ ਹੈ ਤਾਂ ਜੋ ਅੱਗੇ ਆਉਣ ਵਾਲੀਆਂ ਮੁਕਾਬਲਿਆਂ ਵਿੱਚ ਦੇਸ਼ ਦਾ ਮਾਣ ਵਧਾ ਸਕੇ।ਸਕੂਲ ਪ੍ਰਬੰਧਕ ਕਮੇਟੀ ਦੇ ਚੈਅਰਮੇਨ ਮੋਹਿਤ ਜੈਨ, ਵਾਇਸ ਚੇਅਰਮੈਨ ਮੁਨੀਸ਼ ਮੰਗਲਾ ਨੇ ਵੀ ਉਸ ਦੀ ਸਫਲਤਾ 'ਤੇ ਖੁਸ਼ੀ ਜਤਾਈ ਤੇ ਭਵਿੱਖ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ।ਸਕੂਲ ਪ੍ਰਿੰਸੀਪਲ ਮੈਡਮ ਪਰਮਪਾਲ ਕੌਰ ਨੇ ਕਿਹਾ ਕਿ ਹਰਮਨਪ੍ਰੀਤ ਸਿੰਘ ਸਕੂਲ ਦੇ ਵਿਦਿਆਰਥੀਆਂ ਲਈ ਇੱਕ ਪ੍ਰੇਰਨਾ ਦਾ ਸਰੋਤ ਹੈ ਤੇ ਰੋਇਲ ਕਾਨਵੈਂਟ ਸਕੂਲ ਹਮੇਸ਼ਾ ਹੀ ਵਿਦਿਆਰਥੀਆਂ ਦੇ ਆਲ ਰਾਊਂਡ ਵਿਕਾਸ ਨੂੰ ਤਰਜੀਹ ਦਿੰਦਾ ਆ ਰਿਹਾ ਹੈ।ਸਕੂਲ ਪ੍ਰਬੰਧਕ ਕਮੇਟੀ ਤੇ ਪ੍ਰਿੰਸੀਪਲ ਨੇ ਜੇਤੂ ਵਿਦਿਆਰਥੀ ਨੂੰ ਸਨਮਾਨਤ ਕੀਤਾ ਅਤੇ ਉਸ ਦੇ ਮਾਤਾ-ਪਿਤਾ ਨੂੰ ਵਧਾਈ ਦਿੱਤੀ।

## ਏਵਿਓਰ ਸਕੂਲ ਦਾ ਬਾਰਵੀਂ ਦਾ ਨਤੀਜਾ ਸ਼ਾਨਦਾਰ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਇਲਾਕੇ ਦੀ ਸਿਰਮੌਰ ਵਿੱਦਿਅਕ ਸੰਸਥਾ ਏਵਿਓਰ ਕਾਨਵੈਂਟ ਸਕੂਲ ਦੇ ਬੱਚਿਆਂ ਨੇ ਇੱਕ ਵਾਰ ਫਿਰ ਸੀ.ਆਈ.ਐੱਸ.ਈ. ਬੋਰਡ ਵਲੋਂ ਐਲਾਨੇ ਨਤੀਜਿਆਂ ਵਿੱਚ ਮੱਲ੍ਹਾਂ ਮਾਰਦੇ ਹੋਏ ਇਸ ਸੰਸਥਾ ਦਾ ਨਾਮ ਰੌਸ਼ਨ ਕੀਤਾ ਹੈ। ਸਕੂਲ ਦੇ ਪ੍ਰਿੰਸੀਪਲ ਗੁਰਿੰਦਰਪਾਲ ਸਿੰਘ ਨੇ ਦੱਸਿਆ ਕਿ ਸਕੂਲ ਦੀ ਵਿਦਿਆਰਥਣ ਵੰਸ਼ਿਕਾ ਨੇ 96.5 ਪ੍ਰਤੀਸ਼ਤ ਨੰਬਰ ਹਾਸਲ ਕਰਕੇ ਪਹਿਲਾ, ਅਮਨਪ੍ਰੀਤ ਕੌਰ ਨੇ 93.25 ਪ੍ਰਤੀਸ਼ਤ ਅੰਕ ਲੈ ਕੇ ਦੂਜਾ ਤੇ ਅੰਮ੍ਰਿਤਪ੍ਰੀਤ ਸਿੰਘ ਬੰਗਾ ਨੇ 92.5 ਪ੍ਰਤੀਸ਼ਤ ਅੰਕ ਲੈ ਕੇ ਤੀਜਾ ਸਥਾਨ ਪ੍ਰਾਪਤ ਕੀਤਾ ਹੈ। ਇਸੇ ਤਰ੍ਹਾਂ ਸਾਇੰਸ ਸਟਰੀਮ ਦੀ ਸਿਮਰਦੀਪ ਕੌਰ ਨੇ 92.5 ਪ੍ਰਤੀਸ਼ਤ ਅੰਕ ਲੈ ਕੇ ਪਹਿਲਾ ਤੇ ਰਮਨੀਤ ਕੌਰ ਨੇ 89.5 ਪ੍ਰਤੀਸ਼ਤ ਲੈ ਕੇ ਦੂਸਰਾ ਸਥਾਨ ਹਾਸਲ ਕੀਤਾ ਹੈ। ਇਸ ਦੇ ਨਾਲ ਹੀ ਕੁੱਲ ਪੰਜ ਵਿਦਿਆਰਥੀਆਂ ਨੇ 90 ਪ੍ਰਤੀਸ਼ਤ ਤੋਂ ਉੱਪਰ, 14 ਵਿਦਿਆਰਥੀਆਂ ਨੇ 81 ਤੋਂ 90 ਪ੍ਰਤੀਸ਼ਤ, 10 ਵਿਦਿਆਰਥੀਆਂ ਨੇ 71 ਤੋਂ 80 ਪ੍ਰਤੀਸ਼ਤ, 18 ਵਿਦਿਆਰਥੀਆਂ ਨੇ 61 ਤੋਂ 70 ਪ੍ਰਤੀਸ਼ਤ ਵਿੱਚ ਅੰਕ ਪ੍ਰਾਪਤ ਕੀਤੇ ਹਨ। ਉਨ੍ਹਾਂ ਦੱਸਿਆ ਕਿ ਸਕੂਲ ਦੇ ਕੁੱਲ 53 ਵਿਦਿਆਰਥੀ ਇਸ ਪ੍ਰੀਖਿਆ ਵਿੱਚ ਬੈਠੇ ਤੇ ਸਮੁੱਚਾ ਨਤੀਜਾ 100 ਫੀਸਦੀ ਰਿਹਾ। ਸਕੂਲ ਦੇ ਪ੍ਰਧਾਨ ਤੇਜਿੰਦਰਪਾਲ ਸਿੰਘ, ਵਾਇਸ ਪ੍ਰਧਾਨ ਹਰਿੰਦਰਪਾਲ ਸਿੰਘ ਤੇ ਸੈਕੇਟਰੀ ਸਿਮਰਨਪ੍ਰੀਤ ਕੌਰ ਨੇ ਬੱਚਿਆਂ ਤੇ ਉਨ੍ਹਾਂ ਦੇ ਮਾਪਿਆਂ ਨੂੰ ਇਸ ਪ੍ਰਾਪਤੀ ਲਈ ਵਿਸ਼ੇਸ਼ ਤੌਰ 'ਤੇ ਵਧਾਈ ਦਿੱਤੀ। ਇਸ ਮੌਕੇ ਸਕੂਲ ਦੇ ਚੀਫ ਐਡਮਿੰਨ ਜਸਕਰਨ ਸਿੰਘ, ਮੈਡਮ ਰੁਪਿੰਦਰ ਕੌਰ, ਜਸਵਿੰਦਰ ਕੌਰ, ਮਹਿਕਦੀਪ ਕੌਰ ਤੇ ਕੋਆਰਡੀਨੇਟਰ ਮਨਦੀਪ ਕੌਰ ਸੇਖੋਂ ਵਿਸ਼ੇਸ਼ ਤੌਰ 'ਤੇ ਮੌਜੂਦ ਸਨ।

## ਵਕੀਲਾਂ ਦੀ ਆਪਸੀ ਤਕਰਾਰ ਨੂੰ ਲੈ ਕੇ ਚੱਲੀਆ ਗੋਲੀਆਂ

**ਮਾਨਸਾ (ਰੀਤਵਾਲ)**-ਮਾਨਸਾ ਦੀ ਕਚਹਿਰੀ ਵਿੱਚ ਵਕੀਲਾਂ ਦੀ ਆਪਸੀ ਤਕਰਾਰ ਨੂੰ ਲੈ ਕੇ ਗੋਲੀਆਂ ਚੱਲਣ ਦਾ ਸਮਾਚਾਰ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਐਡਵੋਕੇਟ ਰਘਵੀਰ ਸਿੰਘ ਨੇ ਦੱਸਿਆ ਕਿ ਮੇਰਾ ਐਡਵੋਕੇਟ ਅਮਰਿੰਦਰ ਸਿੰਘ ਮਾਨ ਨਾਲ ਚੈਂਬਰ ਨੂੰ ਲੈ ਕੇ ਪਿਛਲੇ ਸਮੇਂ ਤੋਂ ਤਕਰਾਰ ਚੱਲ ਰਿਹਾ ਸੀ, ਜਿਸ ਨੂੰ ਲੈ ਕੇ ਬੁੱਧਵਾਰ ਦੀ ਸ਼ਾਮ 6 ਵਜੇ ਦੇ ਕਰੀਬ ਐਡਵੋਕੇਟ ਅਮਰਿੰਦਰ ਸਿੰਘ ਨੇ ਬਾਹਰੋ ਬੰਦੇ ਬੁਲਾ ਕੇ ਮੇਰੇ ਪਿਤਾ 'ਤੇ ਪਿਸਤੌਲ ਨਾਲ ਫਾਇਰ ਕੀਤੇ।ਆਪਣੇ ਬਚਾਅ ਲਈ ਅਸੀਂ ਵੀ ਇਨ੍ਹਾਂ 'ਤੇ ਵਾਰ ਕੀਤਾ।

ਇਸ ਤੋਂ ਬਾਅਦ ਇਹ ਭੱਜ ਗਏ।ਦੂਜੇ ਪਾਸੇ ਇਸ ਮਾਮਲੇ 'ਚ ਮਾਨਸਾ ਪੁਲਸ ਨੇ ਮੌਕੇ 'ਤੇ ਪਹੁੰਚ ਕੇ ਮਾਮਲਾ ਦਰਜ ਕਰ ਜਾਂਚ ਸ਼ੁਰੂ ਕਰ ਦਿੱਤੀ ਹੈ।

# 4 ਪੀ ਐੱਮ ਯੂਟਿਊਬ 'ਤੇ ਲਾਈ ਪਾਬੰਦੀ ਅਤੇ ਨੇਹਾ ਸਿੰਘ ਰਾਠੌਰ ਤੇ ਡਾ. ਕਾਕੋਟੀ 'ਤੇ ਦਰਜ ਐੱਫ ਆਈ ਆਰ ਵਾਪਸ ਲੈਣ ਦੀ ਮੰਗ

**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**

ਇਨਕਲਾਬੀ ਕੇਂਦਰ ਪੰਜਾਬ ਨੇ ਲੋਕ ਗਾਇਕਾ ਨੇਹਾ ਸਿੰਘ ਰਾਠੌਰ ਤੇ ਪ੍ਰੋਫੈਸਰ ਮਾਦਰੀ ਕਾਕੋਟੀ (ਡਾ. ਮੇਡਿਊਸਾ) 'ਤੇ ਰਾਜਧ੍ਰੋਹ ਦੀਆਂ ਧਾਰਾਵਾਂ ਤਹਿਤ ਐੱਫਆਈਆਰ ਦਰਜ ਕਰਨ ਅਤੇ 4 ਪੀ ਐੱਮ ਯੂ ਟਿਊਬ ਚੈਨਲ ਨੂੰ ਬੰਦ ਕਰਨ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਹੈ।

ਇਨਕਲਾਬੀ ਕੇਂਦਰ ਪੰਜਾਬ ਦੇ ਪ੍ਰਧਾਨ ਸਾਥੀ ਨਰਾਇਣ ਦੱਤ ਤੇ ਜਨਰਲ ਸਕੱਤਰ ਕੰਵਲਜੀਤ ਖੰਨਾ ਨੇ ਕਿਹਾ ਕਿ ਮੋਦੀ ਹਕੂਮਤ ਦਾ ਅਜਿਹਾ ਵਤੀਰਾ ਪੱਖਪਾਤੀ ਤੇ ਬਦਨੀਅਤੀ ਤੋਂ ਪ੍ਰੇਰਿਤ ਹੈ, ਜਿਸ ਨੂੰ ਤੁਰੰਤ ਰੱਦ ਕਰ ਦਿੱਤਾ ਜਾਣਾ ਚਾਹੀਦਾ ਹੈ। ਇਹ ਮਾਮਲਾ ਸਿੱਧੇ ਤੌਰ 'ਤੇ ਕਾਨੂੰਨ ਦੀ ਦੁਰਵਰਤੋਂ ਤੇ ਵਿਚਾਰ ਪ੍ਰਗਟਾਵੇ ਦੀ ਆਜ਼ਾਦੀ 'ਤੇ ਹਮਲਾ ਹੈ।

ਪਹਿਲਗਾਮ 'ਚ 22 ਅਪ੍ਰੈਲ ਦੇ ਦਹਿਸ਼ਤਗਰਦੀ ਹਮਲੇ ਨੇ ਕੌਮੀ ਸੁਰੱਖਿਆ ਦੇ ਮਾਮਲੇ 'ਚ ਸਰਕਾਰ ਦੀ ਨਾਕਾਮੀ ਨੂੰ ਉਜਾਗਰ ਕੀਤਾ ਹੈ। ਸਰਕਾਰ ਦੀਆਂ ਨਾਕਾਮੀਆਂ ਪ੍ਰਤੀ ਸਵਾਲ ਖੜ੍ਹੇ ਕਰਨਾ 4 ਪੀ ਐੱਮ ਯੂ ਟਿਊਬ ਚੈਨਲ ਤੇ ਦੋਵਾਂ ਕਾਰਕੁਨਾਂ ਦਾ ਬੁਨਿਆਦੀ ਅਧਿਕਾਰ ਹੈ। ਉਹ ਆਪਣੀ ਕਲਾ, ਲਿਖਤ ਤੇ ਬਿਆਨਾਂ ਰਾਹੀਂ ਪੂਰੇ ਹੌਸਲੇ ਨਾਲ ਨਿਆਂ ਤੇ ਜਨ ਸੁਰੱਖਿਆ ਦੇ ਹਿੱਤ 'ਚ ਸਰਕਾਰ ਦੀਆਂ ਕਮੀਆਂ ਨੂੰ ਉਜਾਗਰ ਕਰਕੇ ਲੋਕਤੰਤਰੀ ਕਦਰਾਂ ਨੂੰ ਮਜ਼ਬੂਤ ਕਰ ਰਹੀਆਂ ਹਨ, ਪਰ ਚਿੰਤਾ ਦੀ ਗੱਲ ਹੈ ਕਿ ਸੱਤਾ ਸੰਸਥਾਵਾਂ ਉੱਠ ਰਹੇ ਸਵਾਲਾਂ ਦਾ ਜਵਾਬ ਦੇਣ ਦੀ ਬਜਾਏ ਆਪਣੀ ਆਲੋਚਨਾ ਕੀਤੇ ਜਾਣ ਨੂੰ ਹੀ ਅਪਰਾਧ ਐਲਾਨ ਰਹੀਆਂ ਹਨ। ਦੂਜੇ ਪਾਸੇ, ਸਰਕਾਰ ਜੰਗ ਛੇੜਨ ਦੇ ਹੱਕ ਵਿੱਚ ਜਨੂੰਨੀ ਮਾਹੌਲ ਬਣਾ ਕੇ ਆਪਣੀਆਂ ਅਸਫਲਤਾਵਾਂ ਤੋਂ ਜਨਤਾ ਦਾ ਧਿਆਨ ਭਟਕਾਉਣ ਤੇ ਮੁਸਲਿਮ ਵਿਰੋਧੀ ਜਨੂੰਨ ਨੂੰ ਭੜਕਾਉਣ 'ਚ ਲੱਗੀ ਹੋਈ ਹੈ। ਇਸ ਦੀ ਆੜ 'ਚ ਵਿਰੋਧ ਦੀਆਂ ਲੋਕਤੰਤਰੀ ਆਵਾਜ਼ਾਂ ਨੂੰ ਦਬਾਇਆ ਜਾ ਰਿਹਾ ਹੈ। ਦਮਨ ਦਾ ਇਹ ਚੱਕਰ ਲੋਕ-ਪੱਖੀ ਯੂ ਟਿਊਬਰਾਂ, ਸਰਗਰਮ ਕਾਰਕੁਨਾਂ ਦੇ ਉਤਪੀੜਨ, ਕਸ਼ਮੀਰੀਆਂ ਤੇ ਮੁਸਲਮਾਨਾਂ ਵਿਰੁੱਧ ਨਫ਼ਰਤ ਭੜਕਾਉਣ ਅਤੇ ਕਾਨੂੰਨ ਦੇ ਰਾਜ ਵਿਰੁੱਧ ਜਾ ਕੇ ਘਰਾਂ 'ਤੇ ਬੁਲਡੋਜ਼ਰ ਚਲਾਉਣ ਦੇ ਰੂਪ 'ਚ ਜਾਰੀ ਹੈ।

ਆਗੂਆਂ ਮੁਖਤਿਆਰ ਪੂਹਲਾ, ਜਗਜੀਤ ਸਿੰਘ ਲਹਿਰਾ ਮੁੱਹਬਤ ਤੇ ਜਸਵੰਤ ਜੀਰਖ ਨੇ ਸਾਰੇ ਜਮਹੂਰੀਅਤ ਪਸੰਦ ਨਾਗਰਿਕਾਂ ਨੂੰ ਅਪੀਲ ਕੀਤੀ ਕਿ ਉਹ ਨੇਹਾ ਸਿੰਘ ਰਾਠੌਰ, ਡਾ. ਮਾਦਰੀ ਕਾਕੋਟੀ ਤੇ ਸਰਕਾਰ ਤੋਂ ਸਵਾਲ ਪੁੱਛਣ ਵਾਲੇ ਸਾਰੇ ਨਿਆਂਪਸੰਦ ਲੋਕਾਂ ਦੇ ਸਮਰਥਨ 'ਚ ਅੱਗੇ ਆਉਣ, ਆਪਣੇ ਹੱਕਾਂ ਦੀ ਜੰਗ ਜਾਰੀ ਰੱਖਣ ਲਈ ਹੋਰ ਵਧੇਰੇ ਦ੍ਰਿੜ੍ਹਤਾ ਨਾਲ ਸੰਘਰਸ਼ਾਂ ਦਾ ਪਿੜ ਮੱਲਣ।

## ਟਿੰਕੂ ਮੱਲਕੇ ਹਲਕਾ ਬਾਘਾ ਪੁਰਾਣਾ ਦੇ ਕੋਆਰਡੀਨੇਟਰ ਨਿਯੁਕਤ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਹਲਕਾ ਬਾਘਾ ਪੁਰਾਣਾ ਦੇ ਬਹੁਤ ਹੀ ਨੇੜਲੇ ਸਾਥੀ ਤੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅੰਤਰਜੀਤ ਸਿੰਘ ਟਿੰਕੂ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਵਿਰੁੱਧ ਵਿੱਢੀ ਗਈ ਮਹਿੰਮ ਤਹਿਤ ਨਸ਼ਿਆਂ ਦਾ ਸਫਾਇਆ ਕਰਨ ਲਈ ਵੱਖ ਵੱਖ ਹਲਕਿਆਂ ਦੇ ਪੰਜਾਬ ਸਰਕਾਰ ਵੱਲੋਂ ਕੋਆਰਡੀਨੇਟਰ ਲਗਾਏ ਹਨ, ਜਿਸ ਦੇ ਤਹਿਤ ਅੰਤਰਜੀਤ ਸਿੰਘ ਟਿੰਕੂ ਨੂੰ ਬਾਘਾ ਪੁਰਾਣਾ ਦਾ ਹਲਕਾ ਕੋਆਰਡੀਨੇਟਰ ਨਿਯੁਕਤ ਕੀਤੇ ਜਾਣ ਦੇ ਬਾਅਦ ਹਲਕਾ ਬਾਘਾ ਪੁਰਾਣਾ ਵਿੱਚ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ।ਅੰਤਰਜੀਤ ਸਿੰਘ ਮੱਲਕੇ ਨੂੰ ਕੋਆਰਡੀਨੇਟਰ ਨਿਯੁਕਤ ਕੀਤੇ ਜਾਣ ਦੇ ਬਾਅਦ ਉਨ੍ਹਾਂ ਨੂੰ ਵਧਾਈਆਂ ਦੇਣ ਵਾਲਿਆਂ ਦਾ ਤਾਂਤਾ ਲੱਗਾ ਹੋਇਆ ਹੈ, ਕਿਉਂਕਿ ਅੰਤਰਜੀਤ ਸਿੰਘ ਨੂੰ ਆਮ ਆਦਮੀ ਪਾਰਟੀ ਦੇ ਬਹੁਤ ਹੀ ਮਿਹਨਤੀ ਸਿਪਾਹੀ ਹਨ, ਜਿਨ੍ਹਾਂ ਨੇ ਪਾਰਟੀ ਦੀ ਚੜ੍ਹਦੀ ਕਲਾਂ ਲਈ ਜ਼ਮੀਨੀ ਪੱਧਰ ਤੋਂ ਸੇਵਾ ਕੀਤੀ ਹੈ, ਜਿਸ ਦੀ ਮਿਹਨਤ ਦਾ ਮੁੱਲ ਹੀ ਆਪ ਸਰਕਾਰ ਵੱਲੋਂ ਪਾਇਆ ਗਿਆ ਹੈ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਅੰਤਰਜੀਤ ਸਿੰਘ ਨੇ ਕਿਹਾ ਕਿ ਜੋ ਉਸ ਨੂੰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਹਲਕਾ ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ ਵੱਲੋਂ ਜ਼ਿੰਮੇਵਾਰੀ ਦਿੱਤੀ ਗਈ ਹੈ, ਉਸ ਨੂੰ ਉਹ ਤਨਦੇਹੀ ਨਾਲ ਨਿਭਾਏਗਾ ਤੇ ਜੋ ਪੰਜਾਬ ਸਰਕਾਰ ਨੇ 31 ਮਈ ਤੱਕ ਨਸ਼ਾ ਖਤਮ ਕਰਨ ਦਾ ਟੀਚਾ ਰੱਖਿਆ ਗਿਆ ਹੈ। ਇਸ ਦੌਰਾਨ ਹਲਕਾ ਬਾਘਾ ਪੁਰਾਣਾ ਦੇ ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ ਦੀ ਅਗਵਾਈ ਹੇਠ ਨਸ਼ੇ ਨੂੰ ਜੜ੍ਹੋਂ ਖਤਮ ਕੀਤਾ ਜਾਵੇਗਾ।ਉਨ੍ਹਾਂ ਹਲਕਾ ਬਾਘਾ ਪੁਰਾਣਾ ਦੇ ਲੋਕਾਂ ਨੂੰ ਸਹਿਯੋਗ ਦੇਣ ਦੀ ਮੰਗ ਕੀਤੀ।

## ਸਿੱਖ ਸਭਾਵਾਂ ਤੇ ਪ੍ਰਬੰਧਕਾਂ ਨੇ ਮੈਨੇਜਰ ਭਾਗ ਸਿੰਘ ਨੂੰ ਕੀਤਾ ਸਨਮਾਨਤ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਸ਼੍ਰੋਮਣੀ ਕਮੇਟੀ ਪ੍ਰਬੰਧ ਅਧੀਨ ਗੁਰਦੁਆਰਾ ਸ੍ਰੀ ਮੋਤੀ ਬਾਗ ਸਾਹਿਬ ਵਿਖੇ ਸਮੂਹ ਸਟਾਫ ਮੈਂਬਰਾਂ ਤੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜਥਾ ਸੁਸਾਇਟੀ ਦੇ ਅਹੁਦੇਦਾਰਾਂ ਨੇ ਨਵ-ਨਿਯੁਕਤ ਮੈਨੇਜਰ ਭਾਗ ਸਿੰਘ ਨੂੰ ਸਨਮਾਨਤ ਕੀਤਾ ਗਿਆ। ਗੁਰਦੁਆਰਾ ਪ੍ਰਬੰਧ ਨੂੰ ਸੁਚਾਰੂ ਤੇ ਬਿਹਤਰੀਨ ਬਣਾਉਣ ਲਈ ਗੁਰਦੁਆਰਾ ਮੋਤੀ ਬਾਗ ਸਾਹਿਬ ਵਿਖੇ ਮੈਨੇਜਰ ਭਾਗ ਸਿੰਘ, ਮੀਤ ਮੈਨੇਜਰ ਆਤਮ ਪ੍ਰਕਾਸ਼ ਸਿੰਘ ਬੇਦੀ ਦੀ ਅਗਵਾਈ 'ਚ ਸਮੂਹ ਸਟਾਫ ਮੈਂਬਰਾਂ ਨਾਲ ਬੈਠਕ ਕੀਤੀ ਗਈ, ਜਿਸ ਵਿੱਚ ਸਿੱਖ ਸਭਾਵਾਂ ਤੇ ਜਥੇਬੰਦੀਆਂ ਦੇ ਨੁਮਾਇੰਦੇ ਆਦਿ ਸ਼ਾਮਲ ਸਨ। ਮੈਨੇਜਰ ਭਾਗ ਸਿੰਘ ਚੌਹਾਨ ਨੇ ਕਿਹਾ ਕਿ ਗੁਰੂ ਘਰ ਪ੍ਰਤੀ ਵੱਡੀ ਆਸਥਾ ਹੋਣ ਕਰਕੇ ਸ਼ਹਿਰ ਤੇ ਦੂਰ ਦੁਰਾਡੇ ਤੋਂ ਅਕਸਰ ਸੰਗਤਾਂ ਗੁਰੂ ਘਰ ਨਤਮਸਤਕ ਹੋਣ ਪੁੱਜਦੀਆਂ ਹਨ, ਇਸ ਕਰਕੇ ਗੁਰੂ ਘਰ ਦੇ ਲੰਗਰਾਂ, ਕੜਾਹ ਪ੍ਰਸ਼ਾਦ ਤੇ ਜੋੜੇ ਘਰ ਵਿੱਚ ਪ੍ਰਬੰਧ ਨੂੰ ਹੋਰ ਵਧੇਰੇ ਬਣਾਉਣ 'ਤੇ ਜ਼ੋਰ ਦਿੱਤਾ ਗਿਆ। ਇਸ ਮੌਕੇ ਗੁਰਦੁਆਰਾ ਸ੍ਰੀ ਮੋਤੀ ਬਾਗ ਸਾਹਿਬ ਦੇ ਮੀਤ ਮੈਨੇਜਰ ਆਤਮ ਪ੍ਰਕਾਸ਼ ਸਿੰਘ ਬੇਦੀ ਤੇ ਸਮੂਹ ਸਟਾਫ ਮੈਂਬਰਾਂ ਨੇ ਨਵ-ਨਿਯੁਕਤ ਮੈਨੇਜਰ ਭਾਗ ਸਿੰਘ ਚੌਹਾਨ ਨੂੰ ਸਿਰੋਪਾਓ ਤੇ ਸਨਮਾਨ ਚਿੰਨ ਵੀ ਭੇਟ ਕੀਤਾ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜਥੇ ਦੇ ਪ੍ਰਧਾਨ ਪ੍ਰੇਮ ਸਿੰਘ, ਸੁਰਿੰਦਰਪਾਲ ਸਿੰਘ ਚੱਢਾ, ਸਿਮਰਨ ਗਰੇਵਾਲ, ਤਰਲੋਕ ਸਿੰਘ ਤੌਰਾ, ਹਰਵਿੰਦਰ ਸਿੰਘ ਕਾਹਲਵਾਂ, ਵਰਿੰਦਰ ਸਿੰਘ ਗੋਲਡੀ ਤੇ ਸਮੂਹ ਸਟਾਫ ਮੈਂਬਰ ਆਦਿ ਸ਼ਾਮਲ ਸਨ।

# ਮੈਡੀਕਲ ਕੈਂਪ ਦੌਰਾਨ ਵਿਦਿਆਰਥਣਾਂ ਨੂੰ ਸਿਹਤ ਸੰਭਾਲ ਸੰਬੰਧੀ ਗੁਰ ਸਮਝਾਏ



**ਸਮਰਾਲਾ (ਸੁਰਜੀਤ ਸਿੰਘ)**-ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫਾਰ ਵਿਮੈਨ ਝਾੜ ਸਾਹਿਬ ਵਿੱਚ ਅਕਾਦਮਿਕ ਪੜ੍ਹਾਈ ਦੇ ਨਾਲ ਨਾਲ ਵਾਧੂ ਗਿਆਨਵਰਧਕ ਤੇ ਸਿਹਤ ਸੰਭਾਲ ਸਬੰਧੀ ਗਤੀਵਿਧੀਆਂ ਦੇ ਸਿਲਸਿਲੇ ਦੇ ਰੂਪ ਵਿੱਚ ਕਾਲਜ ਵਿਦਿਆਰਥਣਾਂ ਦੀ ਸਿਹਤ ਸੰਭਾਲ ਬਾਰੇ ਇਕ ਵਿਸ਼ੇਸ਼ ਮੈਡੀਕਲ ਕੈਂਪ ਲਗਵਾਉਣ ਦੀ ਪਹਿਲ ਕੀਤੀ, ਜਿਸ ਦੇ ਤਹਿਤ ਮਾਹਰ ਡਾਕਟਰ ਤੇ ਵੈਲਨੈੱਸ ਕੋਚ ਦੀਆਂ ਸੇਵਾਵਾਂ ਲਈਆਂ ਗਈਆਂ।ਇਹ ਵਿਸ਼ੇਸ਼ ਮੈਡੀਕਲ ਕੈਂਪ ਪ੍ਰਿੰਸੀਪਲ ਡਾ. ਰਜਿੰਦਰ ਕੌਰ ਦੀ ਅਗਵਾਈ ਹੇਠ ਸੈਲਫ ਹੈਲਪ ਗਰੁੱਪ ਤੇ ਐੱਨ.ਐੱਸ.ਐੱਸ. ਯੂਨਿਟ ਨੇ ਰੋਟਰੀ ਕਲੱਬ ਲੁਧਿਆਣਾ ਦੇ ਸਹਿਯੋਗ ਨਾਲ ਕਾਲਜ ਵਿਖੇ ਲੜਕੀਆਂ ਦੀ ਸਿਹਤ ਚੈੱਕਅਪ ਤੇ ਉਨ੍ਹਾਂ ਨੂੰ ਸਿਹਤ ਸੰਭਾਲ ਸਬੰਧੀ ਗੁਰ ਸਿਖਾਉਣ ਲਈ ਲਗਾਇਆ ਗਿਆ. ਨਿਧੀ ਸ਼ਰਮਾ ਇੰਟਰਨੈਸ਼ਨਲ ਵੈੱਲਨੈੱਸ ਕੋਚ ਨੇ ਜੰਕ ਫੂਡ ਦੇ ਨੁਕਸਾਨਾਂ ਬਾਰੇ ਦੱਸਦਿਆਂ ਕਿਹਾ ਕਿ ਅਜਿਹੇ ਜੰਕ ਫੂਡ ਖਾਣ ਤੋਂ ਗੁਰੇਜ਼ ਕਰਨਾ ਚਾਹੀਦਾ ਹੈ, ਕਿਉਂਕਿ ਇਸ ਦੀ ਵਰਤੋਂ ਨਾਲ ਮਨੁੱਖੀ ਸਰੀਰ ਨੂੰ ਅਨੇਕਾਂ ਭਿਆਨਕ ਬਿਮਾਰੀਆਂ ਲੱਗ ਜਾਂਦੀਆਂ ਹਨ।ਉਨ੍ਹਾਂ ਕਿਹਾ ਕਿ ਸਰੀਰ ਨੂੰ ਤੰਦਰੁਸਤ ਰੱਖਣ ਲਈ ਕਸਰਤ ਵੀ ਬਹੁਤ ਜ਼ਰੂਰੀ ਹੈ।ਡਾ. ਦਵਿੰਦਰ ਕੁਮਾਰ, ਮੈਡੀਕਲ ਅਫਸਰ ਸਿਵਲ ਹਸਪਤਾਲ ਮਾਛੀਵਾੜਾ ਸਾਹਿਬ ਨੇ ਅਨੀਮੀਆ ਰੋਗ ਬਾਰੇ ਦੱਸਦਿਆਂ ਕਿਹਾ ਕਿ ਇਸ ਬੀਮਾਰੀ ਤੋਂ ਬਚਣ ਲਈ ਸਭ ਨੂੰ ਆਪਣੀ ਖੁਰਾਕ ਵੱਲ ਧਿਆਨ ਦੇਣਾ ਚਾਹੀਦਾ ਹੈ।ਹਰੀਆਂ ਸਬਜ਼ੀਆਂ ਤੇ ਆਇਰਨ, ਕੈਲਸ਼ੀਅਮ ਨਾਲ ਭਰਪੂਰ ਖੁਰਾਕ ਲੈਣੀ ਚਾਹੀਦੀ ਹੈ।ਰੋਟਰੀ ਕਲੱਬ ਦੇ ਸਾਬਕਾ ਪ੍ਰਿੰਸੀਪਲ ਰਣਜੀਤ ਸਿੰਘ ਨੇ ਗੁਰਬਾਣੀ ਵਿੱਚੋਂ ਉਦਾਹਰਣਾਂ ਸਹਿਤ ਜ਼ਜ਼ਿੰਦਗੀ ਵਿੱਚ ਐਜੂਕੇਸ਼ਨ ਦੇ ਮਹੱਤਵ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ। ਸੁਰਿੰਦਰ ਸਿੰਘ ਕਟਾਰੀਆਂ ਪ੍ਰੈਜ਼ੀਡੈਂਟ ਨੇ ਰੋਟਰੀ ਕਲੱਬ ਲੁਧਿਆਣਾ ਵੱਲੋਂ ਕੀਤੇ ਜਾਣ ਵਾਲੇ ਨੈਸ਼ਨਲ ਇੰਟਰਨੈਸ਼ਨਲ ਪੱਧਰੀ ਸਮਾਜ ਭਲਾਈ ਕਾਰਜਾਂ ਬਾਰੇ ਚਾਨਣਾ ਪਾਇਆ ਗਿਆ. ਉਪਰੰਤ ਕਾਲਜ ਵਿਦਿਆਰਥਣਾਂ ਕਮਲਪ੍ਰੀਤ ਕੌਰ ਨੇ ਕਵਿਤਾ, ਪਰਮਜੀਤ ਕੌਰ ਤੇ ਕਮਲਪ੍ਰੀਤ ਕੌਰ ਨੇ ਆਪਣੇ ਭਾਸ਼ਣ ਰਾਹੀਂ ਔਰਤਾਂ ਦੀ ਸਮਾਜ ਵਿੱਚ ਸਥਿਤੀ ਸਬੰਧੀ ਆਪਣੇ ਵਿਚਾਰ ਪ੍ਰਗਟ ਕੀਤੇ।ਅਖੀਰ ਵਿੱਚ ਸਾਰੀਆਂ ਵਿਦਿਆਰਥਣਾਂ ਵੱਲੋਂ ਸਹੁੰ ਚੁੱਕੀ ਗਈ ਕਿ ਉਹ ਭਵਿੱਖ ਵਿੱਚ ਜੰਕ ਫੂਡ ਖਾਣ ਤੋਂ ਪ੍ਰਹੇਜ਼ ਕਰਨਗੀਆਂ ਤੇ ਸਰੀਰਕ ਤੰਦਰੁਸਤੀ ਲਈ ਕਸਰਤ ਨੂੰ ਪਹਿਲ ਦੇਣਗੀਆਂ।ਕਾਲਜ ਪ੍ਰਿੰਸੀਪਲ ਡਾ. ਰਜਿੰਦਰ ਕੌਰ ਨੇ ਇਸ ਮੈਡੀਕਲ ਕੈਂਪ ਦੀ ਸ਼ਲਾਘਾ ਕੀਤੀ ਤੇ ਡਾ. ਸੁਨੀਤਾ ਕੌਸ਼ਲ ਨੇ ਆਏ ਮਹਿਮਾਨਾਂ ਦਾ ਧੰਨਵਾਦ ਕੀਤਾ। ਇਸ ਮੌਕੇ ਸ਼ਿਵ ਕੁਮਾਰ ਸ਼ਿਵਲੀ ਉੱਘੇ ਸਮਾਜ ਸੇਵੀ, ਡਾ. ਬਲਵੀਰ ਸਿੰਘ ਪ੍ਰੋਜੈਕਟ ਡਾਇਰੈਕਟਰ, ਰੋਟਰੀ ਕਲੱਬ ਲੁਧਿਆਣਾ, ਜਗਦੀਸ਼ ਚਾਨਣਾ (ਮੈਂਬਰ ਐੱਨ.ਜੀ.ਓ) ਤੇ ਸੰਦੀਪ ਕੌਰ ਮੌਜੂਦ ਸਨ।ਮੰਚ ਸੰਚਾਲਨ ਦੀ ਭੂਮਿਕਾ ਪ੍ਰੋ. ਡਾ. ਜਸਵੀਰ ਕੌਰ ਨੇ ਨਿਭਾਈ।

## ਕੇ ਜੇ ਗਰੁੱਪ ਵੱਲੋਂ ਅੱਤਵਾਦ ਪੀੜਤਾਂ ਦੇ ਬੱਚਿਆਂ ਨੂੰ ਮੁਫਤ ਸਿੱਖਿਆ ਦੇਣ ਦਾ ਐਲਾਨ

### ਪਹਿਲਗਾਮ 'ਚ ਮਾਰੇ ਗਏ ਨਿਰਦੋਸ਼ ਲੋਕਾਂ ਨੂੰ ਦਿੱਤੀ ਸ਼ਰਧਾਂਜਲੀ



**ਸਮਾਣਾ (ਗੁਰਪਿਆਰ ਸਿੰਘ ਬੱਲ)**-ਕੇ. ਜੇ. ਗਰੁੱਪ ਆਫ ਇੰਸਟੀਚਿਊਟ ਦੇ ਚੇਅਰਮੈਨ ਭਾਜਪਾ ਆਗੂ ਨਲਿਨੀ ਚੋਪੜਾ, ਡਾ. ਵਿਜੇ ਸਿੰਗਲਾ, ਸਮੂਹ ਸਟਾਫ ਤੇ ਕਾਲਜ ਦੇ ਵਿਦਿਆਰਥੀਆਂ ਨੇ ਪਹਿਲਗਾਮ ਵਿੱਚ ਮਾਰੇ ਗਏ ਨਿਰਦੋਸ਼ ਲੋਕਾਂ ਦੀ ਆਤਮਿਕ ਸ਼ਾਂਤੀ ਲਈ 2 ਮਿੰਟ ਦਾ ਮੋਨ ਰੱਖ ਕੇ ਸ਼ਰਧਾਂਜਲੀ ਦਿੱਤੀ ਗਈ।ਇਸ ਗਮਗੀਨ ਮਾਹੌਨ ਵਿੱਚ ਨਲਿਨੀ ਚੋਪੜਾ ਤੇ ਵਿਜੇ ਸਿੰਗਲਾ ਨੇ ਕਿਹਾ ਕਿ ਅੱਤਵਾਦੀਆਂ ਵੱਲੋਂ ਜੋ ਕਾਇਰਤਾਪੂਰਨ ਨਿਰਦੋਸ਼ ਲੋਕਾਂ ਨੂੰ ਮਾਰਿਆ ਗਿਆ ਹੈ, ਇਸ ਨਾਲ ਸਾਰਾ ਭਾਰਤ ਬੜੇ ਹੀ ਸਦਮੇ ਵਿੱਚ ਹੈ ਤੇ ਹਰੇਕ ਭਾਰਤੀ ਦੀਆਂ ਅੱਖਾਂ ਵਿਚ ਹੰਝੂ ਹਨ।ਉਨ੍ਹਾਂ ਪਹਿਲਗਾਮ ਵਿੱਚ ਮਾਰੇ ਗਏ ਨਿਰਦੋਸ਼ ਲੋਕਾਂ ਦੇ ਪਰਵਾਰਾਂ ਨਾਲ ਹਮਦਰਦੀ ਪ੍ਰਗਟ ਕਰਦਿਆਂ ਕਿਹਾ ਕਿ ਪੂਰਾ ਭਾਰਤ ਉਨ੍ਹਾਂ ਦੇ ਨਾਲ ਖੜ੍ਹਾ ਹੈ ਤੇ ਉਨ੍ਹਾਂ ਨੂੰ ਹਰ ਕੰਮ ਵਿੱਚ ਪੂਰਾ ਸਹਿਯੋਗ ਦਵੇਗਾ।ਚੋਪੜਾ ਤੇ ਵਿਜੇ ਸਿੰਗਲਾ ਨੇ ਕਿਹਾ ਕਿ ਉਨ੍ਹਾਂ ਦੇ ਕਾਲਜ ਵੱਲੋਂ ਅੱਤਵਾਦ ਪੀੜਤ ਪਰਵਾਰਾਂ ਦੇ ਬੱਚਿਆਂ ਲਈ ਹਰ ਤਰ੍ਹਾਂ ਦੀ ਉਨ੍ਹਾਂ ਦੇ ਸਕੂਲ ਵਿੱਚ ਸਿੱਖਿਆ ਤੇ ਕਾਲਜ ਵਿੱਚ ਬੀ. ਐੱਡ ਡੀ. ਫਾਰਮੇਸੀ ਅਤੇ ਈ. ਟੀ. ਟੀ. ਡਿਗਰੀ ਬਿਲਕੁਲ ਮੁਫਤ ਵਿੱਚ ਕਰਵਾਈ ਜਾਵੇਗੀ।ਉਨ੍ਹਾਂ ਕਿਹਾ ਕਿ ਭਾਰਤ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ 'ਤੇ ਲੋਕਾਂ ਨੂੰ ਪੂਰਾ ਭਰੋਸਾ ਹੈ ਕਿ ਉਹ ਨਿਰਦੋਸ਼ ਲੋਕਾਂ ਦੀ ਹੱਤਿਆ ਕਰਨ ਵਾਲੇ ਅੱਤਵਾਦੀਆਂ ਨੂੰ ਪਾਤਾਲ ਵਿੱਚੋਂ ਵੀ ਲੱਭ ਕੇ ਉਨ੍ਹਾਂ ਨੂੰ ਅਤੇ ਪਾਕਿਸਤਾਨ ਨੂੰ ਉਨ੍ਹਾਂ ਦੇ ਕੀਤੇ ਦੀ ਅਜਿਹੀ ਸਜ਼ਾ ਦੇਣਗੇ ਕਿ ਫਿਰ ਕਦੀ ਕੋਈ ਵੀ ਭਾਰਤ ਦੇਸ਼ ਵਿੱਚ ਅਜਿਹਾ ਕਰਨ ਦੀ ਸੋਚੇਗਾ ਵੀ ਨਹੀਂ।ਇਸ ਮੌਕੇ ਰਾਜੀਵ ਗਰਗ, ਡਾ. ਭਾਰਤੀ ਸਿੰਘ ਲਟਵਾ, ਗੁਰਪ੍ਰੀਤ ਕੌਰ, ਨਵਪ੍ਰੀਤ ਸਿੰਘ, ਅਸ਼ੀਸ਼ ਚੋਪੜਾ ਆਦਿ ਹਾਜ਼ਰ ਸਨ।

# ਪੰਜਾਬੀ ਯੂਨੀਵਰਸਿਟੀ ਨੇ ਮਨਾਇਆ ਸਥਾਪਨਾ ਦਿਵਸ



**ਪਟਿਆਲਾ (ਰਾਜਿੰਦਰ ਥਿੰਦ)**

ਪੰਜਾਬੀ ਯੂਨੀਵਰਸਿਟੀ ਦਾ ਸਥਾਪਨਾ ਦਿਵਸ ਇਸ ਵਾਰ 'ਦਸਵੀਂ ਵਿਸ਼ਵ ਪੰਜਾਬੀ ਸਾਹਿਤ ਕਾਨਫ਼ਰੰਸ' ਦੇ ਉਦਘਾਟਨ ਨਾਲ ਮਨਾਇਆ ਗਿਆ। ਪੰਜਾਬੀ ਸਾਹਿਤ ਅਧਿਐਨ ਵਿਭਾਗ ਵੱਲੋਂ 'ਪੰਜਾਬੀ ਸਾਹਿਤ ਤੇ ਸੱਭਿਆਚਾਰ : ਸਥਿਤੀ ਤੇ ਸੰਭਾਵਨਾਵਾਂ' ਵਿਸ਼ੇ ਉੱਤੇ ਕਰਵਾਈ ਜਾ ਰਹੀ ਇਸ ਕਾਨਫ਼ਰੰਸ ਦੇ ਉਦਘਾਟਨੀ ਸਮਾਰੋਹ ਮੌਕੇ ਸਥਾਪਨਾ ਦਿਵਸ ਸਬੰਧੀ ਭਾਸ਼ਣ ਯੂਨੀਵਰਸਿਟੀ ਦੇ ਸਾਬਕਾ ਵਾਈਸ ਚਾਂਸਲਰ ਪ੍ਰੋ. ਬੀ. ਐੱਸ. ਘੁੰਮਣ ਵੱਲੋਂ ਦਿੱਤਾ ਗਿਆ। ਇਸ ਮੌਕੇ ਵਾਈਸ ਚਾਂਸਲਰ ਪ੍ਰੋ. ਕਰਮਜੀਤ ਸਿੰਘ ਨੇ ਵੀਡੀਓ ਸੰਦੇਸ਼ ਰਾਹੀਂ ਆਪਣਾ ਪ੍ਰਧਾਨਗੀ ਭਾਸ਼ਣ ਦਿੰਦਿਆਂ ਕਿਹਾ ਕਿ ਪੰਜਾਬੀ ਯੂਨੀਵਰਸਿਟੀ ਕੋਲ ਆਪਣੀ ਇੱਕ ਗੌਰਵਮਈ ਵਿਰਾਸਤ ਹੈ, ਜਿਸ ਉੱਤੇ ਸਾਨੂੰ ਸਾਰਿਆਂ ਨੂੰ ਮਾਣ ਹੈ। ਉਨ੍ਹਾਂ ਕਿਹਾ ਕਿ ਯੂਨੀਵਰਸਿਟੀ ਦੀ ਬਿਹਤਰੀ ਲਈ ਹਰੇਕ ਅਧਿਆਪਕ ਦਾ ਫਰਜ਼ ਹੈ ਕਿ ਉਹ ਆਪਣੇ ਆਪਣੇ ਹਿੱਸੇ ਦੀ ਬਣਦੀ ਜ਼ਿੰਮੇਵਾਰੀ ਸੁਹਿਰਦਤਾ ਨਾਲ ਨਿਭਾਵੇ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਨੂੰ ਵੀ ਪੰਜਾਬੀ ਯੂਨੀਵਰਸਿਟੀ ਦੀ ਮਹਾਨਤਾ ਨੂੰ ਸਮਝਦਿਆਂ ਇਸ ਤੋਂ ਲਾਭ ਉਠਾਉਣਾ ਚਾਹੀਦਾ ਹੈ। ਪ੍ਰੋ. ਬੀ. ਐੱਸ. ਘੁੰਮਣ ਨੇ ਆਪਣੇ ਭਾਸ਼ਣ ਵਿੱਚ ਕਿਹਾ ਕਿ ਪੰਜਾਬ ਨੂੰ ਜਿੰਨੇ ਵਿਦਵਾਨ ਪੰਜਾਬੀ ਯੂਨੀਵਰਸਿਟੀ ਨੇ ਦਿੱਤੇ ਹਨ, ਓਨੇ ਸ਼ਾਇਦ ਹੀ ਕਿਸੇ ਹੋਰ ਅਦਾਰੇ ਨੇ ਦਿੱਤੇ ਹੋਣ। ਉਨ੍ਹਾਂ ਕਿਹਾ ਕਿ ਪੰਜਾਬੀ ਯੂਨੀਵਰਸਿਟੀ ਅਗਾਂਹਵਧੂ ਵਿਚਾਰਾਂ ਤੇ ਨਵੀਂਆਂ ਪਹਿਲਕਦਮੀਆਂ ਦੀ ਨਰਸਰੀ ਹੈ। ਇਹ ਉਹ ਅਦਾਰਾ ਹੈ, ਜਿੱਥੇ ਹਰ ਤਰ੍ਹਾਂ ਦੇ ਵਿਚਾਰਾਂ ਨੂੰ ਬਰਾਬਰ ਦੀ ਜਗ੍ਹਾ ਮਿਲਦੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਜਿੰਨੀਆਂ ਵੀ ਲੋਕ ਲਹਿਰਾਂ ਪੈਦਾ ਹੋਈਆਂ ਹਨ, ਉਨ੍ਹਾਂ ਸਭ ਵਿੱਚ ਪੰਜਾਬੀ ਯੂਨੀਵਰਸਿਟੀ ਦਾ ਭਰਪੂਰ ਯੋਗਦਾਨ ਹੈ। ਉਨ੍ਹਾਂ ਕਿਹਾ ਕਿ ਵਿੱਤ ਤੇ ਅਕਾਦਮਿਕ ਪੱਖੋਂ ਪੱਛੜੇ ਲੋਕਾਂ ਲਈ ਹਮੇਸ਼ਾ ਹੀ ਪੰਜਾਬੀ ਯੂਨੀਵਰਸਿਟੀ ਡੱਟ ਕੇ ਖੜ੍ਹੀ ਹੈ। ਉਨ੍ਹਾਂ ਕਿਹਾ ਕਿ ਪੱਛੜੇ ਵਰਗਾਂ ਤੇ ਲੜਕੀਆਂ ਨੂੰ ਉਚੇਰੀ ਸਿੱਖਿਆ ਪ੍ਰਦਾਨ ਕਰਨ ਵਿੱਚ ਪੰਜਾਬੀ ਯੂਨੀਵਰਸਿਟੀ ਦਾ ਵਿਸ਼ੇਸ਼ ਯੋਗਦਾਨ ਹੈ। ਉਨ੍ਹਾਂ ਇਹ ਵੀ ਸੁਝਾਇਆ ਕਿ ਭਵਿੱਖ ਵਿੱਚ ਨਵੀਂਆਂ ਚੁਣੌਤੀਆਂ ਦਾ ਸਾਹਮਣਾ ਕਰਨ ਲਈ ਯੂਨੀਵਰਸਿਟੀ ਨੂੰ ਏ. ਆਈ. ਜਿਹੇ ਖੇਤਰਾਂ ਵਿੱਚ ਹੋਰ ਵਧੇਰੇ ਗਹਿਰਾਈ ਨਾਲ ਕੰਮ ਕਰਨ ਦੀ ਲੋੜ ਹੈ। ਯੂਨੀਵਰਸਿਟੀ ਨੂੰ ਵਿਸ਼ੇਸ਼ ਏ. ਆਈ. ਨੀਤੀ ਤਿਆਰ ਕਰਨੀ ਚਾਹੀਦੀ ਹੈ। ਉਨ੍ਹਾਂ ਇਹ ਵੀ ਸੁਝਾਇਆ ਕਿ ਯੂਨੀਵਰਸਿਟੀ ਨੂੰ ਨਾ ਸਿਰਫ਼ ਆਪਣੇ ਗੌਰਵਮਈ ਇਤਿਹਾਸ ਨੂੰ ਹੀ ਦਸਤਾਵੇਜ਼ ਰੂਪ ਵਿੱਚ ਲਿਖਣਾ ਚਾਹੀਦਾ ਹੈ, ਬਲਕਿ ਭਵਿੱਖ ਲਈ ਵਿਜ਼ਨ ਦਸਤਾਵੇਜ਼ ਵੀ ਤਿਆਰ ਕਰਨਾ ਚਾਹੀਦਾ ਹੈ। ਡੀਨ ਅਕਾਦਮਿਕ ਮਾਮਲੇ ਪ੍ਰੋ. ਨਰਿੰਦਰ ਕੌਰ ਮੁਲਤਾਨੀ ਨੇ ਸਵਾਗਤੀ ਭਾਸ਼ਣ ਦੌਰਾਨ ਪੰਜਾਬੀ ਯੂਨੀਵਰਸਿਟੀ ਵੱਲੋਂ ਕੀਤੀਆਂ ਜਾ ਰਹੀਆਂ ਵੱਖ-ਵੱਖ ਪਹਿਲਕਦਮੀਆਂ ਬਾਰੇ ਜਾਣਕਾਰੀ ਦਿੱਤੀ। ਕਾਨਫ਼ਰੰਸ ਦੇ ਉਦਘਾਟਨੀ ਸੈਸ਼ਨ ਵਿੱਚ ਮੁੱਖ ਮਹਿਮਾਨ ਵਜੋਂ ਪੁੱਜੇ ਕੈਨੇਡਾ ਦੀ ਥਾਮਸਨ ਰਿਵਰਜ਼ ਯੂਨੀਵਰਸਿਟੀ ਤੋਂ ਪ੍ਰੋਫ਼ੈਸਰ ਅਮੈਰੀਟਸ ਪ੍ਰੋ. ਸੁਰਿੰਦਰ ਧੰਜਲ ਨੇ ਸਥਾਪਨਾ ਦਿਵਸ ਦੀ ਵਧਾਈ ਦਿੰਦਿਆਂ ਕਿਹਾ ਕਿ ਯੂਨੀਵਰਸਿਟੀ ਅਸਲ ਵਿੱਚ ਵਿਦਿਆਰਥੀਆਂ ਨਾਲ ਹੀ ਬਣਦੀ ਹੈ। ਇਸ ਲਈ ਯੂਨੀਵਰਸਿਟੀਆਂ ਨੂੰ ਵਿਦਿਆਰਥੀ ਕੇਂਦਰਿਤ ਅਕਾਦਮਿਕ ਮਾਹੌਲ ਦੀ ਸਿਰਜਣਾ ਵੱਲ ਧਿਆਨ ਦੇਣਾ ਚਾਹੀਦਾ ਹੈ। ਕਾਨਫ਼ਰੰਸ ਦਾ ਮੁੱਖ-ਸੁਰ ਭਾਸ਼ਣ ਉੱਘੇ ਵਿਦਵਾਨ ਪ੍ਰੋ. ਤੇਜਵੰਤ ਸਿੰਘ ਗਿੱਲ ਵੱਲੋਂ ਦਿੱਤਾ ਗਿਆ। ਭਾਸ਼ਣ ਦੌਰਾਨ ਉਨ੍ਹਾਂ ਵੱਖ-ਵੱਖ ਖੇਤਰਾਂ ਵਿੱਚ ਕੀਤੇ ਆਪਣੇ ਕਾਰਜਾਂ ਦੇ ਹਵਾਲੇ ਨਾਲ ਗੱਲ ਕੀਤੀ। ਰਜਿਸਟਰਾਰ ਪ੍ਰੋ. ਸੰਜੀਵ ਪੁਰੀ ਨੇ ਧੰਨਵਾਦੀ ਭਾਸ਼ਣ ਦੌਰਾਨ ਯੂਨਵਰਸਿਟੀ ਵਿਖੇ ਸਥਾਪਤ ਕੀਤੀ ਗਈ ਡਿਜੀਟਲਕਰਨ ਸਬੰਧੀ ਲੈਬ ਬਾਰੇ ਜਾਣਕਾਰੀ ਦਿੱਤੀ। ਪ੍ਰੋਗਰਾਮ ਦੌਰਾਨ ਮੰਚ ਸੰਚਾਲਨ ਦਾ ਕਾਰਜ ਡੀਨ ਅਲੂਮਨੀ ਡਾ. ਗੁਰਮੁਖ ਸਿੰਘ ਤੇ ਪੰਜਾਬੀ ਸਾਹਿਤ ਅਧਿਐਨ ਵਿਭਾਗ ਦੇ ਮੁਖੀ ਡਾ. ਪਰਮੀਤ ਕੌਰ ਨੇ ਕੀਤਾ। ਇਸ ਮੌਕੇ ਪੰਜਾਬੀ ਯੂਨੀਵਰਸਿਟੀ ਦੇ ਵੱਡੀ ਉਮਰ ਦੇ ਤਿੰਨ ਸਾਬਕਾ ਕਰਮਚਾਰੀਆਂ ਸ੍ਰੀ ਰਾਜਿੰਦਰ ਕੁਮਾਰ ਮਲਹੋਤਰਾ, ਡਾ. ਰਾਮ ਮੂਰਤੀ ਗੋਇਲ ਤੇ ਪ੍ਰੋ. ਕਿਰਪਾਲ ਕਜ਼ਾਕ ਨੂੰ ਸਨਮਾਨਤ ਵੀ ਕੀਤਾ ਗਿਆ।

## ਭਾਰਤ ਵਿਕਾਸ ਪ੍ਰੀਸ਼ਦ ਨੇ ਲੋੜਵੰਦ ਬੱਚਿਆਂ ਨੂੰ ਬੈਗ ਦਿੱਤੇ



**ਨਾਭਾ (ਵਰਿੰਦਰ ਵਰਮਾ)**-ਭਾਰਤ ਵਿਕਾਸ ਪ੍ਰੀਸ਼ਦ ਇਕਾਈ ਨਾਭਾ ਵੱਲੋਂ ਸੇਵਾ ਭਾਰਤੀ ਬਾਲ ਸੰਸਕਾਰ ਕੇਂਦਰ ਬੂਹੀ ਰੋਡ ਜੇਲ੍ਹ ਦੇ ਸਾਹਮਣੇ ਵਿਦਿਆਰਥੀਆਂ ਨੂੰ ਸਕੂਲ ਬੈਗ ਦਿੱਤੇ ਗਏ।ਇਸ ਮੌਕੇ ਸੰਸਥਾ ਦੇ ਪ੍ਰਧਾਨ ਨਰਿੰਦਰ ਵਰਮਾ, ਜਨਰਲ ਸਕੱਤਰ ਵਿਕਾਸ ਮਿੱਤਲ ਤੇ ਕੈਸ਼ੀਅਰ ਅਸ਼ਵਨੀ ਮਦਾਨ ਨੇ ਦੱਸਿਆ ਕਿ ਸੰਸਥਾ ਵੱਲੋਂ ਹਮੇਸ਼ਾ ਹੀ ਸਮਾਜ ਭਲਾਈ ਦੇ ਕਾਰਜ ਕੀਤੇ ਜਾਂਦੇ ਹਨ, ਉੱਥੇ ਹੀ ਸਕੂਲਾਂ ਵਿੱਚ ਲੋੜਵੰਦ ਬੱਚਿਆਂ ਨੂੰ ਵਰਦੀਆਂ, ਬੂਟ, ਜਰਾਬਾਂ ਤੇ ਸਟੇਸ਼ਨਰੀ ਦਿੱਤੀ ਜਾਂਦੀ ਹੈ ਤਾਂ ਕਿ ਬੱਚਿਆਂ ਨੂੰ ਪੜ੍ਹਾਈ ਵਿੱਚ ਕਿਸੇ ਪ੍ਰਕਾਰ ਦੀ ਕੋਈ ਸਮੱਸਿਆ ਨਾ ਆਵੇ।ਉਨ੍ਹਾਂ ਕਿਹਾ ਕਿ ਇਸ ਲੜੀ ਤਹਿਤ ਅੱਜ ਇਹ ਸਕੂਲ ਬੈਗ ਸਾਡੀ ਸੰਸਥਾ ਦੇ ਮੈਂਬਰ ਡਾਕਟਰ ਗਗਨਦੀਪ ਸ਼ਰਮਾ ਵੱਲੋਂ ਦਿੱਤੇ ਗਏ ਹਨ।ਉਨ੍ਹਾਂ ਕਿਹਾ ਕਿ ਇਹ ਸਮਾਜ ਭਲਾਈ ਦੇ ਕਾਰਜ ਮੈਂਬਰਾਂ ਦੇ ਸਹਿਯੋਗ ਨਾਲ ਕੀਤੇ ਜਾਂਦੇ ਹਨ।ਇਸ ਮੌਕੇ ਸੇਵਾ ਭਾਰਤੀ ਦੇ ਪ੍ਰਧਾਨ ਚੰਦਨ ਪ੍ਰਕਾਸ਼ ਸ਼ਰਮਾ, ਏ ਕੇ ਸਿਵਾਸਤਵ ਸੱਤ ਵੀਰ ਕੌਰ ਦੀਦੀ, ਲਲਿਤ ਸ਼ਰਮਾ, ਓਮ ਪ੍ਰਕਾਸ਼ ਠੇਕੇਦਾਰ, ਐਡਵੋਕੇਟ ਯਸ਼ਪਾਲ ਸਿੰਗਲਾ, ਮੈਡਮ ਰਜਨੀ ਮਿੱਤਲ ਆਦਿ ਮੈਂਬਰ ਹਾਜ਼ਰ ਸਨ।

## ਮਹਾਪ੍ਰਗਯ ਸਕੂਲ ਦਾ ਦਸਵੀਂ ਤੇ ਬਾਰਵੀਂ ਦਾ ਨਤੀਜਾ ਸ਼ਾਨਦਾਰ




**ਜਗਰਾਉਂ (ਸੰਜੀਵ ਅਰੋੜਾ)**-ਸਥਾਨਕ ਮਹਾਪ੍ਰਗਯ ਸਕੂਲ ਦੇ ਵਿਦਿਆਰਥੀਆਂ ਨੇ ਚੰਗੇ ਨੰਬਰ ਪ੍ਰਾਪਤ ਕਰਕੇ ਸਿੱਖਿਆ ਦੇ ਖੇਤਰ ਵਿੱਚ ਮੱਲਾਂ ਮਾਰੀਆਂ। ਜਮਾਤ ਦਸਵੀਂ ਦੇ ਵਿਦਿਆਰਥੀ ਦਲਵੀਰ ਸਿੰਘ ਹਾਂਸ ਨੇ 92 ਪ੍ਰਤੀਸ਼ਤ ਨੰਬਰਾਂ ਨਾਲ ਪਹਿਲਾ, ਤਨਵੀਰ ਕੌਰ ਨੇ 90 ਪ੍ਰਤੀਸ਼ਤ ਅੰਕ ਪ੍ਰਾਪਤ ਕਰਕੇ ਦੂਜਾ ਤੇ ਇਸ਼ਮੀਤ ਕੌਰ ਨੇ 89 ਪ੍ਰਤੀਸ਼ਤ ਅੰਕਾਂ ਨਾਲ ਤੀਜਾ ਸਥਾਨ ਪ੍ਰਾਪਤ ਕੀਤਾ। ਜਮਾਤ ਬਾਰਵੀਂ ਦੇ ਸਾਇੰਸ ਭਾਗ ਵਿੱਚੋਂ ਅਰਸ਼ਦੀਪ ਕੌਰ ਨੇ 95 ਪ੍ਰਤੀਸ਼ਤ ਅੰਕ ਪ੍ਰਾਪਤ ਕਰਕੇ ਪਹਿਲਾ, ਮਨਕੀਰਤ ਕੌਰ ਨੇ 93 ਪ੍ਰਤੀਸ਼ਤ ਅੰਕਾਂ ਨਾਲ ਦੂਜਾ ਸਥਾਨ ਤੇ ਹਰਵੀਰ ਕੌਰ ਨੇ 92 ਪ੍ਰਤੀਸ਼ਤ ਅੰਕਾਂ ਨਾਲ ਤੀਜਾ ਸਥਾਨ ਪ੍ਰਾਪਤ ਕੀਤਾ। ਕਾਮਰਸ ਭਾਗ ਵਿੱਚੋਂ ਤਨਵੀਰ ਕੌਰ ਨੇ 95 ਪ੍ਰਤੀਸ਼ਤ ਅੰਕਾਂ ਨਾਲ ਪਹਿਲਾ, ਸਿਮਰਨ ਕੌਰ ਨੇ 94 ਪ੍ਰਤੀਸ਼ਤ ਅੰਕ ਪ੍ਰਾਪਤ ਕਰਕੇ ਤੇ ਸਮਰਿਧੀ ਵਰਮਾ ਨੇ 89 ਪ੍ਰਤੀਸ਼ਤ ਅੰਕ ਪ੍ਰਾਪਤ ਕਰਕੇ ਤੀਜਾ ਸਥਾਨ ਪ੍ਰਾਪਤ ਕੀਤਾ। ਸਕੂਲ ਦੇ ਡਾਇਰੈਕਟਰ ਵਿਸ਼ਾਲ ਜੈਨ ਨੇ ਸਾਰੇ ਵਿਦਿਆਰਥੀਆਂ ਨੂੰ ਵਧਾਈਆਂ ਦਿੱਤੀਆਂ ਤੇ ਜ਼ਿੰਦਗੀ ਵਿੱਚ ਚੰਗੇ ਮੁਕਾਮ ਪ੍ਰਾਪਤ ਕਰਨ ਲਈ ਪ੍ਰੇਰਿਤ ਕੀਤਾ। ਪ੍ਰਿੰਸੀਪਲ ਮੈਡਮ ਪ੍ਰਭਜੀਤ ਕੌਰ ਵਰਮਾ ਦੁਆਰਾ ਵਿਦਿਆਰਥੀਆਂ ਦਾ ਮੂੰਹ ਮਿੱਠਾ ਕਰਵਾਇਆ ਗਿਆ ਤੇ ਸਾਰੇ ਵਿਦਿਆਰਥੀਆਂ ਨੂੰ ਇਸੇ ਤਰ੍ਹਾਂ ਨਿਰੰਤਰ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ ਤਾਂ ਜੋ ਵਿਦਿਆਰਥੀ ਸਮਾਜ ਵਿੱਚ ਆਪਣਾ ਨਾਮ ਰੌਸ਼ਨ ਕਰ ਸਕਣ। ਸਕੂਲ ਦੇ ਕੋਆਰਡੀਨੇਟਰ ਸੁਰਿੰਦਰ ਕੌਰ ਤੇ ਮੈਨੇਜਰ ਮਨਜੀਤ ਇੰਦਰ ਕੁਮਾਰ ਅਤੇ ਸਾਰੇ ਅਧਿਆਪਕ ਸਾਹਿਬਾਨਾਂ ਨੇ ਵਿਦਿਆਰਥੀਆਂ ਨੂੰ ਵਧਾਈਆਂ ਦਿੱਤੀਆਂ ਅਤੇ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਵੀ ਉਹ ਆਪਣੇ ਵਿਦਿਆਰਥੀਆਂ ਲਈ ਹਰ ਤਰ੍ਹਾਂ ਦੀ ਸਹਾਇਤਾ ਕਰਨ ਲਈ ਹਾਜ਼ਰ ਹਨ।

## ਹਰਿਆਣਾ ਨੂੰ ਪਾਣੀ ਦੇਣ ਖਿਲਾਫ 'ਆਪ' ਨੇ ਦੀਨਾਨਗਰ 'ਚ ਭਾਜਪਾ ਪ੍ਰਧਾਨ ਦਾ ਸਾੜਿਆ ਪੁਤਲਾ



**ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)**- ਪੰਜਾਬ ਦੇ ਸਖ਼ਤ ਵਿਰੋਧ ਦੇ ਬਾਵਜੂਦ ਭਾਖੜਾ ਬਿਆਸ ਮੈਨੇਜਮੈਂਟ ਬੋਰਡ ਵੱਲੋਂ ਪੰਜਾਬ ਦੇ ਗੁਆਂਢੀ ਸੂਬੇ ਹਰਿਆਣਾ ਨੂੰ ਆਪਣੇ ਹਿੱਸੇ ਨਾਲੋਂ 8500 ਕਿਊਸਿਕ ਪਾਣੀ ਵੱਧ ਦੇਣ ਦੇ ਫੈਸਲੇ ਦੇ ਖਿਲਾਫ ਸੂਬੇ ਦੀ ਸੱਤਾਧਾਰੀ ਆਮ ਆਦਮੀ ਪਾਰਟੀ ਨੇ ਭਾਜਪਾ ਉੱਪਰ ਤਗੜਾ ਹਮਲਾ ਬੋਲਿਆ ਹੈ। ਭਾਖੜਾ ਬਿਆਸ ਮੈਨੇਜਮੈਂਟ ਬੋਰਡ ਦੇ ਫੈਸਲੇ ਨੂੰ ਪੰਜਾਬ ਦੇ ਪਾਣੀਆਂ ਉੱਪਰ ਕੇਂਦਰੀ ਸੱਤਾ 'ਤੇ ਬੈਠੀ ਭਾਜਪਾ ਵੱਲੋਂ ਮਾਰਿਆ ਗਿਆ ਡਾਕਾ ਕਰਾਰ ਦਿੰਦਿਆਂ ਅੱਜ ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਸ਼ਹਿਰੀ ਤੇ ਹਲਕਾ ਇੰਚਾਰਜ ਦੀਨਾਨਗਰ ਸ਼ਮਸ਼ੇਰ ਸਿੰਘ ਦੀ ਅਗਵਾਈ ਹੇਠ ਦੀਨਾਨਗਰ ਬੱਸ ਸਟੈਂਡ ਦੇ ਬਾਹਰ ਭਾਜਪਾ ਖਿਲਾਫ ਰੋਸ ਮੁਜ਼ਾਹਰਾ ਕਰਦਿਆਂ ਭਾਜਪਾ ਪ੍ਰਧਾਨ ਜੇ ਪੀ ਨੱਢਾ ਦਾ ਪੁਤਲਾ ਸਾੜਿਆ ਗਿਆ। ਇਸ ਮੌਕੇ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਨੇ ਕਿਹਾ ਕਿ ਭਾਰਤੀ ਜਨਤਾ ਪਾਰਟੀ ਸ਼ੁਰੂ ਤੋਂ ਹੀ ਪੰਜਾਬ ਵਿਰੋਧੀ ਰਹੀ ਹੈ ਅਤੇ ਇਸ ਦੇ ਆਗੂਆਂ ਨੇ ਹਮੇਸ਼ਾ ਪੰਜਾਬ ਵਿਰੋਧੀ ਫੈਸਲੇ ਲਏ ਹਨ। ਹੁਣ ਵੀ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਨੇ ਹਰਿਆਣਾ ਦੀ ਭਾਜਪਾ ਸਰਕਾਰ ਨੂੰ ਖੁਸ਼ ਕਰਨ ਲਈ ਭਾਖੜਾ ਬਿਆਸ ਮੈਨੇਜਮੈਂਟ ਬੋਰਡ ਰਾਹੀਂ ਪੰਜਾਬ ਦੇ ਪਾਣੀਆਂ ਉੱਪਰ ਡਾਕਾ ਮਾਰਨ ਦੀ ਕੋਸ਼ਿਸ਼ ਕਰਕੇ ਪੰਜਾਬੀਆਂ ਨਾਲ ਵੱਡਾ ਧ੍ਰੋਹ ਕਮਾਇਆ ਹੈ। ਉਹਨਾਂ ਕਿਹਾ ਕਿ ਹਰਿਆਣਾ ਕੋਲ ਪਹਿਲਾਂ ਹੀ ਪਾਣੀ ਦੀ ਕਮੀ ਹੈ ਅਤੇ ਆਪਣੀ ਸਿੰਚਾਈ ਦੀਆਂ ਲੋੜਾਂ ਪੂਰੀਆਂ ਕਰਨ ਲਈ ਪੰਜਾਬ ਨੂੰ ਧਰਤੀ ਹੇਠਲੇ ਪਾਣੀ ਦੀ ਵਰਤੋਂ ਕਰਨੀ ਪੈ ਰਹੀ ਹੈ। ਪਰ ਪੰਜਾਬ ਦੀ ਸਥਿਤੀ ਨੂੰ ਸਮਝਣ ਦੀ ਬਜਾਏ ਹਰਿਆਣਾ ਪੰਜਾਬ ਦੇ ਪਾਣੀਆਂ ਉੱਪਰ ਮਾੜੀ ਅੱਖ ਰੱਖੀ ਬੈਠਾ ਹੈ, ਜਦੋਂਕਿ ਹਰਿਆਣਾ ਪਹਿਲਾਂ ਹੀ ਬੀ ਬੀ ਐਮ ਬੀ ਚੋਂ ਆਪਣੇ ਹਿੱਸੇ ਤੋਂ ਵਾਧੂ ਪਾਣੀ ਵਰਤ ਰਿਹਾ ਹੈ। ਸ਼ਮਸ਼ੇਰ ਸਿੰਘ ਨੇ ਕਿਹਾ ਕਿ ਭਾਰਤੀ ਜਨਤਾ ਪਾਰਟੀ ਦੀ ਪੰਜਾਬ ਖਿਲਾਫ ਇਸ ਸਾਜ਼ਿਸ਼ ਨੂੰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਕਦੇ ਵੀ ਬਰਦਾਸ਼ਤ ਨਹੀਂ ਕਰੇਗੀ। ਇਸ ਮੌਕੇ ਰਿਟ. ਪ੍ਰਿੰਸੀਪਲ ਸੁਖਦੇਵ ਰਾਜ, ਜਗਜੀਤ ਸਿੰਘ ਪਿੰਟਾ, ਬਲਾਕ ਪ੍ਰਧਾਨ ਮਨਜਿੰਦਰ ਸਿੰਘ ਗੋਰਾ ਕੰਡੇਵਾਲ, ਬਲਾਕ ਪ੍ਰਧਾਨ ਪਰਵਿੰਦਰ ਸਿੰਘ, ਬਲਾਕ ਪ੍ਰਧਾਨ ਹਰਦੇਵ ਸਿੰਘ, ਬਲਾਕ ਪ੍ਰਧਾਨ ਰਾਜੀਵ ਸੈਣੀ, ਬਲਾਕ ਪ੍ਰਧਾਨ ਅਨੂਪ ਸਿੰਘ ਬਹਿਰਾਮਪੁਰ, ਬਲਾਕ ਪ੍ਰਧਾਨ ਦੀਪਕ ਚੇਚੀਆਂ, ਸਰਪੰਚ ਗੌਰਵ ਸ਼ਾਹਪੁਰ, ਸਰਪੰਚ ਕੁਲਵੰਤ ਸਿੰਘ ਕਲੀਚਪੁਰ, ਸਰਪੰਚ ਨਿਤਿਨ ਸੈਣੀ ਦੋਦਵਾਂ, ਸਰਪੰਚ ਗੁਰਦੀਪ ਸਿੰਘ ਚੁਹੜਚੱਕ, ਯੂਥ ਆਗੂ ਨੋਬਲ ਸਿੰਘ ਤਲਵੰਡੀ ਦੇ ਇਲਾਵਾ ਵੱਡੀ ਗਿਣਤੀ ਚ ਆਮ ਆਦਮੀ ਪਾਰਟੀ ਦੇ ਅਹੁਦੇਦਾਰ ਤੇ ਵਰਕਰ ਹਾਜ਼ਰ ਸਨ।

## ਹਰ ਇੱਕ ਨੂੰ ਰੁਜ਼ਗਾਰ ਦੇਣ ਲਈ ਕੰਮ ਸਮਾਂ ਘੱਟ ਕੀਤਾ ਜਾਵੇ : ਦਦੇਹਰ, ਚੋਹਲਾ



**ਚੋਹਲਾ ਸਾਹਿਬ (ਰਮਨ ਚੱਢਾ)**- ਭਾਰਤੀ ਕਮਿਊਨਿਸਟ ਪਾਰਟੀ ਵੱਲੋਂ ਕੌਮਾਂਤਰੀ ਮਜ਼ਦੂਰ ਦਿਵਸ 'ਤੇ ਸ਼ਹੀਦਾਂ ਦੀ ਮਹਾਨ ਕੁਰਬਾਨੀ ਨੂੰ ਸਿਜਦਾ ਕੀਤਾ ਗਿਆ। ਨਗਰ ਚੋਹਲਾ ਵਿਖੇ ਕਿਰਤੀ ਲੋਕਾਂ ਦਾ ਪ੍ਰਭਾਵਸ਼ਾਲੀ ਇਕੱਠ ਕਰਕੇ ਲਾਲ ਝੰਡਾ ਲਹਿਰਾਇਆ ਗਿਆ। ਇਸ ਮੌਕੇ ਭਾਰਤੀ ਕਮਿਊਨਿਸਟ ਪਾਰਟੀ ਦੇ ਬਲਾਕ ਸਕੱਤਰ ਕਾਮਰੇਡ ਬਲਵਿੰਦਰ ਸਿੰਘ ਦਦੇਹਰ ਤੇ ਕੁੱਲ ਹਿੰਦ ਕਿਸਾਨ ਸਭਾ ਦੇ ਪ੍ਰਧਾਨ ਪਰਮਜੀਤ ਸਿੰਘ ਚੋਹਲਾ ਨੇ ਕਿਹਾ ਕਿ ਅੱਜ ਮਿਹਨਤਕਸ਼ ਲੋਕਾਂ ਦਾ ਜੀਣਾ ਮੁਹਾਲ ਹੋ ਗਿਆ ਹੈ। ਮਜ਼ਦੂਰਾਂ, ਕਿਸਾਨਾਂ ਤੇ ਹੋਰ ਮਿਹਨਤਕਸ਼ ਲੋਕਾਂ ਦੇ ਬੱਚੇ ਬੇਰੁਜ਼ਗਾਰ ਫਿਰ ਰਹੇ ਹਨ। ਹਾਕਮ ਉਹਨਾਂ ਨੂੰ ਗੈਰ ਸਮਾਜੀ ਧੰਦਿਆਂ ਵਿੱਚ ਧੱਕ ਰਹੇ ਹਨ। ਮਜ਼ਦੂਰਾਂ ਨੂੰ ਉਨ੍ਹਾਂ ਦੀ ਮਿਹਨਤ ਦਾ ਪੂਰਾ ਮੁੱਲ ਨਹੀਂ ਮਿਲਦਾ। ਪੰਜਾਬ ਵਿੱਚ ਘੱਟੋ ਘੱਟ ਉਜਰਤ ਦਸ ਹਜ਼ਾਰ ਰੁਪਏ ਮਹੀਨਾ ਹੈ, ਜਦੋਂ ਕਿ ਘੱਟੋ ਘੱਟ ਉਜਰਤ 35000 ਰੁਪਏ ਮਹੀਨਾ ਚਾਹੀਦੀ ਹੈ। ਅੱਜ ਲੋੜ ਹੈ ਕਿ ਕੰਮ ਦਿਨ ਸਮਾਂ ਅੱਠ ਘੰਟੇ ਦੀ ਬਜਾਏ ਕਾਨੂੰਨੀ ਤੌਰ 'ਤੇ ਛੇ ਘੰਟੇ ਕੀਤਾ ਜਾਵੇ ਤਾਂ ਜੋ ਹੋਰ ਬੇਰੁਜ਼ਗਾਰਾਂ ਨੂੰ ਰੁਜ਼ਗਾਰ ਮਿਲੇ ਤੇ ਕੰਮ 'ਤੇ ਲੱਗਿਆਂ ਨੂੰ ਪਰਿਵਾਰਕ ਜ਼ਿੰਦਗੀ ਲਈ ਹੋਰ ਸਮਾਂ ਮਿਲੇ। ਮਜ਼ਦੂਰਾਂ ਕਿਸਾਨਾਂ ਦੀ ਬੁਢਾਪਾ ਪੈਨਸ਼ਨ ਦਸ ਹਜ਼ਾਰ ਰੁਪਏ ਮਹੀਨਾ ਕੀਤੀ ਜਾਵੇ ਇਸ ਮੌਕੇ ਹੋਰਨਾਂ ਤੋਂ ਇਲਾਵਾ ਗੁਰਪਾਲ ਸਿੰਘ ਨੇ ਵੀ ਸੰਬੋਧਨ ਕੀਤਾ।

## ਬੱਸ ਬੇਕਾਬੂ ਹੋ ਕੇ ਰੋਡ ਕਿਨਾਰੇ ਖੜ੍ਹੇ ਟਰੈਕਟਰ ਨਾਲ ਟਕਰਾਈ



**ਧਾਰੀਵਾਲ (ਮਨਦੀਪ ਸਿੰਘ ਵਿੱਕੀ)**- ਸਥਾਨਕ ਸ਼ਹਿਰ ਧਾਰੀਵਾਲ ਦੇ ਬਾਹਰਵਾਰ ਅੰਮ੍ਰਿਤਸਰ-ਪਠਾਨਕੋਟ ਨੈਸ਼ਨਲ ਹਾਈਵੇ ਉਪਰ ਧਾਰੀਵਾਲ ਤੋਂ ਗੁਰਦਾਸਪੁਰ ਨੂੰ ਜਾ ਰਹੀ ਇਕ ਨਿੱਜੀ ਕੰਪਨੀ ਦੀ ਬੱਸ ਬੇਕਾਬੂ ਹੋ ਕੇ ਤਰੇਜਾ ਨਗਰ ਨੇੜੇ ਰੋਡ ਕਿਨਾਰੇ ਖੜ੍ਹੇ ਇਕ ਟਰੈਕਟਰ ਵਿੱਚ ਜਾ ਵੱਜੀ। ਹਾਦਸੇ ਦੌਰਾਨ ਜਾਨੀ ਨੁਕਸਾਨ ਹੋਣੋਂ ਬਚਾਅ ਹੋ ਗਿਆ, ਜਦਕਿ ਟਰੈਕਟਰ ਬੁਰੀ ਤਰ੍ਹਾਂ ਨੁਕਸਾਨਿਆ ਗਿਆ ਅਤੇ ਬੱਸ ਦਾ ਵੀ ਕਾਫੀ ਨੁਕਸਾਨ ਹੋਇਆ। ਜਾਣਕਾਰੀ ਅਨੁਸਾਰ ਅੰਮ੍ਰਿਤਸਰ ਤੋਂ ਪਠਾਨਕੋਟ ਜਾ ਰਹੀ ਇਕ ਨਿੱਜੀ ਕੰਪਨੀ ਬੱਸ ਜਦੋਂ ਸ਼ਹਿਰ ਧਾਰੀਵਾਲ ਵਿੱਚੋਂ ਹੁੰਦੀ ਹੋਈ ਸ਼ਹਿਰ ਦੇ ਬਾਹਰਵਾਰ ਰਟੌਆਂ ਨੇੜੇ ਤਰੇਜਾ ਨਗਰ ਕੋਲ ਨੈਸ਼ਨਲ ਹਾਈਵੇ ਉਪਰ ਚੜ੍ਹੀ ਤਾਂ ਪਿੱਛੋਂ ਨੈਸ਼ਨਲ ਹਾਈਵੇ ਉਪਰ ਆਏ ਤੇਜ਼ ਰਫਤਾਰ ਟਿੱਪਰ ਨੂੰ ਦੇਖ ਕੇ ਬੱਸ ਨੂੰ ਡਰਾਈਵਰ ਨੇ ਹਾਦਸੇ ਤੋਂ ਬਚਾਅ ਲਈ ਇਕਦਮ ਕੱਟ ਮਾਰਿਆ ਤਾਂ ਬੇਕਾਬੂ ਹੋ ਕੇ ਬੱਸ ਰੋਡ ਕਿਨਾਰੇ ਖੜ੍ਹੇ ਮੈਸੀ ਟਰੈਕਟਰ ਨਾਲ ਜਾ ਟਕਰਾਈ। ਇਸ ਹਾਦਸੇ ਦੌਰਾਨ ਬੱਸ ਵਿੱਚ ਬੈਠੀਆਂ ਸਵਾਰੀਆਂ ਵਾਲ ਵਾਲ ਬਚ ਗਈਆਂ। ਪਰ ਟਰੈਕਟਰ ਬੁਰੀ ਤਰ੍ਹਾਂ ਨੁਕਸਾਨਿਆ ਗਿਆ। ਪਿੰਡ ਤਰੇਜਾ ਨਗਰ ਦੇ ਸਾਬਕਾ ਸਰਪੰਚ ਨਿਆਮਤ ਮਸੀਹ ਨੇ ਦੱਸਿਆ ਕਿ ਬੱਸ ਦੇ ਟਰੈਕਟਰ ਵਿੱਚ ਵੱਜਣ ਨਾਲ ਸਵਾਰੀਆਂ ਦਾ ਬਚਾਅ ਹੋ ਗਿਆ। ਜੇ ਬੱਸ ਥੋੜ੍ਹਾ ਅੱਗੇ ਰੋਡ ਤੋਂ ਹੇਠਾਂ ਡਿੱਗ ਜਾਂਦੀ ਤਾਂ ਸਵਾਰੀਆਂ ਦਾ ਵੀ ਕਾਫੀ ਜਾਨੀ ਨੁਕਸਾਨ ਹੋ ਸਕਦਾ ਸੀ। ਹਾਦਸਾਗ੍ਰਸਤ ਬੱਸ ਦੀ ਕੰਪਨੀ ਦੇ ਅੱਡਾ ਇੰਚਾਰਜ ਹਰਿੰਦਰ ਸਿੰਘ ਅਤੇ ਕੰਡਕਟਰ ਅਮਰਜੀਤ ਸਿੰਘ ਨੇ ਦੱਸਿਆ ਕਿ ਧਾਰੀਵਾਲ ਤੋਂ ਬੱਸ ਨਿਕਲ ਕੇ ਜਦੋਂ ਨੈਸ਼ਨਲ ਹਾਈਵੇ ਉਪਰ ਚੜ੍ਹੀ ਤਾਂ ਪਿੱਛੋਂ ਨੈਸ਼ਨਲ ਹਾਈਵੇ ਉਪਰ ਇਕ ਟਿੱਪਰ ਤੇਜ਼ ਰਫ਼ਤਾਰ ਆਇਆ [illegible] ਸਵਾਰੀਆਂ ਨੂੰ ਦੂਸਰੀ ਬੱਸ 'ਤੇ ਚੜ੍ਹਾ ਕੇ ਭੇਜ ਦਿੱਤਾ ਗਿਆ। ਥਾਣਾ ਧਾਰੀਵਾਲ ਦੇ ਮੁਖੀ ਸੁਰਿੰਦਰਪਾਲ ਸਿੰਘ ਨੇ ਦੱਸਿਆ ਕਿ ਏ ਐਸ ਆਈ ਨਿਰਮਲ ਸਿੰਘ ਵੱਲੋਂ ਘਟਨਾ ਸਥਾਨ 'ਤੇ ਪਹੁੰਚ ਕੇ ਹਾਦਸਾਗ੍ਰਸਤ ਵਾਹਨ ਕਬਜ਼ੇ ਵਿੱਚ ਲੈ ਕੇ ਅਗਲੀ ਕਾਰਵਾਈ ਜਾਰੀ ਹੈ।

## ਆਪ ਆਗੂਆਂ ਨੇ ਕੇਂਦਰ ਸਰਕਾਰ ਦਾ ਫੂਕਿਆ ਪੁਤਲਾ



**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**- ਕੇਂਦਰ ਦੀ ਭਾਜਪਾ ਸਰਕਾਰ ਵੱਲੋਂ ਭਾਖੜਾ ਬਿਆਸ ਪ੍ਰਬੰਧਕ ਬੋਰਡ ਜ਼ਰੀਏ ਪੰਜਾਬ ਦੇ ਪੰਜਾਬੀਆਂ ਦੇ ਹੱਕ ਦਾ ਪਾਣੀ ਖੋਹਣ ਦੇ ਕੋਝੇ ਯਤਨਾਂ ਨੂੰ ਕਦੀ ਕਾਮਯਾਬ ਨਹੀਂ ਹੋਣ ਦਿੱਤਾ ਜਾਵੇਗਾ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਇਸ ਡਾਕੇ ਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕਰੇਗੀ।ਇਹਨਾਂ ਗੱਲਾਂ ਦਾ ਪ੍ਰਗਟਾਵਾ ਹਲਕਾ ਡੇਰਾ ਬਾਬਾ ਨਾਨਕ ਦੇ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਦੇ ਭਰਾ ਪਰਮਿੰਦਰ ਸਿੰਘ ਰੰਧਾਵਾ ਨੇ ਡੇਰਾ ਬਾਬਾ ਨਾਨਕ ਦੇ ਪੁਰਾਣਾ ਬੱਸ ਸਟੈਂਡ ਮਹਾਰਾਜਾ ਰਣਜੀਤ ਸਿੰਘ ਚੌਕ ਵਿਖੇ ਭਾਜਪਾ ਦੇ ਪੰਜਾਬ ਵਿਰੋਧੀ ਫੈਸਲੇ ਦਾ ਵਿਰੋਧ ਕਰਦਿਆਂ ਧਰਨੇ ਨੂੰ ਸੰਬੋਧਨ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਕੇਂਦਰ ਅਤੇ ਦਿੱਲੀ ਤੇ ਹਰਿਆਣਾ ਦੀ ਭਾਜਪਾ ਸਰਕਾਰ ਪੰਜਾਬ ਦਾ ਪਾਣੀ ਖੋਹਣ ਲਈ ਪੰਜਾਬ ਖਿਲਾਫ਼ ਇੱਕਜੁੱਟ ਹੋ ਗਈਆਂ ਹਨ। ਉਨ੍ਹਾਂ ਕਿਹਾ ਕਿ ਭਾਜਪਾ ਨੂੰ ਆਪਣੇ ਮਨਸੂਬਿਆਂ ਵਿੱਚ ਸਫਲ ਨਹੀਂ ਹੋਣ ਦਿੱਤਾ ਜਾਵੇਗਾ ਅਤੇ ਇਸ ਲਈ ਪੰਜਾਬ ਸਰਕਾਰ ਨੂੰ ਜੋ ਚਾਰਾਜੋਈ ਕਰਨੀ ਹੋਵੇਗੀ, ਉਹ ਕੀਤੀ ਜਾਵੇਗੀ। ਉਨ੍ਹਾਂ ਪੰਜਾਬ ਭਾਜਪਾ ਆਗੂਆਂ ਨੂੰ ਆਪਣਾ ਸਟੈਂਡ ਸਪੱਸ਼ਟ ਕਰਨ ਅਤੇ ਇਸ ਮਾਮਲੇ ਵਿੱਚ ਧਾਰੀ ਚੁੱਪੀ ਬਾਰੇ ਵੀ ਸਵਾਲ ਖੜ੍ਹੇ ਕਰਦਿਆਂ ਇਸ ਨੂੰ ਪੰਜਾਬ ਵਿਰੋਧੀ ਗਰਦਾਨਦਿਆਂ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਪਾਣੀਆਂ ਦੀ ਰਾਖੀ ਲਈ ਸੂਬਾ ਸਰਕਾਰ ਵਚਨਬੱਧ ਹੈ ਅਤੇ ਇਸ ਮਾਮਲੇ ਵਿੱਚ ਕਿਸੇ ਦੀ ਦਖਲਅੰਦਾਜ਼ੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।ਇਸ ਮੌਕੇ ਰੋਸ ਮੁਜ਼ਾਹਰੇ ਦੌਰਾਨ ਜਿੱਥੇ ਭਾਜਪਾ ਵਿਰੋਧੀ ਨਾਅਰੇ ਲਗਾਏ ਗਏ ਉੱਥੇ ਕੇਂਦਰ ਸਰਕਾਰ ਦਾ ਪੁਤਲਾ ਵੀ ਫੂਕਿਆ ਗਿਆ। ਇਸ ਰੋਸ ਧਰਨੇ ਦੌਰਾਨ ਆਪ ਆਗੂ ਹਰਜੇਸ਼ ਕੁਮਾਰ ਗੁਪਤਾ, ਹਰਜੀਤ ਸਿੰਘ ਠੇਠਰਕੇ, ਕੌਂਸਲਰ ਹਰਵਿੰਦਰ ਸਿੰਘ ਰੰਧਾਵਾ, ਕੌਂਸਲਰ ਰਜਤ ਮਰਵਾਹਾ, ਕੌਂਸਲਰ ਸੁਖਵਿੰਦਰ ਸਿੰਘ, ਲਵਪ੍ਰੀਤ ਸਿੰਘ ਪੀਏ, ਹਰਪ੍ਰੀਤ ਸਿੰਘ ਹੈਪੀ, ਮੰਗਲ ਸਿੰਘ ਠੇਠਰਕੇ, ਡਾਕਟਰ ਗੁਰਦੇਵ ਸਿੰਘ, ਸੁਧੀਰ ਬੇਦੀ, ਸੰਜੀਵ ਸੈਨੀ, ਬੱਬਲੀ ਪੱਡਾ, ਹੀਰਾ ਮਸੀਹ, ਗੁਰਵਿੰਦਰ ਸਿੰਘ ਨਬੀਪੁਰ, ਮਹਿੰਦਰ ਸਿੰਘ ਨਿੱਕੋਸਰਾਂ, ਕੈਪਟਨ ਨਰਿੰਦਰ ਸਿੰਘ ਠੇਠਰਕੇ, ਇੰਦਰਜੀਤ ਸਿੰਘ ਚਾਂਕਾਵਾਲੀ, ਜਸਬੀਰ ਸਿੰਘ ਪੱਡਾ, ਗੁਰਨਾਮ ਸਿੰਘ, ਸੋਹਣ ਸਿੰਘ ਰੰਧਾਵਾ ,ਸਾਹਿਬ ਸਿੰਘ,ਗੁਰਪ੍ਰੀਤ ਸਿੰਘ, ਚਿਮਨ ਲਾਲ ਸ਼ਹਿਨਸ਼ਾਹ, ਬਲਵਿੰਦਰ ਸਿੰਘ ਸ਼ਿਕਾਰ ਮਾਛੀਆਂ ਸਮੇਤ ਵੱਡੀ ਗਿਣਤੀ ਵਿੱਚ ਆਪ ਆਗੂ ਤੇ ਆਪ ਵਰਕਰ ਹਾਜ਼ਰ ਸਨ।

## ਕਿਰਤੀ ਆਪਣੇ ਹੱਕਾਂ ਲਈ ਲੜਦੇ ਰਹਿਣਗੇ : ਸੁਖਚੈਨ ਸਿੰਘ, ਦਵਿੰਦਰ ਸੋਹਲ



**ਝਬਾਲ (ਮੱਖਣ ਮਨੋਜ)**- ਕੌਮਾਂਤਰੀ ਮਜ਼ਦੂਰ ਦਿਵਸ 'ਤੇ ਤਰਨ ਤਰਨ ਜ਼ਿਲ੍ਹੇ ਦੇ ਕਸਬਾ ਝਬਾਲ ਵਿਖੇ ਇੱਕ ਵੱਡਾ ਇਕੱਠ ਕੀਤਾ ਗਿਆ ਤਾਂ ਕਿ ਕਿਰਤੀ ਲਹਿਰ ਦੇ ਰਹਿਨੁਮਾਵਾਂ ਜਿਨ੍ਹਾਂ ਨੇ ਕਿ ਆਪਣੀਆਂ ਜ਼ਿੰਦਗੀਆਂ ਵਾਰ ਦਿੱਤੀਆਂ ਨੂੰ ਯਾਦ ਕੀਤਾ ਜਾ ਸਕੇ ਅਤੇ ਅੱਗੇ ਲੜਨ ਦਾ ਅਹਿਦ ਕੀਤਾ ਜਾਵੇ। ਮੀਟਿੰਗ ਦੀ ਪ੍ਰਧਾਨਗੀ ਕਾਮਰੇਡ ਸੁਲੱਖਣ ਸਿੰਘ ਨੇ ਕੀਤੀ। ਇਕੱਠ ਨੂੰ ਸੰਬੋਧਨ ਕਰਦਿਆਂ ਦਵਿੰਦਰ ਸੋਹਲ ਨੇ ਕਿਹਾ ਕਿ ਸੀ. ਪੀ. ਆਈ. ਹਮੇਸ਼ਾ ਹੀ ਦੱਬੇ ਕੁਚਲੇ ਅਤੇ ਲਤਾੜੇ ਲੋਕਾਂ ਦੇ ਹੱਕ ਵਿੱਚ ਲੜਦੀ ਆਈ ਹੈ ਅਤੇ ਅਸੀਂ ਅੱਜ ਦੇ ਦਿਵਸ 'ਤੇ ਇਹ ਪ੍ਰਣ ਦੋਹਰਾਉਂਦੇ ਹਾਂ ਕਿ ਅਸੀਂ ਇਸ ਲੜਾਈ ਨੂੰ ਜਾਰੀ ਰੱਖਾਂਗੇ ਜਦ ਤੱਕ ਆਪਣਾ ਨਿਸ਼ਾਨਾ ਪ੍ਰਾਪਤ ਨਹੀਂ ਕਰ ਲੈਂਦੇ। ਸੀ ਪੀ ਆਈ ਆਗੂ ਸੁਖਚੈਨ ਸਿੰਘ ਨੇ ਦੱਸਿਆ ਕਿ ਡੇਢ ਸਦੀ ਲੰਘ ਜਾਣ ਦੇ ਬਾਅਦ ਵੀ ਅਜੇ ਕਿਰਤੀਆਂ ਦੀ ਲੁੱਟ ਖਸੁੱਟ ਜਾਰੀ ਹੈ, ਜਿਹਦੇ ਵਿਰੁੱਧ ਲੜਾਈ ਪ੍ਰਚੰਡ ਹੋਣੀ ਚਾਹੀਦੀ ਹੈ। ਪੰਜਾਬ ਇਸਤਰੀ ਸਭਾ ਦੀ ਜ਼ਿਲ੍ਹਾ ਪ੍ਰਧਾਨ ਸੀਮਾ ਸੋਹਲ ਨੇ ਕਿਹਾ ਕਿ ਮਜ਼ਦੂਰਾਂ ਦੇ ਨਾਲ ਨਾਲ ਔਰਤਾਂ ਨੇ ਵੀ ਹਰ ਲੜਾਈ ਵਿੱਚ ਹਿੱਸਾ ਲਿਆ । ਜਦੋਂ ਮਜ਼ਦੂਰ ਆਗੂਆਂ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਅਤੇ ਫਾਂਸੀਆਂ ਦੇ ਦਿੱਤੀਆਂ ਗਈਆਂ ਤਾਂ ਵੱਡੀ ਗਿਣਤੀ ਵਿੱਚ ਔਰਤਾਂ ਸੜਕਾਂ 'ਤੇ ਆਈਆਂ ਤਾਂ ਕਿ ਇਸ ਸੰਘਰਸ਼ ਨੂੰ ਜਾਰੀ ਰੱਖਣ । ਅਜੇ ਵੀ ਔਰਤਾਂ ਨਾਲ ਥਾਂ-ਥਾਂ ਧੱਕੇ ਹੋ ਰਹੇ ਹਨ। ਪੰਜਾਬ ਇਸਤਰੀ ਸਭਾ ਦੀ ਸੂਬਾ ਪ੍ਰਧਾਨ ਰਜਿੰਦਰ ਪਾਲ ਕੌਰ ਨੇ ਦੱਸਿਆ ਕਿ ਕਿਵੇਂ ਕਿਰਤੀਆਂ ਤੇ ਕਿਸਾਨਾਂ ਦੀ ਏਕਤਾ ਨੂੰ ਤਾਰਪੀਡੋ ਕਰਨ ਲਈ ਨਿਤ ਨਵੇਂ ਹੱਥ ਕੰਡੇ ਵਰਤੇ ਜਾਂਦੇ ਹਨ। ਕਦੇ ਪੁਲਵਾਮਾ ਕਾਂਡ ਹੁੰਦਾ ਹੈ ਅਤੇ ਕਦੇ ਪਹਿਲਗਾਮ ਕਾਂਡ ਤਾਂ ਕਿ ਲੋਕਾਂ ਨੂੰ ਧਰਮਾਂ ਦੇ ਨਾਂ 'ਤੇ ਆਪਸ ਵਿੱਚ ਲੜਾ ਕੇ ਉਹਨਾਂ ਦੀਆਂ ਅਸਲ ਲੜਾਈਆਂ ਰੋਟੀ ਰੋਜ਼ੀ ਦੀ ਲੜਾਈ, ਬਰਾਬਰੀ ਦੀ ਲੜਾਈ ,ਚੰਗੀ ਜ਼ਿੰਦਗੀ ਦੀ ਲੜਾਈ ਨੂੰ ਰੋਕਿਆ ਜਾ ਸਕੇ। ਮੀਟਿੰਗ ਵਿੱਚ ਮੋਤਾ ਸਿੰਘ ਸੋਹਲ, ਸੁਰਜੀਤ ਸਿੰਘ ਠੱਠੀ ਸੋਹਲ, ਸਰੂਪ ਸਿੰਘ, ਜਗਤਾਰ ਸਿੰਘ, ਗੁਰਸ਼ਰਨ ਗੰਡੀਵਿੰਡ, ਕ੍ਰਿਸ਼ਨ ਕੁਮਾਰ ਪੱਪੂ, ਤਰਸੇਮ ਛੀਨਾ, ਗੁਰਭੇਜ ਸਿੰਘ, ਅਰਵਿੰਦ ਗੁਪਤਾ, ਸਲਵਿੰਦਰ ਕੌਰ, ਬਲਵਿੰਦਰ ਕੌਰ ਨੇ ਵੀ ਹਾਜ਼ਰੀ ਲਗਵਾਈ।

## ਡਿਪਟੀ ਕਮਿਸ਼ਨਰ ਨੇ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਨੂੰ ਹੋਰ ਤੇਜ਼ ਕਰਨ ਦੀਆਂ ਦਿੱਤੀਆਂ ਹਦਾਇਤਾਂ



**ਗੁਰਦਾਸਪੁਰ (ਜਨਕ ਮਹਾਜਨ)**- ਡਿਪਟੀ ਕਮਿਸ਼ਨਰ ਦਲਵਿੰਦਰਜੀਤ ਸਿੰਘ ਨੇ ਸਮੂਹ ਵਿਭਾਗਾਂ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਹੈ ਕਿ ਉਹ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਨੂੰ ਕਾਮਯਾਬ ਕਰਨ ਲਈ ਜ਼ਮੀਨੀ ਪੱਧਰ 'ਤੇ ਕੰਮ ਕਰਨ ਤਾਂ ਜੋ ਜ਼ਿਲ੍ਹਾ ਗੁਰਦਾਸਪੁਰ ਸੂਬੇ ਵਿੱਚੋਂ ਨਸ਼ਿਆਂ ਦੇ ਖ਼ਾਤਮੇ ਵਿੱਚ ਆਪਣਾ ਉੱਘਾ ਯੋਗਦਾਨ ਪਾ ਸਕੇ। ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਕਾਨਫਰੰਸ ਹਾਲ ਵਿਖੇ ਜ਼ਿਲ੍ਹਾ ਅਧਿਕਾਰੀਆਂ ਨਾਲ ਮੀਟਿੰਗ ਕਰਦਿਆਂ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਜਾਗਰੂਕਤਾ ਲਹਿਰ ਨੂੰ ਹੋਰ ਤੇਜ਼ ਕੀਤਾ ਜਾਵੇ ਅਤੇ ਨਸ਼ਿਆਂ ਖਿਲਾਫ ਇੱਕ ਲੋਕ ਲਹਿਰ ਖੜ੍ਹੀ ਕੀਤੀ ਜਾਵੇ। ਡਿਪਟੀ ਕਮਿਸ਼ਨਰ ਨੇ ਕਿਹਾ ਕਿ 4 ਮਈ ਨੂੰ ਗੁਰਦਾਸਪੁਰ ਵਿਖੇ ਵਿਲੇਜ ਡਿਫੈਂਸ ਕਮੇਟੀਆਂ ਦੀ ਜ਼ਿਲ੍ਹਾ ਪੱਧਰੀ ਮੀਟਿੰਗ ਕਰਵਾਈ ਜਾਵੇਗੀ, ਜਿਸ ਵਿੱਚ ਵਿਲੇਜ ਡਿਫੈਂਸ ਕਮੇਟੀਆਂ ਦੇ ਨੁਮਾਇੰਦੇ ਭਾਗ ਲੈਣਗੇ। ਉਨ੍ਹਾਂ ਕਿਹਾ ਕਿ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਵਿੱਚ ਵਿਲੇਜ ਡਿਫੈਂਸ ਕਮੇਟੀਆਂ ਦਾ ਵੀ ਸਾਥ ਲਿਆ ਜਾਵੇਗਾ। ਉਨ੍ਹਾਂ ਦੱਸਿਆ ਕਿ 7 ਮਈ ਤੋਂ ਸੂਬੇ ਵਿੱਚ ਸ਼ੁਰੂ ਹੋਣ ਜਾ ਰਹੀ ਨਸ਼ਾ ਛੁਡਾਊ ਯਾਤਰਾ ਤਹਿਤ ਪਿੰਡਾਂ ਅਤੇ ਸ਼ਹਿਰਾਂ ਦੇ ਵਾਰਡਾਂ ਵਿੱਚ ਵਿਸ਼ੇਸ਼ ਪ੍ਰੋਗਰਾਮ ਕਰਕੇ ਲੋਕਾਂ ਨੂੰ ਨਸ਼ਿਆਂ ਵਿਰੁੱਧ ਲਾਮਬੰਦ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਦੇ ਉਪਰਾਲੇ ਵੀ ਕੀਤੇ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਵਿੱਚ 743 ਨਵੇਂ ਖੇਡ ਮੈਦਾਨਾਂ ਦੀ ਸ਼ਨਾਖਤ ਕੀਤੀ ਗਈ ਹੈ ਜਿਨ੍ਹਾਂ ਵਿੱਚ 467 ਖੇਡ ਮੈਦਾਨਾਂ ਦੀ ਪ੍ਰਵਾਨਗੀ ਤੋਂ ਬਾਅਦ 205 ਖੇਡ ਮੈਦਾਨਾਂ ਵਿੱਚ ਕੰਮ ਸ਼ੁਰੂ ਕਰਵਾ ਦਿੱਤੇ ਗਏ ਹਨ। ਉਨ੍ਹਾਂ ਦੱਸਿਆ ਕਿ 33 ਖੇਡ ਮੈਦਾਨਾਂ ਦਾ ਕੰਮ ਮੁਕੰਮਲ ਹੋ ਗਿਆ ਹੈ। ਇਸ ਦੇ ਨਾਲ ਹੀ ਪਿੰਡਾਂ ਵਿੱਚ ਖੇਡ ਮੁਕਾਬਲੇ ਵੀ ਕਰਵਾਏ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਸਿੱਖਿਆ ਸੰਸਥਾਵਾਂ ਵਿੱਚ ਵੀ ਵਿਦਿਆਰਥੀਆਂ ਨੂੰ ਨਸ਼ਿਆਂ ਤੋਂ ਬਚਣ ਲਈ ਪ੍ਰੇਰਿਤ ਕੀਤਾ ਜਾ ਰਿਹਾ ਹੈ। ਮੀਟਿੰਗ ਦੌਰਾਨ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਗੁਰਪ੍ਰੀਤ ਸਿੰਘ ਗਿੱਲ, ਸਹਾਇਕ ਕਮਿਸ਼ਨਰ (ਜ) ਆਦਿੱਤਯ ਗੁਪਤਾ, ਸਿਵਲ ਸਰਜਨ ਡਾ. ਪ੍ਰਭਜੋਤ ਕੌਰ ਕਲਸੀ, ਡੀ.ਡੀ.ਪੀ.ਓ. ਗੁਰਪ੍ਰੀਤ ਸਿੰਘ ਭੁੱਲਰ ਤੋਂ ਇਲਾਵਾ ਹੋਰ ਅਧਿਕਾਰੀ ਵੀ ਹਾਜ਼ਰ ਸਨ।

## ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ 'ਚ ਪਰਸ਼ੂਰਾਮ ਜੈਯੰਤੀ ਮਨਾਈ




**ਧਾਰੀਵਾਲ (ਮਨਦੀਪ ਸਿੰਘ ਵਿੱਕੀ)**- ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ ਧਾਰੀਵਾਲ ਵਿਖੇ ਡਾਇਰੈਕਟਰ ਸਰਦਾਰ ਅਮਰਜੀਤ ਸਿੰਘ ਚਾਹਲ ਅਤੇ ਪ੍ਰਿੰਸੀਪਲ ਸ੍ਰੀਮਤੀ ਕਿਰਨ ਕੇਸਰ ਦੀ ਯੋਗ ਅਗਵਾਈ ਹੇਠ ਭਗਵਾਨ ਸ੍ਰੀ ਪਰਸ਼ੂਰਾਮ ਜੈਯੰਤੀ ਮਨਾਈ ਗਈ। ਸਕੂਲ ਦੀ ਸਵੇਰ ਦੀ ਸਭਾ ਵਿੱਚ ਅੱਠਵੀਂ ਜਮਾਤ ਦੀ ਵਿਦਿਆਰਥਣ ਮੋਨਾਲੀ ਕੁਮਾਰੀ ਵੱਲੋਂ ਭਗਵਾਨ ਸ੍ਰੀ ਪਰਸ਼ੂਰਾਮ ਦੇ ਜੀਵਨ ਉੱਤੇ ਚਾਨਣਾ ਪਾਇਆ ਗਿਆ। ਉਸ ਨੇ ਆਪਣੇ ਭਾਸ਼ਣ ਵਿੱਚ ਦੱਸਿਆ ਕਿ ਭਗਵਾਨ ਸ੍ਰੀ ਪਰਸ਼ੂਰਾਮ ਨੇ ਧਰਤ ਨੂੰ ਅੱਤਿਆਚਾਰੀ ਜ਼ਾਲਮ ਰਾਜਿਆਂ ਤੋਂ ਮੁਕਤ ਕਰਵਾਇਆ । ਭਗਵਾਨ ਸ੍ਰੀ ਪਰਸ਼ੂਰਾਮ ਭਗਤੀ ਤੇ ਸ਼ਕਤੀ ਦੇ ਪ੍ਰਤੀਕ, ਗਿਆਨ ਦੇ ਸੋਮੇ, ਯੋਗ ਵੇਦ ਨੀਤੀ ਵਿੱਚ ਨਿਪੁੰਨ ਬ੍ਰਹਮ ਵਿੱਦਿਆ ਤੇ ਸ਼ਸਤਰ ਵਿੱਦਿਆ ਵਿੱਚ ਕੁਸ਼ਲ ਸਨ । ਸਕੂਲ ਦੇ ਪ੍ਰਿੰਸੀਪਲ ਕਿਰਨ ਕੇਸਰ ਨੇ ਭਗਵਾਨ ਸ੍ਰੀ ਪਰਸ਼ੂਰਾਮ ਦੇ ਜਨਮ ਦਿਵਸ ਤੇ ਮੁਬਾਰਕਾਂ ਦਿੱਤੀਆਂ।

## ਜ਼ਿਲ੍ਹੇ ਦੀਆਂ ਮੰਡੀਆਂ 'ਚ ਕਣਕ ਦੀ ਖਰੀਦ ਦਾ ਅੰਕੜਾ 4.61 ਲੱਖ ਮੀਟਰਿਕ ਟਨ ਤੋਂ ਪਾਰ ਪਹੁੰਚਿਆ : ਡਿਪਟੀ ਕਮਿਸ਼ਨਰ

**ਗੁਰਦਾਸਪੁਰ (ਜਨਕ ਮਹਾਜਨ)**- ਪੰਜਾਬ ਸਰਕਾਰ ਦੀਆਂ ਹਦਾਇਤਾਂ ਤਹਿਤ ਜ਼ਿਲ੍ਹਾ ਗੁਰਦਾਸਪੁਰ ਦੀਆਂ ਮੰਡੀਆਂ ਵਿੱਚ ਕਣਕ ਦੀ ਖ਼ਰੀਦ ਨਿਰਵਿਘਨ ਜਾਰੀ ਹੈ ਅਤੇ ਬੀਤੀ ਸ਼ਾਮ ਤੱਕ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਕਣਕ ਦੀ ਖਰੀਦ ਦਾ ਅੰਕੜਾ 4.61 ਲੱਖ ਮੀਟਰਿਕ ਟਨ ਤੋਂ ਪਾਰ ਪਹੁੰਚ ਗਿਆ ਹੈ। ਇਸ ਦੇ ਨਾਲ ਹੀ ਬੀਤੀ ਸ਼ਾਮ ਤੱਕ ਕਿਸਾਨਾਂ ਨੂੰ 1031.25 ਕਰੋੜ ਰੁਪਏ ਦੀ ਰਾਸ਼ੀ ਦਾ ਭੁਗਤਾਨ ਕੀਤਾ ਜਾ ਚੁੱਕਾ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਡਿਪਟੀ ਕਮਿਸ਼ਨਰ ਦਲਵਿੰਦਰਜੀਤ ਸਿੰਘ ਨੇ ਦੱਸਿਆ ਕਿ ਬੀਤੀ ਸ਼ਾਮ ਤੱਕ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ 474542 ਮੀਟਰਿਕ ਟਨ ਕਣਕ ਦੀ ਆਮਦ ਹੋਈ ਸੀ, ਜਿਸ ਵਿੱਚੋਂ 461060 ਮੀਟਰਿਕ ਟਨ ਕਣਕ ਖ਼ਰੀਦੀ ਜਾ ਚੁੱਕੀ ਹੈ। ਉਨ੍ਹਾਂ ਦੱਸਿਆ ਕਿ ਖ਼ਰੀਦ ਏਜੰਸੀ ਪਨਗਰੇਨ ਨੇ 129111 ਮੀਟਰਿਕ ਟਨ, ਮਾਰਕਫੈੱਡ ਨੇ 126981 ਮੀਟਰਿਕ ਟਨ, ਪਨਸਪ ਨੇ 110946 ਮੀਟਰਿਕ ਟਨ, ਪੰਜਾਬ ਸਟੇਟ ਵੇਅਰ ਹਾਊਸ ਕਾਰਪੋਰੇਸ਼ਨ ਨੇ 71180 ਮੀਟਰਿਕ ਟਨ ਅਤੇ ਐੱਫ਼.ਸੀ.ਆਈ. ਨੇ 19690 ਮੀਟਰਿਕ ਟਨ ਕਣਕ ਖ਼ਰੀਦੀ ਹੈ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਕਿਸਾਨਾਂ ਨੂੰ ਖ਼ਰੀਦੀ ਗਈ ਕਣਕ ਦੀ ਅਦਾਇਗੀ ਵੀ ਨਾਲ ਦੀ ਨਾਲ ਕੀਤੀ ਜਾ ਰਹੀ ਹੈ ਅਤੇ ਬੀਤੀ ਸ਼ਾਮ ਤੱਕ 1031.25 ਕਰੋੜ ਰੁਪਏ ਦੀ ਰਾਸ਼ੀ ਦਾ ਭੁਗਤਾਨ ਕਿਸਾਨਾਂ ਦੇ ਬੈਂਕ ਖਾਤਿਆਂ ਵਿੱਚ ਕੀਤਾ ਜਾ ਚੁੱਕਾ ਹੈ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਮੰਡੀਆਂ ਵਿੱਚ ਕਣਕ ਦੀ ਖਰੀਦ ਤੋਂ ਬਾਅਦ ਕਣਕ ਦੀ ਲਿਫਟਿੰਗ ਵੀ ਤੇਜ਼ ਕਰ ਦਿੱਤੀ ਗਈ ਹੈ ਅਤੇ ਬੀਤੀ ਸ਼ਾਮ ਤੱਕ 178380 ਮੀਟਰਿਕ ਟਨ ਕਣਕ ਦੀ ਲਿਫ਼ਟਿੰਗ ਕੀਤੀ ਜਾ ਚੁੱਕੀ ਹੈ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਵਿੱਚ ਕਣਕ ਦੀ ਖ਼ਰੀਦ ਲਈ 92 ਮੰਡੀਆਂ ਬਣਾਈਆਂ ਗਈਆਂ ਹਨ, ਜਦਕਿ 2 ਆਰਜ਼ੀ ਖ਼ਰੀਦ ਕੇਂਦਰ ਸਥਾਪਿਤ ਕੀਤੇ ਗਏ ਹਨ ਅਤੇ ਸਾਰੀਆਂ ਹੀ ਮੰਡੀਆਂ ਵਿੱਚ ਕਣਕ ਦੀ ਖ਼ਰੀਦ ਅਤੇ ਲਿਫ਼ਟਿੰਗ ਨਿਰਵਿਘਨ ਚੱਲ ਰਹੀ ਹੈ।

## ਕੈਬਨਿਟ ਮੰਤਰੀ ਕਟਾਰੂ ਚੱਕ ਨੇ ਵਿਕਾਸ ਕਾਰਜਾਂ ਦਾ ਲਿਆ ਜਾਇਜ਼ਾ



**ਪਠਾਨਕੋਟ (ਦਵਿੰਦਰ ਸਿੰਘ)**- ਕੈਬਨਿਟ ਮੰਤਰੀ ਪੰਜਾਬ ਲਾਲ ਚੰਦ ਕਟਾਰੂਚੱਕ ਵੱਲੋਂ ਵਿਧਾਨ ਸਭਾ ਹਲਕਾ ਭੋਆ ਦੇ ਪਿੰਡ ਕਟਾਰੂਚੱਕ ਵਿਖੇ ਬਣਾਏ ਗਏ ਦਫਤਰ ਵਿਖੇ ਇੱਕ ਵਿਸ਼ੇਸ਼ ਮੀਟਿੰਗ ਕੀਤੀ ਗਈ। ਮੀਟਿੰਗ ਵਿੱਚ ਵਿਧਾਨ ਸਭਾ ਹਲਕਾ ਭੋਆ ਦੇ ਬਲਾਕ ਪ੍ਰਧਾਨ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ ਅਤੇ ਵਿਧਾਨ ਸਭਾ ਅੰਦਰ ਕਰਵਾਏ ਜਾਣ ਵਾਲੇ ਵਿਕਾਸ ਕਾਰਜਾਂ 'ਤੇ ਚਰਚਾ ਕੀਤੀ ਗਈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਨਰੇਸ਼ ਕੁਮਾਰ ਸੈਣੀ ਜ਼ਿਲ੍ਹਾ ਪ੍ਰਧਾਨ ਬੀ.ਸੀ. ਵਿੰਗ ਪਠਾਨਕੋਟ, ਬਲਾਕ ਪ੍ਰਧਾਨ ਪਵਨ ਕੁਮਾਰ ਫੌਜੀ, ਬਲਾਕ ਪ੍ਰਧਾਨ ਜੰਗ ਬਹਾਦੁਰ, ਭੁਪਿੰਦਰ ਸਿੰਘ ਮੁੰਨਾਂ, ਬਲਾਕ ਪ੍ਰਧਾਨ ਸੁਸ਼ੀਲ ਕੁਮਾਰ, ਬਲਾਕ ਪ੍ਰਧਾਨ ਰਜਿੰਦਰ ਸਿੰਘ ਭਿੱਲਾ, ਬਲਾਕ ਪ੍ਰਧਾਨ ਕੁਲਵੰਤ ਸਿੰਘ ਸੂਬੇਦਾਰ, ਬਲਾਕ ਪ੍ਰਧਾਨ ਸੋਹਣ ਲਾਲ, ਬਲਾਕ ਪ੍ਰਧਾਨ ਸ਼ੈਲੀ ਸ਼ਰਮਾ ਅਤੇ ਬਾਕੀ ਬਲਾਕਾਂ ਦੇ ਪ੍ਰਧਾਨ ਵੀ ਹਾਜ਼ਰ ਸਨ।ਮੀਟਿੰਗ ਦੌਰਾਨ ਕਟਾਰੂਚੱਕ ਨੇ ਵਿਧਾਨ ਸਭਾ ਹਲਕਾ ਭੋਆ ਦੇ ਬਲਾਕ ਪ੍ਰਧਾਨਾਂ ਦੇ ਨਾਲ ਵਿਸ਼ੇਸ਼ ਮੀਟਿਗ ਕਰਨ ਮਗਰੋਂ ਜਾਣਕਾਰੀ ਦਿੰਦਿਆਂ ਦੱਸਿਆ ਕਿ ਵਿਧਾਨ ਸਭਾ ਹਲਕਾ ਭੋਆ ਦੇ ਅੰਦਰ ਚਲ ਰਹੇ ਵਿਕਾਸ ਕਾਰਜ ਜਿਵੇਂ ਪਿੰਡਾਂ ਅੰਦਰ ਚਲ ਰਿਹਾ ਗਲੀਆਂ ਨਾਲੀਆਂ ਦਾ ਵਿਕਾਸ ਕਾਰਜ, ਛੱਪੜਾਂ ਦਾ ਨਿਰਮਾਣ, ਥਾਪਰ ਮਾਡਲ ਬਣਾਉਣ, ਪਿੰਡਾਂ ਅੰਦਰ ਖੇਡ ਮੈਦਾਨਾਂ ਦਾ ਨਿਰਮਾਣ, ਖੇਡ ਨਰਸਰੀਆਂ ਦਾ ਨਿਰਮਾਣ, ਪਿੰਡਾਂ ਅੰਦਰ ਲਾਇਬ੍ਰੇਰੀਆਂ ਦਾ ਨਿਰਮਾਣ, ਪਿੰਡਾਂ ਅੰਦਰ ਓਪਨ ਜਿਮ ਸਥਾਪਿਤ ਕਰਨਾ, ਪਿੰਡਾਂ ਅੰਦਰ ਪਾਰਕਾਂ ਦਾ ਨਿਰਮਾਣ, ਖੇਡ ਸਟੇਡੀਅਮਾਂ ਦਾ ਨਿਰਮਾਣ ਆਦਿ ਵੱਖ ਵੱਖ ਵਿਕਾਸ ਕਾਰਜਾਂ ਦਾ ਪਿੰਡ ਵਾਈਜ ਰੀਵਿਓ ਕੀਤਾ ਅਤੇ ਅਧਿਕਾਰੀਆਂ ਨੂੰ ਸਾਰੇ ਵਿਕਾਸ ਕਾਰਜ ਨਿਰਧਾਰਤ ਸਮੇਂ ਅੰਦਰ ਮੁਕੰਮਲ ਕਰਨ ਦੇ ਲਈ ਹਦਾਇਤਾਂ ਦਿੱਤੀਆਂ।ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਪਠਾਨਕੋਟ 'ਚ ਇਸ ਸਾਲ ਬਾਗਬਾਨਾਂ ਨੂੰ ਵੀ ਬਿਜਲੀ ਦੀ ਨਿਰਵਿਘਨ ਸਪਲਾਈ ਦਿੱਤੀ ਜਾ ਰਹੀ ਹੈ।

## ਏਟਕ ਸਰਕਲ ਗੁਰਦਾਸਪੁਰ ਵੱਲੋਂ ਸ਼ਿਕਾਗੋ ਦੇ ਸ਼ਹੀਦਾਂ ਨੂੰ ਸ਼ਰਧਾਂਜਲੀਆਂ



**ਧਾਰੀਵਾਲ (ਮਨਦੀਪ ਸਿੰਘ ਵਿੱਕੀ)**- ਅੱਜ ਪੀ ਐੱਸ ਈ ਬੀ ਇੰਪਲਾਈਜ਼ ਫੈਡਰੇਸ਼ਨ ਏਟਕ ਜਥੇਬੰਦੀ ਵਲੋਂ ਕੌਮਾਂਤਰੀ ਦਿਹਾੜਾ ਸਰਕਲ ਗੁਰਦਾਸਪੁਰ ਦੇ ਗੇਟ 'ਤੇ ਜਥੇਬੰਦੀ ਦਾ ਲਾਲ ਝੰਡਾ ਲਹਿਰਾਉਣ ਉਪਰੰਤ ਸ਼ਿਕਾਗੋ ਦੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ। ਇਸ ਮੌਕੇ ਸਰਕਲ ਗੁਰਦਾਸਪੁਰ ਦੇ ਪ੍ਰਧਾਨ ਅਤੇ ਪੰਜਾਬ ਦੇ ਮੀਤ ਪ੍ਰਧਾਨ ਕਾਮਰੇਡ ਬਲਵਿੰਦਰ ਉਦੀਪੁਰ ਨੇ ਝੰਡਾ ਚੜ੍ਹਾਉਣ ਤੋਂ ਬਾਅਦ ਅਮਰੀਕਾ ਦੇ ਸਨਅਤੀ ਸਹਿਰ ਸ਼ਿਕਾਗੋ ਵਿਖੇ ਮਜ਼ਦੂਰਾਂ ਵਲੋਂ ਕੰਮ ਸਮਾਂ ਅੱਠ ਘੰਟੇ ਦੀ ਮੰਗ ਨੂੰ ਲੈ ਕੇ ਕੀਤੇ ਸੰਘਰਸ਼ ਦੀ ਵਿਆਖਿਆ ਕੀਤੀ ਅਤੇ ਦੱਸਿਆ ਕਿ ਉਸ ਤੋਂ ਪਹਿਲਾਂ ਮਜ਼ਦੂਰ ਜਮਾਤ ਦੀ ਹਾਲਤ ਬਹੁਤ ਤਰਸਯੋਗ ਸੀ। ਇਸ ਸੰਘਰਸ ਵਿੱਚ ਅੱਧੀ ਦਰਜਨ ਮਜ਼ਦੂਰ ਸ਼ਹੀਦ ਹੋਏ ਸਨ, ਜਿਸ ਕਰਕੇ ਮਜ਼ਦੂਰ ਜਮਾਤ ਵਲੋਂ ਹਰ ਵਰ੍ਹੇ ਪਹਿਲੀ ਮਈ ਨੂੰ ਮਜ਼ਦੂਰ ਦਿਹਾੜੇ ਵਜੋਂ ਮਨਾਇਆ ਜਾਂਦਾ ਹੈ। ਇਸ ਮੌਕੇ ਬਿਜਲੀ ਕਾਮਿਆਂ ਤੋਂ ਇਲਾਵਾ ਪੈਨਸ਼ਨਰਜ਼ ਯੂਨੀਅਨ ਦੇ ਸਾਥੀ ਵੱਡੀ ਗਿਣਤੀ ਵਿਚ ਸ਼ਾਮਿਲ ਹੋਏ। ਇਸ ਮੌਕੇ ਸਾਹਿਬ ਸਿੰਘ ਧਾਲੀਵਾਲ, ਬਸੰਤ ਕੁਮਾਰ, ਲਖਵਿੰਦਰ ਸਿੰਘ ਟਾਂਡਾ, ਬਲਵਿੰਦਰ ਪਾਲ, ਰਣਜੀਤ ਸਿੰਘ ਦੋਰਾਂਗਲਾ, ਇੰਜ ਬਲਜੀਤ ਸਿੰਘ ਹੁੰਦਲ, ਮਲਕੀਤ ਸਿੰਘ, ਰਵਨੀਸ਼ ਕੁਮਾਰ, ਅਨਿਲ ਕੁਮਾਰ ਸ਼ਰਮਾ, ਰੂਪ ਲਾਲ, ਨਰੇਸ਼ ਕੁਮਾਰ, ਅਸ਼ਵਨੀ ਕੁਮਾਰ, ਰੋਹਿਤ ਕੁਮਾਰ, ਕੇਵਲ ਸਿੰਘ ਆਦਿ ਆਗੂ ਹਾਜ਼ਰ ਸਨ। ਇਸੇ ਤਰ੍ਹਾਂ ਹੀ ਸਬ ਡਵੀਜਨ ਸਹਿਰੀ ਗੁਰਦਾਸਪੁਰ ਉਪ ਮੰਡਲ ਦੋਰਾਂਗਲਾ, ਬਹਿਰਾਮਪੁਰ ਵਿਖੇ ਵੀ ਲਾਲ ਝੰਡੇ ਚੜ੍ਹਾਉਣ ਉਪਰੰਤ ਸ਼ਿਕਾਗੋ ਦੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ।

## 4 ਨੂੰ ਗੁਰਦਾਸਪੁਰ ਵਿਖੇ ਵਿਲੇਜ ਤੇ ਵਾਰਡ ਡਿਫੈਂਸ ਕਮੇਟੀਆਂ ਦੇ ਨੁਮਾਇੰਦਿਆਂ ਨਾਲ ਹੋਵੇਗੀ ਜ਼ਿਲ੍ਹਾ ਪੱਧਰੀ ਮੀਟਿੰਗ



**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**- ਪੰਜਾਬ ਸਰਕਾਰ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਵਿਲੇਜ ਡਿਫੈਂਸ ਕਮੇਟੀਆਂ ਅਤੇ ਸ਼ਹਿਰਾਂ ਦੇ ਵਾਰਡਾਂ ਦੀਆਂ ਡਿਫੈਂਸ ਕਮੇਟੀਆਂ ਦੇ ਨੁਮਾਇੰਦਿਆਂ ਦਾ ਸਾਥ ਲੈਣ ਲਈ ਹਰ ਜ਼ਿਲ੍ਹਾ ਪੱਧਰ ਉੱਪਰ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ। ਅਜਿਹੀ ਹੀ ਮੀਟਿੰਗ 4 ਮਈ ਨੂੰ ਪੀ.ਐੱਸ. ਗਾਰਡਨ ਰੀਜ਼ੋਰਟ ਗੁਰਦਾਸਪੁਰ ਵਿਖੇ ਹੋਵੇਗੀ ਜਿਸ ਵਿੱਚ ਜ਼ਿਲ੍ਹੇ ਦੀਆਂ ਸਾਰੀਆਂ ਵਿਲੇਜ ਤੇ ਵਾਰਡ ਡਿਫੈਂਸ ਕਮੇਟੀਆਂ ਦੇ ਨੁਮਾਇੰਦੇ ਭਾਗ ਲੈਣਗੇ। ਵਿਲੇਜ ਤੇ ਵਾਰਡ ਡਿਫੈਂਸ ਕਮੇਟੀਆਂ ਦੇ ਨੁਮਾਇੰਦਿਆਂ ਨਾਲ ਹੋਣ ਵਾਲੀ ਮੀਟਿੰਗ ਦੀਆਂ ਤਿਆਰੀਆਂ ਦਾ ਜਾਇਜ਼ਾ ਲੈਣ ਲਈ ਡਿਪਟੀ ਕਮਿਸ਼ਨਰ ਦਲਵਿੰਦਰਜੀਤ ਸਿੰਘ ਵੱਲੋਂ ਜ਼ਿਲ੍ਹਾ ਅਧਿਕਾਰੀਆਂ ਨਾਲ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ 4 ਮਈ ਨੂੰ ਪੀ.ਐੱਸ. ਗਾਰਡਨ ਰੀਜ਼ੋਰਟ ਗੁਰਦਾਸਪੁਰ ਵਿਖੇ ਵਿਲੇਜ ਤੇ ਵਾਰਡ ਡਿਫੈਂਸ ਕਮੇਟੀਆਂ ਦੇ ਨੁਮਾਇੰਦਿਆਂ ਨਾਲ ਮੀਟਿੰਗ ਕੀਤੀ ਜਾਵੇਗੀ ਜਿਸ ਵਿੱਚ ਸੂਬੇ ਦੇ ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ, ਕੈਬਨਿਟ ਮੰਤਰੀ ਮਹਿੰਦਰ ਭਗਤ ਅਤੇ ਵਿਧਾਇਕ ਮਨਜਿੰਦਰ ਸਿੰਘ ਲਾਲਪੁਰਾ ਇਸ ਜ਼ਿਲ੍ਹਾ ਪੱਧਰੀ ਮੀਟਿੰਗ ਵਿੱਚ ਸ਼ਾਮਲ ਹੋਣਗੇ। ਉਨ੍ਹਾਂ ਦੱਸਿਆ ਕਿ ਇਸ ਮੀਟਿੰਗ ਵਿੱਚ ਜ਼ਿਲ੍ਹਾ ਗੁਰਦਾਸਪੁਰ ਦੇ ਵਿਧਾਇਕ ਅਤੇ ਚੇਅਰਮੈਨ ਵੀ ਹਿੱਸਾ ਲੈਣਗੇ।ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਵਿਲੇਜ ਤੇ ਵਾਰਡ ਡਿਫੈਂਸ ਕਮੇਟੀਆਂ ਦੀ ਮੀਟਿੰਗ ਵਿੱਚ ਜ਼ਿਲ੍ਹੇ ਦੀਆਂ ਸਾਰੀਆਂ ਡਿਫੈਂਸ ਕਮੇਟੀਆਂ ਦੇ ਨੁਮਾਇੰਦੇ ਸ਼ਾਮਲ ਹੋਣਗੇ। ਉਨ੍ਹਾਂ ਕਿਹਾ ਕਿ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਵਿੱਚ ਵਿਲੇਜ ਤੇ ਵਾਰਡ ਡਿਫੈਂਸ ਕਮੇਟੀਆਂ ਦਾ ਸਾਥ ਲਿਆ ਜਾਵੇਗਾ। ਉਨ੍ਹਾਂ ਜ਼ਿਲ੍ਹੇ ਦੇ ਸਮੂਹ ਬੀ.ਡੀ.ਪੀ.ਓਜ਼ ਅਤੇ ਨਗਰ ਨਿਗਮ ਬਟਾਲਾ ਦੇ ਕਮਿਸ਼ਨਰ ਅਤੇ ਨਗਰ ਕੌਂਸਲਾਂ ਦੇ ਈ.ਓਜ਼ ਨੂੰ ਹਦਾਇਤ ਕੀਤੀ ਕਿ ਇਸ ਮੀਟਿੰਗ ਵਿੱਚ ਸਾਰੀਆਂ ਡਿਫੈਂਸ ਕਮੇਟੀਆਂ ਦੇ ਨੁਮਾਇੰਦਿਆਂ ਨੂੰ ਸ਼ਾਮਲ ਕਰਵਾਇਆ ਜਾਵੇ। ਇਸ ਤੋਂ ਬਾਅਦ 7 ਮਈ ਤੋਂ ਸੂਬੇ ਵਿੱਚ ਸ਼ੁਰੂ ਹੋਣ ਜਾ ਰਹੀ ਨਸ਼ਾ ਛੁਡਾਊ ਯਾਤਰਾ ਤਹਿਤ ਪਿੰਡਾਂ ਅਤੇ ਸ਼ਹਿਰਾਂ ਦੇ ਵਾਰਡਾਂ ਵਿੱਚ ਵਿਸ਼ੇਸ਼ ਪ੍ਰੋਗਰਾਮਾਂ ਦਾ ਆਯੋਜਨ ਕਰਕੇ ਲੋਕਾਂ ਨੂੰ ਨਸ਼ਿਆਂ ਵਿਰੁੱਧ ਲਾਮਬੰਦ ਕੀਤਾ ਜਾਵੇਗਾ। ਡਿਪਟੀ ਕਮਿਸ਼ਨਰ ਨੇ ਸਮੂਹ ਵਿਭਾਗਾਂ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਪੰਜਾਬ ਸਰਕਾਰ ਵੱਲੋਂ ਅਰੰਭੇ ਯੁੱਧ ਨਸ਼ਿਆਂ ਵਿਰੁੱਧ ਨੂੰ ਕਾਮਯਾਬ ਕਰਨ ਲਈ ਆਪਣਾ ਪੂਰਾ ਸਹਿਯੋਗ ਕਰਨ ਅਤੇ ਇਨ੍ਹਾਂ ਦੋਵਾਂ ਪ੍ਰੋਗਰਾਮਾਂ ਨੂੰ ਸਫਲ ਬਣਾਉਣ ਲਈ ਆਪਣੀ ਡਿਊਟੀ ਨੂੰ ਤਨਦੇਹੀ ਨਾਲ ਨਿਭਾਉਣ। ਇਸ ਮੀਟਿੰਗ ਵਿੱਚ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਡਾ. ਹਰਜਿੰਦਰ ਸਿੰਘ ਬੇਦੀ, ਐੱਸ.ਡੀ.ਐੱਮ. ਦੀਨਾਨਗਰ ਜਸਪਿੰਦਰ ਸਿੰਘ ਭੁੱਲਰ, ਐੱਸ.ਡੀ.ਐੱਮ. ਗੁਰਦਾਸਪੁਰ ਮਨਜੀਤ ਸਿੰਘ ਰਾਜਲਾ, ਐੱਸ.ਡੀ.ਐੱਮ. ਡੇਰਾ ਬਾਬਾ ਨਾਨਕ ਰਾਜਪਾਲ ਸਿੰਘ ਸੇਖੋਂ ਸਮੇਤ ਹੋਰ ਜ਼ਿਲ੍ਹਾ ਅਧਿਕਾਰੀ ਵੀ ਹਾਜ਼ਰ ਸਨ।

## ਪਾਵਰਕਾਮ ਮੁਲਾਜ਼ਮਾਂ ਮਜ਼ਦੂਰ ਦਿਵਸ ਮੌਕੇ ਕੇਸਰੀ ਝੰਡਾ ਚੜ੍ਹਾਇਆ



**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**- ਕੇਸਰੀ ਝੰਡਾ ਚਾਹਲ ਗਰੁੱਪ ਵੱਲੋਂ ਡੇਰਾ ਬਾਬਾ ਨਾਨਕ ਪਾਵਰਕਾਮ ਦੇ ਦਫਤਰ ਮਜ਼ਦੂਰ ਦਿਵਸ ਮੌਕੇ ਦਫਤਰ ਦੇ ਮੇਨ ਗੇਟ ਵਿਖੇ ਜਥੇਬੰਦੀ ਦਾ ਕੇਸਰੀ ਝੰਡਾ ਲਹਿਰਾਇਆ ਗਿਆ ਅਤੇ ਇਸ ਤੋਂ ਬਾਅਦ ਸਾਥੀਆਂ ਵੱਲੋਂ ਦਫਤਰ ਵਿਖੇ ਰੈਲੀ ਕੀਤੀ ਗਈ । ਜਿਸ ਦੀ ਪ੍ਰਧਾਨਗੀ ਰਜੇਸ਼ ਕੁਮਾਰ ਡੇਰਾ ਬਾਬਾ ਨਾਨਕ ਵੱਲੋਂ ਕੀਤੀ ਗਈ। ਇਸ ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਮਨਪ੍ਰੀਤ ਸਿੰਘ ਸੂਬਾ ਮੀਤ ਪ੍ਰਧਾਨ, ਕੁਲਵੰਤ ਸਿੰਘ ਐਸ ਐਸ ਓ, ਹਰਮੀਤ ਸਿੰਘ ਐਸ ਐਸ ਏ, ਗੁਰਜੀਤ ਸਿੰਘ ਬਾਜਵਾ ਐਸ ਐਸ ਓ, ਪਰਦੀਪ ਸਿੰਘ ਐਸ ਐਸ ਏ, ਸਤਨਾਮ ਸਿੰਘ ਐਸ ਐਸ ਏ , ਬਲਦੇਵ ਰਾਜ ਜੇਈ, ਜਸਪਾਲ ਸਿੰਘ ਲਾਈਨਮੈਨ ,ਜੇਈ ਚੰਦਰ ਮੋਹਨ ਮਹਾਜਨ, ਜੇਈ ਹਰਜੀਤ ਸਿੰਘ ,ਗੁਰਵੇਲ ਸਿੰਘ ਬੱਲ੍ਹਪੁਰੀਆ ਆਦਿ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਇਸ ਮੀਟਿੰਗ ਦੌਰਾਨ ਸੰਬੋਧਨ ਕਰਦਿਆਂ ਵੱਖ ਵੱਖ ਬੁਲਾਰਿਆਂ ਕਿਹਾ ਗਿਆ ਕਿ ਮੈਨੇਜਮੈਂਟ ਅਤੇ ਪੰਜਾਬ ਸਰਕਾਰ ਸਕੇਲ ਤੇ ਬਕਾਏ ਅਤੇ ਡੀਏ ਦੀਆਂ ਕਿਸ਼ਤਾਂ ਤੁਰੰਤ ਜਾਰੀ ਕਰੇ ।ਉਨ੍ਹਾਂ ਮੰਗ ਕੀਤੀ ਕਿ ਪਾਵਰਕਾਮ ਵਿੱਚ ਮੁਲਾਜ਼ਮਾਂ ਦੀ ਨਵੀਂ ਭਰਤੀ ਕੀਤੀ ਜਾਵੇ। ਇਸ ਮੌਕੇ ਬੋਰਡ ਮੈਨੇਜਮੈਂਟ ਵੱਲੋਂ 10 ਮੰਡਲਾਂ ਨੂੰ ਨਿੱਜੀ ਹੱਥ ਵਿੱਚ ਦੇਣ ਦੀ ਸਖਤ ਨਿਖੇਧੀ ਕੀਤੀ ਗਈ ਅਤੇ ਇਹ ਫੈਸਲਾ ਵਾਪਸ ਲੈਣ ਦੀ ਮੰਗ ਕੀਤੀ। ਉਨ੍ਹਾਂ ਕਿਹਾ ਕਿ ਜੇਕਰ ਉਪਰੋਕਤ ਮੰਗਾਂ ਨਾ ਮੰਨੀਆਂ ਗਈਆਂ ਤਾਂ ਮੁਲਾਜ਼ਮਾਂ ਵੱਲੋਂ ਪਾਵਰਕਾਮ ਬੋਰਡ ਮੈਨਜਮੈਂਟ ਖਿਲਾਫ ਸੰਘਰਸ਼ ਕੀਤਾ ਜਾਵੇਗਾ ।

## ਪਟਵਾਰੀ ਗੁਰਪ੍ਰੀਤ ਸਿੰਘ ਨੇ ਭਿੱਖੀਵਿੰਡ ਦਾ ਚਾਰਜ ਸੰਭਾਲਿਆ



**ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)** ਸ਼ਹਿਰ ਭਿੱਖੀਵਿੰਡ ਦੇ ਨਵੇਂ ਪਟਵਾਰੀ ਗੁਰਪ੍ਰੀਤ ਸਿੰਘ ਨੇ ਅਹੁਦਾ ਸੰਭਾਲ ਕੇ ਕੰਮਕਾਜ ਆਰੰਭ ਕਰ ਦਿੱਤਾ ਹੈ। ਅਹੁਦਾ ਸੰਭਾਲਣ ਉਪਰੰਤ ਪ੍ਰੈੱਸ ਨਾਲ ਗੱਲਬਾਤ ਕਰਦਿਆਂ ਗੁਰਪ੍ਰੀਤ ਸਿੰਘ ਨੇ ਕਿਹਾ ਕਿ ਉਹ ਆਪਣਾ ਕੰਮ ਇਮਾਨਦਾਰੀ ਤੇ ਪੂਰੀ ਤਨਦੇਹੀ ਨਾਲ ਕਰਨਗੇ ਤੇ ਲੋਕਾਂ ਨੂੰ ਕਿਸੇ ਵੀ ਕਿਸਮ ਦੀ ਦਿੱਕਤ ਨਹੀਂ ਆਉਂਣ ਦੇਣਗੇ। ਉਨ੍ਹਾਂ ਕਿਹਾ ਕਿ ਦਫ਼ਤਰ ਆਉਂਣ ਵਾਲੇ ਹਰ ਇੱਕ ਵਿਅਕਤੀ ਨੂੰ ਬਣਦਾ ਮਾਣ ਸਤਿਕਾਰ ਦਿੱਤਾ ਜਾਵੇਗਾ। ਦੱਸ ਦਈਏ ਕਿ ਗੁਰਪ੍ਰੀਤ ਸਿੰਘ ਪਹਿਲਾਂ ਵੀ ਭਿੱਖੀਵਿੰਡ ਸ਼ਹਿਰ ਚ ਬਤੌਰ ਪਟਵਾਰੀ ਸੇਵਾਵਾਂ ਨਿਭਾ ਚੁੱਕੇ ਹਨ।ਇਸ ਮੌਕੇ ਵਸੀਕਾ ਨਿੰਦਰ ਸਿੰਘ, ਲੱਖਾ ਸਿੰਘ ਵਸੀਕਾ, ਬਲਜਿੰਦਰ ਸਿੰਘ ਵਸੀਕਾ, ਗਗਨ ਮੱਟੂ, ਸੰਜੀਵ, ਸੋਨੂੰ ਧਵਨ, ਸੰਜੀਵ ਚੋਪੜਾ,ਪ੍ਰਤਾਪ ਸਿੰਘ ਮੱਟੂ, ਮਨਜਿੰਦਰ ਸਿੰਘ ਮੰਨਾ, ਗੁਰਜੰਟ ਸਿੰਘ, ਭੁਪਿੰਦਰ ਚੋਪੜਾ, ਗੁਰਦੇਵ ਜੌਹਲ, ਦੀਪੂ, ਤਰੁਣ, ਨਿਸ਼ਾਨ ਸਿੰਘ, ਮਲਕੀਤ ਮੱਟੂ, ਮਲਕੀਤ ਮੱਖੀ, ਬਲਜੀਤ ਸਿੰਘ, ਸੁਖਵਿੰਦਰ ਸਿੰਘ ਆਰਸੀ, ਦਿਲਬਾਗ ਸਿੰਘ ਆਰਸੀ, ਗੁਰਦੇਵ ਸਿੰਘ, ਗੁਰਮੀਤ ਸਿੰਘ, ਰਾਜਕਰਨ ਸਿੰਘ,ਜੋਗਾ ਸਿੰਘ, ਦਵਿੰਦਰ ਸਿੰਘ, ਚੇਤਨ ਧਵਨ, ਨੰਬਰਦਾਰ ਦਿਲਬਾਗ ਸਿੰਘ, ਜਤਿਨ ਸ਼ਰਮਾ ਪਟਵਾਰੀ, ਰਾਜਬੀਰ ਸਿੰਘ ਪਟਵਾਰੀ, ਗੁਰਦੇਵ ਸਿੰਘ ਪਟਵਾਰੀ, ਮਹਿੰਦਰ ਸਿੰਘ ਪਟਵਾਰੀ ਨੇ ਉਨ੍ਹਾਂ ਨੂੰ ਜੀ ਆਇਆਂ ਆਖਿਆ।

## ਸ਼ੁਕਰ ਚੱਕ ਚੀਮਾ 'ਚ ਜਸਪਾਲ ਸਿੰਘ ਝਬਾਲ ਨੇ ਝੰਡਾ ਲਹਿਰਾਇਆ



**ਝਬਾਲ (ਮੱਖਣ ਮਨੋਜ)**- ਮਜ਼ਦੂਰਾਂ ਦੇ ਕੌਮਾਂਤਰੀ ਦਿਵਸ ਮੌਕੇ ਸਰਹੱਦੀ ਪਿੰਡ ਚੀਮਾ ਸ਼ੁਕਰਚੱਕ ਵਿਖੇ ਕਾਮਰੇਡ ਗੁਰਵੇਲ ਸਿੰਘ ਚੀਮਾ ਅਤੇ ਮੀਨਾ ਕੌਰ ਸਰਪੰਚ ਚੀਮਾ ਦੀ ਪ੍ਰਧਾਨਗੀ ਹੇਠ ਵਿਸ਼ਾਲ ਮੀਟਿੰਗ ਕੀਤੀ ਗਈ। ਇਸ ਮੌਕੇ ਕਮਿਊਨਿਸਟ ਆਗੂ ਕਾਮਰੇਡ ਜਸਪਾਲ ਸਿੰਘ ਝਬਾਲ ਨੇ ਝੰਡਾ ਲਹਿਰਾਇਆ ਅਤੇ ਇਕੱਤਰ ਹੋਏ ਲੋਕਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਕਿਰਤੀ ਲੋਕਾਂ ਦੀ ਭੁੱਖ, ਕੰਗਾਲੀ ਦਾ ਹੱਲ ਸਿਰਫ ਸਮਾਜਵਾਦੀ ਪ੍ਰਬੰਧ ਵਲੋਂ ਹੀ ਕੀਤਾ ਜਾ ਸਕਦਾ ਹੈ। ਇਸ ਦੀ ਪ੍ਰਾਪਤੀ ਲਈ ਜਾਗਰੂਕ ਹੋ ਕੇ ਤਿੱਖੇ ਸੰਘਰਸ਼ਾਂ ਦੇ ਰਾਹ ਪੈਣ ਦੀ ਇਤਿਹਾਸਕ ਮਹੱਤਤਾ ਹੈ। ਇਸ ਸਮੇਂ ਹੋਰਨਾਂ ਤੋਂ ਇਲਾਵਾ ਲਖਵਿੰਦਰ ਕੌਰ, ਦਲਜੀਤ ਕੌਰ, ਰਾਜ ਕੌਰ, ਜਸਪ੍ਰੀਤ ਕੌਰ, ਅਮਨਪ੍ਰੀਤ ਕੌਰ, ਹਰਵਿੰਦਰ ਕੌਰ, ਕੁਲਦੀਪ ਕੌਰ, ਅਜੀਤ ਸਿੰਘ ਆਦਿ ਆਗੂ ਹਾਜ਼ਰ ਸਨ।

## ਸੇਂਟ ਸੋਲਜਰ ਇਲੀਟ ਕਾਨਵੈਂਟ ਸਕੂਲ 'ਚ ਅੰਤਰਰਾਸ਼ਟਰੀ ਡਾਂਸ ਦਿਵਸ ਮਨਾਇਆ



**ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)**- ਸੇਂਟ ਸੋਲਜਰ ਇਲੀਟ ਕਾਨਵੈਂਟ ਸਕੂਲ ਜੰਡਿਆਲਾ ਗੁਰੂ ਵਿੱਚ ਅੰਤਰਰਾਸ਼ਟਰੀ ਡਾਂਸ ਦਿਵਸ ਮਨਾਇਆ ਗਿਆ । ਇਹ ਦਿਨ ਇੱਕ ਫਰੈਂਚ ਡਾਂਸਰ ਜੀਨ ਜੋਰਜਸ ਨੋਵਰੈਰ ਦੇ ਜਨਮ ਦਿਨ ਦੇ ਰੂਪ ਵਿੱਚ ਪੂਰੇ ਵਿਸ਼ਵ ਵਿਚ ਮਨਾਇਆ ਜਾਂਦਾ ਹੈ। ਸੇਂਟ ਸੋਲਜਰ ਸਕੂਲ ਬੱਚਿਆਂ ਵਿੱਚ ਲੁਕੀ ਹੋਈ ਹਰ ਪ੍ਰਤਿਭਾ ਨੂੰ ਅੱਗੇ ਲੈ ਕੇ ਆਉਣ ਵਾਸਤੇ ਇਸ ਤਰਾਂ ਦੇ ਉਪਰਾਲੇ ਲਗਾਤਾਰ ਕਰਦਾ ਆ ਰਿਹਾ ਹੈ। ਸੇਂਟ ਸੋਲਜਰ ਦੇ ਡਾਂਸ ਗਰੁੱਪ ਨੇ ਡਾਂਸ ਦੀਆਂ ਹਰ ਵੰਨਗੀਆਂ ਪੇਸ਼ ਕੀਤੀਆਂ ਜਿਵੇਂ ਕਲਾਸੀਕਲ, ਫਰੀ ਸਟਾਈਲ, ਹਿਪ ਹੋਪ, ਭੰਗੜਾ, ਗਿੱਧਾ ਆਦਿ। ਲਗਾਤਾਰ ਬਿਨਾਂ ਰੁਕੇ ਲਗਭਗ 70 ਵਿਦਿਆਰਥੀਆਂ ਨੇ ਇਸ ਡਾਂਸ ਪ੍ਰਫੋਰਮੈਂਸ ਵਿੱਚ ਭਾਗ ਲਿਆ। ਇਸ ਮੌਕੇ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਡਾ. ਮੰਗਲ ਸਿੰਘ ਕਿਸ਼ਨਪੁਰੀ ਨੇ ਕਿਹਾ ਕਿ ਇਹਨਾਂ ਵੰਨਗੀਆਂ ਨਾਲ ਵਿਦਿਆਰਥੀਆਂ ਵਿੱਚ ਆਤਮ ਵਿਸ਼ਵਾਸ, ਅਨੁਸ਼ਾਸਨ ਅਤੇ ਖੁਸ਼ੀ ਨਾਲ ਅੱਗੇ ਵਧਣ ਦੀ ਪ੍ਰੇਰਣਾ ਮਿਲਦੀ ਹੈ। ਸਕੂਲ ਦੇ ਪ੍ਰਿੰਸੀਪਲ ਅਮਰਪ੍ਰੀਤ ਕੌਰ ਨੇ ਵਿਦਿਆਰਥੀਆਂ ਅਤੇ ਉਹਨਾਂ ਦੇ ਡਾਂਸ ਅਧਿਆਪਕ ਸਿਕੰਦਰ ਸਿੰਘ ਦੀ ਮਿਹਨਤ ਨੂੰ ਖੂਬ ਸਰਾਹਿਆ ਅਤੇ ਸ਼ਾਬਾਸ਼ੀ ਦਿੱਤੀ । ਇਸ ਮੌਕੇ ਤੇ ਸਕੂਲ ਦੇ ਵਾਈਸ ਪ੍ਰਿੰਸੀਪਲ ਗੁਰਪ੍ਰੀਤ ਕੌਰ ਜੀ, ਕੋਆਰਡੀਨੇਟਰ ਸ਼ਿਲਪਾ ਸ਼ਰਮਾ, ਕੋਆਰਡੀਨੇਟਰ ਨੀਲਾਕਸ਼ੀ ਗੁਪਤਾ, ਸਮੂਹ ਸਟਾਫ ਅਤੇ ਬੱਚੇ ਹਾਜ਼ਰ ਸਨ।

## ਖੱਬੀ-ਪੱਖੀ ਟਰੇਡ ਯੂਨੀਅਨਾਂ ਤੇ ਮੁਲਾਜ਼ਮ ਫੈਡਰੇਸ਼ਨਾਂ ਨੇ ਮਜ਼ਦੂਰ ਦਿਵਸ ਮਨਾਇਆ



**ਬਟਾਲਾ (ਤਰਲੋਕ ਬੱਗਾ)**- ਸਥਾਨਕ ਸ਼ਹੀਦ ਸੁੱਖਾ ਸਿੰਘ ਮਹਿਤਾਬ ਸਿੰਘ ਪਾਰਕ ਵਿਖੇ ਬਟਾਲਾ ਦੀਆਂ ਖੱਬੀ ਪੱਖੀ ਟਰੇਡ ਯੂਨੀਅਨਾਂ ਤੇ ਮੁਲਾਜ਼ਮ ਫੈਡਰੇਸ਼ਨਾਂ ਏਟਕ, ਸੀ ਆਈ ਟੀ ਯੂ ਅਤੇ ਸੀ ਟੀ ਯੂ ਪੰਜਾਬ ਵਲੋਂ ਮਜ਼ਦੂਰ ਜਮਾਤ ਦਾ ਇਤਿਹਾਸਕ ਦਿਹਾੜਾ ਅੰਤਰਰਾਸ਼ਟਰੀ ਮਈ ਦਿਵਸ ਜੋਸ਼ੋ-ਖਰੋਸ਼ ਨਾਲ ਮਨਾਇਆ ਗਿਆ। ਇਸ ਮੌਕੇ ਪ੍ਰਭਾਵਸ਼ਾਲੀ ਰੈਲੀ ਦੀ ਪ੍ਰਧਾਨਗੀ ਸਰਵਸਾਥੀ ਜਰਨੈਲ ਸਿੰਘ , ਅਮਰਜੀਤ ਸਿੰਘ ਰਿਖਿਆ, ਜਗੀਰ ਸਿੰਘ ਕਿਲ੍ਹਾ ਲਾਲ ਸਿੰਘ ਨੇ ਸਾਂਝੇ ਤੌਰ 'ਤੇ ਕੀਤੀ। ਰੈਲੀ ਤੋਂ ਪਹਿਲਾਂ ਸ਼ਿਕਾਗੋ ਦੇ ਮਹਾਨ ਸ਼ਹੀਦਾਂ ਅਤੇ ਇਕ ਵੱਖਰੇ ਮਤੇ ਰਾਹੀਂ ਪਹਿਲਗਾਮ ਅੱਤਵਾਦੀ ਹਮਲੇ ਵਿਚ ਸ਼ਹੀਦ ਹੋਏ ਲੋਕਾਂ ਨੂੰ ਦੋ ਮਿੰਟ ਦਾ ਮੌਨ ਰੱਖ ਕੇ ਸ਼ਰਧਾਂਜਲੀ ਭੇਟ ਕੀਤੀ ਗਈ ਅਤੇ ਪਹਿਲਗਾਮ ਅੱਤਵਾਦੀ ਹਮਲੇ ਦੀ ਜ਼ੋਰਦਾਰ ਸ਼ਬਦਾਂ ਵਿਚ ਨਿੰਦਾ ਕੀਤੀ ਗਈ ਅਤੇ ਜੰਗੀ ਮਾਹੌਲ ਪੈਦਾ ਕਰਨ ਦੀ ਨਿਖੇਧੀ ਕੀਤੀ। ਰੈਲੀ ਨੂੰ ਏਟਕ ਵਲੋਂ ਜਰਨੈਲ ਸਿੰਘ, ਗੁਲਜਾਰ ਸਿੰਘ ਬਸੰਤਕੋਟ, ਸੀ ਆਈ ਟੀ ਯੂ ਵਲੋਂ ਰਣਬੀਰ ਸਿੰਘ ਵਿਰਕ, ਜਨਕ ਰਾਜ, ਸੋਮ ਸਿੰਘ ਅਤੇ ਸੀ ਟੀ ਯੂ ਪੰਜਾਬ ਵਲੋਂ ਮਾਸਟਰ ਰਘਬੀਰ ਸਿੰਘ ਪਕੀਵਾਂ, ਸ਼ਮਸ਼ੇਰ ਸਿੰਘ ਨਵਾਂ ਪਿੰਡ, ਗੁਰਪ੍ਰੀਤ ਸਿੰਘ ਰੰਗੀਲਪੁਰ, ਉਘੇ ਲੇਖਕ ਆਗੂ ਡਾ. ਅਨੂਪ ਸਿੰਘ ਨੇ ਸ਼ਿਕਾਗੋ ਦੇ ਸ਼ਹੀਦਾਂ ਦੀਆਂ ਮਜ਼ਦੂਰ ਜਮਾਤ ਪ੍ਰਤੀ ਕੀਤੀਆਂ ਕੁਰਬਾਨੀਆਂ ਦੀ ਚਰਚਾ ਕੀਤੀ ਉਥੇ ਦੇਸ਼ ਦੀ ਮੌਜੂਦਾ ਰਾਜਨੀਤਕ ਵਿਵਸਥਾ 'ਤੇ ਗੱਲਬਾਤ ਕਰਦਿਆਂ ਕਿਹਾ ਕਿ ਕੇਂਦਰ ਦੀ ਰਾਜਸੱਤਾ 'ਤੇ ਕਾਬਜ਼ ਹਿੰਦੁਸਤਾਨ ਦੇ ਕਾਰਪੋਰੇਟਾਂ ਅਤੇ ਵਿਦੇਸ਼ੀ ਕਾਰਪੋਰੇਸ਼ਨਾਂ ਪੱਖੀ ਮੋਦੀ ਸਰਕਾਰ ਲਗਾਤਾਰ ਮਜ਼ਦੂਰਾਂ, ਕਿਸਾਨਾਂ ਅਤੇ ਆਮ ਲੋਕਾਂ ਦੇ ਵਿਰੋਧ ਵਿੱਚ ਨੀਤੀਆਂ ਲਾਗੂ ਕਰਕੇ ਉਨ੍ਹਾਂ ਉੱਤੇ ਘਿਨੌਣੇ ਹਮਲੇ ਕਰ ਰਹੀ ਹੈ। ਮੋਦੀ ਸਰਕਾਰ ਨੇ ਮਜ਼ਦੂਰ ਵਲੋਂ ਆਪਣਾ ਖੂਨ ਡੋਲ੍ਹ ਕੇ ਬਣਾਏ ਕਿਰਤ ਕਾਨੂੰਨਾਂ ਨੂੰ ਖਤਮ ਕਰਕੇ ਚਾਰ ਕੋਡਾਂ ਵਿਚ ਤਬਦੀਲ ਕਰ ਦਿੱਤਾ ਹੈ ਜਿਸ ਨਾਲ ਮਜ਼ਦੂਰਾਂ ਦੇ ਹੱਕਾਂ 'ਤੇ ਛਾਪਾ ਮਾਰ ਕੇ ਉਨ੍ਹਾਂ ਦੇ ਕੰਮ ਕਰਨ ਦਾ ਸਮਾਂ 8 ਘੰਟੇ ਤੋਂ ਵਧਾ ਕੇ 12 ਘੰਟੇ ਕਰ ਦਿੱਤਾ ਹੈ। ਇਸੇ ਤਰ੍ਹਾਂ ਮੁਲਾਜ਼ਮਾਂ ਦੀ ਪੁਰਾਣੀ ਪੈਨਸ਼ਨ ਸਕੀਮ ਰੱਦ ਕਰਕੇ ਨਵੀਂ ਪੈਨਸ਼ਨ ਸਕੀਮ ਧੱਕੇ ਨਾਲ ਲਾਗੂ ਕੀਤੀ ਜਾ ਰਹੀ ਹੈ ਅਤੇ ਹਰ ਅਦਾਰੇ ਅੰਦਰ ਠੇਕੇਦਾਰੀ ਪ੍ਰਥਾ ਤੇਜ਼ੀ ਨਾਲ ਲਾਗੂ ਕੀਤੀ ਜਾ ਰਹੀ ਹੈ ਸਕੀਮ ਵਰਕਰਾਂ ਨੂੰ ਲੇਬਰ ਕਾਨੂੰਨਾਂ ਥੱਲੇ ਨਹੀਂ ਲਿਆਂਦਾ ਜਾ ਰਿਹਾ। ਇਸੇ ਤਰ੍ਹਾਂ ਕਿਸਾਨਾਂ 'ਤੇ ਹਮਲਾ ਕਰਦਿਆਂ ਮੋਦੀ ਸਰਕਾਰ ਸਰਕਾਰ ਨੇ ਨਵਾਂ ਮੰਡੀਕਰਨ ਕਾਨੂੰਨ ਲਿਆ ਕੇ ਕਾਰਪੋਰੇਟ ਘਰਾਣਿਆਂ ਦਾ ਮੰਡੀ 'ਤੇ ਕਬਜ਼ਾ ਕਰਨ ਦਾ ਰਾਹ ਪੱਧਰਾ ਕੀਤਾ ਗਿਆ ਸੀ। ਦੇਸ਼ ਅੰਦਰ ਮਹਿੰਗਾਈ, ਬੇਰੁਜ਼ਗਾਰੀ , ਭ੍ਰਿਸ਼ਟਾਚਾਰ ਵਿੱਚ ਲਗਾਤਾਰ ਵਾਧਾ ਹੋ ਰਿਹਾ ਹੈ। ਮੋਦੀ ਸਰਕਾਰ ਦੇਸ਼ ਦੀਆਂ ਘੱਟ ਗਿਣਤੀਆਂ ਕੌਮਾਂ ਮੁਸਲਮਾਨ, ਈਸਾਈ ਅਤੇ ਦਲਿਤਾਂ ਨੂੰ ਫਿਰਕਾਪ੍ਰਸਤੀ ਦੀ ਅੱਗ ਵਿਚ ਝੋਕ ਰਹੀ ਹੈ। ਉਨ੍ਹਾਂ ਨੂੰ ਧਰਮ-ਜਾਤ ਅਤੇ ਇਲਾਕਿਆਂ ਦੀ ਭਿੰਨਤਾਵਾਂ ਵਿਚ ਵੰਡ ਕੇ ਆਪਣੀਆਂ ਸਿਆਸੀ ਰੋਟੀਆਂ ਸੇਕ ਰਹੀ ਹੈ। ਬੁੱਧੀਜੀਵੀਆਂ ਉਪਰ ਦੇਸ਼ਸ਼ ਧ੍ਰੋਹ ਦੇ ਝੂਠੇ ਮੁਕੱਦਮੇ ਦਰਜ ਕਰਕੇ ਜੇਲ੍ਹਾਂ ਵਿੱਚ ਡੱਕਿਆ ਜਾ ਰਿਹਾ ਹੈ। ਪੰਜਾਬ ਦੀ ਭਗਵੰਤ ਮਾਨ ਸਰਕਾਰ ਵੱਲੋਂ ਆਪਣੇ ਤਿੰਨ ਸਾਲ ਦੇ ਕਾਰਜਕਾਲ ਵਿੱਚ ਲੋਕਾਂ ਨਾਲ ਕੀਤੇ ਵਾਅਦੇ ਪੂਰੇ ਨਹੀਂ ਕੀਤੇ ਜਾ ਰਹੇ। ਇਸ ਮੌਕੇ ਉਪਰੋਕਤ ਆਗੂਆਂ ਤੋਂ ਬਿਨਾਂ ਸੁਰਜੀਤ ਸਿੰਘ ਘੁਮਾਣ, ਵਰਗਿਸ ਸਲਾਮਤ, ਕਿਸਾਨ ਆਗੂ ਬਚਨ ਸਿੰਘ ਭੰਬੋਈ, ਗੁਰਬਖਸ਼ ਸਿੰਘ ਮਾਨ ਨਗਰ, ਸੰਤੋਖ ਸਿੰਘ ਔਲਖ, ਜਗਦੀਪ ਸਿੰਘ ਕਿਰਤੀ, ਧੀਰ ਸਿੰਘ ਚਿਤੌੜਗੜ੍ਹ, ਮਨੀਰ ਮਸੀਹ ਸਤਕੋਹਾ ਆਦਿ ਨੇ ਵਿਚਾਰ ਪੇਸ਼ ਕੀਤੇ ।

## ਦਿਹਾਤੀ ਮਜ਼ਦੂਰ ਸਭਾ ਨੇ ਰਸੂਲਪੁਰ 'ਚ ਮਜ਼ਦੂਰ ਦਿਵਸ 'ਤੇ ਲਾਲ ਝੰਡਾ ਲਹਿਰਾਇਆ



**ਸਰਾਏ ਅਮਾਨਤ ਖਾਂ (ਮੱਖਣ ਮਨੋਜ)**- ਸਰਹੱਦੀ ਪਿੰਡ ਰਸੂਲਪੁਰ, ਬੀੜ ਰਾਜਾ ਤੇਜਾ ਸਿੰਘ ਵਿਖੇ ਦਿਹਾਤੀ ਮਜ਼ਦੂਰ ਸਭਾ ਵੱਲੋਂ ਮਜ਼ਦੂਰ ਜਮਾਤ ਦੇ ਸ਼ਹੀਦਾਂ ਦੀ ਯਾਦ ਵਿੱਚ ਦਿਹਾਤੀ ਮਜ਼ਦੂਰ ਸਭਾ ਦੇ ਤਹਿਸੀਲ ਸਕੱਤਰ ਸਾਥੀ ਜਰਨੈਲ ਸਿੰਘ ਰਸੂਲਪੁਰ ਨੇ ਲਾਲ ਝੰਡਾ ਲਹਿਰਾਇਆ। ਇਸ ਸਮੇਂ ਇਕੱਤਰ ਮਜ਼ਦੂਰਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਬਹੁਤ ਲੰਬੇ ਸਮੇਂ ਤੋਂ ਵੱਖ ਵੱਖ ਸਰਕਾਰਾਂ ਨੇ ਮਜ਼ਦੂਰਾਂ ਨੂੰ ਲਾਰਿਆਂ ਲੱਪਿਆ ਨਾਲ ਹੀ ਸਮਾਂ ਲੰਘਾਇਆ ਹੈ। ਸੋ ਅੱਜ ਦੇ ਦਿਨ ਉਪਰ ਤਿੱਖੇ ਸੰਘਰਸ਼ ਕਰਨ ਲਈ ਅਹਿਦ ਕਰਨ ਦੀ ਇਤਿਹਾਸਕ ਲੋੜ ਹੈ ਅਤੇ ਮਨਰੇਗਾ ਮਜ਼ਦੂਰਾਂ ਨੂੰ 5 ਮਈ ਨੂੰ ਦਿਹਾਤੀ ਮਜ਼ਦੂਰ ਸਭਾ ਵੱਲੋਂ ਡੀ ਸੀ ਦਫਤਰ ਤਰਨਤਾਰਨ ਵਿਖੇ ਵੱਡੀ ਗਿਣਤੀ ਵਿੱਚ ਸ਼ਾਮਲ ਹੋਣ ਦੀ ਅਪੀਲ ਕੀਤੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਰਾਜਵਿੰਦਰ ਕੌਰ, ਲਖਵਿੰਦਰ ਕੌਰ, ਦਰਸ਼ੋ, ਪਰਮਜੀਤ ਸਿੰਘ, ਜਿੰਦਰ ਸਿੰਘ, ਮਨਪ੍ਰੀਤ ਕੌਰ, ਸੁਖਵਿੰਦਰ ਕੌਰ, ਗੁਲਜਾਰ ਸਿੰਘ, ਕੁਲਜੀਤ ਸਿੰਘ, ਗੁਰਪ੍ਰੀਤ ਕੌਰ, ਜੋਗਿੰਦਰ ਕੌਰ ਆਦਿ ਹਾਜ਼ਰ ਸਨ।

## ਜਨਮ ਦਿਨ ਮੁਬਾਰਕ



ਅਗਮਪ੍ਰੀਤ ਕੌਰ
ਪਿਤਾ : ਮੰਗਵਿੰਦਰ ਪਾਲ ਸਿੰਘ
ਮਾਤਾ : ਜਸਪ੍ਰੀਤ ਕੌਰ

## ਸ਼ਹਿਨਾਈਆਂ



ਕੋਮਲਪ੍ਰੀਤ ਸਿੰਘ ਦਾ ਸ਼ੁੱਭ ਵਿਆਹ ਕਰਮਜੀਤ ਕੌਰ ਨਾਲ ਗੁਰਮਰਿਆਦਾ ਨਾਲ ਹੋਇਆ।

# ਵਪਾਰ ਦੇ ਵਿਕਾਸ ਲਈ ਤਕਨੀਕ ਦੀ ਵਰਤੋਂ ਜ਼ਰੂਰੀ : ਸੰਤੋਸ਼ ਗੋਗੀ



**ਫਗਵਾੜਾ (ਡਾ. ਰਮਨ)**- ਸਰਬ ਨੌਜਵਾਨ ਸਭਾ ਵੱਲੋਂ ਸਿਖਰਾ ਪੰਜਾਬ ਦੇ ਸਹਿਯੋਗ ਨਾਲ ਸਥਾਨਕ ਸਕੀਮ ਨੰਬਰ 3, ਹੁਸ਼ਿਆਰਪੁਰ ਰੋਡ ਵਿਖੇ ਸੰਚਾਲਿਤ ਵੋਕੇਸ਼ਨਲ ਸੈਂਟਰ ਵਿਖੇ ਅੱਜ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (ਐੱਲ ਪੀ ਯੂ) ਦੇ ਮਿੱਤਲ ਸਕੂਲ ਆਫ ਬਿਜ਼ਨੈੱਸ ਵੱਲੋਂ ਵਰਲਡ ਇਨਵੈਸਟਰ ਵੀਕ 2025 ਅਧੀਨ 'ਡਿਜੀਟਲ ਤਕਨੀਕ ਰਾਹੀਂ ਵਪਾਰਕ ਵਾਧਾ' ਵਿਸ਼ੇ 'ਤੇ ਸੈਮੀਨਾਰ ਕਰਵਾਇਆ ਗਿਆ। ਇਸ ਦੌਰਾਨ ਮੁੱਖ ਬੁਲਾਰਿਆਂ ਵਜੋਂ ਪਹੁੰਚੇ ਪ੍ਰੋਫੈਸਰ ਅਨੂਪ ਮਹੇਤੀ ਨੇ ਵੋਕੇਸ਼ਨਲ ਸੈਂਟਰ ਦੀਆਂ 60 ਸਿਖਿਆਰਥਣਾਂ ਨੂੰ ਮਹੱਤਵਪੂਰਨ ਜਾਣਕਾਰੀ ਦਿੱਤੀ ਅਤੇ ਨਾਰੀ ਸ਼ਕਤੀਕਰਨ ਥੀਮ ਹੇਠ ਯੋਜਨਾ ਬੱਧ ਕੰਮ ਕਰਨ ਲਈ ਪ੍ਰੇਰਿਆ। ਉਹਨਾਂ ਦੱਸਿਆ ਕਿ ਕਿਵੇਂ ਘੱਟ ਨਿਵੇਸ਼ ਨਾਲ ਵੀ ਵਪਾਰ ਸ਼ੁਰੂ ਕੀਤਾ ਜਾ ਸਕਦਾ ਹੈ। ਉਹਨਾਂ ਭਾਗੀਦਾਰਾਂ ਨੂੰ ਏ ਆਈ ਟੂਲਜ਼ ਰਾਹੀਂ ਬ੍ਰਾਂਡਿੰਗ ਬਾਰੇ ਵੀ ਜਾਣਕਾਰੀ ਦਿੱਤੀ। ਇਸ ਮੌਕੇ ਬਤੌਰ ਮੁੱਖ ਮਹਿਮਾਨ ਹਾਜ਼ਰ ਆਏ ਨਗਰ ਸੁਧਾਰ ਟਰੱਸਟ ਦੇ ਟਰਸਟੀ ਮੈਂਬਰ ਸੰਤੋਸ਼ ਕੁਮਾਰ ਗੋਗੀ ਨੇ ਕਿਹਾ ਕਿ ਵਪਾਰ ਦੇ ਵਿਕਾਸ ਲਈ ਤਕਨੀਕ ਦੀ ਗਿਆਨ ਅਤੇ ਵਰਤੋਂ ਜ਼ਰੂਰੀ ਹੈ। ਸਟੇਜ ਦੀ ਸੇਵਾ ਲੈਕਚਰਾਰ ਹਰਜਿੰਦਰ ਗੋਗਨਾ ਨੇ ਨਿਭਾਈ। ਅਖੀਰ ਵਿੱਚ ਸਭਾ ਦੇ ਪ੍ਰਧਾਨ ਸੁਖਵਿੰਦਰ ਸਿੰਘ ਨੇ ਇਸ ਜਾਗਰੂਕਤਾ ਪ੍ਰੋਗਰਾਮ 'ਚ ਸਹਿਯੋਗ ਲਈ ਮਿੱਤਲ ਸਕੂਲ ਆਫ ਬਿਜ਼ਨੈੱਸ ਦਾ ਤਹਿ ਦਿਲੋਂ ਧੰਨਵਾਦ ਕੀਤਾ ਅਤੇ ਭਰੋਸਾ ਦਿੱਤਾ ਕਿ ਸੈਂਟਰ ਦੀਆਂ ਸਿਖਿਆਰਥਣਾਂ ਲਈ ਅਜਿਹੇ ਲਾਹੇਵੰਦ ਪ੍ਰੋਗਰਾਮਾਂ ਅੱਗੇ ਵੀ ਜਾਰੀ ਰੱਖੇ ਜਾਣਗੇ। ਸਭਾ ਵਲੋਂ ਮਿੱਤਲ ਸਕੂਲ ਆਫ ਬਿਜ਼ਨੈੱਸ ਦੀ ਟੀਮ ਅਤੇ ਸੈਂਟਰ ਪਹੁੰਚੇ ਵਿਦਿਆਰਥੀਆਂ ਅੰਜਲੀ ਯਾਦਵ, ਸੁਨੇਸ਼ਧਾ ਗੋਇੰਗ, ਮਨਵਿੰਦਰ ਬਾਜਵਾ, ਸ਼ਿਵਲਿਕਾ ਨਾਗਪਾਲ ਨੂੰ ਸਨਮਾਨਤ ਵੀ ਕੀਤਾ ਗਿਆ। ਇਸ ਮੌਕੇ ਸਭਾ ਦੇ ਜਨਰਲ ਸਕੱਤਰ ਡਾ. ਵਿਜੇ ਕੁਮਾਰ, ਵਿੱਕੀ ਸਿੰਘ, ਡਾ. ਗੁਰਦੀਪ ਸਿੰਘ, ਗੁਲਸ਼ਨ ਕਪੂਰ, ਗੁਰਦੀਪ ਸਿੰਘ ਤੁਲੀ, ਨਰਿੰਦਰ ਸਿੰਘ ਸੈਣੀ, ਪਰਮਜੀਤ ਰਾਏ, ਮੈਡਮ ਤਨੂੰ, ਮੈਡਮ ਗੁਰਜੀਤ ਕੌਰ, ਮੈਡਮ ਨਵਜੋਤ ਕੌਰ, ਮੈਡਮ ਆਸ਼ੂ ਬੱਗਾ, ਮੈਡਮ ਸਪਨਾ ਸ਼ਾਰਦਾ, ਗੁਰਬਰਨ ਬਾਸੀ ਅਤੇ ਸਿਖਿਆਰਥਣਾਂ ਅਕਸ਼ਾ, ਗੁਰਲੀਨ, ਸਪਨਾ ਦੇਵੀ, ਕਾਜਲ, ਕੋਮਲ, ਕੋਮਲਪ੍ਰੀਤ, ਜੈਸਨਾ ਸ਼ਰਮਾ, ਗੁਰਲੀਨ ਕੌਰ, ਤਰਸੇਮ ਕੌਰ, ਰਰਮਨ, ਨੰਦਨੀ, ਪ੍ਰਿਆ, ਰਮਨਦੀਪ, ਅੰਜਲੀ, ਨਿਕਿਤਾ, ਨਵਦੀਪ, ਨੀਲਮ, ਸੁਰਿੰਦਰ ਕੌਰ, ਮਨਿਕਾ ਦੀਪ, ਨਿੱਕੀ ਕੁਮਾਰੀ, ਭਾਵਨਾ, ਜਾਨ੍ਹਵੀ, ਨੇਹਾ ਕੁਮਾਰੀ, ਮਨਿਕਾ, ਗੀਤਿਕਾ, ਨਵਨੀਤ ਕੌਰ, ਜਸਪ੍ਰੀਤ ਕੌਰ, ਆਸ਼ਾ ਰਾਣੀ, ਪੂਜਾ ਦੇਵੀ, ਆਂਚਲ, ਕਿਰਨਦੀਪ, ਤਰਨਪ੍ਰੀਤ, ਚਰਨਜੀਤ, ਅਨੂੰ, ਅਰਸ਼ਦੀਪ, ਰੇਸਨਾ, ਆਰਤੀ ਕੁਮਾਰੀ, ਸਨੇਹਾ, ਅਮਨਦੀਪ ਕੌਰ, ਸਿਮਰਨ ਕੌਰ ਆਦਿ ਹਾਜ਼ਰ ਸਨ।

# ਮਜ਼ਦੂਰ ਦਿਵਸ ਮੌਕੇ ਸਕੂਲ ਸੇਵਾਦਾਰਾਂ ਦਾ ਸਕੂਲ ਮੈਨੇਜਮੈਂਟ ਵੱਲੋਂ ਧੰਨਵਾਦ



**ਟਾਂਡਾ ਉੜਮੁੜ (ਓਂਕਾਰ ਸਿੰਘ, ਜਸਵਿੰਦਰ ਸੰਧੂ)**- ਇਲਾਕੇ ਦੀ ਪ੍ਰਮੁੱਖ ਸਿੱਖਿਆ ਸੰਸਥਾ ਸਿਲਵਰ ਓਕ ਇੰਟਰਨੈਸ਼ਨਲ ਸੀਨੀਅਰ ਸੈਕੰਡਰੀ ਸਕੂਲ, ਸਾਹਬਾਜ਼ਪੁਰ ਵਿੱਚ ਮਜ਼ਦੂਰ ਦਿਵਸ ਦੇ ਮੌਕੇ ਸਫ਼ਾਈ ਸੇਵਕਾਂ ਦਾ ਧੰਨਵਾਦ ਕੀਤਾ। ਇਸ ਮੌਕੇ ਸੰਸਥਾ ਦੇ ਚੇਅਰਮੈਨ ਤਰਲੋਚਨ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਹੇਠ ਪ੍ਰਿੰਸੀਪਲ ਮੁਨੀਸ਼ਾ ਸੰਗਰ ਦੀ ਅਗਵਾਈ ਹੇਠ ਸਕੂਲ ਮੈਨੇਜਮੈਂਟ ਨੇ ਮਿਲ ਕੇ ਦਰਜਾ ਚਾਰ ਸੇਵਾਦਾਰਾਂ ਦਾ ਉਹਨਾਂ ਦੀਆਂ ਬੱਚਿਆਂ ਪ੍ਰਤੀ ਦਿੱਤੀਆਂ ਸੇਵਾਵਾਂ ਲਈ ਧੰਨਵਾਦ ਕੀਤਾ ਅਤੇ ਉਨ੍ਹਾਂ ਸਭ ਲਈ ਚਾਹ ਪਾਰਟੀ ਦਾ ਪ੍ਰਬੰਧ ਕੀਤਾ। ਪ੍ਰਿੰਸੀਪਲ ਮੁਨੀਸ਼ਾ ਸੰਗਰ ਨੇ ਇਸ ਪ੍ਰੋਗਰਾਮ ਦੌਰਾਨ ਦੱਸਿਆ ਕਿ ਅਸੀਂ ਹਮੇਸ਼ਾ ਆਪਣੇ ਮਾਂ ਬਾਪ ਤੇ ਅਧਿਆਪਕਾਂ ਦਾ ਧੰਨਵਾਦ ਕਰਦੇ ਹਾਂ ਕਿ ਉਨ੍ਹਾਂ ਨੇ ਸਾਨੂੰ ਜ਼ਿੰਦਗੀ ਦੇ ਵਿੱਚ ਬਹੁਤ ਕੁਝ ਦਿੱਤਾ। ਪਰ ਇਨ੍ਹਾਂ ਸੇਵਾਦਾਰਾਂ ਦਾ ਯੋਗਦਾਨ ਵੀ ਸਾਡੇ ਸਕੂਲੀ ਜੀਵਨ ਦੇ ਵਿੱਚ ਘੱਟ ਨਹੀਂ ਰਿਹਾ, ਉਨ੍ਹਾਂ ਦੱਸਿਆ ਕਿ ਇਹਨਾਂ ਸੇਵਾਦਾਰਾਂ ਦੀ ਅਣਥੱਕ ਮਿਹਨਤ ਨੂੰ ਅੱਖੋਂ ਓਹਲੇ ਨਹੀਂ ਕੀਤਾ ਜਾ ਸਕਦਾ ਅਤੇ ਸਾਨੂੰ ਇਹਨਾਂ ਦਾ ਸ਼ੁਕਰਗੁਜ਼ਾਰ ਹੋਣਾ ਚਾਹੀਦਾ ਹੈ ਕਿ ਇਹਨਾਂ ਨੇ ਸਾਨੂੰ ਹਮੇਸ਼ਾ ਸਕੂਲ ਵਿੱਚ ਵਿਚਰਨ ਲਈ ਇੱਕ ਵਧੀਆ ਮਹੌਲ ਅਤੇ ਸਾਫ ਸੁਥਰਾ ਆਲਾ-ਦੁਆਲਾ ਦਿੱਤਾ। ਇਸ ਮੌਕੇ ਮੈਨੇਜਰ ਰਜਿੰਦਰ ਪਾਲ ਸਿੰਘ, ਤਰਨ ਸੈਣੀ, ਬਿਕਰਮਜੀਤ ਸਿੰਘ ਭੋਲਾ, ਜੈਜੀਵ ਕੁਮਾਰ ਸ਼ਰਮਾ, ਅਮਰਜੀਤ ਕੌਰ ਸੈਣੀ, ਜਗਬੰਧਨ ਸਿੰਘ, ਪਰਮਜੀਤ ਕੌਰ, ਰਾਜਵੀਰ ਕੌਰ, ਗੁਰਪ੍ਰੀਤ, ਵਿਸ਼ਾਲੀ, ਸੁਮੀਤ, ਬਲਜੀਤ, ਅਰਚਨਾ, ਹਰਜੀਤ, ਗੁਰਦੇਵ, ਸੁਨੀਲ, ਸੰਤੋਸ਼, ਨੀਲਮ, ਕਮਲਜੀਤ, ਜਸਵਿੰਦਰ, ਹਰਜੀਤ ਅਤੇ ਬਾਕੀ ਸਟਾਫ ਵੀ ਮੌਜੂਦ ਸੀ।

# ਸੜਕ ਹਾਦਸੇ 'ਚ ਇੱਕ ਦੀ ਮੌਤ, ਦੂਜਾ ਗੰਭੀਰ ਜ਼ਖ਼ਮੀ

**ਫਿਲੌਰ (ਨਿਰਮਲ)** ਫਿਲੌਰ ਨੈਸ਼ਨਲ ਹਾਈਵੇ 'ਤੇ ਰੋਜ਼ਾਨਾ ਹੀ ਹੋ ਰਹੇ ਭਿਆਨਕ ਸੜਕੀ ਹਾਦਸਿਆਂ ਕਾਰਨ ਲੋਕ ਚਿੰਤਤ ਦਿਖਾਈ ਦੇ ਰਹੇ ਹਨ। ਪਿੰਡ ਬੱਛੋਵਾਲ ਨਜ਼ਦੀਕ ਹਾਈਵੇ 'ਤੇ ਹੋਏ ਇੱਕ ਭਿਆਨਕ ਸੜਕੀ ਹਾਦਸੇ 'ਚ ਇੱਕ ਵਾਸਟ ਟੈਗ ਦੀ ਕਨੌਪੀ ਲਗਾਉਣ ਵਾਲੇ ਇੱਕ ਵਿਅਕਤੀ ਦੀ ਦਰਦਨਾਕ ਮੌਤ ਹੋ ਗਈ ਅਤੇ ਦੂਜਾ ਵਿਅਕਤੀ ਗੰਭੀਰ ਰੂਪ 'ਚ ਜ਼ਖ਼ਮੀ ਹੋ ਗਿਆ। ਪ੍ਰਾਪਤ ਜਾਣਕਾਰੀ ਮੁਤਾਬਕ ਇਹ ਵਿਅਕਤੀ ਰੋਜ਼ਾਨਾ ਫਾਸਟ ਟੈਗ ਦੀ ਕਨੌਪੀ ਨੈਸ਼ਨਲ ਹਾਈਵੇ 'ਤੇ ਲਗਾਉਂਦਾ ਸੀ, ਕਨੌਪੀ ਲਗਾ ਕੇ ਬੈਠਾ ਸੀ ਕਿ ਇੱਕ ਬਲੈਰੋ ਗੱਡੀ ਵਾਲਾ ਇਸ ਤੋਂ ਆਪਣਾ ਫਾਸਟ ਟੈਗ ਰੀਚਾਰਜ ਕਰਾਉਣ ਨੂੰ ਰੁਕਿਆ ਸੀ ਕਿ ਪਿੱਛੋਂ ਆਉਂਦੇ ਟਾਟਾ 407 ਨੇ ਉਸ ਨੂੰ ਜ਼ਬਰਦਸਤ ਟੱਕਰ ਮਾਰ ਦਿੱਤੀ ਜਿਸ ਕਾਰਨ ਕਨੌਪੀ ਵਾਲੇ ਦੀ ਮੌਕੇ 'ਤੇ ਮੌਤ ਹੋ ਗਈ ਅਤੇ ਬਲੈਰੋ ਵਾਲਾ ਵੀ ਗੰਭੀਰ ਜ਼ਖ਼ਮੀ ਹੋ ਗਿਆ। ਇਸ ਮੌਕੇ ਪੱਤਰਕਾਰਾਂ ਨੂੰ ਜਾਣਕਾਰੀ ਦਿੰਦੇ ਹੋਏ ਐੱਸ ਐੱਚ ਓ ਦੇ ਇੰਚਾਰਜ ਸਬਇੰਸਪੈਕਟਰ ਸਿੰਘ ਅਤੇ ਉਨ੍ਹਾਂ ਦੀ ਟੀਮ ਨੇ ਦੱਸਿਆ ਕਿ ਇੱਕ ਵਿਅਕਤੀ ਰਾਕੇਸ਼ ਕੁਮਾਰ ਪੁੱਤਰ ਤਿਲਕ ਰਾਜ ਵਾਸੀ ਬੱਛੋਵਾਲ ਦੀ ਮੌਤ ਹੋ ਗਈ ਹੈ, ਜਿਸ ਦੀ ਮ੍ਰਿਤਕ ਦੇਹ ਨੂੰ ਫਿਲੌਰ ਦੇ ਸਿਵਲ ਹਸਪਤਾਲ ਵਿਖੇ ਭੇਜ ਦਿੱਤਾ ਹੈ। ਬਲੈਰੋ ਗੱਡੀ ਵਾਲਾ ਪਿਆਰਾ ਸਿੰਘ ਵੀ ਗੰਭੀਰ ਰੂਪ 'ਚ ਜ਼ਖ਼ਮੀ ਸੀ, ਜਿਸ ਨੂੰ ਫਿਲੌਰ ਦੇ ਸਿਵਲ ਹਸਪਤਾਲ ਵਿਖੇ ਇਲਾਜ ਲਈ ਭੇਜਿਆ ਗਿਆ ਹੈ।

# ਮਜ਼ਦੂਰ ਦਿਵਸ ਮਨਾਇਆ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)** ਅੱਜ ਅੰਤਰ-ਰਾਸ਼ਟਰੀ ਮਜ਼ਦੂਰ ਦਿਵਸ ਦੁਨੀਆ ਭਰ ਵਿੱਚ ਮਨਾਇਆ ਗਿਆ। ਡਾ. ਵਿਜੇ ਕੁਮਾਰ ਸਿੱਧਮ ਨੇ ਦੱਸਿਆ ਕਿ ਅੱਜ ਦੇ ਦਿਨ ਸੰਨ 1886 ਵਿੱਚ ਅਮਰੀਕਾ ਦੇ ਸ਼ਿਕਾਗੋ ਸ਼ਹਿਰ ਅੰਦਰ ਹੇਅ ਮਾਰਕੀਟ ਵਿੱਚ ਮਜ਼ਦੂਰਾਂ ਦੇ ਇਕ ਭਾਰੀ ਇਕੱਠ 'ਤੇ ਉਸ ਸਮੇਂ ਦੀ ਹਕੂਮਤ ਨੇ ਨਿਹੱਥੇ ਕਿਰਤੀਆਂ 'ਤੇ ਅੰਧਾਧੁੰਦ ਗੋਲੀਆਂ ਚਲਾ ਕੇ ਸੈਂਕੜੇ ਮਿਹਨਤੀ ਜਮਾਤ ਦੇ ਆਗੂਆਂ ਨੂੰ ਵਹਿਸ਼ਿਆਨਾ ਢੰਗ ਨਾਲ ਕਤਲ ਕਰਕੇ ਸ਼ਹੀਦ ਕਰ ਦਿੱਤਾ ਸੀ। ਉਹ ਸਭ ਮੰਗਾਂ ਦਾ ਸਿਰਫ ਇਕ ਹੀ ਏਜੰਡਾ ਸੀ ਕਿ ਰਜਵਾੜਾਸ਼ਾਹੀ ਅਤੇ ਸ਼ਾਹੂਕਾਰੀ ਦੀ ਮਰਜ਼ੀ ਅਨੁਸਾਰ ਸਾਰਾ ਦਿਨ ਕੰਮ ਨਹੀਂ ਕਰਨਗੇ। ਸਰਕਾਰ ਇਸ ਮਿਹਨਤੀ ਲੋਕਾਂ ਦੀ ਮਜ਼ਦੂਰੀ ਦਾ ਸਮਾਂ ਤਹਿ ਕਰੇ। ਹਕੂਮਤ ਨੇ ਰਜਵਾੜਾਸ਼ਾਹੀ ਅਤੇ ਤਾਨਾਸ਼ਾਹੀ ਦਾ ਪੱਖ ਪੂਰਦੇ ਹੋਏ ਦਰਿੰਦਗੀ ਦੀਆਂ ਹੱਦਾਂ ਪਾਰ ਕਰ ਦਿੱਤੀਆਂ ਸੀ। ਜਿਸ ਹੱਤਿਆਕਾਂਡ ਵਿੱਚ ਕਈ ਕਾਮੇ ਸ਼ਹੀਦ ਹੋਏ ਸੀ, ਜਿਨ੍ਹਾ ਵਿੱਚ ਸਰਵਸ੍ਰੀ ਅਲਬਰਟ ਜੀ (ਪ੍ਰਿੰਟਿੰਗ ਪ੍ਰੈੱਸ ਮਜ਼ਦੂਰ), ਅਗਸਤ ਸਪਾਇਸ ਜੀ (ਫਰਨੀਚਰ ਕਾਰੀਗਰ), ਐਡਾਲਫ ਫਿਸ਼ਰ ਜੀ (ਪ੍ਰੈੱਸ ਮਜ਼ਦੂਰ), ਸ੍ਰੀ ਜਾਰਜ ਏਂਜਿਲ ਜੀ (ਖਿਡਾਉਣੇ ਵੇਚਣ ਵਾਲਾ) ਸੈਮੀਫਾਈਨਲਡੇਨ ਜੀ (ਬਲਾਈ ਮਜ਼ਦੂਰ), ਲੁਈਸ ਲਿੰਗ ਬਢਈ ਅਤੇ ਆਸਕਰ ਨੀਬੂ ਜੀ (ਦੁਕਾਨਦਾਰ) ਸਨ। ਇਸ ਕਤਲੋ-ਗਾਰਤ ਦੀ ਗੂੰਜ ਵਿਸ਼ਵ ਪੱਧਰ 'ਤੇ ਪਈ ਸੀ। ਮਜ਼ਦੂਰ ਨੇਤਾਵਾਂ ਦੀ ਮੰਗ ਵਿਚਾਰਨ ਲਈ ਗੱਲਬਾਤ ਦਾ ਦੌਰ ਆਰੰਭ ਹੋਇਆ। ਉਨ੍ਹਾਂ ਕਿਹਾ ਕਿ ਮਿਹਨਤਕਸ਼ ਲੋਕਾਂ ਲਈ ਲਗਾਏ ਕਾਨੂੰਨ, ਵਿਕਾਸ ਕਾਰਜ ਅਤੇ ਸੁਖਾਵੇਂ ਮਹੌਲ ਬਣਾਏ ਜਾਣ। ਉਸ ਸਮੇਂ ਲੀਡਰਾਂ ਦਾ ਕਹਿਣਾ ਸੀ ਕਿ ਉਹਨਾਂ ਨੂੰ ਅੱਠ ਘੰਟੇ ਨਿਯਮਤ ਕਰਕੇ ਬਾਕੀ ਦੇ ਮੁੱਦਿਆਂ ਨੂੰ ਅੱਗੇ ਵਿਚਾਰਨ ਦਾ ਸਮਾਂ ਦਿੱਤਾ ਜਾਵੇ। ਜੇ ਅੱਜ ਤੱਕ ਸਿਰਫ ਨਹੀਂ ਹੋ ਸਕਿਆ ਹੈ। ਅਜੇ ਵੀ ਲੋਕ ਘੱਲਾਂ ਦਾ ਸਿਲਸਿਲਾ ਸਮਾਪਤ ਨਹੀਂ ਹੋਇਆ ਹੈ। ਵਕਤ ਕਦੋਂ ਕਿਸੇ ਨਾਇਕ ਨੂੰ ਪੈਦਾ ਕਰਦਾ ਹੈ। ਇਹ ਉਸ ਮਿਹਰਬਾਨ ਦੀ ਇੱਛਾ ਹੈ, ਪਰ ਅੱਜ ਵੀ ਆਸ ਹੈ ਕਿਸੇ ਜ਼ਿੰਮੇਵਾਰ ਲੋਕ ਹਿੱਤਕਾਰੀ ਮਹਾਂਨਾਇਕ ਦੇ ਦਸਤਕ ਦੇਣ ਦੀ। ਮੈਂ ਤੁਹਾਡਾ ਦਾਸ ਡਾਕਟਰ ਸਿੱਧਮ ਸ਼ਿਕਾਗੋ ਦੇ ਮਹਾਨ ਸ਼ਹੀਦਾ ਨੂੰ ਪ੍ਰਣਾਮ, ਸਜਦਾ ਕਰਦਾ ਹੋਇਆ ਅੰਤਰ-ਰਾਸ਼ਟਰੀ ਮਜ਼ਦੂਰ ਦਿਵਸ ਤੇ ਦੁਨੀਆ ਭਰ ਦੇ ਮਿਹਨਤਕਸ਼ਾਂ ਨੂੰ ਬਹੁਤ-ਬਹੁਤ ਵਧਾਈਆਂ ਦਿੰਦਾ ਹਾਂ।

# ਪੰਜਾਬ ਦੇ ਪਾਣੀ 'ਤੇ ਡਾਕਾ ਪੰਜਾਬੀ ਕਦੇ ਵੀ ਬਰਦਾਸ਼ਤ ਨਹੀਂ ਕਰਨਗੇ : ਡਾ. ਸੁੱਖੀ



**ਬੰਗਾ (ਅਵਤਾਰ ਕਲੇਰ)** ਕੇਂਦਰ ਦੀ ਭਾਜਪਾ ਸਰਕਾਰ ਵੱਲੋਂ ਗੈਰ ਵਾਜਿਬ ਢੰਗ ਨਾਲ ਭਾਖੜਾ ਬਿਆਸ ਮੈਨੇਜਮੈਂਟ ਬੋਰਡ (ਬੀ. ਬੀ. ਐਮ. ਬੀ) ਜ਼ਰੀਏ ਪੰਜਾਬ ਦੇ ਹੱਕਾਂ ਦਾ ਪਾਣੀ ਹਰਿਆਣੇ ਨੂੰ ਦਿੱਤੇ ਜਾਣ ਦੇ ਵਿਰੋਧ ਵਿਚ ਵਿਧਾਨ ਸਭਾ ਹਲਕਾ ਬੰਗਾ ਦੇ ਵਿਧਾਇਕ ਡਾ. ਸੁਖਵਿੰਦਰ ਕੁਮਾਰ ਸੁੱਖੀ ਵੱਲੋਂ ਆਪਣੇ ਸਾਥੀਆਂ ਸਮੇਤ ਬੰਗਾ ਵਿਖੇ ਕੇਂਦਰ ਸਰਕਾਰ ਦੇ ਖਿਲਾਫ਼ ਵਿਸ਼ਾਲ ਰੋਸ ਪ੍ਰਦਰਸ਼ਨ ਕੀਤਾ ਗਿਆ। ਡਾ. ਸੁੱਖੀ ਨੇ ਇਸ ਮੌਕੇ ਮੀਡੀਆ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪੰਜਾਬ ਦੇ ਪਾਣੀਆਂ 'ਤੇ ਪੰਜਾਬ ਦਾ ਪਹਿਲਾਂ ਹੱਕ ਹੈ।ਉਨ੍ਹਾਂ ਕਿਹਾ ਕਿ ਚਾਹੇ ਪੰਜਾਬੀਆਂ ਨੂੰ ਕੁਝ ਵੀ ਕਰਨਾ ਪਵੇ, ਪਰੰਤੂ ਕੇਂਦਰ ਸਰਕਾਰ ਦੀ ਇਸ ਨੀਤੀ ਦਾ ਡੱਟ ਕੇ ਵਿਰੋਧ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਭਾਜਪਾ ਦੀ ਇਸ ਧੱਕੇਸ਼ਾਹੀ ਨੂੰ ਪੰਜਾਬੀਆਂ ਵੱਲੋਂ ਕਦੇ ਵੀ ਬਰਦਾਸ਼ਤ ਨਹੀਂ ਕੀਤਾ ਜਾਵੇਗਾ।ਇਸ ਮੌਕੇ ਉਨ੍ਹਾਂ ਦੇ ਨਾਲ ਸੋਹਣ ਲਾਲ ਢੰਡਾ, ਪਰਮਜੀਤ ਸਿੰਘ ਬਲਾਕ ਪ੍ਰਧਾਨ, ਸੁਖਵਿੰਦਰ ਸਿੰਘ ਬਲਾਕ ਪ੍ਰਧਾਨ ਘੁੰਮਣਾਂ, ਲਸ਼ਮਣ ਸੁਮਨ ਬਲਾਕ ਪ੍ਰਧਾਨ, ਅਮਰਜੀਤ ਖਟਕੜ, ਅਵਤਾਰ ਸਿੰਘ ਪਠਲਾਵਾ, ਜਗਤ ਸਿੰਘ ਪਠਲਾਵਾ, ਸੁਰਜੀਤ ਸਿੰਘ, ਮਹਿੰਦਰਪਾਲ ਬਹਿਰਾਮ, ਗੁਰਿੰਦਰ ਸਿੰਘ ਸਰਪੰਚ ਹੱਪੋਵਾਲ, ਨਰਨਾਮ ਸਿੰਘ ਝਿੱਕਾ, ਅਸ਼ੋਕ ਕੁਮਾਰ, ਮਦਨ ਲਾਲ ਖਟਕੜ, ਇਕਬਾਲ ਸਿੰਘ ਮਜਾਰੀ, ਅੰਕੁਸ਼ ਖਟਕੜ, ਲੱਡੀ ਮਜਾਰੀ, ਹੈਪੀ ਬਹਿਰਾਮ, ਅਮਰੀਕ ਸੋਨੀ ਬੰਗਾ, ਜਗਤਾਰ ਸਿੰਘ ਸਰਪੰਚ ਮਜਾਰੀ, ਕਮਲਜੀਤ ਮੋਹਲੀ, ਅਵਤਾਰ ਸਿੰਘ ਦੇਵ, ਤਲਵਿੰਦਰ ਸਿੰਘ ਕਟਾਰੀਆਂ, ਰਾਣਾ ਕਟਾਰੀਆਂ, ਸੁਖਦੇਵ ਚੱਕ ਗੁਰੂ, ਸਤਪਾਲ ਲੌਂਗੀਆ ਸਰਪੰਚ ਗੋਬਿੰਦਪੁਰ, ਗੁਰਿੰਦਰ ਸਿੰਘ ਸਰਪੰਚ ਚੱਕ ਰਾਮੂ, ਜਸਪਾਲ ਕਲੇਰ ,ਅਮਰਜੀਤ ਸਿੰਘ ਬਹੂਆ, ਮਨੀ ਖਮਾਚੋ ਆਦਿ ਪਿੰਡਾਂ ਦੇ ਮੋਹਤਵਾਰ ਸਾਥੀ ਹਾਜ਼ਰ ਸਨ।

# ਦੂਸ਼ਿਤ ਪਾਣੀ ਕਾਰਨ ਹੋਣ ਵਾਲੀਆਂ ਬਿਮਾਰੀਆਂ ਨੂੰ ਰੋਕਣ ਲਈ ਮਿਲ ਕੇ ਹੰਭਲਾ ਮਾਰਿਆ ਜਾਵੇ : ਰਾਜੀਵ ਵਰਮਾ

**ਨਵਾਂਸ਼ਹਿਰ (ਮਨੋਜ ਲਾਡੀ)** ਵਧੀਕ ਡਿਪਟੀ ਕਮਿਸ਼ਨਰ (ਜ) ਰਾਜੀਵ ਵਰਮਾ ਦੀ ਅਗਵਾਈ ਹੇਠ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਜੀਵਾਣੂਆਂ ਅਤੇ ਦੂਸ਼ਿਤ ਪਾਣੀ ਕਾਰਨ ਹੋਣ ਵਾਲੀਆਂ ਬਿਮਾਰੀਆਂ ਦੀ ਰੋਕਥਾਮ ਲਈ ਜ਼ਿਲ੍ਹਾ ਪੱਧਰੀ ਅੰਤਰ-ਵਿਭਾਗੀ ਕਮੇਟੀ ਦੀ ਮੀਟਿੰਗ ਆਯੋਜਿਤ ਕੀਤੀ ਗਈ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਨੇ ਸਿਹਤ ਅਧਿਕਾਰੀਆਂ ਸਮੇਤ ਵੱਖ-ਵੱਖ ਸਹਿਯੋਗੀ ਵਿਭਾਗਾਂ ਨੂੰ ਜ਼ਿਲ੍ਹੇ ਵਿਚ ਜੀਵਾਣੂਆਂ ਅਤੇ ਦੂਸ਼ਿਤ ਪਾਣੀ ਕਾਰਨ ਹੋਣ ਵਾਲੀਆਂ ਬਿਮਾਰੀਆਂ ਦੀ ਰੋਕਥਾਮ ਲਈ ਮੁਸਤੈਦ ਰਹਿਣ ਦੀ ਹਦਾਇਤ ਕੀਤੀ। ਉਨ੍ਹਾਂ ਕਿਹਾ ਕਿ ਜੀਵਾਣੂਆਂ ਅਤੇ ਦੂਸ਼ਿਤ ਪਾਣੀ ਕਾਰਨ ਹੋਣ ਵਾਲੀਆਂ ਬਿਮਾਰੀਆਂ ਦੀ ਰੋਕਥਾਮ ਲਈ ਜ਼ਿਲ੍ਹੇ ਅੰਦਰ ਸਾਰੇ ਸਹਿਯੋਗੀ ਵਿਭਾਗ ਮਿਲ ਕੇ ਕੰਮ ਕਰਨ। ਉਨ੍ਹਾਂ ਨੇ ਕਿਹਾ ਕਿ ਜੀਵਾਣੂਆਂ ਨਾਲ ਡੇਂਗੂ, ਮਲੇਰੀਆ ਤੇ ਚਿਕਨਗੁਨੀਆ ਅਤੇ ਦੂਸ਼ਿਤ ਪਾਣੀ ਨਾਲ ਦਸਤ, ਉਲਟੀਆਂ, ਹੈਜਾ, ਪੀਲੀਆ ਵਰਗੀਆਂ ਬਿਮਾਰੀਆਂ ਦੇ ਪ੍ਰਸਾਰ ਨੂੰ ਰੋਕਣ ਲਈ ਅੰਤਰ ਵਿਭਾਗੀ ਸਹਿਯੋਗ ਬਹੁਤ ਜ਼ਰੂਰੀ ਹੈ। ਰਾਜੀਵ ਵਰਮਾ ਨੇ ਅੱਗੇ ਕਿਹਾ ਕਿ ਪਾਣੀ ਦੇ ਸੈਂਪਲਾਂ ਦੀ ਜਾਂਚ ਲਈ ਉਚਿਤ ਪ੍ਰਬੰਧ ਕਰਨਾ ਯਕੀਨੀ ਬਣਾਇਆ ਜਾਵੇ ਤਾਂ ਜੋ ਕੀਮਤੀ ਮਨੁੱਖੀ ਜਾਨਾਂ ਨੂੰ ਇਨ੍ਹਾਂ ਬਿਮਾਰੀਆਂ ਤੋਂ ਬਚਾਇਆ ਜਾ ਸਕੇ।ਉਨ੍ਹਾਂ ਕਿਹਾ ਕਿ ਨਿਗਰਾਨੀ ਟੀਮਾਂ ਅਨੁਸਾਰ ਪਾਣੀ ਦੇ ਸੈਂਪਲ ਇਕੱਤਰ ਕਰਕੇ ਲੈਬੋਰਟਰੀਆਂ ਵਿੱਚ ਭੇਜੇ ਜਾਣ ਅਤੇ ਸੈਂਪਲ ਫੇਲ੍ਹ ਆਉਣ ਦੀ ਸੂਰਤ ਵਿਚ ਹਰੇਕ ਸਹਿਯੋਗੀ ਵਿਭਾਗ ਦੁਆਰਾ ਤੁਰੰਤ ਐਕਸ਼ਨ ਲਿਆ ਜਾਵੇ। ਉਨ੍ਹਾਂ ਨੇ ਅੱਗੇ ਕਿਹਾ ਕਿ ਜੀਵਾਣੂਆਂ ਅਤੇ ਦੂਸ਼ਿਤ ਪਾਣੀ ਨਾਲ ਫ਼ੈਲਣ ਵਾਲੀਆਂ ਬਿਮਾਰੀਆਂ ਨੂੰ ਰੋਕਣ ਲਈ ਲੋਕਾਂ ਦੀ ਸਹਾਇਤਾ ਬਹੁਤ ਲਾਜ਼ਮੀ ਤੇ ਮਹੱਤਵਪੂਰਨ ਹੈ। ਦੂਸ਼ਿਤ ਪਾਣੀ ਅਤੇ ਜੀਵਾਣੂਆਂ ਤੋਂ ਪੈਦਾ ਹੋਣ ਵਾਲੀਆਂ ਬਿਮਾਰੀਆਂ ਦੀ ਰੋਕਥਾਮ ਅਤੇ ਨਿਯੰਤਰਣ ਬਾਰੇ ਸਮਾਜ ਵਿਚ ਜਾਗਰੂਕਤਾ ਫੈਲਾਉਣ ਦੀ ਬਹੁਤ ਲੋੜ ਹੈ।

# ਨਿਹਾਰਿਕਾ 600 'ਚੋਂ 590 ਅੰਕ ਪ੍ਰਾਪਤ ਕਰਕੇ ਮੈਰਿਟ ਸੂਚੀ 'ਚ

**ਜਲੰਧਰ (ਸੁਰਿੰਦਰ ਕੁਮਾਰ)** ਸਥਾਨਕ ਜਲੰਧਰ ਵਿੱਚ ਪੰਜਾਬ ਸਕੂਲ ਸਿੱਖਿਆ ਬੋਰਡ ਦੀਆਂ 8ਵੀਂ ਕਲਾਸ ਦੀਆਂ ਪ੍ਰੀਖਿਆਵਾਂ ਦੇ ਐਲਾਨੇ ਨਤੀਜੇ ਵਿੱਚ ਸਰਕਾਰੀ ਸਕੂਲ ਬਸਤੀ ਸ਼ੇਖ ਜਲੰਧਰ ਦੀ ਵਿਦਿਆਰਥਣ ਨਿਹਾਰਿਕਾ ਨੇ 600 ਵਿੱਚੋਂ 590 ਅੰਕ ਪ੍ਰਾਪਤ ਕਰਕੇ ਮੈਰਿਟ ਸੂਚੀ ਵਿੱਚ ਸਥਾਨ ਪ੍ਰਾਪਤ ਕੀਤਾ। ਇਸ ਸੰਬੰਧੀ ਜਲੰਧਰ ਪੱਛਮੀ ਦੇ ਵਿਧਾਇਕ ਅਤੇ ਪੰਜਾਬ ਦੇ ਭਾਜਪਾ ਲੀਡਰ ਮਹਿੰਦਰ ਭਗਤ ਨੇ ਨਿਹਾਰਿਕਾ ਦੇ ਘਰ ਜਾ ਕੇ ਉਸ ਨੂੰ ਆਸ਼ੀਰਵਾਦ ਦੇ ਕੇ ਵਧਾਈ ਦਿੱਤੀ। ਉਨ੍ਹਾਂ ਪਰਵਾਰ ਨੂੰ ਵਧਾਈ ਦਿੰਦਿਆਂ ਕਿਹਾ ਕਿ ਬੜੀ ਖੁਸ਼ੀ ਦੀ ਗੱਲ ਹੈ ਕਿ ਪੰਜਾਬ ਦੇ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਦੇ ਸਕੂਲਾਂ ਵਿੱਚ ਸਿੱਖਿਆ ਕ੍ਰਾਂਤੀ ਦੀ ਲਹਿਰ ਚਲਾਈ ਜਾ ਰਹੀ ਹੈ, ਜਿਸ ਵਿੱਚ ਪੰਜਾਬ ਦੇ ਸਕੂਲਾਂ ਨੂੰ ਅਤਿ-ਆਧੁਨਿਕ ਸਹੂਲਤਾਂ ਉਪਲੱਬਧ ਕਰਵਾਈਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਹੁਣ ਸਰਕਾਰੀ ਸਕੂਲ ਨਾ ਸਿਰਫ਼ ਪ੍ਰਾਈਵੇਟ ਸਕੂਲਾਂ ਦੇ ਬਰਾਬਰ ਹਨ, ਸਗੋਂ ਉਨ੍ਹਾਂ ਨਾਲੋਂ ਬਿਹਤਰ ਸਿੱਖਿਆ ਅਤੇ ਬੁਨਿਆਦੀ ਢਾਂਚਾ ਪ੍ਰਦਾਨ ਕਰਨ ਲਈ ਵੀ ਜਾਣੇ ਜਾਂਦੇ ਹਨ। ਉਨ੍ਹਾਂ ਨੇ ਕਿਹਾ ਕਿ ਇਸੇ ਸਹੂਲਤਾਂ ਸਦਕਾ ਹੀ ਨਿਹਾਰਿਕਾ ਨੇ ਇਹ ਉਪਲੱਬਧੀ ਹਾਸਲ ਕੀਤੀ ਹੈ। ਉਨ੍ਹਾਂ ਨਿਹਾਰਿਕਾ ਨੂੰ ਵਧਾਈ ਦਿੰਦਿਆਂ ਉਸ ਦੇ ਉੱਜਵਲ ਭਵਿੱਖ ਦੀ ਕਾਮਨਾ ਵੀ ਕੀਤੀ। ਇਸ ਮੌਕੇ 'ਆਪ' ਆਗੂ ਐਡਵੋਕੇਟ ਸੰਦੀਪ ਕੁਮਾਰ ਵਰਮਾ ਅਤੇ ਕਮਲ ਲੋਚ ਵੀ ਮੌਜੂਦ ਸਨ।

## ਡਾ. ਸੁੱਖੀ ਵੱਲੋਂ ਬੰਗਾ ਬਲਾਕ ਦੇ ਪਿੰਡਾਂ ਨੂੰ 1 ਕਰੋੜ 10 ਲੱਖ ਦੀ ਗ੍ਰਾਂਟ ਜਾਰੀ



**ਬੰਗਾ (ਅਵਤਾਰ ਕਲੇਰ)** ਵਿਧਾਨ ਸਭਾ ਹਲਕਾ ਬੰਗਾ ਦੇ ਵਿਧਾਇਕ ਅਤੇ ਚੇਅਰਮੈਨ ਵੇਅਰਹਾਊਸ ਡਾ. ਸੁਖਵਿੰਦਰ ਕੁਮਾਰ ਸੁੱਖੀ ਵੱਲੋਂ ਬਲਾਕ ਬੰਗਾ ਦੇ ਵੱਖ-ਵੱਖ ਪਿੰਡਾਂ ਨੂੰ ਵਿਕਾਸ ਕਾਰਜਾਂ ਲਈ 1 ਕਰੋੜ 10 ਲੱਖ ਦੀ ਰਾਸ਼ੀ ਦੇ ਸੈਂਕਸ਼ਨ ਲੈਟਰ ਦਿੱਤੇ ਗਏ। ਇਸ ਦੌਰਾਨ ਡਾ. ਸੁੱਖੀ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਨੇ ਇਹ ਦ੍ਰਿੜ ਕੀਤਾ ਹੋਇਆ ਹੈ ਕਿ ਉਨ੍ਹਾਂ ਵਲੋਂ ਪੰਜਾਬ ਦੇ ਪਿੰਡਾਂ ਦੇ ਵਿਕਾਸ ਲਈ ਕਿਸੇ ਵੀ ਕਿਸਮ ਦੀ ਕਸਰ ਬਾਕੀ ਨਹੀਂ ਰਹਿਣ ਦਿੱਤੀ ਜਾਵੇਗੀ।ਇਸੇ ਤਹਿਤ ਬੰਗਾ ਦੇ ਪਿੰਡਾਂ ਵਿਚ ਗ੍ਰਾਂਟ ਦੀ ਕਮੀ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਪਿੰਡਾਂ ਵਿਚ ਛੱਪੜਾਂ ਨੂੰ ਥਾਪਰ ਮਾਡਲ ਤਹਿਤ ਬਣਾਇਆ ਜਾਵੇਗਾ ਅਤੇ ਬੱਚਿਆਂ ਦੇ ਖੇਡਣ ਲਈ ਖੇਡ ਗਰਾਊਂਡਾਂ ਦੀ ਵੀ ਨਵੀਂ ਉਸਾਰੀ ਕਰਵਾਈ ਜਾਵੇਗੀ।ਇਸ ਮੌਕੇ ਉਨ੍ਹਾਂ ਦੇ ਨਾਲ ਸੋਹਣ ਲਾਲ ਢੰਡਾ ਤੋਂ ਇਲਾਵਾ ਵੱਖ-ਵੱਖ ਪਿੰਡਾਂ ਦੇ ਸਰਪੰਚ, ਪੰਚ ਅਤੇ ਮੋਹਤਬਰ ਵਿਅਕਤੀ ਹਾਜ਼ਰ ਸਨ।

# ਸ਼ਿਕਾਗੋ ਦੇ ਸ਼ਹੀਦਾਂ ਨੂੰ ਸਰਧਾਂਜਲੀਆਂ



**ਨੰਗਲ (ਸੁਰਜੀਤ ਸਿੰਘ)**- ਅੱਜ ਇਥੇ ਮਈ ਦਿਵਸ ਦੇ ਸਹੀਦਾਂ ਨੂੰ ਸਥਾਨਕ ਸੀ ਪੀ ਆਈ ਐੱਮ ਦੇ ਦਫਤਰ ਵਿੱਚ ਵਰਕਰਾਂ ਦਾ ਇਕੱਠ ਕਰਕੇ ਸਰਧਾਂਜਲੀ ਭੇਂਟ ਕੀਤੀ ਗਈ। ਇਸ ਮੌਕੇ ਤੇ ਪਾਰਟੀ ਦੇ ਜ਼ਿਲ੍ਹਾ ਸਕੱਤਰ ਬਜਿੰਦਰ ਪੰਡਤ, ਸਕੱਤਰੇਤ ਮੈਂਬਰ ਕਾਮਰੇਡ ਸੁਰਜੀਤ ਸਿੰਘ ਢੇਰ, ਜਸਵਿੰਦਰ ਸਿੰਘ ਭੰਗਲ, ਸਤਨਾਮ ਸਿੰਘ, ਸੁਖਦੇਵ ਸਿੰਘ ਨੰਗਲ ਨੇ ਸੰਬੋਧਨ ਕਰਦਿਆਂ ਕਿਹਾ ਕਿ ਮਜ਼ਦੂਰ ਆਪਣੇ ਹੱਕਾਂ ਦੀ ਪ੍ਰਾਪਤੀ ਲਈ ਅਮਰੀਕਾ ਦੇ ਸਹਿਰ ਸ਼ਿਕਾਗੋ ਵਿੱਚ 1886 ਨੂੰ ਇਕੱਠੇ ਹੋਏ। ਇਸ ਮੌਕੇ ਤੇ ਇਕੱਠੇ ਹੋਇਆ ਮਜਦੂਰਾਂ ਦੇ ਅੰਦੋਲਨ ਨੂੰ ਹਾਕਮਾਂ ਨੇ ਕੁਚਲ ਦਿੱਤਾ ਅਤੇ ਅੰਨੇ ਵਾਹ ਫਾਇਰਿੰਗ ਕਰ ਦਿੱਤੀ, ਜਿਸ ਨਾਲ ਚਾਰ ਮਜਦੂਰ ਸਹੀਦ ਹੋਏ ਤੇ ਅੱਠ ਮਜਦੂਰਾਂ ਨੂੰ ਫਾਂਸੀ ਦੇ ਰੱਸੇ 'ਤੇ ਲਟਕਾਇਆ ਗਿਆ। ਇਹ ਦਿਨ ਦੁਨੀਆਂ ਭਰ ਵਿੱਚ ਮਜਦੂਰ ਦਿਵਸ ਦੇ ਤੌਰ 'ਤੇ ਮਨਾਇਆ ਜਾਂਦਾ ਹੈ। ਇਸ ਮੌਕੇ ਤੇ ਸਾਨੂੰ ਪ੍ਰਣ ਕਰਨਾ ਚਾਹੀਦਾ ਕਿ ਕੇਂਦਰ ਦੀ ਮੋਦੀ ਸਰਕਾਰ ਜੋ ਕਾਰਪੋਰੇਟ ਘਰਾਣਿਆਂ ਨੂੰ ਲਗਾਤਾਰ ਫਾਇਦਾ ਦੇ ਰਹੀ ਹੈ, ਜਦੋਂ ਕਿ ਸਰਕਾਰ ਮਜਦੂਰਾਂ ਅਤੇ ਉਹਨਾਂ ਦੀਆਂ ਟਰੇਡ ਯੂਨੀਅਨਾਂ ,ਲੜਨ ਵਾਲੇ ਲੋਕਾਂ ਉੱਤੇ ਲਗਾਤਾਰ ਹਮਲੇ ਤੇਜ ਕਰ ਰਹੀ ਹੈ। ਉਹਨਾਂ ਨੇ ਕਿਹਾ ਕਿ ਮਜਦੂਰ ਜਮਾਤ ਸਮਾਜ ਵਿੱਚ ਤਬਦੀਲੀ ਦਾ ਧੁਰਾ ਰਹੀ ਹੈ ਤੇ ਮਜਦੂਰ ਜਮਾਤ ਹੀ ਸਮਾਜਵਾਦ ਦੀ ਲੜਾਈ ਲੜ ਸਕਦੀ ਹੈ। ਸੀਪੀਆਈਐਮ ਆਗੂਆਂ ਨੇ ਮਜਦੂਰਾਂ ਕਿਸਾਨਾਂ ਨੂੰ ਸੱਦਾ ਦਿੱਤਾ ਕਿ ਉਹ 20 ਮਈ ਦੀ ਹੜਤਾਲ ਨੂੰ ਸਫਲ ਕਰਨ ਵਿੱਚ ਕੋਈ ਕਸਰ ਬਾਕੀ ਨਾ ਛੱਡਣ, ਚਾਰ ਲੇਬਰ ਕੋਡ ਜੋ ਮੋਦੀ ਦੀ ਸਰਕਾਰ ਨੇ ਲਿਆਂਦੇ ਉਹ ਮਜਦੂਰਾਂ ਦਾ ਸੋਸਣ ਤੋਂ ਸਿਵਾਏ ਹੋਰ ਕੁਝ ਵੀ ਨਹੀਂ ਹੈ। ਆਜਾਦੀ ਤੋਂ ਬਾਅਦ ਬਣੇ ਮਜਦੂਰ ਪੱਖੀ ਕਾਨੂੰਨਾਂ ਨੂੰ ਬਦਲਿਆ ਜਾ ਰਿਹਾ ਜੋ ਕਿ ਦੇਸ਼ ਦੀ ਮਜਦੂਰ ਜਮਾਤ ਲਈ ਚਿੰਤਾ ਦਾ ਵਿਸਾ ਹੈ। ਮਜਦੂਰਾਂ ਨੂੰ ਇਕੱਠੇ ਹੋ ਕੇ ਸੰਘਰਸ਼ ਦਾ ਰਾਹ ਅਪਣਾਉਣਾ ਚਾਹੀਦਾ ਹੈ। ਇਸ ਮੌਕੇ ਤੇ ਮਜਦੂਰਾਂ ਨੂੰ ਸਰਧਾਂਜਲੀ ਭੇਂਟ ਕੀਤੀ ਗਈ ਤੇ ਪਾਰਟੀ ਦਾ ਝੰਡਾ ਬਜੁਰਗ ਆਗੂ ਰਾਮ ਕਿਸਨ ਦਬਕੇਹੜਾ ਨੇ ਚੜਾਇਆ। ਇਸ ਮੌਕੇ ਤੇ ਜਰਨੈਲ ਜੈਲਾ, ਪੁਰਮਲਾ ਦੇਵੀ, ਪ੍ਰਾਣ ਨਾਥ, ਰਜੇਸ ਕੁਮਾਰ,ਵਿਜੈ ਰਾਣਾ, ਵਿਜੈ ਕੁਮਾਰ,ਸੋਮ ਨਾਥ,ਸੰਜੂ ਕਪਿਲਾ ਵੀ ਹਾਜਰ ਸਨ।

# ਗੁਰੂ ਨਾਨਕ ਖਾਲਸਾ ਕਾਲਜ ਦਾ ਬੀ ਏ ਸਮੈਸਟਰ ਤੀਜਾ ਦਾ ਨਤੀਜਾ ਸ਼ਾਨਦਾਰ



**ਸੁਲਤਾਨਪੁਰ ਲੋਧੀ (ਹਨੀ)**- ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਵੱਲੋਂ ਐਲਾਨੇ ਬੀ ਏ ਸਮੈਸਟਰ ਤੀਜਾ ਦੇ ਨਤੀਜੇ 'ਚ ਸਥਾਨਕ ਗੁਰੂ ਨਾਨਕ ਖਾਲਸਾ ਕਾਲਜ ਦਾ ਨਤੀਜਾ ਸ਼ਾਨਦਾਰ ਰਿਹਾ । ਕਾਰਜਕਾਰੀ ਪ੍ਰਿੰਸੀਪਲ ਜਸਬੀਰ ਕੌਰ ਨੇ ਦੱਸਿਆ ਕਿ ਲੜਕੀਆਂ ਵਿੰਗ ਦੀ ਵਿਦਿਆਰਥਣ ਅਮਨਦੀਪ ਕੌਰ ਸਪੁੱਤਰੀ ਲਛਮਣ ਸਿੰਘ 7.90 ਸੀ.ਜੀ.ਪੀ.ਏ ਹਾਸਲ ਕਰਕੇ ਕਾਲਜ 'ਚੋਂ ਪਹਿਲੇ, ਰੋਹਿਤ ਰਾਏ ਸਪੁੱਤਰ ਰਾਜੀਵ ਰਾਏ 7.52 ਸੀ. ਜੀ.ਪੀ.ਏ ਹਾਸਲ ਕਰਕੇ ਕਾਲਜ ਵਿੱਚੋਂ ਦੂਜੇ ਅਤੇ ਗੁਲਸ਼ਨ ਕੌਰ ਸਪੁੱਤਰੀ ਅਜਮੇਰ ਸਿੰਘ 7.50 ਸੀ.ਜੀ.ਪੀ.ਏ ਹਾਸਲ ਕਰਕੇ ਕਾਲਜ 'ਚੋਂ ਤੀਜੇ ਸਥਾਨ 'ਤੇ ਰਹੀ । ਕਾਲਜ ਦੇ ਪ੍ਰਧਾਨ ਇੰਜੀਨੀਅਰ ਸਵਰਨ ਸਿੰਘ, ਕਾਲਜ ਦੇ ਸਕੱਤਰ ਬੀਬੀ ਗੁਰਪ੍ਰੀਤ ਕੌਰ ਮੈਂਬਰ ਸ਼੍ਰੋਮਣੀ ਕਮੇਟੀ, ਇੰਜੀਨੀਅਰ ਹਰਨਿਆਮਤ ਕੌਰ, ਇੰਜੀਨੀਅਰ ਨਿਮਰਤਾ ਕੌਰ ਅਤੇ ਕਾਰਜਕਾਰੀ ਪ੍ਰਿੰਸੀਪਲ ਜਸਬੀਰ ਕੌਰ ਨੇ ਹੋਣਹਾਰ ਵਿਦਿਆਰਥੀਆਂ, ਉਨਾਂ ਦੇ ਮਾਪਿਆਂ ਅਤੇ ਸਟਾਫ਼ ਮੈਂਬਰਾਂ ਨੂੰ ਵਧਾਈ ਦਿੱਤੀ।

# ਇਨੋਸੈਂਟ ਹਾਰਟਸ ਵਿਖੇ ਮਦਰਜ਼ ਤੇ ਬੱਚਿਆਂ ਨਾਲ ਇੱਕ ਆਨੰਦਦਾਇਕ ਮੂਵੀ ਟਾਈਮ



**ਜਲੰਧਰ (ਸ਼ੈਲੀ ਐਲਬਰਟ)** ਇਨੋਸੈਂਟ ਹਾਰਟਸ ਨੇ ਆਪਣੇ ਪੰਜਾਂ ਸਕੂਲਾਂ - ਗ੍ਰੀਨ ਮਾਡਲ ਟਾਊਨ, ਲੋਹਾਰਾਂ, ਕੈਂਟ-ਜੰਡਿਆਲਾ ਰੋਡ, ਨੂਰਪੁਰ ਰੋਡ, ਕਪੂਰਥਲਾ ਰੋਡ ਅਤੇ ਸੈਂਟਰਲ ਟਾਊਨ ਵਿਖੇ ਅਰਲੀ ਲਰਨਿੰਗ ਚਾਈਲਡ-ਕੇਅਰ ਸੈਂਟਰ ਵਿੱਚ ਬਹੁਤ ਉਤਸ਼ਾਹ ਨਾਲ ਮਦਰਜ਼ ਡੇ ਆਊਟ - ਮੂਵੀ ਟਾਈਮ ਮਨਾਇਆ। ਇਹ ਪ੍ਰੋਗਰਾਮ ਮਦਰਜ਼ ਡੇ ਮਨਾਉਣ ਲਈ ਆਯੋਜਿਤ ਕੀਤਾ ਗਿਆ ਸੀ, ਜੋ ਮਾਵਾਂ ਅਤੇ ਉਨ੍ਹਾਂ ਦੇ ਬੱਚਿਆਂ ਨੂੰ ਇਕੱਠੇ ਸਾਂਝ ਪਾਉਣ ਅਤੇ ਗੁਣਵੱਤਾ ਵਾਲੇ ਸਮੇਂ ਦਾ ਆਨੰਦ ਲੈਣ ਦਾ ਇੱਕ ਵਿਸ਼ੇਸ਼ ਮੌਕਾ ਪ੍ਰਦਾਨ ਕਰਦਾ ਹੈ। ਪ੍ਰੀ-ਪ੍ਰਾਇਮਰੀ (ਇੰਨੋਕਿਡਸ) ਤੋਂ ਗ੍ਰੇਡ 1 ਤੱਕ ਦੇ ਵਿਦਿਆਰਥੀਆਂ ਦੀਆਂ ਮਦਰਜ਼ ਨੂੰ ਸਕੂਲ ਪ੍ਰਬੰਧਨ ਦੁਆਰਾ ਨਿੱਘਾ ਸੱਦਾ ਦਿੱਤਾ ਗਿਆ ਅਤੇ ਸਵਾਗਤ ਕੀਤਾ ਗਿਆ। ਕਿਊਰੋ ਮਾਲ ਵਿਖੇ ਇਨਸਾਈਡ ਆਊਟ 2 ਦੀ ਇੱਕ ਵਿਸ਼ੇਸ਼ ਫਿਲਮ ਸਕ੍ਰੀਨਿੰਗ ਦਾ ਪ੍ਰਬੰਧ ਕੀਤਾ ਗਿਆ ਸੀ, ਜਿੱਥੇ ਮਾਵਾਂ ਅਤੇ ਬੱਚਿਆਂ ਨੇ ਇੱਕ ਵਧੀਆ ਅਤੇ ਦਿਲ ਨੂੰ ਛੂਹ ਲੈਣ ਵਾਲੀ ਸਿਨੇਮੈਟਿਕ ਆਊਟਿੰਗ ਦਾ ਅਨੁਭਵ ਕੀਤਾ। ਇਸ ਪ੍ਰੋਗਰਾਮ ਨੂੰ ਮਦਰਜ਼ ਵੱਲੋਂ ਉਤਸ਼ਾਹਜਨਕ ਹੁੰਗਾਰਾ ਮਿਲਿਆ, ਜਿਨ੍ਹਾਂ ਵਿੱਚੋਂ ਬਹੁਤਿਆਂ ਨੇ ਪ੍ਰਗਟ ਕੀਤਾ ਕਿ ਇਹ ਉਨ੍ਹਾਂ ਨੇ ਆਪਣੇ ਬੱਚਿਆਂ ਨਾਲ ਬਿਤਾਏ ਸਭ ਤੋਂ ਖੁਸ਼ਹਾਲ ਅਤੇ ਯਾਦਗਾਰੀ ਸਮੇਂ ਵਿੱਚੋਂ ਇੱਕ ਸੀ। ਫਿਲਮ ਦੇ ਨਾਲ-ਨਾਲ, ਕਈ ਤਰ੍ਹਾਂ ਦੀਆਂ ਦਿਲਚਸਪ ਗਤੀਵਿਧੀਆਂ ਦਾ ਆਯੋਜਨ ਕੀਤਾ ਗਿਆ, ਜਿਸ ਨਾਲ ਬੱਚੇ ਆਪਣੀਆਂ ਮਾਵਾਂ ਨਾਲ ਸਾਂਝੇ ਕੀਤੇ ਗਏ ਡੂੰਘੇ ਅਤੇ ਪਿਆਰ ਭਰੇ ਬੰਧਨ ਦਾ ਜਸ਼ਨ ਮਨਾ ਸਕਦੇ ਸਨ। ਇੰਨੋਸੈਂਟ ਹਾਰਟਸ ਗਰੁੱਪ ਵਿਖੇ ਸੀਐਸਆਰ ਦੀ ਡਾਇਰੈਕਟਰ ਡਾ. ਪਲਕ ਗੁਪਤਾ ਬੌਰੀ ਨੇ ਆਪਣੀ ਮੌਜੂਦਗੀ ਨਾਲ ਇਸ ਮੌਕੇ ਦੀ ਸ਼ੋਭਾ ਵਧਾਈ। ਮਾਵਾਂ ਨੇ ਸਕੂਲ ਪ੍ਰਬੰਧਨ ਦਾ ਅਜਿਹੇ ਸੋਚ-ਸਮਝ ਕੇ ਅਤੇ ਆਨੰਦਮਈ ਪ੍ਰੋਗਰਾਮ ਦੇ ਆਯੋਜਨ ਲਈ ਦਿਲੋਂ ਧੰਨਵਾਦ ਕੀਤਾ।

# ਮਾਊਂਟ ਕਾਰਮਲ ਸਕੂਲ ਦਾ ਨਤੀਜਾ ਰਿਹਾ ਸ਼ਾਨਦਾਰ



**ਬਲਾਚੌਰ (ਜਸਵਿੰਦਰ ਬੈਂਸ)** ਸੀ.ਐੱਸ.ਈ.(ਦਸਵੀਂ) ਬੋਰਡ ਵੱਲੋਂ ਐਲਾਨੇ ਗਏ ਨਤੀਜਿਆਂ ਦੌਰਾਨ ਮਾਊਂਟ ਕਾਰਮਲ ਸੀ. ਸੈ. ਸਕੂਲ ਬਲਾਚੌਰ ਦਾ ਨਤੀਜਾ ਸ਼ਾਨਦਾਰ ਰਿਹਾ। ਪ੍ਰਬੰਧਕਾਂ ਨੇ ਦੱਸਿਆ ਕਿ ਦਸਵੀਂ ਜਮਾਤ 'ਚ ਪਹਿਲਾ ਸਥਾਨ ਭਾਨੂ ਪ੍ਰੀਆ ਅਤੇ ਪੂਰਤੀ ਜੈਨ 98.2 ਫੀਸਦੀ, ਦੂਜਾ ਸਥਾਨ ਅਰਸ਼ ਬਾਗੜੀ ਅਤੇ ਅਕਸ਼ਿਤ ਕੌਸ਼ਲ 96 ਫੀਸਦੀ, ਤੀਜਾ ਸਥਾਨ ਜਾਨਵੀ ਅਤੇ ਸਕਸ਼ਮ ਗਰੋਵਰ 94.8 ਫੀਸਦੀ ਅੰਕ ਲੈ ਕੇ ਆਪਣਾ ਤੇ ਆਪਣੇ ਸਕੂਲ ਦਾ ਨਾਂ ਰੌਸ਼ਨ ਕੀਤਾ। ਦਸਵੀਂ ਜਮਾਤ ਵਿੱਚੋਂ 18 ਵਿਦਿਆਰਥੀਆਂ ਨੇ 90 ਫੀਸਦੀ ਅਤੇ 37 ਵਿਦਿਆਰਥੀਆਂ ਨੇ 80 ਫੀਸਦੀ ਅੰਕ ਹਾਸਲ ਕੀਤੇ। ਇਸੇ ਤਰ੍ਹਾਂ ਆਈ .ਐੱਸ. ਸੀ.( ਬਾਰ੍ਹਵੀਂ) ਬੋਰਡ ਦੇ ਵਿਦਿਆਰਥੀਆਂ 'ਚੋਂ ਪਹਿਲਾ ਸਥਾਨ ਗੁਰਮਨ ਸੈਣੀ 97.5 ਫੀਸਦੀ, ਦੂਜਾ ਸਥਾਨ ਸਮਾਈਲ 97.75 ਫੀਸਦੀ ਅਤੇ ਤੀਜਾ ਸਥਾਨ ਅਰਮਾਨ ਨੇ 94.25 ਫੀਸਦੀ ਅੰਕ ਪ੍ਰਾਪਤ ਕਰਕੇ ਆਪਣੇ ਅਤੇ ਆਪਣੇ ਸਕੂਲ ਦਾ ਨਾ ਰੌਸ਼ਨ ਕੀਤਾ। ਬਾਰਵੀਂ ਜਮਾਤ ਵਿੱਚ 9 ਵਿਦਿਆਰਥੀਆਂ ਨੇ 90 ਫੀਸਦੀ ਅਤੇ 12 ਵਿਦਿਆਰਥੀਆਂ ਨੇ 80 ਫੀਸਦੀ ਅੰਕ ਹਾਸਲ ਕੀਤੇ।ਡਾਇਰੈਕਟਰ ਫਾਦਰ ਮਨੋਜ ਸੇਬੇਸਟਿਅਨ ਅਤੇ ਪ੍ਰਿੰਸੀਪਲ ਸਿਸਟਰ ਫਿਜੀ ਜੌਸਫ਼ ਨੇ ਵਿਦਿਆਰਥੀਆਂ ਦੁਆਰਾ ਵਧੀਆ ਅੰਕ ਹਾਸਲ ਕਰਨ ਦੀ ਖੁਸ਼ੀ 'ਚ ਵਧਾਈਆਂ ਦਿੰਦੇ ਹੋਏ ਸ਼ੁਭਕਾਮਨਾਵਾਂ ਦਿੱਤੀਆਂ।ਉਨ੍ਹਾਂ ਨੇ ਸਾਰੇ ਸਟਾਫ਼ ਦਾ ਵੀ ਧੰਨਵਾਦ ਕੀਤਾ ਜਿਨ੍ਹਾਂ ਦੀ ਮਿਹਨਤ ਕਰਕੇ ਬੱਚਿਆਂ ਨੇ ਵਧੀਆ ਅੰਕ ਪ੍ਰਾਪਤ ਕੀਤੇ ਅਤੇ ਮਾਊਂਟ ਕਾਰਮਲ ਸਕੂਲ ਦਾ ਨਾਂ ਰੌਸ਼ਨ ਕੀਤਾ।

# ਡਾ. ਰਵਜੋਤ ਸਿੰਘ ਵੱਲੋਂ ਤੜਕਸਾਰ ਜਲੰਧਰ ਦਾ ਅਚਨਚੇਤ ਦੌਰਾ



**ਜਲੰਧਰ (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)** ਪੰਜਾਬ ਦੇ ਸਥਾਨਕ ਸਰਕਾਰਾਂ ਬਾਰੇ ਮੰਤਰੀ ਡਾ. ਰਵਜੋਤ ਸਿੰਘ ਨੇ ਅੱਜ ਤੜਕਸਾਰ ਸ਼ਹਿਰ ਦਾ ਅਚਨਚੇਤ ਦੌਰਾ ਕਰਕੇ ਸਫਾਈ ਵਿਵਸਥਾ ਦਾ ਜਾਇਜ਼ਾ ਲਿਆ। ਇਸ ਮੌਕੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ, ਕਮਿਸ਼ਨਰ ਨਗਰ ਨਿਗਮ ਗੌਤਮ ਜੈਨ ਅਤੇ ਮੇਅਰ ਵਿਨੀਤ ਧੀਰ ਵੀ ਉਨ੍ਹਾਂ ਨਾਲ ਮੌਜੂਦ ਸਨ। ਜ਼ਮੀਨੀ ਪੱਧਰ 'ਤੇ ਸਫਾਈ ਪ੍ਰਬੰਧਾਂ ਦੀ ਸਥਿਤੀ ਜਾਨਣ ਲਈ ਕੈਬਨਿਟ ਮੰਤਰੀ ਨੇ ਅਧਿਕਾਰੀਆਂ ਦੀ ਟੀਮ ਸਮੇਤ ਸ਼ਹਿਰ ਦੇ ਬੱਸ ਸਟੈਂਡ, ਰੇਲਵੇ ਸਟੇਸ਼ਨ, ਗੜ੍ਹਾ ਰੋਡ, ਪਿਮਸ ਰੋਡ ਅਤੇ ਦਮੋਰੀਆ ਪੁਲ ਸਮੇਤ ਵੱਖ-ਵੱਖ ਥਾਵਾਂ ਦਾ ਦੌਰਾ ਕੀਤਾ ਅਤੇ ਮੌਕੇ 'ਤੇ ਲੋੜੀਂਦੇ ਦਿਸ਼ਾ-ਨਿਰਦੇਸ਼ ਦਿੱਤੇ। ਸਥਾਨਕ ਸਰਕਾਰਾਂ ਮੰਤਰੀ ਨੇ ਨਗਰ ਨਿਗਮ ਦੇ ਅਧਿਕਾਰੀਆਂ ਨੂੰ ਸੁਚਾਰੂ ਢੰਗ ਨਾਲ ਰੋਜ਼ਾਨਾ ਕੂੜੇ ਦੀ ਲਿਫ਼ਟਿੰਗ ਯਕੀਨੀ ਬਣਾਉਣ ਦੀ ਹਦਾਇਤ ਕੀਤੀ। ਉਨ੍ਹਾਂ ਕਿਹਾ ਕਿ ਇਸ ਕੰਮ ਵਿੱਚ ਕਿਸੇ ਕਿਸਮ ਦੀ ਦੇਰੀ ਨਹੀਂ ਹੋਣੀ ਚਾਹੀਦੀ। ਕੈਬਨਿਟ ਮੰਤਰੀ ਨੇ ਕਿਹਾ ਕਿ ਜਿਨ੍ਹਾਂ ਸਾਈਟਾਂ 'ਤੇ ਕੂੜਾ ਵੱਧ ਮਾਤਰਾ ਵਿੱਚ ਪਹੁੰਚਦਾ ਹੈ, ਉਥੇ ਰੋਜ਼ਾਨਾ ਸਵੇਰੇ ਅਤੇ ਸ਼ਾਮ ਕੂੜੇ ਦੀ ਲਿਫ਼ਟਿੰਗ ਯਕੀਨੀ ਬਣਾਈ ਜਾਵੇ। ਸਥਾਨਕ ਸਰਕਾਰਾਂ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਸੂਬੇ ਦੇ ਸ਼ਹਿਰਾਂ ਨੂੰ ਸਾਫ਼-ਸੁਥਰਾ ਰੱਖਣ ਦੇ ਨਾਲ-ਨਾਲ ਇਨ੍ਹਾਂ ਦੀ ਨੁਹਾਰ ਬਦਲਣ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਸੂਬੇ ਦੇ ਸ਼ਹਿਰਾਂ ਵਿੱਚ ਵੀ ਅਜਿਹੇ ਅਚਨਚੇਤ ਦੌਰੇ ਕੀਤੇ ਜਾਣਗੇ, ਤਾਂ ਜੋ ਲੋਕਾਂ ਨੂੰ ਸਵੱਛ ਮਾਹੌਲ ਅਤੇ ਬਿਹਤਰ ਸਹੂਲਤਾਂ ਪ੍ਰਦਾਨ ਕੀਤੀਆਂ ਜਾ ਸਕਣ। ਕੈਬਨਿਟ ਮੰਤਰੀ ਨੇ ਲੋਕਾਂ ਨੂੰ ਸ਼ਹਿਰਾਂ ਨੂੰ ਸਾਫ਼-ਸੁਥਰਾ ਰੱਖਣ ਵਿੱਚ ਸਹਿਯੋਗ ਦੇਣ ਦੀ ਅਪੀਲ ਕਰਦਿਆਂ ਕਿਹਾ ਕਿ ਸਫਾਈ ਵਿਵਸਥਾ ਨੂੰ ਕਾਇਮ ਰੱਖਣ ਵਿੱਚ ਹਰੇਕ ਨਾਗਰਿਕ ਦੀ ਭੂਮਿਕਾ ਬਹੁਤ ਮਹੱਤਵਪੂਰਨ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਘਰਾਂ ਦਾ ਕੂੜਾ ਬਾਹਰ ਸੜਕਾਂ 'ਤੇ ਨਾ ਸੁੱਟਣ, ਸਗੋਂ ਨਿਰਧਾਰਤ ਥਾਵਾਂ 'ਤੇ ਹੀ ਕੂੜਾ ਪਾਇਆ ਜਾਵੇ। ਉਨ੍ਹਾਂ ਇਹ ਵੀ ਕਿਹਾ ਕਿ ਵਿਭਾਗ ਹਮੇਸ਼ਾ ਲੋਕਾਂ ਦੀ ਸਹਾਇਤਾ ਲਈ ਤਤਪਰ ਹੈ ਅਤੇ ਸਫਾਈ ਸੰਬੰਧੀ ਕਿਸੇ ਵੀ ਸਮੱਸਿਆ ਦਾ ਤੁਰੰਤ ਹੱਲ ਕੀਤਾ ਜਾਵੇਗਾ। ਉਨ੍ਹਾਂ ਲੇਬਰ ਨਾਲ ਸੰਬੰਧਤ ਕਰਮਚਾਰੀਆਂ ਨੂੰ ਲੇਬਰ ਡੇਅ ਦੀ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਪੰਜਾਬ ਸਰਕਾਰ ਵਲੋਂ ਉਨ੍ਹਾਂ ਨੂੰ ਸਹੂਲਤਾਂ ਪੱਖੋਂ ਕੋਈ ਕਮੀਂ ਨਹੀਂ ਰਹਿਣ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਮਜ਼ਦੂਰ ਸਮਾਜ ਦਾ ਇਕ ਅਹਿਮ ਅੰਗ ਹਨ, ਇਸ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਪੰਜਾਬ ਸਰਕਾਰ ਇਹਨਾਂ ਦੇ ਨਾਲ ਖੜ੍ਹੀ ਹੈ। ਉਪਰੰਤ ਕੈਬਨਿਟ ਮੰਤਰੀ ਵੱਲੋਂ ਡਿਪਟੀ ਕਮਿਸ਼ਨਰ, ਕਮਿਸ਼ਨਰ ਨਗਰ ਨਿਗਮ, ਮੇਅਰ ਅਤੇ ਨਿਗਮ ਦੇ ਹੋਰਨਾਂ ਅਧਿਕਾਰੀਆਂ ਨਾਲ ਨਗਰ ਨਿਗਮ ਜਲੰਧਰ ਵਿਖੇ ਉੱਚ ਪੱਧਰੀ ਮੀਟਿੰਗ ਕੀਤੀ, ਜਿਸ ਵਿੱਚ ਸ਼ਹਿਰ ਵਿੱਚ ਸਫਾਈ ਵਿਵਸਥਾ ਨੂੰ ਹੋਰ ਬਿਹਤਰ ਬਣਾਉਣ, ਸੁਚਾਰੂ ਢੰਗ ਨਾਲ ਲੋਕਾਂ ਨੂੰ ਪਾਣੀ, ਸੜਕਾਂ, ਸਟ੍ਰੀਟ ਲਾਈਟਾਂ ਅਤੇ ਬਿਹਤਰ ਸੀਵਰੇਜ ਸਿਸਟਮ ਸਮੇਤ ਹੋਰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣ ਸਬੰਧੀ ਵਿਸਥਾਰ ਨਾਲ ਚਰਚਾ ਕੀਤੀ ਗਈ।

# ਐਕਸ਼ਨ ਕਮੇਟੀ ਵੱਲੋਂ ਮਹਿਤਪੁਰ ਦੇ ਬੀ ਡੀ ਪੀ ਓ ਦਫ਼ਤਰ ਅੱਗੇ ਪ੍ਰਦਰਸ਼ਨ



**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)** ਪੰਜਾਬ ਸਰਕਾਰ ਵੱਲੋਂ ਪੁਨਰ ਗਠਨ ਯੋਜਨਾ ਤਹਿਤ ਇੱਕ ਲੋਕ ਵਿਰੋਧੀ ਫ਼ੈਸਲੇ ਨਾਲ ਮਹਿਤਪੁਰ ਬਲਾਕ ਨਾਲ ਜੁੜੀਆਂ 59 ਪੰਚਾਇਤਾਂ ਨੂੰ ਸ਼ਾਹਕੋਟ ਬਲਾਕ ਨਾਲ ਜੋੜੇ ਜਾਣ ਦੇ ਵਿਰੋਧ ਵਿੱਚ ਕਿਸਾਨਾਂ, ਮਜ਼ਦੂਰਾਂ, ਨੌਜਵਾਨਾਂ ਅਤੇ ਮੁਲਾਜ਼ਮਾਂ ਜਥੇਬੰਦੀਆਂ ਦੇ ਅਧਾਰਤ ਬਣੀ ਐਕਸ਼ਨ ਕਮੇਟੀ ਵੱਲੋਂ ਅੱਜ ਸੈਂਕੜੇ ਦੀ ਗਿਣਤੀ ਵਿੱਚ ਬੀ ਡੀ ਪੀ ਓ ਦਫ਼ਤਰ ਮਹਿਤਪੁਰ ਵਿਖੇ ਧਰਨਾ ਪ੍ਰਦਰਸ਼ਨ ਕੀਤਾ ਗਿਆ ।ਇਸ ਦੌਰਾਨ ਮੰਗ ਕੀਤੀ ਕਿ 59 ਪੰਚਾਇਤਾਂ ਨੂੰ ਆਪਣੀਆਂ ਸੇਵਾਵਾਂ ਦੇ ਰਹੇ ਮਹਿਤਪੁਰ ਬਲਾਕ ਨੂੰ ਤੋੜਨ ਦੇ ਫੈਸਲੇ ਲੈਣ ਤੋਂ ਗੁਰੇਜ਼ ਕੀਤਾ ਜਾਵੇ। ਬੀ ਕੇ ਯੂ ਕਾਦੀਆਂ ਦੇ ਆਗੂ ਕੁਲਜੀਤ ਸਿੰਘ ਸੁਲੇਮਾ, ਬੀ ਕੇ ਯੂ ਦੁਆਬਾ ਕਸ਼ਮੀਰ ਸਿੰਘ ਪੰਨੂ, ਬੀ ਕੇ ਯੂ ਪੰਜਾਬ ਦੇ ਦਿਲਬਾਗ ਸਿੰਘ, ਕਿਰਤੀ ਕਿਸਾਨ ਯੂਨੀਅਨ ਦੇ ਰਜਿੰਦਰ ਸਿੰਘ ਮੰਡ, ਕਿਸਾਨ ਸਭਾ ਦੇ ਜ਼ਿਲ੍ਹਾ ਆਗੂ ਸੰਦੀਪ ਅਰੋੜਾ, ਬੀ ਕੇ ਯੂ ਦੇ ਲਖਬੀਰ ਸਿੰਘ, ਨਰਿੰਦਰ ਸਿੰਘ ਬਾਜਵਾ, ਪੇਂਡੂ ਮਜ਼ਦੂਰ ਯੂਨੀਅਨ ਦੇ ਤਰਸੇਮ ਪੀਟਰ, ਕਸ਼ਮੀਰ ਮੰਡਿਆਲਾ, ਨੌਜਵਾਨ ਭਾਰਤ ਸਭਾ ਦੇ ਸੁਖਦੇਵ ਸਿੰਘ, ਦਿਹਾਤੀ ਮਜ਼ਦੂਰ ਸਭਾ ਦੇ ਸਤਪਾਲ, ਮੰਗਲਜੀਤ ਪੰਡੋਰੀ, ਇਸਤਰੀ ਜਾਗ੍ਰਿਤੀ ਮੰਚ ਦੇ ਅਨੀਤਾ ਸੰਧੂ ਤੋਂ ਇਲਾਵਾ ਬਾਬਾ ਪਲਵਿੰਦਰ ਸਿੰਘ, ਵਿਜੇ ਬਾਠ, ਨਵਜੋਤ ਸ਼ਾਮਲ ਸਨ। ਇਸ ਮੌਕੇ ਆਗੂਆਂ ਨੇ ਦੋਸ਼ ਲਾਇਆ ਕਿ ਜਿਹੜੀ ਆਮ ਆਦਮੀ ਪਾਰਟੀ ਦੀ ਸਰਕਾਰ ਲੋਕਾਂ ਦੇ ਘਰਾਂ ਤੱਕ ਸਹੂਲਤਾਂ ਪਹੁੰਚਾਉਣ ਦੀ ਗੱਲ ਕਰਦੀ ਸੀ, ਅੱਜ ਪੁਨਰਗਠਨ ਦੇ ਨਾਂਅ 'ਤੇ ਮਹਿਤਪੁਰ ਬਲਾਕ ਨੂੰ ਤੋੜ ਕੇ ਗੈਰ ਤਰਕ ਸੰਗਤ ਫੈਸਲਿਆਂ ਨਾਲ ਪਿੰਡਾਂ ਦੇ ਵਿਕਾਸ ਨੂੰ ਰੋਕਣ ਦੇ ਰਾਹ ਤੁਰੀ ਹੋਈ ਹੈ। ਮਹਿਤਪੁਰ ਬਲਾਕ ਨੂੰ ਬੰਦ ਕਰਨ ਨਾਲ ਜਿੱਥੇ 59 ਪੰਚਾਇਤਾਂ ਪ੍ਰਭਾਵਿਤ ਹੋਣਗੀਆਂ, ਉੱਥੇ ਬਲਾਕ ਨਾਲ ਜੁੜੇ ਹਜ਼ਾਰਾਂ ਪੇਂਡੂ ਲੋਕਾਂ ਨੂੰ ਬੀ ਡੀ ਪੀ ਓ ਦਫਤਰ ਨਾਲ ਜੁੜੇ ਕੰਮਾਂ-ਕਾਰਾਂ ਲਈ ਦੂਰ-ਦੁਰਾਡੇ ਧੱਕੇ ਖਾਣੇ ਪੈਣਗੇ। ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਦੇ ਇਸ ਲੋਕ ਵਿਰੋਧੀ ਫੈਸਲੇ ਨਾਲ ਸਭ ਤੋਂ ਵੱਧ ਔਰਤ ਸਰਪੰਚ ਅਤੇ ਮਨਰੇਗਾ ਔਰਤਾਂ ਪ੍ਰਭਾਵਿਤ ਹੋਣਗੀਆਂ। ਬੀ ਡੀ ਪੀ ਓ ਬਲਾਕ ਮਹਿਤਪੁਰ ਬਚਾਓ ਐਕਸ਼ਨ ਕਮੇਟੀ ਵੱਲੋਂ ਮਹਿਤਪੁਰ ਬਲਾਕ ਨਾਲ ਜੁੜੀਆਂ ਪੰਚਾਇਤਾਂ ਨੂੰ ਅਪੀਲ ਕੀਤੀ ਕਿ ਉਹ ਸਰਕਾਰ ਦੇ ਇਸ ਲੋਕ ਵਿਰੋਧੀ ਫੈਸਲੇ ਵਿਰੁੱਧ ਮਤੇ ਪਾਉਣ ਲਈ ਅੱਗੇ ਆਉਣ ।

# ਖ਼ੂਨਦਾਨ ਕੈਂਪ 'ਚ ਔਜ਼ਾਰਾਂ ਸਮੇਤ ਪੁੱਜੇ ਮਜ਼ਦੂਰਾਂ ਨੇ ਕੀਤਾ ਖ਼ੂਨਦਾਨ




**ਨਵਾਂਸ਼ਹਿਰ (ਮਨੋਜ ਲਾਡੀ)** ਸਥਾਨਕ ਬੀ ਡੀ ਸੀ ਬਲੱਡ ਸੈਂਟਰ ਵਲੋਂ ਵਿਸ਼ਵ ਮਜ਼ਦੂਰ ਦਿਵਸ ਤੇ ਆਈ.ਐਸ.ਬੀ.ਟੀ.ਆਈ ਦੇ ਸਹਿਯੋਗ ਨਾਲ੍ਹ ਸਮਰਪਿਤ ਖ਼ੂਨਦਾਨ ਕੈਂਪ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ 22 ਵਿਅਕਤੀਆਂ ਨੇ ਸਵੈ-ਇੱਛੁਕ ਖ਼ੂਨਦਾਨ ਕੀਤਾ।ਕੈਂਪ ਦਾ ਉਦਘਾਟਨ ਸੰਦੀਪ ਕੁਮਾਰ ਪ੍ਰਧਾਨ ਦਿਵਿਆਂਗ ਸੋਸ਼ਲ ਐਸੋਸੀਏਸ਼ਨ ਹੁਸ਼ਿਆਰਪੁਰ ਨੇ ਖ਼ੁਦ ਖ਼ੂਨਦਾਨ ਕਰਕੇ ਕੀਤਾ। ਉਹਨਾਂ ਦਾ ਕਹਿਣਾ ਸੀ ਕਿ ਖ਼ੂਨਦਾਨ ਕਰਨ ਦਾ ਮੌਕਾ ਮਿਲਣਾ ਮਾਣ ਵਾਲ਼ੀ ਗੱਲ ਹੈ ਕਿਉਂਕਿ ਜੇ ਤੰਦਰੁਸਤ ਵਿਅਕਤੀ ਦੀ ਉਮਰ 18 ਸਾਲ ਤੋਂ 65 ਸਾਲ ਤੱਕ ਹੋਵੇ, ਸਰੀਰਕ ਵਜਨ ਘੱਟੋ ਘੱਟ 45 ਕਿਲੋਗ੍ਰਾਮ ਹੋਵੇ, ਸਰੀਰ ਵਿੱਚ ਖ਼ੂਨ ਦਾ ਪੱਧਰ 12.5 ਗ੍ਰਾਮ ਪ੍ਰਤੀਸ਼ਤ ਹੋਵੇ, ਕੋਈ ਕਰੌਨਿਕ ਬਿਮਾਰੀ ਨਾ ਹੋਵੇ ਤਾਂ ਹੀ ਡਾਕਟਰ ਵਲੋਂ ਖ਼ੂਨਦਾਨ ਪ੍ਰਵਾਨ ਕੀਤਾ ਜਾਂਦਾ ਹੈ।ਡਾ.ਬੱਗਾ ਨੇ ਸੁੱਜੋਂ ਪਿੰਡ ਦੇ ਜੰਮਪਲ੍ਹ ਸਵ: ਕਾਮਰੇਡ ਚੈਨ ਸਿੰਘ ਗਿੱਦਾ ਦੇ ਕਿਰਤੀ ਜੀਵਨ ਦਾ ਹਵਾਲਾ ਦਿੱਤਾ ਜਿਹਨਾਂ ਦੇ ਪੁੱਤਰ ਜੇ ਐਸ ਗਿੱਦਾ ਹਮੇਸ਼ਾ ਖ਼ੂਨਦਾਨ ਸੇਵਾ ਨੂੰ ਸਮਰਪਿਤ ਰਹਿੰਦੇ ਹਨ। ਸ੍ਰੀ ਪ੍ਰਵੇਸ਼ ਕੁਮਾਰ ਨੇ ਮਜ਼ਦੂਰ ਜਮਾਤ ਨੂੰ ਅਪੀਲ ਕੀਤੀ ਕਿ ਮਜ਼ਦੂਰ ਆਪਣੇ ਆਪ ਨੂੰ ਤੰਦਰੁਸਤ ਰੱਖ ਕੇ ਹੀ ਤੇਜ਼ ਤੇ ਮਿਆਰੀ ਵਿਕਾਸ ਲਈ ਸਹਿਯੋਗੀ ਬਣ ਸਕਦਾ ਹੈ ਇਸ ਲਈ ਉਸ ਨੂੰ ਨਸ਼ਿਆਂ ਤੋਂ ਦੂਰ ਰਹਿਣ ਦੀ ਲੋੜ ਹੈ। ਇਸ ਮੌਕੇ ਖ਼ੂਨਦਾਨ ਕਰਨ ਲਈ ਮਜ਼ਦੂਰ ਸਰਬਜੀਤ ਸਿੰਘ, ਰਮਨ ਕੁਮਾਰ, ਈਸ਼ਵਰ, ਸੌਦਾਗਰ, ਵਿਜੈ ਕੁਮਾਰ, ਸੁੰਦਰ ਲਾਲ੍ਹ, ਨਰਿੰਦਰ ਕੁਮਾਰ ਗਿੱਲ ਹਾਜਰ ਸਨ। ਬੀ ਡੀ ਸੀ ਵਲੋਂ ਜੇ ਐਸ ਗਿੱਦਾ, ਪ੍ਰਵੇਸ਼ ਕੁਮਾਰ, ਡਾ.ਅਜੇ ਬੱਗਾ , ਮਲਕੀਅਤ ਸਿੰਘ ਸੜੋਆ, ਰਾਜੀਵ ਭਾਰਦਵਾਜ, ਮੁਕੇਸ਼ ਕਾਹਮਾ, ਨੇਹਾ ਕੌਸ਼ਲ, ਸੁਮੀਤ ਗਿੱਲ, ਬੀਨਾ ਕੁਮਾਰੀ ਅਤੇ ਬੀ ਐਲ ਐਮ ਕਾਲਜ਼ ਤੋਂ ਪ੍ਰੋਫੈਸਰ ਓਂਕਾਰ ਸਿੰਘ ਆਦਿ ਹਾਜ਼ਰ ਸਨ।

# ਐੱਲ ਪੀ ਯੂ ਵਿਖੇ ਸਾਲਾਨਾ ਇਨੋਵੇਸ਼ਨ ਐਕਸਪੋ 'ਚ 2,500 ਤੋਂ ਵੱਧ ਵਿਦਿਆਰਥੀਆਂ ਦੁਆਰਾ 500 ਤੋਂ ਵੱਧ ਪ੍ਰੋਜੈਕਟ ਪ੍ਰਦਰਸ਼ਿਤ



**ਜਲੰਧਰ (ਸ਼ੈਲੀ ਐਲਬਰਟ)** ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (ਐੱਲ ਪੀ ਯੂ) ਕੈਂਪਸ ਤੋਂ ਨਵੀਨਤਾ ਅਤੇ ਉਦੇਸ਼ ਦੇ ਉੱਭਰਨ ਨਾਲ ਕਲਾਸ ਰੂਮ ਸਿੱਖਿਆ ਅਤੇ ਅਸਲ-ਸੰਸਾਰ ਪ੍ਰਭਾਵ ਵਿਚਕਾਰ ਸੀਮਾਵਾਂ ਧੁੰਦਲੀਆਂ ਹੋ ਗਈਆਂ। ਇਸ ਭਾਵਨਾ ਵਿੱਚ, ਸਾਲਾਨਾ ਇਨੋਵੇਸ਼ਨ ਅਤੇ ਗ੍ਰੈਜੂਏਟਿੰਗ ਪ੍ਰੋਜੈਕਟ ਐਕਸਪੋ-ਇਨੋਟੈਕ 2025 ਦੇ 8ਵੇਂ ਐਡੀਸ਼ਨ ਵਿੱਚ ਤਕਨਾਲੋਜੀ, ਡਿਜ਼ਾਈਨ ਅਤੇ ਰਚਨਾਤਮਕਤਾ ਦਾ ਸ਼ਾਨਦਾਰ ਸੁਮੇਲ ਦੇਖਿਆ ਗਿਆ। ਵਿਦਿਆਰਥੀ ਖੋਜ ਅਤੇ ਪ੍ਰੋਜੈਕਟ ਵਿਭਾਗ ਦੁਆਰਾ ਆਯੋਜਿਤ ਦੋ-ਰੋਜ਼ਾ ਸਮਾਗਮ ਦੌਰਾਨ ਐੱਲ ਪੀ ਯੂ ਦੇ 29 ਤੋਂ ਵੱਧ ਸਕੂਲਾਂ ਦੇ 2500 ਤੋਂ ਵੱਧ ਵਿਦਿਆਰਥੀਆਂ ਦੁਆਰਾ 500 ਤੋਂ ਵੱਧ ਪਾਇਨੀਅਰਿੰਗ ਪ੍ਰੋਜੈਕਟ ਪ੍ਰਦਰਸ਼ਿਤ ਕੀਤੇ ਗਏ। ਰੋਬੋਟਿਕਸ ਅਤੇ ਏ ਆਈ-ਸੰਚਾਲਿਤ ਪ੍ਰਣਾਲੀਆਂ ਤੋਂ ਲੈ ਕੇ ਟਿਕਾਊ ਪੇਂਡੂ ਨਵੀਨਤਾਵਾਂ ਅਤੇ ਪਹਿਨਣਯੋਗ ਤਕਨਾਲੋਜੀ ਤੱਕ, ਇਨੋਟੈਕ 2025 ਯੂਨੀਵਰਸਿਟੀ ਦੀ ਅੰਤਰ-ਅਨੁਸ਼ਾਸਨੀ ਭਾਵਨਾ ਅਤੇ ਸਮੱਸਿਆ ਹੱਲ ਕਰਨ ਦੀ ਭਾਵਨਾ ਨੂੰ ਦਰਸਾਉਂਦਾ ਹੈ। ਇਹ ਪ੍ਰੋਗਰਾਮ ਇੰਜੀਨੀਅਰਿੰਗ ਅਤੇ ਤਕਨਾਲੋਜੀ, ਖੇਤੀਬਾੜੀ, ਸਿਹਤ ਅਤੇ ਸਹਾਇਕ ਵਿਗਿਆਨ, ਪ੍ਰਬੰਧਨ, ਸਮਾਜਿਕ ਵਿਗਿਆਨ ਅਤੇ ਉਪਯੋਗ ਵਿਗਿਆਨ ਵਰਗੇ ਮੁੱਖ ਖੇਤਰਾਂ ਦੇ ਆਲੇ-ਦੁਆਲੇ ਸੋਚ-ਸਮਝ ਕੇ ਤਿਆਰ ਕੀਤਾ ਗਿਆ ਸੀ। ਐਕਸਪੋ ਨੇ ਕਈ ਚੰਗੀ ਤਰ੍ਹਾਂ ਬਣਾਏ ਅਤੇ ਹੈਰਾਨੀਜਨਕ ਸਮੱਸਿਆ-ਹੱਲ ਕਰਨ ਵਾਲੇ ਪ੍ਰੋਜੈਕਟਾਂ ਨੂੰ ਉਜਾਗਰ ਕੀਤਾ। ਅਜਿਹਾ ਹੀ ਇੱਕ ਪ੍ਰੋਜੈਕਟ ਕਾਊਂਟਰ ਡਰੋਨ ਸਿਸਟਮ ਸੀ, ਇੱਕ ਸੂਝਵਾਨ ਰੀਅਲ-ਟਾਈਮ ਡਰੋਨ ਖੋਜ ਅਤੇ ਟਰੈਕਿੰਗ ਹੱਲ ਜੋ ROS B ਹੰਬਲ ਦੀ ਵਰਤੋਂ ਕਰਕੇ ਵਿਕਸਤ ਕੀਤਾ ਗਿਆ ਹੈ। ਸਿਸਟਮ ਕੈਮਰਾ ਇਨਪੁਟਸ ਦੁਆਰਾ ਡਰੋਨ ਦੀ ਪਛਾਣ ਕਰਨ ਲਈ ਇੱਕ ਸਿਖਲਾਈ ਪ੍ਰਾਪਤ ਏਆਈ ਮਾਡਲ ਦੀ ਵਰਤੋਂ ਕਰਦਾ ਹੈ ਅਤੇ Arduino ਦੁਆਰਾ ਨਿਯੰਤਰਿਤ ਮੋਟਰ ਨਿਯੰਤਰਣਾਂ ਦੀ ਵਰਤੋਂ ਕਰਕੇ ਉਹਨਾਂ ਨੂੰ ਆਪਣੇ ਆਪ ਟਰੈਕ ਕਰਦਾ ਹੈ। ਇਹ ਪ੍ਰੋਜੈਕਟ ਸੁਰੱਖਿਆ ਅਤੇ ਨਿਗਰਾਨੀ ਖੇਤਰਾਂ ਵਿੱਚ ਐਪਲੀਕੇਸ਼ਨ ਲਈ ਅਥਾਹ ਸੰਭਾਵਨਾ ਦਰਸਾਉਂਦਾ ਹੈ। ਇੱਕ ਹੋਰ ਨਵੀਨਤਾ ਕੋਲਾ ਖਾਣ ਵਾਲਿਆਂ ਲਈ ਇੱਕ ਲੋਰਾ (LoRa) ਅਧਾਰਤ ਸਮਾਰਟ ਹੈਲਮੇਟ ਸੀ, ਜੋ ਤਾਪਮਾਨ, ਨਮੀ, ਜ਼ਹਿਰੀਲੀਆਂ ਗੈਸਾਂ, ਅੱਗ ਦੇ ਖ਼ਤਰਿਆਂ ਅਤੇ ਕਰਮਚਾਰੀਆਂ ਦੇ ਮਹੱਤਵਪੂਰਨ ਅੰਗਾਂ ਦੀ ਨਿਗਰਾਨੀ ਕਰਨ ਲਈ ਸੈਂਸਰਾਂ ਨਾਲ ਲੈਸ ਸੀ, ਨਾਲ ਹੀ ਐਮਰਜੈਂਸੀ ਲਈ ਇੱਕ ਬਟਨ, ਖਤਰਨਾਕ ਵਾਤਾਵਰਣ ਵਿੱਚ ਜੀਵਨ ਬਚਾਉਣ ਵਾਲਾ ਕਿਨਾਰਾ ਪ੍ਰਦਾਨ ਕਰਦਾ ਹੈ। ਇੱਕ ਹੋਰ ਸਫਲਤਾ ਪੋਸਚਰ ਪਾਲ ਸੀ, ਇੱਕ ਏਆਈ-ਸਹਾਇਤਾ ਪ੍ਰਾਪਤ ਪਹਿਨਣਯੋਗ ਜੋ ਮੋਸ਼ਨ ਸੈਂਸਰਾਂ ਦੀ ਵਰਤੋਂ ਕਰਕੇ ਮਾੜੀ ਸਥਿਤੀ ਦਾ ਪਤਾ ਲਗਾਉਂਦਾ ਹੈ ਅਤੇ ਵਾਈਬ੍ਰੇਸ਼ਨਾਂ ਦੁਆਰਾ ਸਪਰਸ਼ ਚੇਤਾਵਨੀ ਦਿੰਦਾ ਹੈ। ਸੰਖੇਪ ਅਤੇ ਕਿਫਾਇਤੀ, ਇਹ ਡਿਵਾਈਸ ਇੱਕ ਜੁੜੇ ਮੋਬਾਈਲ ਐਪ ਰਾਹੀਂ ਰੀਅਲ ਟਾਈਮ ਪੋਸਚਰ ਡੇਟਾ ਨੂੰ ਵੀ ਲੌਗ ਕਰਦੀ ਹੈ, ਜੋ ਰੀੜ੍ਹ ਦੀ ਹੱਡੀ ਦੀ ਸਿਹਤ ਨਾਲ ਸੰਬੰਧਤ ਲੰਬੇ ਸਮੇਂ ਦੀਆਂ ਸਮੱਸਿਆਵਾਂ ਨੂੰ ਘਟਾਉਣ ਵਿੱਚ ਮਦਦ ਕਰਦੀ ਹੈ। ਐਕਸਪੋ ਦੀ ਸ਼ੁਰੂਆਤ ਕਰਦੇ ਹੋਏ, ਐੱਲ ਪੀ ਯੂ ਦੀ ਪ੍ਰੋ-ਚਾਂਸਲਰ ਕਰਨਲ ਡਾ. ਰਸ਼ਮੀ ਮਿੱਤਲ ਨੇ ਵਿਦਿਆਰਥੀਆਂ ਦੀਆਂ ਮਾਰਗ-ਦਰਸ਼ਕ ਨਵੀਨਤਾਵਾਂ 'ਤੇ ਬਹੁਤ ਮਾਣ ਪ੍ਰਗਟ ਕੀਤਾ। ਡਾ. ਮਿੱਤਲ ਨੇ ਹਰੇਕ ਵਿਦਿਆਰਥੀ ਨੂੰ ਆਪਣਾ ਸਭ ਤੋਂ ਵਧੀਆ ਕਦਮ ਅੱਗੇ ਵਧਾਉਣ ਲਈ ਉਤਸ਼ਾਹਿਤ ਕੀਤਾ। 'ਐੱਲ ਪੀ ਯੂ ਦੇ ਪ੍ਰੋ- ਵਾਈਸ ਚਾਂਸਲਰ ਡਾ. ਲਵੀ ਰਾਜ ਗੁਪਤਾ ਨੇ ਵਿਦਿਆਰਥੀਆਂ ਨੂੰ ਸਪੱਸ਼ਟ ਤੌਰ 'ਤੇ ਪਰਿਭਾਸ਼ਿਤ ਸਮੱਸਿਆ ਬਿਆਨਾਂ, ਬਿਹਤਰ ਹੱਲਾਂ ਅਤੇ ਆਕਰਸ਼ਕ ਪੇਸ਼ਕਾਰੀ ਹੁਨਰਾਂ, ਅੱਜ ਦੇ ਨਵੀਨਤਾ-ਸੰਚਾਲਿਤ ਦ੍ਰਿਸ਼ਟੀਕੋਣ ਵਿੱਚ ਮੁੱਖ ਵਿਸ਼ੇਸ਼ਤਾਵਾਂ ਦੁਆਰਾ ਆਪਣੇ ਪ੍ਰੋਜੈਕਟ ਨਤੀਜਿਆਂ ਨੂੰ ਸੁਧਾਰਨ ਲਈ ਮਾਰਗਦਰਸ਼ਨ ਕੀਤਾ। ਇਨੋਟੈਕ ਵਿਖੇ ਨਵੀਨਤਾ ਸਿਰਫ ਤਕਨਾਲੋਜੀ ਦੇ ਖੇਤਰ ਤੱਕ ਸੀਮਿਤ ਨਹੀਂ ਸੀ। ਫੈਸ਼ਨ ਡਿਜ਼ਾਈਨ, ਆਰਕੀਟੈਕਚਰ ਅਤੇ ਲਲਿਤ ਕਲਾ ਦੇ ਵਿਦਿਆਰਥੀਆਂ ਨੇ ਹੱਥ ਨਾਲ ਬਣੀਆਂ, ਤਕਨੀਕ ਨਾਲ ਭਰੀਆਂ ਰਚਨਾਵਾਂ ਦਾ ਪ੍ਰਦਰਸ਼ਨ ਕੀਤਾ, ਜੋ ਸੁੰਦਰਤਾ ਨਾਲ ਸੁਹਜ ਪ੍ਰਗਟਾਵੇ ਅਤੇ ਵਿਹਾਰਕ ਉਪਯੋਗਤਾ ਨੂੰ ਮਿਲਾਉਂਦੀਆਂ ਹਨ।

# 3 ਕਰੋੜ ਦੀ ਲਾਗਤ ਨਾਲ ਬਿਆਸ ਦਰਿਆ ਕੰਢੇ ਚੈੱਕ ਡੈਮ ਦਾ ਨਿਰੀਖਣ



**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**- ਇਸ ਵਾਰ ਹੋਣ ਵਾਲੀ ਬਰਸਾਤ ਦੌਰਾਨ ਮੀਹ ਦਾ ਪਾਣੀ ਕਿਸਾਨਾਂ ਦੀਆਂ ਫਸਲਾਂ ਖਰਾਬ ਨਹੀਂ ਕਰੇਗਾ, ਜਿਸ ਵਾਸਤੇ ਪੰਜਾਬ ਸਰਕਾਰ ਵੱਲੋਂ ਅਗਾਊਂ ਇੰਤਜ਼ਾਮ ਕੀਤੇ ਗਏ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਵਿਧਾਇਕ ਕਰਮਵੀਰ ਸਿੰਘ ਘੁੰਮਣ ਨੇ ਬਿਆਸ ਦਰਿਆ ਕੰਢੇ ਲੱਗੀਆਂ ਨਵੀਆਂ ਠੋਕਰਾਂ ਅਤੇ ਚੈੱਕ ਡੈਮ ਦਾ ਜਾਇਜ਼ਾ ਲੈਣ ਸਮੇਂ ਕੀਤਾ। ਇਸ ਮੌਕੇ ਵਿਧਾਇਕ ਕਰਮਵੀਰ ਸਿੰਘ ਘੁੰਮਣ ਨੇ ਕਰੀਬ 3 ਕਰੋੜ ਦੀ ਲਾਗਤ ਨਾਲ ਪਿੰਡ ਚੱਕ ਸੁਲੇਮਾਨ, ਗੋਰਸੀਆਂ, ਪੱਸੀ ਬੇਟ, ਆਕੀ ਟੁੰਡਾ, ਬੇਗਪੁਰ 'ਚ ਲੱਗੀਆਂ ਠੋਕਰਾਂ ਦਾ ਨਿਰੀਖਣ ਕੀਤਾ ਤੇ ਦੱਸਿਆ ਕਿ ਬਰਸਾਤ ਦੇ ਦਿਨਾਂ ਵਿੱਚ ਜੇਕਰ ਬਿਆਸ ਦਰਿਆ ਵਿੱਚ ਪਾਣੀ ਦਾ ਪੱਧਰ ਵਧੇਗਾ ਤਾਂ ਇਹ ਪਾਣੀ ਬਿਆਸ ਦਰਿਆ ਦੇ ਨੇੜੇ ਲੱਗਦੀਆਂ ਜ਼ਮੀਨਾਂ ਨੂੰ ਮਾਰ ਨਹੀਂ ਕਰੇਗਾ ।ਉਹਨਾਂ ਦੱਸਿਆ ਕਿ ਬੇਟ ਖੇਤਰ ਤੇ ਬਿਆਸ ਦਰਿਆ ਨਾਲ ਲੱਗਦੇ ਪਿੰਡਾਂ ਦੇ ਕਿਸਾਨਾਂ ਦੀ ਇਹ ਪਿਛਲੇ ਲੰਬੇ ਸਮੇਂ ਤੋਂ ਮੰਗ ਸੀ ਕਿ ਉਹਨਾਂ ਦੀਆਂ ਜ਼ਮੀਨਾਂ ਨਜ਼ਦੀਕ ਨਵੀਆਂ ਠੋਕਰਾਂ ਲਗਾਈਆਂ ਜਾਣ ਅਤੇ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਵਿਸ਼ੇਸ਼ ਉਪਰਾਲਾ ਕਰਦੇ ਹੋਏ ਪੱਥਰਾਂ ਦੀਆਂ ਠੋਕਰਾਂ ਲਗਾਈਆਂ। ਵਿਧਾਇਕ ਕਰਮਵੀਰ ਸਿੰਘ ਘੁੰਮਣ ਨੇ ਪੰਜਾਬ ਸਰਕਾਰ ਦੀਆਂ ਹੋਰਨਾਂ ਪ੍ਰਾਪਤੀਆਂ ਦਾ ਜ਼ਿਕਰ ਕਰਦਿਆਂ ਦੱਸਿਆ ਕਿ ਅੱਜ ਸੂਬਾ ਸਰਕਾਰ ਵੱਲੋਂ ਕੀਤੇ ਜਾ ਰਹੇ ਕਾਰਜਾਂ ਦੇ ਕਾਰਨ ਹਰੇਕ ਵਰਗ ਪੂਰੀ ਤਰਹਾਂ ਖੁਸ਼ ਹੈ ਅਤੇ ਸਰਕਾਰ ਵੱਲੋਂ ਪੰਜਾਬ ਵਿੱਚੋਂ ਨਸ਼ਿਆਂ ਦੇ ਖਾਤਮੇ ਲਈ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਚਲਾਈ ਗਈ ਹੈ ਅਤੇ ਇਸ ਮੁਹਿੰਮ ਦਾ ਸਾਨੂੰ ਸਾਰਿਆਂ ਨੂੰ ਡੱਟ ਕੇ ਸਾਥ ਦੇਣਾ ਚਾਹੀਦਾ ਹੈ।ਇਸ ਮੌਕੇ ਹਾਜ਼ਰ ਵੱਖ ਵੱਖ ਪਿੰਡਾਂ ਦੇ ਲੋਕਾਂ ਨੇ ਵਿਧਾਇਕ ਦਸੂਹਾ ਕਰਮਵੀਰ ਸਿੰਘ ਘੁੰਮਣ ਤੇ ਪੰਜਾਬ ਸਰਕਾਰ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕਰਦੇ ਹਾਂ। ਇਸ ਸਮੇਂ ਐੱਸ.ਡੀ.ਓ ਨਹਿਰੀ ਵਿਭਾਗ ਸੁਖਪ੍ਰੀਤ ਸਿੰਘ, ਜੇ.ਈ ਦੀਪਕ ਛਾਬੜਾ, ਸਰਪੰਚ ਬਿੱਟੂ ਪੱਸੀ ਬੇਟ, ਚੇਅਰਮੈਨ ਕਵਲਪ੍ਰੀਤ ਸਿੰਘ ਸੰਧੂ,.ਪਰਮਜੀਤ ਸੈਦੋਵਾਲ, ਜਸਵਿੰਦਰ ਸੰਧੂ, ਸਰਬਜੀਤ ਪੱਸੀ ਬੇਟ, ਬਲਦੇਵ ਸਿੰਘ ਬੁੱਧੋ ਬਰਕਤ ਹਾਜ਼ਰ ਸਨ।